ਚੜ੍ਹਦੀਕਲਾ ਪੜ੍ਹੋ ! ਚੜ੍ਹਦੀਕਲਾ 'ਚ ਰਹੋ !!
ਚੜ੍ਹਦੀਕਲਾ
ਬੀਤੀ ਅੱਧੀ ਸਦੀ ਤੋਂ ਧਰੂ ਤਾਰੇ ਵਾਂਗ ਚਮਕ ਰਿਹਾ ਰੋਜ਼ਾਨਾ 'ਚੜ੍ਹਦੀਕਲਾ' ਅਖ਼ਬਾਰ
• ਦੇਸ਼ ਦੇ ਸਭ ਤੋਂ ਸੀਨੀਅਰ ਪੱਤਰਕਾਰਾਂ ਵਿਚੋਂ ਇਕ ਸ. ਜਗਜੀਤ ਸਿੰਘ ਦਰਦੀ ਦੀ ਯੋਗ ਰਹਿਨੁਮਾਈ
• ਬਿਨਾਂ ਕਿਸੇ ਸਿਆਸੀ ਦਬਾਅ ਜਾਂ ਲਾਲਚ ਤੋਂ ਨਿਰਪੱਖਤਾ ਅਤੇ ਨਿਡਰਤਾ ਨਾਲ ਲੋਕ ਮੁੱਦਿਆਂ ਨੂੰ ਪੇਸ਼ ਕਰਨਾ
• ਧਾਰਮਿਕ ਕੱਟੜਤਾ ਅਤੇ ਵਪਾਰਕ ਲਾਭਾਂ ਜਿਹੀ ਸੌੜੀ ਸੋਚ ਤੋਂ ਕੋਹਾਂ ਦੂਰ, ਕੌਮੀ ਹਿੱਤਾਂ ਨੂੰ ਸਮਰਪਿਤ ਸੋਚ
• ਪੇਸ਼ੇ ਪ੍ਰਤੀ ਇਮਾਨਦਾਰ, ਸਮਰਪਿਤ ਅਤੇ ਸੰਵੇਦਨਸ਼ੀਲ ਪੱਤਰਕਾਰ ਅਤੇ ਸੰਪਾਦਕ ਸਟਾਫ
• ਹਰ ਵਰਗ ਦੇ ਪਾਠਕਾਂ ਲਈ ਉਸਾਰੂ ਸਮੱਗਰੀ ਦੀ ਭਰਮਾਰ
ਰਾਜਨੀਤਿਕ, ਸਮਾਜਿਕ, ਆਰਥਿਕ ਅਤੇ ਹਰ ਤਰ੍ਹਾਂ ਦੀਆਂ ਤਾਜ਼ਾ ਖ਼ਬਰਾਂ
ਪੰਜਾਬ ਦੇ ਹਰ ਪਿੰਡ ਹਰ ਸ਼ਹਿਰ 'ਚ ਮਿਲਦਾ ਹੈ
ਵੱਖ-ਵੱਖ ਵਿਸ਼ਿਆਂ ਅਤੇ ਚਾਲੂ ਮਾਮਲਿਆਂ ਬਾਰੇ ਜਾਣਕਾਰੀ
ਭਰਪੂਰ ਸੰਪਾਦਕੀ ਲੇਖ, ਫੀਚਰ ਅਤੇ ਪੜ੍ਹਨਯੋਗ ਸਮੱਗਰੀ
ਆਪਣੇ ਅਖ਼ਬਾਰਾਂ ਏਜੰਟ ਤੋਂ 'ਚੜ੍ਹਦੀਕਲਾ' ਦੀ ਮੰਗ ਕਰੋ

ਨਾਨਕ ਨਾਮ ਚੜ੍ਹਦੀਕਲਾ ਤੇਰੇ ਭਾਣੇ ਸਰਬੱਤ ਦਾ ਭਲਾ
PRGI (RNI) Regd. No. 22972/1972
# ਚੜ੍ਹਦੀਕਲਾ
DAILY CHARHDIKALA, PATIALA
ਬਾਨੀ : (ਸਵ:) ਗਿ: ਹਰਨਾਮ ਸਿੰਘ ਜੀ
ਮੁੱਖ ਸੰਪਾਦਕ: ਡਾ. ਜਗਜੀਤ ਸਿੰਘ 'ਦਰਦੀ'
ਸੰਪਾਦਕ : ਹਰਪ੍ਰੀਤ ਸਿੰਘ 'ਦਰਦੀ'
(ਕੁੱਲ ਸਫ਼ੇ 12 Pages 12)
( Monday, 21 July, 2025) ਪਟਿਆਲਾ ਸੋਮਵਾਰ, 21 ਜੁਲਾਈ, 2025, 6 ਸਾਵਣ, ਨਾਨਕਸ਼ਾਹੀ ਸੰਮਤ 557, ਬਿਕ੍ਰਮੀ 2082
ਰਜਿਸਟਰਡ ਪੋਸਟਲ ਰਜਿ: ਨੰ. Pb/PTA(0274)/2024-26, ਸਾਲ (Year) 57 ਅੰਕ ਨੰਬਰ (Volume No.) 200 ਮੁੱਲ : 2.00 ਰੁਪਏ ਫ਼ੋਨ: +91- 92168-07500 Posted at RMS Patiala www.charhdikala.com E-mail: news@charhdikala.com

## ਸੁਰੱਖਿਆ ਬਲਾਂ ਅਤੇ ਅੱਤਵਾਦੀਆਂ ਵਿਚਾਲੇ ਮੁਕਾਬਲਾ ਜਾਰੀ

ਜੰਮੂ, 20 ਜੁਲਾਈ (ਚੜ੍ਹਦੀਕਲਾ ਬਿਊਰੋ) : ਜੰਮੂ-ਕਸ਼ਮੀਰ ਦੇ ਕਿਸ਼ਤਵਾੜ ਜ਼ਿਲ੍ਹੇ ਦੇ ਜੰਗਲਾਂ ਵਿੱਚ ਅੱਜ ਸੁਰੱਖਿਆ ਬਲਾਂ ਤੇ ਅੱਤਵਾਦੀਆਂ ਵਿਚਾਲੇ ਗੋਲੀਬਾਰੀ ਹੋਈ। ਅਧਿਕਾਰੀਆਂ ਨੇ ਦੱਸਿਆ ਕਿ ਦਾਛਣ ਤੇ ਨਾਗਸੇਨੀ ਵਿਚਾਲੇ ਪੈਂਦੇ ਖਾਨਕੂ ਦੇ ਜੰਗਲਾਂ ਵਿੱਚ ਅੱਤਵਾਦੀਆਂ ਦੇ ਲੁਕੇ ਹੋਣ ਦੀ ਸੂਚਨਾ ਮਿਲਣ ਤੋਂ ਬਾਅਦ ਸੁਰੱਖਿਆ ਬਲਾਂ ਦੇ ਸਹਿਯੋਗ ਨਾਲ ਪੁਲਿਸ ਨੇ ਇੱਥੇ ਘੇਰਾਬੰਦੀ ਕਰਕੇ ਤਲਾਸ਼ੀ ਮੁਹਿੰਮ ਚਲਾਈ। ਉਨ੍ਹਾਂ ਦੱਸਿਆ ਕਿ ਲੁਕੇ ਹੋਏ ਅੱਤਵਾਦੀਆਂ ਨੇ ਭਾਲ ਕਰਨ ਗਈ (ਬਾਕੀ ਸਫ਼ਾ 2 'ਤੇ)

### ਮੁੱਖ ਮੰਤਰੀ ਵੱਲੋਂ ਭਾਜਪਾ ਆਗੂਆਂ ਨੂੰ ਚੇਤਾਵਨੀ

## ਸੂਬੇ ਦੇ ਵਿਕਾਸ 'ਚ ਰੁਕਾਵਟ ਨਾ ਬਣੋ: ਮਾਨ

ਰਾਜੇਸ਼ਵਰ ਪਿੰਟੂ, ਅਮਨ ਗਰਗ



ਧੂਰੀ (ਸੰਗਰੂਰ), 20 ਜੁਲਾਈ: ਸੂਬੇ ਦੇ ਵਿਕਾਸ ਪ੍ਰਾਜੈਕਟਾਂ 'ਚ ਬੇਲੋੜੀਆਂ ਰੁਕਾਵਟਾਂ ਲਈ ਭਾਜਪਾ ਆਗੂਆਂ ਦੀ ਨਿੰਦਾ ਕਰਦਿਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਇਨ੍ਹਾਂ ਆਗੂਆਂ ਨੂੰ ਸੂਬੇ ਦੇ ਵਿਕਾਸ ਨੂੰ ਖ਼ਤਰੇ ਵਿੱਚ ਪਾਉਣ ਲਈ ਅਜਿਹੇ ਕੋਝੇ ਹਥਕੰਡਿਆਂ ਤੋਂ ਦੂਰ ਰਹਿਣ ਦੀ ਚੇਤਾਵਨੀ ਦਿੱਤੀ।

ਧੂਰੀ ਵਿਧਾਨ ਸਭਾ ਹਲਕੇ ਵਿੱਚ ਵਿਕਾਸ ਕਾਰਜਾਂ ਲਈ 3.07 ਕਰੋੜ ਰੁਪਏ ਦੇ ਫੰਡ ਵੰਡਣ ਤੋਂ ਬਾਅਦ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਰੇਲਵੇ ਮੰਤਰਾਲੇ ਨੇ ਸ਼ਹਿਰ ਲਈ ਰੇਲਵੇ ਓਵਰ ਬ੍ਰਿਜ ਨੂੰ ਮਨਜ਼ੂਰੀ ਦੇ ਦਿੱਤੀ ਹੈ, ਜਿਸ ਦੀ ਅਦਾਇਗੀ ਸੂਬਾ ਸਰਕਾਰ ਨੇ ਕਰਨੀ ਹੈ। ਉਨ੍ਹਾਂ ਅੱਗੇ ਕਿਹਾ ਕਿ ਸੂਬੇ ਦੇ ਭਾਜਪਾ ਦੇ ਇੱਕ ਸੀਨੀਅਰ ਆਗੂ ਨੇ ਸ਼ਹਿਰ ਦਾ ਦੌਰਾ ਕੀਤਾ ਅਤੇ ਆਪਣੇ ਨਿੱਜੀ ਸਿਆਸੀ ਹਿੱਤਾਂ ਲਈ ਇਸ ਪ੍ਰਾਜੈਕਟ ਨੂੰ ਰੋਕਣ ਸਬੰਧੀ ਬਿਆਨ ਜਾਰੀ ਕੀਤਾ। ਇਸ ਉਪਰੰਤ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਤਰ੍ਹਾਂ ਦੇ ਡਰਾਮੇ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤੇ ਜਾਣਗੇ ਅਤੇ ਪੰਜਾਬ ਦੇ ਸੂਝਵਾਨ ਲੋਕ ਅਜਿਹੇ ਸਿਆਸੀ ਆਗੂਆਂ ਨੂੰ ਸਬਕ ਸਿਖਾਉਣਗੇ।

ਮੁੱਖ ਮੰਤਰੀ ਨੇ ਐਲਾਨ ਕੀਤਾ ਕਿ ਇਸ ਆਰ.ਓ.ਬੀ. ਦਾ ਕੰਮ ਜਲਦ ਸ਼ੁਰੂ ਹੋ ਜਾਵੇਗਾ ਕਿਉਂਕਿ ਉਹ ਇਸ ਮਾਮਲੇ ਨੂੰ ਨਿੱਜੀ ਤੌਰ 'ਤੇ ਕੇਂਦਰੀ ਰੇਲਵੇ ਮੰਤਰੀ ਕੋਲ ਉਠਾਉਣਗੇ। ਉਨ੍ਹਾਂ ਇਹ ਵੀ ਐਲਾਨ ਕੀਤਾ ਕਿ ਸੂਬਾ ਸਰਕਾਰ ਧੂਰੀ ਵਿਖੇ ਅਤਿ-ਆਧੁਨਿਕ ਖੇਡ ਸਟੇਡੀਅਮ ਵੀ ਬਣਾਏਗੀ। ਭਗਵੰਤ ਸਿੰਘ ਮਾਨ ਨੇ ਅੱਗੇ ਕਿਹਾ ਕਿ ਸੰਗਰੂਰ ਵਿਖੇ ਮੈਡੀਕਲ ਕਾਲਜ ਦੀ ਉਸਾਰੀ ਦਾ ਕੰਮ ਵੀ ਜਲਦ ਸ਼ੁਰੂ ਹੋ ਜਾਵੇਗਾ, ਜਿਸ ਨਾਲ ਲੋਕਾਂ ਨੂੰ ਮਿਆਰੀ ਸਿਹਤ ਸੇਵਾਵਾਂ ਪ੍ਰਦਾਨ ਕਰਨ ਲਈ ਪ੍ਰੇਰਕ ਵਜੋਂ ਕੰਮ ਕਰੇਗਾ।

ਮੁੱਖ ਮੰਤਰੀ ਨੇ ਕਿਹਾ ਕਿ ਯੁਵਾ ਸ਼ਕਤੀਕਰਨ ਲਈ ਵੱਡੇ ਯਤਨ ਵਜੋਂ ਸੂਬਾ ਸਰਕਾਰ ਪੰਜਾਬ ਭਰ ਵਿੱਚ ਅੱਠ ਯੂ.ਪੀ.ਐਸ.ਸੀ. ਕੋਚਿੰਗ ਸੈਂਟਰ ਖੋਲ੍ਹਣ ਜਾ ਰਹੀ ਹੈ ਅਤੇ ਇਸ ਦੇ ਨਾਲ ਹੀ ਧੂਰੀ ਵਿੱਚ ਵੀ ਇੱਕ ਅਜਿਹਾ ਕੇਂਦਰ ਸਥਾਪਤ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਇਨ੍ਹਾਂ ਕੇਂਦਰਾਂ ਵਿੱਚ ਕੌਮੀ ਪੱਧਰ ਦੀਆਂ ਮੁਕਾਬਲੇ ਸਬੰਧੀ ਪ੍ਰੀਖਿਆਵਾਂ ਲਈ ਮਿਆਰੀ ਸਿਖਲਾਈ ਪ੍ਰਦਾਨ ਕਰਨ ਲਈ ਲਾਇਬ੍ਰੇਰੀਆਂ, ਹੋਸਟਲ ਅਤੇ ਹੋਰ ਜ਼ਰੂਰੀ ਸਹੂਲਤਾਂ ਪ੍ਰਦਾਨ ਕੀਤੀਆਂ ਜਾਣਗੀਆਂ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਅਜਿਹੀਆਂ ਪਹਿਲਕਦਮੀਆਂ ਇਹ ਯਕੀਨੀ ਬਣਾਉਣਗੀਆਂ ਕਿ ਪੰਜਾਬ ਦੇ ਨੌਜਵਾਨ ਕੌਮੀ ਪੱਧਰ 'ਤੇ ਸਫਲਤਾ ਲਈ ਪੂਰੀ ਤਰ੍ਹਾਂ ਤਿਆਰ ਹਨ। 'ਯੁੱਧ ਨਸ਼ਿਆਂ ਵਿਰੁੱਧ' ਬਾਰੇ ਗੱਲ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਇਸ ਮੁਹਿੰਮ ਸਦਕਾ (ਬਾਕੀ ਸਫ਼ਾ 2 'ਤੇ)

# ਅੱਜ ਤੋਂ ਸ਼ੁਰੂ ਹੋਵੇਗਾ ਸੰਸਦ ਦਾ ਮੌਨਸੂਨ ਸੈਸ਼ਨ

### ਵਿਰੋਧੀ ਧਿਰ ਨੇ ਟਰੰਪ ਦੀ ਟਿਪਣੀ ਅਤੇ ਐਸ.ਆਈ.ਆਰ. 'ਤੇ ਚਰਚਾ ਦੀ ਮੰਗ ਕੀਤੀ

ਚੜ੍ਹਦੀਕਲਾ ਬਿਊਰੋ



ਨਵੀਂ ਦਿੱਲੀ, 20 ਜੁਲਾਈ : ਸਰਕਾਰ ਨੇ ਐਤਵਾਰ ਨੂੰ ਸਰਬ ਪਾਰਟੀ ਬੈਠਕ 'ਚ ਕਿਹਾ ਕਿ ਉਹ ਸੰਸਦ ਦੇ ਮਾਨਸੂਨ ਸੈਸ਼ਨ 'ਚ ਵਿਰੋਧੀ ਧਿਰ ਵਲੋਂ ਉਠਾਏ ਗਏ ਸਾਰੇ ਮੁੱਦਿਆਂ ਉਤੇ ਚਰਚਾ ਕਰਨ ਲਈ ਤਿਆਰ ਹੈ ਅਤੇ ਕਿਹਾ ਕਿ ਉਹ ਆਪਰੇਸ਼ਨ ਸੰਧੂਰ ਉਤੇ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਦੇ ਦਾਅਵਿਆਂ ਉਤੇ ਜਵਾਬ ਦੇਣ ਦੀ ਮੰਗ ਦਾ ਢੁਕਵਾਂ ਜਵਾਬ ਦੇਵੇਗੀ। ਸੋਮਵਾਰ ਤੋਂ ਸ਼ੁਰੂ ਹੋ ਰਹੇ ਸੈਸ਼ਨ ਤੋਂ ਪਹਿਲਾਂ ਰਵਾਇਤੀ ਬੈਠਕ 'ਚ ਵਿਰੋਧੀ ਧਿਰ ਨੇ ਬਿਹਾਰ 'ਚ ਵੋਟਰ ਸੂਚੀ 'ਚ ਸੋਧ, ਪਹਿਲਗਾਮ ਅਤਿਵਾਦੀ ਹਮਲੇ ਅਤੇ ਟਰੰਪ ਦੇ 'ਜੰਗਬੰਦੀ' ਦੇ ਦਾਅਵਿਆਂ ਸਮੇਤ ਕਈ ਮੁੱਦੇ ਉਠਾਏ।

ਸਰਕਾਰ ਨੇ ਇਕ ਮਹੀਨੇ ਤਕ ਚੱਲਣ ਵਾਲੇ ਸੈਸ਼ਨ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਵਿਰੋਧੀ ਧਿਰ ਤੋਂ ਤਾਲਮੇਲ ਦੀ ਮੰਗ ਕੀਤੀ। ਸੰਸਦੀ ਮਾਮਲਿਆਂ ਦੇ ਮੰਤਰੀ ਕਿਰਨ ਰਿਜੀਜੂ ਨੇ ਬੈਠਕ ਤੋਂ ਬਾਅਦ ਪੱਤਰਕਾਰਾਂ ਨੂੰ ਕਿਹਾ, "ਸੰਸਦ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਸਰਕਾਰ-ਵਿਰੋਧੀ ਧਿਰ ਦਾ ਤਾਲਮੇਲ ਹੋਣਾ ਚਾਹੀਦਾ ਹੈ।" ਉਨ੍ਹਾਂ ਕਿਹਾ ਕਿ ਆਪਰੇਸ਼ਨ ਸੰਧੂਰ ਉਤੇ ਟਰੰਪ ਦੇ ਦਾਅਵਿਆਂ ਦਾ ਮੁੱਦਾ ਚੁੱਕਣ ਉਤੇ ਸਰਕਾਰ ਸੰਸਦ 'ਚ ਢੁਕਵਾਂ ਜਵਾਬ ਦੇਵੇਗੀ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਸਰਕਾਰ ਨਿਯਮਾਂ ਅਤੇ ਪਰੰਪਰਾਵਾਂ ਦੇ ਅਨੁਸਾਰ ਸੰਸਦ ਵਿਚ ਸਾਰੇ ਮੁੱਦਿਆਂ ਉਤੇ ਚਰਚਾ ਕਰਨ ਲਈ ਤਿਆਰ ਹੈ ਅਤੇ ਜ਼ੋਰ ਦੇ ਕੇ ਕਿਹਾ ਕਿ ਸਰਕਾਰ ਆਪਰੇਸ਼ਨ ਸੰਧੂਰ ਵਰਗੇ ਮਹੱਤਵਪੂਰਨ ਮੁੱਦਿਆਂ ਉਤੇ ਚਰਚਾ ਕਰਨ ਲਈ ਪੂਰੀ ਤਰ੍ਹਾਂ ਤਿਆਰ ਹੈ। ਬੈਠਕ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਾਂਗਰਸ ਆਗੂ ਗੌਰਵ ਗੋਗੋਈ ਨੇ ਕਿਹਾ ਕਿ ਉਨ੍ਹਾਂ ਦੀ ਪਾਰਟੀ ਨੇ ਟਰੰਪ ਦੇ ਦਾਅਵਿਆਂ, (ਬਾਕੀ ਸਫ਼ਾ 2 'ਤੇ)

## ਜਸਟਿਸ ਵਰਮਾ ਖ਼ਿਲਾਫ਼ ਡਟੇ 100 ਤੋਂ ਵੱਧ ਸਾਂਸਦ : ਰਿਜਿਜੂ

ਚੜ੍ਹਦੀਕਲਾ ਬਿਊਰੋ



ਨਵੀਂ ਦਿੱਲੀ, 20 ਜੁਲਾਈ :ਪਾਰਲੀਮਾਨੀ ਮਾਮਲਿਆਂ ਦੇ ਕੇਂਦਰੀ ਮੰਤਰੀ ਕਿਰਨ ਰਿਜਿਜੂ ਨੇ ਅੱਜ ਦੱਸਿਆ ਕਿ ਜਸਟਿਸ ਯਸ਼ਵੰਤ ਵਰਮਾ ਨੂੰ ਹਟਾਉਣ ਬਾਰੇ ਮਤਾ ਸੰਸਦ 'ਚ ਲਿਆਉਣ ਸਬੰਧੀ ਨੋਟਿਸ 'ਤੇ ਪਾਰਟੀ ਲੀਹਾਂ ਤੋਂ ਉੱਪਰ ਉੱਠ ਕੇ 100 ਤੋਂ ਵੱਧ ਸੰਸਦ ਮੈਂਬਰ ਦਸਤਖ਼ਤ ਕਰ ਚੁੱਕੇ ਹਨ ਤੇ ਲੋਕ ਸਭਾ 'ਚ ਮਹਾਂਦੋਸ਼ ਦੀ ਪ੍ਰਕਿਰਿਆ ਲਈ ਇਹ ਗਿਣਤੀ ਲੋੜੀਂਦੀ ਨਾਲੋਂ ਵੱਧ ਹੈ ਜਦਕਿ ਹਾਲੇ ਦਸਤਖ਼ਤੀ ਮੁਹਿੰਮ ਜਾਰੀ ਹੈ। ਸਰਬ ਪਾਰਟੀ ਮੀਟਿੰਗ ਤੋਂ ਬਾਅਦ ਰਿਜਿਜੂ ਨੇ ਕਿਹਾ ਕਿ ਸੰਸਦੀ ਸਲਾਹਕਾਰ ਕਮੇਟੀ ਇਹ ਨਿਰਧਾਰਿਤ ਕਰੇਗੀ ਕਿ ਕਦੋਂ ਇਸ ਮਤੇ ਨੂੰ ਪੇਸ਼ ਕੀਤਾ ਜਾਵੇ। ਜੱਜ ਨੂੰ ਹਟਾਉਣ ਵਾਲੇ ਮਤੇ ਲਈ ਲੋਕ ਸਭਾ ਦੇ ਘੱਟ ਤੋਂ ਘੱਟ 100 ਤੇ ਰਾਜ ਸਭਾ ਦੇ 50 ਮੈਂਬਰਾਂ ਦੇ ਦਸਤਖ਼ਤ ਹੋਣੇ ਚਾਹੀਦੇ ਹਨ। ਸੋਮਵਾਰ ਤੋਂ ਸ਼ੁਰੂ ਹੋਣ ਵਾਲੇ ਮੌਨਸੂਨ ਇਜਲਾਸ ਵਿੱਚ ਸਰਕਾਰ ਇਹ ਸਾਫ਼ ਕਰ ਦੇਣਾ ਚਾਹੁੰਦੀ ਹੈ ਕਿ ਉਹ ਨਿਆਂਪਾਲਿਕਾ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਵੱਖ-ਵੱਖ ਪਾਰਟੀਆਂ ਤੇ ਵਿਰੋਧੀ ਧਿਰਾਂ ਦੇ ਸਹਿਯੋਗ ਨਾਲ ਇਹ ਮਤਾ ਲਿਆਏਗੀ। ਉਨ੍ਹਾਂ ਕਿਹਾ ਕਿ ਨਿਆਂਪਾਲਿਕਾ ਵਿੱਚ ਭ੍ਰਿਸ਼ਟਾਚਾਰ ਬਹੁਤ ਹੀ ਸੰਜੀਦਾ ਮਾਮਲਾ ਹੈ ਕਿਉਂਕਿ ਨਿਆਂਪਾਲਿਕਾ ਉਹ ਸਥਾਨ ਹੈ ਜਿੱਥੇ ਲੋਕ ਇਨਸਾਫ਼ ਲੈਣ ਜਾਂਦੇ (ਬਾਕੀ ਸਫ਼ਾ 2 'ਤੇ)

## ਪੰਜਾਬ ਵਿੱਚ ਆਉਣ ਵਾਲੇ 4 ਦਿਨਾਂ ਦੌਰਾਨ ਭਾਰੀ ਮੀਂਹ ਦਾ ਅਲਰਟ

ਚੜ੍ਹਦੀਕਲਾ ਬਿਊਰੋ



ਚੰਡੀਗੜ੍ਹ, 20 ਜੁਲਾਈ : ਪੰਜਾਬ ਦੇ ਮੌਸਮ ਵਿਚ ਇਕ ਫਿਰ ਬਦਲਾਅ ਵੇਖਣ ਨੂੰ ਮਿਲੇਗਾ। ਦਰਅਸਲ ਮੌਸਮ ਵਿਭਾਗ ਵੱਲੋਂ ਆਉਣ ਵਾਲੇ 4 ਦਿਨਾਂ ਲਈ ਸੂਬੇ 'ਚ ਭਾਰੀ ਤੋਂ ਭਾਰੀ ਮੀਂਹ ਦਾ ਅਲਰਟ ਜਾਰੀ ਕੀਤਾ ਹੈ। ਮੌਸਮ ਵਿਭਾਗ ਦੇ ਮੁਤਾਬਕ ਅੱਜ ਪਠਾਨਕੋਟ, ਰੂਪਨਗਰ, ਗੁਰਦਾਸਪੁਰ, ਹੁਸ਼ਿਆਰਪੁਰ, ਨਵਾਂਸ਼ਹਿਰ ਅਤੇ ਐੱਸ.ਏ.ਐੱਸ. ਨਗਰ 'ਚ ਮੀਂਹ ਦੀ ਚਿਤਾਵਨੀ ਜਾਰੀ ਕੀਤੀ ਗਈ ਹੈ। 20 ਜੁਲਾਈ ਨੂੰ ਸੂਬੇ ਦੇ ਪਠਾਨਕੋਟ, ਹੁਸ਼ਿਆਰਪੁਰ, ਨਵਾਂਸ਼ਹਿਰ ਅਤੇ ਰੂਪਨਗਰ ਜ਼ਿਲ੍ਹਿਆਂ ਲਈ ਮੀਂਹ ਲਈ ਪੀਲਾ ਅਲਰਟ ਜਾਰੀ ਕੀਤਾ ਗਿਆ ਹੈ। ਉਥੇ ਹੀ ਦੂਜੇ ਪਾਸੇ 21 ਜੁਲਾਈ ਨੂੰ ਪੂਰੇ ਪੰਜਾਬ ਵਿੱਚ ਭਾਰੀ ਮੀਂਹ ਦੀ ਭਵਿੱਖਬਾਣੀ ਕੀਤੀ ਗਈ ਹੈ। 21 ਤਾਰੀਖ਼ ਨੂੰ 12 ਜ਼ਿਲ੍ਹਿਆਂ ਵਿਚ ਯੈਲੋ ਅਲਰਟ ਰਹੇਗਾ। ਹਿਮਾਚਲ ਪ੍ਰਦੇਸ਼ ਵਿੱਚ ਸਰਗਰਮ ਪੱਛਮੀ ਗੜਬੜੀ ਦੇ ਕਾਰਨ ਪੰਜਾਬ ਦੇ ਕਈ ਇਲਾਕਿਆਂ ਵਿੱਚ ਵੀ ਮੀਂਹ ਪੈਣ ਦੀ ਸੰਭਾਵਨਾ ਹੈ। ਮੌਸਮ ਵਿਭਾਗ ਵੱਲੋਂ ਕੀਤੀ ਗਈ ਤਾਜ਼ਾ ਭਵਿੱਖਬਾਣੀ ਮੁਤਾਬਕ 21 ਅਤੇ 22 ਤਾਰੀਖ਼ ਨੂੰ ਪਠਾਨਕੋਟ, ਗੁਰਦਾਸਪੁਰ, ਅੰਮ੍ਰਿਤਸਰ, (ਬਾਕੀ ਸਫ਼ਾ 2 'ਤੇ)

## ਬਰਤਾਨੀਆ ਤੇ ਮਾਲਦੀਵ ਦੇ ਚਾਰ ਰੋਜ਼ਾ ਦੌਰੇ 'ਤੇ ਜਾਣਗੇ ਮੋਦੀ

ਨਵੀਂ ਦਿੱਲੀ, 20 ਜੁਲਾਈ (ਚੜ੍ਹਦੀਕਲਾ ਬਿਊਰੋ) : ਪ੍ਰਧਾਨ ਮੰਤਰੀ ਨਰਿੰਦਰ ਮੋਦੀ ਬੁੱਧਵਾਰ ਤੋਂ ਬ੍ਰਿਟੇਨ ਅਤੇ ਮਾਲਦੀਵ ਦੇ ਚਾਰ ਦਿਨਾਂ ਦੇ ਸਰਕਾਰੀ ਦੌਰੇ 'ਤੇ ਜਾਣਗੇ। ਮੰਨਿਆ ਜਾ ਰਿਹਾ ਹੈ ਕਿ ਪੀ.ਐਮ. ਮੋਦੀ ਦੀ ਇਸ ਫੇਰੀ ਦਾ ਮੁੱਖ ਉਦੇਸ਼ ਵਪਾਰ, ਨਿਵੇਸ਼ ਅਤੇ ਰੱਖਿਆ ਦੇ ਖੇਤਰਾਂ ਵਿੱਚ ਦੁਵੱਲੇ ਸਬੰਧਾਂ ਨੂੰ ਮਜ਼ਬੂਤ ਕਰਨਾ ਹੈ। ਮੋਦੀ ਦੀ ਇਸ ਫੇਰੀ ਬਾਰੇ ਵਿਦੇਸ਼ ਮੰਤਰਾਲੇ ਨੇ ਕਿਹਾ ਕਿ ਪ੍ਰਧਾਨ ਮੰਤਰੀ ਆਪਣੀ ਫੇਰੀ ਦੇ ਪਹਿਲੇ ਪੜਾਅ ਵਿੱਚ ਬ੍ਰਿਟੇਨ ਜਾਣਗੇ, ਜਿੱਥੇ ਉਹ ਬ੍ਰਿਟਿਸ਼ ਪ੍ਰਧਾਨ ਮੰਤਰੀ ਕੀਰ ਸਟਾਰਮਰ ਨਾਲ ਮੁਲਾਕਾਤ ਕਰਨਗੇ। ਦੋਵਾਂ ਦੇਸ਼ਾਂ ਦੇ ਨੇਤਾਵਾਂ ਵਿਚਕਾਰ ਕਈ ਮੁੱਦਿਆਂ 'ਤੇ ਚਰਚਾ ਕੀਤੀ ਜਾਵੇਗੀ। ਵਿਦੇਸ਼ ਮੰਤਰਾਲੇ ਨੇ ਪ੍ਰਧਾਨ ਮੰਤਰੀ ਮੋਦੀ ਦੀ ਫੇਰੀ ਸਬੰਧੀ ਇੱਕ ਬਿਆਨ (ਬਾਕੀ ਸਫ਼ਾ 2 'ਤੇ)

## ਅਨਮੋਲ ਗਗਨ ਮਾਨ ਦਾ ਅਸਤੀਫ਼ਾ ਪਾਰਟੀ ਵੱਲੋਂ ਨਾਮਨਜ਼ੂਰ

ਚੜ੍ਹਦੀਕਲਾ ਬਿਊਰੋ



ਚੰਡੀਗੜ੍ਹ, 20 ਜੁਲਾਈ : ਅਨਮੋਲ ਗਗਨ ਮਾਨ ਵੱਲੋਂ ਬੀਤੇ ਕੱਲ੍ਹ ਦਿੱਤੇ ਅਸਤੀਫ਼ੇ ਨੂੰ ਆਮ ਆਦਮੀ ਪਾਰਟੀ ਵੱਲੋਂ ਨਾਮਨਜ਼ੂਰ ਕਰ ਦਿੱਤਾ ਗਿਆ ਹੈ। ਮੀਟਿੰਗ ਤੋਂ ਬਾਅਦ, ਅਨਮੋਲ ਗਗਨ ਨੇ ਪਾਰਟੀ ਦੇ ਫੈਸਲੇ ਨੂੰ ਸਵੀਕਾਰ ਕਰ ਲਿਆ ਹੈ। ਅਸਤੀਫਾ ਨਾਮਨਜ਼ੂਰ ਹੋਣ ਦੇ ਬਾਅਦ ਸਾਬਕਾ ਮੰਤਰੀ ਅਨਮੋਲ ਗਗਨ ਮਾਨ ਵੱਲੋਂ ਫੇਸਬੁੱਕ 'ਤੇ ਪੋਸਟ ਸਾਂਝੀ ਕੀਤੀ ਗਈ ਹੈ।

ਇਸ ਤੋਂ ਪਹਿਲਾਂ ਅਮਨ ਅਰੋੜਾ ਵੱਲੋਂ ਅਸਤੀਫਾ ਨਾਮਨਜ਼ੂਰ ਕਰਨ ਦੀ ਜਾਣਕਾਰੀ ਦਿੱਤੀ ਗਈ ਸੀ। ਉਨ੍ਹਾਂ ਕਿਹਾ ਸੀ ਕਿ ਪਰਿਵਾਰਕ ਮਾਹੌਲ ਵਿਚ ਅਨਮੋਲ ਗਗਨ ਮਾਨ ਨਾਲ ਮੁਲਾਕਾਤ ਹੋਈ ਹੈ ਤੇ ਪਾਰਟੀ ਦਾ ਫੈਸਲਾ ਹੈ ਕਿ ਅਸਤੀਫਾ ਨਾਮਨਜ਼ੂਰ ਕਰ ਦਿੱਤਾ ਗਿਆ ਹੈ ਤੇ ਇਸ ਫੈਸਲੇ ਨੂੰ ਅਨਮੋਲ ਗਗਨ ਮਾਨ ਵੱਲੋਂ ਸਵੀਕਾਰ ਕਰ ਲਿਆ ਗਿਆ ਹੈ। ਹੁਣ ਅਨਮੋਲ ਗਗਨ ਮਾਨ ਵੱਲੋਂ ਪੋਸਟ ਸਾਂਝੀ ਕੀਤੀ ਗਈ ਹੈ ਜਿਸ ਵਿਚ ਲਿਖਿਆ ਗਿਆ ਹੈ ਕਿ ਅੱਜ ਸਾਡੇ ਪਾਰਟੀ ਪ੍ਰਧਾਨ ਅਮਨ ਅਰੋੜਾ ਜੀ ਨਾਲ ਮੁਲਾਕਾਤ ਹੋਈ। ਆਮ ਆਦਮੀ ਪਾਰਟੀ ਤੇ ਅਰਵਿੰਦ ਕੇਜਰੀਵਾਲ ਜੀ ਵੱਲੋ ਅਸਤੀਫਾ ਨਾਮਨਜ਼ੂਰ ਕਰਨ ਦਾ ਫੈਸਲਾ ਸਵੀਕਾਰ ਕੀਤਾ। ਦੱਸ ਦੇਈਏ ਕਿ ਅਨਮੋਲ ਗਗਨ ਮਾਨ ਵੱਲੋਂ ਅਸਤੀਫਾ ਵਾਪਸ ਲੈਣ 'ਤੇ ਭਗਵੰਤ ਮਾਨ ਦਾ ਵੀ ਬਿਆਨ ਸਾਹਮਣੇ ਆਇਆ ਹੈ। ਉਨ੍ਹਾਂ ਲਿਖਿਆ ਕਿ ਅਸਤੀਫ਼ਾ ਵਾਪਸ ਲੈਣ ਲਈ ਉਨ੍ਹਾਂ ਨੂੰ ਬਹੁਤ ਵਧਾਈ। ਉਨ੍ਹਾਂ ਕਿਹਾ ਕਿ ਕਈ ਵਾਰ ਕੋਈ ਜਜ਼ਬਾਤੀ ਹੋ ਕੇ ਫੈਸਲਾ ਲੈ ਲੈਂਦਾ ਹੈ। ਅਨਮੋਲ ਗਗਨ ਮਾਨ ਸਾਡੇ ਕੈਬਨਿਟ ਮੰਤਰੀ ਵੀ ਰਹੇ ਹਨ। ਨੌਜਵਾਨ ਮੁੰਡੇ-ਕੁੜੀਆਂ ਨੂੰ ਰਾਜਨੀਤੀ 'ਚ ਆਉਣਾ ਚਾਹੀਦਾ ਹੈ ਤੇ ਆਪਣਾ ਯੋਗਦਾਨ ਪਾਉਣਾ ਚਾਹੀਦਾ ਹੈ।

## ਜੰਮੂ-ਕਸ਼ਮੀਰ ਦਾ ਰਾਜ ਦਾ ਦਰਜਾ ਬਹਾਲ ਕਰਨ ਦੀ ਮੰਗ ਕਰੇਗਾ 'ਇੰਡੀਆ' : ਵੇਣੂਗੋਪਾਲ

### ਕਾਂਗਰਸ ਨੇ ਪ੍ਰਧਾਨ ਮੰਤਰੀ ਦੇ ਦਾਅਵਿਆਂ 'ਤੇ ਚੁੱਕੇ ਸਵਾਲ

ਚੜ੍ਹਦੀਕਲਾ ਬਿਊਰੋ



ਨਵੀਂ ਦਿੱਲੀ, 20 ਜੁਲਾਈ : ਕਾਂਗਰਸ ਨੇ ਅੱਜ ਇੱਥੇ ਦਾਅਵਾ ਕੀਤਾ ਕਿ ਪਾਰਟੀ ਸੋਮਵਾਰ ਤੋਂ ਸ਼ੁਰੂ ਹੋ ਰਹੇ ਸੰਸਦ ਦੇ ਮੌਨਸੂਨ ਇਜਲਾਸ ਵਿੱਚ ਜੰਮੂ ਕਸ਼ਮੀਰ 'ਚ ਪੂਰਨ ਰਾਜ ਦਾ ਦਰਜਾ ਬਹਾਲ ਕਰਨ ਦੀ ਮੰਗ ਕਰੇਗਾ।

ਆਲ ਇੰਡੀਆ ਕਾਂਗਰਸ ਕਮੇਟੀ (ਏ.ਆਈ.ਸੀ.ਸੀ.) ਦੇ ਜਨਰਲ ਸਕੱਤਰ ਕੇਸੀ ਵੇਣੂਗੋਪਾਲ ਨੇ ਐਕਸ 'ਤੇ ਇੱਕ ਪੋਸਟ ਵਿੱਚ ਕਿਹਾ, "ਕੀ ਪ੍ਰਧਾਨ ਮੰਤਰੀ ਮੋਦੀ ਨੇ ਜੰਮੂ ਕਸ਼ਮੀਰ ਨੂੰ ਰਾਜ ਦਾ ਦਰਜਾ ਦੇਣ ਬਾਰੇ ਸੰਸਦ 'ਚ ਝੂਠ ਬੋਲਿਆ ? ਜੇ ਨਹੀਂ, ਤਾਂ ਜੰਮੂ ਕਸ਼ਮੀਰ ਪੁਲਿਸ ਨੇ ਜੇ.ਕੇ.ਪੀ.ਸੀ.ਸੀ. ਦੇ ਪ੍ਰਧਾਨ ਤਾਰਿਕ ਹਮੀਦ ਕਰਾ ਜੀ ਅਤੇ ਹੋਰ ਕਾਂਗਰਸੀ ਨੇਤਾਵਾਂ ਨੂੰ ਕਿਉਂ ਗ੍ਰਿਫ਼ਤਾਰ ਕੀਤਾ ਹੈ ?"

ਉਨ੍ਹਾਂ ਲਿਖਿਆ, "ਉਨ੍ਹਾਂ ਕੱਲ੍ਹ ਸ੍ਰੀਨਗਰ ਵਿੱਚ ਪ੍ਰਦੇਸ਼ ਕਾਂਗਰਸ ਦਫ਼ਤਰ ਨੂੰ ਸੀਲ ਕਿਉਂ ਕਰ ਦਿੱਤਾ ਅਤੇ ਸਾਡੇ ਪਾਰਟੀ ਵਰਕਰਾਂ ਨੂੰ ਰਾਜ ਦੇ ਦਰਜੇ ਲਈ ਸ਼ਾਂਤੀਪੂਰਵਕ ਪ੍ਰਦਰਸ਼ਨ ਕਰਨ ਤੋਂ ਕਿਉਂ ਰੋਕਿਆ ?" (ਬਾਕੀ ਸਫ਼ਾ 2 'ਤੇ)

## ਰੂਸ ਦੇ ਪ੍ਰਸ਼ਾਂਤ ਤੱਟ 'ਤੇ ਲੱਗੇ ਭੂਚਾਲ ਦੇ ਝਟਕੇ, ਸੁਨਾਮੀ ਦੀ ਚੇਤਾਵਨੀ

ਮਾਸਕੋ, 20 ਜੁਲਾਈ (ਚੜ੍ਹਦੀਕਲਾ ਬਿਊਰੋ) : ਐਤਵਾਰ ਨੂੰ ਰੂਸ ਦੇ ਕਾਮਚਟਕਾ ਪ੍ਰਾਇਦੀਪ ਦੇ ਨੇੜੇ ਸਮੁੰਦਰ ਵਿੱਚ ਦੋ ਸ਼ਕਤੀਸ਼ਾਲੀ ਭੂਚਾਲ ਦਰਜ ਕੀਤੇ ਗਏ। ਜਿਨ੍ਹਾਂ ਵਿੱਚੋਂ ਇੱਕ 7.4 ਮਾਪਿਆ ਗਿਆ। ਇਸ ਤੋਂ ਬਾਅਦ, ਪ੍ਰਸ਼ਾਂਤ ਸੁਨਾਮੀ ਚੇਤਾਵਨੀ ਕੇਂਦਰ ਨੇ ਇਸ ਖੇਤਰ ਲਈ ਸੁਨਾਮੀ ਦੀ ਚੇਤਾਵਨੀ ਜਾਰੀ ਕੀਤੀ ਹੈ। ਜਾਣਕਾਰੀ ਅਨੁਸਾਰ, 7.4 ਤੀਬਰਤਾ ਵਾਲਾ ਭੂਚਾਲ 20 ਕਿਲੋਮੀਟਰ ਦੀ ਡੂੰਘਾਈ 'ਤੇ ਆਇਆ ਸੀ ਅਤੇ ਇਸ ਦਾ ਕੇਂਦਰ ਪੈਟ੍ਰੋਪਾਵਲੋਵਸਕ-ਕਾਮਚਟਸਕੀ ਸ਼ਹਿਰ ਤੋਂ 144 ਕਿਲੋਮੀਟਰ ਪੂਰਬ ਵਿੱਚ ਸਥਿਤ ਸੀ। ਇਸ ਸ਼ਹਿਰ ਦੀ ਆਬਾਦੀ ਲਗਭਗ 1.8 ਲੱਖ ਹੈ। ਇਸ ਤੋਂ ਕੁਝ ਮਿੰਟ ਪਹਿਲਾਂ, ਇਸੇ ਖੇਤਰ ਵਿੱਚ 6.7 ਤੀਬਰਤਾ ਦਾ ਇੱਕ ਹੋਰ ਭੂਚਾਲ ਵੀ ਦਰਜ ਕੀਤਾ ਗਿਆ ਸੀ। ਇਨ੍ਹਾਂ ਦੋ ਸ਼ਕਤੀਸ਼ਾਲੀ ਭੂਚਾਲਾਂ ਤੋਂ ਬਾਅਦ (ਬਾਕੀ ਸਫ਼ਾ 2 'ਤੇ)

## ਰੂਸ ਤੋਂ ਤੇਲ ਖ਼ਰੀਦਣ 'ਤੇ ਨਾਟੋ ਦੀਆਂ ਧਮਕੀਆਂ ਦਾ ਭਾਰਤ ਵੱਲੋਂ ਕਰਾਰਾ ਜਵਾਬ

ਚੜ੍ਹਦੀਕਲਾ ਬਿਊਰੋ



ਨਵੀਂ ਦਿੱਲੀ, 20 ਜੁਲਾਈ : ਭਾਰਤ ਨੇ ਰੂਸ ਤੋਂ ਤੇਲ ਖਰੀਦਣ ਲਈ ਨਾਟੋ ਵੱਲੋਂ ਆ ਰਹੀਆਂ ਧਮਕੀਆਂ ਦਾ ਕਰਾਰਾ ਜਵਾਬ ਦਿੱਤਾ ਹੈ ਕਿ ਉਹ ਕਿਸੇ ਦੇ ਦਬਾਅ ਹੇਠ ਨਹੀਂ ਆਵੇਗਾ। ਭਾਰਤ ਨੇ ਕਿਹਾ ਕਿ ਉਹ ਆਪਣੀਆਂ ਜ਼ਰੂਰਤਾਂ ਅਤੇ ਨੀਤੀਆਂ ਮੁਤਾਬਕ ਫੈਸਲੇ ਕਰਦਾ ਹੈ, ਨਾ ਕਿ ਕਿਸੇ ਗਠਜੋੜ ਦੀ ਮਨਜ਼ੂਰੀ ਨਾਲ।
ਯੂਕ੍ਰੇਨ-ਰੂਸ ਜੰਗ ਤੋਂ ਬਾਅਦ, ਪੱਛਮੀ ਦੇਸ਼ਾਂ ਨੇ ਰੂਸ 'ਤੇ ਪਾਬੰਦੀਆਂ ਲਗਾ ਦਿੱਤੀਆਂ ਹਨ, ਪਰ ਭਾਰਤ ਨੇ ਰੂਸ ਤੋਂ ਸਸਤਾ ਕੱਚਾ ਤੇਲ ਖਰੀਦਣਾ ਜਾਰੀ ਰੱਖਿਆ ਹੈ ਕਿਉਂਕਿ ਇਹ ਦੇਸ਼ ਦੀ ਆਰਥਿਕਤਾ ਅਤੇ ਉਰਜਾ ਜ਼ਰੂਰਤਾਂ ਲਈ ਜ਼ਰੂਰੀ ਹੈ।ਨਾਟੋ ਦਾ ਕਹਿਣਾ ਹੈ ਕਿ ਭਾਰਤ ਦੀ ਇਹ ਚਾਲ ਉਨ੍ਹਾਂ ਦੇ ਵਿਰੋਧ ਵਿਚ ਜਾਂਦੀ ਹੈ, ਪਰ ਭਾਰਤ ਨੇ ਸਪੱਸ਼ਟ ਕਰ ਦਿੱਤਾ ਕਿ ਇਹ ਉਸ ਦੀ ਆਪਣੀ ਰਣਨੀਤਕ ਸੋਚ ਦਾ ਹਿੱਸਾ ਹੈ। ਭਾਰਤ ਨੇ ਕਿਹਾ ਕਿ ਉਹ ਕਿਸੇ ਵੀ ਤਰ੍ਹਾਂ ਦੀ ਧਮਕੀ ਜਾਂ ਦਬਾਅ ਅੱਗੇ ਨਹੀਂ ਝੁਕੇਗਾ।

ਉਨ੍ਹਾਂ ਨੇ ਇਹ ਵੀ ਦੱਸਿਆ ਕਿ ਭਾਰਤ ਨੇ ਯੂਕ੍ਰੇਨ ਜੰਗ ਦੇ ਮਾਮਲੇ 'ਚ ਵੀ ਇੱਕ ਨਿਊਟ੍ਰਲ ਰੁਖ ਅਪਣਾਇਆ ਹੈ। ਭਾਰਤ ਨੇ ਨਾ ਤਾਂ ਰੂਸ ਦਾ ਪੱਖ ਲਿਆ ਤੇ ਨਾ ਹੀ ਪੱਛਮੀ ਦੇਸ਼ਾਂ ਦੀ ਹਮਾਇਤ ਕੀਤੀ। ਇਹ ਸਾਬਤ ਕਰਦਾ ਹੈ ਕਿ ਭਾਰਤ ਇੱਕ ਆਜ਼ਾਦ ਅਤੇ ਸਵੈ-ਨਿਰਭਰ ਰਾਸ਼ਟਰ ਵਜੋਂ ਕੰਮ ਕਰ ਰਿਹਾ ਹੈ।ਇਹ ਵੀ ਦੱਸਣਯੋਗ ਹੈ ਕਿ ਭਾਰਤ ਨੇ ਜੀ20 ਦੀ ਅਗਵਾਈ ਕਰਕੇ,ਕਵਾਡ ਅਤੇ ਹੋਰ ਗਲੋਬਲ ਗਠਜੋੜਾਂ ਵਿੱਚ ਭਾਗ ਲੈ ਕੇ ਆਪਣੀ ਮਜ਼ਬੂਤ ਮੌਜੂਦਗੀ ਵਿਸ਼ਵ ਪੱਧਰ 'ਤੇ ਦਰਸਾਈ ਹੈ। ਨਾਟੋ ਵਰਗੀਆਂ ਚਿਤਾਵਨੀਆਂ ਭਾਰਤ ਨੂੰ ਆਪਣੇ ਰਸਤੇ ਤੋਂ ਨਹੀਂ ਹਟਾ ਸਕਦੀਆਂ। ਆਖ਼ਰ ਵਿੱਚ, ਭਾਰਤ ਦਾ ਇਹ ਮਤਲਬ ਹੈ ਕਿ ਉਹ ਰਾਜਨੀਤਕ ਜਾਂ ਆਰਥਿਕ ਫੈਸਲੇ ਕਿਸੇ ਹੋਰ ਦੇ ਦਬਾਅ ਹੇਠ ਨਹੀਂ ਲੈਂਦਾ, ਸਗੋਂ ਆਪਣੇ ਲੋਕਾਂ ਅਤੇ ਦੇਸ਼ ਦੇ ਹਿਤ ਵਿਚ ਲੈਂਦਾ ਹੈ।ਨਾਟੋ ਚਾਹੇ ਜੋ ਵੀ ਕਹੇ, ਭਾਰਤ ਆਪਣੀ ਰਣਨੀਤੀ 'ਤੇ ਕਾਇਮ ਹੈ।

## ਜੰਮੂ-ਕਸ਼ਮੀਰ 'ਚ ਢਿੱਗਾਂ ਡਿੱਗਣ ਕਾਰਨ ਕੌਮੀ ਮਾਰਗ ਬੰਦ

ਊਧਮਪੁਰ, 20 ਜੁਲਾਈ (ਚੜ੍ਹਦੀਕਲਾ ਬਿਊਰੋ) : ਊਧਮਪੁਰ ਵਿੱਚ ਜੰਮੂ-ਸ੍ਰੀਨਗਰ ਕੌਮੀ ਮਾਰਗ 'ਤੇ ਢਿੱਗਾਂ ਡਿੱਗ ਗਈਆਂ ਜਿਸ ਕਾਰਨ ਇਸ ਮਾਰਗ ਦਾ ਦੂਜੇ ਸ਼ਹਿਰਾਂ ਨਾਲ ਸੰਪਰਕ ਟੁੱਟ ਗਿਆ। ਜਾਣਕਾਰੀ ਅਨੁਸਾਰ ਸਮਰੋਲੀ ਪਿੰਡ ਦੇ ਦੇਵਾਲ ਪੁਲ ਨੇੜੇ ਅੱਜ ਸਵੇਰ ਢਿੱਗਾਂ ਡਿੱਗੀਆਂ। ਇਸ ਕਾਰਨ ਕਸ਼ਮੀਰ ਵੱਲ ਜਾਣ ਵਾਲੀ ਸੜਕ ਬੰਦ ਹੋ ਗਈ। ਪ੍ਰਸ਼ਾਸਨ ਨੇ ਲੋਕਾਂ ਨੂੰ ਹਾਈਵੇਅ 'ਤੇ ਮਲਬਾ ਹਟਾਉਣ ਦਾ ਕੰਮ ਪੂਰਾ ਹੋਣ ਤੱਕ ਯਾਤਰਾ ਨਾ ਕਰਨ ਲਈ ਕਿਹਾ ਹੈ।ਇਸ ਤੋਂ ਪਹਿਲਾਂ 16 ਜੁਲਾਈ ਦੀ ਸ਼ਾਮ ਨੂੰ ਮੀਂਹ ਕਾਰਨ ਰਾਇਲਪਾਥਰੀ ਅਤੇ ਬ੍ਰਾਰੀਮਾਰਗ ਵਿਚਕਾਰ ਢਿੱਗਾਂ ਡਿੱਗਣ ਕਾਰਨ ਆਵਾਜਾਈ ਬੰਦ ਕਰ ਦਿੱਤੀ ਗਈ ਸੀ ਅਤੇ ਵੱਡੀ ਗਿਣਤੀ ਸ਼ਰਧਾਲੂ (ਬਾਕੀ ਸਫ਼ਾ 2 'ਤੇ)

### ਰੂਸ-ਯੂਕ੍ਰੇਨ ਯੁੱਧ

## ਸ਼ਾਂਤੀ ਗੱਲਬਾਤ ਲਈ ਤਿਆਰ ਹੋਏ ਰਾਸ਼ਟਰਪਤੀ ਵਲਾਦੀਮੀਰ ਪੂਤਿਨ !

ਚੜ੍ਹਦੀਕਲਾ ਬਿਊਰੋ



ਕ੍ਰੇਮਲਿਨ, 20 ਜੁਲਾਈ : ਰੂਸ ਨੇ ਐਤਵਾਰ ਨੂੰ ਰੂਸ-ਯੂਕ੍ਰੇਨ ਯੁੱਧ ਨੂੰ ਰੋਕਣ ਲਈ ਇੱਕ ਵੱਡਾ ਕਦਮ ਚੁੱਕਿਆ ਜੋ ਤਿੰਨ ਸਾਲਾਂ ਤੋਂ ਵੱਧ ਸਮੇਂ ਤੋਂ ਚੱਲ ਰਿਹਾ ਹੈ। ਕ੍ਰੇਮਲਿਨ ਦੇ ਬੁਲਾਰੇ ਦਮਿਤਰੀ ਪੇਸਕੋਵ ਨੇ ਕਿਹਾ ਕਿ ਰੂਸੀ ਰਾਸ਼ਟਰਪਤੀ ਵਲਾਦੀਮੀਰ ਪੁਤਿਨ ਯੂਕ੍ਰੇਨ ਨਾਲ ਸ਼ਾਂਤੀ ਗੱਲਬਾਤ ਕਰਨ ਲਈ ਤਿਆਰ ਹਨ। ਪਰ ਰੂਸ ਆਪਣੇ ਮੁੱਖ ਉਦੇਸ਼ ਨੂੰ ਪੂਰਾ ਕਰਨ ਲਈ ਵਚਨਬੱਧ ਹੈ।ਉਨ੍ਹਾਂ ਕਿਹਾ, 'ਰਾਸ਼ਟਰਪਤੀ ਪੁਤਿਨ ਨੇ ਵਾਰ-ਵਾਰ ਯੂਕ੍ਰੇਨ ਨਾਲ ਸਮਝੌਤੇ ਦਾ ਹੱਲ ਜਲਦੀ ਤੋਂ ਜਲਦੀ ਅਤੇ ਸ਼ਾਂਤੀਪੂਰਨ ਢੰਗ ਨਾਲ ਲੱਭਣ ਦੀ ਇੱਛਾ ਪ੍ਰਗਟ ਕੀਤੀ ਹੈ। ਹਾਲਾਂਕਿ, ਇਹ ਇੱਕ ਲੰਬੀ ਪ੍ਰਕਿਰਿਆ ਹੈ, ਇਸ ਲਈ ਬਹੁਤ ਮਿਹਨਤ ਦੀ ਲੋੜ ਹੈ ਪਰ ਸਾਡੇ ਟੀਚੇ ਪੂਰੀ ਤਰ੍ਹਾਂ ਸਪੱਸ਼ਟ ਹਨ ਅਤੇ ਸਾਡੇ ਟੀਚੇ ਨੂੰ ਪ੍ਰਾਪਤ ਕਰਨਾ ਸਾਡੇ ਲਈ ਸਭ ਤੋਂ ਵੱਡਾ ਉਦੇਸ਼ ਹੈ।' ਕ੍ਰੇਮਲਿਨ ਦੇ ਬੁਲਾਰੇ ਦਮਿਤਰੀ ਪੇਸਕੋਵ ਨੇ ਇਸ ਸਮੇਂ ਦੌਰਾਨ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਬਾਰੇ ਵੀ ਇੱਕ ਬਿਆਨ ਦਿੱਤਾ ਹੈ। ਉਨ੍ਹਾਂ ਕਿਹਾ ਕਿ ਦੁਨੀਆ ਡੋਨਾਲਡ ਟਰੰਪ ਦੇ ਕਈ ਵਾਰ ਸਖ਼ਤ ਤੇ ਬੇਕਾਰ ਬਿਆਨਬਾਜ਼ ਦੀ ਆਦੀ ਹੋ ਗਈ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ, 'ਹਾਲਾਂਕਿ, (ਬਾਕੀ ਸਫ਼ਾ 2 'ਤੇ)

## ਯਮੁਨਾ 'ਚ ਡੁੱਬਣ ਕਾਰਨ 3 ਬੱਚਿਆਂ ਦੀ ਮੌਤ

ਯਮੁਨਾਨਗਰ, 20 ਜੁਲਾਈ (ਚੜ੍ਹਦੀਕਲਾ ਬਿਊਰੋ) : ਹਰਿਆਣਾ ਦੇ ਯਮੁਨਾਨਗਰ ਵਿੱਚ ਪੱਛਮੀ ਯਮੁਨਾ ਨਹਿਰ ਵਿੱਚ ਨਹਾਉਣ ਗਏ ਤਿੰਨ ਬੱਚੇ ਡੂੰਘੇ ਪਾਣੀ ਵਿੱਚ ਡੁੱਬ ਗਏ। ਤਿੰਨਾਂ ਨੇ ਡੁੱਬਣ ਤੋਂ ਆਪਣੇ ਆਪ ਨੂੰ ਬਚਾਉਣ ਦੀ ਬਹੁਤ ਕੋਸ਼ਿਸ਼ ਕੀਤੀ, ਪਰ ਡੂੰਘਾਈ ਕਾਰਨ ਉਹ ਬਾਹਰ ਨਹੀਂ ਆ ਸਕੇ। ਉੱਥੇ ਮੌਜੂਦ ਲੋਕਾਂ ਨੇ ਤਿੰਨਾਂ ਨੂੰ ਬਚਾਉਣ ਦੀ ਕੋਸ਼ਿਸ਼ ਕੀਤੀ, ਪਰ ਅਸਫਲ ਰਹੇ। ਇਸ ਤੋਂ ਬਾਅਦ ਪੁਲਿਸ ਅਤੇ ਸਟੇਟ ਡਿਜ਼ਾਸਟਰ ਰਿਸਪਾਂਸ ਫੋਰਸ (ਐਸ.ਡੀ.ਆਰ.ਐਫ.) ਨੂੰ ਤੁਰੰਤ ਸੂਚਿਤ ਕੀਤਾ ਗਿਆ। ਸੂਚਨਾ ਮਿਲਣ 'ਤੇ ਪੁਲਿਸ ਅਤੇ ਐਸ.ਡੀ.ਆਰ.ਐਫ. ਟੀਮ ਤੁਰੰਤ ਮੌਕੇ 'ਤੇ ਪਹੁੰਚੀ ਅਤੇ ਤਿੰਨਾਂ ਬੱਚਿਆਂ ਦੀ ਭਾਲ ਸ਼ੁਰੂ ਕਰ ਦਿੱਤੀ। ਲਗਭਗ 20-25 ਮਿੰਟਾਂ ਬਾਅਦ, ਤਿੰਨੋਂ ਬੱਚੇ ਯਮੁਨਾ ਵਿੱਚ ਮਿਲੇ, ਪਰ ਉਨ੍ਹਾਂ ਦੀ ਮੌਤ ਹੋ ਗਈ ਸੀ। ਆਸ-ਪਾਸ ਦੇ ਲੋਕਾਂ ਨੂੰ ਪਤਾ ਲੱਗਾ ਕਿ ਤਿੰਨੋਂ ਬੱਚੇ ਯਮੁਨਾਨਗਰ ਦੇ ਪਿੰਡ ਬੁਡੀਆ ਦੇ ਵਸਨੀਕ ਸਨ, (ਬਾਕੀ ਸਫ਼ਾ 2 'ਤੇ)

## ਅਫ਼ਰੀਕੀ ਦੇਸ਼ ਨਾਈਜਰ 'ਚ ਅੱਤਵਾਦੀ ਹਮਲੇ ਦੌਰਾਨ ਦੋ ਭਾਰਤੀ ਨਾਗਰਿਕਾਂ ਦੀ ਮੌਤ, ਇੱਕ ਅਗ਼ਵਾ

ਚੜ੍ਹਦੀਕਲਾ ਬਿਊਰੋ

ਨਿਆਮੀ, 20 ਜੁਲਾਈ : ਪੱਛਮੀ ਅਫ਼ਰੀਕੀ ਦੇਸ਼ ਦੇ ਨਾਈਜਰ ਦੇ ਡੋਸੋ ਖੇਤਰ ਵਿਚ ਇਕ ਅੱਤਵਾਦੀ ਹਮਲੇ ਵਿਚ ਦੋ ਭਾਰਤੀ ਨਾਗਰਿਕ ਮਾਰੇ ਗਏ, ਜਦੋਂ ਕਿ ਅੱਤਵਾਦੀਆਂ ਨੇ ਇਕ ਨਾਗਰਿਕ ਨੂੰ ਅਗ਼ਵਾ ਕਰ ਲਿਆ। ਇਸ ਸਬੰਧੀ ਨਾਈਜਰ ਵਿਚ ਭਾਰਤੀ ਦੂਤਾਵਾਸ ਨੇ ਸੋਸ਼ਲ ਮੀਡੀਆ ਪਲੇਟਫ਼ਾਰਮ ਐਕਸ 'ਤੇ ਘਟਨਾ ਬਾਰੇ ਜਾਣਕਾਰੀ ਦਿਤੀ। ਐਕਸ 'ਤੇ ਇਕ ਪੋਸਟ ਵਿਚ ਭਾਰਤੀ ਦੂਤਾਵਾਸ ਨੇ ਕਿਹਾ ਕਿ 15 ਜੁਲਾਈ ਨੂੰ ਨਾਈਜਰ ਦੇ ਡੋਸੋ ਖੇਤਰ ਵਿਚ ਇਕ ਘਿਨਾਉਣੇ ਅਤਿਵਾਦੀ ਹਮਲੇ ਵਿਚ ਦੋ ਭਾਰਤੀ ਨਾਗਰਿਕ ਦੁਖਦਾਈ ਤੌਰ 'ਤੇ ਮਾਰੇ ਗਏ ਅਤੇ ਇਕ ਨੂੰ ਅਗ਼ਵਾ ਕਰ ਲਿਆ ਗਿਆ। ਦੁਖੀ ਪਰਿਵਾਰਾਂ ਪ੍ਰਤੀ ਸਾਡੀ ਦਿਲੀ ਸੰਵੇਦਨਾ। ਨਾਈਜਰ ਦੀ ਰਾਜਧਾਨੀ ਨਿਆਮੀ ਵਿਚ ਮ੍ਰਿਤਕਾਂ ਦੀਆਂ ਲਾਸ਼ਾਂ ਨੂੰ ਭਾਰਤ ਭੇਜਣ ਅਤੇ ਅਗ਼ਵਾ ਕੀਤੇ ਵਿਅਕਤੀ ਨੂੰ ਰਿਹਾਅ ਕਰਨ ਲਈ ਲਗਾਤਾਰ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ। ਭਾਰਤੀ ਦੂਤਾਵਾਸ ਨੇ ਨਾਈਜਰ ਵਿਚ ਰਹਿਣ ਵਾਲੇ ਸਾਰੇ ਭਾਰਤੀਆਂ ਨੂੰ ਸੁਚੇਤ ਰਹਿਣ ਦੀ ਚੇਤਾਵਨੀ ਵੀ ਦਿਤੀ ਹੈ। ਇੱਕ ਖ਼ਬਰ ਏਜੰਸੀ ਨੇ ਸਥਾਨਕ ਸੂਤਰਾਂ ਦੇ ਹਵਾਲੇ ਨਾਲ ਕਿਹਾ ਹੈ ਕਿ ਅਣਪਛਾਤੇ ਹਥਿਆਰਬੰਦ ਹਮਲਾਵਰਾਂ ਨੇ ਨਿਆਮੀ ਤੋਂ ਲਗਭਗ 100 ਕਿਲੋਮੀਟਰ (63 ਮੀਲ) ਦੂਰ ਡੋਸੋ ਖੇਤਰ ਵਿਚ ਇਕ ਬਿਜਲੀ ਲਾਈਨ ਦੇ ਨਿਰਮਾਣ ਸਥਾਨ 'ਤੇ ਸੁਰੱਖਿਆ ਪ੍ਰਦਾਨ ਕਰ ਰਹੀ ਨਾਈਜੀਰੀਆਈ ਫ਼ੌਜ ਦੀ ਇਕ ਯੂਨਿਟ 'ਤੇ ਹਮਲਾ ਕੀਤਾ। ਦੱਸ ਦਈਏ ਕਿ ਮਾਰਚ ਦੇ ਸ਼ੁਰੂ ਵਿਚ, ਇਸਲਾਮਿਕ ਸਟੇਟ ਦੁਆਰਾ ਨਾਈਜੀਰ ਦੇ ਗ੍ਰੇਟਰ ਸਹਾਰਾ ਦੇ ਕੋਕੋਰੂ ਵਿਚ ਇਕ ਅਤਿਵਾਦੀ ਹਮਲਾ ਕੀਤਾ ਗਿਆ ਸੀ, ਜਿਸ ਵਿਚ 44 ਨਾਗਰਿਕ ਮਾਰੇ ਗਏ ਸਨ ਅਤੇ 13 ਗੰਭੀਰ ਜ਼ਖ਼ਮੀ ਹੋ ਗਏ ਸਨ।

## ਪੁਲਿਸ ਅਦਾਰਿਆਂ 'ਤੇ ਹਮਲਿਆਂ ਪਿੱਛੇ ਬੀ.ਕੇ.ਆਈ. ਮਾਡਿਊਲ ਦਾ ਹੱਥ; ਤਿੰਨ ਗ੍ਰਿਫ਼ਤਾਰ

ਗੁਰਮੁੱਖ ਰੁਪਾਣਾ

### ਗ੍ਰਿਫ਼ਤਾਰ ਵਿਅਕਤੀਆਂ ਤੋਂ ਦੋ ਹੈਂਡ ਗ੍ਰਨੇਡ, ਦੋ ਪਿਸਤੌਲ ਕੀਤੇ ਬਰਾਮਦ



ਪਟਿਆਲਾ, 20 ਜੁਲਾਈ: ਪੰਜਾਬ ਪੁਲਿਸ ਨੇ ਵਿਦੇਸ਼ੀ ਹੈਂਡਲਰ ਮਨਿੰਦਰ ਬਿੱਲਾ ਅਤੇ ਮਨੂ ਅਗਵਾਨ ਵੱਲੋਂ ਚਲਾਏ ਜਾ ਰਹੇ ਬੱਬਰ ਖਾਲਸਾ ਇੰਟਰਨੈਸ਼ਨਲ (ਬੀ.ਕੇ.ਆਈ.) ਅੱਤਵਾਦੀ ਮਾਡਿਊਲ ਦਾ ਪਰਦਾਫਾਸ਼ ਕਰਦਿਆਂ ਇਸਦੇ ਤਿੰਨ ਮੈਂਬਰਾਂ, ਜੋ ਪਟਿਆਲਾ ਦੇ ਬਾਦਸ਼ਾਹਪੁਰ ਅਤੇ ਹਰਿਆਣਾ ਦੇ ਅਜੀਮਗੜ੍ਹ ਵਿਖੇ ਪੁਲਿਸ ਚੌਕੀਆਂ 'ਤੇ ਗ੍ਰਨੇਡ ਹਮਲਿਆਂ ਵਿੱਚ ਸ਼ਾਮਲ ਸਨ, ਨੂੰ ਗ੍ਰਿਫ਼ਤਾਰ ਕੀਤਾ ਹੈ।

ਇਹ ਜਾਣਕਾਰੀ ਪੁਲਿਸ ਡਾਇਰੈਕਟਰ ਜਨਰਲ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਐਤਵਾਰ ਨੂੰ ਇੱਥੇ ਦਿੱਤੀ। ਇਹ ਆਪ੍ਰੇਸ਼ਨ ਕਾਊਂਟਰ ਇੰਟੈਲੀਜੈਂਸ (ਸੀਆਈ) ਪਟਿਆਲਾ ਅਤੇ ਸਟੇਟ ਸਪੈਸ਼ਲ ਆਪ੍ਰੇਸ਼ਨ ਸੈੱਲ (ਐਸਐਸਓਸੀ), ਐਸ.ਏ.ਐਸ. ਨਗਰ ਦੁਆਰਾ ਸਾਂਝੇ ਤੌਰ 'ਤੇ ਚਲਾਇਆ ਗਿਆ। ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਸੰਦੀਪ ਸਿੰਘ ਉਰਫ਼ ਦੀਪੂ ਵਾਸੀ ਬਾਦਸ਼ਾਹਪੁਰ (ਪਟਿਆਲਾ), ਹਰਪ੍ਰੀਤ ਸਿੰਘ ਉਰਫ਼ ਜੱਗਾ ਵਾਸੀ ਹਰਚੰਦਪੁਰਾ(ਪਟਿਆਲਾ) ਅਤੇ ਹਰਮਨਪ੍ਰੀਤ ਸਿੰਘ ਉਰਫ਼ ਪ੍ਰੀਤ ਵਾਸੀ ਗੁਰਦਿਆਲਪੁਰਾ (ਪਟਿਆਲਾ) ਵਜੋਂ ਹੋਈ ਹੈ।

ਦੱਸਣਯੋਗ ਹੈ ਕਿ, 1 ਅਪ੍ਰੈਲ, 2025 ਨੂੰ ਪਟਿਆਲਾ ਦੇ ਪੁਲਿਸ ਚੌਕੀ ਬਾਦਸ਼ਾਹਪੁਰ ਅਤੇ 6 ਅਪ੍ਰੈਲ, 2025 ਨੂੰ ਹਰਿਆਣਾ ਦੇ ਪੁਲਿਸ ਚੌਕੀ ਅਜੀਮਗੜ੍ਹ 'ਤੇ ਗ੍ਰਨੇਡ ਹਮਲੇ ਹੋਏ ਸਨ। ਇਨ੍ਹਾਂ ਘਟਨਾਵਾਂ ਤੋਂ ਬਾਅਦ, ਬੀ.ਕੇ.ਆਈ. ਦੇ ਕਾਰਕੁੰਨਾਂ - ਹੈਪੀ ਪਾਸੀਆਂ, ਮਨੂ ਅਗਵਾਨ ਅਤੇ ਗੋਪੀ ਨਵਾਸ਼ਹਿਰੀਆ ਨੇ ਸੋਸ਼ਲ ਮੀਡੀਆ ਪਲੇਟਫਾਰਮ ਰਾਹੀਂ ਇਨ੍ਹਾਂ ਅੱਤਵਾਦੀ ਕਾਰਵਾਈਆਂ ਦੀ ਜ਼ਿੰਮੇਵਾਰੀ ਲਈ ਸੀ। ਡੀਜੀਪੀ ਨੇ ਕਿਹਾ, "ਇਸ ਮਾਡਿਊਲ ਨੂੰ ਸਫਲਤਾਪੂਰਵਕ ਨਸ਼ਟ ਕਰਕੇ, ਪੰਜਾਬ ਪੁਲਿਸ ਨੇ ਰਾਜ ਵਿੱਚ ਪੁਲਿਸ ਅਦਾਰਿਆਂ 'ਤੇ ਹੋਏ ਗ੍ਰਨੇਡ ਹਮਲਿਆਂ ਦੀਆਂ ਦੋਵੇਂ ਘਟਨਾਵਾਂ ਦੀ ਗੁੱਥੀ ਨੂੰ ਸੁਲਝਾ ਲਿਆ ਹੈ।" ਉਨ੍ਹਾਂ ਇਹ ਵੀ ਕਿਹਾ ਕਿ ਦੋਵੇਂ ਹੈਂਡਲਰ ਅੱਤਵਾਦੀ ਹਰਵਿੰਦਰ ਸਿੰਘ ਰਿੰਦਾ ਦੇ ਨਿਰਦੇਸ਼ਾਂ 'ਤੇ ਕੰਮ ਕਰ ਰਹੇ ਸਨ।

ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ਮਾਡਿਊਲ ਨੂੰ ਲੌਜਿਸਟਿਕਲ ਅਤੇ ਵਿੱਤੀ ਸਹਾਇਤਾ ਪ੍ਰਾਪਤ ਹੋ ਰਹੀ ਸੀ। ਉਨ੍ਹਾਂ ਕਿਹਾ ਕਿ ਮੁੱਢਲੀ ਜਾਂਚ ਤੋਂ ਇਹ ਵੀ ਪਤਾ ਲੱਗਿਆ ਹੈ ਕਿ ਮਾਡਿਊਲ ਪੰਜਾਬ ਵਿੱਚ ਪੁਲਿਸ ਅਦਾਰਿਆਂ 'ਤੇ ਹੋਰ ਹਮਲਿਆਂ ਦੀ ਸਰਗਰਮੀ ਨਾਲ ਯੋਜਨਾ ਬਣਾ ਰਿਹਾ ਸੀ, ਜਦੋਂ ਕਿ ਇਸ ਮਾਮਲੇ ਵਿੱਚ ਅਗਲੇਰੇ-ਪਿਛਲੇਰੇ ਸਬੰਧਾਂ ਦਾ ਪਤਾ ਲਗਾਉਣ ਲਈ ਹੋਰ ਜਾਂਚ ਜਾਰੀ ਹੈ।

ਹੋਰ ਵੇਰਵੇ ਸਾਂਝੇ ਕਰਦਿਆਂ ਏ.ਆਈ.ਜੀ. ਸੀ.ਆਈ. ਪਟਿਆਲਾ ਡਾ. ਸਿਮਰਤ ਕੌਰ ਨੇ ਦੱਸਿਆ ਕਿ ਪੁੱਛਗਿੱਛ ਦੌਰਾਨ ਗ੍ਰਿਫ਼ਤਾਰ ਕੀਤੇ ਵਿਅਕਤੀਆਂ ਨੇ (ਬਾਕੀ ਸਫ਼ਾ 2 'ਤੇ)

## ਸੀ.ਆਰ.ਪੀ.ਐਫ਼. ਜਵਾਨ ਵੱਲੋਂ ਲਿਵ-ਇਨ ਪਾਰਟਨਰ ਮਹਿਲਾ ਏ.ਐਸ.ਆਈ. ਦੀ ਹੱਤਿਆ

ਚੜ੍ਹਦੀਕਲਾ ਬਿਊਰੋ



ਅਹਿਮਦਾਬਾਦ, 20 ਜੁਲਾਈ : ਗੁਜਰਾਤ ਦੇ ਕੱਛ ਜ਼ਿਲ੍ਹੇ ਵਿੱਚ, ਇੱਕ ਸੀ.ਆਰ.ਪੀ.ਐਫ. ਕਾਂਸਟੇਬਲ ਨੇ ਆਪਣੀ ਲਿਵ-ਇਨ ਪਾਰਟਨਰ ਮਹਿਲਾ ਏ.ਐਸ.ਆਈ. ਦਾ ਗਲਾ ਘੁੱਟ ਕੇ ਕਤਲ ਕਰ ਦਿੱਤਾ। ਇਹ ਮਾਮਲਾ ਸ਼ਨੀਵਾਰ ਨੂੰ ਉਦੋਂ ਸਾਹਮਣੇ ਆਇਆ ਜਦੋਂ ਦੋਸ਼ੀ ਉਸੇ ਪੁਲਿਸ ਸਟੇਸ਼ਨ ਪਹੁੰਚਿਆ ਜਿੱਥੇ ਉਸ ਦੀ ਪ੍ਰੇਮਿਕਾ ਤਾਇਨਾਤ ਸੀ ਅਤੇ ਆਤਮ ਸਮਰਪਣ ਕਰ ਦਿੱਤਾ। ਦੋਸ਼ੀ ਨੇ ਪੁਲਿਸ ਨੂੰ ਦੱਸਿਆ ਕਿ ਉਸ ਨੇ ਉਸੇ ਪੁਲਿਸ ਸਟੇਸ਼ਨ ਵਿੱਚ ਤਾਇਨਾਤ ਏਐਸਆਈ ਦਾ ਕਤਲ ਕਰ ਦਿੱਤਾ ਹੈ। ਜਾਣਕਾਰੀ ਅਨੁਸਾਰ,ਅੰਜਾਰ ਥਾਣੇ ਦੀ ਏ.ਐਸ.ਆਈ. ਅਰੁਣਾਬੇਨ ਨਾਟੂਭਾਈ ਜਾਦਵ (ਉਮਰ 25 ਸਾਲ) ਦੀ ਬੀਤੀ ਰਾਤ ਉਸ ਦੇ ਘਰ ਉਸ ਦੇ ਪੁਰਸ਼ ਦੋਸਤ ਨੇ ਗਲਾ ਘੁੱਟ ਕੇ ਹੱਤਿਆ ਕਰ ਦਿੱਤੀ। ਮ੍ਰਿਤਕਾ ਅਰੁਣਾ ਜਾਦਵ ਮੂਲ ਰੂਪ ਵਿੱਚ ਸੁਰੇਂਦਰਨਗਰ ਦੇ ਡੇਰਵਾੜਾ ਦੀ ਰਹਿਣ ਵਾਲੀ ਸੀ ਅਤੇ ਅੰਜਾਰ ਦੀ ਗੰਗੋਤਰੀ ਸੋਸਾਇਟੀ-2 ਵਿੱਚ ਰਹਿੰਦੀ ਸੀ। ਬੀਤੀ ਦੇਰ ਰਾਤ ਅਰੁਣਾ ਅਤੇ ਉਸ ਦੇ ਪੁਰਸ਼ ਦੋਸਤ ਦਿਲੀਪ ਡਾਂਗਚੀਆ ਵਿਚਕਾਰ ਕਿਸੇ ਗੱਲ ਨੂੰ ਲੈ ਕੇ ਜ਼ਬਰਦਸਤ ਲੜਾਈ ਹੋਈ। ਇਸ ਤੋਂ ਬਾਅਦ ਦਿਲੀਪ ਨੇ ਆਪਣਾ ਆਪਾ ਗੁਆ ਦਿੱਤਾ ਅਤੇ ਅਰੁਣਾ ਦਾ ਗਲਾ ਘੁੱਟ ਕੇ (ਬਾਕੀ ਸਫ਼ਾ 2 'ਤੇ)

ਹੜ੍ਹ ਦਾ ਖ਼ਤਰਾ !

# ਗੰਗਾ ਦਾ ਪਾਣੀ ਖ਼ਤਰੇ ਦੇ ਨਿਸ਼ਾਨ ’ਤੇ ਪ੍ਹੁੰਜਾ, ਨੀਵੇਂ ਇਲਾਕਿਆਂ ’ਚ ਦਾਖ਼ਲ ਹੋਇਆ ਪਾਣੀ



ਪਟਨਾ, 20 ਜੁਲਾਈ (ਚ.ਨ.ਸ.) : ਲਗਾਤਾਰ ਮੀਂਹ ਪੈਣ ਤੋਂ ਬਾਅਦ ਪਟਨਾ ’ਚ ਗੰਗਾ ਨਦੀ ਦਾ ਪਾਣੀ ਦਾ ਪੱਧਰ ਚੇਤਾਵਨੀ ਦੇ ਨਿਸ਼ਾਨ ’ਤੇ ਪਹੁੰਚ ਗਿਆ। ਪਾਣੀ ਦੇ ਪੱਧਰ ਵਧਣ ਕਾਰਨ ਪਾਣੀ ਨੀਵੇਂ ਇਲਾਕਿਆਂ ਵਿੱਚ ਦਾਖਲ ਹੋ ਗਿਆ। ਭਾਰਤ ਮੌਸਮ ਵਿਭਾਗ ਨੇ ਬਿਹਾਰ ਲਈ ਆਪਣੇ ਤਾਜ਼ਾ ਅਪਡੇਟ ’ਚ ਕਿਹਾ ਹੈ ਕਿ ਅਗਲੇ 48 ਘੰਟਿਆਂ ਦੌਰਾਨ ਰਾਜ ਦੇ ਜ਼ਿਆਦਾਤਰ ਹਿੱਸਿਆਂ ’ਚ ਵੱਧ ਤੋਂ ਵੱਧ ਤਾਪਮਾਨ 1 ਤੋਂ 3 ਡਿਗਰੀ ਸੈਲਸੀਅਸ ਵਧਣ ਦੀ ਸੰਭਾਵਨਾ ਹੈ, ਜਿਸ ਤੋਂ ਬਾਅਦ ਵੱਧ ਤੋਂ ਵੱਧ ਤਾਪਮਾਨ ’ਚ ਕੋਈ ਮਹੱਤਵਪੂਰਨ ਬਦਲਾਅ ਹੋਣ ਦੀ ਸੰਭਾਵਨਾ ਨਹੀਂ ਹੈ।

‘ਗੰਗਾ ਨਦੀ ਦੇ ਪਾਣੀ ਦਾ ਪੱਧਰ 177.60 ਮੀਟਰ ’ਤੇ’ – ਸੰਭਲ ਡੀਐਮ

ਉੱਤਰ ਪ੍ਰਦੇਸ਼ ਦੇ ਸੰਭਲ ਜ਼ਿਲ੍ਹੇ ’ਚ ਵੀ ਗੰਗਾ ਨਦੀ ਦਾ ਪਾਣੀ ਦਾ ਪੱਧਰ ਵਧਿਆ। ਸੰਭਲ ਜ਼ਿਲ੍ਹਾ ਮੈਜਿਸਟ੍ਰੇਟ ਰਾਜੇਂਦਰ ਪੇਂਸੀਆ ਨੇ ਏਐਨਆਈ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਅਲਰਟ ’ਤੇ ਹੈ ਅਤੇ ਪ੍ਰਭਾਵਿਤ ਖੇਤਰਾਂ ਵਿੱਚ 16 ਹੜ੍ਹ ਕੰਟਰੋਲ ਪੋਸਟਾਂ ਸਥਾਪਤ ਕੀਤੀਆਂ ਹਨ, ਨਾਲ ਹੀ 13 ਸ਼ੈਲਟਰ ਹੋਮ ਦੀ ਪਛਾਣ ਕੀਤੀ ਹੈ। ਸੰਭਲ ਦੇ ਡੀਐਮ ਡਾ: ਰਾਜੇਂਦਰ ਪੇਂਸੀਆ ਨੇ ਕਿਹਾ, ‘ਗੰਗਾ ਨਦੀ ਦਾ ਪਾਣੀ ਦਾ ਪੱਧਰ 177.60 ਮੀਟਰ ’ਤੇ ਹੈ। ਸਾਡੇ ਜ਼ਿਲ੍ਹੇ ਦੇ 36 ਪਿੰਡ ਹੜ੍ਹਾਂ ਤੋਂ ਪ੍ਰਭਾਵਿਤ ਹਨ। ਅਸੀਂ ਇਨ੍ਹਾਂ ਖੇਤਰਾਂ ’ਚ 16 ਹੜ੍ਹ ਕੰਟਰੋਲ ਪੋਸਟਾਂ ਸਥਾਪਤ ਕੀਤੀਆਂ ਹਨ ਅਤੇ 13 ਆਸਰਾ ਘਰਾਂ ਦੀ ਪਛਾਣ ਕੀਤੀ ਹੈ। ਹੜ੍ਹ ਰਾਹਤ ਕਿੱਟਾਂ ਲਈ ਟੈਂਡਰ ਪ੍ਰਕਿਰਿਆ ਵੀ ਪੂਰੀ ਹੋ ਗਈ ਹੈ। ਅਸੀਂ ਅਲਰਟ ’ਤੇ ਹਾਂ। ਆਖਰੀ ਹੜ੍ਹ ਦੀ ਸਥਿਤੀ 2010 ’ਚ ਸੀ। ਪ੍ਰਯਾਗਰਾਜ ’ਚ ਵੀ ਗੰਗਾ ਨਦੀ ਦਾ ਪਾਣੀ ਦਾ ਪੱਧਰ ਲਗਾਤਾਰ ਵੱਧ ਰਿਹਾ ਹੈ। ਸ਼ਹਿਰ ਦੇ ਨੀਵੇਂ ਇਲਾਕਿਆਂ ’ਚ ਪਾਣੀ ਦਾਖਲ ਹੋਣ ਕਾਰਨ ਕਈ ਘਰ ਡੁੱਬ ਗਏ।

# 13 ਹਜ਼ਾਰ ਤੋਂ ਵਧੇਰੇ ਸ਼ਰਧਾਲੂਆਂ ਨੇ ਬਾਬਾ ਬਰਫ਼ਾਨੀ ਦੇ ਕੀਤੇ ਦਰਸ਼ਨ



ਜੰਮੂ , 20 ਜੁਲਾਈ (ਚ.ਨ.ਸ.) : : ਦੱਖਣੀ ਕਸ਼ਮੀਰ ਹਿਮਾਲਿਆ ਵਿੱਚ 3,880 ਮੀਟਰ ਦੀ ਉਚਾਈ ’ਤੇ ਸਥਿਤ ਅਮਰਨਾਥ ਗੁਫਾ ਮੰਦਰ ਵਿੱਚ ਬਾਬਾ ਬਰਫਾਨੀ ਦੇ ਦਰਸ਼ਨ ਕਰਨ ਲਈ 4099 ਔਰਤਾਂ ਸਮੇਤ 13,814 ਸ਼ਰਧਾਲੂਆਂ ਦਾ ਜਥਾ ਐਤਵਾਰ ਨੂੰ ਭਗਵਤੀ ਨਗਰ ਬੇਸ ਕੈਂਪ ਤੋਂ ਰਵਾਨਾ ਹੋਇਆ। ਅਧਿਕਾਰੀਆਂ ਨੇ ਇਹ ਜਾਣਕਾਰੀ ਦਿੱਤੀ।

ਇਹ 38 ਦਿਨਾਂ ਦੀ ਸਾਲਾਨਾ ਯਾਤਰਾ 3 ਜੁਲਾਈ ਨੂੰ ਅਨੰਤਨਾਗ ਦੇ ਨੂਨਵਾਨ–ਪਹਿਲਗਾਮ ਅਤੇ ਗੰਦਰਬਲ ਦੇ ਬਾਲਟਾਲ ਰੂਟਾਂ ਤੋਂ ਸ਼ੁਰੂ ਹੋਈ ਸੀ। ਉਨ੍ਹਾਂ ਕਿਹਾ ਕਿ ਹੁਣ ਤੱਕ 3 ਲੱਖ ਤੋਂ ਵੱਧ ਸ਼ਰਧਾਲੂ ਬਾਬਾ ਬਰਫਾਨੀ ਦੇ ਦਰਸ਼ਨ ਕਰ ਚੁੱਕੇ ਹਨ। ਅਧਿਕਾਰੀਆਂ ਅਨੁਸਾਰ, ਯਾਤਰਾ ਦੋਵਾਂ ਰੂਟਾਂ ’ਤੇ ਸੁਚਾਰੂ ਢੰਗ ਨਾਲ ਜਾਰੀ ਹੈ ਅਤੇ ਅੱਜ (ਐਤਵਾਰ) ਦਿਨ ਦੌਰਾਨ ਸ਼ਰਧਾਲੂਆਂ ਦੀ ਗਿਣਤੀ ਤਿੰਨ ਲੱਖ ਦੇ ਅੰਕੜੇ ਨੂੰ ਪਾਰ ਹੋ ਗਏ ਹਨ। ਉਨ੍ਹਾਂ ਕਿਹਾ ਕਿ 130 ਸਾਧੂਆਂ ਅਤੇ ਸਾਧਵੀਆਂ ਸਮੇਤ ਸ਼ਰਧਾਲੂਆਂ ਦਾ ਇੱਕ ਹੋਰ ਜਥਾ ਸਖ਼ਤ ਸੁਰੱਖਿਆ ਵਿਚਕਾਰ ਵੱਖ–ਵੱਖ ਕਾਫਲਿਆਂ ਵਿੱਚ ਬੇਸ ਕੈਂਪ ਤੋਂ ਪਹਿਲਗਾਮ ਅਤੇ ਬਾਲਟਾਲ ਲਈ ਰਵਾਨਾ ਹੋਇਆ। ਇਹ ਯਾਤਰਾ 9 ਅਗਸਤ ਨੂੰ ਰੱਖੜੀ ਵਾਲੇ ਦਿਨ ਸਮਾਪਤ ਹੋਵੇਗੀ।ਸ੍ਰੀ ਅਮਰਨਾਥ ਸ਼ਰਾਈਨ ਬੋਰਡ ਤੋਂ ਮਿਲੀ ਜਾਣਕਾਰੀ ਮੁਤਾਬਕ 20 ਜੁਲਾਈ ਨੂੰ ਦੁਪਹਿਰ ਤੱਕ 9047 ਪੁਰਸ਼, 4099 ਔਰਤਾਂ, 181 ਬੱਚੇ, 63 ਸਾਧੂ, 06 ਸਾਧਵੀਆਂ ਤੇ 418 ਸੁਰੱਖਿਆ ਮੁਲਾਜ਼ਮ ਬਾਬਾ ਬਰਫਾਨੀ ਦੇ ਦਰਸ਼ਨਾਂ ਲਈ ਪਹੁੰਚੇ ਹਨ। ਇਸ ਦੇ ਨਾਲ ਅੱਜ ਕੁੱਲ 13,814 ਲੋਕਾਂ ਦਰਸ਼ਨਾਂ ਲਈ ਪਹੁੰਚੇ ਹਨ। ਦਰਸ਼ਨ ਕਰਨ ਵਾਲੇ ਕੁੱਲ ਸ਼ਰਧਾਲੂਆਂ ਦੀ ਗਿਣਤੀ 3,00,912 ਹੋ ਗਈ ਹੈ।

# ਮੋਦੀ ਵੱਲੋਂ ਟੀ.ਵੀ.ਐਸ. ਮੋਟਰ ਕੰਪਨੀ ਦੇ ਚੇਅਰਮੈਨ ਨਾਲ ਮੁਲਾਕਾਤ

ਨਵੀਂ ਦਿੱਲੀ, 20 ਜੁਲਾਈ (ਚ.ਨ.ਸ.) : ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਐਤਵਾਰ ਨੂੰ ਕਿਹਾ ਕਿ ਉਹ ਟੀਵੀਐੱਸ ਮੋਟਰ ਕੰਪਨੀ ਦੇ ਸ਼੍ਰੀ ਵੇਣੂ ਸ਼੍ਰੀਨਿਵਾਸਨ ਅਤੇ ਸ਼੍ਰੀ ਸੁਦਰਸ਼ਨ ਵੇਣੂ ਨੂੰ ਮਿਲ ਕੇ ਬਹੁਤ ਖੁਸ਼ ਹਨ। ਅੱਜ ਸੋਸ਼ਲ ਮੀਡੀਆ ਪਲੇਟਫਾਰਮ ‘ਐਕਸ’ ’ਤੇ ਇਕ ਪੋਸਟ ’ਚ ਸ਼੍ਰੀ ਮੋਦੀ ਨੇ ਕਿਹਾ,ਮੈਂ ਕੱਛ ਦੀ ਸੁੰਦਰਤਾ ਨੂੰ ਪ੍ਰਦਰਸ਼ਿਤ ਕਰਨ ਅਤੇ ਮੋਟਰਸਾਈਕਲ ਸਵਾਰਾਂ ਨੂੰ ਉੱਥੇ ਜਾਣ ਲਈ ਉਤਸ਼ਾਹਿਤ ਕਰਨ ਦੇ ਉਨ੍ਹਾਂ ਦੇ ਯਤਨਾਂ ਦੀ ਸ਼ਲਾਘਾ ਕਰਦਾ ਹਾਂ। ਦਰਅਸਲ ਟੀਵੀਐੱਸ ਮੋਟਰ ਕੰਪਨੀ ਦੇ ਚੇਅਰਮੈਨ ਵੇਣੂ ਸ਼੍ਰੀਨਿਵਾਸਨ ਅਤੇ ਉਨ੍ਹਾਂ ਦੇ ਪੁੱਤਰ ਸੁਦਰਸ਼ਨ ਵੇਣੂ ਨੇ ਸ਼ਨੀਵਾਰ ਨੂੰ ਪ੍ਰਧਾਨ ਮੰਤਰੀ ਨਾਲ ਮੁਲਾਕਾਤ ਕੀਤੀ।

ਇਸ ਦੌਰਾਨ, ਉਨ੍ਹਾਂ ਨੇ ਪ੍ਰਧਾਨ ਮੰਤਰੀ ਨੂੰ ‘ਰਣ ਉਤਸਵ 2025’ ਕੌਫੀ ਟੇਬਲ ਬੁੱਕ ਭੇਟ ਕੀਤੀ। ਮੋਦੀ ਨੇ ਅੱਜ ਸਵੇਰੇ ਸੋਸ਼ਲ ਮੀਡੀਆ ਪਲੇਟਫਾਰਮ ’ਤੇ ਇਸ ਮੁਲਾਕਾਤ ਨਾਲ ਸਬੰਧਤ ਤਸਵੀਰ ਰੀ–ਪੋਸਟ ਕੀਤੀ। ਉਨ੍ਹਾਂ ਨੇ ਕੱਛ ਦੀ ਸੁੰਦਰਤਾ ਨੂੰ ਪ੍ਰਦਰਸ਼ਿਤ ਕਰਨ ਲਈ ਵੇਣੂ ਸ਼੍ਰੀਨਿਵਾਸਨ ਦੇ ਯਤਨਾਂ ਦੀ ਸ਼ਲਾਘਾ ਕੀਤੀ। ਟੀਵੀਐੱਸ ਦੇ ਚੇਅਰਮੈਨ ਨੇ ਪ੍ਰਧਾਨ ਮੰਤਰੀ ਨੂੰ ਟੀਵੀਐੱਸਐੱਮ ਰਣ ਉਤਸਵ 2025 ਕੌਫੀ ਟੇਬਲ ਬੁੱਕ ਭੇਟ ਕੀਤੀ।



ਜ਼ਿਕਰਯੋਗ ਹੈ ਕਿ ਇਸ ਸਾਲ ਫਰਵਰੀ ’ਚ, ਟੀਵੀਐੱਸ ਮੋਟਰ ਕੰਪਨੀ ਨੇ ਗੁਜਰਾਤ ਟੂਰਿਜ਼ਮ ਨਾਲ ਸਾਂਝੇਦਾਰੀ ’ਚ ਰਣ ਉਤਸਵ ’ਚ ਇਕ ਅਸਾਧਾਰਨ ਮੋਟਰਸਾਈਕਲਿੰਗ ਅਨੁਭਵ ਦਾ ਆਯੋਜਨ ਕੀਤਾ। ਜਿਸ ’ਚ ਖੇਤਰ ਦੀ ਸੱਭਿਆਚਾਰ, ਦ੍ਰਿਸ਼ ਅਤੇ ਵਿਰਾਸਤ ਨੂੰ ਪ੍ਰਦਰਸ਼ਿਤ ਕੀਤਾ ਗਿਆ ਸੀ। ਜੋ ਨੌਜਵਾਨਾਂ ਵਿਚਾਲੇ ਕੱਛ ਨੂੰ ਇਕ ਸੈਰ–ਸਪਾਟਾ ਸਥਾਨ ਵਜੋਂ ਲੋਕਪ੍ਰਿਯ ਬਣਾਉਣ ਦੇ ਮੋਦੀ ਦੇ ਦ੍ਰਿਸ਼ਟੀਕੋਣ ਤੋਂ ਪ੍ਰੇਰਿਤ ਹੈ।

## ਸੁਰੱਖਿਆ ਬਲਾਂ ਅਤੇ ਅੱਤਵਾਦੀਆਂ

ਟੀਮ ’ਤੇ ਫਾਈਰਿੰਗ ਕਰਨੀ ਸ਼ੁਰੂ ਕਰ ਦਿੱਤੀ। ਹਾਲਾਂਕਿ ਟੀਮ ਵੱਲੋਂ ਵੀ ਜਵਾਬੀ ਕਾਰਵਾਈ ਕੀਤੀ ਗਈ। ਇਸ ਗੋਲੀਬਾਰੀ ਦੀ ਘਟਨਾ ਵਿੱਚ ਕੋਈ ਜਾਨੀ ਨੁਕਸਾਨ ਨਹੀਂ ਹੋਇਆ।

## ਸੂਬੇ ਦੇ ਵਿਕਾਸ ’ਚ ਰੁਕਾਵਟ

ਮਹੱਤਵਪੂਰਨ ਨਤੀਜੇ ਸਾਹਮਣੇ ਆ ਰਹੇ ਹਨ। ਉਨ੍ਹਾਂ ਕਿਹਾ ਕਿ ਜੋ ਲੋਕ ਇਸ ਘਿਨਾਉਣੇ ਵਪਾਰ ਵਿੱਚ ਸ਼ਾਮਲ ਵੱਡੇ ਅਪਰਾਧੀਆਂ ਨੂੰ ਦੇਖਣਾ ਚਾਹੁੰਦੇ ਹਨ, ਉਹ ਨਾਭਾ ਜੇਲ੍ਹ ਜਾ ਕੇ ਨਜ਼ਰ ਮਾਰ ਸਕਦੇ ਹਨ। ਭਗਵੰਤ ਸਿੰਘ ਮਾਨ ਨੇ ਦੁਹਰਾਇਆ ਕਿ ਮਨੁੱਖਤਾ ਵਿਰੁੱਧ ਇਸ ਅਪਰਾਧ ਵਿੱਚ ਸ਼ਾਮਲ ਕਿਸੇ ਵੀ ਵਿਅਕਤੀ ਨੂੰ ਬਖਸ਼ਿਆ ਨਹੀਂ ਜਾਵੇਗਾ ਅਤੇ ਉਨ੍ਹਾਂ ਵਿਰੁੱਧ ਕਾਨੂੰਨ ਅਨੁਸਾਰ ਬਣਦੀ ਮਿਸਾਲੀ ਕਾਰਵਾਈ ਕੀਤੀ ਜਾਵੇਗੀ।

ਮੁੱਖ ਮੰਤਰੀ ਨੇ ਕਿਹਾ ਕਿ ਉਹ ਨੌਜਵਾਨਾਂ ਨੂੰ ਰੋਜ਼ਗਾਰ ਦੇ ਕੇ ਉਨ੍ਹਾਂ ਦੇ ਹੱਥਾਂ ਵਿੱਚ ਟਿਫਿਨ ਸੌਂਪਣਾ ਚਾਹੁੰਦੇ ਹਨ ਤਾਂ ਜੋ ਉਹ ਸਰਿੰਜਾਂ ਅਤੇ ਹੋਰ ਨਸ਼ਿਆਂ ਦੇ ਖ਼ਤਰੇ ਤੋਂ ਦੂਰ ਰਹਿ ਸਕਣ। ਉਨ੍ਹਾਂ ਕਿਹਾ ਕਿ ਵਿਹਲਾ ਦਿਮਾਗ ਸ਼ੈਤਾਨ ਦਾ ਘਰ ਮੰਨਿਆ ਜਾਂਦਾ ਹੈ, ਇਸ ਲਈ ਸੂਬਾ ਸਰਕਾਰ ਇਹ ਯਕੀਨੀ ਬਣਾਉਣ ਦੀ ਪੂਰੀ ਕੋਸ਼ਿਸ਼ ਕਰ ਰਹੀ ਹੈ ਕਿ ਵੱਧ ਤੋਂ ਵੱਧ ਨੌਜਵਾਨਾਂ ਨੂੰ ਨੌਕਰੀਆਂ ਮਿਲਣ ਤਾਂ ਜੋ ਉਹ ਸਮਾਜਿਕ ਬੁਰਾਈਆਂ ਦਾ ਸ਼ਿਕਾਰ ਨਾ ਹੋਣ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਬੇਰੁਜ਼ਗਾਰੀ ਕਈ ਸਮਾਜਿਕ ਸਮੱਸਿਆਵਾਂ ਦੀ ਜੜ੍ਹ ਹੈ, ਜਿਸ ਕਾਰਨ ਸੂਬਾ ਸਰਕਾਰ ਇਸ ’ਤੇ ਧਿਆਨ ਕੇਂਦਰਿਤ ਕਰ ਰਹੀ ਹੈ ਅਤੇ ਹੁਣ ਤੱਕ ਲਗਪਗ 55,000 ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਪ੍ਰਦਾਨ ਕੀਤੀਆਂ ਜਾ ਚੁੱਕੀਆਂ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਡਰੱਗ ਮਾਫੀਆ ਨੂੰ ਪਿਛਲੀਆਂ ਸਰਕਾਰਾਂ ਨੇ ਸਰਪ੍ਰਸਤੀ ਦਿੱਤੀ ਹੋਈ ਸੀ। ਪਰ ਉਨ੍ਹਾਂ ਦੀ ਸਰਕਾਰ ਨੇ ਨਸ਼ਿਆਂ ਵਿਰੁੱਧ ਜੰਗ ਛੇੜੀ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬੇ ਵਿੱਚੋਂ ਨਸ਼ਿਆਂ ਦੇ ਖ਼ਤਰੇ ਨੂੰ ਠੱਲ੍ਹ ਪਾਉਣ ਲਈ ਸੁਚੱਜੀ ਯੋਜਨਾਬੰਦੀ ਕੀਤੀ ਗਈ ਹੈ ਅਤੇ ਹੁਣ ਨਸ਼ਿਆਂ ਵਿਰੁੱਧ ਜੰਗ ਪੂਰੀ ਤਰ੍ਹਾਂ ਸ਼ੁਰੂ ਹੋ ਗਈ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਨੇ ਨਸ਼ਿਆਂ ਦੀ ਸਪਲਾਈ ਲਾਈਨ ਤੋੜਨ ਤੋਂ ਇਲਾਵਾ ਇਸ ਅਪਰਾਧ ਵਿੱਚ ਸ਼ਾਮਲ ਵੱਡੀਆਂ ਮੱਛੀਆਂ ਨੂੰ ਸਲਾਖਾਂ ਪਿੱਛੇ ਡੱਕ ਦਿੱਤਾ ਹੈ। ਉਨ੍ਹਾਂ ਕਿਹਾ ਕਿ ਹੁਣ ਨਸ਼ਾ ਤਸਕਰਾਂ ਦੀ ਜਾਇਦਾਦ ਜ਼ਬਤ ਕਰਕੇ ਢਾਹੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਇਸ ਕਾਰਜ ਨੂੰ ਜਨਤਾ ਦੇ ਸਰਗਰਮ ਸਹਿਯੋਗ ਤੋਂ ਬਿਨਾਂ ਪੂਰਾ ਨਹੀਂ ਕੀਤਾ ਜਾ ਸਕਦਾ ਸੀ।

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਨੇ ਸਮਾਜ ਦੇ ਹਰ ਵਰਗ ਦੀ ਭਲਾਈ ਲਈ ਨਿਵੇਕਲੀਆਂ ਤੇ ਅਹਿਮ ਪਹਿਲਕਦਮੀਆਂ ਕੀਤੀਆਂ ਹਨ। ਉਨ੍ਹਾਂ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਸੂਬੇ ਵਿੱਚ ਵਪਾਰ ਅਤੇ ਆਰਥਿਕ ਗਤੀਵਿਧੀਆਂ ਨੂੰ ਹੁਲਾਰਾ ਦੇਣ ਲਈ ਹੋਰ ਫੈਸਲੇ ਲਏ ਜਾਣਗੇ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਨ੍ਹਾਂ ਫੈਸਲਿਆਂ ਦਾ ਉਦੇਸ਼ ਪਹਿਲਾਂ ਤੋਂ ਮੌਜੂਦ ਉਦਯੋਗਿਕ ਇਕਾਈਆਂ ਦਾ ਵਿਸਥਾਰ ਯਕੀਨੀ ਬਣਾਉਣਾ ਅਤੇ ਨਾਲ ਹੀ ਸੂਬੇ ਵਿੱਚ ਨਵੇਂ ਉਦਯੋਗ ਲਾਉਣ ਲਈ ਸਹੂਲਤ ਦੇਣਾ ਹੈ।

ਬੇਅਦਬੀ ਨੂੰ ਰੋਕਣ ਲਈ ਆਪਣੀ ਸਰਕਾਰ ਦੀ ਵਚਨਬੱਧਤਾ ਦੁਹਰਾਉਂਦੇ ਹੋਏ ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਨੇ ਵਿਧਾਨ ਸਭਾ ਵਿੱਚ ਪੰਜਾਬ ਪ੍ਰੀਵੈਂਸ਼ਨ ਆਫ ਕ੍ਰਾਈਮ ਅਗੇਂਸਟ ਰਿਲੀਜੀਅਸ ਸਕ੍ਰਿਪਚਰਜ਼ ਬਿਲ, 2025 ਪੇਸ਼ ਕੀਤਾ ਹੈ। ਭਗਵੰਤ ਸਿੰਘ ਮਾਨ ਨੇ ਜ਼ੋਰ ਦੇ ਕੇ ਕਿਹਾ ਕਿ ਇਹ ਸੰਵੇਦਨਸ਼ੀਲ ਅਤੇ ਗੰਭੀਰ ਮੁੱਦਾ ਸਾਰੇ ਪੰਜਾਬੀਆਂ ਲਈ ਪ੍ਰਮੁੱਖ ਹੈ ਅਤੇ ਮੌਜੂਦਾ ਤੇ ਆਉਣ ਵਾਲੀਆਂ ਪੀੜ੍ਹੀਆਂ ਦੋਵਾਂ ਲਈ ਦੂਰਗਾਮੀ ਪ੍ਰਭਾਵ ਰੱਖਦਾ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਭਵਿੱਖ ਵਿੱਚ ਅਜਿਹੇ ਅਪਰਾਧਾਂ ਨੂੰ ਠੱਲ੍ਹ ਪਾਉਣ ਲਈ ਸਖ਼ਤ ਸਜ਼ਾ ਜ਼ਰੂਰੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਜਿਸ ਸਮੇਂ ਉਨ੍ਹਾਂ ਨੇ ਅਹੁਦਾ ਸੰਭਾਲਿਆ ਸੀ, ਉਸ ਸਮੇਂ ਨਹਿਰੀ ਪਾਣੀ ਦਾ ਸਿਰਫ਼ 21 ਫੀਸਦੀ ਸਿੰਚਾਈ ਲਈ ਵਰਤਿਆ ਜਾ ਰਿਹਾ ਸੀ। ਪਰ ਅੱਜ ਇਹ ਗਿਣਤੀ ਵੱਧ ਕੇ 63 ਫੀਸਦੀ ਹੋ ਗਈ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੇ ਠੋਸ ਯਤਨਾਂ ਸਦਕਾ ਪਹਿਲੀ ਵਾਰ ਸੂਬੇ ਦੇ ਆਖਰੀ ਪਿੰਡਾਂ ਤੱਕ ਨਹਿਰਾਂ ਅਤੇ ਦਰਿਆਵਾਂ ਦਾ ਪਾਣੀ ਪਹੁੰਚਿਆ ਹੈ। ਭਗਵੰਤ ਸਿੰਘ ਮਾਨ ਨੇ ਇਹ ਵੀ ਦੱਸਿਆ ਕਿ ਉਨ੍ਹਾਂ ਦੀ ਸਰਕਾਰ ਨੇ ਪੰਜਾਬ ਦੇ ਜਲ ਸਰੋਤਾਂ ਨੂੰ ਸਫਲਤਾਪੂਰਵਕ ਸੁਰੱਖਿਅਤ ਰੱਖਿਆ ਹੈ।

ਮੁੱਖ ਮੰਤਰੀ ਨੇ ਐਲਾਨ ਕੀਤਾ ਕਿ ਪੰਜਾਬ ਨੇ ਹਾਈਵੇਅ ਸੁਰੱਖਿਆ ਨੂੰ ਵਧਾਉਣ ਲਈ ਦੇਸ਼ ਦੀ ਪਹਿਲੀ ਸਮਰਪਿਤ ਸੜਕ ਸੁਰੱਖਿਆ ਫੋਰਸ (ਰੋਡ ਸੇਫਟੀ ਫੋਰਸ) ਸ਼ੁਰੂ ਕੀਤੀ ਹੈ। ਉਨ੍ਹਾਂ ਕਿਹਾ ਕਿ ਫੋਰਸ ਤਹਿਤ ਵਿਸ਼ੇਸ਼ ਤੌਰ ’ਤੇ ਭਰਤੀ ਅਤੇ ਸਿਖਲਾਈ ਪ੍ਰਾਪਤ ਕਰਮਚਾਰੀਆਂ, ਜਿਨ੍ਹਾਂ ਵਿੱਚ ਔਰਤਾਂ ਵੀ ਸ਼ਾਮਲ ਹਨ, ਦੀ ਭਰਤੀ ਅਤੇ ਸਿਖਲਾਈ ਦਿੱਤੀ ਗਈ ਹੈ ਅਤੇ ਇਹ 144 ਆਧੁਨਿਕ ਵਾਹਨਾਂ ਨਾਲ ਲੈਸ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਫੋਰਸ ਬਹੁਤ ਪ੍ਰਭਾਵਸ਼ਾਲੀ ਢੰਗ ਨਾਲ ਕੰਮ ਕਰ ਰਹੀ ਹੈ ਅਤੇ ਕਈ ਰਾਜਾਂ ’ਤੇ ਇੱਥੋਂ ਤੱਕ ਕਿ ਭਾਰਤ ਸਰਕਾਰ ਨੇ ਵੀ ਇਸ ਪਹਿਲਕਦਮੀ ਦੀ ਸ਼ਲਾਘਾ ਕੀਤੀ ਹੈ।

ਲੋਕ ਭਲਾਈ ਦੀ ਦਿਸ਼ਾ ਵਿੱਚ ਵੱਡੀ ਪਹਿਲਕਦਮੀ ‘ਮੁੱਖ ਮੰਤਰੀ ਸਿਹਤ ਯੋਜਨਾ’ ਦਾ ਜ਼ਿਕਰ ਕਰਦਿਆਂ ਦੱਸਿਆ ਕਿ ਇਹ ਦੇਸ਼ ਦੀ ਆਪਣੀ ਕਿਸਮ ਦੀ ਪਹਿਲੀ ਯੋਜਨਾ ਹੈ, ਜੋ ਪੰਜਾਬ ਦੇ ਹਰੇਕ ਪਰਿਵਾਰ ਲਈ 10 ਲੱਖ ਤੱਕ ਦਾ ਨਕਦ ਰਹਿਤ ਡਾਕਟਰੀ ਇਲਾਜ ਪ੍ਰਦਾਨ ਕਰਦੀ ਹੈ। ਉਨ੍ਹਾਂ ਮਾਣ ਨਾਲ ਕਿਹਾ ਕਿ ਪੰਜਾਬ ਅਜਿਹਾ ਵਿਆਪਕ ਸਿਹਤ ਸੰਭਾਲ ਕਵਰੇਜ ਪ੍ਰਦਾਨ ਕਰਨ ਵਾਲਾ ਭਾਰਤ ਦਾ ਪਹਿਲਾ ਸੂਬਾ ਹੈ, ਜੋ ਮਿਆਰੀ ਸਿਹਤ ਸੇਵਾਵਾਂ ਯਕੀਨੀ ਬਣਾਉਂਦੇ ਹੋਏ ਜਨਤਾ ’ਤੇ ਵਿੱਤੀ ਬੋਝ ਨੂੰ ਕਾਫ਼ੀ ਹੱਦ ਤੱਕ ਘਟਾਉਣ ਦਾ ਯਤਨ ਕਰਨ ਜਾ ਰਿਹਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਇਤਿਹਾਸਕ ਕਦਮ ਦਾ ਉਦੇਸ਼ ਸੂਬੇ ਦੇ ਸਾਰੇ ਪਰਿਵਾਰਾਂ ਨੂੰ ਸਰਬਵਿਆਪੀ ਸਿਹਤ ਸੰਭਾਲ ਪ੍ਰਦਾਨ ਕਰਨਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਨੇ ਇਤਿਹਾਸਕ ‘ਇੱਕ ਵਿਧਾਇਕ, ਇੱਕ ਪੈਨਸ਼ਨ’ ਬਿੱਲ ਵੀ ਪਾਸ ਕੀਤਾ ਹੈ, ਜਿਸ ਵਿੱਚ ਕਿਹਾ ਗਿਆ ਹੈ ਕਿ ਹਰੇਕ ਵਿਧਾਇਕ ਨੂੰ ਹਰ ਮਿਆਦ ਲਈ ਕਈ ਪੈਨਸ਼ਨਾਂ ਦੀ ਆਗਿਆ ਦੇਣ ਦੀ ਪਹਿਲਾਂ ਦੀ ਵਿਵਸਥਾ ਦੀ ਬਜਾਏ ਸਿਰਫ਼ ਇੱਕ ਹੀ ਪੈਨਸ਼ਨ ਮਿਲੇਗੀ। ਉਨ੍ਹਾਂ ਕਿਹਾ ਕਿ 2022 ਵਿੱਚ ਮੁਫ਼ਤ ਬਿਜਲੀ ਗਰੰਟੀ ਦੀ ਸ਼ੁਰੂਆਤ ਤੋਂ ਬਾਅਦ 90 ਫੀਸਦੀ ਪਰਿਵਾਰਾਂ ਨੂੰ ਮੁਫ਼ਤ ਬਿਜਲੀ ਮਿਲ ਰਹੀ ਹੈ ਅਤੇ ਉਨ੍ਹਾਂ ਦੇ ਬਿੱਲ ਜ਼ੀਰੋ ਆ ਰਹੇ ਹਨ, ਜਿਸ ਨਾਲ ਪਰਿਵਾਰਾਂ ’ਤੇ ਵਿੱਤੀ ਬੋਝ ਕਾਫ਼ੀ ਘੱਟ ਹੋਇਆ ਹੈ। ਭਗਵੰਤ ਸਿੰਘ ਮਾਨ ਨੇ ਇਹ ਵੀ ਕਿਹਾ ਕਿ ਘਰੇਲੂ ਖਪਤਕਾਰਾਂ ਤੋਂ ਇਲਾਵਾ, ਕਿਸਾਨਾਂ ਨੂੰ ਮੁਫ਼ਤ ਅਤੇ ਨਿਰਵਿਘਨ ਬਿਜਲੀ ਮਿਲ ਰਹੀ ਹੈ, ਜਿਸ ਨਾਲ ਆਰਥਿਕਤਾ ਵਿੱਚ ਉਨ੍ਹਾਂ ਦੀ ਮਹੱਤਵਪੂਰਨ ਭੂਮਿਕਾ ਨੂੰ ਯਕੀਨੀ ਬਣਾਇਆ ਜਾ ਰਿਹਾ ਹੈ।

ਮੁੱਖ ਮੰਤਰੀ ਨੇ ਇਹ ਵੀ ਕਿਹਾ ਕਿ ਜਿਵੇਂ ਕਿ ਸਰਕਾਰ ਨੇ ਸੂਬੇ ਵਿੱਚ ਝੋਨੇ ਦੀ ਬਿਜਾਈ ਦੀਆਂ ਤਰੀਕਾਂ ਅਗੇਤੀਆਂ ਕੀਤੀਆਂ ਹਨ, ਇਸ ਲਈ ਉਨ੍ਹਾਂ ਨੇ ਕੇਂਦਰ ਸਰਕਾਰ ਨੂੰ ਝੋਨੇ ਦੀ ਖ਼ਰੀਦ 15 ਦਿਨ ਪਹਿਲਾਂ ਕਰਨ ਦੀ ਅਪੀਲ ਕੀਤੀ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਨ੍ਹਾਂ ਨੇ ਕੇਂਦਰੀ ਖ਼ੁਰਾਕ ਮੰਤਰੀ ਨੂੰ ਫ਼ੋਨ ਕਰਕੇ ਅਪੀਲ ਕੀਤੀ ਹੈ ਕਿ ਹੁਣ ਝੋਨੇ ਦੀ ਖ਼ਰੀਦ 15 ਸਤੰਬਰ ਤੋਂ ਸ਼ੁਰੂ ਕੀਤੀ ਜਾਵੇ ਤਾਂ ਜੋ ਸੂਬੇ ਦੇ ਕਿਸਾਨ ਆਪਣੀ ਫ਼ਸਲ ਸੁਚਾਰੂ ਅਤੇ ਆਸਾਨੀ ਨਾਲ ਵੇਚ ਸਕਣ। ਉਨ੍ਹਾਂ ਕਿਹਾ ਕਿ ਇਸ ਨਾਲ ਕਿਸਾਨ ਮੰਡੀਆਂ ਵਿੱਚ ਸੁੱਕਾ ਝੋਨਾ ਲਿਆ ਸਕਣਗੇ ਅਤੇ ਸੁਚਾਰੂ ਖ਼ਰੀਦ ਯਕੀਨੀ ਬਣਾਈ ਜਾ ਸਕੇਗੀ।

**ਚੜ੍ਹਦੀਕਲਾ**

**ਪਰਮਜੀਤ ਸਿੰਘ, ਪ੍ਰਿੰਟਰ ਪਬਲਿਸ਼ਰ ਨੇ ਰੋਜ਼ਾਨਾ ਚੜ੍ਹਦੀਕਲਾ, ਚੜ੍ਹਦੀਕਲਾ ਪ੍ਰਿੰਟਿੰਗ ਪ੍ਰੈੱਸ ਪ੍ਰਾਈਵੇਟ ਲਿਮਟਿਡ ਲਈ ਦਲਜੀਤ ਪ੍ਰਿੰਟਰਜ਼, 593 ਐਸ.ਐਸ.ਟੀ. ਨਗਰ ਪਟਿਆਲਾ ਤੋਂ ਛਪਵਾ ਕੇ ਦਫ਼ਤਰ ਰੋਜ਼ਾਨਾ ਚੜ੍ਹਦੀਕਲਾ, 577, ਐਸ.ਐਸ.ਟੀ. ਨਗਰ, ਪਟਿਆਲਾ ਤੋਂ ਪ੍ਰਕਾਸ਼ਿਤ ਕੀਤਾ। ਮੁੱਖ ਸੰਪਾਦਕ : ਜਗਜੀਤ ਸਿੰਘ ‘ਦਰਦੀ’।**

**PRGI (RNI) Regd. No. 22972/1972**

**Printed & Published by Paramjit Singh on behalf of Charhdikala Printing Press Pvt. Ltd., Patiala & Printed at Daljit Printers 593, SST Nagar Patiala. Published at Office Daily Charhdikala 577, SST Nagar Patiala. Chief Editor : Jagjit Singh Dardi**

**PRGI (RNI) Regd. No. 22972/1972**

# ਪਹਿਲੇ ਸਫ਼ੇ ਦੀ ਬਾਕੀ

## ਅੱਜ ਤੋਂ ਸ਼ੁਰੂ ਹੋਵੇਗਾ ਸੰਸਦ ਦਾ

ਪਹਿਲਗਾਮ ਹਮਲੇ ਅਤੇ ਬਿਹਾਰ ’ਚ ਵੋਟਰ ਸੂਚੀਆਂ ਦੀ ਵਿਸ਼ੇਸ਼ ਜਾਂਚ (ਐਸ.ਆਈ.ਆਰ.) ਉਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਬਿਆਨ ਮੰਗਿਆ ਹੈ। ਉਨ੍ਹਾਂ ਕਿਹਾ ਕਿ ਇਹ ਪ੍ਰਧਾਨ ਮੰਤਰੀ ਮੋਦੀ ਦੀ ਜ਼ਿੰਮੇਵਾਰੀ ਹੈ ਕਿ ਉਹ ਅਪਣੀ ਪਾਰਟੀ ਵੱਲੋਂ ਉਠਾਏ ਗਏ ਪ੍ਰਮੁੱਖ ਮੁੱਦਿਆਂ ਉਤੇ ਸੰਸਦ ਵਿਚ ਬਿਆਨ ਦੇਣ। ਆਮ ਆਦਮੀ ਪਾਰਟੀ (ਆਪ) ਦੇ ਸੰਜੇ ਸਿੰਘ ਨੇ ਕਿਹਾ ਕਿ ਉਨ੍ਹਾਂ ਨੇ ਬੈਠਕ ’ਚ ਬਿਹਾਰ ’ਚ ਐਸ.ਆਈ.ਆਰ. ਦੇ ਕਥਿਤ ‘ਚੋਣ ਘਪਲੇ’ ਅਤੇ ਟਰੰਪ ਦੇ ਦਾਅਵੇ ਦਾ ਮੁੱਦਾ ਚੁਕਿਆ ਕਿ ਉਨ੍ਹਾਂ ਨੇ ਭਾਰਤ ਅਤੇ ਪਾਕਿਸਤਾਨ ਵਿਚਾਲੇ ‘ਜੰਗਬੰਦੀ’ ਕੀਤੀ ਸੀ। ਬੀ.ਜ਼ੇ.ਡੀ. ਦੇ ਸਸਮਿਤ ਪਾਤਰਾ ਨੇ ਕਿਹਾ ਕਿ ਕੇਂਦਰ ਸੂਬਿਆਂ ਵਿਚ ‘ਅਸਫਲ’ ਕਾਨੂੰਨ ਵਿਵਸਥਾ ਤੋਂ ਜ਼ਿੰਮੇਵਾਰੀ ਤੋਂ ਬਚ ਨਹੀਂ ਸਕਦਾ ਅਤੇ ਸੰਸਦ ਨੂੰ ਇਸ ਉੱਤੇ ਬਹਿਸ ਕਰਨੀ ਚਾਹੀਦੀ ਹੈ। ਉਹ ਇਕ ਕਾਲਜ ਵਿਦਿਆਰਥੀ ਵਲੋਂ ਖ਼ੁਦਕੁਸ਼ੀ ਕਰਨ ਦੀ ਘਟਨਾ ਅਤੇ ਓਡੀਸ਼ਾ ਵਿਚ ਕੁੱਝ ਲੋਕਾਂ ਵੱਲੋਂ 15 ਸਾਲ ਦੀ ਲੜਕੀ ਨੂੰ ਅੱਗ ਲਾਉਣ ਦੇ ਇਕ ਹੋਰ ਮਾਮਲੇ ਦਾ ਜ਼ਿਕਰ ਕਰ ਰਹੇ ਸਨ। ਪਾਤਰਾ ਨੇ ਕਿਹਾ ਕਿ ਓਡੀਸ਼ਾ ’ਚ ਕਾਨੂੰਨ ਵਿਵਸਥਾ ਪੂਰੀ ਤਰ੍ਹਾਂ ਢਹਿ–ਢੇਰੀ ਹੋ ਗਈ ਹੈ ਅਤੇ ਉੱਥੋਂ ਦੀ ਭਾਜਪਾ ਸਰਕਾਰ ਬੇਵੱਸ ਹੈ ਅਤੇ ਅਸਫਲ ਰਹੀ ਹੈ। ਸੀ.ਪੀ.ਆਈ.(ਐਮ) ਦੇ ਜੌਨ ਬ੍ਰਿਟਸ ਨੇ ਕਿਹਾ ਕਿ ਪ੍ਰਧਾਨ ਮੰਤਰੀ ਮੋਦੀ ਨੂੰ ਆਪਰੇਸ਼ਨ ਸੰਧੂਰ ਅਤੇ ਪਹਿਲਗਾਮ ਅੱਤਵਾਦੀ ਹਮਲੇ ਬਾਰੇ ਟਰੰਪ ਦੇ ਦਾਅਵਿਆਂ ਉੱਤੇ ਸੰਸਦ ਵਿਚ ਬੋਲਣਾ ਚਾਹੀਦਾ ਹੈ। ਕੇਂਦਰੀ ਮੰਤਰੀ ਅਤੇ ਰਾਜ ਸਭਾ ਵਿਚ ਸਦਨ ਦੇ ਨੇਤਾ ਜੇ.ਪੀ. ਨੱਢਾ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਵਿਚ ਵੱਖ–ਵੱਖ ਸਿਆਸੀ ਪਾਰਟੀਆਂ ਦੇ ਨੇਤਾਵਾਂ ਨੇ ਹਿੱਸਾ ਲਿਆ। ਰਿਜਿਜੂ ਅਤੇ ਉਨ੍ਹਾਂ ਦੇ ਜੂਨੀਅਰ ਮੰਤਰੀ ਅਰਜੁਨ ਰਾਮ ਮੇਘਵਾਲ ਨੇ ਵੀ ਮੀਟਿੰਗ ਵਿਚ ਸਰਕਾਰ ਦੀ ਨੁਮਾਇੰਦਗੀ ਕੀਤੀ। ਕਾਂਗਰਸ ਦੇ ਗੋਗੋਈ ਅਤੇ ਜੈਰਾਮ ਰਮੇਸ਼, ਐਨ.ਸੀ.ਪੀ. ਦੀ ਸੁਪ੍ਰਿਆ ਸੁਲੇ–ਸ਼ਰਦ ਪਵਾਰ, ਡੀ.ਐਮ.ਕੇ. ਦੇ ਟੀ.ਆਰ. ਬਾਲੂ ਅਤੇ ਆਰ.ਪੀ.ਆਈ.(ਏ) ਨੇਤਾ ਅਤੇ ਕੇਂਦਰੀ ਮੰਤਰੀ ਰਾਮਦਾਸ ਅਠਾਵਲੇ ਮੀਟਿੰਗ ਵਿਚ ਸ਼ਾਮਲ ਹੋਏ। ਭਾਰਤ ਸਮੂਹ ਦੀਆਂ ਪਾਰਟੀਆਂ ਨੇ ਸੰਸਦ ਦੇ ਮਾਨਸੂਨ ਸੈਸ਼ਨ ਦੌਰਾਨ ਪਹਿਲਗਾਮ ਹਮਲੇ ਦੇ ਅਤਿਵਾਦੀਆਂ ਨੂੰ ਨਿਆਂ ਦੇ ਕਟਹਿਰੇ ਵਿਚ ਨਾ ਲਿਆਉਣ, ਭਾਰਤ–ਪਾਕਿਸਤਾਨ ਦੁਸ਼ਮਣੀ ਦੌਰਾਨ ‘ਜੰਗਬੰਦੀ’ ਕਰਨ ਦੇ ਟਰੰਪ ਦੇ ਵਾਰ–ਵਾਰ ਦਾਅਵਿਆਂ ਅਤੇ ਬਿਹਾਰ ਵਿਚ ਐਸ.ਆਈ.ਆਰ. ਦੇ ਮੁੱਦਿਆਂ ਨੂੰ ਉਠਾਉਣ ਦਾ ਸੰਕਲਪ ਲਿਆ ਹੈ।

## ਜਸਟਿਸ ਵਰਮਾ ਖ਼ਿਲਾਫ਼ ਡਟੇ

ਹਨ ਤੇ ਜੇਕਰ ਉੱਥੇ ਹੀ ਭ੍ਰਿਸ਼ਟਾਚਾਰ ਹੋਵੇਗਾ ਤਾਂ ਇਹ ਚਿੰਤਾ ਦਾ ਵਿਸ਼ਾ ਹੈ। ਜ਼ਿਕਰਯੋਗ ਹੈ ਕਿ ਦਿੱਲੀ ਹਾਈ ਕੋਰਟ ਦੇ ਤਤਕਾਲੀ ਜਸਟਿਸ ਵਰਮਾ ਦੇ ਘਰ ’ਚੋਂ ਸੜੇ ਹੋਏ ਨੋਟਾਂ ਦੇ ਬੰਡਲ ਮਿਲੇ ਸਨ। ਜਸਟਿਸ ਵਰਮਾ ਨੂੰ ਬਾਅਦ ਵਿੱਚ ਅਲਾਹਾਬਾਦ ਕੋਰਟ ਵਾਪਸ ਭੇਜਿਆ ਗਿਆ ਤੇ ਨਿਆਂਇਕ ਕੰਮ ਤੋਂ ਦੂਰ ਰੱਖਿਆ ਗਿਆ ਜਦਕਿ ਹਾਲ ਹੀ ਵਿੱਚ ਜਸਟਿਸ ਵਰਮਾ ਨੇ ਖ਼ੁਦ ਨੂੰ ਬੇਗੁਨਾਹ ਦੱਸਦਿਆਂ ਅਦਾਲਤੀ ਕਮੇਟੀ ਦੀ ਰਿਪੋਰਟ ਖ਼ਿਲਾਫ਼ ਸੁਪਰੀਮ ਕੋਰਟ ’ਚ ਪਟੀਸ਼ਨ ਵੀ ਪਾਈ ਹੈ।

## ਜੰਮੂ-ਕਸ਼ਮੀਰ ਦਾ ਰਾਜ ਦਾ ਦਰਜਾ ਬਹਾਲ ਕਰਨ

ਵੇਣੂਗੋਪਾਲ ਨੇ ਆਪਣੀ ਪੋਸਟ ਵਿੱਚ ਕਿਹਾ, ‘‘ਆਗਾਮੀ ਸੰਸਦ ਇਜਲਾਸ ਦੌਰਾਨ ‘ਇੰਡੀਆ’ ਗੱਠਜੋੜ ਮੰਗ ਕਰੇਗਾ ਕਿ ਜੰਮੂ ਕਸ਼ਮੀਰ ਵਿੱਚ ਤੁਰੰਤ ਪੂਰਨ ਰਾਜ ਦਾ ਦਰਜਾ ਬਹਾਲ ਕੀਤਾ ਜਾਵੇ। ਇਹ ਮਜ਼ਾਕ ਹੁਣ ਹੋਰ ਨਹੀਂ ਚੱਲ ਸਕਦਾ।’’

ਕਾਂਗਰਸ ਨੇ ਕਿਹਾ ਕਿ ਉਹ ਜੰਮੂ ਕਸ਼ਮੀਰ ’ਚ ਪੂਰਨ ਰਾਜ ਦਾ ਦਰਜਾ ਬਹਾਲ ਕਰਨ ਦਾ ਮੁੱਦਾ ਉਠਾਉਂਦੀ ਰਹੇਗੀ। ਪਾਰਟੀ ਜੰਮੂ ਕਸ਼ਮੀਰ ਵਿੱਚ ਉਮਰ ਅਬਦੁੱਲਾ ਦੀ ਨੈਸ਼ਨਲ ਕਾਨਫਰੰਸ ਨਾਲ ਗੱਠਜੋੜ ਕਰਕੇ ਸੱਤਾ ਵਿੱਚ ਹੈ।ਐਤਵਾਰ ਨੂੰ ਪੁਲਿਸ ਨੇ ਸੂਬੇ ਦੇ ਦਰਜੇ ਲਈ ਮਾਰਚ ਕਰ ਰਹੇ ਕਾਂਗਰਸੀ ਕਾਰਕੁਨਾਂ ਨੂੰ ਹਿਰਾਸਤ ਵਿੱਚ ਲੈ ਲਿਆ ਸੀ। ਇਹ ਇਨ੍ਹਾਂ ਦਿਨਾਂ ਵਿੱਚ ਦੂਜੀ ਵਾਰ ਸੀ ਜਦੋਂ ਪੁਲਿਸ ਨੇ ਕਾਂਗਰਸ ਨੂੰ ‘ਹਮਾਰੀ ਰਿਆਸਤ ਹਮਾਰਾ ਹੱਕ’ ਦੇ ਬੈਨਰ ਹੇਠ ਰੈਲੀ ਕਰਨ ਦੀ ਇਜਾਜ਼ਤ ਨਹੀਂ ਦਿੱਤੀ।ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ ਤਾਰਿਕ ਹਮੀਦ ਕਰਾ ਅਤੇ ਪਾਰਟੀ ਦੇ ਜਨਰਲ ਸਕੱਤਰ ਜੀ ਏ ਮੀਰ ਦੀ ਅਗਵਾਈ ਵਿੱਚ ਸੈਂਕੜੇ ਕਾਂਗਰਸੀ ਕਾਰਕੁਨ ਜੰਮੂ ਦੇ ਸ਼ਹੀਦੀ ਚੌਕ ਵਿੱਚ ਪਾਰਟੀ ਹੈੱਡਕੁਆਰਟਰ ’ਚ ਇਕੱਠੇ ਹੋਏ ਸਨ ਉਹ ਉਪ ਰਾਜਪਾਲ ਮਨੋਜ ਸਿਨਹਾ ਨੂੰ ਮੰਗ ਪੱਤਰ ਸੌਂਪਣ ਲਈ ਰਾਜ ਭਵਨ ਵੱਲ ਮਾਰਚ ਕਰਨ ਵਾਲੇ ਸਨ ਪਰ ਪੁਲਿਸ ਨੇ ਬੈਰੀਕੇਡ ਲਗਾ ਕੇ ਉਨ੍ਹਾਂ ਨੂੰ ਰੋਕ ਦਿੱਤਾ।

## ਪੰਜਾਬ ’ਚ ਆਉਣ ਵਾਲੇ 4 ਦਿਨਾਂ ਦੌਰਾਨ

ਕਪੂਰਥਲਾ, ਹੁਸ਼ਿਆਰਪੁਰ, ਜਲੰਧਰ, ਨਵਾਂਸ਼ਹਿਰ, ਲੁਧਿਆਣਾ, ਰੂਪਨਗਰ, ਮੋਹਾਲੀ, ਫਤਿਹਗੜ੍ਹ ਸਾਹਿਬ, ਪਟਿਆਲਾ ਵਿਚ ਭਾਰੀ ਮੀਂਹ ਦਾ ਯੈਲੋ ਅਲਰਟ ਜਾਰੀ ਕੀਤਾ ਗਿਆ ਹੈ। 23 ਤਾਰੀਖ਼ ਨੂੰ ਲੈ ਕੇ ਮੌਸਮ ਵੱਲੋਂ ਕੋਈ ਚਿਤਾਵਨੀ ਜਾਰੀ ਨਹੀਂ ਕੀਤੀ ਗਈ ਹੈ। ਉੱਥੇ ਹੀ 24 ਜੁਲਾਈ ਨੂੰ ਗੁਰਦਾਸਪੁਰ, ਪਠਾਨਕੋਟ, ਅੰਮ੍ਰਿਤਸਰ ਸਣੇ ਕਈ ਜ਼ਿਲ੍ਹਿਆਂ ਵਿਚ ਬਾਰਿਸ਼ ਹੋਵੇਗੀ। ਇਨ੍ਹਾਂ ਤਾਰੀਖ਼ਾਂ ਦੌਰਾਨ ਜੇਕਰ ਤੁਹਾਡਾ ਵੀ ਕਿਤੇ ਜਾਣ ਦਾ ਪ੍ਰੋਗਰਾਮ ਹੈ ਤਾਂ ਸੋਚ–ਸਮਝ ਕੇ ਹੀ ਘਰੋਂ ਨਿਕਲਿਓ ਕਿਉਂਕਿ ਰਾਹ ’ਚ ਤੁਹਾਨੂੰ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਸਕਦਾ ਹੈ।

## ਬਰਤਾਨੀਆ ਤੇ ਮਾਲਦੀਵ ਦੇ ਚਾਰ ਰੋਜ਼ਾ

ਜਾਰੀ ਕਰਦਿਆਂ ਕਿਹਾ ਕਿ ਪ੍ਰਧਾਨ ਮੰਤਰੀ ਮੋਦੀ ਭਾਰਤ–ਯੂਕੇ ਦੁਵੱਲੇ ਸਬੰਧਾਂ ਦੇ ਸਾਰੇ ਪਹਿਲੂਆਂ ’ਤੇ ਪ੍ਰਧਾਨ ਮੰਤਰੀ ਸਟਾਰਮਰ ਨਾਲ ਵਿਆਪਕ ਚਰਚਾ ਕਰਨਗੇ, ਨਾਲ ਹੀ ਖੇਤਰੀ ਅਤੇ ਵਿਸ਼ਵਵਿਆਪੀ ਮਹੱਤਵ ਦੇ ਮੁੱਦਿਆਂ ’ਤੇ ਵਿਚਾਰਾਂ ਦਾ ਆਦਾਨ–ਪ੍ਰਦਾਨ ਕਰਨਗੇ। ਤੁਹਾਨੂੰ ਦੱਸ ਦੇਈਏ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ 23–24 ਜੁਲਾਈ ਨੂੰ ਬ੍ਰਿਟੇਨ ਦਾ ਦੌਰਾ ਕਰਨਗੇ। ਵਿਦੇਸ਼ ਮੰਤਰਾਲੇ ਦੇ ਅਨੁਸਾਰ, ਪ੍ਰਧਾਨ ਮੰਤਰੀ ਦੇ ਬ੍ਰਿਟੇਨ ਦੇ ਰਾਜਾ ਚਾਰਲਸ ਤੀਜੇ ਨਾਲ ਵੀ ਮੁਲਾਕਾਤ ਕਰਨ ਦੀ ਉਮੀਦ ਹੈ। ਐਤਵਾਰ ਨੂੰ ਜਾਰੀ ਇੱਕ ਬਿਆਨ ਵਿੱਚ, ਵਿਦੇਸ਼ ਮੰਤਰਾਲੇ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ 26 ਜੁਲਾਈ ਨੂੰ ਟਾਪੂ ਦੇਸ਼ ਦੀ ਆਜ਼ਾਦੀ ਦੀ 60ਵੀਂ ਵਰ੍ਹੇਗੰਢ ਦੇ ਮੌਕੇ ’ਤੇ ਮੁੱਖ ਤੌਰ ’ਤੇ ਮਾਲਦੀਵ ਦਾ ਦੌਰਾ ਕਰਨਗੇ। ਪ੍ਰਧਾਨ ਮੰਤਰੀ ਮੋਦੀ ਰਾਸ਼ਟਰਪਤੀ ਮੁਹੰਮਦ ਮੁਈਜ਼ੂ ਦੇ ਸੱਦੇ ’ਤੇ 25 ਤੋਂ 26 ਜੁਲਾਈ ਤੱਕ ਮਾਲਦੀਵ ਦਾ ਸਰਕਾਰੀ ਦੌਰਾ ਕਰਨਗੇ। ਤੁਹਾਨੂੰ ਦੱਸ ਦੇਈਏ ਕਿ ਇਹ ਪ੍ਰਧਾਨ ਮੰਤਰੀ ਮੋਦੀ ਦਾ ਮਾਲਦੀਵ ਦਾ ਤੀਜਾ ਦੌਰਾ ਹੋਵੇਗਾ। ਪ੍ਰਧਾਨ ਮੰਤਰੀ ਮੋਦੀ ਅਤੇ ਰਾਸ਼ਟਰਪਤੀ ਮੁਈਜ਼ੂ ਆਪਸੀ ਹਿੱਤਾਂ ਦੇ ਮੁੱਦਿਆਂ ’ਤੇ ਚਰਚਾ ਕਰਨਗੇ ਅਤੇ ‘ਵਿਆਪਕ ਆਰਥਿਕ ਅਤੇ ਸਮੁੰਦਰੀ ਸੁਰੱਖਿਆ ਭਾਈਵਾਲੀ’ ਲਈ ਭਾਰਤ–ਮਾਲਦੀਵ ਸਾਂਝੇ ਦ੍ਰਿਸ਼ਟੀਕੋਣ ਨੂੰ ਲਾਗੂ ਕਰਨ ਵਿੱਚ ਪ੍ਰਗਤੀ ਦਾ ਜਾਇਜ਼ਾ ਲੈਣਗੇ। ਇਸ ਸਾਂਝੇ ਦ੍ਰਿਸ਼ਟੀਕੋਣ ਨੂੰ ਪਿਛਲੇ ਸਾਲ ਅਕਤੂਬਰ ਵਿੱਚ ਮੁਈਜ਼ੂ ਦੀ ਭਾਰਤ ਫੇਰੀ ਦੌਰਾਨ ਅਪਣਾਇਆ ਗਿਆ ਸੀ।

## ਰੂਸ ਦੇ ਪ੍ਰਸ਼ਾਂਤ ਤੱਟ ’ਤੇ ਲੱਗੇ ਭੂਚਾਲ ਦੇ ਝਟਕੇ

ਸੁਨਾਮੀ ਦੀ ਚੇਤਾਵਨੀ ਜਾਰੀ ਕੀਤੀ ਗਈ ਹੈ। ਫਿਲਹਾਲ, ਕਿਸੇ ਵੀ ਜਾਨੀ ਜਾਂ ਮਾਲੀ ਨੁਕਸਾਨ ਦੀ ਪੁਸ਼ਟੀ ਨਹੀਂ ਹੋਈ ਹੈ, ਪਰ ਅਧਿਕਾਰੀਆਂ ਨੇ ਤੱਟਵਰਤੀ ਖੇਤਰਾਂ ਵਿੱਚ ਰਹਿਣ ਵਾਲੇ ਲੋਕਾਂ ਨੂੰ ਸੁਚੇਤ ਰਹਿਣ ਅਤੇ ਉੱਚੇ ਖੇਤਰਾਂ ਵਿੱਚ ਜਾਣ ਦੀ ਸਲਾਹ ਦਿੱਤੀ ਹੈ। ਐਮਰਜੈਂਸੀ ਟੀਮਾਂ ਨੂੰ ਸਰਗਰਮ ਕਰ ਦਿੱਤਾ ਗਿਆ ਹੈ ਅਤੇ ਸਥਿਤੀ ’ਤੇ ਲਗਾਤਾਰ ਨਜ਼ਰ ਰੱਖੀ ਜਾ ਰਹੀ ਹੈ। ਮਾਹਿਰਾਂ ਦਾ ਕਹਿਣਾ ਹੈ ਕਿ ਸਮੁੰਦਰ ਵਿੱਚ ਇੰਨੀ ਤੀਬਰਤਾ ਦੇ ਭੂਚਾਲ ਤੋਂ ਬਾਅਦ, ਸੁਨਾਮੀ ਦੀ ਸੰਭਾਵਨਾ ਬਣੀ ਰਹਿੰਦੀ ਹੈ।

## ਜੰਮੂ-ਕਸ਼ਮੀਰ ’ਚ ਢਿੱਗਾਂ ਡਿੱਗਣ ਕਾਰਨ

ਫਸ ਗਏ ਸਨ। ਇਸ ਤੋਂ ਬਾਅਦ ਫੌਜ ਨੇ ਇਲਾਕੇ ਵਿੱਚ ਫਸੇ ਲਗਪਗ 500 ਯਾਤਰੀਆਂ ਨੂੰ ਤੰਬੂਆਂ ਵਿੱਚ ਠਹਿਰਾਇਆ ਅਤੇ ਚਾਹ ਅਤੇ ਪੀਣ ਵਾਲਾ ਪਾਣੀ ਮੁਹੱਈਆ ਕਰਵਾਇਆ ਸੀ। ਇਸ ਤੋਂ ਇਲਾਵਾ 3,000 ਹੋਰ ਸ਼ਰਧਾਲੂਆਂ ਲਈ ਵੀ ਪ੍ਰਬੰਧ ਕੀਤੇ ਗਏ ਸਨ।

## ਯਮੁਨਾ ’ਚ ਡੁੱਬਣ ਕਾਰਨ

ਜਿਨ੍ਹਾਂ ਦੀ ਉਮਰ 12, 14 ਅਤੇ 15 ਸਾਲ ਸੀ। ਪੁਲਿਸ ਨੇ ਪਰਿਵਾਰ ਨੂੰ ਮਾਮਲੇ ਦੀ ਜਾਣਕਾਰੀ ਦਿੱਤੀ। ਮ੍ਰਿਤਕ ਬੱਚਿਆਂ ਵਿੱਚੋਂ ਇੱਕ ਦੀ ਪਛਾਣ ਹੋ ਗਈ ਹੈ, ਜੋ ਕਿ 9ਵੀਂ ਜਮਾਤ ਦਾ ਵਿਦਿਆਰਥੀ ਸੀ। ਪੁਲਿਸ ਬਾਕੀ ਦੋ ਬੱਚਿਆਂ ਦੀ ਪਛਾਣ ਕਰਨ ਦੀ ਕੋਸ਼ਿਸ਼ ਕਰ ਰਹੀ ਹੈ। ਪੁਲਿਸ ਅਨੁਸਾਰ, ਤਿੰਨੋਂ ਬੱਚੇ ਵਿਦਿਆਰਥੀ ਦੱਸੇ ਜਾਂਦੇ ਹਨ, ਜੋ ਐਤਵਾਰ ਦੁਪਹਿਰ ਨੂੰ ਛੁੱਟੀਆਂ ਕਾਰਨ ਯਮੁਨਾ ਵਿੱਚ ਨਹਾਉਣ ਆਏ ਸਨ। ਤਿੰਨਾਂ ਨੇ ਯਮੁਨਾ ਕੰਢੇ ਆਪਣੇ ਕੱਪੜੇ ਉਤਾਰ ਕੇ ਨਹਿਰ ਵਿੱਚ ਛਾਲ ਮਾਰ ਦਿੱਤੀ। ਸ਼ੁਰੂ ਵਿੱਚ, ਤਿੰਨੋਂ ਯਮੁਨਾ ਕੰਢੇ ਨਹਾ ਰਹੇ ਸਨ। ਪਰ, ਪਾਣੀ ਵਿੱਚ ਮਸਤੀ ਕਰਦੇ ਹੋਏ, ਉਹ ਅੰਦਰ ਚਲੇ ਗਏ, ਜਿੱਥੇ ਪਾਣੀ ਡੂੰਘਾ ਸੀ। ਚਸ਼ਮਦੀਦਾਂ ਅਨੁਸਾਰ, ਜਿਵੇਂ ਹੀ ਇੱਕ ਬੱਚਾ ਡੂੰਘੇ ਪਾਣੀ ਵਿੱਚ ਗਿਆ, ਉਹ ਡੁੱਬਣ ਲੱਗ ਪਿਆ। ਡੁੱਬਦੇ ਹੋਏ, ਉਸ ਨੇ ਚੀਕਣਾ ਸ਼ੁਰੂ ਕਰ ਦਿੱਤਾ, ਫਿਰ ਬਾਕੀ ਦੋ ਬੱਚੇ ਵੀ ਉਸਨੂੰ ਬਚਾਉਣ ਲਈ ਉਸ ਕੋਲ ਪਹੁੰਚ ਗਏ। ਪਰ, ਪਹਿਲੇ ਬੱਚੇ ਨੂੰ ਬਚਾਉਂਦੇ ਹੋਏ, ਦੋਵੇਂ ਵੀ ਡੁੱਬਣ ਲੱਗ ਪਏ। ਤਿੰਨਾਂ ਨੇ ਬਾਹਰ ਨਿਕਲਣ ਦੀ ਕੋਸ਼ਿਸ਼ ਕੀਤੀ ਪਰ ਸਫਲ ਨਹੀਂ ਹੋਏ। ਜਿਵੇਂ ਹੀ ਬੱਚੇ ਡੁੱਬ ਗਏ, ਉੱਥੇ ਖੜ੍ਹੇ ਕੁਝ ਲੋਕਾਂ ਨੇ ਉਨ੍ਹਾਂ ਨੂੰ ਬਚਾਉਣ ਲਈ ਤੁਰੰਤ ਨਹਿਰ ਵਿੱਚ ਛਾਲ ਮਾਰ ਦਿੱਤੀ। ਪਰ, ਉਦੋਂ ਤੱਕ ਤਿੰਨੋਂ ਬੱਚੇ ਪਾਣੀ ਵਿੱਚ ਡੁੱਬ ਚੁੱਕੇ ਸਨ। ਲੋਕਾਂ ਨੇ ਕੁਝ ਦੇਰ ਤੱਕ ਉਨ੍ਹਾਂ ਦੀ ਭਾਲ ਕੀਤੀ ਪਰ ਬੱਚੇ ਨਹੀਂ ਮਿਲੇ। ਇਸ ਤੋਂ ਬਾਅਦ ਤੁਰੰਤ ਪੁਲਿਸ ਅਤੇ ਐਸ.ਡੀ.ਆਰ.ਐਫ. ਨੂੰ ਜਾਣਕਾਰੀ ਦਿੱਤੀ ਗਈ। ਪੁਲਿਸ ਅਤੇ ਐਸਡੀਆਰਐਫ ਮੌਕੇ ’ਤੇ ਪਹੁੰਚ ਗਏ ਅਤੇ ਥੋੜ੍ਹੀ ਦੇਰ ਵਿੱਚ ਹੀ ਤਿੰਨੋਂ ਬੱਚਿਆਂ ਦੀਆਂ ਲਾਸ਼ਾਂ ਕੱਢ ਲਈਆਂ ਗਈਆਂ। ਇੱਕ ਬੱਚੇ ਦੀ ਪਛਾਣ ਪਵਨ (15) ਵਜੋਂ ਹੋਈ। ਪਵਨ 9ਵੀਂ ਜਮਾਤ ਵਿੱਚ ਪੜ੍ਹਦਾ ਸੀ। ਉਸਦੇ ਪਿਤਾ ਵੀਰੇਂਦਰ ਚੌਧਰੀ ਨੇ ਦੱਸਿਆ ਕਿ ਉਹ ਮੂਲ ਰੂਪ ਵਿੱਚ ਬਿਹਾਰ ਦੇ ਭੋਜਪੁਰ ਦਾ ਰਹਿਣ ਵਾਲਾ ਹੈ ਅਤੇ ਇਸ ਸਮੇਂ ਯਮੁਨਾਨਗਰ ਦੇ ਬੁਧੀਆ ਪਿੰਡ ਵਿੱਚ ਆਪਣੇ ਪਰਿਵਾਰ ਨਾਲ ਰਹਿੰਦਾ ਹੈ। ਉਹ ਯਮੁਨਾਨਗਰ ਵਿੱਚ ਇੱਕ ਪਲਾਈਵੁੱਡ ਫੈਕਟਰੀ ਵਿੱਚ ਮਜ਼ਦੂਰ ਵਜੋਂ ਕੰਮ ਕਰਦਾ ਹੈ। ਉਸਦੇ ਛੇ ਬੱਚੇ ਹਨ, ਜਿਨ੍ਹਾਂ ਵਿੱਚ 3 ਮੁੰਡੇ ਅਤੇ 3 ਕੁੜੀਆਂ ਸ਼ਾਮਲ ਹਨ। ਪਵਨ ਦੂਜਾ ਸੀ। ਜਦੋਂ ਪਵਨ ਘਰੋਂ ਨਿਕਲਿਆ ਤਾਂ ਉਸ ਸਮੇਂ ਘਰ ਵਿੱਚ ਕੋਈ ਨਹੀਂ ਸੀ। ਉਨ੍ਹਾਂ ਨੂੰ ਦੁਪਹਿਰ ਨੂੰ ਸੂਚਨਾ ਮਿਲੀ ਕਿ ਪਵਨ ਨਾਲ ਕੁਝ ਅਣਸੁਖਾਵਾਂ ਵਾਪਰਿਆ ਹੈ। ਐਸ.ਐਚ.ਓ. ਨੇ ਕਿਹਾ ਕਿ ਦੋ ਹੋਰ ਲੜਕਿਆਂ ਦੀ ਅਜੇ ਤੱਕ ਪਛਾਣ ਨਹੀਂ ਹੋ ਸਕੀ ਹੈ। ਜਾਣਕਾਰੀ ਨੇੜਲੇ ਪਿੰਡਾਂ ਤੱਕ ਪਹੁੰਚ ਗਈ ਹੈ ਪਰ ਅਜੇ ਤੱਕ ਕੋਈ ਰਿਸ਼ਤੇਦਾਰ ਥਾਣੇ ਨਹੀਂ ਆਇਆ ਹੈ। ਉਹ ਮ੍ਰਿਤਕਾਂ ਦੇ ਰਿਸ਼ਤੇਦਾਰਾਂ ਤੱਕ ਪਹੁੰਚਣ ਦੀ ਕੋਸ਼ਿਸ਼ ਕਰ ਰਹੇ ਹਨ।

## ਸ਼ਾਂਤੀ ਗੱਲਬਾਤ ਲਈ ਤਿਆਰ ਹੋਏ

ਡੋਨਾਲਡ ਟਰੰਪ ਨੇ ਇਹ ਵੀ ਸਪੱਸ਼ਟ ਕਰ ਦਿੱਤਾ ਹੈ ਕਿ ਉਹ ਯੂਕ੍ਰੇਨ ਦੇ ਸੰਬੰਧ ਵਿੱਚ ਰੂਸ ਨਾਲ ਸ਼ਾਂਤੀ ਸਮਝੌਤਾ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਰੂਸੀ ਰਾਸ਼ਟਰਪਤੀ ਵਲਾਦੀਮੀਰ ਪੁਤਿਨ ਵੱਲੋਂ ਇਹ ਕਦਮ ਅਜਿਹੇ ਸਮੇਂ ਚੁੱਕਿਆ ਗਿਆ ਹੈ ਜਦੋਂ ਪਿਛਲੇ ਮਹੀਨੇ ਜੂਨ ਦੇ ਸ਼ੁਰੂ ਵਿੱਚ ਸ਼ਾਂਤੀ ਵਾਰਤਾ ਰੁਕਣ ਤੋਂ ਬਾਅਦ ਅਗਲੇ ਹਫ਼ਤੇ ਗੱਲਬਾਤ ਦਾ ਇੱਕ ਨਵਾਂ ਦੌਰ ਪ੍ਰਸਤਾਵਿਤ ਕੀਤਾ ਗਿਆ ਸੀ। ਨਿਊਜ਼ ਏਜੰਸੀ ਨੇ ਯੂਕ੍ਰੇਨ ਦੇ ਰਾਸ਼ਟਰਪਤੀ ਵੋਲੋਦੀਮੀਰ ਜ਼ੇਲੇਂਸਕੀ ਦੇ ਹਵਾਲੇ ਨਾਲ ਕਿਹਾ ਕਿ ਸੁਰੱਖਿਆ ਪ੍ਰੀਸ਼ਦ ਦੇ ਸਕੱਤਰ ਉਮਰੋਵ ਨੇ ਕਿਹਾ ਹੈ ਕਿ ਸ਼ਾਂਤੀ ਵਾਰਤਾ ਬਾਰੇ ਰੂਸੀ ਪੱਖ ਨਾਲ ਅਗਲੀ ਗੱਲਬਾਤ ਅਗਲੇ ਹਫ਼ਤੇ ਪ੍ਰਸਤਾਵਿਤ ਕੀਤੀ ਗਈ ਹੈ। ਇਸ ਦੇ ਨਾਲ, ਉਨ੍ਹਾਂ ਨੇ ਗੱਲਬਾਤ ਦੇ ਦੌਰ ਨੂੰ ਤੇਜ਼ ਕਰਨ ’ਤੇ ਜ਼ੋਰ ਦਿੱਤਾ। ਇਸ ਦੇ ਨਾਲ ਹੀ, ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਪਿਛਲੇ ਸੋਮਵਾਰ (14 ਜੁਲਾਈ, 2025) ਨੂੰ ਯੂਕ੍ਰੇਨ ਨੂੰ ਨਵੀਂ ਅਤੇ ਵਾਧੂ ਹਥਿਆਰ ਸਹਾਇਤਾ ਭੇਜਣੀ ਸ਼ੁਰੂ ਕਰ ਦਿੱਤੀ। ਇਸ ਤੋਂ ਇਲਾਵਾ, ਟਰੰਪ ਨੇ ਰੂਸ ਨੂੰ ਇਹ ਵੀ ਧਮਕੀ ਦਿੱਤੀ ਕਿ ਜੇਕਰ ਮਾਸਕੋ ਅਗਲੇ 50 ਦਿਨਾਂ ਵਿੱਚ ਯੂਕ੍ਰੇਨ ਨਾਲ ਸ਼ਾਂਤੀ ਸਮਝੌਤੇ ਲਈ ਤਿਆਰ ਨਹੀਂ ਹੁੰਦਾ ਹੈ, ਤਾਂ ਰੂਸੀ ਨਿਰਯਾਤ ਖਰੀਦਣ ਵਾਲਿਆਂ ’ਤੇ ਵੀ ਪਾਬੰਦੀਆਂ ਲਗਾਈਆਂ ਜਾਣਗੀਆਂ।

## ਸੀ.ਆਰ.ਪੀ.ਐਫ. ਜਵਾਨ ਨੇ ਲਿਵ-ਇਨ ਪਾਰਟਨਰ

ਕਤਲ ਕਰ ਦਿੱਤਾ। ਦਿਲੀਪ ਕੇਂਦਰੀ ਰਿਜ਼ਰਵ ਪੁਲਿਸ ਫੋਰਸ (ਸੀ.ਆਰ.ਪੀ.ਐਫ.) ਵਿੱਚ ਨੌਕਰੀ ਕਰਦਾ ਹੈ ਅਤੇ ਮਨੀਪੁਰ ਵਿੱਚ ਤਾਇਨਾਤ ਹੈ। ਦਿਲੀਪ ਅਰੁਣਾ ਦੇ ਨਾਲ ਲੱਗਦੇ ਪਿੰਡ ਦਾ ਰਹਿਣ ਵਾਲਾ ਹੈ। ਦੋਵਾਂ ਵਿੱਚ ਮਾਮੂਲੀ ਗੱਲ ਨੂੰ ਲੈ ਕੇ ਲੜਾਈ ਹੋਈ ਸੀ। ਅੰਜਾਰ ਪੁਲਿਸ ਸਟੇਸ਼ਨ ਦੇ ਪੀਆਈ ਏ.ਆਰ. ਗੋਹਿਲ ਨੇ ਜਾਂਚ ਸ਼ੁਰੂ ਕਰ ਦਿੱਤੀ ਹੈ। ਦੱਸਿਆ ਜਾ ਰਿਹਾ ਹੈ ਕਿ ਅਰੁਣਾਬੇਨ ਅਤੇ ਦਿਲੀਪ ਲੰਬੇ ਸਮੇਂ ਤੋਂ ਰਿਲੇਸ਼ਨਸ਼ਿਪ ਵਿੱਚ ਸਨ ਅਤੇ ਜਲਦੀ ਹੀ ਵਿਆਹ ਕਰਨ ਵਾਲੇ ਸਨ। ਦੋਵੇਂ ਇਕੱਠੇ ਰਹਿੰਦੇ ਸਨ। ਦੋਸ਼ੀ ਮਨੀਪੁਰ ਤੋਂ ਛੁੱਟੀ ’ਤੇ ਕੱਛ ਆਇਆ ਸੀ।

## ਪੁਲਿਸ ਅਦਾਰਿਆਂ ’ਤੇ ਹਮਲਿਆਂ ਪਿੱਛੇ ਬੀ.ਕੇ.ਆਈ.

ਕਬੂਲਿਆ ਹੈ ਕਿ ਦੋਵਾਂ ਪੁਲਿਸ ਅਦਾਰਿਆਂ ’ਤੇ ਹਮਲਿਆਂ ਦੀ ਯੋਜਨਾ ਉਨ੍ਹਾਂ ਦੇ ਸਾਥੀ ਗੁਰਪ੍ਰੀਤ ਸਿੰਘ ਉਰਫ਼ ਬੱਬੂ ਨੇ ਬਣਾਈ ਸੀ, ਜੋ ਇਸ ਸਮੇਂ ਪਟਿਆਲਾ ਜੇਲ੍ਹ ਵਿੱਚ ਬੰਦ ਹੈ ਅਤੇ ਪੁਲਿਸ ਦੀ ਹਿਰਾਸਤ ਵਿੱਚ ਹੈ। ਉਨ੍ਹਾਂ ਕਿਹਾ ਕਿ ਜਾਂਚ ਵਿੱਚ ਪਤਾ ਲੱਗਾ ਹੈ ਕਿ ਮਾਸਟਰਮਾਈਂਡ ਗੁਰਪ੍ਰੀਤ ਸਿੰਘ ਉਰਫ਼ ਬੱਬੂ ਨੇ ਬਾਦਸ਼ਾਹਪੁਰ ਹਮਲੇ ਵਿੱਚ ਸ਼ਾਮਲ ਹੋਣ ਬਦਲੇ ਸੰਦੀਪ ਸਿੰਘ ਉਰਫ਼ ਦੀਪੂ ਨੂੰ 3–4 ਲੱਖ ਰੁਪਏ ਦੇਣ ਦਾ ਵਾਅਦਾ ਕੀਤਾ ਸੀ, ਜਦੋਂ ਕਿ ਹਰਮਨਪ੍ਰੀਤ ਸਿੰਘ ਉਰਫ਼ ਪ੍ਰੀਤ ਨੂੰ ਅਜੀਮਗੜ੍ਹ ਹਮਲੇ ਵਿੱਚ ਸਾਥ ਦੇਣ ਲਈ 10,000 ਰੁਪਏ ਦਿੱਤੇ ਗਏ ਸਨ।

ਏਆਈਜੀ ਨੇ ਕਿਹਾ ਕਿ ਅਗਲੇਰੀ ਜਾਂਚ ਜਾਰੀ ਹੈ ਅਤੇ ਆਉਣ ਵਾਲੇ ਦਿਨਾਂ ਵਿੱਚ ਹੋਰ ਗ੍ਰਿਫ਼ਤਾਰੀਆਂ ਅਤੇ ਬਰਾਮਦਗੀਆਂ ਹੋਣ ਦੀ ਸੰਭਾਵਨਾ ਹੈ। ਇਸ ਸਬੰਧੀ ਥਾਣਾ ਐਸਐਸਓਸੀ ਐਸਏਐਸ ਨਗਰ ਵਿਖੇ ਅਸਲਾ ਐਕਟ ਦੀਆਂ ਧਾਰਾਵਾਂ 25 (1) (ਬੀ) ਅਤੇ 61 (2) ਤਹਿਤ ਐਫਆਈਆਰ ਨੰਬਰ 11 ਮਿਤੀ 19/7/2025 ਨੂੰ ਕੇਸ ਦਰਜ ਕੀਤਾ ਗਿਆ ਹੈ, ਜਦੋਂ ਕਿ ਵਿਸਫੋਟਕ ਪਦਾਰਥ ਐਕਟ ਦੀਆਂ ਧਾਰਾਵਾਂ 4, 5 ਅਤੇ 6 ਬਾਅਦ ਵਿੱਚ ਨਾਲ ਜੋੜੀਆਂ ਗਈਆਂ ਹਨ।

# ਟਰੰਪ ਦੁਨੀਆਂ ਨੂੰ ਦੱਸਣ ਕਿ ਭਾਰਤ-ਪਾਕਿ ਜੰਗ ਦੌਰਾਨ 5 ਲੜਾਕੂ ਜਹਾਜ਼ ਕਿਸ ਦੇਸ਼ ਦੇ ਡੇਗੇ ਗਏ: ਤਿਵਾੜੀ



ਨਵੀਂ ਦਿੱਲੀ, 20 ਜੁਲਾਈ (ਚ.ਨ.ਸ.) : ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਦੇ ’5 ਲੜਾਕੂ ਜਹਾਜ਼ ਡੇਗੇ ਗਏ’ ਦੇ ਦਾਅਵੇ ’ਤੇ, ਕਾਂਗਰਸ ਦੇ ਸੰਸਦ ਮੈਂਬਰ ਮਨੀਸ਼ ਤਿਵਾੜੀ ਕਹਿੰਦੇ ਹਨ, ਆਖਰਕਾਰ, ਜੇ ਰਾਸ਼ਟਰਪਤੀ ਟਰੰਪ ਕਹਿੰਦੇ ਹਨ ਕਿ 5 ਜੈੱਟ ਡੇਗੇ ਗਏ ਹਨ, ਤਾਂ ਉਨ੍ਹਾਂ ਨੂੰ ਉਸ ਜਾਣਕਾਰੀ ਦਾ ਅਨੁਭਵੀ ਆਧਾਰ ਪ੍ਰਦਾਨ ਕਰਨਾ ਚਾਹੀਦਾ ਹੈ। ਨਾਲ ਹੀ ਉਹ ਲੜਾਕੂ ਜਹਾਜ਼ ਕਿਸ ਦੇਸ਼ ਦੇ ਸਨ, ਕਿਉਂਕਿ ਇਸ ਦੇ ਸਾਹਮਣੇ, ਇਹ ਇਕ ਬਹੁਤ ਹੀ ਦਲੇਰਾਨਾ ਬਿਆਨ ਹੈ ਜੋ ਉਨ੍ਹਾਂ ਨੇ ਦਿੱਤਾ ਹੈ...ਅਸੀਂ ਪਾਕਿਸਤਾਨ ਨਾਲ ਟਕਰਾਅ ਦੀ ਸਥਿਤੀ ਵਿਚ ਸੀ।

ਭਾਰਤ ਨੇ ਨਿਰਧਾਰਤ ਟਿਕਾਣਿਆਂ ਅਤੇ ਸਿਖਲਾਈ ਕੇਂਦਰਾਂ ’ਤੇ ਸਟੀਕ ਹਮਲੇ ਕੀਤੇ। ਇਸ ਲਈ, ਅਸੀਂ ਸਵੈ–ਰੱਖਿਆ ਵਿਚ ਕਾਰਵਾਈ ਕੀਤੀ। ਜੇ ਰਾਸ਼ਟਰਪਤੀ ਟਰੰਪ ਕਹਿੰਦੇ ਹਨ, ਕਿ ਉਸ ਸੰਘਰਸ਼ ਦੌਰਾਨ 5 ਲੜਾਕੂ ਜਹਾਜ਼ ਡੇਗੇ ਗਏ ਸਨ, ਤਾਂ ਇਹ ਰਾਸ਼ਟਰਪਤੀ ਟਰੰਪ ਦੀ ਜ਼ਿੰਮੇਵਾਰੀ ਹੈ ਕਿ ਉਹ ਦੁਨੀਆ ਨੂੰ ਦੱਸਣ ਕਿ ਉਹ ਲੜਾਕੂ ਜਹਾਜ਼ ਕਿਸ ਦੇਸ਼ ਦੇ ਸਨ।’ਚੀਨ ਦਾ ਸਵਾਲ ਵੀ ਹੈ, ਉਨ੍ਹਾਂ ਪਾਬੰਦੀਆਂ ਦਾ ਵੀ ਸਵਾਲ ਹੈ ਜੋ ਯੂਰਪੀ ਸੰਘ ਨੇ ਭਾਰਤ ਵਿਚ ਕੁਝ ਰਿਫਾਇਨਰੀਆਂ ’ਤੇ ਲਗਾਈਆਂ ਹਨ ਜਿੱਥੇ ਰੂਸ ਦਾ ਬਹੁਤ ਵੱਡਾ ਹਿੱਸਾ ਹੈ। ਇਸ ਲਈ, ਸਾਡੇ ਆਂਢ–ਗੁਆਂਢ ਵਿਚ ਵਿਦੇਸ਼ ਨੀਤੀ ਦੇ ਨਾਲ–ਨਾਲ ਸਾਡੇ ਰਣਨੀਤਕ ਅਤੇ ਰਣਨੀਤਕ ਸਿਧਾਂਤਾਂ ਦੋਵਾਂ ਨਾਲ ਜੁੜੇ ਸਵਾਲਾਂ ਦੀ ਇਕ ਪੂਰੀ ਲੜੀ ਹੈ। ਇਸ ਲਈ, ਇਹ ਸਭ ਸੰਸਦ ਇਜਲਾਸ ਦੌਰਾਨ ਉਠਾਇਆ ਜਾਵੇਗਾ।

# ਕੇਜਰੀਵਾਲ ਤੇ ਸੰਜੈ ਸਿੰਘ ਵੱਲੋਂ ਧਨਖੜ ਨਾਲ ਮੁਲਾਕਾਤ

## ਉਪ ਰਾਸ਼ਟਰਪਤੀ ਦੀ ਸਿਹਤ ਦਾ ਹਾਲ ਜਾਣਿਆ



ਨਵੀਂ ਦਿੱਲੀ, 20 ਜੁਲਾਈ (ਚ.ਨ.ਸ.) : ਆਮ ਆਦਮੀ ਪਾਰਟੀ (ਆਪ) ਸੁਪਰੀਮੋ ਅਰਵਿੰਦ ਕੇਜਰੀਵਾਲ ਅਤੇ ਰਾਜ ਸਭਾ ਸੰਸਦ ਮੈਂਬਰ ਸੰਜੈ ਸਿੰਘ ਨੇ ਸੰਸਦ ਦੇ ਮੌਨਸੂਨ ਇਜਲਾਸ ਤੋਂ ਇੱਕ ਦਿਨ ਪਹਿਲਾਂ ਅੱਜ ਇੱਥੇ ਉਪ ਰਾਸ਼ਟਰਪਤੀ ਜਗਦੀਪ ਧਨਖੜ ਨਾਲ ਉਨ੍ਹਾਂ ਦੀ ਰਿਹਾਇਸ਼ ’ਤੇ ਮੁਲਾਕਾਤ ਕੀਤੀ।

ਕੇਜਰੀਵਾਲ ਨੇ ਐਕਸ ’ਤੇ ਇੱਕ ਪੋਸਟ ਵਿੱਚ ਕਿਹਾ, ‘‘ਭਾਰਤ ਦੇ ਮਾਣਯੋਗ ਉਪ ਰਾਸ਼ਟਰਪਤੀ ਦੀ ਸਿਹਤ ਦਾ ਹਾਲ–ਚਾਲ ਜਾਣਿਆ। ਮੈਂ ਉਨ੍ਹਾਂ ਦੀ ਲੰਬੀ ਅਤੇ ਸਿਹਤਮੰਦ ਜ਼ਿੰਦਗੀ ਲਈ ਪ੍ਰਮਾਤਮਾ ਅੱਗੇ ਪ੍ਰਾਰਥਨਾ ਕਰਦਾ ਹਾਂ।’’

ਉਪ ਰਾਸ਼ਟਰਪਤੀ ਨੇ ਵੀ ਐਕਸ ’ਤੇ ਇਸ ਮੁਲਾਕਾਤ ਦੀ ਪੁਸ਼ਟੀ ਕੀਤੀ ਹੈ। ਸੰਸਦ ਦਾ ਮੌਨਸੂਨ ਇਜਲਾਸ ਸੋਮਵਾਰ ਤੋਂ ਸ਼ੁਰੂ ਹੋਵੇਗਾ ਅਤੇ ਇਸ ਦੌਰਾਨ ਵਿਰੋਧੀ ਧਿਰ ਵੱਲੋਂ ਕਈ ਭਖ਼ਵੇਂ ਮੁੱਦੇ ਚੁੱਕੇ ਜਾਣ ਦੀ ਸੰਭਾਵਨਾ ਹੈ।

ਕੇਂਦਰ ਸਰਕਾਰ ਨੇ ਸੰਸਦ ਵਿੱਚ ਵੱਖ–ਵੱਖ ਪਾਰਟੀਆਂ ਤੋਂ ਸਹਿਯੋਗ ਲੈਣ ਲਈ ਅੱਜ ਇੱਕ ਸਰਬ–ਪਾਰਟੀ ਮੀਟਿੰਗ ਕੀਤੀ।

# ਝਗੜੇ ਮਗਰੋਂ ਪਤੀ ਦਾ ਗਲ਼ ਵੱਢ ਕੇ ਫਰਾਰ ਹੋਈ ਪਤਨੀ !

ਸਰਾਏਕੇਲਾ, 20 ਜੁਲਾਈ (ਚ.ਨ.ਸ.) : ਪਿਛਲੇ ਕੁਝ ਦਿਨਾਂ ’ਚ ਪਤਨੀਆਂ ਵੱਲੋਂ ਆਪਣੇ ਪਤੀਆਂ ਨੂੰ ਮਾਰਨ ਦੀਆਂ ਖ਼ਬਰਾਂ ਨੇ ਸਭ ਨੂੰ ਹੈਰਾਨ ਕਰ ਦਿੱਤਾ ਹੈ। ਮਰਦਾਂ ਦਾ ਸਮਾਜ ਵਿੱਚ ਡਰ ਦਾ ਮਾਹੌਲ ਪੈਦਾ ਹੋ ਗਿਆ ਹੈ। ਇਸ ਦੌਰਾਨ, ਝਾਰਖੰਡ ਦੇ ਸਰਾਏਕੇਲਾ–ਖਰਸਾਵਨ ਵਿੱਚ, ਇੱਕ ਔਰਤ ਨੇ ਵੀ ਆਪਣੇ ਪਤੀ ਦੀ ਹੱਤਿਆ ਕਰ ਦਿੱਤੀ।

ਮਾਮਲਾ ਜ਼ਿਲ੍ਹੇ ਦੇ ਆਦਿਤਿਆਪੁਰ ਥਾਣਾ ਖੇਤਰ ਦੇ ਸਤਬਹਿਨੀ ਧੀਰਜ ਗੰਜ ਇਲਾਕੇ ਦਾ ਹੈ। ਦੱਸਿਆ ਜਾ ਰਿਹਾ ਹੈ ਕਿ 14 ਜੁਲਾਈ ਤੋਂ ਮ੍ਰਿਤਕ ਰਾਜੇਸ਼ ਆਪਣੀ ਪਤਨੀ ਅਤੇ ਬੱਚਿਆਂ ਨਾਲ ਕਿਰਾਏ ਦੇ ਮਕਾਨ ਵਿੱਚ ਰਹਿ ਰਿਹਾ ਸੀ। ਗੁਆਂਢੀਆਂ ਦੇ ਅਨੁਸਾਰ, ਪਤੀ–ਪਤਨੀ ਵਿੱਚ ਅਕਸਰ ਝਗੜਾ ਹੁੰਦਾ ਰਹਿੰਦਾ ਸੀ। ਇਸ ਦੌਰਾਨ, ਸ਼ਨੀਵਾਰ ਨੂੰ, ਜਦੋਂ ਘਰ ਵਿੱਚੋਂ ਬਦਬੂ ਆਉਣ ਲੱਗੀ, ਤਾਂ ਗੁਆਂਢੀਆਂ ਨੇ ਘਰ ਦਾ ਦਰਵਾਜ਼ਾ ਖੋਲ੍ਹਿਆ ਅਤੇ ਦੇਖਿਆ ਕਿ ਰਾਜੇਸ਼ ਦੀ ਲਾਸ਼ ਖੂਨ ਨਾਲ ਲੱਥਪੱਥ ਪਈ ਸੀ। ਘਟਨਾ ਬਾਰੇ ਪੁਲਿਸ ਨੂੰ ਸੂਚਿਤ ਕੀਤਾ ਗਿਆ। ਸੂਚਨਾ ਮਿਲਣ ਤੋਂ ਬਾਅਦ, ਪੁਲਿਸ ਮੌਕੇ ’ਤੇ ਪਹੁੰਚੀ ਅਤੇ ਲਾਸ਼ ਨੂੰ ਪੋਸਟਮਾਰਟਮ ਲਈ ਭੇਜ ਦਿੱਤਾ। ਇਸ ਦੇ ਨਾਲ ਹੀ ਪੁਲਿਸ ਨੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ।

ਹੈਰਾਨ ਕਰਨ ਵਾਲੀ ਗੱਲ ਇਹ ਹੈ ਕਿ ਘਟਨਾ ਤੋਂ ਬਾਅਦ ਮ੍ਰਿਤਕ ਰਾਜੇਸ਼ ਦੀ ਪਤਨੀ ਬੱਚਿਆਂ ਸਮੇਤ ਫਰਾਰ ਹੋ ਗਈ ਹੈ, ਜਿਸ ਤੋਂ ਬਾਅਦ ਇਹ ਅੰਦਾਜ਼ਾ ਲਗਾਇਆ ਜਾ ਰਿਹਾ ਹੈ ਕਿ ਪਤਨੀ ਨੇ ਆਪਣੇ ਪਤੀ ਦਾ ਗਲਾ ਵੱਢ ਕੇ ਕਤਲ ਕਰ ਦਿੱਤਾ ਹੈ। ਇਸ ਦੇ ਨਾਲ ਹੀ ਮ੍ਰਿਤਕ ਕੋਲਾਬੀਰਾ ਸਥਿਤ ਡੀਡੀ ਸਟੀਲ ਵਿੱਚ ਲੈਬ ਟੈਕਨੀਸ਼ੀਅਨ ਵਜੋਂ ਕੰਮ ਕਰਦਾ ਸੀ।

# ਮੁੱਖ ਮੰਤਰੀ ਦਾ ਮਿਸ਼ਨ ਗਿਆਨ ਜਾਰੀ; ਪੰਜਾਬ ਵਾਸੀਆਂ ਨੂੰ ਨਵੀਂ ਲਾਇਬ੍ਰੇਰੀ ਸਮਰਪਿਤ






ਧੂਰੀ, 20 ਜੁਲਾਈ, (ਰਾਜੇਸ਼ਵਰ ਪਿੰਟੂ, ਅਮਨ ਗਰਗ) : ਨੌਜਵਾਨਾਂ ਵਿੱਚ ਪੜ੍ਹਨ ਦੀਆਂ ਰੁਚੀਆਂ ਪੈਦਾ ਕਰਨ ਲਈ ਮਿਸ਼ਨ ਗਿਆਨ ਜਾਰੀ ਰੱਖਦੇ ਹੋਏ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਇੱਥੇ ਨਵੀਂ ਬਣੀ ਜਨਤਕ ਲਾਇਬ੍ਰੇਰੀ ਸ਼ਹਿਰ ਵਾਸੀਆਂ ਨੂੰ ਸਮਰਪਿਤ ਕੀਤੀ।

ਮੁੱਖ ਮੰਤਰੀ ਨੇ ਕਿਹਾ ਕਿ ਉਹ ਅੱਜ ਇੱਥੇ 1.59 ਕਰੋੜ ਰੁਪਏ ਦੀ ਲਾਗਤ ਨਾਲ ਬਣੀ ਇਸ ਨਵੀਂ ਜਨਤਕ ਲਾਇਬ੍ਰੇਰੀ ਦਾ ਉਦਘਾਟਨ ਕਰਨ ਲਈ ਆ ਕੇ ਬਹੁਤ ਮਾਣ ਮਹਿਸੂਸ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਇਸ ਦੋ ਮੰਜ਼ਿਲਾ ਇਮਾਰਤ ਦਾ ਖੇਤਰ 3,710 ਵਰਗ ਫੁੱਟ ਹੈ ਅਤੇ ਇਹ ਵਾਈ-ਫਾਈ, ਸੂਰਜੀ ਊਰਜਾ ਡਿਜੀਟਲ ਐਨਾਲਾਗ ਅਤੇ ਹੋਰ ਉੱਚ ਪੱਧਰੀ ਸਹੂਲਤਾਂ ਨਾਲ ਲੈਸ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਲਾਇਬ੍ਰੇਰੀ ਵਿੱਚ ਸਮਕਾਲੀ ਸਾਹਿਤ ਅਤੇ ਪਾਠਕ੍ਰਮ ਦੀਆਂ ਕਿਤਾਬਾਂ ਤੇ ਵਿਸ਼ਵ ਪੱਧਰੀ ਪੁਸਤਕਾਂ ਹਨ, ਜੋ ਸਿੱਖਣ ਦਾ ਅਮੀਰ ਤਜਰਬਾ ਮੁਹੱਈਆ ਕਰਦੀਆਂ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਅਜਿਹੀਆਂ ਲਾਇਬ੍ਰੇਰੀਆਂ ਗਿਆਨ ਅਤੇ ਸਾਹਿਤ ਦਾ ਅਸਲ ਭੰਡਾਰ ਹਨ ਅਤੇ ਇਹ ਸਾਡੇ ਸਾਰਿਆਂ ਲਈ ਬਹੁਤ ਮਾਣ ਵਾਲੀ ਗੱਲ ਹੈ ਕਿ ਇਨ੍ਹਾਂ ਅਤਿ-ਆਧੁਨਿਕ ਲਾਇਬ੍ਰੇਰੀਆਂ ਵਿੱਚ ਵੱਖ-ਵੱਖ ਵਿਸ਼ਿਆਂ ’ਤੇ ਕੀਮਤੀ ਕਿਤਾਬਾਂ ਹਨ, ਜੋ ਪੁਸਤਕ ਪ੍ਰੇਮੀਆਂ ਨੂੰ ਆਕਰਸ਼ਿਤ ਕਰਦੀਆਂ ਹਨ। ਉਨ੍ਹਾਂ ਕਿਹਾ ਕਿ ਇਹ ਪਹਿਲਕਦਮੀ ਪੇਂਡੂ ਖੇਤਰਾਂ ਵਿੱਚ ਸਿੱਖਿਆ, ਸਾਖਰਤਾ ਅਤੇ ਭਾਈਚਾਰਕ ਸਾਂਝ ਨੂੰ ਉਤਸ਼ਾਹਿਤ ਕਰਨ ਵੱਲ ਵੱਡਾ ਕਦਮ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੇਂਡੂ ਖੇਤਰਾਂ ਵਿੱਚ ਜਨਤਕ ਲਾਇਬ੍ਰੇਰੀਆਂ ਗਿਆਨ ਦੇ ਚਾਨਣ ਮੁਨਾਰੇ ਸਾਬਤ ਹੋ ਰਹੀਆਂ ਹਨ ਅਤੇ ਸਾਡਾ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਪੰਜਾਬ ਦਾ ਹਰ ਨਾਗਰਿਕ ਇਨ੍ਹਾਂ ਤੋਂ ਲਾਭ ਉਠਾ ਸਕੇ।

ਮੁੱਖ ਮੰਤਰੀ ਨੇ ਕਿਹਾ ਕਿ ਇਹ ਲਾਇਬ੍ਰੇਰੀਆਂ ਨੌਜਵਾਨਾਂ ਵਿੱਚ ਪੜ੍ਹਨ ਦੀਆਂ ਰੁਚੀਆਂ ਨੂੰ ਉਤਸ਼ਾਹਿਤ ਕਰਨ ਅਤੇ ਉਨ੍ਹਾਂ ਦੇ ਅਕਾਦਮਿਕ ਅਤੇ ਨਿੱਜੀ ਵਿਕਾਸ ਵਿੱਚ ਯੋਗਦਾਨ ਪਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਇਹ ਲਾਇਬ੍ਰੇਰੀਆਂ ਕਮਿਊਨਿਟੀ ਹੱਬ ਵਜੋਂ ਕੰਮ ਕਰਦੀਆਂ ਹਨ, ਜਿੱਥੇ ਸਿੱਖਣ, ਸੰਵਾਦ ਅਤੇ ਸੱਭਿਆਚਾਰਕ ਆਦਾਨ-ਪ੍ਰਦਾਨ ਲਈ ਅਨੁਕੂਲ ਵਾਤਾਵਰਣ ਮੁਹੱਈਆ ਕੀਤਾ ਜਾਂਦਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੇਂਡੂ ਖੇਤਰਾਂ ਵਿੱਚ ਇਹ ਲਾਇਬ੍ਰੇਰੀਆਂ, ਵਿਦਿਅਕ ਸਰੋਤਾਂ ਤੱਕ ਪਹੁੰਚ ਵਿਚਲੇ ਪਾੜੇ ਨੂੰ ਦੂਰ ਕਰਦੀਆਂ ਹਨ ਅਤੇ ਇਹ ਯਕੀਨੀ ਬਣਾਉਂਦੀਆਂ ਹਨ ਕਿ ਹਰ ਕਿਸੇ ਨੂੰ ਸਿੱਖਣ ਤੇ ਅੱਗੇ ਵਧਣ ਦਾ ਮੌਕਾ ਮਿਲੇ।

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਪਹਿਲਾਂ ਹੀ ਹਰੇਕ ਵਿਧਾਨ ਸਭਾ ਹਲਕੇ ਵਿੱਚ ਆਧੁਨਿਕ ਲਾਇਬ੍ਰੇਰੀਆਂ ਸਥਾਪਤ ਕਰਨ ਦੀ ਯੋਜਨਾ ਲਾਗੂ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਇਹ ਲਾਇਬ੍ਰੇਰੀਆਂ ਡਿਜੀਟਲ ਤੌਰ ’ਤੇ ਆਪਸ ਵਿੱਚ ਜੁੜੀਆਂ ਹੋਈਆਂ ਹਨ ਅਤੇ ਹਾਈ-ਸਪੀਡ ਇੰਟਰਨੈੱਟ ਨਾਲ ਲੈਸ ਹਨ। ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਉਨ੍ਹਾਂ ਦੇ ਅਕਾਦਮਿਕ ਅਤੇ ਕਰੀਅਰ ਵਿੱਚ ਸਹਾਇਤਾ ਕਰਨ ਲਈ ਇਨ੍ਹਾਂ ਲਾਇਬ੍ਰੇਰੀਆਂ ਵਿੱਚ ਸਿਖਲਾਈ ਪ੍ਰਾਪਤ ਲਾਇਬ੍ਰੇਰੀਅਨ ਉਪਲਬਧ ਹਨ। ਭਗਵੰਤ ਸਿੰਘ ਮਾਨ ਨੇ ਵਿਦਿਆਰਥੀਆਂ, ਮਾਪਿਆਂ ਅਤੇ ਭਾਈਚਾਰੇ ਦੇ ਮੈਂਬਰਾਂ ਨੂੰ ਸਿੱਖਣ, ਖੋਜ ਅਤੇ ਸਵੈ-ਵਿਕਾਸ ਲਈ ਲਾਇਬ੍ਰੇਰੀਆਂ ਦੀ ਸਰਗਰਮੀ ਨਾਲ ਵਰਤੋਂ ਕਰਨ ਦੀ ਅਪੀਲ ਵੀ ਕੀਤੀ।

# ਮੁੱਖ ਮੰਤਰੀ ਨੇ ਹਜ਼ਾਰਾਂ ਹੋਰ ਲੋਕਾਂ ਨਾਲ ਮਿਲ ਕੇ ਮੈਰਾਥਨ ਦੌੜਾਕ ਫ਼ੌਜਾ ਸਿੰਘ ਨੂੰ ਦਿੱਤੀ ਅੰਤਿਮ ਵਿਦਾਈ

## ਫੌਜਾ ਸਿੰਘ ਦੀ ਸਖ਼ਤ ਮਿਹਨਤ, ਸਮਰਪਣ ਅਤੇ ਲਗਨ ਹਮੇਸ਼ਾ ਨੌਜਵਾਨ ਪੀੜ੍ਹੀਆਂ ਨੂੰ ਪ੍ਰੇਰਿਤ ਕਰੇਗੀ : ਮਾਨ



ਬਿਆਸ (ਜਲੰਧਰ), 20 ਜੁਲਾਈ (ਸਤੀਸ਼ ਜੌੜਾ, ਸੋਹਣ ਲਾਲ) : ਵਿਸ਼ਵ ਪ੍ਰਸਿੱਧ ਮੈਰਾਥਨ ਦੌੜਾਕ ਫੌਜਾ ਸਿੰਘ ਦੇ ਜੱਦੀ ਪਿੰਡ ਵਿਖੇ ਅੱਜ ਉਨ੍ਹਾਂ ਦੇ ਅੰਤਿਮ ਸਸਕਾਰ ਮੌਕੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਹਜ਼ਾਰਾਂ ਲੋਕਾਂ ਨੇ ਉਨ੍ਹਾਂ ਨੂੰ ਹੰਝੂਆਂ ਭਰੀ ਅੰਤਿਮ ਵਿਦਾਈ ਦਿੱਤੀ।

ਮੁੱਖ ਮੰਤਰੀ ਨੇ ਫੌਜਾ ਸਿੰਘ ਦੀ ਦੇਹ ’ਤੇ ਫੁੱਲ ਮਾਲਾਵਾਂ ਭੇਟ ਕੀਤੀਆਂ ਅਤੇ ਅੰਤਰਰਾਸ਼ਟਰੀ ਮੈਰਾਥਨ ਦੌੜਾਕ ਦੇ ਦੇਹਾਂਤ ’ਤੇ ਡੂੰਘਾ ਦੁੱਖ ਪ੍ਰਗਟ ਕੀਤਾ। ਫੌਜਾ ਸਿੰਘ ਦਾ 14 ਜੁਲਾਈ ਨੂੰ ਆਪਣੇ ਪਿੰਡ ਵਿੱਚ ਸੜਕ ਪਾਰ ਕਰਦੇ ਸਮੇਂ ਇੱਕ ਤੇਜ਼ ਰਫ਼ਤਾਰ ਵਾਹਨ ਦੀ ਟੱਕਰ ਕਾਰਨ ਦੇਹਾਂਤ ਹੋ ਗਿਆ ਸੀ। ਭਗਵੰਤ ਸਿੰਘ ਮਾਨ ਨੇ ਮ੍ਰਿਤਕ ਮੈਰਾਥਨ ਦੌੜਾਕ ਦੀਆਂ ਖੇਡਾਂ ਦੇ ਖੇਤਰ ਵਿੱਚ ਸ਼ਾਨਦਾਰ ਸੇਵਾਵਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਉਨ੍ਹਾਂ ਦੀ ਸਖ਼ਤ ਮਿਹਨਤ, ਸਮਰਪਣ ਅਤੇ ਲਗਨ ਹਮੇਸ਼ਾ ਨੌਜਵਾਨ ਪੀੜ੍ਹੀ ਨੂੰ ਖੇਡਾਂ ਦੇ ਖੇਤਰ ਵਿੱਚ ਸਖ਼ਤ ਮਿਹਨਤ ਕਰਨ ਲਈ ਪ੍ਰੇਰਿਤ ਕਰੇਗੀ। ਉਨ੍ਹਾਂ ਕਿਹਾ ਕਿ 114 ਸਾਲਾ ਫੌਜਾ ਸਿੰਘ ਦੁਨੀਆਂ ਦੇ ਸਭ ਤੋਂ ਬਜ਼ੁਰਗ ਮੈਰਾਥਨ ਦੌੜਾਕ ਸਨ ਅਤੇ ਆਪਣੀ ਵਚਨਬੱਧਤਾ ਨਾਲ ਸਬਰ ਤੇ ਸੰਤੋਖ ਦੇ ਪ੍ਰਤੀਕ ਵਜੋਂ ਉਭਰੇ ਸਨ।

ਮੁੱਖ ਮੰਤਰੀ ਨੇ ਕਿਹਾ ਕਿ ਖੇਡ ਭਾਈਚਾਰਾ ਹਮੇਸ਼ਾ ਸਵਰਗੀ ਫੌਜਾ ਸਿੰਘ ਦਾ ਰਿਣੀ ਰਹੇਗਾ, ਜਿਨ੍ਹਾਂ ਨੇ ਆਪਣੀ ਉਮਰ ਨੂੰ ਪਛਾੜ ਕੇ ਅੰਤਰਰਾਸ਼ਟਰੀ ਪੱਧਰ ’ਤੇ ਅਥਲੈਟਿਕਸ ਨੂੰ ਨਵੀਆਂ ਉਚਾਈਆਂ ’ਤੇ ਲੈ ਜਾਣ ਵਿੱਚ ਵੱਡਾ ਯੋਗਦਾਨ ਪਾਇਆ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਫੌਜਾ ਸਿੰਘ ਦੀ ਮੌਤ ਨੇ ਪੂਰੀ ਦੁਨੀਆਂ ਨੂੰ ਸੋਗ ਵਿੱਚ ਡੋਬ ਦਿੱਤਾ ਹੈ। ਕਿਉਂਕਿ ਉਹ ਵਚਨਬੱਧਤਾ ਅਤੇ ਸਖ਼ਤ ਮਿਹਨਤ ਦੇ ਪ੍ਰਤੀਕ ਸਨ। ਉਨ੍ਹਾਂ ਕਿਹਾ ਕਿ ਆਪਣੀਆਂ ਲੰਬੀ ਦੂਰੀ ਦੀਆਂ ਦੌੜਾਂ ਰਾਹੀਂ ਸਵਰਗੀ ਫੌਜਾ ਸਿੰਘ ਨੇ ਪੰਜਾਬ ਅਤੇ ਖਾਸ ਕਰਕੇ ਦੁਨੀਆਂ ਭਰ ਦੇ ਸਿੱਖ ਭਾਈਚਾਰੇ ਦਾ ਨਾਮ ਰੌਸ਼ਨ ਕੀਤਾ।

ਮੁੱਖ ਮੰਤਰੀ ਨੇ ਕਿਹਾ ਕਿ ਫੌਜਾ ਸਿੰਘ ਜੀ ਖੇਡ ਪ੍ਰੇਮੀਆਂ ਦੇ ਦਿਲਾਂ ਅਤੇ ਯਾਦਾਂ ਵਿੱਚ ਹਮੇਸ਼ਾ ਜ਼ਿੰਦਾ ਰਹਿਣਗੇ ਅਤੇ ਸਾਨੂੰ ਸਿਹਤਮੰਦ ਜੀਵਨ ਜਿਊਣ ਲਈ ਪ੍ਰੇਰਿਤ ਕਰਨਗੇ। ਉਨ੍ਹਾਂ ਸਪੱਸ਼ਟ ਤੌਰ ’ਤੇ ਕਿਹਾ ਕਿ ਇਸ ਮਹਾਨ ਅਥਲੀਟ ਦੀ ਮੌਤ ਨਾਲ ਪੈਦਾ ਹੋਏ ਖਲਾਅ ਨੂੰ ਨੇੜ ਭਵਿੱਖ ਵਿੱਚ ਭਰਨਾ ਮੁਸ਼ਕਲ ਹੈ। ਉਨ੍ਹਾਂ ਕਿਹਾ ਕਿ ਉਨ੍ਹਾਂ ਦੇ ਮਹਾਨ ਯੋਗਦਾਨ ਨੂੰ ਸਤਿਕਾਰ ਭੇਟ ਕਰਦਿਆਂ ਸੂਬਾ ਸਰਕਾਰ ਉਨ੍ਹਾਂ ਦੇ ਪਿੰਡ ਦੇ ਸਕੂਲ ਦਾ ਨਾਮ ਉਨ੍ਹਾਂ ਦੇ ਨਾਮ ’ਤੇ ਰੱਖੇਗੀ ਅਤੇ ਪਿੰਡ ਦੇ ਸਟੇਡੀਅਮ ਅਤੇ ਸਪੋਰਟਸ ਕਾਲਜ, ਜਲੰਧਰ ਵਿੱਚ ਉਨ੍ਹਾਂ ਦੇ ਬੁੱਤ ਲਗਾਏਗੀ। ਪਰਿਵਾਰਕ ਮੈਂਬਰਾਂ ਨਾਲ ਦਿਲੀ ਹਮਦਰਦੀ ਪ੍ਰਗਟ ਕਰਦਿਆਂ ਭਗਵੰਤ ਸਿੰਘ ਮਾਨ ਨੇ ਪਰਮਾਤਮਾ ਅੱਗੇ ਅਰਦਾਸ ਕੀਤੀ ਕਿ ਉਹ ਇਸ ਵੱਡੇ ਘਾਟੇ ਨੂੰ ਸਹਿਣ ਕਰਨ ਦਾ ਬਲ ਬਖਸ਼ਣ ਅਤੇ ਵਿੱਛੜੀ ਆਤਮਾ ਨੂੰ ਸ਼ਾਂਤੀ ਦੇਣ।

ਮੁੱਖ ਮੰਤਰੀ ਦੇ ਨਾਲ ਕੈਬਨਿਟ ਮੰਤਰੀ ਮਹਿੰਦਰ ਭਗਤ ਅਤੇ ਹੋਰ ਪਤਵੰਤੇ ਵੀ ਮੌਜੂਦ ਸਨ।

# ਜ਼ਿਮਨੀ ਚੋਣ ਨੂੰ ਲੈ ਕੇ ਸਿਆਸੀ ਦਲ ਹੋਏ ਪੱਬਾਂ-ਭਾਰ

ਅੰਮ੍ਰਿਤਸਰ, 20 ਜੁਲਾਈ, (ਗੁਰਦਿਆਲ ਸਿੰਘ) : ਭਾਵੇਂ ਚੋਣ ਕਮਿਸ਼ਨ ਵੱਲੋਂ ਅਜੇ ਜ਼ਿਮਨੀ ਚੋਣ ਦੀ ਤਰੀਕ ਦਾ ਐਲਾਨ ਅਜੇ ਨਹੀਂ ਕੀਤਾ ਗਿਆ। ਪਰ ਸਿਆਸੀ ਪਾਰਟੀਆਂ ਵੱਲੋਂ ਚੋਣ ਮੈਦਾਨ ਭਖਿਆ ਹੈ। ਹਰਮੀਤ ਸਿੰਘ ਸੰਧੂ ਇੱਥੋਂ ਤਿੰਨ ਵਾਰ ਵਿਧਾਇਕ ਚੁਣੇ ਗਏ ਹਨ। ਇੱਕ ਵਾਰ ਆਜ਼ਾਦ ਜੇਤੂ ਰਹੇ ਦੋ ਵਾਰ ਸ਼੍ਰੋਮਣੀ ਅਕਾਲੀ ਦਲ ਦੀ ਟਿਕਟ ’ਤੇ ਜਿੱਤੇ। ਉਹ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਪੰਜਾਬ ਦੇ ਇੰਚਾਰਜ ਮਨੀਸ਼ ਸਿਸੋਦੀਆ ਦੀ ਹਾਜ਼ਰੀ ਵਿੱਚ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ। ਪਰ ਉੱਧਰ ਸ਼੍ਰੋਮਣੀ ਅਕਾਲੀ ਦਲ ਤੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਝਬਾਰ ਵਾਲੀ ਵਿੱਚ ਵਿਧਾਨ ਸਭਾ ਦੀ ਜ਼ਿਮਨੀ ਚੋਣ ਲਈ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਉਮੀਦਵਾਰ ਪ੍ਰਿੰਸੀਪਲ ਸੁਖਵਿੰਦਰ ਕੌਰ ਰੰਧਾਵਾ ਦੇ ਗਲ ਵਿੱਚ ਸਿਰੋਪਾਓ ਪਾ ਕੇ ਐਲਾਨ ਦਿੱਤਾ ਹੈ। ਕਾਂਗਰਸ ਪਾਰਟੀ ਵਾਲੇ ਥਾਂ-ਥਾਂ ਮੀਟਿੰਗਾਂ ਕਰ ਰਹੇ ਹਨ ਅਤੇ ਰਾਜਵੀਰ ਭੁੱਲਰ ਸਰਗਰਮ ਦਿਖਾਈ ਦੇ ਰਹੇ ਹਨ। ਭਾਰਤੀ ਜਨਤਾ ਪਾਰਟੀ ਵਾਲੇ ਵਾਲਿਆਂ ਨੇ ਜ਼ਿਮਨੀ ਚੋਣ ਲਈ ਸੋਮ ਪ੍ਰਕਾਸ਼ ਸਾਬਕਾ ਕੇਂਦਰੀ ਮੰਤਰੀ ਨੂੰ ਕੁਆਰਡੀਨੇਟਰ ਲਾ ਦਿੱਤਾ ਗਿਆ ਹੈ। ਇਸ ਹਲਕੇ ਦੀ ਜ਼ਿਮਨੀ ਚੋਣ ਡਾਕਟਰ ਕਸ਼ਮੀਰ ਸਿੰਘ ਸੋਹਲ ਵਿਧਾਇਕ ਆਮ ਆਦਮੀ ਪਾਰਟੀ ਦੇ ਅਚਾਨਕ ਅਕਾਲ ਚਲਾਣਾ ਕਰਨ ਕਰਕੇ ਖਾਲੀ ਹੋਈ ਸੀ ਤਰਨ ਤਰਨ ਵਿਧਾਨ ਸਭਾ ਦੀ ਸੀਟ ਡਾਕਟਰ ਕਸ਼ਮੀਰ ਸਿੰਘ ਸੋਹਲ ਦੇ ਅਕਾਲ ਚਲਾਣਾ ਕਰਨ ਕਰਕੇ ਖਾਲੀ ਹੋ ਗਈ ਚੋਣ ਕਮਿਸ਼ਨਰ ਵੱਲੋਂ ਤਰੀਕ ਅਜੇ ਐਲਾਨੀ ਨਹੀਂ ਗਈ। ਪਰ ਸ਼੍ਰੋਮਣੀ ਅਕਾਲੀ ਦਲ ਬਾਦਲ ਨੇ ਪਹਿਲ ਕਦਮੀ ਕਰਦਿਆਂ ਝਬਾਲ ਦਾਣਾ ਮੰਡੀ ਵਿਖੇ ਆਜਾਦ ਗਰੁੱਪ ਨੇ ਭਾਰੀ ਰੈਲੀ ਕਰਕੇ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਲ ਹੋਣ ਐਲਾਨ ਕਰ ਦਿੱਤਾ। ਇਸ ਰੈਲੀ ਵਿੱਚ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਤਰਨ ਤਰਨ ਵਿਧਾਨ ਸਭਾ ਦੀ ਜ਼ਿਮਨੀ ਚੋਣ ਲਈ ਪ੍ਰਿੰਸੀਪਲ ਸੁਖਵਿੰਦਰ ਕੌਰ ਰੰਧਾਵਾ ਦੇ ਗਲ ਵਿੱਚ ਸਰੋਪਾ ਪਾ ਕੇ ਉਮੀਦਵਾਰ ਲਾ ਦਿੱਤਾ। ਸ਼੍ਰੋਮਣੀ ਅਕਾਲੀ ਦਲ ਵੱਲੋਂ ਅਗਾਊਂ ਉਮੀਦਵਾਰ ਐਲਾਨ ਕਰਨ ਕਰਕੇ ਸਾਰੀਆਂ ਪਾਰਟੀਆਂ ਮੂੰਹ ਵਿੱਚ ਉਂਗਲਾਂ ਪਾਉਣ ਲਈ ਮਜਬੂਰ ਹੋ ਗਈਆਂ ਹਨ। ਭਾਵੇਂ ਹਰਮੀਤ ਸਿੰਘ ਸੰਧੂ ਇੱਥੋਂ ਤਿੰਨ ਵਾਰ ਵਿਧਾਇਕ ਚੁਣੇ ਗਏ ਹਨ। ਇੱਕ ਵਾਰ ਆਜ਼ਾਦ ਜਿੱਤੇ ਦੋ ਵਾਰ ਸ਼੍ਰੋਮਣੀ ਅਕਾਲੀ ਦਲ ਬਾਦਲ ਜਿਹੜੇ ਤੇ ਜੇਤੂ ਰਹੇ। ਪਰ ਅਚਾਨਕ ਸ਼੍ਰੋਮਣੀ ਅਕਾਲੀ ਦਲ ਦੀ ਮੁਢਲੀ ਮੈਂਬਰਸ਼ਿਪ ਤੋਂ ਅਸਤੀਫਾ ਦੇ ਕੇ ਫਰੀ ਹੋ ਗਏ ਅਤੇ ਅਚਾਨਕ ਹੀ ਕੋਈ ਦਿਨ ਪਹਿਲਾਂ ਚੰਡੀਗੜ੍ਹ ਜਾ ਕੇ ਹਰਮੀਤ ਸਿੰਘ ਸੰਧੂ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋ ਗਏ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਪੰਜਾਬ ਦੇ ਇੰਚਾਰਜ ਮਨੀਸ਼ ਚੌਧਰੀ ਦੀ ਹਾਜਰੀ ਵਿੱਚ ਸ਼ਾਮਲ ਹੋਏ ਸੀ ਆਮ ਆਦਮੀ ਪਾਰਟੀ ਦੇ ਕਾਨੂੰਨ ਸ਼੍ਰੀ ਅਰਵਿੰਦ ਕੇਜਰੀਵਾਲ ਨੇ ਕਿਹਾ ਸੀ ਇੱਥੇ ਰਹਿ ਚੁੱਕੇ ਵਿਧਾਇਕੀ ਜਿੱਤ ਸਕਦੇ ਹਨ ਜਦੋਂ ਤੋਂ ਹਰਮੀਤ ਸਿੰਘ ਸੰਧੂ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋਏ ਹਨ ਪਹਿਲਾਂ ਤੋਂ ਟਿਕਟ ਦੇ ਚਾਹਵਾਨ ਅੰਦਰ ਖਾਤੇ ਹੀ ਆਗੂਆਂ ਨਾਲ ਗੱਲਬਾਤ ਹੋ ਚੁੱਕੀ ਸੀ। ਪਰ ਲੋਕਲ ਆਮ ਆਦਮੀ ਪਾਰਟੀ ਦੇ ਆਗੂ ਹਰਮੀਤ ਸਿੰਘ ਸੰਧੂ ਦੀ ਵਿਰੋਧਤਾ ਕਰ ਰਹੇ ਹਨ। ਹਰਮੀਤ ਸਿੰਘ ਸੰਧੂ ਨੂੰ ਹਾਈ ਕਮਾਂਡ ਨੇ ਟਿਕਟ ਦੇਣ ਦਾ ਪਹਿਲਾਂ ਹੀ ਫੈਸਲਾ ਕੀਤਾ ਹੋਇਆ ਸੀ। ਕਿਉਂਕਿ ਸੰਧੂ ਇਥੋਂ ਤਿੰਨ ਵਾਰ ਵਿਧਾਇਕ ਹਨ। ਉਹਨਾਂ ਨੇ ਪਾਰਟੀ 22 ਤੋਂ ਉੱਪਰ ਉੱਠ ਕੇ ਲੋਕਾਂ ਦੇ ਕੰਮ ਕੀਤੇ। ਇਸ ਕਰਕੇ ਲੋਕਾਂ ਲੋਕ ਸ਼ਹਿਰ ਵਾਸੀ ਦੁਕਾਨਦਾਰ ਸਿਆਸੀ ਪਾਰਟੀਆਂ ਦੇ ਆਗੂ ਉਹਨਾਂ ਨਾਲ ਚੰਗਾ ਅਸਰ ਰਸੂਕ ਰੱਖਦੇ ਹਨ। ਕਈ ਕਾਂਗਰਸੀ ਆਗੂ ਵੀ ਅੰਦਰ ਖਾਤੇ ਹਰਮੀਤ ਸਿੰਘ ਸੰਧੂ ਦੀ ਮੱਦਦ ਕਰ ਸਕਦੇ ਹਨ, ਦੂਜੇ ਪਾਸੇ ਇੱਥੇ ਇੱਥੋਂ ਸਾਬਕਾ ਵਿਧਾਇਕ ਅਗਨੀ ਉਤਰੀ ਜੋ ਕਾਂਗਰਸ ਤੇ ਚੁਣਿਆ ਗਿਆ ਸੀ। ਅਕਾਲ ਚਲਾਣਾ ਕਰ ਗਏ ਹਨ। ਉਹਨਾਂ ਦੇ ਲੜਕੇ ਦਾ ਵਿਦੇਸ਼ ਜਾਣ ਬਾਰੇ ਪਤਾ ਲੱਗਾ, ਇਸ ਕਰਕੇ ਕਾਂਗਰਸੀ ਟਿਕਟ ਦੇ ਦਾਵੇਦਾਰ ਰਾਜਵੀਰ ਸਿੰਘ ਭੁੱਲਰ ਸਰਗਰਮ ਹਨ। ਉਹਨਾਂ ਦੀ ਪੰਜਾਬ ਪ੍ਰਦੇਸ਼ ਕਾਂਗਰਸ ਦੇ ਪ੍ਰਧਾਨ ਰਾਜਾ ਵੜਿੰਗ ਨਾਲ ਗੰਢ ਤੋਂ ਦੱਸੀ ਜਾਂਦੀ ਹੈ। ਉਸ ਦਾ ਟਿਕਟ ਲੈਣ ਵਾਸਤੇ ਕਰਨਬੀਰ ਸਿੰਘ ਬੁਰਜ ਰਣਜੀਤ ਸਿੰਘ ਰਾਣਾ ਮਨਜਿੰਦਰ ਪਾਲ ਸਿੰਘ ਪਲਾ ਸੋਰ ਅਵਤਾਰ ਸਿੰਘ ਤਨੇਜਾ ਸਰਗਰਮ ਦਿਖਾਈ ਦੇ ਰਹੇ ਹਨ। ਪਰ ਲਾਟਰੀ ਕਿਸ ਦੀ ਨਿਕਲਦੀ ਹੈ ਇਹ ਮੌਕਾ ਦੱਸੇਗਾ। ਉੱਧਰ ਭਾਰਤੀ ਜਨਤਾ ਪਾਰਟੀ ਨੇ ਜ਼ਿਮਨੀ ਚੋਣ ਲਈ ਸੋਮ ਪ੍ਰਕਾਸ਼ ਕੇਂਦਰੀ ਸਾਬਕਾ ਮੰਤਰੀ ਨੂੰ ਕਾਡੀਨੇਟਰ ਨਿਯੁਕਤ ਹਾਈ ਕਮਾਂਡ ਨੇ ਕੀਤਾ ਹੈ ਅਤੇ ਜਿਲ੍ਹਾ ਪ੍ਰਧਾਨ ਹਰਜੀਤ ਸਿੰਘ ਸੰਧੂ ਥਾਂ-ਥਾਂ ਮੀਟਿੰਗਾਂ ਕਰ ਰਹੇ ਹਨ। ਜਿਹਦਾ ਦਿਹਾਤ ਪ੍ਰਧਾਨ ਮਨਜੀਤ ਸਿੰਘ ਮੰਨਾ ਸਾਬਕਾ ਵਿਧਾਇਕ ਜਿਹੜੇ ਅਕਾਲੀ ਦਲ ਨੂੰ ਛੱਡ ਕੇ ਭਾਰਤੀ ਜਨਤਾ ਪਾਰਟੀ ਵਿੱਚ ਸ਼ਾਮਲ ਹੋਏ ਹਨ ਉਹ ਵੀ ਕਈ ਅਕਾਲੀ ਆਗੂਆਂ ਨੂੰ ਭਾਜਪਾ ਵਿੱਚ ਸ਼ਾਮਿਲ ਕਰ ਚੁੱਕੇ ਹਨ ਦੇਖਣ ਵਾਲੀ ਗੱਲ ਇਹ ਹੈ ਜਿਸ ਸਮੇਂ ਹਰਮੀਤ ਸਿੰਘ ਸੰਧੂ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋਏ ਸਨ ਤੇ ਇਥੋਂ ਆਵਾਜਾਂ ਆ ਰਹੀਆਂ ਸਨ ਕਿ ਅਸੀ ਸੰਧੂ ਦੀ ਜਿੱਤ ਯਕੀਨੀ ਹੈ ਪਰ ਅੱਜ ਜਦੋਂ ਆਜਾਦ ਗਰੁੱਪ ਜਿਸ ਨਾਲ 45 ਦੇ ਕਰੀਬ ਮੌਜੂਦਾ ਸਰਪੰਚ ਅਤੇ 8 ਦੇ ਕਰੀਬ ਤਰਨ ਤਰ ਨਗਰ ਕੌਂਸਲ ਦੇ ਕੌਂਸਲਰ ਆਜ਼ਾਦ ਗਰੁੱਪ ਦੇ ਨਾਲ ਹਨ ਉਹ ਅੱਜ ਆਸ ਤੋਂ ਵੱਧ ਭਾਰੀ ਇਕੱਠ ਕਰਕੇ ਝਬਾਲ ਦਾਣਾ ਮੰਡੀ ਵਿਖੇ ਹਰਮੀਤ ਸਿੰਘ ਸੰਧੂ ਦੇ ਨਿਕਟਵਰਤੀ ਸਮੇਤ ਸ਼੍ਰੋਮਣੀ ਅਕਾਲੀ ਦਲ ਵਿੱਚ ਸੁਖਬੀਰ ਸਿੰਘ ਬਾਦਲ ਦੀ ਹਾਜ਼ਰੀ ਸ਼ਾਮਿਲ ਹੋ ਗਏ ਹਨ ਸਾਰੇ ਦਾ ਸਾਰਾ ਆਜ਼ਾਦ ਗਰੁੱਪ ਅਕਾਲੀ ਦਲ ਵਿੱਚ ਸ਼ਾਮਿਲ ਹੋ ਜਾਣ ਕਰਕੇ ਸ਼੍ਰੋਮਣੀ ਅਕਾਲੀ ਦਲ ਦੇ ਬਾਦਲ ਵਿੱਚ ਇੱਥੇ ਮੁੜ ਜਾਣ ਪੈ ਗਈ ਹੈ ਲੋਕਾਂ ਨੂੰ ਆਸ ਨਹੀਂ ਸੀ ਕਿ ਅਕਾਲੀ ਦਲ ਬਾਦਲ ਦੀ ਇੰਨੀ ਵੱਡੀ ਰੈਲੀ ਚਬਾਲ ਵਿੱਚ ਹੋ ਜਾਵੇਗੀ ਇਸ ਭਰਮੇ ਰੈਲੀ ਵਿੱਚ ਸਾਰੀਆਂ ਪਾਰਟੀਆਂ ਤੋਂ ਪਹਿਲੋਂ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਹੋਣ ਵਾਲੀ ਜਿਮਨੀ ਚੋਣ ਦੀ ਤਰੀਕ ਦਾ ਐਲਾਨ ਨਹੀਂ ਹੋਇਆ ਆਪਣੇ ਉਮੀਦਵਾਰ ਪ੍ਰਿੰਸੀਪਲ ਸੁਖਵਿੰਦਰ ਕੌਰ ਰੰਧਾਵਾ ਦਾ ਐਲਾਨ ਕਰ ਦਿੱਤਾ। ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸਰਦਾਰ ਸੁਖਬੀਰ ਸਿੰਘ ਬਾਦਲ ਨੇ ਉਮੀਦਵਾਰ ਦਾ ਐਲਾਨ ਕਰਦਿਆਂ ਕਿਹਾ ਕਿ ਭਾਵੇਂ ਸਾਡੀ ਜਾਨ ਚਲ ਜਾਏ ਇਹ ਸੀਟ ਅਸੀਂ ਜਿੱਤਾਂਗੇ ਅਤੇ ਇੱਥੋਂ 2027 ਦੀ ਅਸੈਂਬਲੀ ਚੋਣ ਦੀ ਨੀ ਰੱਖਾਂਗੇ ਹੁਣ ਮੁੱਖ ਮੁਕਾਬਲਾ ਪ੍ਰਿੰਸੀਪਲ ਸੁਖਵਿੰਦਰ ਕੌਰ ਰੰਧਾਵਾ ਜੋ ਅਕਾਲੀ ਦਲ ਦੇ ਉਮੀਦਵਾਰ ਹਨ ਆਮ ਆਦਮੀ ਪਾਰਟੀ ਦੇ ਉਮੀਦਵਾਰ ਸਰਦਾਰ ਹਮੀਰ ਸਿੰਘ ਸੰਧੂ ਵਿਚਾਲੇ ਹੋਣ ਦੇ ਅਸਾਰ ਅੱਜ ਨਜ਼ਰ ਆ ਰਹੇ ਹਨ ਅੱਗੇ ਸਮਾਂ ਦੱਸੇਗਾ ਕਿ ਕਿਸ ਦੀ ਕਿਸਮਤ ਸਾਥ ਦੇਵੇਗੀ। ਸ਼ਹਿਰ ਵਿੱਚ ਅਜੇ ਆਮ ਆਦਮੀ ਪਾਰਟੀ ਦੇ ਉਮੀਦਵਾਰ , ਕਾਂਗਰਸ ਦੇ ਉਮੀਦਵਾਰ, ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ ਜਾਂ ਭਾਰਤੀ ਜਨਤਾ ਪਾਰਟੀ ਦੇ ਉਮੀਦਵਾਰ ਵਜੋਂ ਕਿਸੇ ਨੇ ਹੋੜਕ ਨਹੀਂ ਲਵਾਈ ਪਰ ਆਮ ਆਦਮੀ ਪਾਰਟੀ ਦੇ ਜੰਗਲਾਤ ਵਿਭਾਗ ਦੇ ਡਿਪਟੀ ਚੇਅਰਮੈਨ ਨੇ ਤਰਨ ਤਰਨਧਾਨ ਸਭਾ ਹਲਕੇ ਵਿੱਚ ਥਾਂ ਥਾਂ ਤੇ ਆਪਣੇ ਫੋਟੋ ਵਾਲੇ ਹੋਡਿੰਗ ਲਵਾਏ ਹੋਏ ਹਨ ਜਿਸ ਕਰਕੇ ਸ਼ਹਿਰ ਵਿੱਚ ਉਹਦੀ ਕਾਫੀ ਚਰਚਾ ਚੱਲ ਰਹੀ ਹੈ।

# ਓ.ਪੀ.ਐਸ. ਸੀਲ-XVII: ਪੰਜਾਬ ਵਿੱਚ ਸ਼ਰਾਬ ਅਤੇ ਨਸ਼ਾ ਤਸਕਰਾਂ ’ਤੇ ਨਜ਼ਰ ਰੱਖਣ ਲਈ 92 ਐਂਟਰੀ/ਐਗਜ਼ਿਟ ਪੁਆਇੰਟ ਸੀਲ, 10 ਕਾਬੂ

## 2380 ਵਾਹਨਾਂ ਦੀ ਕੀਤੀ ਚੈਕਿੰਗ; 208 ਵਾਹਨਾਂ ਦੇ ਕੀਤੇ ਚਲਾਨ, 3 ਵਾਹਨ ਜ਼ਬਤ



ਚੰਡੀਗੜ੍ਹ, 20 ਜੁਲਾਈ, (ਚ.ਨ.ਸ.) : ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ’ਤੇ ਸੂਬੇ ਵਿੱਚੋਂ ਨਸ਼ਿਆਂ ਦੇ ਖਾਤਮੇ ਲਈ ਸ਼ੁਰੂ ਕੀਤੀ ਗਈ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਤਹਿਤ ਪੰਜਾਬ ਪੁਲਿਸ ਨੇ ਐਤਵਾਰ ਨੂੰ ਸਰਹੱਦੀ ਰਾਜ ਪੰਜਾਬ ਵਿੱਚ ਦਾਖਲ ਹੋਣ ਜਾਂ ਬਾਹਰ ਜਾਣ ਵਾਲੇ ਸਾਰੇ ਵਾਹਨਾਂ ਦੀ ਚੈਕਿੰਗ ਕਰਨ ਲਈ ਇੱਕ ਵਿਸ਼ੇਸ਼ ਆਪ੍ਰੇਸ਼ਨ ‘ਓਪੀਐਸ ਸੀਲ-XVII’ ਚਲਾਇਆ, ਤਾਂ ਜੋ ਨਸ਼ੀਲੇ ਪਦਾਰਥਾਂ ਅਤੇ ਸ਼ਰਾਬ ਦੀ ਤਸਕਰੀ ’ਤੇ ਨਜ਼ਰ ਰੱਖੀ ਜਾ ਸਕੇ।

ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਦੇ ਨਿਰਦੇਸ਼ਾਂ ’ਤੇ ਸਾਰੇ ਜ਼ਿਲ੍ਹਿਆਂ ਵਿੱਚ ਸਵੇਰੇ 6 ਵਜੇ ਤੋਂ ਦੁਪਹਿਰ 2 ਵਜੇ ਤੱਕ ਇੱਕੋ ਸਮੇਂ ਚਲਾਏ ਗਏ ਇਸ ਆਪ੍ਰੇਸ਼ਨ ਦੌਰਾਨ ਸਰਹੱਦੀ ਜ਼ਿਲ੍ਹਿਆਂ ਦੇ ਸਾਰੇ ਐਸਐਸਪੀਜ਼ ਨੂੰ ਸਰਹੱਦੀ ਜ਼ਿਲ੍ਹਿਆਂ ਦੇ ਰਣਨੀਤਕ ਸਥਾਨਾਂ ’ਤੇ ਸਾਂਝੇ ਨਾਕੇ ਲਗਾਉਣ ਅਤੇ ਗਜ਼ਟਿਡ ਅਧਿਕਾਰੀਆਂ/ਐਸਐਚਓਜ਼ ਦੀ ਨਿਗਰਾਨੀ ਹੇਠ ਸੀਲਿੰਗ ਪੁਆਇੰਟਾਂ ’ਤੇ ਮਜ਼ਬੂਤ ‘ਨਾਕੇ’ ਲਗਾਉਣ ਲਈ ਵੱਧ ਤੋਂ ਵੱਧ ਗਿਣਤੀ ਵਿੱਚ ਸਟਾਫ਼ ਲਗਾਉਣ ਦੇ ਨਿਰਦੇਸ਼ ਦਿੱਤੇ ਗਏ।

ਇਸ ਸਬੰਧੀ ਵੇਰਵੇ ਸਾਂਝੇ ਕਰਦਿਆਂ, ਵਿਸ਼ੇਸ਼ ਡੀਜੀਪੀ ਕਾਨੂੰਨ ਅਤੇ ਵਿਵਸਥਾ ਅਰਪਿਤ ਸ਼ੁਕਲਾ ਨੇ ਕਿਹਾ ਕਿ ਇੰਸਪੈਕਟਰਾਂ/ਡੀਐਸਪੀਜ਼ ਦੀ ਨਿਗਰਾਨੀ ਹੇਠ 10 ਜ਼ਿਲ੍ਹਿਆਂ ਦੇ ਘੱਟੋ-ਘੱਟ 92 ਐਂਟਰੀ/ਐਗਜ਼ਿਟ ਪੁਆਇੰਟਾਂ ’ਤੇ 700 ਤੋਂ ਵੱਧ ਪੁਲਿਸ ਕਰਮਚਾਰੀਆਂ ਦੀ ਸ਼ਮੂਲੀਅਤ ਨਾਲ ਸੁਚੱਜੇ ਤਾਲਮੇਲ ਵਾਲੇ ਮਜ਼ਬੂਤ ਨਾਕੇ ਲਗਾਏ ਗਏ, ਜੋ ਚਾਰ ਸਰਹੱਦੀ ਰਾਜਾਂ ਅਤੇ ਯੂਟੀ ਚੰਡੀਗੜ੍ਹ ਨਾਲ ਸਰਹੱਦਾਂ ਸਾਂਝੀਆਂ ਕਰਦੇ ਹਨ। ਦੱਸਣਯੋਗ ਹੈ ਕਿ 10 ਅੰਤਰ-ਰਾਜੀ ਸਰਹੱਦੀ ਜ਼ਿਲ੍ਹਿਆਂ ਵਿੱਚ ਪਠਾਨਕੋਟ, ਸ੍ਰੀ ਮੁਕਤਸਰ ਸਾਹਿਬ, ਫਾਜ਼ਿਲਕਾ, ਰੂਪਨਗਰ, ਐਸਏਐਸ ਨਗਰ, ਪਟਿਆਲਾ, ਸੰਗਰੂਰ, ਮਾਨਸਾ, ਹੁਸ਼ਿਆਰਪੁਰ ਅਤੇ ਬਠਿੰਡਾ ਸ਼ਾਮਲ ਹਨ।

ਉਨ੍ਹਾਂ ਕਿਹਾ ਕਿ ਸੂਬੇ ਵਿੱਚ ਦਾਖਲ ਹੋਣ/ਬਾਹਰ ਜਾਣ ਵਾਲੇ 2380 ਵਾਹਨਾਂ ਦੀ ਜਾਂਚ ਕੀਤੀ ਗਈ, ਜਿਨ੍ਹਾਂ ਵਿੱਚੋਂ 208 ਦੇ ਚਲਾਨ ਕੀਤੇ ਗਏ ਅਤੇ ਤਿੰਨ ਨੂੰ ਜ਼ਬਤ ਕੀਤਾ ਗਿਆ। ਪੁਲਿਸ ਟੀਮਾਂ ਨੇ ਇਸ ਕਾਰਵਾਈ ਦੌਰਾਨ 9 ਐਫਆਈਆਰ ਵੀ ਦਰਜ ਕੀਤੀਆਂ ਅਤੇ 10 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਹੈ।

ਇਸ ਤੋਂ ਇਲਾਵਾ ਪੁਲਿਸ ਟੀਮਾਂ ਨੇ 141ਵੇਂ ਦਿਨ ਨਸ਼ਿਆਂ ਵਿਰੁੱਧ ਆਪਣੀ ਘੇਰਾਬੰਦੀ ਅਤੇ ਖੋਜ ਮੁਹਿੰਮ (ਕਾਸੋ) ਜਾਰੀ ਰੱਖੀ ਅਤੇ ਐਤਵਾਰ ਨੂੰ 401 ਥਾਵਾਂ ’ਤੇ ਛਾਪੇਮਾਰੀ ਕੀਤੀ ਹੈ, ਜਿਸ ਦੌਰਾਨ ਰਾਜ ਭਰ ਵਿੱਚ 75 ਐਫਆਈਆਰਜ਼ ਦਰਜ ਕਰਨ ਤੋਂ ਬਾਅਦ 110 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ। ਇਸ ਨਾਲ 141 ਦਿਨਾਂ ਦੇ ਅੰਦਰ ਗ੍ਰਿਫ਼ਤਾਰ ਕੀਤੇ ਗਏ ਕੁੱਲ ਨਸ਼ਾ ਤਸਕਰਾਂ ਦੀ ਗਿਣਤੀ 22,764 ਹੋ ਗਈ ਹੈ।

ਵਿਸ਼ੇਸ਼ ਡੀਜੀਪੀ ਨੇ ਕਿਹਾ ਕਿ ਛਾਪਿਆਂ ਦੇ ਨਤੀਜੇ ਵਜੋਂ ਗ੍ਰਿਫ਼ਤਾਰ ਕੀਤੇ ਗਏ ਨਸ਼ਾ ਤਸਕਰਾਂ ਦੇ ਕਬਜ਼ੇ ਵਿੱਚੋਂ 1.4 ਕਿਲੋਗ੍ਰਾਮ ਹੈਰੋਇਨ ਅਤੇ 15 ਕਿਲੋਗ੍ਰਾਮ ਭੁੱਕੀ ਬਰਾਮਦ ਕੀਤੀ ਗਈ ਹੈ।

ਉਹਨਾਂ ਅੱਗੇ ਦੱਸਿਆ ਕਿ ਦਿਨ ਭਰ ਚੱਲੇ ਇਸ ਆਪ੍ਰੇਸ਼ਨ ਦੌਰਾਨ 87 ਗਜ਼ਟਿਡ ਅਧਿਕਾਰੀਆਂ ਦੀ ਨਿਗਰਾਨੀ ਹੇਠ 1300 ਤੋਂ ਵੱਧ ਪੁਲਿਸ ਕਰਮਚਾਰੀਆਂ ਦੀ ਸ਼ਮੂਲੀਅਤ ਵਾਲੀਆਂ 180 ਤੋਂ ਵੱਧ ਪੁਲਿਸ ਟੀਮਾਂ ਨੇ ਰਾਜ ਭਰ ‘ਚ 438 ਸ਼ੱਕੀ ਵਿਅਕਤੀਆਂ ਦੀ ਜਾਂਚ ਵੀ ਕੀਤੀ।

ਉਨ੍ਹਾਂ ਕਿਹਾ ਕਿ ਪੰਜਾਬ ਪੁਲਿਸ ਨੇ ਇੱਕ ਵਿਆਪਕ ਰਣਨੀਤੀ ਤਿਆਰ ਕੀਤੀ ਹੈ ਅਤੇ ਅਜਿਹੇ ਆਪ੍ਰੇਸ਼ਨ ਸੂਬੇ ਵਿੱਚੋਂ ਨਸ਼ੇ ਦੀ ਲਾਹਣਤ ਦੇ ਖਾਤਮੇ ਤੱਕ ਜਾਰੀ ਰਹਿਣਗੇ।

ਸਪੈਸ਼ਲ ਡੀਜੀਪੀ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸੂਬੇ ‘ਚੋਂ ਨਸ਼ਿਆਂ ਦੇ ਖਾਤਮੇ ਲਈ ਤਿੰਨ-ਪੱਖੀ ਰਣਨੀਤੀ - ਇਨਫੋਰਸਮੈਂਟ, ਡੀ-ਅਡਿਕਸ਼ਨ ਅਤੇ ਪ੍ਰੀਵੈਂਸ਼ਨ (ਈਡੀਪੀ) - ਲਾਗੂ ਕੀਤੀ ਗਈ ਹੈ ਅਤੇ ਪੰਜਾਬ ਪੁਲਿਸ ਨੇ ਇਸ ਰਣਨੀਤੀ ਦੇ ਹਿੱਸੇ ਵਜੋਂ 57 ਵਿਅਕਤੀਆਂ ਨੂੰ ਨਸ਼ਾ ਛੱਡਣ ਅਤੇ ਮੁੜ ਵਸੇਬੇ ਦਾ ਇਲਾਜ ਲੈਣ ਲਈ ਰਾਜ਼ੀ ਕੀਤਾ ਹੈ।

# ਡੈਲਟਾ ਏਅਰਲਾਈਨਜ਼ ਦੇ ਇੰਜਨ ’ਚ ਲੱਗੀ ਅੱਗ, ਟੇਕ-ਆਫ਼ ਦੌਰਾਨ ਹੋਇਆ ਹਾਦਸਾ



ਨਵੀਂ ਦਿੱਲੀ, 20 ਜੁਲਾਈ, (ਚ.ਨ.ਸ.) : ਡੈਲਟਾ ਏਅਰਲਾਈਨਜ਼ ਦੀ ਇੱਕ ਉਡਾਣ ਦੇ ਇੰਜਣ ਵਿੱਚ ਟੇਕ-ਆਫ ਦੌਰਾਨ ਅੱਗ ਲੱਗ ਗਈ, ਜਿਸ ਕਾਰਨ ਜਹਾਜ਼ ਨੂੰ ਟੇਕ-ਆਫ ਤੋਂ ਥੋੜ੍ਹੀ ਦੇਰ ਬਾਅਦ ਐਮਰਜੈਂਸੀ ਲੈਂਡਿੰਗ ਕਰਨੀ ਪਈ। ਇਹ ਘਟਨਾ ਲਾਸ ਏਂਜਲਸ ਅੰਤਰਰਾਸ਼ਟਰੀ ਹਵਾਈ ਅੱਡੇ (LAX) ਤੇ ਵਾਪਰੀ ਜਦੋਂ ਫਲਾਈਟ DLDDF ਲਾਸ ਏਂਜਲਸ ਤੋਂ ਅਟਲਾਂਟਾ ਜਾ ਰਹੀ ਸੀ। ਨਿਊਜ਼ ਏਜੰਸੀ ਦੇ ਅਨੁਸਾਰ, ਜਹਾਜ਼ ਦੇ ਖੱਬੇ ਇੰਜਣ ਵਿੱਚੋਂ ਚੰਗਿਆੜੀਆਂ ਅਤੇ ਅੱਗ ਦੀਆਂ ਲਪਟਾਂ ਨਿਕਲ ਰਹੀਆਂ ਸਨ। ਇਸ ਘਟਨਾ ਦਾ ਇੱਕ ਵੀਡੀਓ ਵੀ ਸਾਹਮਣੇ ਆਇਆ ਹੈ। ਇਸ ਤੋਂ ਪਤਾ ਲੱਗਦਾ ਹੈ ਕਿ ਜਹਾਜ਼ ਨੇ ਕੁਝ ਦੇਰ ਹਵਾ ਵਿੱਚ ਚੱਕਰ ਲਗਾਉਣ ਤੋਂ ਬਾਅਦ ਹਵਾਈ ਅੱਡੇ ਤੇ ਸੁਰੱਖਿਅਤ ਐਮਰਜੈਂਸੀ ਲੈਂਡਿੰਗ ਕੀਤੀ। ਐਮਰਜੈਂਸੀ ਸੇਵਾਵਾਂ ਦੀਆਂ ਟੀਮਾਂ ਲੈਂਡਿੰਗ ਦੇ ਸਮੇਂ ਰਨਵੇਅ ’ਤੇ ਪਹਿਲਾਂ ਹੀ ਤਾਇਨਾਤ ਸਨ।

ਅਮਰੀਕੀ ਏਜੰਸੀ ਜਾਂਚ ਕਰ ਰਹੀ ਹੈ: ਸ਼ੁਕਰ ਹੈ ਕਿ ਇਸ ਹਾਦਸੇ ਵਿੱਚ ਕੋਈ ਯਾਤਰੀ ਜਾਂ ਚਾਲਕ ਦਲ ਦਾ ਮੈਂਬਰ ਜ਼ਖਮੀ ਨਹੀਂ ਹੋਇਆ। ਯੂਐਸ ਫੈਡਰਲ ਏਵੀਏਸ਼ਨ ਐਡਮਿਨਿਸਟ੍ਰੇਸ਼ਨ (611) ਇਸ ਘਟਨਾ ਦੀ ਜਾਂਚ ਕਰ ਰਿਹਾ ਹੈ, ਤਾਂ ਜੋ ਇੰਜਣ ਵਿੱਚ ਅੱਗ ਲੱਗਣ ਦੇ ਸਹੀ ਕਾਰਨ ਦਾ ਪਤਾ ਲਗਾਇਆ ਜਾ ਸਕੇ।

ਇਸ ਸਾਲ ਅੱਗ ਲੱਗਣ ਦੀ ਇਹ ਦੂਜੀ ਘਟਨਾ ਹੈ: ਹੈਰਾਨੀ ਦੀ ਗੱਲ ਹੈ ਕਿ ਸਾਲ 2025 ਵਿੱਚ ਡੈਲਟਾ ਏਅਰਲਾਈਨਜ਼ ਦੇ ਜਹਾਜ਼ ਵਿੱਚ ਅੱਗ ਲੱਗਣ ਦੀ ਇਹ ਦੂਜੀ ਘਟਨਾ ਹੈ। ਇਸ ਤੋਂ ਪਹਿਲਾਂ 1 ਜਨਵਰੀ ਨੂੰ, DL105 ਫਲਾਈਟ, ਜੋ ਕਿ ਇੱਕ ਏਅਰਬੱਸ ਹੈ, ਦੇ ਅਟਲਾਂਟਾ ਤੋਂ ਉਡਾਣ ਭਰਨ ਤੋਂ ਬਾਅਦ ਇੰਜਣ ਵਿੱਚ ਅੱਗ ਲੱਗ ਗਈ ਸੀ, ਹਾਲਾਂਕਿ ਉਸ ਹਾਦਸੇ ਵਿੱਚ ਵੀ ਕੋਈ ਜ਼ਖਮੀ ਨਹੀਂ ਹੋਇਆ ਸੀ। ਇਹ ਘਟਨਾਵਾਂ ਯਕੀਨੀ ਤੌਰ ’ਤੇ ਏਅਰਲਾਈਨ ਦੀ ਤਕਨੀਕੀ ਸੁਰੱਖਿਆ ’ਤੇ ਸਵਾਲ ਖੜ੍ਹੇ ਕਰਦੀਆਂ ਹਨ, ਹਾਲਾਂਕਿ ਸਮੇਂ ਸਿਰ ਕਾਰਵਾਈ ਕਾਰਨ ਦੋਵੇਂ ਵਾਰ ਇੱਕ ਵੱਡਾ ਹਾਦਸਾ ਟਲ ਗਿਆ ਸੀ।

# ਬਾਬਾ ਸਿੱਦੀਕੀ ਦੇ ਕਤਲ ਮਾਮਲੇ ’ਚ ਅਦਾਲਤ ਵੱਲੋਂ ਦੋ ਮੁਲਜ਼ਮਾਂ ਨੂੰ ਜ਼ਮਾਨਤ ਦੇਣ ਤੋਂ ਨਾਂਹ



ਮੁੰਬਈ, 20 ਜੁਲਾਈ (ਪ੍ਰਤੀਨਿਧੀ) : ਇੱਥੋਂ ਦੀ ਇੱਕ ਅਦਾਲਤ ਨੇ ਮਹਾਰਾਸ਼ਟਰ ਦੇ ਸਾਬਕਾ ਮੰਤਰੀ ਬਾਬਾ ਸਿੱਦੀਕੀ ਦੇ ਕਤਲ ਮਾਮਲੇ ਵਿੱਚ ਗ੍ਰਿਫ਼ਤਾਰ ਦੋ ਵਿਅਕਤੀਆਂ ਨੂੰ ਅੱਜ ਜ਼ਮਾਨਤ ਦੇਣ ਤੋਂ ਇਨਕਾਰ ਕਰ ਦਿੱਤਾ ਹੈ। ਵਿਸ਼ੇਸ਼ ਮਕੋਕਾ ਜੱਜ ਮਹੇਸ਼ ਜਾਧਵ ਨੇ ਅਖਿਲੇਂਦਰ ਪ੍ਰਤਾਪ ਸਿੰਘ ਅਤੇ ਆਕਾਸ਼ਦੀਪ ਸਿੰਘ ਦੀਆਂ ਜ਼ਮਾਨਤ ਅਰਜ਼ੀਆਂ ਰੱਦ ਕਰ ਦਿੱਤੀਆਂ। ਰਾਸ਼ਟਰਵਾਦੀ ਕਾਂਗਰਸ ਪਾਰਟੀ ਦੇ ਨੇਤਾ ਬਾਬਾ ਸਿੱਦੀਕੀ (66) ਨੂੰ 12 ਅਕਤੂਬਰ, 2024 ਦੀ ਰਾਤ ਨੂੰ ਮੁੰਬਈ ਦੇ ਬਾਂਦਰਾ (ਪੂਰਬੀ) ਖੇਤਰ ਵਿੱਚ ਉਸ ਦੇ ਪੁੱਤਰ ਜ਼ੀਸ਼ਾਨ ਸਿੱਦੀਕੀ ਦੇ ਦਫਤਰ ਦੇ ਬਾਹਰ ਤਿੰਨ ਹਮਲਾਵਰਾਂ ਨੇ ਗੋਲੀ ਮਾਰ ਕੇ ਮਾਰ ਦਿੱਤਾ ਸੀ।

ਅਖਿਲੇਂਦਰ ਪ੍ਰਤਾਪ ਸਿੰਘ ਨੇ ਇਸ ਆਧਾਰ ’ਤੇ ਜ਼ਮਾਨਤ ਮੰਗੀ ਕਿ ਉਨ੍ਹਾਂ ਵਿਰੁੱਧ ਬਿਨਾਂ ਸੋਚੇ ਸਮਝੇ ਮਕੋਕਾ ਐਕਟ ਲਾਗੂ ਕੀਤਾ ਗਿਆ। ਉਸ ਦੀ ਪਟੀਸ਼ਨ ਵਿੱਚ ਕਿਹਾ ਗਿਆ ਹੈ ਕਿ ਮਕੋਕਾ ਨੂੰ ਜਾਇਜ਼ ਠਹਿਰਾਉਣ ਲਈ ਉਸ ਦਾ ਕੋਈ ਅਪਰਾਧਿਕ ਪਿਛੋਕੜ ਨਹੀਂ ਸੀ।

ਆਕਾਸ਼ਦੀਪ ਸਿੰਘ ਨੇ ਦਾਅਵਾ ਕੀਤਾ ਕਿ ਚਾਰਜਸ਼ੀਟ ਵਿੱਚ ਉਸ ਵਿਰੁੱਧ ਕੋਈ ਵੀ ਅਪਰਾਧਿਕ ਸਮੱਗਰੀ ਦਾ ਖੁਲਾਸਾ ਨਹੀਂ ਕੀਤਾ ਗਿਆ। ਇਸਤਗਾਸਾ ਪੱਖ ਦੇ ਨਾਲ-ਨਾਲ ਸਿੱਦੀਕੀ ਪਰਿਵਾਰ ਵੱਲੋਂ ਪੇਸ਼ ਹੋਏ ਵਕੀਲ ਪ੍ਰਦੀਪ ਘਰਤ ਅਤੇ ਤ੍ਰਿਵਨਕੁਮਾਰ ਕਰਨਾਨੀ ਨੇ ਜ਼ਮਾਨਤ ਅਰਜ਼ੀਆਂ ਦਾ ਵਿਰੋਧ ਕੀਤਾ। ਦੋਵਾਂ ਧਿਰਾਂ ਨੂੰ ਸੁਣਨ ਤੋਂ ਬਾਅਦ ਅਦਾਲਤ ਨੇ ਉਨ੍ਹਾਂ ਨੂੰ ਜ਼ਮਾਨਤ ਦੇਣ ਤੋਂ ਇਨਕਾਰ ਕਰ ਦਿੱਤਾ। ਇਸ ਸਬੰਧੀ ਵਿਸਥਾਰਤ ਹੁਕਮ ਨਹੀਂ ਆਏ।

ਪਾਠਕ ਆਪਣੇ ਹਾਕਰ ਤੋਂ ਚੜ੍ਹਦੀਕਲਾ ਦੀ ਮੰਗ ਕਰਨ

ਚੜ੍ਹਦੀਕਲਾ ਪੜ੍ਹੋ !
ਚੜ੍ਹਦੀਕਲਾ ਵਿੱਚ ਰਹੋ !!

# ਜੀਵਨਜੋਤ ਪ੍ਰਾਜੈਕਟ 2.0 ਤਹਿਤ ਸੂਬੇ ਨੂੰ ਬਾਲ ਭੀਖ ਮੁਕਤ ਬਣਾਉਣ ਲਈ ਜੰਗੀ ਪੱਧਰ ’ਤੇ ਕਰ ਰਹੀ ਹੈ ਯਤਨ; ਭੀਖ ਮੰਗਦੇ 21 ਬੱਚਿਆਂ ਨੂੰ ਕੀਤਾ ਰੈਸਕਿਉ : ਡਾ. ਬਲਜੀਤ ਕੌਰ



ਚੰਡੀਗੜ੍ਹ, 20 ਜੁਲਾਈ, (ਚ.ਨ.ਸ.) : ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਨੂੰ ਭੀਖ ਮੁਕਤ ਬਣਾਉਣ ਲਈ ਜੰਗੀ ਪੱਧਰ ’ਤੇ ਅਭਿਆਨ ਚਲਾਇਆ ਜਾ ਰਿਹਾ ਹੈ। ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਜੀਵਨਜੋਤ ਪ੍ਰਾਜੈਕਟ 2.0 ਦੇ ਤਹਿਤ ਲੁਧਿਆਣਾ ਅਤੇ ਸ਼ਹੀਦ ਭਗਤ ਸਿੰਘ ਨਗਰ (ਨਵਾਂਸ਼ਹਿਰ) ਜ਼ਿਲ੍ਹਿਆਂ ਵਿੱਚੋਂ ਭੀਖ ਮੰਗਦੇ ਕੁੱਲ 21 ਬੱਚਿਆਂ ਨੂੰ ਰੈਸਕਿਉ ਕੀਤਾ ਗਿਆ ਹੈ।

ਉਨ੍ਹਾਂ ਦੱਸਿਆ ਕਿ ਵਿਭਾਗ ਦੀ ਜ਼ਿਲ੍ਹਾ ਬਾਲ ਸੁਰੱਖਿਆ ਟੀਮ ਵੱਲੋਂ ਲੁਧਿਆਣਾ ਦੇ ਬੱਸ ਅੱਡਾ, ਰੇਲਵੇ ਸਟੇਸ਼ਨ ਅਤੇ ਹੋਰ ਥਾਵਾਂ ’ਤੇ ਵਿਸ਼ੇਸ਼ ਛਾਪੇ ਮਾਰ ਕੇ 18 ਬੱਚਿਆਂ ਨੂੰ ਬਚਾਇਆ ਗਿਆ, ਜਦਕਿ ਸ਼ਹੀਦ ਭਗਤ ਸਿੰਘ ਨਗਰ (ਨਵਾਂਸ਼ਹਿਰ) ਤੋਂ 3 ਹੋਰ ਬੱਚੇ ਰੈਸਕਿਉ ਹੋਏ। ਇਨ੍ਹਾਂ ਸਾਰੇ ਬੱਚਿਆਂ ਨੂੰ ਬਾਲ ਭਲਾਈ ਕਮੇਟੀਆਂ ਅੱਗੇ ਪੇਸ਼ ਕਰਕੇ ਫਿਲਹਾਲ ਸੁਰੱਖਿਅਤ ਤੌਰ ’ਤੇ ਬਾਲ ਘਰਾਂ ਵਿੱਚ ਰੱਖਿਆ ਗਿਆ ਹੈ।

ਡਾ. ਬਲਜੀਤ ਕੌਰ ਨੇ ਕਿਹਾ ਕਿ ਜੇ ਜਾਂਚ ਦੌਰਾਨ ਇਹ ਸਾਬਤ ਹੁੰਦਾ ਹੈ ਕਿ ਕਿਸੇ ਵਿਅਕਤੀ ਵੱਲੋਂ ਇਨ੍ਹਾਂ ਬੱਚਿਆਂ ਨੂੰ ਭੀਖ ਮੰਗਣ ਲਈ ਮਜਬੂਰ ਕੀਤਾ ਗਿਆ, ਤਾਂ ਉਸ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਇਹ ਵੀ ਦੱਸਿਆ ਕਿ ਜੇਕਰ ਕਿਸੇ ਬੱਚੇ ਦੇ ਮਾਤਾ-ਪਿਤਾ ਹੋਣ ਬਾਰੇ ਸ਼ੱਕ ਹੋਇਆ ਤਾਂ ਬਾਲ ਭਲਾਈ ਕਮੇਟੀਆਂ ਵੱਲੋਂ ਡਿਪਟੀ ਕਮਿਸ਼ਨਰ ਦੇ ਹੁਕਮਾਂ ਅਧੀਨ ਡੀ.ਐਨ.ਏ ਜਾਂਚ ਵੀ ਕਰਵਾਈ ਜਾ ਸਕਦੀ ਹੈ, ਤਾਂ ਜੋ ਬੱਚਿਆਂ ਦੀ ਹਕੀਕਤੀ ਪਛਾਣ ਦਾ ਪਤਾ ਲੱਗ ਸਕੇ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦਾ ਸਿੱਧਾ ਉਦੇਸ਼ ਹੈ ਕਿ ਹਰ ਬੱਚੇ ਨੂੰ ਸੁਰੱਖਿਅਤ ਅਤੇ ਚੰਗੇ ਭਵਿੱਖ ਵਾਲਾ ਜੀਵਨ ਮਿਲੇ। ਜੀਵਨਜੋਤ 2.0 ਦੇ ਤਹਿਤ ਵਿਭਾਗ ਦੀਆਂ ਜ਼ਿਲ੍ਹਾ ਟੀਮਾਂ ਵੱਲੋਂ ਵੱਖ-ਵੱਖ ਥਾਵਾਂ ’ਤੇ ਨਿਰੰਤਰ ਛਾਪੇ ਮਾਰੇ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਲੁਧਿਆਣਾ ਅਤੇ ਸ਼ਹੀਦ ਭਗਤ ਸਿੰਘ ਨਗਰ (ਨਵਾਂਸ਼ਹਿਰ) ਤੋਂ ਇਲਾਵਾ ਕਿਸੇ ਹੋਰ ਜ਼ਿਲ੍ਹੇ ਵਿੱਚ ਭੀਖ ਮੰਗਦੇ ਬੱਚਿਆਂ ਦੇ ਕੇਸ ਸਾਹਮਣੇ ਨਹੀਂ ਆਏ, ਜੋ ਕਿ ਸੂਬਾ ਸਰਕਾਰ ਦੀ ਜਾਗਰੂਕਤਾ ਮੁਹਿੰਮ ਅਤੇ ਨੀਤੀਗਤ ਇਰਾਦਿਆਂ ਦੀ ਸਫਲਤਾ ਨੂੰ ਦਰਸਾਉਂਦਾ ਹੈ।

ਡਾ. ਬਲਜੀਤ ਕੌਰ ਨੇ ਕਿਹਾ ਕਿ ਸੂਬੇ ਵਿੱਚੋਂ ਬਾਲ ਭਿਖਿਆ ਦੀ ਭਿਆਨਕ ਸਮੱਸਿਆ ਨੂੰ ਜੜ੍ਹੋਂ ਖ਼ਤਮ ਕਰਨ ਲਈ ਸਮਾਜਿਕ ਸੁਰੱਖਿਆ ਵਿਭਾਗ ਦੀਆਂ ਜ਼ਿਲ੍ਹਾ ਭਲਾਈ ਟੀਮਾਂ ਲਗਾਤਾਰ ਆਪਣੇ-ਆਪਣੇ ਇਲਾਕਿਆਂ ਵਿੱਚ ਇਸ ਤਰ੍ਹਾਂ ਦੀਆਂ ਚੈੱਕਿੰਗਾਂ ਅਤੇ ਛਾਪੇਮਾਰੀਆਂ ਜਾਰੀ ਰੱਖਣਗੀਆਂ, ਤਾਂ ਜੋ ਇਕ ਵੀ ਬੱਚਾ ਭੀਖ ਮੰਗਣ ਲਈ ਮਜਬੂਰ ਨਾ ਹੋਵੇ।

ਅੰਤ ਵਿੱਚ, ਉਨ੍ਹਾਂ ਸੂਬਾ ਵਾਸੀਆਂ ਨੂੰ ਅਪੀਲ ਕੀਤੀ ਕਿ ਕਿਸੇ ਵੀ ਬੱਚੇ ਨੂੰ ਭੀਖ ਨਾ ਦਿੱਤੀ ਜਾਵੇ ਅਤੇ ਜੇਕਰ ਕਿਤੇ ਵੀ ਕੋਈ ਬੱਚਾ ਭੀਖ ਮੰਗਦਾ ਨਜ਼ਰ ਆਵੇ, ਤਾਂ ਤੁਰੰਤ 1098 ਚਾਈਲਡ ਹੈਲਪ ਲਾਈਨ ’ਤੇ ਸੂਚਨਾ ਦਿੱਤੀ ਜਾਵੇ, ਤਾਂ ਜੋ ਉਸ ਬੱਚੇ ਨੂੰ ਤੁਰੰਤ ਸੁਰੱਖਿਆ, ਸੰਭਾਲ ਅਤੇ ਸੁਚੱਜਾ ਭਵਿੱਖ ਮੁਹੱਈਆ ਕਰਵਾਇਆ ਜਾ ਸਕੇ।

# ਫਲਾਈਓਵਰ ਹੇਠਾਂ ਤਿੰਨ ਪਸ਼ੂਆਂ ਦੀ ਮੌਤ



ਮੋਹਾਲੀ, 20 ਜੁਲਾਈ, (ਹਰਦੀਪ ਕੌਰ) : ਬਲੌਂਗੀ ਤੋਂ ਚੰਡੀਗੜ੍ਹ ਵੱਲ ਆਉਂਦੀ ਸੜਕ ’ਤੇ ਫਲਾਈਓਵਰ ਹੇਠਾਂ ਫੁੱਟਪਾਥ ਬਦਬੂਦਾਰ ਕੂੜੇ ਨਾਲ ਭਰਿਆ ਪਿਆ ਹੈ। ਇਸ ਜਗ੍ਹਾ ਕੂੜੇ ਵਿੱਚ ਮਿਲੀ ਕੋਈ ਜਹਰੀਲੀ ਚੀਜ਼ ਖਾ ਕੇ ਤਿੰਨ ਪਸ਼ੂ ਮੌਤ ਦਾ ਸ਼ਿਕਾਰ ਹੋ ਗਏ, ਜਦਕਿ ਇੱਕ ਪਸ਼ੂ ਦੇ ਹੇਠ ਆ ਕੇ ਇੱਕ ਕੁੱਤਾ ਵੀ ਦਮ ਤੋੜ ਗਿਆ।

ਮੌਕੇ ’ਤੇ ਪਹੁੰਚੇ ਡਿਪਟੀ ਮੇਅਰ ਕੁਲਜੀਤ ਸਿੰਘ ਬੇਦੀ ਨੇ ਗੰਭੀਰ ਚਿੰਤਾ ਜਤਾਈ ਅਤੇ ਕਿਹਾ, ਕਿ ਹਾਲਾਂਕਿ ਇਹ ਇਲਾਕਾ ਨਗਰ ਨਿਗਮ ਦੇ ਅਧੀਨ ਨਹੀਂ, ਫਿਰ ਵੀ ਮੈਂ ਸਬੰਧਤ ਕਰਮਚਾਰੀਆਂ ਨੂੰ ਬੁਲਾ ਕੇ ਮਰੇ ਹੋਏ ਪਸ਼ੂਆਂ ਨੂੰ ਚੁਕਵਾਉਣ ਅਤੇ ਉਨ੍ਹਾਂ ਦੇ ਪੋਸਟਮਾਰਟਮ ਲਈ ਕਿਹਾ ਹੈ, ਤਾਂ ਜੋ ਅਸਲ ਮੌਤ ਦਾ ਕਾਰਨ ਸਾਹਮਣੇ ਆ ਸਕੇ।

ਉਹਨਾਂ ਆਗਾਹ ਕੀਤਾ ਕਿ ਇੱਥੋਂ ਦੇ ਕੁਝ ਲੋਕ ਆਪਣੇ ਦੁਧਾਰੂ ਪਸ਼ੂ ਦਿਨ ਭਰ ਲਈ ਛੱਡ ਦਿੰਦੇ ਹਨ, ਜੋ ਇੱਥੇ ਪਿਆ ਜ਼ਹਿਰੀਲਾ ਕੂੜਾ ਖਾ ਲੈਂਦੇ ਹਨ। ਸ਼ਾਮ ਨੂੰ ਇਹੀ ਲੋਕ ਉਹਨਾਂ ਪਸ਼ੂਆਂ ਦਾ ਦੁੱਧ ਕੱਢ ਲੈਂਦੇ ਹਨ। ਕੁਲਜੀਤ ਸਿੰਘ ਬੇਦੀ ਨੇ ਦੁੱਖ ਪ੍ਰਗਟਾਉਂਦਿਆਂ ਕਿਹਾ ਕਿ ਅਜਿਹੀ ਕਮਾਈ ਦਾ ਕੀ ਲਾਭ ਜੋ ਬੇਜ਼ੁਬਾਨਾਂ ਦੀ ਜਾਨ ਲੈ ਰਹੀ ਹੈ। ਉਨ੍ਹਾਂ ਲੋਕਾਂ ਨੂੰ ਬੇਨਤੀ ਕੀਤੀ ਕਿ ਨਾ ਤਾਂ ਪਸ਼ੂ ਛੱਡੇ ਜਾਣ, ਨਾ ਹੀ ਇੱਥੇ ਕੂੜਾ ਸੁੱਟਿਆ ਜਾਵੇ।

ਇੱਥੇ ਨੇੜਲੇ ਏਕੇ ਰਿਜ਼ੋਰਟ ਦੇ ਮਾਲਕ ਪਵਨ ਕੁਮਾਰ ਨੇ ਵੀ ਚਿੰਤਾ ਜਤਾਈ। ਉਹਨਾਂ ਦੱਸਿਆ ਕਿ ਅਸੀਂ ਹਰ 10-15 ਦਿਨ ਬਾਅਦ ਜੇਸੀਬੀ ਮਸ਼ੀਨ ਲਾ ਕੇ ਸਫਾਈ ਕਰਵਾਉਂਦੇ ਹਾਂ ਪਰ ਕੁਝ ਦਿਨਾਂ ਬਾਅਦ ਹੀ ਕੂੜਾ ਮੁੜ ਇਕੱਠਾ ਹੋ ਜਾਂਦਾ ਹੈ। ਇਹ ਪ੍ਰਸ਼ਾਸਨ ਲਈ ਸਿੱਧੀ ਜ਼ਿੰਮੇਵਾਰੀ ਹੈ। ਡਿਪਟੀ ਮੇਅਰ ਨੇ ਡਿਪਟੀ ਕਮਿਸ਼ਨਰ ਨੂੰ ਵੀ ਅਪੀਲ ਕੀਤੀ ਕਿ ਉਹ ਨਿੱਜੀ ਦਖਲਅੰਦਾਜੀ ਕਰਕੇ ਇੱਥੇ ਕੂੜਾ ਸੁੱਟਣ ਦੀ ਪ੍ਰਕਿਰਿਆ ਨੂੰ ਰੋਕਣ ਅਤੇ ਅਜਿਹੇ ਪਸ਼ੂ ਪਾਲਕਾਂ ਖ਼ਿਲਾਫ਼ ਸਖ਼ਤ ਕਾਰਵਾਈ ਦੀ ਸ਼ੁਰੂਆਤ ਕਰਵਾਈ ਜਾਵੇ।

# ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਸੁਰੱਖਿਆ ਸੰਬੰਧੀ ਸ਼ਰਾਰਤੀ ਤੱਤਾਂ ਦੀ ਹਰਕਤ ਉੱਤੇ ਰਾਣਾ ਗੁਰਜੀਤ ਸਿੰਘ ਵੱਲੋਂ ਗੰਭੀਰ ਚਿੰਤਾ, ਸਖ਼ਤ ਕਾਰਵਾਈ ਦੀ ਮੰਗ



ਅਮ੍ਰਿਤਸਰ, 20 ਜੁਲਾਈ, (ਚ.ਨ.ਸ.) : ਕਾਂਗਰਸ ਵਿਧਾਇਕ ਰਾਣਾ ਗੁਰਜੀਤ ਸਿੰਘ ਨੇ ਕੱਲ੍ਹ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਮੱਥਾ ਟੇਕਣ ਉਪਰੰਤ ਮੀਡੀਆ ਨਾਲ ਗੱਲਬਾਤ ਦੌਰਾਨ, ਹਾਲ ਹੀ ਵਿੱਚ ਕੁਝ ਸ਼ਰਾਰਤੀ ਤੱਤਾਂ ਵੱਲੋਂ ਸੱਚਖੰਡ ਸ੍ਰੀ ਦਰਬਾਰ ਸਾਹਿਬ ਦੇ ਦਫ਼ਤਰ ਨੂੰ ਭੇਜੀਆਂ ਗਈਆਂ ਈ-ਮੇਲਾਂ ਨੂੰ ਲੈ ਕੇ ਗੰਭੀਰ ਚਿੰਤਾ ਪ੍ਰਗਟਾਈ।

ਉਨ੍ਹਾਂ ਨੇ ਕਿਹਾ ਕਿ ਸੱਚਖੰਡ ਸ੍ਰੀ ਦਰਬਾਰ ਸਾਹਿਬ ਸਿਰਫ਼ ਸਿੱਖ ਜਗਤ ਦੀ ਨਿਹਾਲੀ ਨਹੀਂ, ਬਲਕਿ ਪੂਰੀ ਮਾਨਵਤਾ ਲਈ ਸ਼ਾਂਤੀ, ਸਰਬੱਤ ਦਾ ਭਲਾ ਅਤੇ ਸਮਰਸਤਾ ਦਾ ਕੇਂਦਰ ਹੈ। ਇਹ ਅਸਥਾਨ ਲੱਖਾਂ ਸਾਧ ਸੰਗਤਾਂ ਦੀ ਆਸਥਾ ਅਤੇ ਆਤਮਕ ਜ਼ਿੰਦਗੀ ਦਾ ਸਰਵਉੱਚ ਕੇਂਦਰ ਹੈ, ਜਿਸਦੀ ਸੁਰੱਖਿਆ ਲਈ ਕੋਈ ਕਸਰ ਨਹੀਂ ਛੱਡਣੀ ਚਾਹੀਦੀ।

ਸ. ਰਾਣਾ ਗੁਰਜੀਤ ਸਿੰਘ ਨੇ ਕੇਂਦਰ ਅਤੇ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਸੁਰੱਖਿਆ ਲਈ ਸਭ ਤੋਂ ਨਵੀਂ ਤੇ ਵਿਕਸਿਤ ਤਕਨੀਕ ਨਾਲ ਲੈਸ ਉਪਕਰਣਾਂ ਦੀ ਤਾਇਨਾਤੀ ਕੀਤੀ ਜਾਵੇ, ਤਾਂ ਜੋ ਕਿਸੇ ਵੀ ਕਿਸਮ ਦੇ ਸ਼ਰਾਰਤੀ ਯਤਨਾਂ ਨੂੰ ਪੂਰੀ ਤਰ੍ਹਾਂ ਰੋਕਿਆ ਜਾ ਸਕੇ।

ਉਨ੍ਹਾਂ ਨੇ ਜ਼ੋਰ ਦਿੰਦਿਆਂ ਕਿਹਾ, ਗੁਰੂ ਸਾਹਿਬ ਸਭ ਦੇ ਰਾਖੇ ਹਨ, ਪਰ ਸਰਕਾਰ ਦੀ ਜ਼ਿੰਮੇਵਾਰੀ ਹੈ ਕਿ ਉਹ ਹਰ ਸ਼ਰਧਾਲੂ ਦੀ ਜਾਨ-ਮਾਲ ਦੀ ਸੁਰੱਖਿਆ ਯਕੀਨੀ ਬਣਾਵੇ। ਅਜਿਹੇ ਸ਼ਰਾਰਤੀ ਤੱਤਾਂ ਨੂੰ ਕਾਨੂੰਨੀ ਰੂਪ ਵਿੱਚ ਨੱਥ ਪਾਉਣਾ ਅਤਿ ਜ਼ਰੂਰੀ ਹੈ।

ਸ. ਰਾਣਾ ਗੁਰਜੀਤ ਸਿੰਘ ਨੇ ਅੰਤ ਵਿੱਚ ਕਿਹਾ ਕਿ ਉਹ ਸਿੱਖ ਕੌਮ ਨਾਲ ਖੜੇ ਹਨ ਅਤੇ ਧਾਰਮਿਕ ਅਸਥਾਨਾਂ ਦੀ ਅਸਮਤਾ ਤੇ ਸੁਰੱਖਿਆ ਲਈ ਹਰ ਪੱਧਰ ’ਤੇ ਆਵਾਜ਼ ਬੁਲੰਦ ਕਰਦੇ ਰਹਿਣਗੇ।

## ਸੰਪਾਦਕੀ

# ਧਰਤੀ ਹੇਠਲਾ ਪਾਣੀ ਬਚਾਇਆ ਜਾਵੇ

ਪੰਜਾਬ ਜਿਸਨੂੰ ਪੰਜ ਦਰਿਆਵਾਂ ਦੀ ਧਰਤੀ ਸਮਝਿਆ ਜਾਂਦਾ ਹੈ, ਅੱਜ ਦੇ ਦੌਰ ਵਿਚ ਪਾਣੀ ਦੇ ਖ਼ੌਫ਼ਨਾਕ ਪੱਧਰ ਦਾ ਸਾਹਮਣਾ ਕਰ ਰਿਹਾ ਹੈ। ਪਹਿਲੀ ਗੱਲ ਤਾਂ ਇਹ ਕਿ ਹੁਣ ਇਹ ਪੰਜਾਂ ਦਰਿਆਵਾਂ ਦੀ ਧਰਤੀ ਨਹੀਂ ਰਿਹਾ। ਦੇਸ਼ ਦੀ ਵੰਡ ਮੌਕੇ ਦਰਿਆ ਵੀ ਦੋ ਹਿੱਸਿਆਂ ਵਿਚ ਵੰਡੇ ਗਏ। ਅੱਧਾ ਹਿੱਸਾ ਪਾਕਿਸਤਾਨ ਅਤੇ ਅੱਧਾ ਹਿੱਸਾ ਹਿੰਦੁਸਤਾਨ ਵਾਲੇ ਪਾਸੇ ਵੰਡਿਆ ਗਿਆ। ਦੇਸ਼ ਦੀ ਵੰਡ ਹੋਈ ਤਾਂ ਮੁਲਕ ਅੰਨ ਦੀ ਭਾਰੀ ਕਿੱਲਤ ਦਾ ਸ਼ਿਕਾਰ ਸੀ ਅਤੇ ਉਸਨੂੰ ਅੰਨ ਦੀ ਪੂਰਤੀ ਲਈ ਹੋਰਨਾਂ ਮੁਲਕਾਂ ਉਪਰ ਨਿਰਭਰ ਹੋਣਾ ਪੈ ਰਿਹਾ ਸੀ। ਉਹ ਮੁਲਕ ਆਪਣੀ ਕ੍ਰੰਸੀ ਦੇ ਹਿਸਾਬ ਨਾਲ ਅਤਿ ਨੀਵੇਂ ਦਰਜੇ ਦੀ ਕੁਆਲਟੀ ਹਿੰਦੁਸਤਾਨ ਨੂੰ ਮੁਹੱਈਆ ਕਰਵਾਉਂਦੇ ਸਨ। ਫਿਰ ਦੇਸ਼ ਨੇ ਅੰਨ ਖੇਤਰ ਵਿਚ ਆਤਮ ਨਿਰਭਰ ਹੋਣ ਲਈ ਹਰੀ ਕ੍ਰਾਂਤੀ ਦਾ ਨਾਅਰਾ ਦਿੱਤਾ ਅਤੇ ਇਸ ਨੂੰ ਸਭ ਤੋਂ ਵੱਧ ਗੰਭੀਰਤਾ ਨਾਲ ਪੰਜਾਬ ਦੇ ਕਿਸਾਨਾਂ ਨੇ ਲਿਆ। ਬਦਲੇ ਵਿਚ ਸਰਕਾਰ ਨੇ ਸਸਤੇ ਕਰਜ਼ੇ, ਆਧੁਨਿਕ ਮਸ਼ੀਨਰੀ, ਬੀਜਾਂ ਅਤੇ ਕੀਟਨਾਸ਼ਕ ਮੁਹੱਈਆ ਕਰਵਾਉਣੇ ਸ਼ੁਰੂ ਕੀਤੇ। ਪੰਜਾਬੀ ਕਿਸਾਨਾਂ ਨੇ ਧੜਾਧੜ ਲੋਨ ਲੈ ਕੇ ਆਪਣਾ ਝਾੜ ਵਧਾਉਣ ਦਾ ਰਾਹ ਚੁਣਿਆ ਤੇ ਨਤੀਜਨ ਦੇਸ਼ ਅੰਨ ਦੇ ਖੇਤਰ ਵਿਚ ਆਤਮ ਨਿਰਭਰ ਹੋ ਗਿਆ। ਜੈ ਜਵਾਨ ਜੈ ਕਿਸਾਨ ਦਾ ਨਾਅਰਾ ਵੀ ਉਸ ਸਮੇਂ ਦੇਸ਼ ਦੇ ਪ੍ਰਧਾਨ ਮੰਤਰੀ ਲਾਲ ਬਹਾਦਰ ਸ਼ਾਸਤਰੀ ਨੇ ਦਿੱਤਾ। ਪਰ ਸਮਾਂ ਪਾ ਕੇ ਮੁਲਕ ਭਾਵੇਂ ਅੰਨ ਦੇ ਖੇਤਰ ਵਿਚ ਆਤਮ ਨਿਰਭਰ ਹੋ ਗਿਆ ਪਰ ਪੰਜਾਬ ਦੇ ਕਿਸਾਨਾਂ ਨੂੰ ਇਸਦਾ ਮਹਿੰਗਾ ਮੁੱਲ ਤਾਰਨਾ ਪਿਆ ਅਤੇ ਅੱਜ ਵੀ ਤਾਰ ਰਹੇ ਹਨ। ਜਦੋਂ ਦੇਸੀ ਨਰਮੇ ਨੂੰ ਅਮਰੀਕਨ ਸੁੰਡੀ ਨੇ ਤਬਾਹ ਕਰ ਦਿੱਤਾ ਤਾਂ ਮਾਲਵੇ ਦੇ ਕਿਸਾਨਾਂ ਨੂੰ ਮਜਬੂਰਨ ਝੋਨੇ ਦੀ ਫਸਲ ਵੱਲ ਪਰਤਣਾ ਪਿਆ। ਝੋਨੇ ਦੀ ਖਪਤ ਪੰਜਾਬ ਵਿਚ ਨਾਂ ਮਾਤਰ ਹੈ ਅਤੇ ਚਾਵਲ ਪੰਜਾਬੀਆਂ ਦੀ ਖੁਰਾਕ ਦਾ ਹਿੱਸਾ ਨਹੀਂ ਹੈ। ਪਰ ਝੋਨੇ 'ਤੇ ਐਮ.ਐਸ.ਪੀ ਹੋਣ ਕਾਰਨ ਪੰਜਾਬੀ ਕਿਸਾਨ ਇਸਦੀ ਕਾਸ਼ਤ ਕਰਦੇ ਹਨ। ਕਿਉਂਕਿ ਝੋਨੇ ਨੂੰ ਪਾਣੀ ਦੀ ਬੇਹੱਦ ਲੋੜ ਹੁੰਦੀ ਹੈ ਤੇ ਹਰ ਸਾਲ ਪੰਜਾਬ ਅੰਦਰ ਪਾਣੀ ਦਾ ਪੱਧਰ ਗਰਕਦਾ ਚਲਾ ਗਿਆ। ਝੋਨੇ ਵਾਲੇ ਖੇਤ ਬਣਾਉਣ ਲਈ ਰੁੱਖਾਂ ਦੀ ਬੇਕਦਰੀ ਨਾਲ ਕਟਾਈ ਕੀਤੀ ਗਈ। ਨਤੀਜਾ ਇਹ ਨਿੱਕਲਿਆ ਕਿ ਧਰਤੀ ਹੇਠਲੇ ਪਾਣੀ ਦਾ ਪੱਧਰ ਖ਼ਤਰਨਾਕ ਪੱਧਰ ਤੱਕ ਨੀਵਾਂ ਹੋ ਗਿਆ ਹੈ। ਪਹਿਲਾਂ ਪੱਟੇ ਵਾਲੀਆਂ ਮੋਟਰਾਂ, ਫਿਰ ਪੱਖੇ ਵਾਲੀਆਂ ਤੇ ਹੁਣ ਮੱਛੀ ਮੋਟਰਾਂ ਵੀ ਪਾਣੀ ਕੱਢਣ ਲਈ ਇੱਕ ਦੋ ਸਾਲ ਹੋਰ ਕੰਮ ਕਰਨਗੀਆਂ। ਭਾਵੇਂ ਹੁਣ ਕਿਸਾਨ ਇਸ ਨੂੰ ਗੰਭੀਰਤਾ ਨਾਲ ਲੈਣ ਲੱਗੇ ਹਨ ਤੇ ਪੂਸਾ-44 ਜਿਹੀਆਂ ਲੰਮੇ ਸਮੇਂ ਵਿਚ ਪੱਕਣ ਵਾਲੀਆਂ ਕਿਸਮਾਂ ਤੋਂ ਤੌਬਾ ਕਰ ਚੁੱਕੇ ਹਨ ਪਰ ਹਾਲੇ ਵੀ ਇਸ ਖੇਤਰ ਵਿਚ ਹੋਰ ਵਧੇਰੇ ਗੰਭੀਰਤਾ ਨਾਲ ਸੋਚਣ ਦੀ ਲੋੜ ਹੈ। ਖੇਤੀ ਵਿਭਾਗ ਅਤੇ ਸਰਕਾਰੀ ਪੱਧਰ ਦੀਆਂ ਕਾਰਵਾਈਆਂ ਮਹਿਜ਼ ਗੋਂਗਲੂਆਂ ਤੋਂ ਮਿੱਟੀ ਝਾੜਨ ਦੇ ਤੁਲ ਹਨ। ਜੇਕਰ ਸਰਕਾਰ ਅਤੇ ਖੇਤੀ ਵਿਭਾਗ ਗੰਭੀਰਤਾ ਨਾਲ ਇਸ ਮਸਲੇ ਨੂੰ ਵਿਚਾਰੇ ਤਾਂ ਕਿਸਾਨਾਂ ਦਾ ਝੋਨੇ ਤੋਂ ਛੁਟਕਾਰਾ ਸੰਭਵ ਹੈ। ਕੁਝ ਕਿਸਾਨਾਂ ਨੇ ਕੱਦੂ ਕਰਨ ਦੀ ਬਜਾਏ ਝੋਨੇ ਦੀ ਸਿੱਧੀ ਬਿਜਾਈ ਕਰਨੀ ਸ਼ੁਰੂ ਕੀਤੀ ਹੈ। ਦੇਰ ਨਾਲ ਬੀਜੀਆਂ ਅਤੇ ਜਲਦੀ ਪੱਕਣ ਵਾਲੀਆਂ ਕਿਸਮਾਂ ਵੀ ਲਗਾਉਣੀਆਂ ਸ਼ੁਰੂ ਕੀਤੀਆਂ ਹਨ ਪਰ ਹਾਲੇ ਇਸ ਖੇਤਰ ਵਿਚ ਹੋਰ ਬਹੁਤ ਕੁਝ ਕਰਨ ਦੀ ਲੋੜ ਹੈ। ਸੱਚਾਈ ਤਾਂ ਇਹ ਹੈ ਕਿ ਸਰਕਾਰਾਂ ਦੀ ਬੇਪ੍ਰਵਾਹੀ ਕਾਰਨ ਕਿਸਾਨ ਛੋਲੇ, ਕਮਾਦ, ਮਸਰ ਅਤੇ ਹੋਰਨਾਂ ਪ੍ਰਚੱਲਿਤ ਫਸਲਾਂ ਤੋਂ ਦੂਰ ਹੋ ਗਏ। ਸੱਚਾਈ ਇਹ ਵੀ ਹੈ ਕਿ ਨੇੜ ਭਵਿੱਖ ਵਿਚ ਪੰਜਾਬੀ ਕਿਸਾਨ ਨੂੰ ਫਿਰ ਤੋਂ ਇਨ੍ਹਾਂ ਫ਼ਸਲਾਂ ਵੱਲ ਪਰਤਣਾ ਹੀ ਪਵੇਗਾ। ਸਾਡੀ ਜਾਚੇ ਸਰਕਾਰ ਅਤੇ ਖੇਤੀ ਯੂਨੀਵਰਸਿਟੀ ਦੇ ਮਾਹਰਾਂ ਨੂੰ ਕਿਸਾਨ ਭਰਾਵਾਂ ਨੂੰ ਝੋਨੇ ਦੀ ਫਸਲ ਦੀ ਬਜਾਏ ਹੋਰਨਾਂ ਫ਼ਸਲਾਂ ਵੱਲ ਆਕਰਸ਼ਤ ਕਰਨ ਲਈ ਵਿਸ਼ੇਸ਼ ਤਵੱਜੋ ਦੇਣੀ ਚਾਹੀਦੀ ਹੈ। ਬਦਲਵੀਆਂ ਫ਼ਸਲਾਂ ਉਪਰ ਐਮ.ਐਸ.ਪੀ. ਅਤੇ ਉਨ੍ਹਾਂ ਦੇ ਢੁੱਕਵੇਂ ਮੰਡੀਕਰਨ ਦੀ ਵਿਵਸਥਾ ਵੀ ਯਕੀਨੀ ਬਣਾਉਣੀ ਚਾਹੀਦੀ ਹੈ, ਤਾਂ ਹੀ ਕਿਸਾਨ ਝੋਨੇ ਦੀ ਫ਼ਸਲ ਦਾ ਤਿਆਗ ਕਰਨਗੇ ਅਤੇ ਪੰਜਾਬ ਵੀ ਬੰਜਰ ਹੋਣ ਤੋਂ ਬਚ ਸਕੇਗਾ।

**-ਜਗਜੀਤ ਸਿੰਘ ਦਰਦੀ**

### 2027 ਪੰਜਾਬ ਚੋਣਾਂ ਲਈ ਨਵੇਂ ਏਜੰਡੇ ਦੀ ਤਲਾਸ਼

# ਪੰਜਾਬ ਦੀ ਰਾਜਨੀਤੀ ਤੇ ਪਾਰਟੀਆਂ ਦੀ ਅੰਦਰੂਨੀ ਹਫੜਾ-ਦਫੜੀ ਅਤੇ ਨਵੇਂ ਪੰਜਾਬ ਏਜੰਡੇ ਦੀ ਖ਼ੋਜ



ਪ੍ਰੋ. ਡਾ. ਕ੍ਰਿਸ਼ਨ ਕੁਮਾਰ ਰੱਤੂ
ਮੋ: 9478730156
ਉੱਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ

ਪੰਜਾਬ ਦੀ ਰਾਜਨੀਤੀ ਵਿੱਚ ਹੁਣ ਜਿਸ ਤਰ੍ਹਾਂ ਦਾ ਮਾਹੌਲ ਹੈ, ਉਸਨੇ ਹੁਣ ਤੋਂ ਹੀ 2027 ਦੀਆਂ ਵਿਧਾਨ ਸਭਾ ਚੋਣਾਂ ਦੀ ਗਹਿਮਾ ਗਹਿਮੀ ਪੈਦਾ ਕਰ ਦਿੱਤੀ ਕਿਉਂਕਿ ਪੰਜਾਬ ਦੀਆਂ ਰਾਜਨੀਤਿਕ ਪਾਰਟੀਆਂ ਦਾ ਕੋਈ ਵਿਸ਼ਵਾਸ ਤੇ ਭਰੋਸੇਯੋਗਤਾ ਦਾ ਆਧਾਰ ਹੀ ਨਹੀਂ ਰਿਹਾ ਹੈ।ਅੱਜ ਪੰਜਾਬੀ ਲੋਕਾਂ ਦਾ ਸਾਰੀਆਂ ਪਾਰਟੀਆਂ ਤੋਂ ਭਰੋਸਾ ਟੁੱਟ ਚੁੱਕਾ ਹੈ ਵਿਸ਼ੇਸ਼ਕਰ ਪਾਰਟੀਆਂ ਦੇ ਅੰਦਰ ਲੋਕਤੰਤਰ ਦੀ ਲੋੜ ਅਤੇ ਆਪ ਹੁਦਰਾਪਣ ਨੇ ਪੰਜਾਬ ਦੀਆਂ ਰਾਜਨੀਤਿਕ ਪਾਰਟੀਆਂ ਦੇ ਅੰਦਰੂਨੀ ਸਥਿਤੀ ਨੂੰ ਖੋਖਲਾ ਕਰ ਦਿੱਤਾ ਹੈ ਤੇ ਇਹਨਾਂ ਸਵਾਲਾਂ ਦੇ ਜਵਾਬ ਵਿੱਚ ਕੱਲ੍ਹ ਆਪ ਸੱਤਾਧਾਰੀ ਪਾਰਟੀ ਦੇ ਸਾਬਕਾ ਮੰਤਰੀ ਤੇ ਐਮਐਲਏ ਅਨਮੋਲ ਗਗਨ ਮਾਨ ਨੇ ਜਿਸ ਤਰ੍ਹਾਂ ਯੂ ਟਰਨ ਲਿਆ ਹੈ, ਉਸ ਨਾਲ ਪਾਰਟੀਆਂ ਦੇ ਅੰਦਰ ਕੀ ਚੱਲ ਰਿਹਾ ਹੈ, ਉਸ ਦੀ ਵੀ ਇੱਕ ਝਲਕ ਦਿਖਾਈ ਦਿੰਦੀ ਹੈ।ਅਨਮੋਲ ਗਗਨ ਮਾਨ, ਆਮ ਆਦਮੀ ਪਾਰਟੀ (ਆਪ) ਦੀ ਖਰੜ ਸੀਟ ਤੋਂ ਵਿਧਾਇਕ ਅਤੇ ਸਾਬਕਾ ਕੈਬਨਿਟ ਮੰਤਰੀ ਨੇ 19 ਜੁਲਾਈ 2025 ਨੂੰ ਆਪਣੇ ਵਿਧਾਇਕ ਅਹੁਦੇ ਤੋਂ ਅਸਤੀਫਾ ਦੇਣ ਦਾ ਐਲਾਨ ਕਰਕੇ ਸਿਆਸਤ ਛੱਡਣ ਦੀ ਗੱਲ ਕੀਤੀ ਸੀ। ਉਨ੍ਹਾਂ ਨੇ ਫੇਸਬੁੱਕ 'ਤੇ ਇੱਕ ਪੋਸਟ ਸਾਂਝੀ ਕਰਦਿਆਂ ਵਿਧਾਨ ਸਭਾ ਦੇ ਸਪੀਕਰ ਨੂੰ ਅਸਤੀਫ਼ਾ ਸਵੀਕਾਰ ਕਰਨ ਦੀ ਅਪੀਲ ਕੀਤੀ ਅਤੇ ਪਾਰਟੀ ਨੂੰ ਸ਼ੁਭਕਾਮਨਾਵਾਂ ਦਿੱਤੀਆਂ। ਉਨ੍ਹਾਂ ਦੇ ਅਸਤੀਫ਼ੇ ਦੀ ਖ਼ਬਰ ਨੇ ਪੰਜਾਬ ਦੀ ਸਿਆਸਤ ਵਿੱਚ ਹਲਚਲ ਮਚਾ ਦਿੱਤੀ ਅਤੇ ਕਈਆਂ ਨੇ ਅੰਦਾਜ਼ਾ ਲਗਾਇਆ ਕਿ ਉਹ ਸੰਗੀਤ ਜਗਤ ਵਿੱਚ ਵਾਪਸੀ ਕਰ ਸਕਦੀ ਹੈ।

ਪਰ, ਅਗਲੇ ਦਿਨ, 20 ਜੁਲਾਈ 2025 ਨੂੰ, ਅਨਮੋਲ ਗਗਨ ਮਾਨ ਦੀ ਪੰਜਾਬ ਦੇ ਸਹਿ-ਪ੍ਰਧਾਨ ਅਮਨ ਅਰੋੜਾ ਨਾਲ ਮੁਲਾਕਾਤ ਤੋਂ ਬਾਅਦ ਆਮ ਆਦਮੀ ਪਾਰਟੀ ਨੇ ਉਨ੍ਹਾਂ ਦਾ ਅਸਤੀਫਾ ਨਾਮਨਜ਼ੂਰ ਕਰ ਦਿੱਤਾ ਹੈ। ਇਸ ਯੂ-ਟਰਨ ਨੇ ਸਿਆਸੀ ਹਲਕਿਆਂ ਵਿੱਚ ਚਰਚਾ ਨੂੰ ਹੋਰ ਤੇਜ਼ ਕਰ ਦਿੱਤਾ ਹੈ।

ਕੁੱਝ ਸੂਤਰਾਂ ਅਨੁਸਾਰ ਅਜਿਹੀਆਂ ਅਟਕਲਾਂ ਵੀ ਸਨ ਕਿ ਅਸਤੀਫੇ ਦਾ ਫੈਸਲਾ ਪਾਰਟੀ ਦੀ ਅੰਦਰੂਨੀ ਸਿਆਸਤ ਜਾਂ ਅਨਮੋਲ ਗਗਨ ਦੀ ਨਾਰਾਜ਼ਗੀ ਨਾਲ ਜੁੜਿਆ ਹੋ ਸਕਦਾ ਹੈ ਪਰ ਪਾਰਟੀ ਨੇ ਸਪੱਸ਼ਟ ਕੀਤਾ ਕਿ ਉਹ ਅਨਮੋਲ ਨੂੰ ਪਾਰਟੀ ਵਿੱਚ ਹੀ ਰੱਖਣਾ ਚਾਹੁੰਦੀ ਹੈ।

ਅਨਮੋਲ ਗਗਨ ਮਾਨ ਦੇ ਅਸਤੀਫੇ ਅਤੇ ਯੂ-ਟਰਨ ਨੇ ਪੰਜਾਬ ਦੀ ਸਿਆਸਤ ਵਿੱਚ ਕਈ ਸਵਾਲ ਖੜ੍ਹੇ ਕੀਤੇ ਹਨ। ਆਮ ਆਦਮੀ ਪਾਰਟੀ, ਜਿਸ ਨੇ 2022 ਦੀਆਂ ਵਿਧਾਨ ਸਭਾ ਚੋਣਾਂ ਵਿੱਚ 117 ਵਿੱਚੋਂ 92 ਸੀਟਾਂ ਜਿੱਤ ਕੇ ਸਰਕਾਰ ਬਣਾਈ ਸੀ, ਨੂੰ ਅੰਦਰੂਨੀ ਚੁਣੌਤੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਅਨਮੋਲ ਗਗਨ ਵਰਗੇ ਪ੍ਰਮੁੱਖ ਚਿਹਰਿਆਂ ਦੀ ਨਰਾਜ਼ਗੀ ਜਾਂ ਅਸਤੀਫੇ ਦੀਆਂ ਖਬਰਾਂ ਪਾਰਟੀ ਦੀ ਏਕਤਾ 'ਤੇ ਸਵਾਲ ਉਠਾਉਂਦੀਆਂ ਹਨ। ਇਸ ਤੋਂ ਪਹਿਲਾਂ ਵੀ, 2018 ਵਿੱਚ ਸੁਖਪਾਲ ਖਹਿਰਾ ਵਰਗੇ ਆਗੂਆਂ ਦੀ ਪਾਰਟੀ ਤੋਂ ਅਲਹਿਦਗੀ ਨੇ ਆਪ ਦੀ ਅੰਦਰੂਨੀ ਸਥਿਤੀ ਨੂੰ ਚਰਚਾ ਦਾ ਵਿਸ਼ਾ ਬਣਾਇਆ ਸੀ।

ਇਸ ਘਟਨਾ ਨੇ ਵਿਰੋਧੀ ਧਿਰਾਂ, ਜਿਵੇਂ ਕਿ ਕਾਂਗਰਸ ਅਤੇ ਸ਼੍ਰੋਮਣੀ ਅਕਾਲੀ ਦਲ ਨੂੰ ਸਰਕਾਰ 'ਤੇ ਨਿਸ਼ਾਨਾ ਸਾਧਣ ਦਾ ਮੌਕਾ ਦਿੱਤਾ ਹੈ। ਵਿਰੋਧੀਆਂ ਨੇ ਦਾਅਵਾ ਕੀਤਾ ਕਿ ਆਪ ਸਰਕਾਰ ਅਮਨ-ਕਾਨੂੰਨ ਅਤੇ ਵਿਕਾਸ ਦੇ ਮੁੱਦਿਆਂ 'ਤੇ ਨਕਾਰਾ ਸਾਬਤ ਹੋ ਰਹੀ ਹੈ, ਜਿਸ ਕਾਰਨ ਪਾਰਟੀ ਦੇ ਅੰਦਰ ਵੀ ਅਸੰਤੁਸ਼ਟੀ ਵੱਧ ਰਹੀ ਹੈ। ਅਨਮੋਲ ਗਗਨ ਮਾਨ ਦਾ ਪਿਛੋਕੜ ਅਨਮੋਲ ਗਗਨ ਮਾਨ ਨੇ 2022 ਦੀਆਂ ਚੋਣਾਂ ਵਿੱਚ ਖਰੜ ਸੀਟ ਤੋਂ ਜਿੱਤ ਹਾਸਲ ਕੀਤੀ ਸੀ। ਉਨ੍ਹਾਂ ਨੂੰ ਭਗਵੰਤ ਮਾਨ ਸਰਕਾਰ ਵਿੱਚ ਸੈਰ ਸਪਾਟਾ ਅਤੇ ਸੱਭਿਆਚਾਰਕ ਮਾਮਲਿਆਂ ਦਾ ਮੰਤਰੀ ਬਣਾਇਆ ਗਿਆ ਸੀ, ਹਾਲਾਂਕਿ ਬਾਅਦ ਵਿੱਚ ਮੰਤਰੀ ਮੰਡਲ ਤੋਂ ਹਟਾਏ ਜਾਣ ਨਾਲ ਉਨ੍ਹਾਂ ਦੀ ਨਾਰਾਜ਼ਗੀ ਦੀਆਂ ਅਟਕਲਾਂ ਸ਼ੁਰੂ ਹੋਈਆਂ ਸਨ ਤੇ ਹੁਣ ਉਨ੍ਹਾਂ ਦਾ ਅਸਤੀਫਾ ਅਤੇ ਵਾਪਸੀ ਪੰਜਾਬ ਦੀ ਸਿਆਸਤ ਵਿੱਚ ਆਪ ਦੀ ਅੰਦਰੂਨੀ ਗਤੀਵਿਧੀਆਂ ਦਾ ਸੰਕੇਤ ਮੰਨੀ ਜਾ ਰਹੀ ਹੈ, ਪਰ ਪਾਰਟੀ ਦੁਆਰਾ ਅਸਤੀਫਾ ਨਾਮਨਜ਼ੂਰ ਕਰਨ ਨਾਲ ਇਹ ਸੰਭਾਵਨਾ ਫ਼ਿਲਹਾਲ ਟਲਦੀ ਨਜ਼ਰ ਆਉਂਦੀ ਹੈ।

ਇਹ ਅਸਤੀਫ਼ਾ ਅਤੇ ਯੂ-ਟਰਨ ਪੰਜਾਬ ਦੀ ਸਿਆਸਤ ਵਿੱਚ ਆਪ ਦੀ ਅੰਦਰੂਨੀ ਗਤੀਸ਼ੀਲਤਾ ਅਤੇ ਚੁਣੌਤੀਆਂ ਨੂੰ ਦਰਸਾਉਂਦਾ ਹੈ। ਇਹ ਘਟਨਾ ਪਾਰਟੀ ਦੀ ਏਕਤਾ ਅਤੇ ਲੀਡਰਸ਼ਿਪ ਦੀ ਸਥਿਰਤਾ 'ਤੇ ਸਵਾਲ ਉਠਾਉਂਦੀ ਹੈ। ਨਾਲ ਹੀ ਇਹ ਵਿਰੋਧੀ ਧਿਰਾਂ ਲਈ ਸਰਕਾਰ ਨੂੰ ਘੇਰਨ ਦਾ ਮੌਕਾ ਵੀ ਬਣ ਸਕਦੀ ਹੈ। ਅਨਮੋਲ ਗਗਨ ਦੀ ਸਿਆਸੀ ਯਾਤਰਾ ਅਤੇ ਭਵਿੱਖ ਦੇ ਫੈਸਲੇ ਪੰਜਾਬ ਦੀ ਸਿਆਸਤ ਵਿੱਚ ਚਰਚਾ ਦਾ ਵਿਸ਼ਾ ਬਣੇ ਰਹਿਣਗੇ।ਹੁਣ ਪੰਜਾਬ ਦੀ ਰਾਜਨੀਤੀ ਵਿੱਚ ਪਿਛਲੇ ਕੁੱਝ ਸਾਲਾਂ ਤੋਂ ਇੱਕ ਅਜਿਹਾ ਮਾਹੌਲ ਬਣਿਆ ਹੋਇਆ ਹੈ, ਜਿੱਥੇ ਰਾਜਨੀਤਿਕ ਪਾਰਟੀਆਂ ਦੀ ਅੰਦਰੂਨੀ ਟੁੱਟ-ਭੱਜ ਅਤੇ ਆਪਹੁਦਰੇਪਣ ਨੇ ਰਾਜ ਦੇ ਸਿਆਸੀ ਨਕਸ਼ੇ ਨੂੰ ਕਾਫੀ ਪ੍ਰਭਾਵਿਤ ਕੀਤਾ ਹੈ।

ਭਾਰਤੀ ਰਾਸ਼ਟਰੀ ਕਾਂਗਰਸ, ਸ਼੍ਰੋਮਣੀ ਅਕਾਲੀ ਦਲ ਅਤੇ ਆਮ ਆਦਮੀ ਪਾਰਟੀ (ਆਪ) ਵਰਗੀਆਂ ਪ੍ਰਮੁੱਖ ਪਾਰਟੀਆਂ ਅੰਦਰੂਨੀ ਕਲੇਸ਼, ਨੇਤਾਵਾਂ ਦੀ ਦਲ-ਬਦਲੀ ਅਤੇ ਸੱਤਾ ਦੀ ਲਾਲਸਾ ਵਿੱਚ ਫਸੀਆਂ ਨਜ਼ਰ ਆ ਰਹੀਆਂ ਹਨ। 2022 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਆਮ ਆਦਮੀ ਪਾਰਟੀ ਦੀ ਵੱਡੀ ਜਿੱਤ ਨੇ ਪੰਜਾਬ ਦੀ ਸਿਆਸਤ ਨੂੰ ਨਵਾਂ ਮੋੜ ਦਿੱਤਾ ਪਰ ਸਵਾਲ ਇਹ ਹੈ ਕਿ ਕੀ ਇਹ ਪਾਰਟੀਆਂ ਹੁਣ ਪੰਜਾਬ ਦੇ ਵਿਕਾਸ ਅਤੇ ਰਾਸ਼ਟਰੀ ਪੱਧਰ 'ਤੇ ਇੱਕ ਨਵੇਂ ਏਜੰਡੇ ਨੂੰ ਅੱਗੇ ਵਧਾਉਣ ਦੀ ਸਮਰੱਥਾ ਰੱਖਦੀਆਂ ਹਨ, ਜਾਂ ਸਿਰਫ਼ ਵੋਟ ਰਾਜਨੀਤੀ ਅਤੇ ਸੱਤਾ ਦੀਆਂ ਤਿਜ਼ੌਰੀਆਂ ਭਰਨ ਵਿੱਚ ਹੀ ਉਲਝੀਆਂ ਰਹਿਣਗੀਆਂ?

ਪੰਜਾਬ ਵਿੱਚ ਇਹ ਪਾਰਟੀਆਂ ਅੰਦਰੂਨੀ ਟੁੱਟ-ਭੱਜ ਅਤੇ ਆਪਹੁਦਰੇਪਣ ਦਾ ਸ਼ਿਕਾਰ ਹਨ। ਕਾਂਗਰਸ, ਅਕਾਲੀ ਦਲ ਅਤੇ ਆਮ ਆਦਮੀ ਪਾਰਟੀ ਵਿੱਚ ਅੰਦਰੂਨੀ ਕਲੇਸ਼ ਅਤੇ ਨੇਤਾਵਾਂ ਦੀ ਆਪਹੁਦਰੀ ਸਿਆਸਤ ਨੇ ਪੰਜਾਬ ਦੀ ਰਾਜਨੀਤੀ ਨੂੰ ਇੱਕ ਅਸਥਿਰ ਦੌਰ ਵਿੱਚ ਧੱਕ ਦਿੱਤਾ ਹੈ। ਕਾਂਗਰਸ ਪੰਜਾਬ ਵਿੱਚ 2017 ਦੀਆਂ ਵਿਧਾਨ ਸਭਾ ਚੋਣਾਂ ਵਿੱਚ 77 ਸੀਟਾਂ ਜਿੱਤਣ ਤੋਂ ਬਾਅਦ ਸੱਤਾ ਵਿੱਚ ਵਾਪਸੀ ਹੋਈ ਪਰ ਅੰਦਰੂਨੀ ਖੇਮੇਬਾਜ਼ੀ ਅਤੇ ਨੇਤਾਵਾਂ ਦੀ ਆਪਸੀ ਲੜਾਈ ਨੇ ਪਾਰਟੀ ਨੂੰ ਕਮਜ਼ੋਰ ਕਰ ਦਿੱਤਾ। ਕੈਪਟਨ ਅਮਰਿੰਦਰ ਸਿੰਘ ਅਤੇ ਨਵਜੋਤ ਸਿੰਘ ਸਿੱਧੂ ਵਿਚਕਾਰ ਚੱਲੀ ਸੱਤਾ ਦੀ ਜੰਗ ਨੇ ਪਾਰਟੀ ਦੀ ਏਕਤਾ ਨੂੰ ਖੰਡਿਤ ਕਰ ਦਿੱਤਾ ਹੈ।

2021 ਵਿੱਚ ਅਮਰਿੰਦਰ ਸਿੰਘ ਦੇ ਅਸਤੀਫੇ ਅਤੇ ਬਾਅਦ ਵਿੱਚ ਉਨ੍ਹਾਂ ਦੀ ਨਵੀਂ ਪਾਰਟੀ ਬਣਾਉਣ ਦੀ ਕੋਸ਼ਿਸ਼ ਨੇ ਕਾਂਗਰਸ ਨੂੰ ਹੋਰ ਨੁਕਸਾਨ ਪਹੁੰਚਾਇਆ। 2022 ਦੀਆਂ ਚੋਣਾਂ ਵਿੱਚ ਕਾਂਗਰਸ ਸਿਰਫ਼ 17 ਸੀਟਾਂ 'ਤੇ ਸਿਮਟ ਗਈ, ਜੋ ਇਸ ਦੀ ਅੰਦਰੂਨੀ ਕਮਜ਼ੋਰੀ ਦਾ ਸਪੱਸ਼ਟ ਸੰਕੇਤ ਸੀ।

ਉਧਰ ਸ਼੍ਰੋਮਣੀ ਅਕਾਲੀ ਦਲ ਦੀ ਸਥਿਤੀ ਵੀ ਕੋਈ ਬਿਹਤਰ ਨਹੀਂ ਹੈ। 2020 ਵਿੱਚ ਕਿਸਾਨ ਅੰਦੋਲਨ ਦੌਰਾਨ ਭਾਰਤੀ ਜਨਤਾ ਪਾਰਟੀ (ਭਾਜਪਾ) ਨਾਲ ਗਠਜੋੜ ਟੁੱਟਣ ਤੋਂ ਬਾਅਦ ਅਕਾਲੀ ਦਲ ਦੀ ਸਿਆਸੀ ਜ਼ਮੀਨ ਹਿੱਲ ਗਈ। ਸੁਖਬੀਰ ਸਿੰਘ ਬਾਦਲ ਦੀ ਅਗਵਾਈ ਨੂੰ ਪਾਰਟੀ ਦੇ ਸੀਨੀਅਰ ਨੇਤਾਵਾਂ ਨੇ ਚੁਣੌਤੀ ਦਿੱਤੀ, ਜਿਸ ਕਾਰਨ ਕਈ ਨੇਤਾ ਪਾਰਟੀ ਛੱਡ ਕੇ ਨਵੇਂ ਗਰੁੱਪ ਜਾਂ ਪਾਰਟੀਆਂ ਬਣਾ ਲਈਆਂ।ਉਧਰ 2022 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਅਕਾਲੀ ਦਲ ਨੂੰ ਸਿਰਫ਼ 3 ਸੀਟਾਂ ਮਿਲੀਆਂ, ਜੋ ਇਸ ਦੀ ਇਤਿਹਾਸਕ ਹਾਰ ਸੀ। ਹਾਲ ਹੀ ਵਿੱਚ, 2025 ਵਿੱਚ ਵੀ ਅਕਾਲੀ ਦਲ ਦੇ ਸਾਬਕਾ ਵਿਧਾਇਕ ਦੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਦੀਆਂ ਖ਼ਬਰਾਂ ਨੇ ਪਾਰਟੀ ਦੀ ਅੰਦਰੂਨੀ ਅਸਥਿਰਤਾ ਨੂੰ ਹੋਰ ਉਜਾਗਰ ਕੀਤਾ।

ਪੰਜਾਬ ਵਿੱਚ ਆਮ ਆਦਮੀ ਪਾਰਟੀ ਨੇ 2022 ਵਿੱਚ 92 ਸੀਟਾਂ ਜਿੱਤ ਕੇ ਇਤਿਹਾਸ ਰਚਿਆ ਸੀ, ਪਰ ਇਸ ਦੀ ਅੰਦਰੂਨੀ ਸਿਆਸਤ ਵੀ ਸਥਿਰ ਨਹੀਂ ਰਹੀ। ਪਾਰਟੀ ਦੀ ਲੀਡਰਸ਼ਿਪ ਵਿੱਚ ਅਨਿਸ਼ਚਿਤਤਾ ਅਤੇ ਨੇਤਾਵਾਂ ਦੀ ਦਲ-ਬਦਲੀ ਨੇ ਇਸ ਦੀ ਵਿਸ਼ਵਸਨੀਯਤਾ 'ਤੇ ਸਵਾਲ ਉਠਾਏ। 2019 ਦੀਆਂ ਲੋਕ ਸਭਾ ਚੋਣਾਂ ਵਿੱਚ ਆਪ ਦੇ ਦੋ ਵਿਧਾਇਕਾਂ ਦੇ ਕਾਂਗਰਸ ਵਿੱਚ ਸ਼ਾਮਲ ਹੋਣ ਅਤੇ 2024 ਦੀਆਂ ਲੋਕ ਸਭਾ ਚੋਣਾਂ ਵਿੱਚ ਸਿਰਫ਼ 3 ਸੀਟਾਂ ਜਿੱਤਣ ਨੇ ਪਾਰਟੀ ਦੀ ਅੰਦਰੂਨੀ ਸਮੱਸਿਆਵਾਂ ਨੂੰ ਸਾਹਮਣੇ ਲਿਆਂਦਾ।

ਇਹ ਤਾਂ ਵੋਟ ਰਾਜਨੀਤੀ ਅਤੇ ਸੱਤਾ ਦੀਆਂ ਤਿਜ਼ੌਰੀਆਂ ਦੇ ਵਿੱਚ ਪੰਜਾਬ ਦੀ ਰਾਜਨੀਤੀ ਹੈ। ਪੰਜਾਬ ਦੀਆਂ ਰਾਜਨੀਤਿਕ ਪਾਰਟੀਆਂ ਦੀ ਮੌਜੂਦਾ ਸਥਿਤੀ ਨੂੰ ਦੇਖਦੇ ਹੋਏ ਅਕਸਰ ਇਹ ਸਵਾਲ ਉੱਠਦਾ ਹੈ ਕਿ ਕੀ ਇਹ ਪਾਰਟੀਆਂ ਪੰਜਾਬ ਦੇ ਵਿਕਾਸ ਅਤੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਹੱਲ ਕਰਨ ਲਈ ਸਮਾਂ ਦੇ ਸਕਦੀਆਂ ਹਨ, ਜਾਂ ਸਿਰਫ਼ ਵੋਟ ਰਾਜਨੀਤੀ ਅਤੇ ਸੱਤਾ ਦੀਆਂ ਤਿਜ਼ੌਰੀਆਂ ਭਰਨ ਵਿੱਚ ਲੱਗੀਆਂ ਹੋਈਆਂ ਹਨ?

ਅੱਜ ਕਾਂਗਰਸ ਦਾ ਅੰਦਰੂਨੀ ਕਲੇਸ਼, ਜਿਵੇਂ ਕਿ ਬਰਗਾੜੀ ਮਾਮਲੇ ਵਿੱਚ ਦੋਸ਼ੀਆਂ ਨੂੰ ਸਜ਼ਾ ਨਾ ਦੇਣਾ ਅਤੇ ਵਾਅਦੇ ਪੂਰੇ ਨਾ ਕਰਨਾ, ਨੇ ਲੋਕਾਂ ਦਾ ਵਿਸ਼ਵਾਸ ਘਟਾਇਆ ਹੈ। ਅਕਾਲੀ ਦਲ ਦੀ ਲੀਡਰਸ਼ਿਪ ਨੂੰ ਵੀ ਵੋਟਰਾਂ ਦਾ ਭਰੋਸਾ ਪ੍ਰਾਪਤ ਨਹੀਂ ਰਿਹਾ, ਜਿਸ ਦਾ ਸਬੂਤ 2007 ਤੋਂ ਬਾਅਦ ਦੀਆਂ ਚੋਣਾਂ ਵਿੱਚ ਉਨ੍ਹਾਂ ਦੀ ਮੱਠੀ ਗਤੀ ਹੈ।ਆਮ ਆਦਮੀ ਪਾਰਟੀ ਨੇ 2022 ਵਿੱਚ ਲੋਕ ਪੱਖੀ ਵਾਅਦਿਆਂ ਨਾਲ ਸੱਤਾ ਹਾਸਲ ਕੀਤੀ, ਪਰ ਸਰਕਾਰ ਦੀ ਕਾਰਗੁਜ਼ਾਰੀ 'ਤੇ ਸਵਾਲ ਉੱਠ ਰਹੇ ਹਨ। ਸਿੱਖਿਆ, ਸਿਹਤ ਅਤੇ ਬੇਰੁਜ਼ਗਾਰੀ ਵਰਗੇ ਮੁੱਦਿਆਂ 'ਤੇ ਆਪ ਦੀ ਪ੍ਰਗਤੀ ਨੂੰ ਲੈ ਕੇ ਵੋਟਰਾਂ ਵਿੱਚ ਅਸੰਤੋਸ਼ ਵੱਧ ਰਿਹਾ ਹੈ। ਪਾਰਟੀ ਦੀਆਂ ਨੀਤੀਆਂ ਅਤੇ ਉਮੀਦਵਾਰਾਂ ਦੀ ਚੋਣ ਵਿੱਚ ਵੀ ਅਕਸਰ ਬਦਲਾਅ ਦੇਖਣ ਨੂੰ ਮਿਲਦੇ ਹਨ।

2022 ਦੀਆਂ ਚੋਣਾਂ ਅਤੇ ਨਵੇਂ ਏਜੰਡੇ ਦੀ ਗੱਲ 2022 ਦੀਆਂ ਵਿਧਾਨ ਸਭਾ ਚੋਣਾਂ ਨੇ ਪੰਜਾਬ ਦੀ ਸਿਆਸਤ ਵਿੱਚ ਇੱਕ ਨਵਾਂ ਅਧਿਆਏ ਸ਼ੁਰੂ ਕੀਤਾ ਗਿਆ ਸੀ। ਆਮ ਆਦਮੀ ਪਾਰਟੀ ਦੀ 92 ਸੀਟਾਂ ਦੀ ਜਿੱਤ ਨੇ ਸਪੱਸ਼ਟ ਕੀਤਾ ਕਿ ਵੋਟਰਾਂ ਨੇ ਪਰੰਪਰਾਗਤ ਪਾਰਟੀਆਂ (ਕਾਂਗਰਸ ਅਤੇ ਅਕਾਲੀ ਦਲ) ਨੂੰ ਨਕਾਰ ਦਿੱਤਾ। ਪਰ ਸਵਾਲ ਇਹ ਹੈ ਕਿ ਕੀ ਇਹ ਪਾਰਟੀਆਂ 2022 ਦੀਆਂ ਚੋਣਾਂ ਦੇ ਨਤੀਜਿਆਂ ਨੂੰ ਅਧਾਰ ਬਣਾ ਕੇ ਪੰਜਾਬ ਨੂੰ ਇੱਕ ਨਵੇਂ ਰਾਸ਼ਟਰੀ ਏਜੰਡੇ ਵੱਲ ਲਿਜਾ ਸਕਦੀਆਂ ਸਨ?

ਅੱਜ ਪੰਜਾਬ ਦੀਆਂ ਮੁੱਖ ਸਮੱਸਿਆਵਾਂ ਜਿਵੇਂ ਕਿ ਖੇਤੀਬਾੜੀ ਸੰਕਟ, ਬੇਰੁਜ਼ਗਾਰੀ, ਨਸ਼ਿਆਂ ਦੀ ਸਮੱਸਿਆ ਅਤੇ ਸਿੱਖਿਆ-ਸਿਹਤ ਸੇਵਾਵਾਂ ਦੀ ਘਾਟ ਨੂੰ ਹੱਲ ਕਰਨ ਲਈ ਇੱਕ ਵਿਆਪਕ ਅਤੇ ਦੂਰਦਰਸ਼ੀ ਏਜੰਡੇ ਦੀ ਲੋੜ ਹੈ। 2024 ਦੀਆਂ ਲੋਕ ਸਭਾ ਚੋਣਾਂ ਵਿੱਚ ਕਾਂਗਰਸ ਨੇ 7 ਸੀਟਾਂ ਜਿੱਤ ਕੇ ਵਾਪਸੀ ਦੇ ਸੰਕੇਤ ਦਿੱਤੇ ਪਰ ਇਸ ਦੀ ਅੰਦਰੂਨੀ ਅਸਥਿਰਤਾ ਅਤੇ ਲੀਡਰਸ਼ਿਪ ਸੰਕਟ ਨੇ ਇਸ ਦੀ ਸਮਰੱਥਾ 'ਤੇ ਸਵਾਲ ਖੜ੍ਹੇ ਕੀਤੇ। ਹੁਣ ਅਕਾਲੀ ਦਲ ਦੀ ਪੰਥਕ ਸਿਆਸਤ ਅਤੇ ਖੇਤਰੀ ਪਛਾਣ ਨੂੰ ਮੁੜ ਸਥਾਪਿਤ ਕਰਨ ਦੀਆਂ ਕੋਸ਼ਿਸ਼ਾਂ ਜਾਰੀ ਹਨ, ਪਰ ਪਾਰਟੀ ਦੀ ਅੰਦਰੂਨੀ ਫੁੱਟ ਅਤੇ ਨੇਤਾਵਾਂ ਦੀ ਦਲ-ਬਦਲੀ ਨੇ ਇਸ ਨੂੰ ਕਮਜ਼ੋਰ ਕੀਤਾ ਹੈ ਤੇ ਆਮ ਆਦਮੀ ਪਾਰਟੀ, ਜੋ 2022 ਵਿੱਚ ਲੋਕ ਪੱਖੀ ਨੀਤੀਆਂ ਦੇ ਦਮ 'ਤੇ ਸੱਤਾ ਵਿੱਚ ਆਈ, ਨੂੰ ਹੁਣ ਆਪਣੇ ਵਾਅਦਿਆਂ ਨੂੰ ਪੂਰਾ ਕਰਨ ਦੀ ਵੱਡੀ ਚੁਣੌਤੀ ਹੈ। ਪਾਰਟੀ ਨੇ ਸਿੱਖਿਆ ਅਤੇ ਸਿਹਤ ਵਰਗੇ ਮੁੱਦਿਆਂ 'ਤੇ ਕੁਝ ਕੰਮ ਸ਼ੁਰੂ ਕੀਤਾ ਪਰ ਇਸ ਦੀ ਕੇਂਦਰੀਕ੍ਰਿਤ ਲੀਡਰਸ਼ਿਪ ਅਤੇ ਸਥਾਨਕ ਮੁੱਦਿਆਂ ਨੂੰ ਪੂਰੀ ਤਰ੍ਹਾਂ ਸਮਝਣ ਵਿੱਚ ਕਮੀ ਵੋਟਰਾਂ ਦੀਆਂ ਉਮੀਦਾਂ 'ਤੇ ਪੂਰੀ ਨਹੀਂ ਉਤਰੀ ਹੈ।

ਅੱਜ ਪੰਜਾਬ ਦੀਆਂ ਭਵਿੱਖ ਦੀਆਂ ਚੋਣਾਂ ਲਈ ਨਵਾਂ ਪੰਜਾਬ ਏਜੰਡਾ ਸੰਭਵ ਹੈ ਅਤੇ ਹੁਣ ਪੰਜਾਬ ਨੂੰ ਇੱਕ ਨਵੇਂ ਪੰਜਾਬ ਏਜੰਡੇ ਦੀ ਲੋੜ ਹੈ, ਜੋ ਨਾ ਸਿਰਫ਼ ਸਥਾਨਕ ਮੁੱਦਿਆਂ ਨੂੰ ਹੱਲ ਕਰੇ, ਸਗੋਂ ਰਾਸ਼ਟਰੀ ਪੱਧਰ 'ਤੇ ਵੀ ਪੰਜਾਬ ਦੀ ਆਵਾਜ਼ ਨੂੰ ਮਜ਼ਬੂਤ ਕਰੇ। ਇਸ ਏਜੰਡੇ ਵਿੱਚ ਸ਼ਾਮਲ ਹੋ ਸਕਦੇ ਹਨ।

ਖੇਤੀਬਾੜੀ ਸੁਧਾਰਾਂ ਨਾਲ ਕਿਸਾਨਾਂ ਦੀ ਆਮਦਨ ਵਧਾਉਣ ਅਤੇ ਫਸਲ ਵਿਭਿੰਨਤਾ ਨੂੰ ਉਤਸ਼ਾਹਿਤ ਕਰਨ ਲਈ ਅਤੇ ਨਸ਼ਿਆਂ ਵਿਰੁੱਧ ਮੁਹਿੰਮਾਂ ਵਿਚ ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਾਉਣ ਲਈ ਸਖ਼ਤ ਕਾਨੂੰਨੀ ਅਤੇ ਸਮਾਜਿਕ ਸਿੱਖਿਆ ਨਾਲ ਰੁਜ਼ਗਾਰ ਸਿਰਜਣ ਲਈ ਸਨਅਤੀ ਵਿਕਾਸ ਅਤੇ ਸਟਾਰਟਅੱਪ ਸੱਭਿਆਚਾਰ ਨੂੰ ਉਤਸ਼ਾਹਿਤ ਕਰਕੇ ਨੌਜਵਾਨਾਂ ਲਈ ਰੁਜ਼ਗਾਰ ਦੇ ਮੌਕੇ ਅਤੇ ਸਿੱਖਿਆ ਅਤੇ ਸਿਹਤ ਲਈ ਸਰਕਾਰੀ ਸਕੂਲਾਂ ਅਤੇ ਹਸਪਤਾਲਾਂ ਦੀ ਗੁਣਵੱਤਾ ਵਿੱਚ ਸੁਧਾਰ ਲਿਆਉਣ ਲਈ ਕਿਹਾ ਗਿਆ ਹੈ।

ਹੁਣ ਇਹਨਾਂ ਮੁੱਦਿਆਂ ਨੂੰ ਹੱਲ ਕਰਨ ਲਈ ਪਾਰਟੀਆਂ ਨੂੰ ਆਪਣੀ ਅੰਦਰੂਨੀ ਸਿਆਸਤ ਨੂੰ ਸੁਧਾਰਨ ਅਤੇ ਲੋਕ ਪੱਖੀ ਨੀਤੀਆਂ 'ਤੇ ਧਿਆਨ ਕੇਂਦਰਿਤ ਕਰਨ ਦੀ ਲੋੜ ਹੈ। ਮੌਜੂਦਾ ਸਮੇਂ ਵਿੱਚ ਜਦੋਂ ਪਾਰਟੀਆਂ ਅੰਦਰੂਨੀ ਲੜਾਈ ਅਤੇ ਦਲ-ਬਦਲੀ ਵਿੱਚ ਉਲਝੀਆਂ ਹੋਈਆਂ ਹਨ, ਇੱਕ ਮਜ਼ਬੂਤ ਅਤੇ ਏਕਤਾਬੱਧ ਰਾਸ਼ਟਰੀ ਏਜੰਡਾ ਬਣਾਉਣ ਦੀ ਸੰਭਾਵਨਾ ਘੱਟ ਨਜ਼ਰ ਆਉਂਦੀ ਹੈ।

ਅੱਜ ਪੰਜਾਬ ਦੀ ਸਿਆਸਤ ਮੌਜੂਦਾ ਸਮੇਂ ਵਿੱਚ ਇੱਕ ਅਜਿਹੇ ਦੌਰ ਵਿੱਚੋਂ ਗੁਜ਼ਰ ਰਹੀ ਹੈ, ਜਿੱਥੇ ਅੰਦਰੂਨੀ ਕਲੇਸ਼ ਅਤੇ ਸੱਤਾ ਦੀ ਲਾਲਸਾ ਨੇ ਰਾਜਨੀਤਿਕ ਪਾਰਟੀਆਂ ਦੀ ਵਿਸ਼ਵਸਨੀਯਤਾ 'ਤੇ ਸਵਾਲ ਖੜ੍ਹੇ ਕਰ ਦਿੱਤੇ ਹਨ। 2022 ਦੀਆਂ ਚੋਣਾਂ ਨੇ ਸਪੱਸ਼ਟ ਕੀਤਾ ਕਿ ਪੰਜਾਬ ਦੇ ਵੋਟਰ ਨਵੀਂ ਸੋਚ ਅਤੇ ਲੋਕ ਪੱਖੀ ਨੀਤੀਆਂ ਦੀ ਖੋਜ ਵਿੱਚ ਹਨ। ਅੱਜ ਜੇਕਰ ਕਾਂਗਰਸ, ਅਕਾਲੀ ਦਲ ਅਤੇ ਆਮ ਆਦਮੀ ਪਾਰਟੀ ਆਪਣੀ ਅੰਦਰੂਨੀ ਸਿਆਸਤ ਨੂੰ ਸੁਧਾਰ ਕੇ ਪੰਜਾਬ ਦੀਆਂ ਮੁੱਖ ਸਮੱਸਿਆਵਾਂ 'ਤੇ ਧਿਆਨ ਦਿੰਦੀਆਂ ਹਨ ਤਾਂ ਹੀ ਉਹ ਇੱਕ ਨਵਾਂ ਰਾਸ਼ਟਰੀ ਏਜੰਡਾ ਤਿਆਰ ਕਰ ਸਕਦੀਆਂ ਹਨ। ਨਹੀਂ ਤਾਂ ਵੋਟ ਰਾਜਨੀਤੀ ਅਤੇ ਸੱਤਾ ਦੀਆਂ ਤਿਜ਼ੌਰੀਆਂ ਭਰਨ ਦੀ ਦੌੜ ਵਿੱਚ ਪੰਜਾਬ ਦਾ ਵਿਕਾਸ ਪਿੱਛੇ ਰਹਿ ਜਾਵੇਗਾ।

# ਪੰਛੀਆਂ ਦੀ ਘਟਦੀ ਅਬਾਦੀ ਅਤੇ ਪਲਾਸਟਿਕ ਪ੍ਰਦੂਸ਼ਣ : ਇੱਕ ਗੰਭੀਰ ਮਸਲਾ

ਡਾ. ਤੇਜਦੀਪ ਕੌਰ ਕਲੇਰ

ਸਵੇਰੇ, ਸੰਸਾਰ ਕਦੇ ਪੰਛੀਆਂ ਦੀ ਚਿਹੁੰਕ ਨਾਲ ਗੂੰਜਦਾ ਸੀ। ਕੋਇਲ ਦੀ ਮਿੱਠੀ ਧੁੰਨ ਤੋਂ ਲੈ ਕੇ ਕਾਂਜ ਦੀ ਕਾਕੜੀ ਤੱਕ, ਇਹ ਸਿਰਫ਼ ਸੁਰੀਲੇ ਸੰਗੀਤ ਨਹੀਂ ਸਨ—ਇਹ ਤੰਦਰੁਸਤ ਪ੍ਰਸਥਿਤਿਕੀਆਂ ਦੇ ਚਿੰਨ੍ਹ ਸਨ। ਪਰ ਅੱਜਕੱਲ੍ਹ, ਹਾਲਾਂਕਿ, ਉਹ ਅਵਾਜ਼ਾਂ ਮਿਟ ਰਹੀਆਂ ਹਨ। ਸਮੁੰਦਰੀ ਕਿਨਾਰਿਆਂ 'ਤੇ ਵੀ, ਲਹਿਰਾਂ ਤਾਂ ਉਠਦੀਆਂ ਹਨ ਪਰ ਹੁਣ ਉਨ੍ਹਾਂ ਵਿੱਚ ਟਰਨਾਂ ਅਤੇ ਪਲੋਵਰਾਂ ਦੀਆਂ ਕੂਕਾਂ ਨਹੀਂ ਰਹੀਆਂ। ਇਸ ਚੁੱਪ ਦਾ ਇੱਕ ਦੋਸ਼ੀ ਹੈ: ਪਲਾਸਟਿਕ। ਆਮ ਤੌਰ 'ਤੇ ਸਮੁੰਦਰੀ ਜਾਂ ਕੂੜਾ ਡੰਪ ਕਰਨ ਦੀਆਂ ਥਾਵਾਂ/ ਲੈਂਡਫਿਲ ਪ੍ਰਦੂਸ਼ਣ ਨਾਲ ਜੋੜੀ ਜਾਂਦੀ ਇਹ ਵਸਤੂ ਹੁਣ ਹਵਾ ਵਿੱਚ ਵੀ ਵਿਆਪਕ ਹੋ ਗਈ ਹੈ। ਪਰਿਆਵਰਣ ਦੀ ਸਿਹਤ ਦੇ ਨਿਗਰਾਨ ਪੰਛੀ, ਹੁਣ ਮਨੁੱਖੀ ਪਲਾਸਟਿਕ ਨਿਰਭਰਤਾ ਦੇ ਸ਼ਿਕਾਰ ਬਣ ਰਹੇ ਹਨ। ਇਹ ਲੇਖ ਭਾਰਤ ਉਪ-ਮਹਾਂਦੀਪ ਦੇ ਸੰਦਰਭ ਵਿਚ ਪਲਾਸਟਿਕ ਪ੍ਰਦੂਸ਼ਣ ਦਾ ਪੰਛੀਆਂ 'ਤੇ ਪ੍ਰਭਾਵ ਵਿਖਾਉਂਦਾ ਹੈ ਅਤੇ ਉਨ੍ਹਾਂ ਦੀ ਰੱਖਿਆ ਲਈ ਕੀ ਕਦਮ ਚੁੱਕੇ ਜਾ ਸਕਦੇ ਹਨ, ਇਸ ਦੀ ਜਾਂਚ ਕਰਦਾ ਹੈ।

**ਪਲਾਸਟਿਕ: ਆਧੁਨਿਕ ਯੁੱਗ ਦਾ ਖ਼ਤਰਾ:** ਹਰ ਸਾਲ ਦੁਨੀਆ ਭਰ ਵਿੱਚ 400 ਮਿਲੀਅਨ ਟਨ ਤੋਂ ਵੱਧ ਪਲਾਸਟਿਕ ਬਣਾਇਆ ਜਾਂਦਾ ਹੈ, ਜਿਸ ਵਿੱਚੋਂ ਵੱਡਾ ਹਿੱਸਾ ਢੰਗ ਨਾਲ ਨਿਪਟਿਆ ਨਹੀਂ ਜਾਂਦਾ ਅਤੇ ਆਲੇ-ਦੁਆਲੇ ਦੇ ਵਾਤਾਵਰਣ ਵਿਚ ਫੈਲ ਜਾਂਦਾ ਹੈ। ਭਾਵੇਂ ਉਹ ਭੀੜਭਾੜ ਵਾਲੀਆਂ ਸ਼ਹਿਰੀਆਂ ਗਲੀਆਂ ਹੋਣ ਜਾਂ ਬੇਆਬਾਦ ਟਾਪੂ, ਪਲਾਸਟਿਕ ਹੁਣ ਹਰ ਥਾਂ ਮੌਜੂਦ ਹੈ। ਇਸ ਦੀ ਟਿਕਾਊ ਸੁਭਾ, ਜੋ ਕਦੇ ਇਸ ਦੀ ਖੂਬੀ ਸੀ, ਹੁਣ ਵੱਡਾ ਪਰਿਆਵਰਣਕ ਖ਼ਤਰਾ ਬਣ ਚੁੱਕੀ ਹੈ—ਇਹ ਜੀਵਤ ਟਿਸ਼ੂ, ਮਿੱਟੀ ਅਤੇ ਪਾਣੀ ਵਿੱਚ ਸਦੀਆਂ ਤੱਕ ਬਣੀ ਰਹਿੰਦੀ ਹੈ।

ਸਮੁੰਦਰੀ ਪੰਛੀ, ਤਟਵਰਤੀ ਪੰਛੀ ਅਤੇ ਜੰਗਲੀ ਪ੍ਰਜਾਤੀਆਂ ਪਲਾਸਟਿਕ ਨੂੰ ਖਾਣ ਵਾਲੀ ਚੀਜ਼ ਸਮਝ ਕੇ ਨਿਗਲ ਜਾਂਦੇ ਹਨ ਜਾਂ ਆਪਣੀ ਖੁਰਾਕ ਨਾਲ ਮਿਲੀ ਹੋਈਆਂ ਛੋਟੀਆਂ ਝੀਲੀਆਂ ਨਿਗਲ ਜਾਂਦੇ ਹਨ। ਬੋਤਲਾਂ ਦੇ ਢੱਕਣ ਮੱਛੀ ਦੇ ਅੰਡਿਆਂ ਵਰਗੇ ਲੱਗਦੇ ਹਨ, ਪਲਾਸਟਿਕ ਦੇ ਟੁਕੜੇ ਕੇਕੜਿਆਂ ਜਾਂ ਕੀੜਿਆਂ ਵਰਗੇ ਲੱਗਦੇ ਹਨ। ਅਲਬੈਟ੍ਰਾਸ, ਪੈਟਰਲ ਤੇ ਸ਼ੀਅਰਵਾਟਰ ਵਰਗੇ ਸਮੁੰਦਰੀ ਪੰਛੀ ਖਾਸ ਤੌਰ 'ਤੇ ਨਾਜ਼ੁਕ ਹੁੰਦੇ ਹਨ। ਇਹੋ ਜਿਹੇ ਪੰਛੀ ਖਾਸ ਤੌਰ 'ਤੇ ਆਸਹਾਇ ਹਨ। ਉਹ ਜਦੋਂ ਪਲਾਸਟਿਕ ਨਿਗਲ ਜਾਂਦੇ ਹਨ ਤਾਂ ਇਹ ਉਹਨਾਂ ਦੀ ਹਜ਼ਮ ਕਰਨ ਵਾਲੀ ਨਲੀ ਨੂੰ ਬੰਦ ਕਰ ਦਿੰਦਾ ਹੈ। ਅੰਦਰਲੀ ਆਂਗਾਂ ਨੂੰ ਛਿੱਲਣ ਤੋਂ ਲੈ ਕੇ ਭੁੱਖ ਦੀ ਅਹਿਸਾਸ ਘਟਣ ਤੱਕ ਇਹ ਨਤੀਜੇ ਮਹਾਂਵਿਨਾਸ਼ਕ ਹੁੰਦੇ ਹਨ। ਭਾਰਤ ਵਿੱਚ, ਤਾਮਿਲਨਾਡੂ, ਅਸਾਮ ਤੇ ਉੱਤਰ ਪ੍ਰਦੇਸ਼ ਦੀਆਂ ਗਿੱਲੀਆਂ ਜ਼ਮੀਨਾਂ 'ਚ ਬਗਲੇ, ਰਾਮਚੀਰੀਆਂ ਪੰਛੀਆਂ ਦੀਆਂ ਮੌਤਾਂ ਪਲਾਸਟਿਕ ਕਾਰਨ ਦਰਜ ਕੀਤੀਆਂ ਗਈਆਂ ਹਨ। ਨਾਲਿਆਂ ਜਾਂ ਮਲ-ਨਿਕਾਸੀ ਪ੍ਰਣਾਲੀ ਵਾਲੇ ਖੇਤਰਾਂ 'ਚ ਖੁਰਾਕ ਲੱਭਦੇ ਪੰਛੀਆਂ ਨੂੰ ਸਭ ਤੋਂ ਵੱਧ ਖ਼ਤਰਾ ਹੈ। ਘੋਸਲਾ ਬਣਾਉਂਦੇ ਸਮੇਂ ਵੀ, ਸ਼ਹਿਰੀ ਪੰਛੀ ਪਲਾਸਟਿਕ ਦੇ ਧਾਗਿਆਂ, ਰੈਪਰਾਂ ਅਤੇ ਰੰਗੀਨ ਟੁਕੜਿਆਂ ਦੀ ਵਰਤੋਂ ਕਰਦੇ ਹਨ, ਜੋ ਕਿ ਚੂਜ਼ਿਆਂ ਲਈ ਗਰਮੀ ਅਤੇ ਜ਼ਖ਼ਮ ਦਾ ਕਾਰਨ ਬਣਦੇ ਹਨ। ਉਲਝਣ ਕਾਰਨ ਹਲਚਲ ਰੁਕ ਜਾਂਦੀ ਹੈ, ਉਲਝੇ ਹੋਏ ਪੰਛੀਆਂ ਦੀ ਚਲਣ-ਫਿਰਣ ਦੀ ਸਮਰੱਥਾ ਘੱਟ ਜਾਂਦੀ ਹੈ, ਉਹ ਭੁੱਖੇ ਮਰ ਜਾਂਦੇ ਹਨ ਜਾਂ ਦਰਿੰਦਿਆਂ ਦੀ ਸ਼ਿਕਾਰ ਬਣਨ ਦੀ ਸੰਭਾਵਨਾ ਵੱਧ ਜਾਂਦੀ ਹੈ। ਉੱਥੇ ਹੀ, ਮਾਇਕ੍ਰੋਪਲਾਸਟਿਕ ਅਤੇ ਜ਼ਹਿਰੀਲੇ ਰਸਾਇਣ ਪੰਛੀਆਂ ਦੇ ਹਾਰਮੋਨ, ਪ੍ਰਜਨਨ ਅਤੇ ਰੋਗ ਪ੍ਰਤੀਰੋਧੀ ਤੰਤ੍ਰ 'ਤੇ ਭਾਰੀ ਅਸਰ ਕਰਦੇ ਹਨ।

**ਉਲਝਣ ਅਤੇ ਘੋਸਲੇ ਦੀਆਂ ਮੁਸ਼ਕਲਾਂ:**

ਪਲਾਸਟਿਕ ਸਿਰਫ਼ ਜ਼ਹਿਰ ਹੀ ਨਹੀਂ, ਸਗੋਂ ਇੱਕ ਭੌਤਿਕ ਫੰਦਾ ਵੀ ਹੈ ਜੋ ਪੰਛੀਆਂ ਨੂੰ ਫਸਾ ਲੈਂਦਾ ਹੈ। ਫੇਂਕੀਆਂ ਮੱਛੀ ਫੜਨ ਦੀਆਂ ਜਾਲਾਂ, ਡੋਰੀਆਂ, ਰਸੀਆਂ ਅਤੇ ਪੈਕਿੰਗ ਸਮੱਗਰੀ ਬਹੁਤ ਸਾਰੇ ਪੰਛੀਆਂ ਦੇ ਪੈਰ ਜਾਂ ਪਰਾਂ ਨੂੰ ਫੜ ਲੈਂਦੇ ਹਨ। ਮਗਰਮੱਛੀ, ਸਟਾਰਕ ਅਤੇ ਕੋਰਮੋਰੈਂਟ ਵਰਗੇ ਪੰਛੀ ਮੈਂਗਰੋਵ ਜਾਂ ਮੱਛੀ ਮਾਰਕੀਟ ਨੇੜੇ ਅਕਸਰ ਫਸੇ ਹੋਏ ਮਿਲਦੇ ਹਨ। ਸ਼ਹਿਰੀ ਪੰਛੀ ਜਿਵੇਂ ਕਿ ਕਬੂਤਰ ਤੇ ਚੀਲਾਂ, ਉਲਝੀਆਂ ਹੋਈਆਂ ਡੋਰੀਆਂ ਕਾਰਨ ਅੰਨ੍ਹੀਆਂ ਜਾਂ ਲੂਲੀਆਂ ਹੋ ਜਾਂਦੀਆਂ ਹਨ।

ਘੋਸਲੇ ਵੀ ਹੁਣ ਸੁਰੱਖਿਅਤ ਨਹੀਂ ਰਹੇ। ਸ਼ਹਿਰੀ ਇਲਾਕਿਆਂ 'ਚ ਪੰਛੀਆਂ ਵੱਲੋਂ ਵਰਤੇ ਗਏ ਪਲਾਸਟਿਕ ਦੇ ਤੰਤੂ ਘਰਮੀਆਂ ਅਤੇ ਰਸਾਇਣਿਕ ਪਦਾਰਥਾਂ ਨੂੰ ਰਿਲੀਜ਼ ਕਰਦੇ ਹਨ, ਜੋ ਚੂਜ਼ਿਆਂ ਲਈ ਖ਼ਤਰਨਾਕ ਹੁੰਦੇ ਹਨ।

**ਆਵਾਸ ਖ਼ਤਰੇ 'ਚ ਅਤੇ ਪ੍ਰਣਾਲੀ ਵਿਘਟਨ:** ਪਲਾਸਟਿਕ ਪਦਾਰਥ ਹੌਲੀ-ਹੌਲੀ ਆਵਾਸਾਂ ਨੂੰ ਨਸ਼ਟ ਕਰ ਰਹੇ ਹਨ। ਵਿਸ਼ੇਸ਼ ਤੌਰ 'ਤੇ ਗਿੱਲੀਆਂ ਜ਼ਮੀਨਾਂ, ਜੋ ਪੰਛੀਆਂ ਲਈ ਮੁੱਖ ਆਵਾਸ ਹਨ, ਪ੍ਰਦੂਸ਼ਣ ਕਾਰਨ ਪ੍ਰਭਾਵਤ ਹੋ ਰਹੀਆਂ ਹਨ। ਉੱਤਰੀ ਕੋਲਕਾਤਾ ਦੀਆਂ East Kolkata Wetlands ਵਿੱਚ ਪਲਾਸਟਿਕ ਨੇ ਆਰਥਿਕ ਜੀਵਨ, ਮੱਛੀਆਂ ਅਤੇ ਪੰਛੀਆਂ ਦੀ ਵਰਤੋਂ ਵਾਲੀ ਜੈਵਿਕਤਾ ਨੂੰ ਘਟਾ ਦਿੱਤਾ ਹੈ। ਚਿਲਿਕਾ ਝੀਲ 'ਚ ਵੀ ਪਲਾਸਟਿਕ ਮੱਛੀ ਦੀ ਉਤਪੱਤੀ ਘਟਾ ਰਿਹਾ ਹੈ, ਜਿਸ ਨਾਲ ਖੁੱਲ੍ਹੇ ਚੁੰਜ ਵਾਲੇ ਸਟਾਰਕ, ਟਰਨ ਪੰਛੀ, ਸਮੁੰਦਰੀ ਪੰਛੀ ਅਤੇ ਮੱਛੀ ਫੜਨ ਵਾਲੀਆਂ ਚੀਲਾਂ 'ਤੇ ਅਸਰ ਹੋ ਰਿਹਾ ਹੈ।

**ਜੈਵ ਵਿਭਿੰਨਤਾ ਅਤੇ ਮਨੁੱਖੀ ਪ੍ਰਭਾਵ:** ਪੰਛੀ ਇਕੱਲੇ ਪੀੜਤ ਨਹੀਂ ਹਨ, ਸਗੋਂ ਸਿਸਟਮ ਦਾ ਅਧਾਰ ਹਨ। ਇੱਕ ਮੁੱਖਜਨਕ (**keystone**) ਜੀਵ ਰੂਪ ਵਿੱਚ, ਉਹਨਾਂ ਦੀ ਘਟਦੀ ਗਿਣਤੀ ਪੂਰੇ ਪਰਿਸਥਿਤਿਕੀ ਤੰਤਰ 'ਤੇ ਗੰਭੀਰ ਪ੍ਰਭਾਵ ਛੱਡਦੀ ਹੈ। ਉਹ ਬੂਟਿਆਂ ਦੀ ਪਰਾਗਣ, ਬੀਜ ਫੈਲਾਅ ਅਤੇ ਕੀੜਿਆਂ ਦੀ ਨਿਯੰਤਰਣ ਵਿੱਚ ਭੂਮਿਕਾ ਨਿਭਾਉਂਦੇ ਹਨ। ਉਨ੍ਹਾਂ ਦੀ ਘਟਦੀ ਗਿਣਤੀ ਫਸਲ ਨੂੰ ਨੁਕਸਾਨ, ਜੰਗਲੀ ਜਾਨਵਰਾਂ ਦਾ ਵਾਧਾ ਅਤੇ ਬਿਮਾਰੀਆਂ ਵਧਾ ਸਕਦੀ ਹੈ। ਦਿੱਲੀ ਅਤੇ ਮੁੰਬਈ ਵਰਗੇ ਸ਼ਹਿਰਾਂ 'ਚ ਕੂੜਾ ਭਰਨ ਵਾਲੀਆਂ ਜ਼ਮੀਨਾਂ (ਲੈਂਡਫਿਲ ਸਾਈਟਾਂ) ਨੇ ਕਾਲੀਆਂ ਚੀਲਾਂ ਨੂੰ ਪ੍ਰਭਾਵਿਤ ਕੀਤਾ ਹੈ, ਜੋ ਪਹਿਲਾਂ ਮਨੁੱਖੀ ਜੀਵਨ ਸ਼ੈਲੀ ਨਾਲ ਟਿਕ ਕੇ ਰਹਿ ਰਹੀਆਂ ਸਨ।

**ਮਨੁੱਖੀ ਹਿੱਸਾ ਅਤੇ ਹੱਲ:**

1. ਸਫਾਈ ਅਭਿਆਨ: ਪੀ.ਏ.ਯੂ. ਲੁਧਿਆਣਾ ਕੈਂਪਸ ਵਿੱਚ NSS ਵਿਦਿਆਰਥੀਆਂ ਅਤੇ ਪੰਜਾਬ ਵਿੱਚ ਕਈ ਗੈਰ-ਲਾਭਕਾਰੀ ਸੰਸਥਾਵਾਂ ਨੇ ਪਲਾਸਟਿਕ ਸਫਾਈ ਮੁਹਿੰਮਾਂ ਵਿੱਚ ਭਾਗ ਲਿਆ ਹੈ।

ਭਾਰਤ ਦੇ ਵੱਖ-ਵੱਖ ਹਿੱਸਿਆਂ ਵਿੱਚ ਵੀ ਗੈਰ-ਲਾਭਕਾਰੀ ਸੰਸਥਾਵਾਂ ਅਤੇ ਸਥਾਨਕ ਸਮੁਦਾਇਕ ਸੰਸਥਾਵਾਂ ਵੱਲੋਂ ਸੁਲਤਾਨਪੁਰ (ਹਰਿਆਣਾ) ਅਤੇ ਭੀਤਰਕਨਿਕਾ (ਓਡੀਸ਼ਾ) ਵਰਗੀਆਂ ਗਿੱਲੀਆਂ ਜ਼ਮੀਨਾਂ ਵਿੱਚ ਪਲਾਸਟਿਕ ਸਫਾਈ ਅਭਿਆਨ ਚਲਾਏ ਗਏ ਹਨ।

2. ਸਰੋਤ ਤੇ ਪਲਾਸਟਿਕ ਦੀ ਵਰਤੋਂ ਘਟਾਉਣਾ

ਪਰਿਆਵਰਨ-ਮਿੱਤਰ ਪੈਕੇਜਿੰਗ ਅਤੇ ਬਾਇਓਡੀਗਰੇਡੇਬਲ ਵਿਕਲਪਾਂ ਨੂੰ ਪ੍ਰੋਤਸਾਹਨ ਦੇਣਾ ਬਹੁਤ ਜ਼ਰੂਰੀ ਹੈ।

ਸਰਵਜਨ ਨੀਤੀਆਂ ਨੂੰ ਨਿਰਮਾਤਾਵਾਂ ਨੂੰ ਵਿਸਤ੍ਰਿਤ ਉਤਪਾਦਕ ਜ਼ਿੰਮੇਵਾਰੀ ਵੱਲ ਧੱਕਣਾ ਚਾਹੀਦਾ ਹੈ, ਤਾਂ ਜੋ ਉਹ ਆਪਣਾ ਪਲਾਸਟਿਕ ਕਚਰਾ ਵਾਪਸ ਲੈਣ।

3. **ਨਵੀਨਤਾ**: ਵਿਗਿਆਨੀ ਪੰਛੀ-ਸੁਰੱਖਿਅਤ, ਜੈਵ ਖੰਡਨਯੋਗ (ਬਾਇਓਡੀਗਰੇਡੇਬਲ) ਪੈਕੇਜਿੰਗ ਸਮੱਗਰੀ ਵਿਕਸਿਤ ਕਰਨ ਦੀ ਖੋਜ ਕਰ ਰਹੇ ਹਨ।

4. **ਸਿੱਖਿਆ ਅਤੇ ਜਾਗਰੂਕਤਾ**: ਸਕੂਲ ਅਤੇ ਕਾਲਜ ਪੱਧਰ 'ਤੇ ਪਲਾਸਟਿਕ-ਮੁਕਤ ਆਦਤਾਂ ਬਾਰੇ ਕਾਰਜਕ੍ਰਮ ਲੰਬੇ ਸਮੇਂ ਵਾਲੇ ਵਿਹਾਰਕ ਬਦਲਾਵ ਲਿਆਉਂਦੇ ਹਨ।

5. **ਸ਼ਹਿਰੀ ਨਕਸ਼ੇ ਵਿੱਚ ਸੰਰੱਖਣ**: ਝੀਲਾਂ ਅਤੇ ਘੋਸਲਾ ਬਣਾਉਣ ਵਾਲੀਆਂ ਥਾਵਾਂ ਦੇ ਆਲੇ-ਦੁਆਲੇ ਪਲਾਸਟਿਕ-ਮੁਕਤ ਬਫ਼ਰ ਜ਼ੋਨ ਬਣਾਉਣਾ।

ਨਾਲਿਆਂ ਦੇ ਆਊਟਲੈਟ 'ਤੇ ਪਲਾਸਟਿਕ ਫਿਲਟਰ/ਟਰੈਪ ਲਗਾਉਣਾ ਤਾਂ ਜੋ ਪੰਛੀਆਂ ਦੇ ਆਵਾਸਾਂ ਵਿੱਚ ਪਲਾਸਟਿਕ ਦੀ ਪਹੁੰਚ ਘਟਾਈ ਜਾ ਸਕੇ।

6. **ਨਾਗਰਿਕ ਭਾਗੀਦਾਰੀ**:BirdCount India ਵਰਗੇ ਸਿਟੀਜ਼ਨ ਸਾਇੰਸ ਐਪ ਲੋਕਾਂ ਨੂੰ ਪੰਛੀਆਂ ਦੀ ਗਿਣਤੀ ਮੋਨਟਰ ਕਰਨ ਅਤੇ ਖਤਰੇ ਦੀ ਰਿਪੋਰਟ ਕਰਨ ਦਾ ਮੌਕਾ ਦਿੰਦੇ ਹਨ।ਸਥਾਨਕ ਜਾਗਰੂਕਤਾ ਉਲਝੇ ਜਾਂ ਜ਼ਖ਼ਮੀ ਪੰਛੀਆਂ ਦੀ ਜਾਣਕਾਰੀ ਵਨਜੀਵਨ ਬਚਾਅ ਟੀਮਾਂ ਤੱਕ ਪਹੁੰਚਾਉਣ ਵਿੱਚ ਮਦਦਗਾਰ ਸਾਬਤ ਹੁੰਦੀ ਹੈ। ਪੰਛੀਆਂ ਦੀ ਰੱਖਿਆ ਕਰਨਾ, ਸਾਡੀ ਵਾਤਾਵਰਣਿਕ ਰੱਖਿਆ ਹੈ। ਉਹ ਪਰਿਸਥਿਤਿਕੀ ਦੀ ਖ਼ਤਰੇ ਦੀ ਪਹਿਲੀ ਚੇਤਾਵਨੀ ਹੁੰਦੇ ਹਨ। ਪਲਾਸਟਿਕ ਪ੍ਰਦੂਸ਼ਣ, ਜੋ ਮਨੁੱਖਾਂ ਨੇ ਬਣਾਇਆ, ਮਨੁੱਖੀ ਕੋਸ਼ਿਸ਼ਾਂ ਰਾਹੀਂ ਹੀ ਹੱਲ ਹੋ ਸਕਦਾ ਹੈ। ਸਦੀਆਂ ਤੋਂ ਪੰਛੀਆਂ ਨੇ ਸਾਨੂੰ ਪ੍ਰੇਰਿਤ ਕੀਤਾ ਹੈ। ਜੇ ਉਹਨਾਂ ਦੀ ਚੀਹੁੰਕ ਪਲਾਸਟਿਕ ਹੇਠ ਦੱਬ ਗਈ, ਤਾਂ ਇਹ ਚੁੱਪੀ ਸਾਡੀ ਹੋਵੇਗੀ।

# ਅਮੀਰੀ ਤੇ ਗਰੀਬੀ ਦਾ ਫ਼ਾਸਲਾ ਕਦੋਂ ਖ਼ਤਮ ਹੋਵੇਗਾ ?

ਡਾ. ਦਵਿੰਦਰ ਕੌਰ
8847227740

ਗਰੀਬੀ ਘਟਣ ਬਾਰੇ ਸਰਕਾਰ ਦੇ ਝੂਠੇ ਦਾਅਵੇ, ਨਾ ਗਰੀਬੀ-ਬਦਹਾਲੀ ਘਟੀ ਹੈ, ਨਾ ਅਮੀਰ-ਗਰੀਬ ਦਾ ਪਾੜਾ, ਲੁੱਟ-ਸੋਸ਼ਣ ਤੇ ਟਿਕੇ ਸਰਮਾਏਦਾਰਾ ਢਾਂਚੇ ਵਿੱਚ ਅੱਜ ਦੇਸ਼ ਦਾ ਮਜਦੂਰ, ਕਿਰਤੀ ਤਬਕਾ ਭਿਆਨਕ ਗਰੀਬੀ-ਬਦਹਾਲੀ ਦੀ ਮਾਰ ਝੱਲ ਰਿਹਾ ਹੈ। ਕੌਮਾਂਤਰੀ ਸਰਮਾਏਦਾਰਾ-ਸਾਮਰਾਜੀ ਸੰਸਥਾਵਾਂ ਦੇ ਆਪਣੇ ਮਾਪਦੰਡਾਂ ਅਨੁਸਾਰ ਵੀ ਭਾਰਤ ਦੀ ਵੱਡੀ ਅਬਾਦੀ ਅੱਤ ਦੀ ਗਰੀਬੀ ਵਿੱਚ ਜਿਉਂ ਰਹੀ ਹੈ। ਪਰ ਭਾਰਤ ਦੀਆਂ ਸਰਕਾਰਾਂ ਨੂੰ ਭੋਰਾ ਵੀ ਪਰਵਾਹ ਨਹੀਂ, ਉਹ ਦੇਸ ਦੀ ਅਖੌਤੀ ਤਰੱਕੀ ਦੇ ਢੋਲ ਵਜਾਉਣ ਵਿੱਚ ਰੁੱਝੀਆਂ ਹੋਈਆਂ ਹਨ। ਉਹ ਅੰਕੜਿਆਂ ਦੀਆਂ ਬਾਜੀਆਂ ਦੇ ਰਾਹੀਂ ਵਿਕਾਸ ਦੇ ਨਵੇਂ-ਨਵੇਂ ਮੀਲਪੱਥਰ ਕਾਇਮ ਕਰਨ ਦਾ ਝੂਠਾ ਪ੍ਰਚਾਰ ਚਲਾਉਂਦੀਆਂ ਹਨ। ਉਹਨਾਂ ਨੂੰ ਲੱਗਦਾ ਹੈ ਕਿ ਅਜਿਹਾ ਕਰਕੇ ਸੱਚਾਈ ਨੂੰ ਹਮੇਸ਼ਾ ਲਈ ਦਬਾਇਆ ਜਾ ਸਕਦਾ ਹੈ, ਲੁੱਟ ਦਾ ਤੰਤਰ ਚਲਾਇਆ ਜਾ ਸਕਦਾ ਹੈ। ਪਰ ਅਜਿਹਾ ਸਿਰਫ ਵਕਤੀ ਤੌਰ ਉੱਤੇ ਹੀ ਹੋ ਸਕਦਾ ਹੈ, ਹਮੇਸ਼ਾ ਨਹੀਂ। ਦੇਰ-ਸਵੇਰ ਹਕੀਕਤ ਤੋਂ ਪਰਦਾ ਉੱਠਣਾ ਹੀ ਹੁੰਦਾ ਹੈ, ਲੁੱਟ ਦਾ ਤੰਤਰ ਡਿੱਗਣਾ ਹੀ ਹੁੰਦਾ ਹੈ।

ਭਾਰਤ ਦੀ ਹਕੂਮਤ ਦੀਆਂ ਗਰੀਬੀ ਦੇ ਅੰਕੜਿਆਂ ਨਾਲ ਜੁੜੀਆਂ ਕਰਤੂਤਾਂ ਵੇਖੋ। ਕਿੰਨੀ ਸ਼ਰਮ ਵਾਲੀ ਗੱਲ ਹੈ, ਉਹ ਆਪਣੀਆਂ ਗਲਤੀਆਂ ਤੇ ਪਰਦਾ ਪਾਉਣ ਵਿੱਚ ਕੋਈ ਕਸਰ ਨਹੀਂ ਛੱਡ ਰਹੇ। ਸੰਸਾਰ ਬੈਂਕ ਵੱਲੋਂ ਕੁਝ ਦਿਨ ਪਹਿਲਾਂ ਜਾਰੀ ਕੀਤੀ ਗਈ ਰਿਪੋਰਟ ਵਿੱਚ ਦੱਸਿਆ ਗਿਆ ਹੈ ਕਿ ਭਾਰਤ ਵਿੱਚ 2013 ਤੋਂ 2023 ਦੇ ਵਿਚਕਾਰ ਲੱਗਭੱਗ 27 ਕਰੋੜ ਲੋਕ ਕੌਮਾਂਤਰੀ ਗਰੀਬੀ ਰੇਖਾ ਤੋਂ ਉੱਪਰ ਆ ਕੇ ਅੱਤ ਦੀ ਗਰੀਬੀ ਤੋਂ ਮੁਕਤ ਹੋ ਚੁੱਕੇ ਹਨ। ਰਿਪੋਰਟ ਅਨੁਸਾਰ ਹੁਣ ਭਾਰਤ ਵਿੱਚ ਸਿਰਫ 5.34 ਅਬਾਦੀ, ਜਾਣੀ 7.5 ਕਰੋੜ ਲੋਕ ਹੀ ਅੱਤ ਦੀ ਗਰੀਬੀ ਵਿੱਚ ਰਹਿ ਰਹੇ ਹਨ। ਸਰਕਾਰ ਇਸ ਰਿਪੋਰਟ ਨੂੰ ਲੈ ਕੇ ਆਪਣੀ ਪਿੱਠ ਥਾਪੜ ਰਹੀ ਹੈ, ਜਿਵੇਂ ਸਾਢੇ ਸੱਤ ਕਰੋੜ ਲੋਕ ਕੋਈ ਛੋਟੀ ਜਿਹੀ ਗਿਣਤੀ ਹੋਵੇ।

ਇਹ ਰਿਪੋਰਟ ਮੰਨਦੀ ਹੈ ਕਿ ਭਾਰਤ ਵਿੱਚ ਜੋ ਲੋਕ ਆਪਣੇ ਤੇ ਰੋਜਾਨਾ 62 ਰੁਪਏ ਜਾਂ ਇਸ ਤੋਂ ਘੱਟ ਖਰਚ ਕਰ ਸਕਦੇ ਹਨ, ਉਹ ਅਤਿ ਗਰੀਬੀ ਵਿੱਚ ਰਹਿ ਰਹੇ ਹਨ। ਕਿਸੇ ਲੋਕਪੱਖੀ ਸਰਕਾਰ ਲਈ ਇਹ ਬਹੁਤ ਗਲਤ ਗੱਲ ਹੋ ਸਕਦੀ ਹੈ ਕਿ ਉਸ ਦੇ ਕਾਰਜਕਾਲ ਵਿੱਚ ਸਾਢੇ ਸੱਤ ਕਰੋੜ ਲੋਕਾਂ ਦੀ ਇਹ ਹਾਲਤ ਹੈ। ਪਰ ਭਾਰਤ ਦੇ ਹਾਕਮਾਂ ਲਈ ਇਹ ਸ਼ਰਮ ਦੀ ਗੱਲ ਤਾਂ ਦੂਰ, ਸਗੋਂ ਇਸ ਨੂੰ ਤਮਗੇ ਵਜੋਂ ਪੇਸ਼ ਕੀਤਾ ਜਾ ਰਿਹਾ ਹੈ।

ਸਾਡੇ ਆਲੇ-ਦੁਆਲੇ ਗਰੀਬੀ ਬਦਹਾਲੀ ਦਾ ਜੋ ਸਮੁੰਦਰ ਨਜਰ ਆਉਂਦਾ ਹੈ, ਉਸ ਤੋਂ ਕੋਈ ਵੀ ਸਹਿਜੇ ਹੀ ਅੰਦਾਜਾ ਲਗਾ ਸਕਦਾ ਹੈ ਕਿ ਗਰੀਬੀ ਘਟਣ ਦੇ ਸਰਕਾਰ ਦੇ ਦਾਅਵੇ ਬਿਲਕੁਲ ਖੋਖਲੇ ਅਤੇ ਝੂਠੇ ਹਨ। ਪਰ ਜੇ ਅੰਕੜੇ ਵੀ ਵੇਖੇ ਜਾਣ ਤਾਂ ਸਿਰਫ 7.5 ਕਰੋੜ ਗਰੀਬ ਬਚੇ ਰਹਿਣ ਦੇ ਝੂਠੇ-ਗੁਮਰਾਹਕੁੰਨ ਪ੍ਰਚਾਰ ਦੇ ਉਲਟ ਹਕੀਕਤ ਇਹ ਹੈ ਕਿ ਭਾਰਤ ਵਿੱਚ 171 ਰੁਪਏ ਰੋਜਾਨਾ ਤੋਂ ਘੱਟ ਖਰਚਣ ਵਾਲੀ ਅਬਾਦੀ 82 ਫੀਸਦੀ ਹੈ। ਜੇ 200 ਰੁਪਏ ਤੋਂ ਘੱਟ ਖਰਚਾ ਕਰਨ ਵਾਲਿਆਂ ਦੀ ਗਿਣਤੀ ਵੇਖੀ ਜਾਵੇ ਤਾਂ ਇਹ ਲੱਗਭੱਗ 88 ਫੀਸਦੀ ਤੱਕ ਪਹੁੰਚ ਜਾਂਦੀ ਹੈ। ਸੰਤੁਲਿਤ ਭੋਜਨ, ਬਿਹਤਰ ਰਿਹਾਇਸ਼, ਕੱਪੜਾ ਦਵਾਈ-ਇਲਾਜ, ਸਿੱਖਿਆ, ਆਵਾਜਾਈ, ਮਨੋਰੰਜਨ, ਵਿਆਹ-ਸ਼ਾਦੀ ਵਰਗੀਆਂ ਬੁਨਿਆਦੀ ਜਰੂਰਤਾਂ ਪੂਰੀਆਂ ਕਰਨ ਲਈ ਵੀ 200 ਰੁਪਏ ਬਹੁਤ ਘੱਟ ਹਨ। ਹਾਲਤ ਇਹ ਹੈ ਕਿ ਲੱਗਭੱਗ 88 ਫੀਸਦੀ ਅਬਾਦੀ ਇੰਨਾ ਵੀ ਖਰਚ ਨਹੀਂ ਚੁੱਕ ਸਕਦੀ। ਇੱਥੇ ਸਪੱਸ਼ਟ ਵੇਖਿਆ ਜਾ ਸਕਦਾ ਹੈ ਕਿ ਸਾਮਰਾਜੀ ਸੰਸਥਾ ਸੰਸਾਰ ਬੈਂਕ ਵੱਲੋਂ ਅੱਤ ਦੀ ਗਰੀਬੀ ਲਈ ਤੈਅ ਕੀਤਾ ਗਿਆ ਮਾਪਦੰਡ ਗੁੰਮਰਾਹ ਕਰਨ ਵਾਲਾ ਹੈ। ਇਸ ਨੂੰ ਇਸ ਤਰ੍ਹਾਂ ਤੈਅ ਕੀਤਾ ਗਿਆ ਹੈ ਕਿ ਘੱਟ ਤੋਂ ਘੱਟ ਅਬਾਦੀ ਹੀ ਅੱਤ ਦੀ ਗਰੀਬ ਨਜਰ ਆਵੇ। ਪਰ ਹਾਲਤ ਇਹ ਹੈ ਕਿ ਐਨੇ ਨੀਵੇਂ ਪੱਧਰ ਦੇ ਮਾਪਦੰਡ ਅਨੁਸਾਰ ਵੀ 7.5 ਕਰੋੜ ਲੋਕ ਇਸ ਖਾਨੇ ਵਿੱਚ ਸ਼ਾਮਲ ਕਰਨੇ ਪਏ।ਆਰਥਿਕ ਵਿਕਾਸ ਸਹੀ ਦਿਸ਼ਾ ਵਿੱਚ ਹੋ ਰਿਹਾ ਹੈ ਜਾਂ ਨਹੀਂ, ਇਸ ਨੂੰ ਵੇਖਣ ਦਾ ਸਹੀ ਤਰੀਕਾ ਸਿਰਫ ਇਹ ਨਹੀਂ ਹੋ ਸਕਦਾ ਕਿ ਇਹ ਵੇਖਿਆ ਜਾਵੇ ਕਿ ਲੋਕਾਂ ਦੀਆਂ ਬੁਨਿਆਦੀ ਜਰੂਰਤਾਂ ਪੂਰੀਆਂ ਹੋ ਰਹੀਆਂ ਹਨ ਜਾਂ ਨਹੀਂ। ਸਾਨੂੰ ਇਹ ਵੀ ਵੇਖਣਾ ਹੋਵੇਗਾ ਕਿ ਅਮੀਰੀ-ਗਰੀਬੀ ਦਾ ਪਾੜਾ ਵਧ ਰਿਹਾ ਹੋ ਜਾਂ ਘਟ ਰਿਹਾ ਹੈ। ਮਜਦੂਰਾਂ-ਕਿਰਤੀਆਂ ਦੀ ਕਮਾਈ ਦੀ ਹਾਲਤ ਤਾਂ ਅਸੀਂ ਉਹਨਾਂ ਦੇ ਰੋਜਾਨਾ ਖਰਚ ਦੇ ਅੰਕੜਿਆਂ ਵਿੱਚ ਵੇਖ ਹੀ ਲਈ ਹੈ। ਹੁਣ ਸਰਮਾਏਦਾਰਾਂ ਦੀ ਕਮਾਈ ਵੇਖਕੇ ਅੰਦਾਜਾ ਲਗਾਉਂਦੇ ਹਾਂ ਕਿ ਦੇਸ਼ ਕਿੱਥੇ ਜਾ ਰਿਹਾਹੈ? ਕਿਸ ਦੀ ਤਰੱਕੀ, ਕਿਸ ਦਾ ਵਿਕਾਸ, ਕਿਸ ਦਾ ਖਾਤਮਾ ਹੋ ਰਿਹਾ ਹੈ ? ਸਾਲ 2024 ਵਿੱਚ ਕੁੱਲ ਕਾਰਪੋਰੇਟ ਮੁਨਾਫਾ 15 ਸਾਲਾਂ ਦੇ ਰਿਕਾਰਡ ਤੋੜਦੇ ਹੋਏ 14 ਲੱਖ ਕਰੋੜ ਤੋਂ ਵੱਧ ਸੀ। ਵਿੱਤੀ ਸਾਲ 2023-24 ਵਿੱਚ ਗੌਤਮ ਅਡਾਨੀ ਨੇ 6.87 ਲੱਖ ਕਰੋੜ, ਮੁਕੇਸ਼ ਅੰਬਾਨੀ ਨੇ 2.08 ਲੱਖ ਕਰੋੜ ਅਤੇ ਸਾਵਿਤਰੀ ਜਿੰਦਲ ਨੇ 88 ਹਜਾਰ ਕਰੋੜ ਰੁਪਏ ਮੁਨਾਫ਼ਾ ਕਮਾਇਆ ਸੀ। ਸਰਕਾਰ ਨੇ ਇਹਨਾਂ ਮੁਨਾਫਿਆਂ ਨੂੰ ਵਧਾਉਣ ਲਈ ਲੋਕਾਂ ਦੇ ਪੈਸੇ ਨਾਲ ਸਰਮਾਏਦਾਰਾਂ ਦੀਆਂ ਤਿਜੋਰੀਆਂ ਭਰਦੇ ਹੋਏ ਕਾਰਪੋਰੇਟ ਟੈਕਸ 30% ਤੋਂ ਘਟਾ ਕੇ 22% ਕਰ ਦਿੱਤਾ ਸੀ। 2024 ਵਿੱਚ ਅਜਾਰੇਦਾਰਾ ਸਰਮਾਏਦਾਰਾਂ ਦਾ ਲੱਗਭੱਗ 1.7 ਲੱਖ ਕਰੋੜ ਦਾ ਕਰਜਾ ਮਾਫ ਕੀਤਾ ਗਿਆ। ਪਿਛਲੇ ਕੁਝ ਸਾਲਾਂ ਵਿੱਚ ਸਰਕਾਰ ਨੇ ਇਹਨਾਂ ਸਰਮਾਏਦਾਰਾਂ ਦੇ ਲੱਗਭੱਗ 15 ਲੱਖ ਕਰੋੜ ਦੇ ਕਰਜੇ ਮਾਫ ਕਰ ਦਿੱਤੇ ਹਨ। ਕਰੋਨਾ ਦੇ ਬਹਾਨੇ ਲਗਾਏ ਗਏ ਲੋਕ ਡਾਊਨ ਦੇ ਦੌਰ ਵਿੱਚ ਜਦੋਂ ਸਧਾਰਨ ਲੋਕ ਸਰਕਾਰੀ ਅਣਦੇਖੀ ਅਤੇ ਲਾਪਰਵਾਹੀ ਕਾਰਨ ਭੁੱਖ ਅਤੇ ਸਧਾਰਨ ਬਿਮਾਰੀਆਂ ਨਾਲ ਵੀ ਆਪਣੀਆਂ ਜਾਨਾਂ ਗੁਆ ਰਹੇ ਸਨ, ਤਦ ਅਰਥਪਤੀਆਂ ਦੀ ਗਿਣਤੀ 102 ਤੋਂ ਵਧ ਕੇ 142 ਹੋ ਗਈ ਜਾਣੀ 39% ਦਾ ਵੱਡਾ ਵਾਧਾ। ਇਸ ਦੇ ਨਾਲ ਹੀ, ਅਸੀਂ ਜਾਣਦੇ ਹਾਂ ਕਿ ਸਰਕਾਰ ਨੇ 29 ਪੁਰਾਣੇ ਕਿਰਤ ਕਨੂੰਨਾਂ ਨੂੰ ਖਤਮ ਕਰਕੇ ਸੰਹਿਤਾ (ਕੋਡ) ਦਾ ਨਾਮ ਦਿੰਦੇ ਹੋਏ ਚਾਰ ਨਵੇਂ ਕਿਰਤ ਕਨੂੰਨ ਬਣਾਏ ਹਨ, ਜਿਨ੍ਹਾਂ ਦੁਆਰਾ ਮਜਦੂਰਾਂ ਦੇ ਕਿਰਤ ਹੱਕਾਂ ਨੂੰ ਪਹਿਲਾਂ ਨਾਲੋਂ ਵੀ ਘਟਾ ਦਿੱਤਾ ਗਿਆ ਹੈ, ਤਾਂ ਜੋ ਸਰਮਾਏਦਾਰ ਮਜਦੂਰਾਂ ਦੀ ਹੋਰ ਵੀ ਜਿਆਦਾ ਲੁੱਟ ਕਰ ਸਕਣ। ਮਜਦੂਰਾਂ-ਕਿਰਤੀਆਂ ਦੀ ਲੁੱਟ ਵਧਾਉਣ ਲਈ ਹੀ ਖੇਤੀ ਕਨੂੰਨਾਂ ਵਿੱਚ ਲੋਕ ਦੋਖੀ ਬਦਲਾਅ ਜਾਰੀ ਹਨ। ਸਰਕਾਰ ਆਪਣੀਆਂ ਪਹਿਲੀਆਂ ਸਰਕਾਰਾਂ ਦੀਆਂ ਹੀ ਨੀਤੀਆਂ ਨੂੰ ਪੂਰੀ ਤਨਦੇਹੀ ਨਾਲ ਅੱਗੇ ਵਧਾ ਰਹੀ ਹੈ। ਸਾਫ ਵੇਖਿਆ ਜਾ ਸਕਦਾ ਹੈ ਕਿ ਹਕੂਮਤ ਦੀਆਂ ਇਹ ਲੋਕ ਦੋਖੀ ਨੀਤੀਆਂ ਜਿੱਥੇ ਦੇਸ਼ ਦੇ ਮਜਦੂਰ-ਕਿਰਤੀ ਲੋਕਾਂ ਤੇ ਕਹਿਰ ਢਾਅ ਰਹੀਆਂ ਹਨ, ਉੱਥੇ ਸਰਮਾਏਦਾਰਾਂ ਤੇ ਰੱਜ ਕੇ ਮਿਹਰਬਾਨੀਆਂ ਵਰਸਾਈਆਂ ਜਾ ਰਹੀਆਂ ਹਨ।

ਭਾਰਤ ਵਿੱਚ ਪੂਰਾ ਦਿਨ ਲੱਕ ਤੋੜ ਮਿਹਨਤ ਕਰਕੇ ਮਜਦੂਰ ਕੁਝ ਸੋ ਰੁਪਏ ਹੀ ਕਮਾ ਪਾਉਂਦੇ ਹਨ, ਜਦਕਿ ਅਜਾਰੇਦਾਰ ਸਰਮਾਏਦਾਰ ਰਜ ਕੇ ਮਿੰਟਾਂ ਵਿੱਚ ਹੀ ਕਰੋੜਾਂ ਕਮਾ ਲੈਂਦੇ ਹਨ।ਗੌਤਮ ਅਡਾਨੀ ਦਾ ਵਿੱਤੀ ਸਾਲ 2023-24 ਵਿੱਚ ਇੱਕ ਮਿੰਟ ਦਾ ਮੁਨਾਫ਼ਾ ਲੱਗਭੱਗ 1.30 ਕਰੋੜ ਰੁਪਏ ਸੀ। ਅਮੀਰਾਂ ਲਈ ਗੱਫੇ ਹਰ ਪਰ ਗਰੀਬ ਲਈ ਰੋਜੀ ਰੋਟੀ ਦਾ ਸਵਾਲ ਹੈ।




## ਸ੍ਰੀ ਹਰਿਮੰਦਰ ਸਾਹਿਬ ਤੋਂ ਬਾਅਦ ਗੁ: ਨਾਨਕ ਝੀਰਾ ਨੂੰ ਵੀ ਈ-ਮੇਲ ਰਾਹੀਂ ਧਮਕੀ ਅਫ਼ਸੋਸ ਜਨਕ : ਬਾਬਾ ਬਲਬੀਰ ਸਿੰਘ

ਅੰਮ੍ਰਿਤਸਰ, 20 ਜੁਲਾਈ, (ਗੁਰਦਿਆਲ ਸਿੰਘ) : ਨਿਹੰਗ ਸਿੰਘਾਂ ਦੀ ਮੁੱਖ ਸੰਸਥਾ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਪੰਜਵਾਂ ਤਖ਼ਤ ਦੇ ਮੁਖੀ ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਨੇ ਕਿਹਾ ਕਿ ਸਿੱਖਾਂ ਦੇ ਸਰਵਉੱਚ ਧਾਰਮਿਕ ਅਸਥਾਨਾਂ ਨੂੰ ਬੰਬ ਨਾਲ ਉਡਾਉਣ ਦੀਆਂ ਈਮੇਲਜ਼ ਰਾਹੀਂ ਮਿਲ ਰਹੀਆਂ ਧਮਕੀਆਂ ਨਾਲ ਗੁਰੂ ਘਰ ਦੇ ਸ਼ਰਧਾਲੂਆਂ ਅਤੇ ਆਮਲੋਕਾਂ ਵਿੱਚ ਦਹਿਸ਼ਤ ਦਾ ਮਾਹੌਲ ਸਿਰਜਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਪਹਿਲਾਂ ਹਰਿਮੰਦਰ ਸਾਹਿਬ ਨੂੰ ਸਤ ਈਮੇਲਜ਼ ਮਿਲ ਚੁੱਕੀਆਂ ਹਨ, ਹੁਣ ਬਿਦਰ ਵਿੱਚ ਗੁਰੂ ਨਾਨਕ ਸਾਹਿਬ ਦੇ ਇਤਿਹਾਸਕ ਅਸਥਾਨ ਗੁ: ਨਾਨਕ ਝੀਰਾ ਨੂੰ ਬੰਬ



ਨਾਲ ਉਡਾਉਣ ਦੀ ਈ-ਮੇਲ ਪ੍ਰਬੰਧਕਾਂ ਨੂੰ ਮਿਲੀ ਹੈ। ਇਹ ਸਿਰਫਿਰੇ ਗੰਦੀ ਸੋਚ ਵਾਲੇ ਮਾੜੇ ਅਨਸਰ ਜੋ ਆਮ ਜਨਤਾ ਵਿੱਚ ਡਰ ਭੈਅ ਦਾ ਮਹੌਲ ਪੈਦਾ ਕਰ ਰਹੇ ਹਨ। ਅਸਲ ਵਿਚ ਇਹ ਹੀ ਲੋਕ ਅੱਤਵਾਦੀ ਹਨ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਅਤੇ ਸੂਬਾ ਸਰਕਾਰਾਂ ਨੂੰ ਇਨ੍ਹਾਂ ਧਾਰਮਿਕ ਸੰਵੇਦਨਸ਼ੀਲ ਮੁੱਦਿਆਂ ਵੱਲ ਵੱਧ ਧਿਆਨ ਕੇਂਦਰਤ ਕਰਕੇ ਦੋਸ਼ੀਆਂ ਨੂੰ ਜਨਤਾ ਦੀ ਕਚਹਿਰੀ 'ਚ ਨੰਗਿਆਂ ਕਰਨਾ ਚਾਹੀਦਾ ਹੈ ਅਤੇ ਇਨ੍ਹਾਂ ਵਿਰੁੱਧ ਸਖ਼ਤ ਕਨੂੰਨੀ ਕਾਰਵਾਈ ਕਰਨੀ ਚਾਹੀਦੀ ਹੈ। ਉਨ੍ਹਾਂ ਕਿਹਾ ਗ੍ਰਿਫਤਾਰ ਹੋਏ ਵਿਅਕਤੀ ਦੀਆਂ ਤਾਰਾਂ ਹੋ ਸਕਦਾ ਬਾਕੀ ਸਰਗਨੇ ਨਾਲ ਹੀ ਸਬੰਧਤ ਹੋਣ ਜਿਨ੍ਹਾਂ ਵੱਲੋਂ ਵੱਖ-ਵੱਖ ਅਸਥਾਨਾਂ ਨੂੰ ਅਜਿਹੀਆਂ ਈਮੇਲਜ਼ ਲਗਾਤਾਰ ਭੇਜੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਨੈਸ਼ਨਲ ਮੀਡੀਏ ਦੇ ਲੋਕ ਇਸ ਮੁੱਦੇ ਨੂੰ ਸੁਹਿਦਤਾ ਨਾਲ ਉਭਾਰਨ।

## ਸ਼ਿਕਾਗੋ ਯੂਨੀ: ਵੱਲੋਂ ਡਾਕਟਰੇਟ ਮਿਲਣ 'ਤੇ ਹਰਮੀਤ ਸਿੰਘ ਸਲੂਜਾ ਦਾ ਹੈੱਡ ਗ੍ਰੰਥੀ ਗਿਆਨੀ ਰਘਬੀਰ ਸਿੰਘ ਵੱਲੋਂ



ਅੰਮ੍ਰਿਤਸਰ, 20 ਜੁਲਾਈ, (ਬਬਲੂ ਮਹਾਜਨ) : ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹੈੱਡਗ੍ਰੰਥੀ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਵੱਲੋਂ ਆਪਣੇ ਗ੍ਰਹਿ ਵਿਖੇ ਪ੍ਰਸਿੱਧ ਸਮਾਜ ਸੇਵੀ ਹਰਮੀਤ ਸਿੰਘ ਸਲੂਜਾ ਨੂੰ ਸਨਮਾਨਿਤ ਕੀਤਾ ਗਿਆ। ਇਹ ਸਨਮਾਨ ਸਲੂਜਾ ਨੂੰ ਬੀਤੇ ਦਿਨੀਂ ਅਮਰੀਕਾ ਦੀ ਸਿਕਾਗੋ ਓਪਨ ਯੂਨੀਵਰਸਟੀ ਵੱਲੋਂ ਬੀਤੇ ਦਿਨੀਂ ਡਾਕਟਰੇਟ ਦੀ ਡਿਗਰੀ ਮਿਲਣ 'ਤੇ ਦਿੱਤਾ ਗਿਆ।

ਗੱਲਬਾਤ ਕਰਦਿਆਂ ਗਿਆਨੀ ਰਘਬੀਰ ਸਿੰਘ ਨੇ ਕਿਹਾ ਕਿ ਹਰਮੀਤ ਸਿੰਘ ਦਾ ਸਾਰਾ ਪਰਿਵਾਰ ਹਮੇਸ਼ਾ ਲੋਕਾਈ ਦੀ ਸੇਵਾ ਲਈ ਤਤਪਰ ਰਹਿੰਦਾ ਹੈ ਅਤੇ ਗੁਰੂ ਸਾਹਿਬ ਦੇ ਫਲਸਫਿਆਂ 'ਤੇ ਚੱਲਦਿਆਂ ਜੋ ਹਰਮੀਤ ਸਿੰਘ ਸਲੂਜਾ ਨੇ ਕੋਵਿਡ ਮਹਾਂਮਾਰੀ ਦੌਰਾਨ ਬਿਨਾਂ ਕਿਸੇ ਭੇਦ ਭਾਵ ਦੇ ਧਰਮ ਜਾਤ ਤੋਂ ਉੱਪਰ ਉੱਠ ਕੇ ਜੋ ਸੇਵਾ ਦੇ ਕਾਰਜ ਕੀਤੇ ਅਤੇ ਉਸ ਤੋਂ ਪਹਿਲਾਂ ਅਤੇ ਬਾਅਦ ਵਿੱਚ ਜੋ ਵਾਤਾਵਰਨ ਨੂੰ ਬਚਾਉਣ ਲਈ ਕੰਮ ਕੀਤੇ ਅਤੇ ਜੋ ਗੁਰੂ ਸਹਿਬਾਨ ਦੇ ਸਿਧਾਂਤਾਂ 'ਤੇ ਚੱਲਦਿਆ ਭਾਈਚਾਰਕ ਸਾਂਝ ਅਤੇ ਸਰਬ ਸਾਂਝੀਵਾਲਤਾ ਦੇ ਸੰਦੇਸ਼ ਨੂੰ ਕੇ ਕੇ ਕਾਰਜ ਕੀਤੇ ਗਏ, ਉਹ ਸ਼ਲਾਘਾ ਯੋਗ ਹਨ। ਨਾਲ ਹੀ ਓਹਨਾਂ ਨੇ ਸਲੁਜਾ ਦੇ ਮਾਤਾ ਪਰਮਜੀਤ ਕੌਰ ਅਤੇ ਪਿਤਾ ਸ. ਸਤਨਾਮ ਸਿੰਘ ਨੂੰ ਵਧਾਈ ਦਿੱਤੀ।ਬੀਤੇ ਦਿਨੀਂ ਸਲੂਜਾ ਨੂੰ ਸ਼੍ਰੋਮਣੀ ਕਮੇਟੀ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਦੇ ਜੱਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਵੱਲੋਂ ਨੂੰ ਸਨਮਾਨਿਤ ਕੀਤਾ ਗਿਆ ਹੈ। ਸਲੂਜਾ ਨੂੰ ਆਪਣੇ ਲੋਕ ਭਲਾਈ ਦੇ ਕੰਮਾਂ ਕਰਕੇ 2023 ਵਿੱਚ ਇਸਤਾਂਬੁਲ ਵਿੱਚ ਹੋਈ ਅੰਤਰਰਾਸ਼ਟਰੀ ਬੈਸਟ ਡਿਪਲੋਮੈਟ ਕਾਨਫਰੰਸ ਵਿੱਚ doctors without borders ਸਿਮੁਲੇਸ਼ਨ ਵਜੋਂ ਸ਼ਮੂਲੀਆ ਕਰਨ ਦਾ ਮੌਕਾ ਮਿਲਿਆ ਸੀ। ਜਿੱਥੇ ਓਹਨਾਂ ਨੇ ਵੋਮੈਨ ਐਂਪੋਵਰਮੇਂਟ ਲਈ 70 ਤੋਂ ਵੱਧ ਮੁਲਕਾਂ ਦੇ ਡੇਲੀਗੇਟਸ ਨੂੰ ਸੰਬੋਧਨ ਕੀਤਾ ਸੀ। ਏਸ ਮੌਕੇ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਅਰਦਾਸੀਆ ਭਾਈ ਪ੍ਰੇਮ ਸਿੰਘ ਅਤੇ ਇੰਚਾਰਜ ਰਾਗੀਆਂ ਸ ਨਿਸ਼ਾਨ ਸਿੰਘ ਹਾਜ਼ਰ ਸਨ

## 350 ਸਾਲਾ ਸ਼ਹੀਦੀ ਸ਼ਤਾਬਦੀ ਸਬੰਧੀ ਸ਼ਿਮਲਾ ਵਿਖੇ ਗੁਰਮਤਿ ਸਮਾਗਮ

### ਗੁਰੂ ਸਾਹਿਬ ਨੇ ਨਾ ਸਿਰਫ਼ ਸਿੱਖ ਧਰਮ ਲਈ, ਸਗੋਂ ਸਮੂੰਹ ਕੌਮਾਂ ਦੀ ਰੱਖਿਆ ਲਈ ਆਪਣੀ ਸ਼ਹਾਦਤ ਦਿੱਤੀ : ਐਡਵੋਕੇਟ ਧਾਮੀ

ਅੰਮ੍ਰਿਤਸਰ, 20 ਜੁਲਾਈ, (ਗੁਰਦਿਆਲ ਸਿੰਘ) : ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਦੇ 350 ਸਾਲਾ ਸ਼ਹੀਦੀ ਦਿਹਾੜੇ ਦੀ ਸ਼ਤਾਬਦੀ ਨੂੰ ਸਮਰਪਿਤ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ, ਸ਼ਿਮਲਾ ਵਿਖੇ ਵਿਸ਼ਾਲ ਗੁਰਮਤਿ ਸਮਾਗਮ ਆਯੋਜਿਤ ਕੀਤਾ ਗਿਆ। ਸ਼੍ਰੋਮਣੀ ਕਮੇਟੀ ਦੇ ਸਹਿਯੋਗ ਨਾਲ ਸਥਾਨਕ ਗੁਰਦੁਆਰਾ ਕਮੇਟੀ ਵੱਲੋਂ ਕਰਵਾਏ ਗਏ। ਇਸ ਸਮਾਗਮ ਮੌਕੇ ਰਾਗੀ ਜਥਿਆਂ ਨੇ ਗੁਰਬਾਣੀ ਕੀਰਤਨ ਨਾਲ ਸੰਗਤ ਨੂੰ ਜੋੜਿਆ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਬਲਜੀਤ ਸਿੰਘ ਨੇ ਗੁਰਮਤਿ ਵਿਚਾਰਾਂ ਸਾਂਝੀਆਂ ਕਰਦਿਆਂ ਗੁਰੂ ਸਾਹਿਬ ਜੀ ਦੇ ਉਪਦੇਸ਼ਾਂ ਦੀ ਸੇਧ ਵਿਚ ਸੰਗਤ ਨੂੰ ਜੀਵਨ ਜੀਣ ਦੀ ਪ੍ਰੇਰਨਾ ਦਿੱਤੀ।



ਇਸ ਮੌਕੇ ਸੰਗਤ ਨੂੰ ਸੰਬੋਧਨ ਕਰਦਿਆਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਦੀ ਸ਼ਹਾਦਤ ਧਾਰਮਿਕ ਆਜ਼ਾਦੀ ਅਤੇ ਮਨੁੱਖੀ ਹੱਕਾਂ ਦੀ ਰੱਖਿਆ ਲਈ ਇਕ ਲਾਸਾਨੀ ਮਿਸਾਲ ਹੈ। ਗੁਰੂ ਸਾਹਿਬ ਨੇ ਨਾ ਸਿਰਫ ਸਿੱਖ ਧਰਮ ਦੀ, ਸਗੋਂ ਸਮੂਹ ਕੌਮਾਂ ਦੀ ਰੱਖਿਆ ਲਈ ਆਪਣੀ ਸ਼ਹਾਦਤ ਦਿੱਤੀ। ਨੌਵੇਂ ਪਾਤਸ਼ਾਹ ਜੀ ਸੱਚ, ਨਿਸ਼ਕਾਮਤਾ ਅਤੇ ਤਿਆਗ ਦੇ ਜੀਵੰਤ ਪ੍ਰਤੀਕ ਹਨ।

ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਸਮਾਗਮਾਂ ਮੌਕੇ ਕੀਤੇ ਜਾਂਦੇ ਸਨਮਾਨ ਦੇ ਸੰਬੰਧ ਵਿੱਚ ਵਿਸ਼ੇਸ਼ ਤੌਰ 'ਤੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਸਿਰੋਪਾਓ ਦਾ ਸਿੱਖ ਪਰੰਪਰਾ ਵਿੱਚ ਬਹੁਤ ਉੱਚਾ ਸਤਿਕਾਰ ਹੈ ਅਤੇ ਇਹ ਕੇਵਲ ਸਿੰਘ ਸਾਹਿਬਾਨ, ਮਹਾਨ ਸ਼ਖ਼ਸੀਅਤਾਂ, ਗੁਰਮਤਿ ਪ੍ਰਚਾਰਕਾਂ ਜਾਂ ਧਾਰਮਿਕ ਸੇਵਾਵਾਂ ਲਈ ਵਿਸ਼ੇਸ਼ ਯੋਗਦਾਨ ਕਰਨ ਵਾਲਿਆਂ ਨੂੰ ਹੀ ਭੇਟ ਕੀਤਾ ਜਾਣਾ ਚਾਹੀਦਾ ਹੈ। ਆਮ ਤੌਰ 'ਤੇ ਸਨਮਾਨ ਦੇਣ ਦੀ ਥਾਂ ਧਾਰਮਿਕ ਕਿਤਾਬਾਂ ਜਾਂ ਸਿੱਖ ਰਹਿਤ ਮਰਿਆਦਾ ਦੇ ਕੇ ਸਨਮਾਨ ਕਰਨ ਦੀ ਪ੍ਰਥਾ ਨੂੰ ਉਤਸ਼ਾਹਿਤ ਕੀਤਾ ਜਾਣਾ ਚਾਹੀਦਾ ਹੈ, ਤਾਂ ਜੋ ਇਸ ਸਤਿਕਾਰ ਦਾ ਮੂਲ ਭਾਵ ਕਾਇਮ ਰਹੇ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਦਲਜੀਤ ਸਿੰਘ ਭਿੰਡਰ ਨੇ ਸੰਗਤ ਨੂੰ ਗੁਰੂ ਸਾਹਿਬ ਦੇ ਜੀਵਨ ਤੋਂ ਪ੍ਰੇਰਨਾ ਲੈ ਕੇ ਮਨੁੱਖਤਾ ਦੀ ਭਲਾਈ ਲਈ ਹਮੇਸ਼ਾਂ ਅੱਗੇ ਆਉਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਅੱਜ ਦੇ ਸਮੇਂ ਵਿੱਚ ਜਦੋਂ ਭੌਤਿਕਤਾ ਅਤੇ ਆਪਸੀ ਵੰਡ ਵਧ ਰਹੀ ਹੈ, ਗੁਰੂ ਤੇਗ਼ ਬਹਾਦਰ ਸਾਹਿਬ ਦਾ ਸੰਦੇਸ਼ ਸਾਨੂੰ ਏਕਤਾ, ਦਇਆ ਅਤੇ ਹਿੰਮਤ ਦੀ ਪ੍ਰੇਰਨਾ ਦਿੰਦਾ ਹੈ।

ਇਸ ਤੋਂ ਪਹਿਲਾਂ ਬੀਤੇ ਕੱਲ੍ਹ ਦੇ ਸਮਾਗਮ ਦੌਰਾਨ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਵੀ ਹਾਜ਼ਰੀ ਭਰੀ। ਸਮਾਗਮ ਸਮੇਂ ਸਿੰਘ ਸਾਹਿਬ ਗਿਆਨੀ ਬਲਜੀਤ ਸਿੰਘ, ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਸ. ਦਲਜੀਤ ਸਿੰਘ ਭਿੰਡਰ, ਸ. ਅੰਮ੍ਰਿਤਪਾਲ ਸਿੰਘ ਕੁਲਾਰ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਮੈਨੇਜਰ ਸ. ਗੁਰਦੀਪ ਸਿੰਘ ਕੰਗ, ਵਧੀਕ ਮੈਨੇਜਰ ਸ. ਹਰਦੇਵ ਸਿੰਘ, ਗੁਰਦੁਆਰਾ ਸਿੰਘ ਸਭਾ ਸ਼ਿਮਲਾ ਦੇ ਪ੍ਰਧਾਨ ਸ. ਜਸਵਿੰਦਰ ਸਿੰਘ, ਸ. ਕਰਨੈਲ ਸਿੰਘ, ਸਿੱਖ ਮਿਸ਼ਨ ਹਿਮਾਚਲ ਪ੍ਰਦੇਸ਼ ਦੇ ਇੰਚਾਰਜ ਭਾਈ ਗੁਰਦੀਪ ਸਿੰਘ ਆਦਿ ਹਾਜ਼ਰ ਸਨ।

## ਨਿਊ ਅੰਮ੍ਰਿਤਸਰ ਵਿਖੇ 40 ਕਰੋੜ ਦੀ ਲਾਗਤ ਨਾਲ ਬਣਨ ਵਾਲੇ ਫਲਾਈਓਵਰ ਦਾ ਈ.ਟੀ.ਓ. ਨੇ ਰੱਖਿਆ ਨੀਂਹ ਪੱਥਰ



ਅੰਮ੍ਰਿਤਸਰ, 20 ਜੁਲਾਈ, (ਬਬਲੂ ਮਹਾਜਨ): ਹਲਕਾ ਪੂਰਬੀ ਅਤੇ ਹਲਕਾ ਦੱਖਣੀ ਨੂੰ ਲਗਦੇ ਅੰਮ੍ਰਿਤਸਰ ਜਲੰਧਰ ਹਾਈਵੇਅ ਸਥਿਤ ਭਾਈ ਗੁਰਦਾਸ ਜੀ ਨਗਰ ਨਿਊ ਅੰਮ੍ਰਿਤਸਰ ਵਿਖੇ ਨਵੇ ਬਣਨ ਵਾਲੇ ਫਲਾਈਓਵਰ ਦਾ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈ.ਟੀ.ਓ ਨੇ ਅੱਜ ਨੀਂਹ ਪੱਥਰ ਰੱਖਿਆ। ਉਨ੍ਹਾਂ ਦੱਸਿਆ ਕਿ ਇਸ ਪੁਲ ਨੂੰ ਬਣਾਉਣ ਤੇ 39 ਕਰੋੜ 85 ਲੱਖ ਰੁਪਏ ਦੀ ਲਾਗਤ ਆਵੇਗੀ। ਈਟੀਓ ਨੇ ਦੱਸਿਆ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਵੱਲੋਂ ਉਪਰੋਕਤ ਕੰਮ ਲਈ 59.53 ਕਰੋੜ ਰੁਪਏ ਦੀ ਪਰਵਾਨਗੀ ਜਾਰੀ ਕੀਤੀ ਗਈ ਸੀ। ਟੈਂਡਰ ਪ੍ਰਕ੍ਰਿਆ ਦੌਰਾਨ 28 ਫ਼ੀਸਦੀ ਘੱਟ ਤੇ ਸਬੰਧਤ ਫਰਮ ਨੂੰ ਕੰਮ ਅਲਾਟ ਕਰਕੇ ਕਰੀਬ 20 ਕਰੋੜ ਰੁਪਏ ਦੀ ਬੱਚਤ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਇਹ ਪੈਸਾ ਆਮ ਲੋਕਾਂ ਦਾ ਪੈਸਾ ਹੈ ਅਤੇ ਇਨ੍ਹਾਂ ਪੈਸਿਆਂ ਦੀ ਦੁਰਵਰਤੋ ਨਹੀਂ ਹੋਣ ਦਿੱਤੀ ਜਾਵੇਗੀ। ਉਨ੍ਹਾਂ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਜਿੱਥੇ ਵੀ ਕੀਤੇ ਤੁਹਾਨੂੰ ਵਿਕਾਸ ਕਾਰਜਾਂ ਵਿਚ ਕੋਈ ਊਣਤਾਈ ਨਜ਼ਰ ਆਉਦੀ ਹੈ ਤਾਂ ਸਾਡੇ ਧਿਆਂ ਵਿੱਚ ਲਿਆਓ। ਉਨ੍ਹਾਂ ਕਿਹਾ ਕਿ ਵਿਕਾਸ ਕਾਰਜਾਂ ਵਿਚ ਕੋਈ ਵੀ ਅਣਗਹਿਲੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।

ਇਸ ਮੌਕੇ ਗੱਲਬਾਤ ਕਰਦਿਆਂ ਮੰਤਰੀ ਹਰਭਜਨ ਸਿੰਘ ਨੇ ਦੱਸਿਆ ਕਿ ਬੜੇ ਚਿਰਾਂ ਤੋ ਇਲਾਕਾ ਵਾਸੀਆਂ ਦੀ ਮੰਗ ਸੀ ਕਿ ਲੋਕਾ ਦੀ ਸਹੂਲਤ ਅਤੇ ਟ੍ਰੈਫਿਕ ਦੀ ਸਮੱਸਿਆ ਨੂੰ ਦੂਰ ਕਰਨ ਲਈ ਫਲਾਈਓਵਰ ਬਣਾਇਆ ਜਾਵੇ। ਉਨ੍ਹਾਂ ਦੱਸਿਆ ਕਿ ਇਹ ਫਲਾਈਓਵਰ ਆਉਂਦੇ 24 ਮਹੀਨਿਆਂ ਵਿਚ ਬਣਕੇ ਤਿਆਰ ਹੋ ਜਾਵੇਗਾ। ਉਨ੍ਹਾਂ ਦੱਸਿਆ ਕਿ ਇਸ ਫਲਾਈਓਵਰ ਦੀ ਲੰਬਾਈ 540 ਮੀਟਰ ਅਤੇ ਚੌੜਾਈ 21.5 ਮੀਟਰ ਹੋਵੇਗੀ ਅਤੇ ਫਲਾਈਓਵਰ ਦੇ ਦੋਹਾਂ ਪਾਸੇ 10.50 ਮੀਟਰ ਚੌੜੀ ਸਰਵਿਸ ਰੋਡ ਵੀ ਬਣਾਈ ਜਾਵੇਗੀ ਤੇ ਬਰਸਾਤੀ ਪਾਣੀ ਦੇ ਨਿਕਾਸ ਲਈ ਫਲਾਈਓਵਰ ਦੀਆ ਦੋਵੇਂ ਪਾਸੇ ਡਰੇਨ ਦੀ ਵਿਵਸਥਾ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਇਸ ਤੋਂ ਇਲਾਵਾ ਬੋਹੜੂ ਪੁਲ ਦੀ ਚੌਥੀ ਸਾਈਡ ਵੀ ਜਲਦੀ ਸ਼ੁਰੂ ਹੋਣ ਜਾ ਰਹੀ ਹੈ, ਜਿਸ ਲਈ 61.50 ਕਰੋੜ ਰੁਪਏ ਦੀ ਰਾਸ਼ੀ ਜਾਰੀ ਹੋ ਚੁੱਕੀ ਹੈ।

ਇਸ ਮੌਕੇ ਹਲਕਾ ਵਿਧਾਇਕ ਪੱਛਮੀ ਡਾਕਟਰਸਬੀਰ ਸਿੰਘ ਸੰਧੂ, ਮੇਅਰ ਸਰਦਾਰ ਜਤਿੰਦਰ ਸਿੰਘ ਮੋਤੀ ਭਾਟੀਆ, ਚੇਅਰਮੈਨ ਨਗਰ ਸੁਧਾਰ ਟਰੱਸਟ ਕਰਮਜੀਤ ਸਿੰਘ ਰਿੰਟੂ, ਹਲਕਾ ਮਜੀਠਾ ਦੇ ਇੰਚਾਰਜ਼ ਤਲਬੀਰ ਸਿੰਘ ਨੇ ਵੀ ਸੰਬੋਧਨ ਕੀਤਾ।

ਇਸ ਮੌਕੇ ਹਲਕਾ ਵਿਧਾਇਕ ਬਾਬਾ ਬਕਾਲਾ ਸਰਦਾਰ ਦਲਬੀਰ ਸਿੰਘ ਟੌਂਗ, ਸ੍ਰੀ ਨਰੇਸ ਪਾਠਕ ਮੈਡਮ ਸ਼ੁਹਿੰਦਰ ਕੌਰ, ਸ੍ਰੀ ਸਤਪਾਲ ਸਿੰਘ ਸੋਖੀ, ਸ੍ਰੀ ਵਿਸ਼ਾਲ ਮੰਨਣ ਤੋਂ ਇਲਾਵਾ ਵੱਡੀ ਗਿਣਤੀ ਵਿਚ ਇਲਾਕਾ ਨਿਵਾਸੀ ਹਾਜ਼ਰ ਸਨ।

## ਅਕਾਲੀ ਦਲ ਨੂੰ ਤਰਨ ਤਾਰਨ ਇਲਾਕੇ 'ਚ ਵੱਡਾ ਹੁਲਾਰਾ, ਸਾਰਾ ਆਜ਼ਾਦ ਗਰੁੱਪ ਪਾਰਟੀ 'ਚ ਹੋਇਆ ਸ਼ਾਮਲ

ਅੰਮ੍ਰਿਤਸਰ, 20 ਜੁਲਾਈ, (ਗੁਰਦਿਆਲ ਸਿੰਘ) :ਸ਼੍ਰੋਮਣੀ ਅਕਾਲੀ ਦਲ ਨੂੰ ਅੱਜ ਉਸ ਸਮੇਂ ਵੱਡਾ ਹੁਲਾਰਾ ਮਿਲਿਆ ਜਦੋਂ ਸਾਰਾ ਆਜ਼ਾਦ ਗਰੁੱਪ ਅੱਜ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਹਾਜ਼ਰੀ ਵਿਚ ਪਾਰਟੀ ਵਿਚ ਸ਼ਾਮਲ ਹੋ ਗਿਆ ਅਤੇ ਬਾਦਲ ਨੇ ਗਰੁੱਪ ਦੀ ਆਗੂ ਪ੍ਰਿੰਸੀਪਲ ਸੁਖਵਿੰਦਰ ਕੌਰ ਰੰਧਾਵਾ ਨੂੰ ਤਰਨ ਤਾਰਨ ਦੀ ਆ ਰਹੀ ਜ਼ਿਮਨੀ ਚੋਣ ਵਾਸਤੇ ਪਾਰਟੀ ਉਮੀਦਵਾਰ ਐਲਾਨ ਦਿੱਤਾ।



ਪਿੰਡ ਝਬਾਲ ਵਿਚ ਇਕ ਵਿਸ਼ਾਲ ਸਿਆਸੀ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਨੇ ਕਿਹਾ ਕਿ ਅੱਜ ਦੇ ਇਕੱਠ ਨੇ ਆਉਂਦੀ ਜ਼ਿਮਨੀ ਚੋਣ ਵਿਚ ਸ਼੍ਰੋਮਣੀ ਅਕਾਲੀ ਦਲ ਦੀ ਜਿੱਤ ਦਾ ਮੁੱਢ ਬੰਨ੍ਹ ਦਿੱਤਾ ਹੈ। ਪ੍ਰਿੰਸੀਪਲ ਸੁਖਵਿੰਦਰ ਕੌਰ ਰੰਧਾਵਾ ਅੱਜ 43 ਮੌਜੂਦਾ ਸਰਪੰਚਾਂ, 8 ਮਿਉਂਸਪਲ ਕੌਂਸਲਾਂ ਤੇ ਦਰਜਨਾਂ ਸਾਬਕਾ ਸਰਪੰਚਾਂ ਤੇ ਚੇਅਰਮੈਨਾਂ ਸਮੇਤ ਪਾਰਟੀ ਵਿਚ ਸ਼ਾਮਲ ਹੋਏ। ਉਹਨਾਂ ਨੇ ਕਿਹਾ ਕਿ ਆਜ਼ਾਦ ਗਰੁੱਪ ਨੇ ਇਹ ਫੈਸਲਾ ਹਲਕੇ ਦੇ ਨਾਲ-ਨਾਲ ਪੰਥ ਤੇ ਪੰਜਾਬ ਦੇ ਹਿੱਤਾਂ ਵਾਸਤੇ ਲਿਆ ਹੈ। ਪ੍ਰਿੰਸੀਪਲ ਰੰਧਾਵਾ ਨੂੰ ਇਸ ਮੌਕੇ ਹਲਕਾ ਇੰਚਾਰਜ ਵੀ ਐਲਾਨਿਆ ਗਿਆ।

ਇਸ ਮੌਕੇ ਬਾਦਲ ਨੇ ਸਾਬਕਾ ਮੰਤਰੀ ਸਰਦਾਰ ਗੁਲਜ਼ਾਰ ਸਿੰਘ ਰਣੀਕੇ ਨੂੰ ਤਰਨ ਤਾਰਨ ਜ਼ਿਮਨੀ ਚੋਣ ਲਈ ਪਾਰਟੀ ਇੰਚਾਰਜ ਵੀ ਨਿਯੁਕਤ ਕੀਤਾ।

ਸਰਦਾਰ ਸੁਖਬੀਰ ਸਿੰਘ ਬਾਦਲ ਨੇ ਜ਼ੋਰ ਦੇ ਕੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਪੰਜਾਬ ਦੀ ਪ੍ਰਤੀਨਿਧਤਾ ਕਰਦਾ ਹੈ। ਉਹਨਾਂ ਨੇ ਪੰਜਾਬੀਆਂ ਨੂੰ ਅਪੀਲ ਕੀਤੀ ਕਿ ਉਹ ਸੂਬੇ ਨੂੰ ਲੁੱਟਣ ਲਈ ਪੱਬਾਂ ਭਾਰ ਬਾਹਰਲੀਆਂ ਤਾਕਤਾਂ ਦਾ ਟਾਕਰਾ ਕਰਨ ਲਈ ਪਾਰਟੀ ਦੇ ਬੈਨਰ ਹੇਠ ਇੱਕਜੁੱਟ ਹੋਣ।

ਉਹਨਾਂ ਕਿਹਾ ਕਿ ਅਕਾਲੀ ਦਲ ਨੇ ਤਾਂ ਪਹਿਲਾਂ ਹੀ ਬੇਅਦਬੀ ਕੇਸਾਂ ਦੀ ਨਿਰਪੱਖ ਜਾਂਚ ਦੀ ਮੰਗ ਕੀਤੀ ਹੈ ਕਿਉਂਕਿ ਇਹ ਮਹਿਸੂਸ ਕਰਦੀ ਹੈ ਕਿ ਸਿਰਫ ਇਕ ਨਿਰਪੱਖ ਜਾਂਚ ਹੀ ਇਹਨਾਂ ਘਟਨਾਵਾਂ ਵਿਚ ਆਪ ਦੀ ਭੂਮਿਕਾ ਬੇਨਕਾਬ ਕਰ ਸਕਦੀ ਹੈ। ਉਹਨਾਂ ਨੇ ਇਹ ਵੀ ਸਪਸ਼ਟ ਕੀਤਾ ਕਿ ਪਿਛਲੇ 10 ਸਾਲਾਂ ਵਿਚ ਕਿਸੇ ਵੀ ਅਕਾਲੀ ਵਰਕਰ 'ਤੇ ਬੇਅਦਬੀ ਦੇ ਦੋਸ਼ ਨਹੀਂ ਲੱਗੇ ਅਤੇ ਉਹਨਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਪੰਜਾਬ ਨੂੰ ਅਰਵਿੰਦ ਕੇਜਰੀਵਾਲ, ਜੋ ਸੂਬੇ ਦਾ ਅਸਿੱਧੇ ਤੌਰ 'ਤੇ ਮੁੱਖ ਮੰਤਰੀ ਬਣਿਆ ਹੋਇਆ ਹੈ, ਤੋਂ ਬਚਾਉਣ ਲਈ ਲੋਕ ਅੱਗੇ ਆਉਣ।

ਸਰਦਾਰ ਬਾਦਲ ਨੇ ਕਿਹਾ ਕਿ ਬੇਅਦਬੀ ਦੀਆਂ ਘਟਨਾਵਾਂ ਵਿਚ ਆਪ ਦੀ ਭੂਮਿਕਾ ਇਹਨਾਂ ਦੇ ਵਿਧਾਇਕ ਨੂੰ ਕੁਰਾਨ ਸ਼ਰੀਫ ਦੀ ਬੇਅਦਬੀ ਵਿਚ ਦੋਸ਼ੀ ਠਹਿਰਾਏ ਜਾਣ ਤੋਂ ਹੀ ਸਪੱਸ਼ਟ ਹੋ ਗਈ ਸੀ। ਉਹਨਾਂ ਕਿਹਾ ਕਿ ਜਦੋਂ ਹਰਪਾਲ ਚੀਮਾ ਤੇ ਹਰਜੋਤ ਬੈਂਸ ਨੇ ਦੋਸ਼ੀ ਦਾ ਬਚਾਅ ਕਰਨ ਦੀ ਕੋਸ਼ਿਸ਼ ਕੀਤੀ ਤਾਂ ਅਪਰਾਧ ਦੋਗੁਣਾਂ ਹੋ ਗਿਆ। ਉਹਨਾਂ ਕਿਹਾ ਕਿ ਆਪ ਵੱਲੋਂ ਬੇਅਦਬੀ ਦੇ ਦੋਸ਼ੀ ਦਾ ਬਚਾਅ ਕਰਨ ਦੇ ਯਤਨ ਇਥੇ ਹੀ ਨਹੀਂ ਰੁਕੇ ਬਲਕਿ ਆਪ ਦੇ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਨਰੇਸ਼ ਯਾਦਵ ਨੂੰ ਉਦੋਂ ਬਚਾਉਣ ਦੀ ਕੋਸ਼ਿਸ਼ ਕੀਤੀ ਜਦੋਂ ਉਹਨਾਂ ਸੈਸ਼ਨਜ਼ ਅਦਾਲਤ ਨੂੰ ਇਹ ਲਿਖਵਾਇਆ ਕਿ ਸ਼ਿਕਾਇਤ ਕਰਤਾ ਨੇ ਸ਼ਿਕਾਇਤ ਵਾਪਸ ਲੈ ਲਈ ਹੈ ਅਤੇ ਉਹਨਾਂ ਸੈਸ਼ਨਜ਼ ਅਦਾਲਤ ਨੂੰ ਇਸਦੀ ਰੋਸ਼ੀ ਵਿਚ ਯਾਦਵ ਖਿਲਾਫ ਸ਼ਿਕਾਇਤ ਵਾਪਸ ਲੈਣ ਦੀ ਅਪੀਲ ਕੀਤੀ।

ਅਕਾਲੀ ਦਲ ਦੇ ਪ੍ਰਧਾਨ ਨੇ ਇਹ ਵੀ ਦੱਸਿਆ ਕਿ ਕਿਵੇਂ ਅਰਵਿੰਦ ਕੇਜਰੀਵਾਲ ਨੇ ਪੰਜਾਬ ਦੀ 40 ਹਜ਼ਾਰ ਏਕੜ ਉਪਜਾਊ ਜ਼ਮੀਨ ਬਿਲਡਰਾਂ ਨੂੰ ਦੇਣ ਵਾਸਤੇ ਸਮਝੌਤਾ ਕੀਤਾ। ਉਹਨਾਂ ਕਿਹਾ ਕਿ ਅਜਿਹਾ ਚੋਣਾਂ ਲੜਨ ਵਾਸਤੇ ਪੈਸੇ ਇਕੱਠੇ ਕਰਨ ਵਾਸਤੇ ਕੀਤਾ ਗਿਆ ਤਾਂ ਜੋ ਆਪ ਦੇ ਕੇਂਦਰੀ ਭੰਡਾਰ ਨੂੰ ਪੈਸੇ ਨਾਲ ਭਰਿਆ ਜਾ ਸਕੇ। ਉਹਨਾਂ ਸਪੱਸ਼ਟ ਕੀਤਾ ਕਿ ਅਕਾਲੀ ਦਲ ਇਸ ਸਾਜ਼ਿਸ਼ ਨੂੰ ਕਦੇ ਵੀ ਸਫਲ ਨਹੀਂ ਹੋਣ ਦੇਵੇਗਾ। ਉਹਨਾਂ ਕਿਹਾ ਕਿ ਅਸੀਂ ਇਸ ਸਰਕਾਰ ਨੂੰ ਇਕ ਇੰਚ ਵੀ ਥਾਂ ਐਕਵਾਇਰ ਨਹੀਂ ਕਰਨ ਦਿਆਂਗੇ।

ਇਸ ਮੌਕੇ ਸੀਨੀਅਰ ਆਗੂ ਗੁਲਜ਼ਾਰ ਸਿੰਘ ਰਣੀਕੇ, ਅਲਵਿੰਦਰਪਾਲ ਸਿੰਘ ਪੱਖੋਕੇ, ਗੌਰਵ ਵਲਟੋਹਾ, ਇਕਬਾਲ ਸਿੰਘ ਸੰਧੂ, ਗੁਰਬਚਨ ਸਿੰਘ ਕਰਮੂਵਾਲ, ਸੁਖਵਿੰਦਰ ਸਿੰਘ ਖਾਪਰਖੇੜੀ, ਸੁਰਜੀਤ ਸਿੰਘ ਪਹਿਲਵਾਨ, ਰਾਜਵਿੰਦਰ ਸਿੰਘ ਰਾਜਾ ਲਾਦੇਹ, ਰਣਬੀਰ ਸਿੰਘ ਰਾਣਾ ਲੋਪੋਕੇ ਅਤੇ ਗੁਰਸੇਵਕ ਸਿੰਘ ਸ਼ੇਖ ਵੀ ਹਾਜ਼ਰ ਸਨ।

## ਤਰਨਜੀਤ ਸਿੰਘ ਸੰਧੂ ਦੀ ਨਵੀਂ ਨਿਯੁਕਤੀ ਭਾਰਤ-ਅਮਰੀਕਾ ਸਾਂਝ ਲਈ ਨਵੇਂ ਯੁੱਗ ਦੀ ਸ਼ੁਰੂਆਤ : ਪ੍ਰੋ. ਖਿਆਲਾ



ਅੰਮ੍ਰਿਤਸਰ, 20 ਜੁਲਾਈ, (ਗੁਰਦਿਆਲ ਸਿੰਘ) : ਪੰਜਾਬ ਭਾਜਪਾ ਦੇ ਬੁਲਾਰੇ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਕਿਹਾ ਕਿ ਅਮਰੀਕਾ 'ਚ ਭਾਰਤ ਦੇ ਰਾਜਦੂਤ ਰਹੇਸ. ਤਰਨਜੀਤ ਸਿੰਘ ਸੰਧੂ ਦੀ ਯੂਐੱਸ-ਇੰਡੀਆ ਸਟ੍ਰੈਟਜਿਕ ਪਾਰਟਨਰਸ਼ਿਪ ਫੋਰਮ (ਯੂ.ਐਸ.ਆਈ. ਐਸ.ਪੀ.ਐਫ)ਦੇ ਬੋਰਡ ਦੇ ਐਡਵਾਈਜ਼ਰ ਅਤੇ ਜੀਓ ਪੌਲਿਟਿਕਲ ਇੰਸਟੀਚਿਊਟ ਦੇ ਚੇਅਰਮੈਨ ਵਜੋਂ ਨਿਯੁਕਤੀ ਨਾ ਸਿਰਫ਼ ਉਨ੍ਹਾਂ ਦੀ ਕੂਟਨੀਤਕ ਮਹਾਨਤਾ ਅਤੇ ਸੂਝਵਾਨ ਦ੍ਰਿਸ਼ਟੀਕੋਣ ਦੀ ਪੁਸ਼ਟੀ ਹੈ, ਸਗੋਂ ਇੱਕ ਨਵੇਂ ਯੁੱਗ ਦੀ ਸ਼ੁਰੂਆਤ ਵੀ ਹੈ। ਜੋ ਭਾਰਤ-ਅਮਰੀਕਾ ਸਬੰਧਾਂ ਨੂੰ ਨਵੀਂਆਂ ਉਚਾਈਆਂ 'ਤੇ ਲੈ ਜਾਵੇਗਾ।

ਪ੍ਰੋ. ਸਰਚਾਂਦ ਸਿੰਘ ਅਤੇ ਡਾ. ਰਣਬੀਰ ਸਿੰਘ ਨੇ ਪਰਮਿੰਦਰ ਸਿੰਘ ਸੰਧੂ ਦੀ ਮੌਜੂਦਗੀ ਵਿੱਚ ਤਰਨਜੀਤ ਸਿੰਘ ਸੰਧੂ ਨਾਲ ਮੁਲਾਕਾਤ ਕੀਤੀ ਅਤੇ ਉਨ੍ਹਾਂ ਨੂੰ ਨਵੀਂ ਜ਼ਿੰਮੇਵਾਰੀ ਲਈ ਵਧਾਈ ਦਿੱਤੀ ਅਤੇ ਕਿਹਾ ਕਿ ਇਹ ਪ੍ਰਾਪਤੀ ਸ੍ਰੀ ਅੰਮ੍ਰਿਤਸਰ ਅਤੇ ਪੰਜਾਬੀਆਂ ਲਈ ਬਹੁਤ ਮਾਣ ਵਾਲੀ ਗੱਲ ਹੈ। ਇਸ ਮੌਕੇ ਸਥਾਨਕ ਰਾਜਨੀਤੀ, ਸਮਾਜਿਕ ਅਤੇ ਵਿਦੇਸ਼ੀ ਮਾਮਲਿਆਂ 'ਤੇ ਗੰਭੀਰਤਾ ਨਾਲ ਚਰਚਾ ਕਰਦੇ ਹੋਏ, ਉਨ੍ਹਾਂ ਨੇ ਪੰਜਾਬ, ਭਾਰਤ ਅਤੇ ਵਿਦੇਸ਼ਾਂ ਵਿੱਚ ਰਹਿੰਦੇ ਪੰਜਾਬੀਆਂ ਬਾਰੇ ਕੀਮਤੀ ਵਿਚਾਰ ਸਾਂਝੇ ਕੀਤੇ ਅਤੇ ਸ. ਸੰਧੂ ਤੋਂ ਮਾਰਗਦਰਸ਼ਨ ਪ੍ਰਾਪਤ ਕੀਤਾ।

ਜਾਰੀ ਇਕ ਬਿਆਨ 'ਚ ਪ੍ਰੋ. ਸਰਚਾਂਦ ਸਿੰਘ ਨੇ ਕਿਹਾ ਕਿ ਸੰਧੂ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ, ਗ੍ਰਹਿ ਮੰਤਰੀ ਅਮਿਤ ਸ਼ਾਹ ਅਤੇ ਵਿਦੇਸ਼ ਮੰਤਰੀ ਡਾ. ਜੈ ਸ਼ੰਕਰ ਦੇ ਸਭ ਤੋਂ ਭਰੋਸੇਮੰਦ ਸ਼ਖ਼ਸੀਅਤ ਵਜੋਂ ਨਵੀਂ ਦਿੱਲੀ ਵੱਲੋਂ ਵਿਦੇਸ਼ੀ ਰਣਨੀਤਕ ਮੋਰਚੇ 'ਤੇ ਭੇਜੇ ਗਏ ਸਭ ਤੋਂ ਸਫਲ ਅਤੇ ਸੰਵੇਦਨਸ਼ੀਲ ਦੂਤ ਵਜੋਂ ਆਪਣੀ ਪਹਿਚਾਣ ਬਣਾਈ। ਸੰਧੂ ਨੇ ਸੰਯੁਕਤ ਰਾਜ ਅਮਰੀਕਾ ਵਿੱਚ ਚਾਰ ਵਾਰੀ ਸੇਵਾ ਨਿਭਾਈ ਅਤੇ ਤਿੰਨ ਵਾਰੀ ਵਾਸ਼ਿੰਗਟਨ ਵਿੱਚ ਰਹਿ ਕੇ ਭਾਰਤ-ਅਮਰੀਕਾ ਰਿਸ਼ਤਿਆਂ ਨੂੰ ਮਜ਼ਬੂਤ ਕੀਤਾ।ਉਹਨਾਂ ਦੀ ਦੂਰਅੰਦੇਸ਼ੀ, ਗੰਭੀਰਤਾ ਅਤੇ ਰਾਸ਼ਟਰਵਾਦੀ ਦ੍ਰਿਸ਼ਟੀਕੋਣ ਨੇ ਭਾਰਤ-ਅਮਰੀਕਾ ਸੰਬੰਧਾਂਨੂੰ ਰਣਨੀਤਕ ਦੋਸਤੀ ਤੋਂ ਪਰੇ ਇੱਕ ਭਰੋਸੇਯੋਗ ਵਿਸ਼ਵ-ਵਿਆਪੀ ਭਾਈਵਾਲੀ ਵਿੱਚ ਲੈ ਜਾਇਆ ਹੈ।

ਉਨ੍ਹਾਂ ਕਿਹਾ ਕਿ ਇਹ ਸੰਧੂ ਦੀ ਸਖ਼ਤ ਮਿਹਨਤ ਅਤੇ ਮਹੱਤਵਪੂਰਨ ਭੂਮਿਕਾ ਦਾ ਨਤੀਜਾ ਹੈ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਮਰੀਕਾ ਫੇਰੀ ਅਤੇ ਅਮਰੀਕੀ ਰਾਸ਼ਟਰਪਤੀ ਜੋ ਬਾਈਡਨ ਅਤੇ ਮੌਜੂਦਾ ਡੋਨਾਲਡ ਟਰੰਪ ਦੇਇਤਿਹਾਸਕ ਭਾਰਤੀ ਦੌਰਿਆਂ ਨੇ ਵਿਸ਼ਵ ਰਾਜਨੀਤੀ 'ਚ ਨਵੀਂਆਂ ਪੈੜਾਂ ਪਾਈਆਂ।

## ਏ.ਟੀ.ਐੱਮ. ਬਦਲ ਕੇ 40 ਹਜ਼ਾਰ ਠੱਗੇ

ਬਾਬਾ ਬਕਾਲਾ ਸਾਹਿਬ, 20 ਜੁਲਾਈ, (ਬਲਰਾਜ ਸਿੰਘ ਰਾਜਾ) : ਪੰਜਾਬ ਨੈਸ਼ਨਲ ਬੈਂਕ ਦੇ ਜੀ ਟੀ ਰੋਡ ਸਥਿਤ ਟਾਂਗਰਾ ਬ੍ਰਾਂਚ ਦੀ ਏ ਟੀ ਐਮ ਮਸ਼ੀਨ ਵਿੱਚੋਂ ਪੈਸੇ ਕਢਾਉਣ ਗਈ ਅਮਨਦੀਪ ਕੌਰ ਵਾਸੀ ਟਾਂਗਰਾ ਨਾਲ ਹੋਈ 40 ਹਜ਼ਾਰ ਦੀ ਠੱਗੀ ਦਾ ਮਾਮਲਾ ਸਾਹਮਣੇ ਆਇਆ ਹੈ। ਗੱਲਬਾਤ ਮੌਕੇ ਅਮਨਦੀਪ ਕੌਰ ਨੇ ਦੱਸਿਆ ਕਿ ਉਸਦੇ ਥੋੜ੍ਹੀ ਦੇਰ ਪਹਿਲਾਂ ਵਿਦੇਸ਼ ਗਏ, ਉਸਦੇ ਪਤੀ ਹਰਜਿੰਦਰ ਸਿੰਘ ਵੱਲੋ ਪਿੰਡੋਂ ਕਿਸੇ ਕੋਲੋ ਵਿਆਜੀ ਲਏ ਪੈਸੇ ਵਾਪਸ ਮੋੜਨ ਲਈ ਆਪਣੀ ਦੋ ਮਹੀਨੇ ਦੀ ਤਨਖਾਹ ਮੇਰੇ ਖਾਤੇ ਵਿੱਚ ਪਾਈ ਸੀ ।ਅਤੇ ਉਸ ਵੱਲੋਂ ਟਾਂਗਰਾ ਵਿਚਲੇ ਏ ਟੀ ਐਮ 'ਚ ਜਾ ਕੇ ਕਾਰਡ ਪਾਕੇ ਜਦ ਪੈਸੇ ਲੈਣ ਲਈ ਪਾਸਵਰਡ ਲਾਇਆ। ਤਾਂ ਮਸ਼ੀਨ ਵਿਚ ਪੈਸੇ ਨਾ ਹੋਣ ਤੇ ਮੈਂ ਦੁਬਾਰਾ ਫਿਰ ਕੋਸ਼ਿਸ਼ ਕੀਤੀ ।ਪਰ ਪੈਸੇ ਨਾ ਨਿਕਲੇ ਇਹ ਸਭ ਕੁਝ ਮੇਰੇ ਪਿੱਛੇ ਖੜ੍ਹਾ ਇੱਕ ਮੋਨਾ ਵਿਅਕਤੀ ਆਪਣੇ ਜੇਬ ਵਿੱਚ ਪਾਏ ਮੋਬਾਈਲ ਵਿੱਚ ਰਿਕਾਰਡ ਕਰ ਰਿਹਾ ਸੀ। ਜਦ ਮੇਰੇ ਪੈਸੇ ਨਾ ਨਿਕਲੇ ਤਾਂ ਉਹ ਮੈਨੂੰ ਕਹਿੰਦਾ ਭੈਣਜੀ ਮੇਰੀ ਵੀ ਤਨਖਾਹ ਨਹੀਂ ਆਈ ਮੈਂ ਚੈੱਕ ਕਰਨੀ ਹੈ ।ਤੁਹਾਡੇ ਪੈਸੇ ਅਗਰ ਨਹੀ ਨਿਕਲੇ, ਲਿਆਓ ਮੈਂ ਚੈੱਕ ਕਰਕੇ ਦੇਖ ਦਿੰਦਾ ਹਾਂ। ਮੇਰੇ ਵਾਲਾ ਕਾਰਡ ਬਦਲ ਕੇ ਉਸ ਨੇ ਆਪਣੇ ਕੋਲੋਂ ਯੂਨੀਅਨ ਬੈਂਕ ਦਾ ਕਾਰਡ ਮਸ਼ੀਨ ਵਿਚ ਪਾਇਆ।ਇਸ ਗੱਲ ਦਾ ਮੈਨੂੰ ਉੱਕਾ ਹੀ ਪਤਾ ਨਹੀਂ ਲੱਗਣ ਦਿੱਤਾ, ਅਤੇ ਮੈਨੂੰ ਕਹਿੰਦਾ ਕਿ ਮਸ਼ੀਨ ਵਿੱਚ ਪੈਸੇ ਨਹੀਂ ਹਨ। ਅਤੇ ਆਪਣਾ ਕਾਰਡ ਮਸ਼ੀਨ ਵਿੱਚੋਂ ਫੜ ਲਵੋ ਇਹ ਕਹਿ ਕੇ ਉਹ ਜਲਦੀ ਜਲਦੀ ਬਾਹਰ ਚਲਾ ਗਿਆ। ਮੈ ਪੈਸੇ ਕਢਾਉਣ ਲਈ ਆਪਣੀ ਸੈਦਪੁਰ ਖਾਤੇ ਵਾਲੀ ਬੈਂਕ ਗਈ ਉੱਥੋਂ ਪਤਾ ਲੱਗਾ ।ਕਿ ਉਸ ਠੱਗ ਵੱਲੋਂ ਮੇਰੇ ਵਾਲੇ ਬਦਲੇ ਕਾਰਡ ਨਾਲ ਰਈਆ ਤੋਂ 25 ਹਜ਼ਾਰ ਅਤੇ 15 ਹਜ਼ਾਰ ਰੁਪਏ ਰਾਮਾ ਮੰਡੀ ਜਲੰਧਰ ਤੋਂ ਕਢਾ ਲਏ ਗਏ ਹਨ। ਹੁਣ ਉਸ ਵੱਲੋਂ ਪੁਲਿਸ ਚੌਕੀ ਟਾਂਗਰਾ ਵਿਖੇ ਦਰਖਾਸਤ ਦਿੱਤੀ ਗਈ ਹੈ। ਅਤੇ ਟਾਂਗਰਾ ਬ੍ਰਾਂਚ ਮੈਨੇਜਰ ਮਨਦੀਪ ਸਿੰਘ ਨੂੰ ਦੱਸਕੇ ਏਟੀਐਮ ਬੰਦ ਕਰਾਇਆ ਅਤੇ ਭਰੋਸਾ ਦਿੱਤਾ ਹੈ ਕਿ ਕਾਨੂੰਨੀ ਕਾਰਵਾਈ ਅਨੁਸਾਰ ਸੀਸੀਟੀਵੀ ਦੀ ਫੁਟਿਜ ਕਢਵਾ ਕੇ ਉਕਤ ਵਿਅਕਤੀ ਦੀ ਪਛਾਣ ਕਰਵਾ ਕੇ ਅਗਲੀ ਪੁਲਿਸ ਕਰਵਾਈ ਕੀਤੀ ਜਾ ਸਕੇ ।ਇੱਥੇ ਜਿਕਰਯੋਗ ਹੈ ।ਕਿ ਕਿਵੇਂ ਇਹ ਠੱਗ ਲੋਕ ਏ ਟੀ ਐਮ ਮਸ਼ੀਨਾਂ ਤੇ ਘੱਟ ਜਾਣਕਾਰੀ ਰੱਖਣ ਵਾਲੇ ਲੋਕਾਂ ਤੇ ਸ਼ਿਕਾਰੀ ਨਜ਼ਰ ਰੱਖਦੇ ਹੋਏ ਆਪਣੇ ਭਰੋਸੇ ਚ ਲੈਕੇ ਠੱਗੀ ਦਾ ਸ਼ਿਕਾਰ ਬਣਾਉਂਦੇ ਹਨ। ਲੋਕਾਂ ਨੂੰ ਸਾਵਧਾਨ ਰਹਿਣਾ ਚਾਹੀਦਾ ।

## ਤ੍ਰੈ ਸ਼ਤਾਬਦੀ ਗੁਰੂ ਗੋਬਿੰਦ ਸਿੰਘ ਖ਼ਾਲਸਾ ਕਾਲਜ ਵਿਖੇ ਸ੍ਰੀ ਗੁਰੂ ਹਰਕ੍ਰਿਸ਼ਨ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਲੈਕਚਰ ਕਰਵਾਇਆ

ਅੰਮ੍ਰਿਤਸਰ, 20 ਜੁਲਾਈ, (ਬਬਲੂ ਮਹਾਜਨ) : ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਚੱਲ ਰਹੇ ਸਥਾਨਕ ਤ੍ਰੈ ਸ਼ਤਾਬਦੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਸ੍ਰੀ ਗੁਰੂ ਹਰਕ੍ਰਿਸ਼ਨ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪ੍ਰਿੰਸੀਪਲ ਡਾਕਟਰ ਕੁਲਵਿੰਦਰ ਸਿੰਘ ਦੀ ਯੋਗ ਅਗਵਾਈ ਅਧੀਨ ਵਿਸ਼ੇਸ਼ ਲੈਕਚਰ ਕਰਵਾਇਆ ਗਿਆ। ਜਿਸ ਵਿੱਚ ਪ੍ਰੋਫੈਸਰ ਹਰਪ੍ਰੀਤ ਸਿੰਘ (ਧਰਮ ਅਧਿਐਨ) ਮੁੱਖ ਬੁਲਾਰੇ ਵਜੋਂ ਵਿਦਿਆਰਥੀਆਂ ਦੇ ਰੂਬਰੂ ਹੋਏ। ਉਹਨਾਂ ਨੇ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦੇ ਜੀਵਨ ਅਤੇ ਪ੍ਰਮੁੱਖ ਕਾਰਜਾਂ ਵਿਸ਼ੇ ਉੱਪਰ ਵਿਦਿਆਰਥੀਆਂ ਨਾਲ ਸਾਂਝ ਪਾਈ। ਉਹਨਾਂ ਨੇ ਕਿਹਾ ਕਿ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਵਿਲੱਖਣ ਸੂਝ ਬੂਝ ਅਤੇ ਦੈਵੀ ਬਖਸ਼ਿਸ਼ਾਂ ਨਾਲ ਨਿਵਾਜੇ ਹੋਏ ਸਨ, ਜਿਸ ਕਰਕੇ ਉਹਨਾਂ ਦੇ ਪਿਤਾ ਸ੍ਰੀ ਗੁਰੂ ਹਰਿਰਾਇ ਸਾਹਿਬ ਜੀ ਨੇ ਉਹਨਾਂ ਦੀ ਚੋਣ ਗੁਰੂ ਨਾਨਕ ਦੀ ਗੁਰਿਆਈ ਲਈ ਚੋਣ ਕੀਤੀ। ਉਨ੍ਹਾਂ ਨੇ 'ਗੁਰੂ ਕੀਆਂ ਸਾਖੀਆਂ' ਸਰੋਤ ਦਾ ਵਿਦਿਆਰਥੀਆਂ ਨੂੰ ਹਵਾਲਾ ਦਿੰਦਿਆਂ ਕਿਹਾ ਕਿ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦੇ ਵੱਡੇ ਭਰਾ ਬਾਬਾ ਰਾਮਰਾਏ ਜੀ ਵੀ ਗੁਰੂ ਹਰਿਰਾਏ ਸਾਹਿਬ ਜੀ ਦੇ ਜੋਤੀ ਜੋਤ ਸਮਾਉਣ ਤੋਂ ਉਪਰੰਤ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦੇ ਚਰਨਾਂ ਉੱਪਰ ਨਤਮਸਤਕ ਹੋਏ ਅਤੇ ਉਹਨਾਂ ਨੇ ਔਰੰਗਜ਼ੇਬ ਦੇ ਦਰਬਾਰ ਵਿੱਚ ਹੋਈਆਂ ਗਲਤੀਆਂ ਨੂੰ ਪ੍ਰਵਾਨ ਕਰਕੇ ਖਿਮਾ ਜਾਚਨਾ ਕੀਤੀ। ਉਪਰੰਤ ਪ੍ਰਿੰਸੀਪਲ ਡਾਕਟਰ ਕੁਲਵਿੰਦਰ ਸਿੰਘ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਵਿਦਿਆਰਥੀਆਂ ਨੂੰ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦੀਆਂ ਸਿੱਖਿਆਵਾਂ ਉੱਪਰ ਜੀਵਨ ਢਾਲਣਾ ਚਾਹੀਦਾ ਹੈ। ਇਸ ਸਮੇਂ ਸਮੂਹ ਸਟਾਫ ਹਾਜ਼ਰ ਸਨ।




## ਮਿਸ਼ਨ ਹਰਿਆਲੀ : ਇੰਟਰਨੈਸ਼ਨਲ ਫ਼ਤਿਹ ਅਕੈਡਮੀ ਵੱਲੋਂ ਹਰੇ ਭਵਿੱਖ ਵੱਲ ਇੱਕ ਮਜ਼ਬੂਤ ਕਦਮ : ਚੇਅਰਮੈਨ



ਜੰਡਿਆਲਾ ਗੁਰੂ, 20 ਜੁਲਾਈ, (ਰਾਮ ਸ਼ਰਨਜੀਤ ਸਿੰਘ) : ਪ੍ਰਦੂਸ਼ਿਤ ਹੋਏ ਵਾਤਾਵਰਨ ਨੂੰ ਸੰਭਾਲਣ ਲਈ ਇਕ ਛੋਟੇ ਜਿਹੇ ਉਪਰਾਲੇ ਵਜੋਂ ਇੰਟਰਨੈਸ਼ਨਲ ਫ਼ਤਿਹ ਅਕੈਡਮੀ ਨੇ ਅਪਣਾ ਪੰਜਾਬ ਫਾਊਂਡੇਸ਼ਨ ਅਤੇ ਫੈਡਰੇਸ਼ਨ ਆਫ਼ ਪ੍ਰਾਈਵੇਟ ਸਕੂਲਜ਼ ਵੱਲੋਂ ਸ਼ੁਰੂ ਕੀਤੇ ਗਏ ਮਿਸ਼ਨ ਹਰਿਆਲੀ ਵਿੱਚ ਬੜੀ ਮਹੱਤਵਪੂਰਨ ਅਹਿਮ ਭੂਮਿਕਾ ਨਿਭਾਈ ਹੈ। ਇਸ ਮੁਹਿੰਮ ਤਹਿਤ 8 ਲੱਖ ਪੌਦੇ ਲਗਾਉਣ ਦੇ ਟੀਚੇ ਨਾਲ ਸ਼ੁਰੂ ਕੀਤਾ ਗਿਆ ਹੈ, ਜਿਸਦਾ ਮੁੱਖ ਉਦੇਸ਼ ਨੌਜਵਾਨ ਪੀੜ੍ਹੀ ਨੇ ਵਾਤਾਵਰਨ ਪ੍ਰਦੂਸ਼ਿਤ ਹੋਣ ਤੋਂ ਬਚਾਉਣਾ ਅਤੇ ਰੁੱਖ ਲਗਾਉਣਾ ਆਪਣਾ ਮੁਢਲਾ ਫਰਜ ਵੀ ਹੈ।

ਇਸ ਮੌਕੇ 'ਤੇ ਡਾ. ਜਗਜੀਤ ਸਿੰਘ ਧੂਰੀ, ਪ੍ਰਧਾਨ ਫੈਡਰੇਸ਼ਨ ਆਫ ਪ੍ਰਾਈਵੇਟ ਸਕੂਲਜ਼, ਵੱਲੋਂ ਇਸ ਉਪਰਾਲੇ ਦੀ ਪ੍ਰਸ਼ੰਸਾ ਕੀਤੀ ਗਈ ਹੈ ਅਤੇ ਇੰਟਰਨੈਸ਼ਨਲ ਫਤਿਹ ਅਕੈਡਮੀ ਦੇ ਸਕੂਲਾਂ ਦੀ ਭੂਮਿਕਾ ਨੂੰ ਸਲਾਹਿਆ ਗਿਆ ਹੈ।

ਇਸ ਮੁਹਿੰਮ ਦੀ ਅਗਵਾਈ ਇੰਟਰਨੈਸ਼ਨਲ ਫਤਿਹ ਅਕੈਡਮੀ ਦੇ ਚੇਅਰਮੈਨ ਜਗਬੀਰ ਸਿੰਘ ਦੀ ਦੇਖ ਰੇਖ ਹੇਠ ਕੀਤੀ ਜਾ ਰਹੀ ਹੈ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਨਾ ਸਿਰਫ ਪੌਦੇ ਲਗਾਉਣ ਲਈ ਪ੍ਰੇਰਿਤ ਕੀਤਾ, ਸਗੋਂ ਸਕੂਲ ਵਿੱਚ ਹਰ ਰੋਜ਼ ਦੀਆਂ ਗਤੀਵਿਧੀਆਂ ਵਿੱਚ ਵੀ ਭਾਗ ਲੈਣ ਲਈ ਉਤਸ਼ਾਹਿਤ ਕੀਤਾ।

ਉਨ੍ਹਾਂ ਨੇ ਕਿਹਾ, ਸਾਡੇ ਵਿਦਿਆਰਥੀਆਂ ਦੀ ਵਾਤਾਵਰਣ ਪ੍ਰਤੀ ਲਗਨ ਅਤੇ ਸੰਜੀਦਗੀ ਨੂੰ ਦੇਖ ਕੇ ਮੈਨੂੰ ਗਰਵ ਮਹਿਸੂਸ ਹੁੰਦਾ ਹੈ। ਮਿਸ਼ਨ ਹਰਿਆਲੀ ਸਿਰਫ ਇੱਕ ਦਿਨ ਦੀ ਕਾਰਵਾਈ ਨਹੀਂ, ਇਹ ਤਬਦੀਲੀ ਦੀ ਸ਼ੁਰੂਆਤ ਹੈ। ਹਰ ਵਿਦਿਆਰਥੀ ਨੂੰ ਕੁਦਰਤ ਦਾ ਰਖਵਾਲਾ ਬਣਨ ਦੀ ਲੋੜ ਹੈ।

ਇੰਟਰਨੈਸ਼ਨਲ ਫਤਿਹ ਅਕੈਡਮੀ ਵੱਲੋਂ ਨਿਰੰਤਰ ਤੌਰ 'ਤੇ ਪਲਾਸਟਿਕ ਮੁਕਤ ਮੁਹਿੰਮਾਂ, ਪਾਣੀ ਬਚਾਉਣ, ਘਰੇਲੂ ਕੂੜੇ ਦੀ ਖਾਦ ਬਣਾਉਣ ਅਤੇ ਸਕੂਲ ਕੈਂਪਸ ਵਿੱਚ ਹਰੇ-ਭਰੇ ਖੇਤਰ ਬਣਾਏ ਜਾ ਰਹੇ ਹਨ। ਇਹ ਗਤੀਵਿਧੀਆਂ ਵਿਦਿਆਰਥੀਆਂ ਵਿੱਚ ਸਥਿਰ ਜੀਵਨ ਸ਼ੈਲੀ ਨੂੰ ਉਤਸ਼ਾਹਿਤ ਕਰਦੀਆਂ ਹਨ। ਜਗਬੀਰ ਸਿੰਘ ਦੀ ਰਹਿਨੁਮਾਈ ਹੇਠ, ਅਕੈਡਮੀ ਨਾ ਸਿਰਫ ਅਕਾਦਮਿਕ ਤੌਰ 'ਤੇ ਆਗੂ ਬਣੀ ਹੋਈ ਹੈ, ਸਗੋਂ ਸਮਾਜ ਨੂੰ ਜ਼ਿੰਮੇਵਾਰ ਤੇ ਵਾਤਾਵਰਣ-ਸਚੇਤ ਨਾਗਰਿਕ ਵੀ ਉਪਲੱਬਧ ਕਰਵਾ ਰਹੀ ਹੈ।

## ਟ੍ਰੇਨ ਤੋਂ ਡਿੱਗਣ ਕਾਰਨ ਵਿਅਕਤੀ ਦੀ ਮੌਤ



ਬਿਆਸ, 20 ਜੁਲਾਈ, (ਬਲਰਾਜ ਸਿੰਘ ਰਾਜਾ) : ਚੱਲਦੀ ਟ੍ਰੇਨ ਤੋਂ ਹੇਠਾਂ ਡਿੱਗਣ ਕਾਰਨ ਇਕ ਅਣਪਛਾਤੇ ਵਿਅਕਤੀ ਦੀ ਮੌਤ ਹੋ ਜਾਣ ਦਾ ਮਾਮਲਾ ਸਾਹਮਣੇ ਆਇਆ ਹੈ। ਜਾਣਕਾਰੀ ਦਿੰਦੇ ਹੋਏ ਜੀਆਰਪੀ ਪੁਲਿਸ ਚੌਂਕੀ ਬਿਆਸ ਦੇ ਇੰਚਾਰਜ ਸਬ ਇੰਸਪੈਕਟਰ ਜਗਦੀਸ਼ ਸਿੰਘ ਅਤੇ ਏਐਸਆਈ ਜਸਪਿੰਦਰ ਸਿੰਘ ਨੇ ਦੱਸਿਆ ਕਿ ਕਿੱਲੋਮੀਟਰ ਨੰਬਰ 467/8-6 ਦਰਮਿਆਨ ਰੇਲਵੇ ਸਟੇਸ਼ਨ ਬਿਆਸ ਢਿਲਵਾਂ, ਪੁਲ ਨੰਬਰ 63, ਬਿਆਸ ਦਰਿਆ ਵਿਖੇ ਕਿਸੇ ਨਾ ਮਾਲੂਮ ਟ੍ਰੇਨ ਤੋਂ ਹੇਠਾਂ ਡਿੱਗਣ ਕਾਰਨ ਇੱਕ ਕਰੀਬ 30 ਤੋਂ 35 ਸਾਲ ਦੇ ਵਿਅਕਤੀ ਦੀ ਮੌਤ ਹੋ ਗਈ ਹੈ।ਜਿਸ ਦੀ ਮ੍ਰਿਤਕ ਦੇਹ ਨੂੰ ਸ਼ਨਾਖਤ ਦੇ ਲਈ ਸਿਵਲ ਹਸਪਤਾਲ ਬਾਬਾ ਬਕਾਲਾ ਸਾਹਿਬ ਵਿਖੇ 72 ਘੰਟੇ ਤੱਕ ਰੱਖਿਆ ਗਿਆ ਹੈ।ਇਸ ਸਬੰਧੀ ਜੀ ਆਰ ਪੀ ਪੁਲਿਸ ਚੌਂਕੀ ਬਿਆਸ ਵੱਲੋਂ 194 ਬੀ ਐਨ ਐਸ ਤਹਿਤ ਕਾਰਵਾਈ ਅਮਲ ਵਿੱਚ ਲਿਆਂਦੀ ਗਈ ਹੈ।

## ਸਕੂਲੀ ਵਿਦਿਆਰਥੀਆਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਹਿੱਤ ਈ.ਟੀ.ਓ. ਵੱਲੋਂ ਸਕੂਲ ਪ੍ਰਬੰਧਕਾਂ ਨਾਲ ਮੀਟਿੰਗ

ਜਲੰਧਰ, 20 ਜੁਲਾਈ, (ਸੰਦੀਪ ਕੌਲ) : ਸੇਫ ਸਕੂਲ ਵਾਹਨ ਸਕੀਮ ਤਹਿਤ ਸਕੂਲ ਜਾਂਦੇ ਵਿਦਿਆਰਥੀਆਂ ਲਈ ਸੁਰੱਖਿਅਤ ਅਵਾਜਾਈ ਨੂੰ ਯਕੀਨੀ ਬਣਾਉਣ ਲਈ ਅੱਜ ਸਹਾਇਕ ਟਰਾਂਸਪੋਰਟ ਅਫ਼ਸਰ ਕਮਲੇਸ਼ ਕੁਮਾਰੀ ਵੱਲੋਂ ਇਸ ਸਕੀਮ ਨੂੰ ਸੁਚਾਰੂ ਤੇ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਹਿੱਤ ਸਕੂਲ ਪ੍ਰਬੰਧਕਾਂ ਨਾਲ ਲੜੀਵਾਰ ਮੀਟਿੰਗਾਂ ਦੀ ਸ਼ੁਰੂਆਤ ਕੀਤੀ ਗਈ। ਜਿਸ ਤਹਿਤ ਅੱਜ ਆਈ.ਵੀ.ਵਾਈ ਵਰਲਡ ਸਕੂਲ ਜਲੰਧਰ ਵਿਖੇ ਮੀਟਿੰਗ ਕੀਤੀ ਗਈ।



ਮੀਟਿੰਗ ਦੌਰਾਨ ਏ.ਟੀ.ਓ. ਕਮਲੇਸ਼ ਕੁਮਾਰੀ ਨੇ ਜ਼ੋਰ ਦੇ ਕੇ ਕਿਹਾ ਕਿ ਸਹਰੇਕ ਸਕੂਲ ਨੂੰ ਸਕੂਲੀ ਵਿਦਿਆਰਥੀਆਂ ਨੂੰ ਲਿਆਉਣ ਵਾਲੀਆਂ ਬੱਸਾਂ ਦੇ ਸਾਰੇ ਦਸਤਾਵੇਜ਼ ਜਿਸ ਵਿੱਚ ਆਰ.ਸੀ., ਪੀ.ਯੂ.ਸੀ., ਇੰਸ਼ੋਰੈਂਸ, ਪਰਮਿਟ, ਵਹੀਕਲ ਫਿਟਨੈਸ ਸਰਟੀਫਿਕੇਟ ਅਤੇ ਡਰਾਇਵਰ ਤੇ ਕੰਡਕਟਰ ਦੇ ਡਰਾਇਵਿੰਗ ਲਾਇਸੰਸ, ਫਿਟਨੈੱਸ ਸਰਟੀਫਿਕੇਟ ਅਤੇ ਮੈਡੀਕਲ ਰਿਪੋਰਟਾਂ ਹਰ ਸਮੇਂ ਵਾਹਨ ਦੇ ਡਰਾਇਵਰ ਪਾਸ ਮੌਜੂਦ ਹੋਣੇ ਚਾਹੀਦੇ ਹਨ। ਉਨ੍ਹਾਂ ਕਿਹਾ ਕਿ ਇਹ ਮਾਪਦੰਡ ਬੱਸਾਂ ਵਿੱਚ ਸਕੂਲ ਜਾਂਦੇ ਵਿਦਿਆਰਥੀਆਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਲੋੜੀਂਦੇ ਹਨ।

ਏ.ਟੀ.ਓ. ਨੇ ਸਕੂਲ ਪ੍ਰਬੰਧਕਾਂ ਨੂੰ ਇਹ ਵੀ ਹਦਾਇਤ ਕੀਤੀ ਕਿ ਸਮੇਂ-ਸਮੇਂ 'ਤੇ ਵਿਦਿਆਰਥੀਆਂ ਦੇ ਮਾਪਿਆਂ ਤੋਂ ਫੀਡਬੈਕ ਲਈ ਜਾਵੇ ਕਿ ਉਹ ਸਕੂਲ ਬੱਸਾਂ ਵੱਲੋਂ ਸੁਰੱਖਿਆ ਪਖੋਂ ਮੁਹੱਈਆ ਕਰਵਾਈਆਂ ਜਾ ਰਹੀਆਂ ਸੇਵਾਵਾਂ ਤੋਂ ਸੰਤੁਸ਼ਟ ਹਨ ਜਾਂ ਨਹੀਂ। ਉਨ੍ਹਾਂ ਸਪੱਸ਼ਟ ਕਿਹਾ ਕਿ ਜਾਂਚ ਦੌਰਾਨ ਜੇਕਰ ਕੋਈ ਖਾਮੀ ਪਾਈ ਜਾਂਦੀ ਹੈ ਤਾਂ ਇਸ ਲਈ ਸਕੂਲ ਪ੍ਰਬੰਧਕ ਜਿੰਮੇਵਾਰ ਹੋਣਗੇ।

ਏ.ਟੀ.ਓ. ਨੇ ਦੁਹਰਾਇਆ ਕਿ ਪੰਜਾਬ ਸਰਕਾਰ ਸੇਫ਼ ਸਕੂਲ ਵਾਹਨ ਪਾਲਿਸੀ ਤਹਿਤ ਬੱਸਾਂ ਰਾਹੀਂ ਸਕੂਲ ਜਾਣ ਵਾਲੇ ਵਿਦਿਆਰਥੀਆਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਵਚਨਬੱਧ ਹੈ। ਇਸ ਮੌਕੇ ਆਈ.ਵੀ.ਵਾਈ ਸਕੂਲ ਦੇ ਡਾਇਰੈਕਟਰ ਪ੍ਰਿੰਸੀਪਲ ਸੰਜੀਵ ਚੌਹਾਨ, ਡਾਇਰੈਕਟਰ ਪ੍ਰਬੰਧ (ਰਿਟਾ.)ਕਰਨਲ ਮਨਜੀਤ ਸਿੰਘ, ਮੁੱਖ ਪ੍ਰਬੰਧ ਅਫ਼ਸਰ ਸਤੀਸ਼ ਕੁਮਾਰ ਭਨੋਟ, ਨਿਰਮਲ ਜੀਤ ਸਿੰਘ ਪਰਮਾਰ, ਟਰਾਂਸਪੋਰਟ ਮੈਨੇਜਰ ਅਰੁਣ ਕੁਮਾਰ ਡੋਗਰਾ, ਸਰਬਜੀਤ ਸਿੰਘ ਅਤੇ ਮਾਪਿਆ ਵਲੋਂ ਮੁਕਤਾ, ਮੇਜਰ ਰੋਹਨ, ਸਿਰਾਜ਼ ਅਨਵ ਮਿਸ਼ਰਾ ਅਤੇ ਪਰਮਜੀਤ ਸਿੰਘ ਮੌਜੂਦ ਸਨ।

# ਫਿਕੋ ਨੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨਾਲ ਕੀਤੀ ਮੁਲਾਕਾਤ



ਲੁਧਿਆਣਾ, 20 ਜੁਲਾਈ (ਵਿਸ਼ਾਲ ਸ਼ਰਮਾ): ਫੈਡਰੇਸ਼ਨ ਆਫ ਇੰਡਸਟਰੀਅਲ ਐਂਡ ਕਮਰਸ਼ੀਅਲ ਆਰਗੇਨਾਈਜ਼ੇਸ਼ਨ (ਫਿਕੋ) ਦੇ ਇੱਕ ਵਫਦ ਨੇ ਸ. ਗੁਰਮੀਤ ਸਿੰਘ ਕੁਲਾਰ ਪ੍ਰਧਾਨ ਫਿਕੋ ਅਤੇ ਸ੍ਰੀ ਵਿਪਨ ਮਿੱਤਲ ਵਾਈਸ ਚੇਅਰਮੈਨ ਫਿਕੋ ਦੀ ਅਗਵਾਈ ਹੇਠ ਚੰਡੀਗੜ੍ਹ ਵਿਖੇ ਸ. ਹਰਪਾਲ ਸਿੰਘ ਚੀਮਾ ਵਿੱਤ ਮੰਤਰੀ ਪੰਜਾਬ ਨਾਲ ਮੁਲਾਕਾਤ ਕੀਤੀ ਅਤੇ ਫਿਕੋ ਨੇ ਉਦਯੋਗ ਨੂੰ ਦਰਪੇਸ਼ ਮੁੱਦਿਆਂ 'ਤੇ ਚਰਚਾ ਕੀਤੀ। ਸ੍ਰੀ ਸੰਜੀਵ ਅਰੋੜਾ ਮਾਨਯੋਗ ਉਦਯੋਗ ਅਤੇ ਵਣਜ ਮੰਤਰੀ ਪੰਜਾਬ, ਅਤੇ ਸ. ਵਿਕਰਮਜੀਤ ਸਿੰਘ ਸਾਹਨੀ ਮਾਨਯੋਗ ਮੈਂਬਰ ਸੰਸਦ – ਰਾਜ ਸਭਾ ਵੀ ਮੀਟਿੰਗ ਦੌਰਾਨ ਮੌਜੂਦ ਸਨ। ਇੱਕ ਕੰਪਨੀ (ਇਨਵੈਸਟ ਪੰਜਾਬ ਅਧੀਨ), ਫੈਬਰਿਕ/ਕੱਪੜੇ ਵਰਗੇ ਉਤਪਾਦਾਂ ਦਾ ਉਤਪਾਦਨ ਕਰਦੀ ਹੈ ਜੋ ਵਰਤਮਾਨ ਵਿੱਚ 5% ਆਉਟਪੁੱਟ ਜੀਐਸਟੀ ਦਰ ਨੂੰ ਆਕਰਸ਼ਿਤ ਕਰਦੇ ਹਨ ਅਤੇ ਧਾਗੇ (ਜੀਐਸਟੀ 12% ਜਾਂ 5%), ਰੰਗਾਂ ਅਤੇ ਰਸਾਇਣ ਅਤੇ ਪੈਕਿੰਗ ਸਮੱਗਰੀ ਆਦਿ (ਜੀਐਸਟੀ 0 18%) ਨਾਲ ਪੈਦਾ ਕੀਤੇ ਜਾ ਰਹੇ ਹਨ, ਨਤੀਜੇ ਵਜੋਂ ਆਈ.ਟੀ.ਸੀ ਜਮ੍ਹਾਂ ਹੋ ਜਾਂਦਾ ਹੈ, ਜਿਸਦਾ ਵਿਭਾਗ ਜੀਐਸਟੀ ਨੂੰ ਜੀ.ਐਸ.ਟੀ. ਹਿਰ ਰਿਫੰਡ ਕਿਸੇ ਵੀ ਰੂਪ ਵਿੱਚ ਪ੍ਰਤਾਪਨ ਨਹੀਂ ਹੈ। ਪ੍ਰਤਾਪਨ ਟੈਕਸਦਾਤਾ ਦੁਆਰਾ ਪ੍ਰਾਪਤ ਕੀਤੇ ਜਾਣ ਦੇ ਯੋਗ ਕਿਸੇ ਵੀ ਰਿਫੰਡ ਨੂੰ ਸ਼ਾਮਲ ਨਹੀਂ ਕਰੇਗਾ, ਇਨਵਰਟਡ ਡਿਊਟੀ ਢਾਂਚੇ ਅਤੇ/ਜਾਂ ਨਿਰਯਾਤ ਜਾਂ ਡੀਮਡ ਐਕਸਪੋਰਟ ਦੇ ਖਾਤੇ 'ਤੇ ਰਿਫੰਡ ਦੀ ਕਟੌਤੀ ਕੀਤੇ ਬਿਨਾਂ ਪ੍ਰਤਾਪਨ ਰਾਸ਼ੀ ਦੀ ਗਣਨਾ ਕੀਤੀ ਜਾਵੇਗੀ। ਪੰਜਾਬ ਸਰਕਾਰ ਆਮਦਨ ਟੈਕਸ ਦਾਤਾਵਾਂ 'ਤੇ ਪ੍ਰੋਫੈਸ਼ਨਲ ਟੈਕਸ ਦੇ ਰੂਪ ਵਿੱਚ 200 ਰੁਪਏ ਪ੍ਰਤੀ ਮਹੀਨਾ ਵਸੂਲ ਰਹੀ ਹੈ। ਸ੍ਰੀਮਾਨ ਜੀ, ਜਦੋਂ ਅਸੀਂ ਆਮਦਨ ਟੈਕਸ ਦਾ ਭੁਗਤਾਨ ਕਰ ਰਿਹਾ ਹੈ, ਤਾਂ ਫਿਰ ਭੁਗਤਾਨ ਨਾ ਕਰਨ 'ਤੇ ਭਾਰੀ ਜੁਰਮਾਨੇ ਅਤੇ ਜੁਰਮਾਨੇ ਦੇ ਨਾਲ ਪ੍ਰੋਫੈਸ਼ਨਲ ਟੈਕਸ ਦੇ ਰੂਪ ਵਿੱਚ ਵਾਧੂ ਬੋਝ ਕਿਉਂ ਪਾਇਆ ਜਾਵੇ। ਕਾਰੋਬਾਰ ਕਰਨ ਦੀ ਸੌਖ ਨੂੰ ਉਤਸ਼ਾਹਿਤ ਕਰਨ ਲਈ ਇਸ ਪ੍ਰੋਫੈਸ਼ਨਲ ਟੈਕਸ ਨੂੰ ਖਤਮ ਕੀਤਾ ਜਾਣਾ ਚਾਹੀਦਾ ਹੈ ਅਤੇ ਪੰਜਾਬ ਦੇ ਟੈਕਸ ਦਾਤਾਵਾਂ ਨੂੰ ਰਾਹਤ ਪ੍ਰਦਾਨ ਕੀਤੀ ਜਾਣੀ ਚਾਹੀਦੀ ਹੈ। ਇਸ ਮੌਕੇ 'ਤੇ ਮੌਜੂਦ ਗੁਰਮੀਤ ਸਿੰਘ ਕੁਲਾਰ ਪ੍ਰਧਾਨ ਫਿਕੋ, ਵਿਪਨ ਮਿੱਤਲ ਉਪ ਚੇਅਰਮੈਨ ਫਿਕੋ, ਬਲਦੇਵ ਸਿੰਘ ਅਮਰ ਉਪ ਪ੍ਰਧਾਨ ਫਿਕੋ, ਰਾਜੀਵ ਜੈਨ ਸੀਨੀਅਰ ਉਪ ਪ੍ਰਧਾਨ ਫਿਕੋ, ਅਵਤਾਰ ਸਿੰਘ ਭੋਗਲ ਕਾਰਜਕਾਰੀ ਮੈਂਬਰ ਫਿਕੋ, ਸਤਨਾਮ ਸਿੰਘ ਮੱਕੜ ਪ੍ਰਚਾਰ ਸਕੱਤਰ ਫਿਕੋ, ਗੁਰਮੁਖ ਸਿੰਘ ਰੁਪਾਲ ਮੁਖੀ ਸਿਲਾਈ ਮਸ਼ੀਨ ਡਿਵੀਜ਼ਨ ਫਿਕੋ, ਰਘਬੀਰ ਸਿੰਘ ਸੋਹਲ ਮੁਖੀ ਪਲਾਈਵੁੱਡ ਡਵੀਜ਼ਨ ਫਿਕੋ, ਭੁਪਿੰਦਰ ਸਿੰਘ ਸੋਹਲ ਕਾਰਜਕਾਰੀ ਮੈਂਬਰ ਫਿਕੋ ਅਤੇ ਚਰਨਜੀਤ ਸਿੰਘ ਵਿਸ਼ਵਕਰਮਾ ਚੇਅਰਮੈਨ ਯੂਸੀਪੀਐਮਏ ਸ਼ਾਮਲ ਸਨ।

# ਪ੍ਰਸ਼ਾਸਨ ਨੇ ਛਾਪੇਮਾਰੀ ਦੌਰਾਨ 18 ਬੱਚਿਆਂ ਨੂੰ ਬਚਾਇਆ

## ਕੱਲ੍ਹ ਸਿਵਲ ਹਸਪਤਾਲ ਵਿੱਚ ਡੀਐਨਏ ਟੈਸਟ ਕੀਤੇ ਜਾਣਗੇ









ਲੁਧਿਆਣਾ, 20 ਜੁਲਾਈ (ਵਿਸ਼ਾਲ ਸ਼ਰਮਾ): ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ ਦੁਆਰਾ ਬਣਾਈ ਗਈ ਇੱਕ ਕਮੇਟੀ ਨੇ ਐਤਵਾਰ ਨੂੰ ਲੁਧਿਆਣਾ ਵਿੱਚ ਮੁੱਖ ਥਾਵਾਂ 'ਤੇ ਛਾਪੇਮਾਰੀ ਕੀਤੀ ਅਤੇ ਬਾਲਗਾਂ ਨਾਲ ਭੀਖ ਮੰਗਦੇ 18 ਬੱਚਿਆਂ ਨੂੰ ਬਚਾਇਆ। ਪ੍ਰੋਜੈਕਟ ਜੀਵਨਜੋਤ-2 ਦੇ ਹਿੱਸੇ ਵਜੋਂ ਇਹ ਪਹਿਲਕਦਮੀ ਬੱਚਿਆਂ ਦੀ ਤਸਕਰੀ ਅਤੇ ਭੀਖ ਮੰਗਣ ਲਈ ਸ਼ੋਸ਼ਣ ਨੂੰ ਰੋਕਣ ਲਈ ਡੀਐਨਏ ਟੈਸਟਿੰਗ ਰਾਹੀਂ ਪਰਿਵਾਰਕ ਸਬੰਧਾਂ ਦੀ ਪੁਸ਼ਟੀ ਕਰਨਾ ਹੈ। ਛਾਪਿਆਂ ਨੇ ਰੇਲਵੇ ਸਟੇਸ਼ਨ, ਬੱਸ ਸਟੈਂਡ ਅਤੇ ਚੌੜਾ ਬਾਜ਼ਾਰ ਸਮੇਤ ਉੱਚ-ਆਵਾਜਾਈ ਵਾਲੇ ਖੇਤਰਾਂ ਨੂੰ ਨਿਸ਼ਾਨਾ ਬਣਾਇਆ। ਜ਼ਿਲ੍ਹਾ ਬਾਲ ਸੁਰੱਖਿਆ ਅਧਿਕਾਰੀ ਰਸ਼ਮੀ ਸੈਣੀ, ਜਿਸਨੇ ਲੁਧਿਆਣਾ ਸ਼ਹਿਰ ਦੀ ਪੁਲਿਸ, ਰੇਲਵੇ ਸੁਰੱਖਿਆ ਬਲ, ਚਾਈਲਡਲਾਈਨ ਅਤੇ ਬਚਪਨ ਬਚਾਓ ਅੰਦੋਲਨ (ਬੀਬੀਏ) ਦੇ ਪ੍ਰਤੀਨਿਧੀਆਂ ਨਾਲ ਇੱਕ ਸਾਂਝੇ ਆਪ੍ਰੇਸ਼ਨ ਦੀ ਅਗਵਾਈ ਕੀਤੀ, ਨੇ ਕਿਹਾ ਕਿ ਗੈਰ-ਸੰਬੰਧਿਤ ਬੱਚਿਆਂ ਨੂੰ ਭੀਖ ਮੰਗਣ ਲਈ ਮਜਬੂਰ ਕਰਦੇ ਪਾਏ ਗਏ ਬਾਲਗਾਂ ਨੂੰ ਸਖ਼ਤ ਕਾਨੂੰਨੀ ਨਤੀਜੇ ਭੁਗਤਣੇ ਪੈਣਗੇ। ਡੀਐਨਏ ਟੈਸਟ ਕੀਤੇ ਜਾਣਗੇ, ਅਤੇ ਨਤੀਜਿਆਂ ਲਈ 15-20 ਦਿਨਾਂ ਦੀ ਮਿਆਦ ਦੇ ਦੌਰਾਨ, ਬਚਾਏ ਗਏ ਬੱਚਿਆਂ ਨੂੰ ਸਰਕਾਰੀ ਬਾਲ ਸੰਭਾਲ ਘਰ, ਦੋਰਾਹਾ ਵਿੱਚ ਸੁਰੱਖਿਅਤ ਰੱਖਿਆ ਜਾਵੇਗਾ। ਸੈਣੀ ਨੇ ਅੱਗੇ ਕਿਹਾ ਕਿ ਡੀਐਨਏ ਟੈਸਟ ਸੋਮਵਾਰ ਤੋਂ ਸਿਵਲ ਹਸਪਤਾਲ ਵਿੱਚ ਕੀਤੇ ਜਾਣਗੇ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਜੇਕਰ ਡੀਐਨਏ ਟੈਸਟਾਂ ਵਿੱਚ ਇਹ ਪੁਸ਼ਟੀ ਹੁੰਦੀ ਹੈ ਕਿ ਬਾਲਗ ਜੈਵਿਕ ਮਾਪੇ ਨਹੀਂ ਹਨ, ਤਾਂ ਤਸਕਰੀ ਜਾਂਚ ਅਤੇ ਬਾਲ ਸੁਰੱਖਿਆ ਕਾਨੂੰਨਾਂ ਤਹਿਤ ਸਖ਼ਤ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਪੰਜਾਬ ਇਸ ਪਹਿਲਕਦਮੀ ਦੀ ਅਗਵਾਈ ਕਰ ਰਿਹਾ ਹੈ, ਭਾਰਤ ਵਿੱਚ ਪਹਿਲਾ ਸੂਬਾ ਬਣ ਗਿਆ ਹੈ ਜਿਸਨੇ ਭੀਖ ਮੰਗਣ ਦੇ ਬੱਚਿਆਂ ਦੀ ਤਸਕਰੀ ਅਤੇ ਸ਼ੋਸ਼ਣ ਨੂੰ ਖਤਮ ਕਰਨ ਲਈ ਅਜਿਹੀ ਮੁਹਿੰਮ ਲਾਗੂ ਕੀਤੀ ਹੈ। ਇਸ ਮੌਕੇ ਮੌਜੂਦ ਪ੍ਰਮੁੱਖ ਵਿਅਕਤੀਆਂ ਵਿੱਚ ਬੀਬੀਏ ਤੋਂ ਸੰਦੀਪ ਸਿੰਘ, ਮਨਪ੍ਰੀਤ ਸਿੰਘ, ਪ੍ਰਭਜੋਤ ਕੌਰ, ਮਨਪ੍ਰੀਤ ਕੌਰ, ਵਰਿੰਦਰ ਸਿੰਘ, ਕਿਰਨਦੀਪ ਕੌਰ, ਗਗਨਦੀਪ ਸਿੰਘ, ਚਾਈਲਡਲਾਈਨ ਤੋਂ ਰਾਜਿੰਦਰ ਸਿੰਘ, ਆਰਪੀਐਫ ਤੋਂ ਮਨੋਜ ਕੁਮਾਰ, ਤਰਸੇਮ ਸਿੰਘ ਅਤੇ ਹੋਰ ਸ਼ਾਮਲ ਸਨ। ਇੱਥੇ ਇਹ ਦੱਸਣਾ ਉਚਿਤ ਹੋਵੇਗਾ ਕਿ ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ ਨੇ ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਰੁਪਿੰਦਰ ਪਾਲ ਸਿੰਘ ਦੀ ਅਗਵਾਈ ਵਿੱਚ ਇੱਕ ਕਮੇਟੀ ਬਣਾਈ ਸੀ। ਇਸ ਕਮੇਟੀ ਵਿੱਚ ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ, ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ ਅਤੇ ਪ੍ਰਾਇਮਰੀ), ਸਿਵਲ ਸਰਜਨ, ਅਤੇ ਪੁਲਿਸ ਕਮਿਸ਼ਨਰ ਅਤੇ ਨਗਰ ਨਿਗਮ ਲੁਧਿਆਣਾ ਦੇ ਪ੍ਰਤੀਨਿਧੀ ਸ਼ਾਮਲ ਸਨ। ਪਿਛਲੇ ਸ਼ੁੱਕਰਵਾਰ, ਪੰਜਾਬ ਰਾਜ ਬਾਲ ਅਧਿਕਾਰ ਸੁਰੱਖਿਆ ਕਮਿਸ਼ਨ ਦੀ ਵਾਈਸ ਚੇਅਰਪਰਸਨ ਗੁਰਜੀਤ ਰੂਬੀ ਬਾਵਾ ਨੇ ਪ੍ਰੋਜੈਕਟ ਜੀਵਨਜੋਤ 2.0 ਦੀ ਸ਼ੁਰੂਆਤ ਦਾ ਐਲਾਨ ਕੀਤਾ, ਜੋ ਕਿ ਇੱਕ ਪਰਿਵਰਤਨਸ਼ੀਲ ਪਹਿਲ ਹੈ ਜਿਸਦਾ ਉਦੇਸ਼ ਪੰਜਾਬ ਭਰ ਵਿੱਚ ਬੱਚਿਆਂ ਦੇ ਅਧਿਕਾਰਾਂ ਅਤੇ ਭਲਾਈ ਦੀ ਰਾਖੀ ਕਰਨਾ ਹੈ ਅਤੇ ਇਸ ਪਹਿਲ ਦੇ ਉਦੇਸ਼ਾਂ ਨੂੰ ਅੱਗੇ ਵਧਾਉਣ ਲਈ ਹਰੇਕ ਜ਼ਿਲ੍ਹੇ ਵਿੱਚ ਜ਼ਿਲ੍ਹਾ-ਪੱਧਰੀ ਟਾਸਕ ਫੋਰਸਾਂ ਦੇ ਗਠਨ ਦਾ ਨਿਰਦੇਸ਼ ਦਿੱਤਾ। ਹਰੇਕ ਟਾਸਕ ਫੋਰਸ ਦੀ ਪ੍ਰਧਾਨਗੀ ਡਿਪਟੀ ਕਮਿਸ਼ਨਰ ਕਰਨਗੇ ਅਤੇ ਇਸ ਵਿੱਚ ਮੁੱਖ ਅਧਿਕਾਰੀ ਸ਼ਾਮਲ ਹੋਣਗੇ, ਜਿਨ੍ਹਾਂ ਵਿੱਚ ਕਮਿਸ਼ਨਰ/ਪੁਲਿਸ ਸੁਪਰਡੈਂਟ, ਸਿਵਲ ਸਰਜਨ, ਜ਼ਿਲ੍ਹਾ ਸਿੱਖਿਆ ਅਫ਼ਸਰ ਅਤੇ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਸ਼ਾਮਲ ਹੋਣਗੇ। ਪੀਐਸਸੀਪੀਸੀਆਰ ਦੇ ਮਾਰਗਦਰਸ਼ਨ ਹੇਠ ਕੰਮ ਕਰਦੇ ਹੋਏ, ਇਨ੍ਹਾਂ ਟਾਸਕ ਫੋਰਸਾਂ ਨੂੰ ਪ੍ਰੋਜੈਕਟ ਦੇ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਨੂੰ ਯਕੀਨੀ ਬਣਾਉਣ ਲਈ ਵਿਆਪਕ ਸਹਾਇਤਾ ਅਤੇ ਤਾਲਮੇਲ ਪ੍ਰਦਾਨ ਹੋਵੇਗਾ।



ਬੈਂਕ ਆਫ ਬੜੌਦਾ ਭਾਰਤ ਨਗਰ ਚੌਂਕ, ਲੁਧਿਆਣਾ ਦੇ ਮੈਨੇਜਰ ਮਿਸਿਜ਼ ਰੀਨਾ ਕੁਮਾਰੀ, ਮੋਨਾ ਗਰਗ, ਰੁਪਿੰਦਰ ਕੌਰ ਸਟਾਫ ਮੈਂਬਰਜ਼ ਨੇ ਏਕ ਜੋਤ ਵਿਕਲਾਂਗ ਬੱਚਿਆਂ ਦਾ ਸਕੂਲ ਲੁਧਿਆਣਾ ਵਿੱਚ ਪੜ੍ਹ ਰਹੇ ਨੇਤਰਹੀਣ/ਵਿਕਲਾਂਗ/ ਗੂੰਗੇ ਬੋਲੇ/ਮੰਦਬੁੱਧੀ ਬੱਚਿਆਂ ਲਈ ਮਠਿਆਈ ਅਤੇ ਰਸੋਈ ਵਿੱਚ ਵਰਤਿਆ ਜਾਣ ਵਾਲਾ ਸਮਾਨ ਜਿਵੇਂ ਆਟਾ, ਚਾਵਲ, ਦਾਲਾਂ, ਖੰਡ, ਘਿਉ ਅਤੇ ਸਕੂਲ ਲਈ ਚਾਰ ਟੇਬਲ ਤੇ 5000 ਰੁਪਏ ਨਕਦ ਦਾਨ ਕੀਤੇ। ਸਕੂਲ ਦੇ ਪ੍ਰਧਾਨ ਮੈਡਮ ਸਰਵਣ ਕੌਰ ਨੇ ਸਟਾਫ ਦਾ ਧੰਨਵਾਦ ਕੀਤਾ। (ਫੋਟੋ ਤੇ ਵੇਰਵਾ ਕਰਨੈਲ ਸਿੰਘ ਐੱਮ.ਏ.ਲੁਧਿਆਣਾ)

# ਆਤਮਾ ਕਿਸਾਨ ਬਜ਼ਾਰ ਹਰ ਐਤਵਾਰ ਸ਼ਾਮ ਲਗਾਇਆ ਜਾ ਰਿਹੈ





ਲੁਧਿਆਣਾ,20 ਜੁਲਾਈ (ਵਿਸ਼ਾਲ ਸ਼ਰਮਾ):ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਲੁਧਿਆਣਾ ਵੱਲੋਂ 'ਆਤਮਾ ਕਿਸਾਨ ਬਾਜ਼ਾਰ' ਜ਼ਿਲ੍ਹਾ ਪ੍ਰਸ਼ਾਸਨ ਦੇ ਹੁਕਮਾਂ ਤਹਿਤ ਮੁੱਖ ਖੇਤੀਬਾੜੀ ਅਫ਼ਸਰ ਡਾ. ਗੁਰਦੀਪ ਸਿੰਘ ਦੀ ਰਹਿਨੁਮਾਈ ਹੇਠ ਹਰ ਐਤਵਾਰ ਸ਼ਾਮ 3 ਵਜੇ ਤੋਂ ਸ਼ਾਮ 7 ਵਜੇ ਤਕ ਦਫ਼ਤਰ ਮੁੱਖ ਖੇਤੀਬਾੜੀ ਅਫ਼ਸਰ, ਸਾਹਮਣੇ ਰਘੁਨਾਥ ਹਸਪਤਾਲ ਲੁਧਿਆਣਾ ਦੇ ਚਲਾਇਆ ਜਾ ਰਿਹਾ ਹੈ। ਡਾ.ਗੁਰਦੀਪ ਸਿੰਘ ਨੇ ਦੱਸਿਆ ਕਿ 'ਆਤਮਾ ਕਿਸਾਨ ਬਾਜ਼ਾਰ' ਇਕ ਕਿਸਾਨ ਉਤਪਾਦ ਮਾਰਕੀਟ ਹੈ। ਜਿਸ ਦੇ ਮੁੱਖ ਲਾਭ ਵਜੋਂ ਸਵੈ-ਸਹਾਇਤਾ ਸਮੂਹ, ਕਿਸਾਨ ਹਿੱਤ ਸਮੂਹ, ਕਿਸਾਨ ਉਤਪਾਦ ਸੰਗਠਨ ਅਤੇ ਛੋਟੇ ਕਿਸਾਨਾਂ ਲਈ ਸਿੱਧੀ ਮਾਰਕੀਟ ਪਹੁੰਚ ਕੀਤੀ ਜਾਂਦੀ ਹੈ। ਜਿਸ ਨਾਲ ਕਿਸਾਨ ਅਤੇ ਕਿਸਾਨ- ਸੰਗਠਨ ਆਪਣਾ ਸਮਾਨ ਵੇਚ ਸਕਦੇ ਹਨ ਜੋ ਵੱਡੀਆਂ ਮੰਡੀਆਂ ਤੱਕ ਨਹੀਂ ਪਹੁੰਚ ਸਕਦੇ। ਇਸ ਬਾਜ਼ਾਰ ਵਿਚ ਕਿਸਾਨ ਆਪਣੇ ਉਤਪਾਦ ਸਿੱਧੇ ਗਾਹਕਾਂ ਨੂੰ ਬਿਨਾਂ ਕਿਸੇ ਵਿਚੋਲੀਏ ਵੇਚਦੇ ਹਨ। ਜ਼ਿਲ੍ਹੇ ਦੇ ਗਾਹਕਾਂ ਨੂੰ ਅਪੀਲ ਹੈ ਕਿ ਉਹ ਦਫ਼ਤਰ ਮੁੱਖ ਖੇਤੀਬਾੜੀ ਅਫ਼ਸਰ, ਸਾਹਮਣੇ ਰਘੁਨਾਥ ਹਸਪਤਾਲ ਹਰ ਐਤਵਾਰ ਸ਼ਾਮ 3 ਵਜੇ ਤੋਂ ਸ਼ਾਮ 7 ਵਜੇ ਤੱਕ ਚਲ ਰਹੇ 'ਆਤਮਾ ਕਿਸਾਨ ਬਾਜ਼ਾਰ' ਵਿੱਚੋਂ ਦੇਸੀ ਤੇ ਜੈਵਿਕ ਉਤਪਾਦ, ਘਰੇਲੂ ਉਤਪਾਦ, ਰਸਾਇਣ ਮੁਕਤ ਸਬਜ਼ੀਆਂ ਅਤੇ ਗਾਂ ਦਾ ਘੀ ਆਦਿ ਦੀ ਵਰਤੋ ਵੱਧ ਤੋਂ ਵੱਧ ਕਰਨ। ਉਨ੍ਹਾਂ ਕਿਹਾ ਕਿ ਗਾਹਕ ਅਤੇ ਕਿਸਾਨ ਵਿਚਕਾਰ ਭਰੋਸਾ ਅਤੇ ਸਿੱਧਾ ਸੰਪਰਕ ਹੋਣ 'ਤੇ ਗਾਹਕ ਕਿਸਾਨ ਨਾਲ ਜੁੜਦਾ ਹੈ, ਜਿਸ ਨਾਲ ਲੋਕਲ ਉਤਪਾਦਾਂ ਲਈ ਭਰੋਸਾ ਅਤੇ ਮੰਗ ਵਧਦੀ ਹੈ। 'ਆਤਮਾ ਕਿਸਾਨ ਬਾਜ਼ਾਰ' ਰਾਹੀਂ ਮਹਿਲਾ ਸਸ਼ਕਤੀਕਰਨ ਨੂੰ ਵੀ ਚੰਗਾ ਹੁਲਾਰਾ ਮਿਲਦਾ ਹੈ। ਮਹਿਲਾ ਕਿਸਾਨਾਂ ਅਤੇ ਸਵੈ ਸਹਾਇਤਾ ਗਰੁੱਪਾਂ ਨੂੰ ਵੀ ਆਪਣੀ ਬਣਾਈ ਸਮੱਗਰੀ ਵੇਚਣ ਲਈ ਮੰਚ ਮਿਲਦਾ ਹੈ। ਇਸ ਬਾਜ਼ਾਰ ਵਿਚ ਤਾਜ਼ੇ ਉਤਪਾਦਾਂ ਦੀ ਤੁਰੰਤ ਵਿਕਰੀ ਕੀਤੀ ਜਾਂਦੀ ਹੈ ਜਿਸ ਨਾਲ ਪਿੰਡ ਪੱਧਰ 'ਤੇ ਰੁਜ਼ਗਾਰ ਅਤੇ ਉੱਦਮੀ ਮੌਕੇ ਮਿਲਦੇ ਹਨ। ਇਸ ਬਾਜ਼ਾਰ ਅਧੀਨ ਪਿੰਡਾਂ ਵਿੱਚ ਸਵੈ-ਰੋਜ਼ਗਾਰ ਅਤੇ ਛੋਟੇ ਉੱਦਮਾਂ ਨੂੰ ਵੀ ਵਾਧਾ ਮਿਲਦਾ ਹੈ।

# ਭਾਮੀਆਂ ਖੁਰਦ 'ਚ ਸੁਵਿਧਾ ਕੈਂਪ ਲਗਾਇਆ, ਮੁੰਡੀਆਂ ਨੇ ਸੁਣੀਆਂ ਲੋਕਾਂ ਦੀਆਂ ਸਮੱਸਿਆਵਾਂ



ਲੁਧਿਆਣਾ,20 ਜੁਲਾਈ (ਵਿਸ਼ਾਲ ਸ਼ਰਮਾ): 'ਸਰਕਾਰ ਤੁਹਾਡੇ ਦੁਆਰ' ਮੁਹਿੰਮ ਤਹਿਤ, ਮਕਾਨ ਉਸਾਰੀ ਤੇ ਸ਼ਹਿਰੀ ਵਿਕਾਸ ਮੰਤਰੀ ਹਰਦੀਪ ਸਿੰਘ ਮੁੰਡੀਆਂ ਵੱਲੋਂ ਵਿਧਾਨ ਸਭਾ ਹਲਕਾ ਸਾਹਨੇਵਾਲ ਅਧੀਨ ਗੋਬਿੰਦ ਨਗਰ, ਭਾਮੀਆਂ ਖੁਰਦ ਵਿਖੇ ਆਯੋਜਿਤ ਕੈਂਪ ਦੌਰਾਨ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ ਅਤੇ ਮੌਕੇ 'ਤੇ ਨਿਪਟਾਰਾ ਵੀ ਕਰਵਾਇਆ ਗਿਆ। ਇਸ ਕੈਂਪ ਮੌਕੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਤੋਂ ਇਲਾਵਾ ਇਲਾਕਾ ਨਿਵਾਸੀਆਂ ਨੇ ਵੀ ਵੱਧ ਚੜ੍ਹਕੇ ਸ਼ਮੂਲੀਅਤ ਕੀਤੀ। ਕੈਬਨਿਟ ਮੰਤਰੀ ਮੁੰਡੀਆਂ ਨੇ ਲੋਕਾਂ ਨੂੰ ਜਿੱਥੇ ਸੁਵਿਧਾ ਕੈਂਪਾਂ ਵਿੱਚ ਪਹੁੰਚ ਕੇ ਲੋਕਾਂ ਨੂੰ ਆਪਣੇ ਰੁਕੇ ਹੋਏ ਕੰਮ ਕਰਵਾਉਣ ਲਈ ਪ੍ਰੇਰਤ ਕੀਤਾ ਉੱਥੇ ਸਬੰਧਤ ਅਧਿਕਾਰੀਆਂ ਨੂੰ ਵੀ ਨਿਰਦੇਸ਼ ਦਿੱਤੇ ਕਿ ਲੋਕਾਂ ਦੇ ਕੰਮ ਪਹਿਲ ਦੇ ਆਧਾਰ 'ਤੇ ਕੀਤੇ ਜਾਣ। ਹਰਦੀਪ ਸਿੰਘ ਮੁੰਡੀਆਂ ਨੇ ਕਿਹਾ ਕਿ 'ਸਰਕਾਰ ਤੁਹਾਡੇ ਦੁਆਰ' ਪ੍ਰੋਗਰਾਮ ਤਹਿਤ ਜ਼ਿਲ੍ਹੇ ਦੇ ਪਿੰਡਾਂ ਅਤੇ ਸ਼ਹਿਰੀ ਖੇਤਰਾਂ ਵਿੱਚ ਅਜਿਹੇ ਹੋਰ ਕੈਂਪ ਲਗਾਏ ਜਾਣਗੇ ਤਾਂ ਜੋ ਲੋਕਾਂ ਨੂੰ ਆਪਣੀਆਂ ਸ਼ਿਕਾਇਤਾਂ ਦਾ ਨਿਪਟਾਰਾ ਕਰਵਾਉਣ ਲਈ ਸਰਕਾਰੀ ਦਫ਼ਤਰਾਂ ਵਿੱਚ ਖੱਜਲ ਖੁਆਰ ਨਾ ਹੋਣਾ ਪਵੇ। ਉਨ੍ਹਾਂ ਅੱਗੇ ਕਿਹਾ ਕਿ ਇਸ ਪ੍ਰੋਗਰਾਮ ਤਹਿਤ ਪੰਜਾਬ ਸਰਕਾਰ ਦੀਆਂ ਵੱਖ-ਵੱਖ ਸਕੀਮਾਂ ਨੂੰ ਵੀ ਲੋਕਾਂ ਤੱਕ ਪਹੁੰਚਾਇਆ ਜਾਵੇਗਾ ਅਤੇ ਕੈਂਪ ਵਿੱਚ ਹੀ ਸਕੀਮਾਂ ਦਾ ਵੱਧ ਤੋਂ ਵੱਧ ਲਾਭ ਆਮ ਲੋਕਾਂ ਨੂੰ ਦਿੱਤਾ ਜਾਵੇਗਾ ਤਾਂ ਜੋ ਕੋਈ ਵੀ ਲਾਭਪਾਤਰੀ ਇਸ ਦਾ ਲਾਭ ਲੈਣ ਤੋਂ ਵਾਂਝਾ ਨਾ ਰਹੇ। ਉਨ੍ਹਾਂ ਕਿਹਾ ਕਿ ਇਸ ਕੈਂਪ ਰਾਹੀਂ ਲੋਕਾਂ ਨੂੰ ਪੰਜਾਬ ਸਰਕਾਰ ਦੀਆਂ ਸਾਰੀਆਂ ਸਕੀਮਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਵੀ ਦਿੱਤੀ ਜਾ ਰਹੀ ਹੈ। ਉਹਨਾਂ ਕਿਹਾ ਕਿ ਲੋਕਾਂ ਵੱਲੋਂ ਦਿੱਤੀਆਂ ਸ਼ਿਕਾਇਤਾਂ ਦੀ ਡੂੰਘਾਈ ਨਾਲ ਜਾਂਚ ਕੀਤੀ ਜਾਵੇਗੀ ਅਤੇ ਉਸ ਅਨੁਸਾਰ ਕਾਰਵਾਈ ਕੀਤੀ ਜਾਵੇਗੀ। ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਕਿਹਾ ਕਿ ਸੂਬੇ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਲੋਕਾਂ ਨੂੰ ਪ੍ਰਸ਼ਾਸਕੀ ਸੇਵਾਵਾਂ ਉਨ੍ਹਾਂ ਦੀਆਂ ਬਰੂਹਾਂ 'ਤੇ ਉਪਲੱਬਧ ਕਰਵਾਉਣ ਲਈ ਵਚਨਬੱਧ ਹੈ।

# ਭੀਖ ਮੰਗਣ ਵਾਲਿਆਂ ਨੂੰ ਦਿੱਤੀ ਨਗਦੀ ਉਹਨਾਂ ਨੂੰ ਪਾਪ ਕਰਨ ਲਈ ਉਕਸਾਉਂਦੀ ਹੈ : ਵਰਿੰਦਰ ਭੱਲਾ



ਲੁਧਿਆਣਾ, 20 ਜੁਲਾਈ (ਰਵਿੰਦਰ ਸਿੰਘ ਨਿੱਝਰ): ਸੀਨੀਅਰ ਕਾਂਗਰਸੀ ਨੇਤਾ ਤੇ ਜ਼ਿਲ੍ਹਾ ਕਾਂਗਰਸ ਓ ਬੀਸੀ ਵਿਭਾਗ ਦੇ ਕਾਰਜਕਾਰੀ ਚੇਅਰਮੈਨ ਵਰਿੰਦਰ ਭੱਲਾ ਨੇ ਆਖਿਆ ਹੈ ਕਿ ਸਾਨੂੰ ਸੜਕਾਂ ਜਾਂ ਹੋਰ ਥਾਵਾਂ 'ਤੇ ਭੀਖ ਮੰਗ ਰਹੇ ਮੰਗਤਿਆਂ ਨੂੰ ਨਗਦੀ ਬਿਲਕੁਲ ਨਹੀਂ ਦੇਣੀ ਚਾਹੀਦੀ। ਉਹਨਾਂ ਕਿਹਾ ਕਿ ਇਹਨਾਂ ਮੰਗਤਿਆਂ ਕੋਲ ਜਿਹੜੇ ਬੱਚੇ ਹੁੰਦੇ ਹਨ ਆਮ ਤੌਰ 'ਤੇ ਉਹ ਅਗਵਾ ਕੀਤੇ ਹੋਏ ਹੁੰਦੇ ਹਨ। ਉਹਨਾਂ ਕਿਹਾ ਕਿ ਇਹ ਬਹੁਤ ਵੱਡਾ ਰੈਕਟ ਹੈ, ਜਿਸ ਅਧੀਨ ਇਹ ਲੋਕ ਕਿਸੇ ਸੂਬੇ ਵਿੱਚੋਂ ਬੱਚੇ ਅਗਵਾ ਕਰ ਲੈਂਦੇ ਹਨ ਅਤੇ ਫਿਰ ਉਸ ਨੂੰ ਦੂਸਰੇ ਸੂਬਿਆਂ ਵਿੱਚ ਲਿਜਾ ਕੇ ਉਹਨਾਂ ਤੋਂ ਭੀਖ ਮੰਗਵਾਉਂਦੇ ਹਨ ਜਾਂ ਉਹਨਾਂ ਨੂੰ ਦੂਸਰੇ ਸੂਬੇ ਵਿੱਚ ਭੀਖ ਮੰਗਣ ਵਾਲਿਆਂ ਕੋਲ ਵੇਚ ਦਿੰਦੇ ਹਨ। ਸ੍ਰੀ ਭੱਲਾ ਨੇ ਆਖਿਆ ਕਿ ਭੀਖ ਮੰਗਣ ਵਾਲੇ ਨੂੰ ਜ਼ਰੂਰਤ ਅਨੁਸਾਰ ਕੋਈ ਖਾਣ ਵਾਲੀ ਚੀਜ਼ ਬੇਸ਼ੱਕ ਦੇ ਦਿਓ ਪ੍ਰੰਤੂ ਨਗਦੀ ਬਿਲਕੁਲ ਨਾ ਦਿਓ। ਉਹਨਾਂ ਕਿਹਾ ਕਿ ਜਦੋਂ ਅਸੀਂ ਭਿਖਾਰੀਆਂ ਨੂੰ ਨਗਦੀ ਦੇਣੀ ਬੰਦ ਕਰ ਦੇਵਾਂਗੇ ਤਾਂ ਉਹ ਬੱਚਿਆਂ ਨੂੰ ਅਗਵਾ ਕਰਨਾ ਵੀ ਬੰਦ ਕਰ ਦੇਣਗੇ। ਇਸ ਤਰ੍ਹਾਂ ਨਾਲ ਲੱਖਾਂ ਕਰੋੜਾਂ ਘਰਾਂ ਦੇ ਚਿਰਾਗ ਉਹਨਾਂ ਦੀਆਂ ਅੱਖਾਂ ਦੇ ਸਾਹਮਣੇ ਜਗਦੇ ਰਹਿਣਗੇ ਅਤੇ ਉਨ੍ਹਾਂ ਦੇ ਮਾਂ ਬਾਪ ਆਪਣੇ ਬੱਚੇ ਅਗਵਾ ਹੋ ਜਾਣ ਦੀ ਹਾਲਤ ਵਿੱਚ ਨਰਕ ਵਰਗੀ ਜ਼ਿੰਦਗੀ ਜਿਉਣ ਤੋਂ ਬਚ ਜਾਣਗੇ। ਉਹਨਾਂ ਕਿਹਾ ਕਿ ਭਿਖਾਰੀਆਂ ਨੂੰ ਦਿੱਤੀ ਨਗਦੀ ਉਹਨਾਂ ਨੂੰ ਇਸ ਗੱਲ ਲਈ ਉਕਸਾਉਂਦੀ ਹੈ ਕਿ ਉਹ ਹੋਰ ਬੱਚਿਆਂ ਨੂੰ ਅਗਵਾ ਕਰਨ ਅਤੇ ਆਪਣਾ ਧੰਦਾ ਵਧਾਉਣ। ਸ੍ਰੀ ਭੱਲਾ ਨੇ ਸਭ ਨੂੰ ਅਪੀਲ ਕੀਤੀ ਹੈ ਕਿ ਉਹ ਭਿਖਾਰੀਆਂ ਨੂੰ ਬਿਲਕੁਲ ਵੀ ਨਗਦੀ ਨਾ ਦੇ ਕੇ ਆਮ ਲੋਕਾਂ ਦੇ ਬੱਚੇ ਅਗਵਾ ਹੋਣ ਤੋਂ ਬਚਾਉਣ ਵਿੱਚ ਆਪਣਾ ਯੋਗਦਾਨ ਪਾਉਣ।

# ਚਾਰਲੀ ਸਪ੍ਰੇਅਰ 'ਚ ਸਰਕਾਰੀ ਸਕੂਲ ਦੇ 105 ਵਿਦਿਆਰਥੀਆਂ ਦੀ ਉਦਯੋਗਿਕ ਯਾਤਰਾ



ਲੁਧਿਆਣਾ, 20 ਜੁਲਾਈ (ਰਵਿੰਦਰ ਸਿੰਘ ਨਿੱਝਰ): ਚਾਰਲੀ ਸਪ੍ਰੇਅਰ (ਜਗਤਸੁਖ ਇੰਡਸਟਰੀਜ਼) ਨੇ ਸਰਕਾਰੀ ਪਬਲਿਕ ਸਕੂਲ, ਖੰਨਾ ਤੋਂ ਆਏ ਵਿਦਿਆਰਥੀਆਂ ਦੀ ਉਦਯੋਗਿਕ ਯਾਤਰਾ ਦੀ ਸਫਲ ਮੇਜ਼ਬਾਨੀ ਕੀਤੀ। ਇਸ ਵਿਸ਼ੇਸ਼ ਦੌਰੇ ਵਿੱਚ 105 ਵਿਦਿਆਰਥੀਆਂ ਨੇ ਭਾਗ ਲਿਆ। ਵਿਦਿਆਰਥੀਆਂ ਨੇ ਆਧੁਨਿਕ ਇੰਜਨੀਅਰਿੰਗ ਅਤੇ ਮਸ਼ੀਨ ਉਤਪਾਦਨ ਦੀਆਂ ਵੱਖ-ਵੱਖ ਪ੍ਰਕਿਰਿਆਵਾਂ ਨੂੰ ਨਜ਼ਦੀਕੋਂ ਦੇਖਿਆ। ਉਨ੍ਹਾਂ ਨੂੰ ਖੇਤੀਬਾੜੀ ਵਿੱਚ ਵਰਤੋਂ ਹੋ ਰਹੀਆਂ ਨਵੀਂ ਐਗਰੋ-ਟੈਕਨੋਲੋਜੀ ਅਤੇ ਬੂਮ ਸਪ੍ਰੇਅਰਾਂ ਦੀ ਜਾਣਕਾਰੀ ਦਿੱਤੀ ਗਈ। ਚਾਰਲੀ ਸਪ੍ਰੇਅਰ ਦੇ ਇੰਜਨੀਅਰਜ਼ ਨੇ ਉਨ੍ਹਾਂ ਦੇ ਸਵਾਲਾਂ ਦੇ ਵਿਗਿਆਨਕ ਅਤੇ ਵਿਵਹਾਰਿਕ ਉੱਤਰ ਦਿੱਤੇ। ਉਦਯੋਗਿਕ ਯਾਤਰਾ ਦੌਰਾਨ ਵਿਦਿਆਰਥੀਆਂ ਨੂੰ ਉਤਪਾਦਨ, ਐਸੈਂਬਲੀ, ਕੰਟਰੋਲ ਸਿਸਟਮ ਅਤੇ ਫੀਲਡ ਐਪਲੀਕੇਸ਼ਨ ਦੀ ਜਾਣਕਾਰੀ ਮਿਲੀ। ਉਨ੍ਹਾਂ ਨੇ ਮਸ਼ੀਨਾਂ ਦੇ ਲਾਈਵ ਡੈਮੋ ਅਤੇ ਟੈਸਟਿੰਗ ਪ੍ਰਕਿਰਿਆ ਨੂੰ ਵੀ ਦੇਖਿਆ। ਸਕੂਲ ਦੇ ਅਧਿਆਪਕਾਂ ਨੇ ਕਿਹਾ ਕਿ ਇਸ ਤਰ੍ਹਾਂ ਦੀ ਇੰਡਸਟਰੀ ਵਿੱਚ ਵਿਦਿਆਰਥੀਆਂ ਦੇ ਵਿਸ਼ਵਾਸ ਅਤੇ ਦਿਸ਼ਾ ਦੋਵੇਂ ਸਥਿਰ ਕਰਦੇ ਹਨ। ਇਹ ਦੌਰਾ (ਕਾਰਪੋਰੇਟ ਸੋਸ਼ਲ ਰਿਸਪਾਂਸਬਿਲਿਟੀ) ਤਹਿਤ ਇੱਕ ਉਤਕ੍ਰਿਸ਼ਟ ਕਦਮ ਸੀ। ਚਾਰਲੀ ਸਪ੍ਰੇਅਰ ਖੇਤੀਬਾੜੀ ਵਿੱਚ ਨਵੀਂ ਸੋਚ ਅਤੇ ਤਕਨਾਲੋਜੀ ਲੈ ਕੇ ਆ ਰਹੀ ਹੈ।

# ਕਾਂਗਰਸ ਦੇ ਹਲਕਾ ਆਤਮ ਨਗਰ ਦੇ ਸਾਰੇ ਵਾਰਡਾਂ ਵਿੱਚ ਹੋਣਗੀਆਂ ਨਵੀਆਂ ਨਿਯੁਕਤੀਆਂ: ਕਲੇਰ



ਲੁਧਿਆਣਾ, 20 ਜੁਲਾਈ (ਰਵਿੰਦਰ ਸਿੰਘ ਨਿੱਝਰ): ਵਿਧਾਨ ਸਭਾ ਹਲਕਾ ਆਤਮ ਨਗਰ ਤੋਂ ਬਲਾਕ ਕਾਂਗਰਸ ਪ੍ਰਧਾਨ ਹਰਵਿੰਦਰ ਸਿੰਘ ਕਲੇਰ ਵੱਲੋਂ ਪਾਰਟੀ ਪ੍ਰਤੀ ਸੇਵਾਵਾਂ ਨੂੰ ਦੇਖਦੇ ਹੋਏ ਜਗਵੀਰ ਸਿੰਘ ਨੂੰ ਵਾਰਡ ਨੰਬਰ 45 ਤੋਂ ਪ੍ਰਧਾਨ ਨਿਯੁਕਤ ਕਰਦੇ ਹੋਏ ਨਿਯੁਕਤੀ ਪੱਤਰ ਦਿੱਤਾ ਗਿਆ। ਇਸ ਮੌਕੇ 'ਤੇ ਸਾਬਕਾ ਵਿਧਾਇਕ ਸ. ਸਿਮਰਜੀਤ ਸਿੰਘ ਬੈਂਸ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਉਹਨਾਂ ਕਿਹਾ ਕਿ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਹਰ ਪੱਖ ਤੋਂ ਫੇਲ ਨਜ਼ਰ ਆ ਰਹੀ ਹੈ। ਪ੍ਰਾਪਰਟੀ ਟੈਕਸ ਵਿੱਚ 5 ਪ੍ਰਤੀਸ਼ਤ ਵਾਧਾ ਕਰਨਾ ਅਤੇ 40 ਸ਼ਹਿਰਾਂ ਦੇ ਸਰਵੇ ਵਿੱਚੋਂ ਮਹਾਨਗਰ ਲੁਧਿਆਣਾ ਦਾ 39ਵੇਂ ਨੰਬਰ 'ਤੇ ਆਉਣਾ ਸ਼ਰਮਨਾਕ ਗੱਲ ਹੈ। ਸ. ਬੈਂਸ ਨੇ ਕਿਹਾ ਕਿ ਪੰਜਾਬ ਵਿੱਚ ਦਿਨ ਬ ਦਿਨ ਅਮਨ ਕਾਨੂੰਨ ਦੀ ਸਥਿਤੀ ਬਦ ਤੋਂ ਬਦਤਰ ਹੁੰਦੀ ਜਾ ਰਹੀ ਹੈ, ਜਿਸ ਕਾਰਨ ਪੰਜਾਬ ਦਾ ਉਦਯੋਗ ਅਤੇ ਵਪਾਰ ਦੂਜੇ ਸੂਬਿਆਂ ਵਿੱਚ ਪਲਾਇਨ ਕਰਦਾ ਜਾ ਰਿਹਾ ਹੈ। ਪੰਜਾਬ ਸਰਕਾਰ ਦੀ ਆਰਥਿਕ ਸਥਿਤੀ ਇੰਨੀ ਕੁ ਮਾੜੀ ਹੋ ਚੁੱਕੀ ਹੈ ਕਿ ਮੁਲਾਜ਼ਮਾਂ ਦੀਆਂ ਤਨਖਾਹਾਂ ਅਤੇ ਕਰਜੇ ਦਾ ਵਿਆਜ ਦੇਣ ਲਈ ਵੀ ਕਰਜ਼ਾ ਲੈਣਾ ਪੈ ਰਿਹਾ ਹੈ। ਉਹਨਾਂ ਕਿਹਾ ਕਿ ਜੇਕਰ ਪੰਜਾਬ ਨੂੰ ਬਚਾਉਣਾ ਹੈ ਤਾਂ 2027 ਵਿੱਚ ਕਾਂਗਰਸ ਪਾਰਟੀ ਦੀ ਸਰਕਾਰ ਬਣਾਉਣਾ ਅਤੀ ਜ਼ਰੂਰੀ ਹੈ। ਇਸ ਮੌਕੇ ਬਲਾਕ ਪ੍ਰਧਾਨ ਕਲੇਰ ਨੇ ਕਿਹਾ ਕਿ ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਅਗਵਾਈ ਹੇਠ ਕਾਂਗਰਸ ਪਾਰਟੀ ਦਿਨ ਦੁਗਣੀ ਰਾਤ ਚੌਗਣੀ ਤਰੱਕੀ ਕਰ ਰਹੀ ਹੈ। ਜ਼ਿਲ੍ਹਾ ਪੱਧਰ ਤੋਂ ਲੈ ਕੇ ਵਾਰਡ ਪੱਧਰ ਤੱਕ ਕਾਂਗਰਸ ਪਾਰਟੀ ਦੀਆਂ ਨੀਤੀਆਂ ਅਤੇ ਮੌਜੂਦਾ ਸਰਕਾਰ ਦੀਆਂ ਨਲਾਇਕੀਆਂ ਨੂੰ ਘਰ ਘਰ ਪਹੁੰਚਾਉਣ ਲਈ ਕਮੇਟੀਆਂ ਦਾ ਗਠਨ ਕੀਤਾ ਜਾ ਰਿਹਾ ਹੈ। ਬੈਂਸ ਦੀ ਅਗਵਾਈ ਹੇਠ ਹਲਕਾ ਆਤਮ ਨਗਰ ਵਿੱਚ ਇਕੱਲੇ ਇਕੱਲੇ ਵਾਰਡ ਵਿੱਚ ਵਾਰਡ ਕਮੇਟੀਆਂ ਬਣਾਈਆਂ ਜਾ ਰਹੀਆਂ ਹਨ ਤਾਂ ਜੋ 2027 ਵਿੱਚ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਕਾਂਗਰਸ ਪਾਰਟੀ ਦੇ ਉਮੀਦਵਾਰਾਂ ਨੂੰ ਸ਼ਾਨ ਨਾਲ ਜਿਤਾ ਕੇ ਵਿਧਾਨ ਸਭਾ ਵਿੱਚ ਭੇਜਿਆ ਜਾ ਸਕੇ। ਇਸ ਮੌਕੇ ਤੇ ਨਵ ਨਿਯੁਕਤ ਵਾਰਡ ਪ੍ਰਧਾਨ ਜਗਵੀਰ ਸਿੰਘ ਨੇ ਕਾਂਗਰਸ ਹਾਈ ਕਮਾਂਡ ਵਿਸ਼ੇਸ਼ ਤੌਰ 'ਤੇ ਸਾਬਕਾ ਵਿਧਾਇਕ ਸਿਮਰਜੀਤ ਸਿੰਘ ਬੈਂਸ ਅਤੇ ਬਲਾਕ ਕਾਂਗਰਸ ਪ੍ਰਧਾਨ ਹਰਵਿੰਦਰ ਸਿੰਘ ਕਲੇਰ ਦਾ ਧੰਨਵਾਦ ਕਰਦੇ ਹੋਏ ਵਿਸ਼ਵਾਸ ਦਿਵਾਇਆ ਕਿ ਜੋ ਜ਼ਿੰਮੇਵਾਰੀ ਉਹਨਾਂ ਨੂੰ ਦਿੱਤੀ ਗਈ ਹੈ, ਉਸ ਨੂੰ ਤਨਦੇਹੀ ਨਾਲ ਨਿਭਾਉਣਗੇ। ਇਸ ਮੌਕੇ 'ਤੇ ਅਤਿੰਦਰ ਕੈਪਟਨ ਨੂੰ ਵਾਰਡ ਤੋਂ ਯੂਥ ਕਾਂਗਰਸ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ। ਇਸ ਮੌਕੇ ਉਕਤ ਆਗੂਆਂ ਤੋਂ ਇਲਾਵਾ ਕੌਂਸਲਰ ਸਵਰਨਦੀਪ ਸਿੰਘ ਚਾਹਲ, ਹਰਜੀਤ ਸਿੰਘ ਮਸੌਣ, ਦੀਪਕ ਮੈਨਰੋ, ਹਰਮਿੰਦਰ ਸਿੰਘ ਹੀਰਾ, ਜਗਦੀਪ ਸਿੰਘ, ਮੁਕੇਸ਼ ਅਵਸਥੀ, ਬਬਲੂ, ਗੁਰਪ੍ਰੀਤ ਸਿੰਘ, ਹਿਮਾਂਸ਼ੂ, ਕ੍ਰਿਸ਼ਨ ਕੁਮਾਰ, ਮਨਜੀਤ ਆਦਿ ਹਾਜ਼ਰ ਸਨ।

# ਲੋਕ ਗਾਇਕ ਕਲਾ ਮੰਚ ਦੇ ਅਹੁਦੇਦਾਰ ਥਾਪੇ



ਲੁਧਿਆਣਾ 20 ਜੁਲਾਈ (ਰਵਿੰਦਰ ਸਿੰਘ ਨਿੱਝਰ): ਲੋਕ ਗਾਇਕ ਕਲਾ ਮੰਚ ਵੱਲੋਂ ਮੰਚ ਦੇ ਜ਼ਿਲ੍ਹਾ ਲੁਧਿਆਣਾ ਦੇ ਡਾਬਾ ਸਰਕਲ ਦੇ ਮੈਂਬਰਾਂ ਤੇ ਪ੍ਰਧਾਨਾਂ ਦੀ ਚੋਣ ਲਈ ਮੰਚ ਦੇ ਪ੍ਰਧਾਨ ਹਾਕਮ ਬਖਤੜੀ ਵਾਲਾ ਡਾਬਾ ਵਿਖੇ ਪਹੁੰਚੇ। ਮੰਚ ਦੇ ਬਾਨੀ ਹਾਕਮ ਬਖਤੜੀ ਵਾਲਾ ਨੇ ਦੱਸਿਆ ਕਿ ਇਸ ਮੌਕੇ ਮਲਕੀਤ ਸਿੰਘ ਦਿਓਲ ਨੂੰ ਡਾਬਾ ਸਰਕਲ ਦੇ ਪ੍ਰਧਾਨ ਅਤੇ ਬਰਿੰਦਰ ਕੁਮਾਰ ਟਿੰਕੂ ਨੂੰ ਚੇਅਰਮੈਨ, ਜਸਵਿੰਦਰ ਸਿੰਘ ਰੰਗੀ ਬਿੱਟੂ ਨੂੰ ਉਪ ਪ੍ਰਧਾਨ, ਰੁਪਿੰਦਰ ਸਿੰਘ ਰਾਮਗੜ੍ਹ ਗੀਤਕਾਰ ਨੂੰ ਖਜ਼ਾਨਚੀ ਥਾਪਿਆ ਗਿਆ। ਇਹਨਾਂ ਤੋਂ ਇਲਾਵਾ ਕਮਲ ਦੈਨ ਕਾਲੀਆ ਸਕੱਤਰ, ਪੁਨੀਤ ਕੁਮਾਰ ਉਪ ਸਕੱਤਰ , ਰਾਜੇਸ਼ ਜੀਤ ਅਤੇ ਮੁਖਵਿੰਦਰ ਸਿੰਘ ਸਲਾਹਕਾਰ ਥਾਪੇ ਗਏ। ਇਸ ਮੌਕੇ ਮਾਰਕੀਟ ਪ੍ਰਧਾਨ ਭੁਪਿੰਦਰ ਸਿੰਘ ਦਿਓਲ ਵੀ ਪਹੁੰਚੇ, ਜੀਤ ਸ਼ਰਮਾ, ਹਰਪ੍ਰੀਤ ਮਠਾਰੂ, ਅਜੇ ਰੰਧਾਵਾ, ਸੀਰਤ, ਗੁਰਚਰਨ ਸਿੰਘ, ਸ਼ੰਕਰ ਪੰਡਿਤ, ਗੁਰਵਿੰਦ ਸਿੰਘ ਜੋਸ਼ੀ, ਗਿਆਨ ਸਿੰਘ ਖੁਰਮੀ, ਰਕੇਸ਼ ਸ਼ਰਮਾ ਮੀਡੀਆ ਇੰਚਾਰਜ, ਅਵਤਾਰ ਵਰਮਾ ਵੀਡੀਓ ਡਾਇਰੈਕਟਰ ਅਤੇ ਹੋਰ ਵੀ ਕਈ ਸ਼ਖਸੀਅਤਾਂ ਨੇ ਇਸ ਚੋਣ ਮੀਟਿੰਗ ਵਿੱਚ ਭਾਗ ਲਿਆ। ਇਸ ਮੌਕੇ ਸਾਬਕਾ ਕੌਂਸਲਰ ਕੁਲਦੀਪ ਸਿੰਘ ਪਨੇਸਰ ਵੀ ਵਿਸ਼ੇਸ਼ ਤੌਰ 'ਤੇ ਪਹੁੰਚੇ ਜਿਨਾਂ ਨੇ ਸਾਰੇ ਕਲਾਕਾਰਾਂ ਨਾਲ ਵਿਚਾਰ ਸਾਂਝੇ ਕੀਤੇ।

# ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਵਿਖੇ ਮਹਾਨ ਗੁਰਮਤਿ ਸਮਾਗਮ ਕਰਵਾਇਆ



ਲੁਧਿਆਣਾ,20 ਜੁਲਾਈ (ਕਰਨੈਲ ਸਿੰਘ ਐੱਮ.ਏ.): ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ, ਗੁਰੂ ਤੇਗ ਬਹਾਦਰ ਨਗਰ, ਗਲੀ ਨੰਬਰ 2, ਚੰਡੀਗੜ੍ਹ ਰੋਡ ਲੁਧਿਆਣਾ ਵਿਖੇ ਅੱਠਵੇਂ ਪਾਤਸ਼ਾਹ, ਬਾਲਾ ਪ੍ਰੀਤਮ ਸ਼੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਦੇ ਸ਼ੁੱਭ ਅਵਸਰ 'ਤੇ ਮਹਾਨ ਗੁਰਮਤਿ ਸਮਾਗਮ ਬੀਤੇ ਦਿਨੀਂ ਕਰਵਾਇਆ ਗਿਆ । ਜਿਸ ਵਿੱਚ ਸੁਖਮਨੀ ਸਾਹਿਬ ਸੇਵਾ ਸੁਸਾਇਟੀ ਦੀਆਂ ਬੀਬੀਆਂ ਵੱਲੋਂ ਪਾਠ ਸ੍ਰੀ ਸੁਖਮਨੀ ਸਾਹਿਬ, ਪਾਠ ਸ੍ਰੀ ਰਹਰਾਸਿ ਸਾਹਿਬ ਉਪਰੰਤ ਭਾਈ ਅਰਵਿੰਦਰ ਸਿੰਘ ਜੀ ਹਜ਼ੂਰੀ ਰਾਗੀ ਗੁਰਦੁਆਰਾ ਸਾਹਿਬ, ਭਾਈ ਲਵਜੀਤ ਸਿੰਘ ਜੀ ਕਟਾਣਾ ਸਾਹਿਬ ਨੇ ਗੁਰਬਾਣੀ ਦੇ ਰਸ-ਭਿੰਨੇ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ। ਗੁਰਦੁਆਰਾ ਸਾਹਿਬ ਦੇ ਪ੍ਰਧਾਨ ਸ੍ਰ: ਗੁਰਮੀਤ ਸਿੰਘ, ਮੀਤ ਪ੍ਰਧਾਨ ਜਰਨੈਲ ਸਿੰਘ ਸੈਣੀ ਤੇ ਖ਼ਜ਼ਾਨਚੀ ਸੁਰਜੀਤ ਸਿੰਘ ਖੁਰਾਣਾ ਨੇ ਰਾਗੀ ਜਥਿਆਂ ਨੂੰ ਸਿਰੋਪਾਓ ਭੇਟ ਕੀਤੇ । ਸਮਾਪਤੀ ਉਪਰੰਤ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ। ਇਸ ਮੌਕੇ ਸੁਰਿੰਦਰ ਸਿੰਘ ਪੀ.ਏ. ਪ੍ਰਧਾਨ, ਪਲਵਿੰਦਰ ਸਿੰਘ ਸਟੋਰ ਕੀਪਰ, ਸਵਰਨ ਸਿੰਘ, ਰਣਜੀਤ ਸਿੰਘ, ਜੋਗਿੰਦਰ ਸਿੰਘ, ਹਰਦੇਵ ਸਿੰਘ, ਤਲਵਿੰਦਰ ਸਿੰਘ, ਤਜਿੰਦਰ ਸਿੰਘ, ਜਤਿੰਦਰ ਸਿੰਘ, ਨਿਰਮਲ ਸਿੰਘ, ਨਿਰਮਲ ਸਿੰਘ ਸੈਣੀ, ਮਾਸਟਰ ਗੁਰਮੀਤ ਸਿੰਘ, ਹੈਪੀ ਗਲਹੋਤਰਾ ਅਤੇ ਵੱਡੀ ਤਾਦਾਦ ਵਿੱਚ ਸੰਗਤਾਂ ਹਾਜ਼ਰ ਸਨ ।

# ਡੀ.ਏ.ਵੀ. ਸੈਂਟਨਰੀ ਪਬਲਿਕ ਸਕੂਲ ਵਿਖੇ ਕਰਵਾਇਆ ਗਿਆ ਟੇਲੈਂਟ ਹੰਟ ਸ਼ੋਅ



ਜਗਰਾਓਂ, 20 ਜੁਲਾਈ (ਦਵਿੰਦਰ ਜੈਨ): ਡੀ.ਏ.ਵੀ. ਸੈਂਟਨਰੀ ਪਬਲਿਕ ਸਕੂਲ, ਜਗਰਾਉਂ ਵਿਖੇ ਦੋ ਰੋਜ਼ਾ ਟੇਲੈਂਟ ਹੰਟ ਸ਼ੋਅ ਕਰਵਾਇਆ ਗਿਆ । ਜਿਸ ਬਾਰੇ ਜਾਣਕਾਰੀ ਦਿੰਦਿਆਂ ਸਕੂਲ ਦੇ ਪ੍ਰਿੰਸੀਪਲ ਡਾ: ਵੇਦ ਵਰਤ ਪਲਾਹ ਨੇ ਦੱਸਿਆ ਕਿ ਸਕੂਲ ਵਿੱਚ 5ਵੀਂ ਤੋਂ 7ਵੀਂ ਜਮਾਤ ਅਤੇ 8ਵੀਂ ਤੋਂ 12ਵੀਂ ਜਮਾਤ ਲਈ ਦੋ ਵਰਗਾਂ ਵਿੱਚ ਟੇਲੈਂਟ ਹੰਟ ਸ਼ੋਅ ਕਰਵਾਇਆ ਗਿਆ,ਜਿਸ ਵਿੱਚ ਵਿਦਿਆਰਥੀਆਂ ਨੇ ਆਪਣੀ ਵੱਖ-ਵੱਖ ਕਾਬਲੀਅਤ ਦਾ ਪ੍ਰਦਰਸ਼ਨ ਕਰਦਿਆਂ ਡਾਂਸ, ਸੰਗੀਤ, ਸੰਗੀਤ ਯੰਤਰ ਵਜਾਉਣ ਅਤੇ ਕਾਮੇਡੀ ਵਿੱਚ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ। ਇਸ ਸ਼ੋਅ ਵਿੱਚ ਸਾਰੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ ਅਤੇ ਆਪਣੀ ਕਲਾ ਦਾ ਪ੍ਰਦਰਸ਼ਨ ਕੀਤਾ। ਸਮੁੱਚੇ ਪ੍ਰੋਗਰਾਮ ਦੀ ਜੱਜਮੈਂਟ ਮੈਡਮ ਸ਼ੈਫਾਲੀ ਅਤੇ ਮੈਡਮ ਕੰਵਲਜੋਤ ਨੇ ਕੀਤੀ। ਜਿਸ ਅਨੁਸਾਰ 5ਵੀਂ ਤੋਂ 7ਵੀਂ ਜਮਾਤ ਤੱਕ ਦੇ ਡਾਂਸ ਵਿੱਚ ਅਵਲਨੂਰ ਕੌਰ ਤੇ ਇਨਾਇਤ ਨੇ ਪਹਿਲਾ, ਯੁਵਰਾਜ ਤੇ ਅਸ਼ੀਸ਼ ਕੌਰ ਨੇ ਦੂਜਾ, ਆਯੂਸ਼ੀ ਤੇ ਕ੍ਰਿਸ਼ਨਾ ਨੇ ਤੀਜਾ ਸਥਾਨ ਹਾਸਲ ਕੀਤਾ। ਇਸੇ ਤਰ੍ਹਾਂ 8ਵੀਂ ਤੋਂ 12ਵੀਂ ਜਮਾਤ ਵਿੱਚ ਮਾਧਵਮ ਕਾਲੀਆ ਤੇ ਭਵਜੋਤ ਕੌਰ ਨੇ ਪਹਿਲਾਂ, ਰਿੱਧੀ ਨੇ ਦੂਜਾ, ਹਿਤਾਕਸ਼ੀ ਤੇ ਦਿਵਿਆਂਸ਼ੀ ਨੇ ਤੀਜਾ ਸਥਾਨ ਹਾਸਲ ਕੀਤਾ। ਕਾਮੇਡੀ ਵਿੱਚ ਹਰਵੀਰ ਕੌਰ ਨੇ ਪਹਿਲਾ ਅਤੇ ਦੀਕਸ਼ਾਂਤ ਨੇ ਦੂਜਾ ਸਥਾਨ ਪ੍ਰਾਪਤ ਕੀਤਾ। 5 ਤੋਂ 7ਵੀਂ ਜਮਾਤ ਤੱਕ ਦੇ ਸ਼ਬਦ ਗਾਇਨ ਵਿੱਚ ਮਨਰਾਜ ਸਿੰਘ ਤੇ ਕਸ਼ਿਸ਼ ਨੇ ਪਹਿਲਾ, ਕਲਪਨਾ ਤੇ ਵਿਦਾਂਸ਼ੀ ਨੇ ਦੂਜਾ, ਅਕਸ਼ਿਵ, ਧਰੁਵਿਕਾ ਤੇ ਇਸ਼ਾਨਦੀਪ ਕੌਰ ਨੇ ਤੀਜਾ ਸਥਾਨ ਹਾਸਲ ਕੀਤਾ। 8ਵੀਂ ਤੋਂ 12ਵੀਂ ਜਮਾਤ ਤੱਕ ਗਾਇਕੀ ਵਿੱਚ ਪ੍ਰਿਯਾਂਸ਼ੀ, ਅਮਨ ਅਤੇ ਵਾਗੀਸ਼ ਨੇ। ਪਹਿਲਾ ਸਥਾਨ, ਪੱਲਵੀ ਅਤੇ ਹਰਮਨਪ੍ਰੀਤ ਨੇ, ਦੂਜਾ ਸਥਾਨ ਸਹਿਜਪ੍ਰੀਤ ਅਤੇ ਸੁਖਮਨੀ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਸਕੂਲ ਦੇ ਪ੍ਰਿੰਸੀਪਲ ਨੇ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਭਵਿੱਖ ਵਿੱਚ ਵੀ ਆਪਣੀ ਪ੍ਰਤਿਭਾ ਨੂੰ ਬਰਕਰਾਰ ਰੱਖਣ ਦਾ ਅਸ਼ੀਰਵਾਦ ਦਿੱਤਾ ਅਤੇ ਬਾਕੀ ਵਿਦਿਆਰਥੀਆਂ ਨੂੰ ਵੀ ਆਪਣੀ ਅੰਦਰਲੀ ਪ੍ਰਤਿਭਾ ਨੂੰ ਉਜਾਗਰ ਕਰਕੇ ਅੱਗੇ ਆਉਣ ਲਈ ਪ੍ਰੇਰਿਤ ਕੀਤਾ। ਸਕੂਲ ਦੇ ਪ੍ਰਿੰਸੀਪਲ ਨੇ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਭਵਿੱਖ ਵਿੱਚ ਵੀ ਆਪਣੀ ਪ੍ਰਤਿਭਾ ਨੂੰ ਬਰਕਰਾਰ ਰੱਖਣ ਦਾ ਅਸ਼ੀਰਵਾਦ ਦਿੱਤਾ ਅਤੇ ਬਾਕੀ ਵਿਦਿਆਰਥੀਆਂ ਨੂੰ ਵੀ ਆਪਣੀ ਅੰਦਰਲੀ ਪ੍ਰਤਿਭਾ ਨੂੰ ਉਜਾਗਰ ਕਰਕੇ ਅੱਗੇ ਆਉਣ ਲਈ ਪ੍ਰੇਰਿਤ ਕੀਤਾ।

# ਐਮਬੀਸੀਆਈਈ ਅਤੇ ਆਈਆਈਟੀ ਰੋਪੜ ਨੇ ਰਣਨੀਤਕ ਗੱਠਜੋੜ ਬਣਾਇਆ



ਲੁਧਿਆਣਾ, 20 ਜੁਲਾਈ (ਵਿਸ਼ਾਲ ਸ਼ਰਮਾ): ਭਾਰਤ ਵਿੱਚ ਕਾਰਜਕਾਰੀ ਸਿੱਖਿਆ ਨੂੰ ਮੁੜ ਪਰਿਭਾਸ਼ਿਤ ਕਰਨ ਦਾ ਵਾਅਦਾ ਕਰਦੇ ਹੋਏ, ਮੁੰਜਾਲ ਬਰਮਿੰਘਮ ਸਿਟੀ ਯੂਨੀਵਰਸਿਟੀ ਸੈਂਟਰ ਆਫ਼ ਇਨੋਵੇਸ਼ਨ ਐਂਡ ਐਂਟਰਪ੍ਰਿਨਿਓਰਸ਼ਿਪ (ਐਮਬੀਸੀਆਈਈ) ਅਤੇ ਇੰਡੀਅਨ ਇੰਸਟੀਚਿਊਟ ਆਫ਼ ਟੈਕਨਾਲੋਜੀ (ਆਈਆਈਟੀ) ਰੋਪੜ ਨੇ ਆਪਣੇ ਆਰਟੀਫੀਸ਼ੀਅਲ ਇੰਟੈਲੀਜੈਂਸ ਸੈਂਟਰ ਆਫ਼ ਐਕਸੀਲੈਂਸ ਰਾਹੀਂ, ਉਦਯੋਗਾਂ ਵਿੱਚ ਏਆਈ ਸਮਰੱਥਾਵਾਂ ਨੂੰ ਬਣਾਉਣ ਲਈ ਅਧਿਕਾਰਤ ਤੌਰ 'ਤੇ ਆਪਣੇ ਰਣਨੀਤਕ ਸਹਿਯੋਗ ਦਾ ਐਲਾਨ ਕੀਤਾ। ਇਹ ਐਲਾਨ ਹੋਟਲ ਪਾਰਕ ਪਲਾਜ਼ਾ, ਲੁਧਿਆਣਾ ਵਿਖੇ ਆਯੋਜਿਤ ਟੌਪ ਮੈਨੇਜਮੈਂਟ ਪ੍ਰੋਗਰਾਮ: ਏਆਈ ਫਾਰ ਲੀਡਰਜ਼ ਦੌਰਾਨ ਕੀਤਾ ਗਿਆ, ਜਿੱਥੇ 100 ਤੋਂ ਵੱਧ ਚੋਟੀ ਦੇ ਕਾਰਜਕਾਰੀ, ਕਾਰੋਬਾਰੀ ਨੇਤਾ, ਟੈਕਨੋਕਰੇਟ ਅਤੇ ਨੀਤੀ ਨਿਰਮਾਤਾ ਸੂਝ, ਨਵੀਨਤਾ ਅਤੇ ਰਣਨੀਤਕ ਦੂਰਦਰਸ਼ਤਾ ਦੀ ਇੱਕ ਸ਼ਕਤੀਸ਼ਾਲੀ ਸ਼ਾਮ ਲਈ ਇਕੱਠੇ ਹੋਏ। ਇਹ ਸਮਾਗਮ ਇੱਕ ਇਤਿਹਾਸਕ ਪਲ ਵਜੋਂ ਮਨਾਇਆ ਗਿਆ ਕਿਉਂਕਿ ਐਮਬੀਸੀਆਈਈ ਨੂੰ ਰਸਮੀ ਤੌਰ 'ਤੇ ਆਈਆਈਟੀ ਰੋਪੜ ਦਾ ਸੈਟੇਲਾਈਟ ਸੈਂਟਰ ਘੋਸ਼ਿਤ ਕੀਤਾ ਗਿਆ, ਜਿਸ ਵਿੱਚ ਦੋਵੇਂ ਸੰਸਥਾਵਾਂ ਨੇ ਸਾਂਝੇ ਤੌਰ 'ਤੇ ਕੰਮ ਕਰਨ ਵਾਲੇ ਪੇਸ਼ੇਵਰਾਂ, ਉੱਦਮੀਆਂ ਅਤੇ ਵਿਦਿਆਰਥੀਆਂ ਨੂੰ ਟਾਰਗੇਟ ਕਰਕੇ ਆਰਟੀਫੀਸ਼ੀਅਲ ਇੰਟੈਲੀਜੈਂਸ ਵਿੱਚ ਪ੍ਰਮਾਣੀਕਰਣ ਅਤੇ ਡਿਪਲੋਮਾ ਪ੍ਰੋਗਰਾਮ ਸ਼ੁਰੂ ਕੀਤੇ ਸਨ। ਇਨ੍ਹਾਂ ਪ੍ਰੋਗਰਾਮਾਂ ਦਾ ਉਦੇਸ਼ ਭਾਰਤ ਦੇ ਕਾਰਜਬਲ ਨੂੰ ਉਦਯੋਗ-ਸੰਬੰਧਿਤ ਏਆਈ ਟੂਲਸ, ਕੇਸ ਸਟੱਡੀਜ਼, ਅਤੇ ਮਾਰਕੀਟਿੰਗ, ਐਚਆਰ, ਨਿਰਮਾਣ, ਸਿੱਖਿਆ, ਸਿਹਤ ਸੰਭਾਲ, ਅਤੇ ਸਮਾਰਟ ਖੇਤੀਬਾੜੀ ਵਰਗੇ ਕਾਰਜਸ਼ੀਲ ਖੇਤਰਾਂ ਵਿੱਚ ਵਿਹਾਰਕ ਪ੍ਰੋਜੈਕਟਾਂ ਨਾਲ ਲੈਸ ਕਰਨਾ ਹੈ। ਹੀਰੋ ਸਾਈਕਲਜ਼ ਦੇ ਐਮਡੀ, ਐਸ.ਕੇ. ਰਾਏ ਨੇ ਸਵਾਗਤੀ ਭਾਸ਼ਣ ਦਿੱਤਾ, ਭਵਿੱਖ ਦੀਆਂ ਤਕਨਾਲੋਜੀਆਂ ਨੂੰ ਅਪਣਾਉਣ ਵਿੱਚ ਲੀਡਰਸ਼ਿਪ ਦੀ ਭੂਮਿਕਾ 'ਤੇ ਜ਼ੋਰ ਦਿੱਤਾ। ਆਈਆਈਟੀ ਰੋਪੜ ਦੇ ਡੀਨ ਸੀਏਪੀਐਸ ਡਾ. ਪੁਸ਼ਪੇਂਦਰ ਪੀ. ਸਿੰਘ ਨੇ ਏਆਈ ਦੀ ਇੱਕ ਡੂੰਘੀ ਜਾਣ-ਪਛਾਣ ਨਾਲ ਮਾਹੌਲ ਤਿਆਰ ਕੀਤਾ। ਡਾ. ਪੁਸ਼ਪੇਂਦਰ ਪਾਲ ਸਿੰਘ, ਸੈਂਟਰ ਦੇ ਪ੍ਰਮੁੱਖ, ਨੇ ਵਰਤੋਂ ਦੇ ਮਾਮਲਿਆਂ ਦੇ ਆਧਾਰ 'ਤੇ ਉਦਯੋਗ-ਵਿਸ਼ੇਸ਼ ਸਫਲਤਾਵਾਂ 'ਤੇ ਵਿਸਥਾਰ ਨਾਲ ਚਰਚਾ ਕੀਤੀ। ਇਹ ਖੁਲਾਸਾ ਹੋਇਆ ਕਿ ਏਆਈ ਐਪਲੀਕੇਸ਼ਨਾਂ ਪਾਇਲਟ ਪ੍ਰੋਜੈਕਟਾਂ ਵਿੱਚ ਡਾਇਗਨੌਸਟਿਕ ਗਲਤੀਆਂ ਨੂੰ 30% ਤੱਕ ਘਟਾ ਸਕਦੀਆਂ ਹਨ। ਅੰਮ੍ਰਿਤ ਸਿੰਘ, ਸੀਟੀਓ, ਟੈਰਾਫੈਕ, ਨੇ ਨਿਰਮਾਣ ਵਿੱਚ ਏਆਈ ਦੇ ਪਰਿਵਰਤਨਸ਼ੀਲ ਐਪਲੀਕੇਸ਼ਨ ਪੇਸ਼ ਕੀਤੇ। ਦਿਖਾਇਆ ਕਿ ਕਿਵੇਂ ਭਵਿੱਖਬਾਣੀ ਰੱਖ-ਰਖਾਅ ਅਤੇ ਗੁਣਵੱਤਾ ਨਿਯੰਤਰਣ ਏਆਈ ਸਿਸਟਮ ਲੁਧਿਆਣਾ ਦੇ ਉਦਯੋਗਾਂ ਨੂੰ ਸੰਚਾਲਨ ਲਾਗਤਾਂ ਵਿੱਚ 15-20% ਬਚਾ ਸਕਦੇ ਹਨ ਐਮਬੀਸੀਆਈਈ ਅਤੇ ਆਈਆਈਟੀ ਰੋਪੜ ਵਿਚਕਾਰ ਰਸਮੀ ਸਮਝੌਤਾ ਹਸਤਾਖਰ ਸਮਾਰੋਹ ਤੋਂ ਬਾਅਦ ਹੀਰੋ ਐਂਟਰਪ੍ਰਾਈਜ਼ ਦੇ ਚੇਅਰਮੈਨ ਸੁਨੀਲ ਕਾਂਤ ਮੁੰਜਾਲ ਦੀਆਂ ਟਿੱਪਣੀਆਂ ਹੋਈਆਂ। ਉਨ੍ਹਾਂ ਨੇ ਭਾਰਤ ਦੇ ਵਿਆਪਕ ਵਪਾਰਕ ਵਾਤਾਵਰਣ ਪ੍ਰਣਾਲੀ ਲਈ ਉੱਨਤ ਤਕਨਾਲੋਜੀ ਨੂੰ ਪਹੁੰਚਯੋਗ ਬਣਾਉਣ ਵੱਲ ਇੱਕ ਮਹੱਤਵਪੂਰਨ ਕਦਮ ਵਜੋਂ ਇਸ ਪਹਿਲਕਦਮੀ ਦੀ ਸ਼ਲਾਘਾ ਕੀਤੀ। ਹਾਈਵੇ ਇੰਡਸਟਰੀਜ਼ ਦੇ ਚੇਅਰਮੈਨ ਉਮੇਸ਼ ਮੁੰਜਾਲ ਇਸ ਪ੍ਰੋਗਰਾਮ ਤੋਂ ਬਹੁਤ ਖੁਸ਼ ਸਨ ਅਤੇ ਉਨ੍ਹਾਂ ਕਿਹਾ ਅੰਤ ਵਿੱਚ, ਇੱਕ ਏਆਈ ਚਰਚਾ ਜਿਸ ਨੇ ਸਾਡੀ ਭਾਸ਼ਾ ਬੋਲੀ ਵਪਾਰਕ ਨਤੀਜੇ, ਤਕਨੀਕੀ ਸ਼ਬਦਾਵਲੀ ਨਹੀਂ। ਪ੍ਰੋਗਰਾਮ ਦਾ ਸਮਾਪਨ ਸਰੋਤ ਵਿਅਕਤੀਆਂ ਲਈ ਇੱਕ ਸਨਮਾਨ ਸਮਾਰੋਹ ਨਾਲ ਸਮਾਪਤ ਹੋਇਆ, ਜਿਸ ਤੋਂ ਬਾਅਦ ਸੇਂਟੈਕਸ ਤੋਂ ਈਸ਼ਾਨ ਸੂਦ ਵੱਲੋਂ ਰਸਮੀ ਧੰਨਵਾਦ ਪ੍ਰਤਾਵ ਪੇਸ਼ ਕੀਤਾ ਗਿਆ। ਇੱਕ ਨੈੱਟਵਰਕਿੰਗ ਡਿਨਰ ਨੇ ਸਹਿਯੋਗ ਅਤੇ ਸਾਂਝੇ ਦ੍ਰਿਸ਼ਟੀਕੋਣ ਦੀ ਇੱਕ ਸ਼ਾਮ ਦੇ ਸੰਪੂਰਨ ਅੰਤ ਨੂੰ ਪ੍ਰਦਾਨ ਕੀਤਾ।

# ਜਵੱਦੀ ਟਕਸਾਲ ਵਿਖੇ ਬਾਲਾ ਪ੍ਰੀਤਮ ਸ੍ਰੀ ਗੁਰੂ ਹਰਿਕ੍ਰਿਸ਼ਨ ਜੀ ਦਾ ਪ੍ਰਕਾਸ਼ ਦਿਹਾੜਾ ਮਨਾਇਆ



ਲੁਧਿਆਣਾ 20 ਜੁਲਾਈ ( ਕਰਨੈਲ ਸਿੰਘ ਐੱਮ.ਏ.)- ਗੁਰਬਾਣੀ ਪ੍ਰਚਾਰ ਪਸਾਰ ਅਤੇ ਪੁਰਾਤਨ ਗੁਰਮਤਿ ਸੰਗੀਤ ਦੀ ਬਹਾਲੀ ਲਈ ਨਿਰੰਤਰ ਕਾਰਜਸ਼ੀਲ ਜਵੱਦੀ ਟਕਸਾਲ ਵਿਖੇ ਬਾਲਾ ਪ੍ਰੀਤਮ ਸ੍ਰੀ ਗੁਰੂ ਹਰਿਕ੍ਰਿਸ਼ਨ ਜੀ ਮਹਾਰਾਜ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਹਫਤਾਵਾਰੀ ਨਾਮ ਸਿਮਰਨ ਸਮਾਗਮ ਕਰਵਾਇਆ ਗਿਆ। ਸੰਤ ਗਿਆਨੀ ਅਮੀਰ ਸਿੰਘ ਜੀ ਮੁਖੀ ਜਵੱਦੀ ਟਕਸਾਲ ਨੇ ਬਾਲਾ ਪ੍ਰੀਤਮ ਸ੍ਰੀ ਗੁਰੂ ਹਰਿਕ੍ਰਿਸ਼ਨ ਜੀ ਮਹਾਰਾਜ ਦੇ ਜੀਵਨ, ਸਮਾਜ ਲਈ ਨਿਭਾਈਆਂ ਸੇਵਾਵਾਂ ਅਤੇ ਅਜੋਕੇ ਵਕਤ ਦੇ ਹਾਲਾਤਾਂ ਦੇ ਮੱਦੇਨਜ਼ਰ ਗੁਰਬਾਣੀ ਦੀ ਰੋਸ਼ਨੀ ਵਿੱਚ ਗੁਰਮਤਿ ਵਿਚਾਰਾਂ ਦੀ ਸਾਂਝ ਪਾਉਂਦਿਆਂ ਫਰਮਾਇਆ ਕਿ ਗੁਰਬਾਣੀ ਪਰਾਈ ਭਾਵ ਜੀਵਨ ਲਈ ਅਯੋਗ ਪਦਾਰਥਾਂ ਦੀ ਖਿੱਚ ਸਿਰੇ ਤੋਂ ਮੇਟਣ ਵਾਲੀ ਹੈ। ਗੁਰਬਾਣੀ ਦਾ ਗਿਆਨ ਸਾਰੇ ਭਰਮ ਤੇ ਸ਼ੰਕਾਵਾਂ ਦੂਰ ਕਰਨ ਵਾਲਾ ਹੈ ਤੇ ਪਰਮਾਤਮਾ ਦੀ ਵਡਿਆਈ ਨਾਲ ਜੋੜਨ ਵਾਲਾ ਹੈ। ਮਾਇਆ ਵਿੱਚ ਰਮੇ ਹੋਏ ਤੇ ਵਿਕਾਰਾਂ 'ਚ ਫਸੇ ਹੋਏ ਮਨ ਨੂੰ ਸਮਝਾਉਣਾ ਭਾਵੇਂ ਅਤਿ ਕਠਨ ਹੈ। ਪਰ ਗੁਰਬਾਣੀ ਦੀ ਕਰਾਮਾਤ ਮਨ ਨੂੰ ਨਾਮ ਨਾਲ ਜੋੜਨ ਤੇ ਨਾਮ ਜਪਣ ਲਈ ਪ੍ਰੇਰਨਾ ਨਾਲ ਵਰਤਦੀ ਹੈ। ਨਾਮ ਸਿਮਰਨ ਮਨ ਨੂੰ ਮਾਇਆ ਮੋਹ ਤੇ ਵਿਕਾਰ ਤੋਂ ਮੁਕਤ ਕਰਨ ਦੀ ਵਿਧੀ ਹੈ। ਉਨ੍ਹਾਂ ਅਜੋਕੇ ਹਾਲਤਾਂ ਵੱਲ ਇਸ਼ਾਰਾ ਕਰਦਿਆਂ ਫ਼ੁਰਮਾਇਆ ਕਿ ਨਸ਼ੇ ਵਿਕਾਰਾਂ ਤੋਂ ਜਨਮੇ ਪਾਪ ਹਨ। ਗੁਰਬਾਣੀ ਨਾਮ ਦੀ ਦਾਤ ਵਿਕਾਰਾਂ ਨੂੰ ਵੱਸ 'ਚ ਕਰਨ ਵਾਲੀ ਹੈ। ਨਸ਼ੇ ਦੀ ਲੱਤ ਬੇਬਸੀ ਬਣ ਜਾਂਦੀ ਹੈ, ਇਸ ਬੇਵਸੀ ਨੂੰ ਤੋੜਨ ਲਈ ਇਸ ਦੀਆਂ ਜੜ੍ਹਾਂ ਭਾਵ ਵਿਕਾਰਾਂ 'ਤੇ ਵਾਰ ਨਾਮ ਸਿਮਰਨ ਹੀ ਕਰਦਾ ਹੈ। ਨਾਮ ਜਪਣਾ ਇੱਕ ਸੁਚੱਜਾ ਜੀਵਨ ਨੇਮ ਬਣਾਉਂਦਾ ਹੈ। ਉਨ੍ਹਾਂ ਭਰਮ ਤੇ ਵਿਕਾਰਾਂ 'ਚ ਪਏ ਲੋਕਾਂ ਨੂੰ ਸਤਸੰਗਤ ਕਰਨ ਤੇ ਗੁਰੂ ਸ਼ਬਦ ਰਾਹੀਂ ਦੁਬਿਧਾਵਾਂ ਦੂਰ ਕਰਨ ਲਈ ਪ੍ਰੇਰਿਆ। ਬਾਬਾ ਜੀ ਨੇ ਜ਼ੋਰ ਦਿੰਦਿਆਂ ਸਮਝਾਇਆ ਕਿ ਗੁਰਬਾਣੀ ਨਾਮ ਸਿਮਰਨ ਨਾਲ ਹੀ ਮਨ ਦੀ ਲਿਵ ਪਰਮਾਤਮਾ ਨਾਲ ਜੁੜਦੀ ਹੈ ਤੇ ਸੱਚੇ ਗਿਆਨ ਦੀ ਪ੍ਰਾਪਤੀ ਹੁੰਦੀ ਹੈ ਅਤੇ ਗੁਰੂ ਦੇ ਮਾਰਗ 'ਤੇ ਚੱਲਣ ਵਾਲੇ ਪਹਿਰ ਰਾਤ ਰਹਿੰਦਿਆਂ ਹੀ ਉੱਠ ਜਾਂਦੇ ਹਨ।

# ਮਾਪਿਆਂ ਨੂੰ ਪੱਕੇ ਤੌਰ 'ਤੇ ਕੈਨੇਡਾ ਸੱਦਣ ਦੇ ਇੱਛੁਕ ਪਰਵਾਸੀ ਤਿਆਰੀ ਕਰ ਲੈਣ

ਵੈਨਕੂਵਰ, 20 ਜੁਲਾਈ (ਚ.ਨ.ਸ); ਕੈਨੇਡਾ ਨੇ ਮਾਪਿਆਂ ਤੇ ਦਾਦਾ-ਦਾਦੀ ਨੂੰ ਸਥਾਈ ਨਿਵਾਸ ਲਈ ਸਪਾਂਸਰ ਕਰਨ ਲਈ ਪ੍ਰੋਗਰਾਮ ਸ਼ੁਰੂ ਕੀਤਾ ਹੈ। ਮਾਪਿਆਂ ਨੂੰ ਪੱਕੇ ਤੌਰ 'ਤੇ ਕੈਨੇਡਾ ਸੱਦਣ ਦੇ ਇੱਛੁਕ ਪਰਵਾਸੀ ਹੁਣ ਤਿਆਰੀ ਖਿੱਚ ਲੈਣ। ਇਮੀਗ੍ਰੇਸ਼ਨ ਵਿਭਾਗ ਵੱਲੋਂ ਪੇਰੈਂਟਸ ਐਂਡ ਗਰੈਂਡ ਪੇਰੈਂਟਸ ਪ੍ਰੋਗਰਾਮ ਅਧੀਨ ਨਵੀਆਂ ਅਰਜ਼ੀਆਂ ਪ੍ਰਵਾਨ ਕਰਨ ਦਾ ਐਲਾਨ ਕੀਤਾ ਗਿਆ ਹੈ। ਸਾਲ 2025 ਦੇ ਐਲਾਨ ਮੁਤਾਬਕ ਇਮੀਗ੍ਰੇਸ਼ਨ, ਸ਼ਰਨਾਰਥੀ ਅਤੇ ਨਾਗਰਿਕਤਾ ਕੈਨੇਡਾ ਇਸ ਸਾਲ ਮਾਪਿਆਂ ਅਤੇ ਦਾਦਾ-ਦਾਦੀ ਪ੍ਰੋਗਰਾਮ ਤਹਿਤ ਸਪਾਂਸਰਸ਼ਿਪ ਲਈ 10,000 ਤੱਕ ਪੂਰੀਆਂ ਅਰਜ਼ੀਆਂ ਸਵੀਕਾਰ ਕਰੇਗਾ। ਫੈਡਰਲ ਸਰਕਾਰ 28 ਜੁਲਾਈ, 2025 ਤੋਂ ਮਾਪਿਆਂ ਅਤੇ ਦਾਦਾ-ਦਾਦੀ ਪ੍ਰੋਗਰਾਮ ਤਹਿਤ ਚੁਣੇ ਹੋਏ ਵਿਅਕਤੀਆਂ ਨੂੰ ਆਪਣੇ ਮਾਪਿਆਂ ਅਤੇ ਦਾਦਾ-ਦਾਦੀ ਨੂੰ ਸਥਾਈ ਨਿਵਾਸ ਲਈ ਸਪਾਂਸਰ ਕਰਨ ਲਈ ਸੱਦਾ ਦੇਣਾ ਸ਼ੁਰੂ ਕਰੇਗੀ। ਦੋ ਹਫ਼ਤਿਆਂ ਦੀ ਮਿਆਦ ਵਿੱਚ 17,860 ਸੱਦੇ ਭੇਜੇਗਾ, ਜਿਸ ਦਾ ਟੀਚਾ ਇਸ ਸਾਲ 10,000 ਪੂਰੀਆਂ ਅਰਜ਼ੀਆਂ ਨੂੰ ਮਨਜ਼ੂਰੀ ਦੇਣਾ ਹੈ। ਜਿਸ ਕਿਸੇ ਨੇ 2020 ਵਿੱਚ ਸਪਾਂਸਰ ਫਾਰਮ ਲਈ ਦਿਲਚਸਪੀ ਜਮ੍ਹਾਂ ਕਰਵਾਈ ਸੀ ਪਰ ਅਜੇ ਤੱਕ ਅਰਜ਼ੀ ਦੇਣ ਲਈ ਸੱਦਾ ਨਹੀਂ ਮਿਲਿਆ ਹੈ, ਉਸ ਨੂੰ 2020 ਵਿੱਚ ਪ੍ਰਦਾਨ ਕੀਤੇ ਗਏ ਈਮੇਲ ਖਾਤੇ ਦੀ ਜਾਂਚ ਕਰਨ ਲਈ ਉਤਸ਼ਾਹਿਤ ਕੀਤਾ ਜਾਵੇਗਾ। ਪੀ.ਜੀ.ਪੀ ਪ੍ਰੋਗਰਾਮ ਯੋਗ ਕੈਨੇਡੀਅਨ ਨਾਗਰਿਕਾਂ, ਸਥਾਈ ਨਿਵਾਸੀਆਂ ਅਤੇ ਰਜਿਸਟਰਡ ਭਾਰਤੀਆਂ ਨੂੰ ਆਪਣੇ ਮਾਪਿਆਂ ਜਾਂ ਦਾਦਾ-ਦਾਦੀ ਨੂੰ ਸਥਾਈ ਨਿਵਾਸ ਲਈ ਸਪਾਂਸਰ ਕਰਨ ਦੇ ਯੋਗ ਬਣਾਉਂਦਾ ਹੈ। 2025 ਦੇ ਦਾਖ਼ਲੇ ਦੇ ਹਿੱਸੇ ਵਜੋਂ ਅਰਜ਼ੀ ਦੇਣ ਲਈ ਸੱਦਾ ਦਿੱਤੇ ਗਏ ਲੋਕ ਸਥਾਈ ਨਿਵਾਸ ਪੋਰਟਲ ਜਾਂ ਪ੍ਰਤੀਨਿੱਧੀ ਸਥਾਈ ਨਿਵਾਸ ਪੋਰਟਲ ਰਾਹੀਂ ਆਪਣੀਆਂ ਅਰਜ਼ੀਆਂ ਇਲੈੱਕਟ੍ਰਾਨਿਕ ਤੌਰ 'ਤੇ ਜਮ੍ਹਾਂ ਕਰਵਾ ਸਕਦੇ ਹਨ। ਇਮੀਗ੍ਰੇਸ਼ਨ ਅਤੇ ਸਿਟੀਜ਼ਨਸ਼ਿਪ ਸੇਵਾਵਾਂ ਮੰਤਰਾਲੇ ਨੇ ਦੱਸਿਆ ਕਿ ਸਿਰਫ਼ ਸਾਲ 2020 ਦੌਰਾਨ ਅਰਜ਼ੀਆਂ ਦਾਖਲ ਕਰਨ ਨੂੰ ਸੱਦੇ ਭੇਜੇ ਜਾ ਰਹੇ ਹਨ। ਇਸ ਦੇ ਬਾਵਜੂਦ 28 ਜੁਲਾਈ ਤੋਂ ਬਾਅਦ ਸੱਦਾ ਹਾਸਲ ਕਰਨ ਤੋਂ ਖੁੰਝੇ ਪਰਵਾਸੀਆਂ ਨੂੰ ਅਪੀਲ ਕੀਤੀ ਗਈ ਹੈ ਕਿ ਉਹ ਸੁਪਰ ਵੀਜ਼ਾ ਜਾਂ 10 ਸਾਲ ਦੇ ਮਲਟੀਪਲ ਐਂਟਰੀ ਵੀਜ਼ਾ ਦੀ ਆਪਸ਼ਨ ਲੈ ਸਕਦੇ ਹਨ। ਸੁਪਰ ਵੀਜ਼ਾ ਰਾਹੀਂ ਪਰਵਾਸੀਆਂ ਦੇ ਮਾਪੇ, ਦਾਦਾ-ਦਾਦੀ ਜਾਂ ਨਾਨਾ-ਨਾਨੀ ਪੰਜ ਸਾਲ ਤੱਕ ਕੈਨੇਡਾ ਵਿਚ ਰਹਿ ਸਕਦੇ ਹਨ। ਇਸ ਤੋਂ ਇਲਾਵਾ ਕੈਨੇਡਾ ਵਿਚ ਮੌਜੂਦਗੀ ਦੌਰਾਨ 2 ਸਾਲ ਦੀ ਮਿਆਦ ਹੋਰ ਵਧਾਈ ਜਾ ਸਕਦੀ ਹੈ।




# ਮਦਰੱਸੇ ਦਾ ਮੌਲਵੀ ਨਾਬਾਲਗ ਕੁੜੀਆਂ ਨਾਲ ਛੇੜਛਾੜ ਤੇ ਜਬਰ-ਜਨਾਹ ਦੇ ਕਥਿਤ ਮਾਮਲੇ 'ਚ ਗ੍ਰਿਫ਼ਤਾਰ

ਗੁਰਦਾਸਪੁਰ, 20 ਜੁਲਾਈ (ਚ.ਨ.ਸ): ਪਾਕਿਸਤਾਨ ਦੇ ਬਹਾਵਲ ਨਗਰ ਜ਼ਿਲ੍ਹੇ ਦੇ ਮਦਰੱਸੇ ਵਿਚ ਇਕ ਮੌਲਵੀ ਨੂੰ 2 ਨਾਬਾਲਗ ਕੁੜੀਆਂ ਨਾਲ ਛੇੜਛਾੜ ਅਤੇ ਜ਼ਬਰ ਜਨਾਹ ਦੇ ਕਥਿਤ ਮਾਮਲਿਆਂ ਵਿਚ ਗ੍ਰਿਫ਼ਤਾਰ ਕੀਤਾ ਗਿਆ ਹੈ। ਸਰਹੱਦ ਪਾਰਲੇ ਸੂਤਰਾਂ ਅਨੁਸਾਰ ਬਹਾਵਲ ਨਗਰ ਕਸਬੇ ਦੇ ਡੂੰਗਾ ਬੂੰਗਾ ਪੁਲਿਸ ਸਟੇਸ਼ਨ ਵਿਚ ਦਰਜ ਐਫਆਈਆਰ ਵਿਚ ਦੋਸ਼ ਲਗਾਇਆ ਗਿਆ ਕਿ ਮਹਾਰਾਵਾਲੀ ਪਿੰਡ ਦੇ ਇੱਕ ਮਦਰੱਸੇ ਦੇ ਮੌਲਵੀ ਅਬਦੁਲ ਰਹਿਮਾਨ ਨੇ ਉਸੇ ਇਲਾਕੇ ਦੀ ਇੱਕ 15 ਸਾਲਾ ਵਿਦਿਆਰਥਣ ਨੂੰ ਫੋਨ 'ਤੇ ਮੈਸੇਜ ਕਰਕੇ ਮਸਜਿਦ ਵਿਚ ਬੁਲਾਇਆ ਸੀ। ਮੌਲਵੀ ਨੇ ਉਸ ਨੂੰ ਅਸ਼ਲੀਲ ਇਸ਼ਾਰੇ ਕਰਨੇ ਸ਼ੁਰੂ ਕਰ ਦਿੱਤੇ ਅਤੇ ਜਿਨਸੀ ਹਰਕਤਾਂ ਕਰਨ ਲਈ ਉਕਸਾਇਆ। ਇਸ ਤੋਂ ਬਾਅਦ ਕਥਿਤ ਤੌਰ 'ਤੇ ਪੀੜਤਾ ਦਾ ਹੱਥ ਫੜ ਕੇ ਉਸ ਨੂੰ ਮਸਜਿਦ ਦੇ ਨਾਲ ਵਾਲੇ ਕਮਰੇ ਵਿਚ ਲੈ ਗਿਆ ਅਤੇ ਉਸ ਦਾ ਜਿਨਸੀ ਸ਼ੋਸ਼ਣ ਕਰਨਾ ਸ਼ੁਰੂ ਕਰ ਦਿੱਤਾ। ਹਾਲਾਂਕਿ ਜਦੋਂ ਮਸਜਿਦ ਦੇ ਹੋਰ ਕਰਮਚਾਰੀ ਕੁੜੀ ਦੀਆਂ ਚੀਕਾਂ ਸੁਣ ਕੇ ਮੌਕੇ 'ਤੇ ਪਹੁੰਚੇ ਤਾਂ ਮੁਲਜ਼ਮ ਉਥੋਂ ਭੱਜ ਗਿਆ। ਬਾਅਦ ਵਿਚ ਪੁਲਿਸ ਨੇ ਮੁਲਜ਼ਮ ਨੂੰ ਦੂਜੀ ਮਸਜਿਦ ਵਿਚੋਂ ਗ੍ਰਿਫਤਾਰ ਕਰ ਲਿਆ। ਮੁਲਜ਼ਮ ਨੇ ਜੁਰਮ ਕਬੂਲ ਕਰਦਿਆਂ ਕਿਹਾ ਕਿ ਉਸ ਨੇ ਪਹਿਲਾਂ ਵੀ ਕੁਝ ਕੁੜੀਆਂ ਨਾਲ ਸਰੀਰਕ ਸਬੰਧ ਬਣਾਏ ਸਨ ਅਤੇ ਧਮਕੀ ਦਿੱਤੀ ਸੀ ਕਿ ਜੇਕਰ ਉਹ ਕਿਸੇ ਨੂੰ ਦੱਸਣਗੀਆਂ ਤਾਂ ਉਨ੍ਹਾਂ ਨੂੰ ਮਦਰੱਸੇ ਵਿਚੋਂ ਕੱਢ ਦੇਵੇਗਾ ਅਤੇ ਜਾਨੋਂ ਮਾਰ ਦੇਵੇਗਾ।



# ਨਾਬਾਲਗ ਲੜਕੀ ਨੂੰ ਅੱਗ ਲਗਾ ਕੇ ਮਾਰਨ ਦੀ ਕੋਸ਼ਿਸ਼

ਪੁਰੀ (ਓਡੀਸ਼ਾ), 20 ਜੁਲਾਈ (ਚ.ਨ.ਸ): ਓਡੀਸ਼ਾ ਦੇ ਪੁਰੀ ਦੇ ਨਿਮਾਪਾੜਾ ਬਲਾਕ ਦੇ ਬਲਾਂਡਾ ਪੁਲਿਸ ਸਟੇਸ਼ਨ ਖੇਤਰ ਵਿੱਚ ਸ਼ਰਾਰਤੀ ਅਨਸਰਾਂ ਨੇ ਇੱਕ 16 ਸਾਲਾ ਲੜਕੀ ਨੂੰ ਅੱਗ ਲਗਾ ਕੇ ਮਾਰਨ ਦੀ ਕੋਸ਼ਿਸ਼ ਕੀਤੀ। ਗੰਭੀਰ ਜਲਣ ਵਾਲੀ ਨਾਬਾਲਗ ਲੜਕੀ ਨੂੰ ਇਲਾਜ ਲਈ ਏਮਜ਼ ਭੁਵਨੇਸ਼ਵਰ ਵਿੱਚ ਤਬਦੀਲ ਕਰ ਦਿੱਤਾ ਗਿਆ ਹੈ। ਗੱਲ ਕਰਦੇ ਹੋਏ ਪੁਰੀ ਦੇ ਜ਼ਿਲ੍ਹਾ ਮੈਜਿਸਟ੍ਰੇਟ ਚੰਚਲ ਰਾਣਾ ਨੇ ਕਿਹਾ ਕਿ ਸਾਨੂੰ ਨਿਮਾਪਾੜਾ ਬਲਾਕ ਦੇ ਬਲਾਂਡਾ ਪੁਲਿਸ ਸਟੇਸ਼ਨ ਵਿੱਚ ਇੱਕ ਮੰਦਭਾਗੀ ਘਟਨਾ ਬਾਰੇ ਜਾਣਕਾਰੀ ਮਿਲੀ, ਜਿੱਥੇ ਇੱਕ 16 ਸਾਲਾ ਲੜਕੀ ਨੂੰ ਅੱਗ ਲਗਾ ਦਿੱਤੀ ਗਈ। ਉਸ ਨੂੰ ਗੰਭੀਰ ਜਲਣ ਦੀਆਂ ਸੱਟਾਂ ਲੱਗੀਆਂ ਹਨ। ਅਸੀਂ ਏਮਜ਼ ਨਾਲ ਸੰਪਰਕ ਕੀਤਾ ਹੈ ਤੇ ਸਦਮੇ ਅਤੇ ਐਮਰਜੈਂਸੀ ਦੇਖਭਾਲ ਲਈ ਪ੍ਰਬੰਧ ਕੀਤੇ ਗਏ ਹਨ। ਓਡੀਸ਼ਾ ਦੇ ਪੁਰੀ ਦੇ ਨਿਮਾਪਾੜਾ ਬਲਾਕ ਦੇ ਬਲਾਂਡਾ ਪੁਲਿਸ ਸਟੇਸ਼ਨ ਵਿੱਚ ਸ਼ਰਾਰਤੀ ਅਨਸਰਾਂ ਨੇ ਇੱਕ 16 ਸਾਲਾ ਲੜਕੀ ਨੂੰ ਅੱਗ ਲਗਾ ਕੇ ਮਾਰਨ ਦੀ ਕੋਸ਼ਿਸ਼ ਕੀਤੀ। ਬੁਰੀ ਤਰ੍ਹਾਂ ਸੜੀ ਨਾਬਾਲਗ ਲੜਕੀ ਨੂੰ ਇਲਾਜ ਲਈ ਏਮਜ਼ ਭੁਵਨੇਸ਼ਵਰ ਭੇਜਿਆ ਗਿਆ ਹੈ। ਇੱਕ ਨਾਬਾਲਗ ਲੜਕੀ ਨੂੰ ਕਥਿਤ ਤੌਰ 'ਤੇ ਸਾੜਨ ਦੀ ਘਟਨਾ 'ਤੇ ਐਸਪੀ ਪਿਨਾਕ ਮਿਸ਼ਰਾ ਨੇ ਕਿਹਾ ਕਿ ਅੱਜ ਸਵੇਰੇ ਸਾਨੂੰ ਸੂਚਨਾ ਮਿਲੀ ਕਿ ਇੱਕ ਨਾਬਾਲਗ ਲੜਕੀ 'ਤੇ ਹਮਲਾ ਕੀਤਾ ਗਿਆ ਹੈ ਅਤੇ ਉਸ ਨੂੰ ਸਾੜਨ ਲਈ ਜਲਣਸ਼ੀਲ ਸਮੱਗਰੀ ਦੀ ਵਰਤੋਂ ਕੀਤੀ ਗਈ ਹੈ। ਲੜਕੀ ਨੂੰ ਬਚਾ ਲਿਆ ਗਿਆ ਹੈ ਅਤੇ ਏਮਜ਼ ਭੁਵਨੇਸ਼ਵਰ ਰੈਫਰ ਕਰ ਦਿੱਤਾ ਗਿਆ ਹੈ। ਪੂਰੀ ਘਟਨਾ ਦੀ ਜਾਂਚ ਕੀਤੀ ਜਾ ਰਹੀ ਹੈ। ਦੋਸ਼ੀਆਂ ਨੂੰ ਫੜਨ ਲਈ ਵਿਸ਼ੇਸ਼ ਟੀਮਾਂ ਬਣਾਈਆਂ ਗਈਆਂ ਹਨ। ਸਾਨੂੰ ਜਲਦੀ ਹੀ ਸਫਲਤਾ ਮਿਲੇਗੀ। ਓਡੀਸ਼ਾ ਦੀ ਉਪ ਮੁੱਖ ਮੰਤਰੀ ਪ੍ਰਵਤੀ ਪਰਿਦਾ ਨੇ ਇਸ ਘਟਨਾ 'ਤੇ ਡੂੰਘਾ ਦੁੱਖ ਪ੍ਰਗਟ ਕੀਤਾ ਅਤੇ ਭਰੋਸਾ ਦਿੱਤਾ ਕਿ ਦੋਸ਼ੀਆਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਮੈਂ ਇਹ ਖ਼ਬਰ ਸੁਣ ਕੇ ਹੈਰਾਨ ਅਤੇ ਦੁਖੀ ਹਾਂ ਕਿ ਕੁਝ ਬਦਮਾਸ਼ਾਂ ਨੇ ਬਲੰਗਾ ਖੇਤਰ ਵਿੱਚ ਸੜਕ 'ਤੇ ਇੱਕ ਪੰਦਰਾਂ ਸਾਲਾ ਲੜਕੀ 'ਤੇ ਪੈਟਰੋਲ ਪਾ ਕੇ ਉਸ ਨੂੰ ਅੱਗ ਲਗਾ ਦਿੱਤੀ। ਉਸ ਨੂੰ ਤੁਰੰਤ ਭੁਵਨੇਸ਼ਵਰ ਦੇ ਏਮਜ਼ ਹਸਪਤਾਲ ਲਿਜਾਇਆ ਗਿਆ ਹੈ ਅਤੇ ਉਸਦੇ ਇਲਾਜ ਲਈ ਸਾਰੇ ਪ੍ਰਬੰਧ ਕੀਤੇ ਜਾ ਰਹੇ ਹਨ। ਸਾਰਾ ਡਾਕਟਰੀ ਖਰਚਾ ਸਰਕਾਰ ਵੱਲੋਂ ਚੁੱਕਿਆ ਜਾਵੇਗਾ। ਪੁਲਿਸ ਪ੍ਰਸ਼ਾਸਨ ਨੂੰ ਦੋਸ਼ੀ ਨੂੰ ਤੁਰੰਤ ਗ੍ਰਿਫ਼ਤਾਰ ਕਰਨ ਅਤੇ ਸਖ਼ਤ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ। ਇਸ ਦੌਰਾਨ, ਬੀਜੇਡੀ ਮਹਿਲਾ ਵਿੰਗ ਨੇ ਰਾਜ ਮਹਿਲਾ ਕਮਿਸ਼ਨਰ ਦੀ ਨਿਯੁਕਤੀ ਦੀ ਮੰਗ ਕਰਦੇ ਹੋਏ ਮਹਿਲਾ ਕਮਿਸ਼ਨ ਦਫ਼ਤਰ ਦੇ ਸਾਹਮਣੇ ਪ੍ਰਦਰਸ਼ਨ ਕੀਤਾ। ਬੀਜੇਡੀ ਆਗੂ ਇਪਸਿਤਾ ਸਾਹੂ ਨੇ ਕਿਹਾ ਕਿ ਅੱਜ ਵੀ ਉਪ ਮੁੱਖ ਮੰਤਰੀ ਪ੍ਰਵਤੀ ਪਰਿਦਾ ਦੇ ਹਲਕੇ ਵਿੱਚ ਇੱਕ ਕੁੜੀ ਨੂੰ ਅੱਗ ਲਗਾ ਦਿੱਤੀ ਗਈ। ਤਿੰਨ ਬੰਦਿਆਂ ਨੇ ਦਿਨ-ਦਿਹਾੜੇ ਉਸ ਨੂੰ ਅੱਗ ਲਗਾ ਦਿੱਤੀ। ਅੱਜ ਓਡੀਸ਼ਾ ਦੀ ਹਾਲਤ ਦੀ ਕਲਪਨਾ ਕਰੋ, ਓਡੀਸ਼ਾ ਵਿੱਚ ਕਾਨੂੰਨ ਵਿਵਸਥਾ ਦੀ ਸਥਿਤੀ ਔਰਤਾਂ ਲਈ ਸੱਚਮੁੱਚ ਬਹੁਤ ਮਾੜੀ ਹੈ। ਅਸੀਂ ਅੱਜ ਮਹਿਲਾ ਕਮਿਸ਼ਨ ਦਫ਼ਤਰ ਦੇ ਸਾਹਮਣੇ ਧਰਨਾ ਦੇ ਰਹੇ ਹਾਂ ਕਿਉਂਕਿ ਇੱਕ ਸਾਲ ਤੋਂ ਵੱਧ ਸਮਾਂ ਹੋ ਗਿਆ ਹੈ ਪਰ ਕਮਿਸ਼ਨ ਦੇ ਕਮਿਸ਼ਨਰ ਦਾ ਅਹੁਦਾ ਖਾਲੀ ਪਿਆ ਹੈ।



# ਸਕੂਲ ਵੈਨ ਦੇ ਡਰਾਈਵਰ ਨੇ 4 ਸਾਲ ਦੀ ਬੱਚੀ ਨਾਲ ਜ਼ਬਰ-ਜਨਾਹ ਕੀਤਾ

ਲਖਨਊ, 20 ਜੁਲਾਈ (ਚ.ਨ.ਸ): ਯੂ.ਪੀ. ਦੀ ਰਾਜਧਾਨੀ ਲਖਨਊ ਤੋਂ ਮਨੁੱਖਤਾ ਨੂੰ ਸ਼ਰਮਸਾਰ ਕਰਨ ਵਾਲੀ ਇਕ ਘਟਨਾ ਸਾਹਮਣੇ ਆਈ ਹੈ। ਇੱਥੇ ਇਕ ਸਕੂਲ ਵੈਨ ਦੇ ਡਰਾਈਵਰ ਨੇ ਵੈਨ 'ਚ ਹੀ 4 ਸਾਲ ਦੀ ਬੱਚੀ ਨਾਲ ਜ਼ਬਰ-ਜਨਾਹ ਕੀਤਾ। ਇਹ ਘਟਨਾ ਇੰਦਰਾ ਨਗਰ ਇਲਾਕੇ ਦੀ ਹੈ। ਔਰਤ ਆਪਣੀ 4 ਸਾਲ ਦੀ ਧੀ ਨਾਲ ਇੱਥੇ ਰਹਿੰਦੀ ਹੈ। ਔਰਤ ਅਨੁਸਾਰ ਜਦੋਂ ਉਸ ਦੀ ਧੀ 14 ਜੁਲਾਈ ਨੂੰ ਸਕੂਲ ਤੋਂ ਘਰ ਆਈ ਤਾਂ ਉਹ ਡਰੀ ਹੋਈ ਸੀ। ਬੱਚੀ ਨੇ ਕਿਹਾ ਕਿ ਉਸ ਦੇ ਗੁਪਤ ਅੰਗ 'ਚ ਦਰਦ ਹੋ ਰਿਹਾ ਹੈ। ਜਦੋਂ ਉਹ ਬੱਚੀ ਨੂੰ ਡਾਕਟਰ ਕੋਲ ਲੈ ਕੇ ਗਈ ਤਾਂ ਬੱਚੀ ਨਾਲ ਵਾਪਰੀ ਘਟਨਾ ਸਾਹਮਣੇ ਆਈ। ਇਸ 'ਤੇ ਔਰਤ ਨੇ ਸਕੂਲ ਦੇ ਮੈਨੇਜਰ ਨੂੰ ਸ਼ਿਕਾਇਤ ਕੀਤੀ ਪਰ ਉਸ ਨੇ ਕੋਈ ਕਾਰਵਾਈ ਨਹੀਂ ਕੀਤੀ। 2 ਦਿਨਾਂ ਤੱਕ ਸਕੂਲ ਵੱਲੋਂ ਕੋਈ ਕਾਰਵਾਈ ਨਾ ਹੁੰਦੀ ਦੇਖ ਕੇ ਉਸ ਨੇ ਇੰਦਰਾ ਨਗਰ ਥਾਣੇ 'ਚ ਵੈਨ ਦੇ ਡਰਾਈਵਰ ਮੁਹੰਮਦ ਆਰਿਫ਼ ਤੇ ਸਕੂਲ ਦੇ ਮੈਨੇਜਰ ਸੰਦੀਪ ਕੁਮਾਰ ਖ਼ਿਲਾਫ਼ ਕੇਸ ਦਰਜ ਕਰਵਾਇਆ। ਮਾਮਲਾ ਦਰਜ ਹੋਣ ਤੋਂ ਬਾਅਦ ਇੰਦਰਾ ਨਗਰ ਪੁਲਿਸ ਨੇ ਆਰਿਫ ਨੂੰ ਗ੍ਰਿਫ਼ਤਾਰ ਕਰ ਕੇ ਜੇਲ੍ਹ ਭੇਜ ਦਿੱਤਾ। ਬੱਚੀ ਨੂੰ ਡਾਕਟਰੀ ਜਾਂਚ ਲਈ ਭੇਜਿਆ ਗਿਆ ਹੈ ਤੇ ਇਸ ਮਾਮਲੇ 'ਚ ਮੈਨੇਜਰ ਦੀ ਭੂਮਿਕਾ ਦੀ ਵੀ ਜਾਂਚ ਕੀਤੀ ਜਾ ਰਹੀ ਹੈ।



# ਨੀਂਦ ਦੀਆਂ ਗੋਲੀਆਂ ਦੇਣ ਤੋਂ ਬਾਅਦ ਕਰੰਟ ਲਗਾ ਕੇ ਕੀਤੀ ਪਤੀ ਦੀ ਹੱਤਿਆ

ਨਵੀਂ ਦਿੱਲੀ, 20 ਜੁਲਾਈ (ਚ.ਨ.ਸ): ਦਿੱਲੀ ਵਿੱਚ ਕਰੰਟ ਲੱਗਣ ਨਾਲ ਹੋਈ ਵਿਅਕਤੀ ਦੀ ਮੌਤ ਦੇ ਮਾਮਲੇ ਵਿਚ ਅਹਿਮ ਖੁਲਾਸਾ ਹੋਇਆ ਹੈ। ਇਸ ਵਿਅਕਤੀ ਦੀ ਹੱਤਿਆ ਕਰੰਟ ਲੱਗਣ ਨਾਲ ਨਹੀਂ ਬਲਕਿ ਨੀਂਦ ਦੀਆਂ ਗੋਲੀਆਂ ਦੇਣ ਤੋਂ ਬਾਅਦ ਕਰੰਟ ਲਾ ਕੇ ਕੀਤੀ ਗਈ ਸੀ। ਪੁਲਿਸ ਨੇ ਇਸ ਮਾਮਲੇ ਵਿਚ ਉਸ ਦੀ ਪਤਨੀ ਅਤੇ ਚਚੇਰੇ ਭਰਾ ਨੂੰ ਗ੍ਰਿਫ਼ਤਾਰ ਕੀਤਾ ਹੈ। ਮੁਲਜ਼ਮਾਂ ਦੀ ਪਛਾਣ ਸੁਸ਼ਮਿਤਾ ਅਤੇ ਉਸ ਦੇ ਚਚੇਰੇ ਭਰਾ ਰਾਹੁਲ ਵਜੋਂ ਹੋਈ ਹੈ। ਪੁਲਿਸ ਅਨੁਸਾਰ ਪੀੜਤ ਕਰਨ ਦੇਵ ਨੂੰ ਕਥਿਤ ਤੌਰ 'ਤੇ ਨੀਂਦ ਦੀਆਂ ਗੋਲੀਆਂ ਦੇਣ ਅਤੇ ਉਸ ਦੀ ਪਤਨੀ ਅਤੇ ਉਸਦੇ ਚਚੇਰੇ ਭਰਾ ਵੱਲੋਂ ਕਰੰਟ ਦੇ ਕੇ ਮਾਰਿਆ ਗਿਆ ਸੀ। ਡੀਸੀਪੀ ਅੰਕਿਤ ਸਿੰਘ ਨੇ ਕਿਹਾ ਕਿ 13 ਜੁਲਾਈ ਨੂੰ ਉੱਤਮ ਨਗਰ ਇਲਾਕੇ ਦੇ ਇੱਕ ਹਸਪਤਾਲ ਤੋਂ ਸੂਚਨਾ ਮਿਲੀ ਸੀ ਕਿ ਕਰਨ ਨਾਮ ਦੇ ਵਿਅਕਤੀ ਦੀ ਗੈਰਕੁਦਰਤੀ ਢੰਗ ਨਾਲ ਮੌਤ ਹੋਈ ਹੈ। ਬਾਅਦ ਵਿੱਚ ਪੁਲਿਸ ਟੀਮ ਮੌਕੇ 'ਤੇ ਪਹੁੰਚੀ ਤੇ ਲਾਸ਼ ਨੂੰ ਪੋਸਟਮਾਰਟਮ ਲਈ ਡੀਡੀਯੂ ਹਸਪਤਾਲ ਭੇਜ ਦਿੱਤਾ ਗਿਆ। ਇਸ ਦੌਰਾਨ ਕਰਨ ਦੇ ਪਰਿਵਾਰ ਨੇ ਪੋਸਟਮਾਰਟਮ ਕਰਵਾਉਣ ਤੋਂ ਇਨਕਾਰ ਕਰ ਦਿੱਤਾ। ਜਦਕਿ ਦੋ ਦਿਨਾਂ ਬਾਅਦ ਕਰਨ ਦੇ ਭਰਾ ਕੁਨਾਲ ਨੂੰ ਕੁਝ ਸਬੂਤ ਮਿਲੇ, ਜਿਸ ਵਿੱਚ ਕਰਨ ਦੀ ਪਤਨੀ ਸੁਸ਼ਮਿਤਾ ਅਤੇ ਰਾਹੁਲ ਵਿਚਕਾਰ ਗੱਲਬਾਤ ਸਾਹਮਣੇ ਆਈ, ਜਿਸ ਵਿੱਚ ਕਰਨ ਨੂੰ ਨੀਂਦ ਦੀਆਂ ਗੋਲੀਆਂ ਅਤੇ ਬਿਜਲੀ ਦੇ ਝਟਕੇ ਦੇਣ ਬਾਰੇ ਚਰਚਾ ਹੋਈ ਸੀ। ਇਸ ਤੋਂ ਬਾਅਦ ਪੁਲਿਸ ਨੇ ਜਾਂਚ ਕੀਤੀ ਅਤੇ ਕਤਲ ਦਾ ਮਾਮਲਾ ਦਰਜ ਕੀਤਾ ਅਤੇ ਕਰਨ ਦੀ ਪਤਨੀ ਸੁਸ਼ਮਿਤਾ ਅਤੇ ਰਾਹੁਲ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ। ਕਰਨ ਦੀ ਮਾਂ ਨੀਰੂ ਨੇ ਦੱਸਿਆ ਕਿ ਉਸ ਨੂੰ ਸੁਸ਼ਮਿਤਾ ਅਤੇ ਰਾਹੁਲ ਵਿਚਕਾਰ ਕਥਿਤ ਸਬੰਧਾਂ ਬਾਰੇ ਸਸਕਾਰ ਤੋਂ ਬਾਅਦ ਹੀ ਪਤਾ ਲੱਗਾ ਸੀ। ਉਸ ਨੇ ਦੱਸਿਆ ਕਿ ਕਰਨ ਆਪਣੀ ਪਤਨੀ ਨਾਲ ਇੱਕ ਫਲੈਟ ਵਿੱਚ ਰਹਿੰਦਾ ਸੀ ਅਤੇ ਐਤਵਾਰ ਸਵੇਰੇ 9 ਵਜੇ ਦੇ ਕਰੀਬ ਉਨ੍ਹਾਂ ਦੀ ਨੂੰਹ ਸੁਸ਼ਮਿਤਾ ਆਈ ਅਤੇ ਕਿਹਾ ਕਿ ਕਰਨ ਨੂੰ ਬਿਜਲੀ ਦਾ ਕਰੰਟ ਲੱਗ ਗਿਆ ਹੈ। ਕਰਨ ਦੇ ਦੋਸਤ ਨੇ ਦੱਸਿਆ ਕਿ ਸਸਕਾਰ ਤੋਂ ਅਗਲੇ ਦਿਨ ਪਰਿਵਾਰ ਨੇ ਸੁਸ਼ਮਿਤਾ ਤੋਂ ਸਵਾਲ ਪੁੱਛੇ ਜਿੱਥੇ ਉਸ ਨੇ ਸਾਰਿਆਂ ਦੇ ਸਾਹਮਣੇ ਕਬੂਲ ਕੀਤਾ ਕਿ ਉਸ ਨੇ ਕਰਨ ਨੂੰ ਮਾਰਿਆ ਕਿਉਂਕਿ ਰਾਹੁਲ ਉਸ ਨੂੰ ਬਲੈਕਮੇਲ ਕਰ ਰਿਹਾ ਸੀ। ਇਸ ਤੋਂ ਬਾਅਦ ਰਾਹੁਲ ਨੇ ਵੀ ਜੁਰਮ ਕਬੂਲ ਕਰ ਲਿਆ।



# ਕੁੜੀ ਦੇ ਪ੍ਰੇਮ ਵਿਆਹ ਤੋਂ ਦੁਖੀ ਦਾਦੀ ਨੇ ਜ਼ਹਿਰੀਲੀ ਚੀਜ਼ ਖਾ ਕੇ ਕੀਤੀ ਖੁਦਕੁਸ਼ੀ

ਬਠਿੰਡਾ, 20 ਜੁਲਾਈ (ਚ.ਨ.ਸ): ਜ਼ਿਲ੍ਹੇ ਦੇ ਪਿੰਡ ਸੇਖੂ ਵਿੱਚ ਇਕ ਕੁੜੀ ਨੇ ਆਪਣੇ ਹੀ ਪਿੰਡ ਦੇ ਇੱਕ ਮੁੰਡੇ ਨਾਲ ਪ੍ਰੇਮ ਵਿਆਹ ਕਰਵਾ ਲਿਆ, ਜਿਸ ਤੋਂ ਦੁਖੀ ਹੋ ਕੇ ਕੁੜੀ ਦੀ ਦਾਦੀ ਨੇ ਜ਼ਹਿਰੀਲੀ ਚੀਜ਼ ਖਾ ਕੇ ਖੁਦਕੁਸ਼ੀ ਕਰ ਲਈ। ਪੁਲਿਸ ਨੇ ਕੁੜੀ ਦੀ ਮਾਤਾ ਦੇ ਬਿਆਨਾਂ ਦੇ ਆਧਰ 'ਤੇ ਸੁਖਪ੍ਰੀਤ ਕੌਰ ਅਤੇ ਲਵਪ੍ਰੀਤ ਸਿੰਘ ਵਾਸੀਆਨ ਪਿੰਡ ਸੇਖੂ ਖਿਲਾਫ ਕੇਸ ਦਰਜ ਕਰ ਲਿਆ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਪਿੰਡ ਸੇਖੂ ਦੀ ਸੁਖਪ੍ਰੀਤ ਕੌਰ ਅਤੇ ਲਵਪ੍ਰੀਤ ਸਿੰਘ ਨੇ ਘਰੋਂ ਭੱਜ ਕੇ ਦੋਵਾਂ ਪਰਿਵਾਰਾਂ ਦੀ ਮਰਜ਼ੀ ਤੋਂ ਬਿਨਾਂ ਵਿਆਹ ਕਰਵਾ ਲਿਆ। ਹੁਣ ਦੋਵੇਂ ਪਤੀ ਪਤਨੀ ਵਜੋਂ ਪਿੰਡ ਤੋਂ ਬਾਹਰ ਕਿਧਰੇ ਰਹਿ ਰਹੇ ਹਨ। ਇਹ ਰਿਸ਼ਤਾ ਕੁੜੀ ਦੇ ਪਰਿਵਾਰ ਨੂੰ ਮਨਜ਼ੂਰ ਨਹੀਂ ਸੀ ਕਿਉਂਕਿ ਪਰਿਵਾਰ ਇਸ ਵਿੱਚ ਆਪਣੀ ਬਦਨਾਮੀ ਸਮਝਦਾ ਆ ਰਿਹਾ ਸੀ। ਪਤਾ ਲੱਗਾ ਹੈ ਕਿ ਨੌਜਵਾਨ ਲਵਪ੍ਰੀਤ ਸਿੰਘ ਬਠਿੰਡਾ ਵਿਖੇ ਕਿਸੇ ਸੰਸਥਾ ਵਿੱਚ ਬੀਏ ਦੀ ਪੜ੍ਹਾਈ ਕਰ ਰਿਹਾ ਸੀ, ਜਦੋਂ ਕਿ ਕੁੜੀ ਸੁਖਪ੍ਰੀਤ ਕੌਰ ਬਠਿੰਡਾ ਵਿਖੇ ਹੀ ਸੈਲੂਨ ਦਾ ਕੰਮ ਸਿੱਖਣ ਲਈ ਹਰ ਰੋਜ਼ ਆਉਂਦੀ ਸੀ। ਇਸ ਦੌਰਾਨ ਹੀ ਦੋਵਾਂ ਦੀ ਨੇੜਤਾ ਪੈਦਾ ਹੋ ਗਈ, ਜਿਹੜੀ ਕਿ ਪ੍ਰੇਮ ਸਬੰਧਾਂ ਵਿੱਚ ਬਦਲ ਗਈ। ਇਸ ਦੌਰਾਨ ਦੋਵਾਂ ਨੇ ਵਿਆਹ ਕਰਾਉਣ ਦਾ ਫੈਸਲਾ ਕਰ ਲਿਆ ਅਤੇ ਉਨ੍ਹਾਂ ਘਰੋਂ ਭੱਜ ਕੇ ਦੋਵਾਂ ਪਰਿਵਾਰਾਂ ਦੀ ਬਿਨਾਂ ਮਰਜ਼ੀ ਤੋਂ ਵਿਆਹ ਕਰਵਾ ਲਿਆ। ਪੁਲਿਸ ਕੋਲ ਦਰਜ ਕਰਵਾਏ ਬਿਆਨਾਂ ਵਿੱਚ ਕੁਲਵਿੰਦਰ ਕੌਰ ਵਾਸੀ ਪਿੰਡ ਸੇਖੂ ਨੇ ਦੱਸਿਆ ਕਿ ਉਨ੍ਹਾਂ ਦੀ ਲੜਕੀ ਸੁਖਪ੍ਰੀਤ ਕੌਰ ਨੇ ਘਰਦਿਆਂ ਤੋਂ ਬਿਨਾਂ ਮਰਜ਼ੀ ਦੇ ਹੀ ਲਵਪ੍ਰੀਤ ਸਿੰਘ ਨਾਲ ਵਿਆਹ ਕਰਵਾ ਲਿਆ, ਜਿਸ ਤੋਂ ਦੁਖੀ ਹੋ ਕੇ ਕੁੜੀ ਦੀ ਦਾਦੀ ਜਸਮੇਲ ਕੌਰ 60 ਸਾਲ ਨੇ ਕੋਈ ਜ਼ਹਿਰੀਲੀ ਚੀਜ਼ ਨਿਗਲ ਲਈ, ਜਿਸ ਨਾਲ ਉਸਦੀ ਮੌਤ ਹੋ ਗਈ। ਥਾਣਾ ਰਾਮਾ ਮੰਡੀ ਦੀ ਪੁਲਿਸ ਨੇ ਸੁਖਪ੍ਰੀਤ ਕੌਰ ਅਤੇ ਲਵਪ੍ਰੀਤ ਸਿੰਘ ਖਿਲਾਫ ਕੇਸ ਦਰਜ ਕਰ ਲਿਆ। ਥਾਣਾ ਰਾਮਾ ਮੰਡੀ ਦੇ ਸਹਾਇਕ ਥਾਣੇਦਾਰ ਪਰਵਿੰਦਰ ਸਿੰਘ ਨੇ ਦੱਸਿਆ ਕਿ ਪੀੜਤ ਕੁਲਵਿੰਦਰ ਕੌਰ ਦੇ ਬਿਆਨਾਂ ਦੇ ਅਧਾਰ 'ਤੇ ਦੋਵਾਂ ਖਿਲਾਫ ਕੇਸ ਦਰਜ ਕੀਤਾ ਗਿਆ ਹੈ, ਪਰ ਅਜੇ ਕਿਸੇ ਦੀ ਗ੍ਰਿਫਤਾਰੀ ਨਹੀਂ ਹੋਈ। ਉਨ੍ਹਾਂ ਦੱਸਿਆ ਕਿ ਉਕਤ ਮੁਲਜ਼ਮ ਪਿੰਡ ਵਿੱਚ ਨਹੀਂ ਹਨ ਅਤੇ ਪੁਲਿਸ ਉਨ੍ਹਾਂ ਦੀ ਭਾਲ ਕਰ ਰਹੀ ਹੈ।



# ਸ਼ਹੀਦ ਕੁਲਦੀਪ ਸਿੰਘ ਦੀ ਯਾਦ 'ਚ ਗੇਟ ਦਾ ਵਿਧਾਇਕ ਨਰੇਸ਼ ਕਟਾਰੀਆ ਨੇ ਰੱਖਿਆ ਨੀਂਹ ਪੱਥਰ

ਜ਼ੀਰਾ, 20 ਜੁਲਾਈ (ਦੀਪਕ ਭਾਰਗੋ): ਵਿਧਾਨ ਸਭਾ ਹਲਕਾ ਜ਼ੀਰਾ ਦੇ ਪਿੰਡ ਲੋਹਕਾ ਕਲਾਂ ਦੇ ਫੌਜੀ ਨੌਜਵਾਨ ਕੁਲਦੀਪ ਸਿੰਘ ਜੋ ਕਿ ਫੌਜ ਦੇ ਵਿੱਚ ਸ਼ਹੀਦ ਹੋ ਗਏ ਸੀ, ਉਹਨਾਂ ਦੀ ਸ਼ਹੀਦੀ ਨੂੰ ਸਮਰਪਿਤ ਐਮਐਲਏ ਨਰੇਸ਼ ਕਟਾਰੀਆ ਜੀ ਵੱਲੋਂ ਉਹਨਾਂ ਦੀ ਯਾਦ ਨੂੰ ਰਹਿੰਦੀ ਜ਼ਿੰਦਗੀ ਤੱਕ ਤਾਜ਼ਾ ਕਰਦੇ ਹੋਏ ਇੱਕ ਯਾਦਗਾਰੀ ਗੇਟ ਜਿਸ ਦਾ ਵਾਅਦਾ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਕੀਤਾ ਗਿਆ ਸੀ, ਉਸ ਦਾ ਨੀਂਹ ਪੱਥਰ ਰੱਖਣ ਪਹੁੰਚੇ। ਇਸ ਮੌਕੇ ਸਰਪੰਚ ਸੁਖਚੈਨ ਸਿੰਘ ਲੋਹਕਾ ਤੇ ਪਿੰਡ ਵਾਸੀ ਮੌਜੂਦ ਰਹੇ ਤੇ ਉਹਨਾਂ ਨੇ ਕਿਹਾ ਕਿ ਜੋ ਭਗਵੰਤ ਸਿੰਘ ਮਾਨ ਵੱਲੋਂ ਇਕ ਕਰੋੜ ਰੁਪਏ ਦੀ ਰਾਸ਼ੀ ਦੇਣ ਦਾ ਵਾਅਦਾ ਕੀਤਾ ਗਿਆ ਸੀ, ਉਹ ਵੀ 24 ਘੰਟੇ ਦੇ ਅੰਦਰ ਪਰਿਵਾਰ ਨੂੰ ਮਿਲ ਗਈ ਤੇ ਹੋਰ ਦੋ ਵਾਅਦੇ ਇੱਕ ਸਟੇਡੀਅਮ ਤੇ ਮੁਹੱਲਾ ਕਲੀਨਿਕ ਬਣਾਉਣ ਦਾ ਕੀਤਾ ਗਿਆ ਸੀ, ਉਹ ਵੀ ਵਿਧਾਇਕ ਕਟਾਰੀਆ ਵੱਲੋਂ ਕਿਹਾ ਜਲਦ ਪੂਰਾ ਕਰ ਦਿੱਤਾ ਜਾਵੇਗਾ। ਇਸ ਮੌਕੇ ਸਰਪੰਚ ਤੇ ਪਿੰਡ ਵਾਸੀਆਂ ਵੱਲੋਂ ਸਰਕਾਰ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਫੌਜੀ ਕੁਲਦੀਪ ਸਿੰਘ ਦਾ ਭਰਾ ਰਣਜੀਤ ਸਿੰਘ ਤੇ ਸਮੂਹ ਪ੍ਰਵਾਰ ਤੋਂ ਇਲਾਵਾ ਸਰਪੰਚ ਸੁਖਚੈਨ ਸਿੰਘ ਪੰਨੂ, ਸਰਪੰਚ ਜਸਵੰਤ ਸਿੰਘ ਸ਼ਾਹ, ਦਰਸ਼ਨ ਸਿੰਘ ਮੈਂਬਰ, ਅੰਗਰੇਜ ਸਿੰਘ ਮੈਂਬਰ, ਗੁਰਜੀਤ ਸਿੰਘ ਮੈਂਬਰ, ਸੁਰਜੀਤ ਸਿੰਘ ਮੈਂਬਰ, ਗੁਰਦਿਆਲ ਸਿੰਘ ਮੈਂਬਰ, ਬਾਬਾ ਤਰਸੇਮ ਸਿੰਘ ਬਲਾਕ ਪ੍ਰਧਾਨ, ਸੁਰਜੀਤ ਸਿੰਘ ਬਿਜਲੀ ਬੋਰਡ, ਸਤਪਾਲ ਸਿੰਘ, ਗੁਰਦੇਵ ਸਿੰਘ, ਡਾਕਟਰ ਜਗਸੀਰ ਸਿੰਘ, ਰੇਸ਼ਮ ਸਿੰਘ ਬੱਬੂ, ਅਮਰੀਕ ਸਿੰਘ, ਅਜੇ ਸ਼ਾਹ ਤੋਂ ਇਲਾਵਾ ਪਿੰਡ ਵਾਸੀ ਹਾਜ਼ਰ ਸਨ।



# 30 ਨੂੰ ਟਰੈਕਟਰ ਮਾਰਚ 'ਚ ਵੱਡੀ ਗਿਣਤੀ 'ਚ ਕਰਾਂਗੇ ਸ਼ਮੂਲੀਅਤ: ਰੰਡਿਆਲਾ, ਸਿੱਧੂ

ਕੋਟ ਈਸੇ ਖਾਂ, 20 ਜੁਲਾਈ (ਗਾਂਧੀ/ਖੁਰਾਣਾ): ਸਥਾਨਕ ਸ਼ਹਿਰ ਕੋਟ ਈਸੇ ਖਾਂ ਦੇ ਗੁਰਦੁਆਰਾ ਅਕਾਲਗੜ੍ਹ ਸਾਹਿਬ ਵਿਖੇ ਭਾਰਤੀ ਕਿਸਾਨ ਯੂਨੀਅਨ ਬਹਿਰਾਮਕੇ ਦੀ ਮਹੀਨਾਵਾਰ ਮੀਟਿੰਗ ਜ਼ਿਲ੍ਹਾ ਪ੍ਰਧਾਨ ਜਗਰੂਪ ਸਿੰਘ ਰੰਡਿਆਲਾ, ਸਵਰਨ ਸਿੰਘ ਸਿੱਧੂ ਬਲਾਕ ਪ੍ਰਧਾਨ ਦੀ ਅਗਵਾਈ ਹੇਠ ਕੀਤੀ ਗਈ। ਜਿਸ ਵਿੱਚ ਬਾਜ ਸਿੰਘ ਸੰਗਲਾ ਐਗਜੈਕਟਿਵ ਮੈਂਬਰ ਪੰਜਾਬ, ਤੋਤਾ ਸਿੰਘ ਕੋਰ ਕਮੇਟੀ ਮੈਂਬਰ ਪੰਜਾਬ, ਸੁਖਦੇਵ ਸਿੰਘ ਮੈਂਬਰ ਭਿੰਡਰ ਕਲਾਂ ਜਗੀਰ ਸਿੰਘ ਸਾਦੀਵਾਲਾ ਐਗਜੈਕਟਿਵ ਮੈਂਬਰ ਪੰਜਾਬ, ਵਿਸ਼ੇਸ਼ ਤੌਰ 'ਤੇ ਪਹੁੰਚੇ। ਬੁਲਾਰਿਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਪਿਛਲੇ ਦਿਨੀਂ ਪੰਜਾਬ ਲੈਂਡ ਪੂਲਿੰਗ ਸਕੀਮ ਤਹਿਤ ਪੰਜਾਬ ਦੇ ਕਿਸਾਨਾਂ ਦੀ ਹਜ਼ਾਰਾਂ ਏਕੜ ਜ਼ਮੀਨ ਅਕਵਾਇਰ ਕੀਤੀ ਗਈ ਹੈ, ਜੋ ਪੰਜਾਬ ਦੇ ਕਿਸਾਨਾਂ ਨਾਲ ਸਰਾ-ਸਰ ਧੱਕਾ ਕੀਤਾ ਜਾ ਰਿਹਾ ਹੈ। ਇਸੇ ਦੌਰਾਨ ਐਸ.ਕੇ.ਐਮ.ਨੇ ਬੀਤੇ ਦਿਨੀਂ ਕਿਸਾਨ ਭਵਨ ਚੰਡੀਗੜ੍ਹ ਵਿਖੇ ਮੀਟਿੰਗ ਕਰਕੇ ਲੈਂਡ ਪੂਲਿੰਗ ਤੇ ਹੋਰ ਮੁੱਦਿਆਂ ਦੇ ਵਿਰੋਧ 'ਚ 30 ਜੁਲਾਈ ਨੂੰ ਪੂਰੇ ਪੰਜਾਬ 'ਚ ਟਰੈਕਟਰ ਮਾਰਚ ਕਰਨ ਦਾ ਐਲਾਨ ਕੀਤਾ ਹੈ। ਇਸੇ ਲੜੀ ਤਹਿਤ ਪੰਜਾਬ ਦੀਆਂ ਪੰਜ ਕਿਸਾਨ ਜਥੇਬੰਦੀਆਂ ਵੱਲੋ 30 ਜੁਲਾਈ ਨੂੰ ਟਰੈਕਟਰ ਮਾਰਚ 'ਚ ਵੱਡੀ ਗਿਣਤੀ ਵਿੱਚ ਹਿੱਸਾ ਲਿਆ ਜਾਵੇਗਾ। ਉਹਨਾਂ ਕਿਹਾ ਕਿ ਆਪਣੇ ਵਾਅਦੇ ਅਨੁਸਾਰ ਦੇਸ਼ ਦੇ ਕਿਸਾਨਾਂ, ਮਜ਼ਦੂਰਾਂ ਸਿਰ ਚੜ੍ਹਿਆ ਕਰਜ਼ੇ 'ਤੇ ਕੇਂਦਰ ਸਰਕਾਰ ਅਤੇ ਨਾਲ ਹੀ ਰਾਜ ਸਰਕਾਰ ਵੀ ਲਕੀਰ ਮਾਰੇ। ਦੂਜੇ ਪਾਸੇ ਕੋ-ਆਪਰੇਟਿਵ ਸੁਸਾਇਟੀਆਂ ਵਿਚ ਯੂਰੀਆ ਖਾਦ ਦੀ ਘਾਟ ਤੁਰੰਤ ਪੂਰੀ ਕੀਤੀ ਜਾਵੇ ਤਾਂ ਜੋ ਕਿਸਾਨਾਂ ਨੂੰ ਝੋਨੇ ਦੀ ਫ਼ਸਲ ਪਾਲਣ ਵਿਚ ਕੋਈ ਦਿੱਕਤ ਨਾ ਆਵੇ। ਉਨ੍ਹਾਂ ਅੱਗੇ ਕਿਹਾ ਕਿ ਚਿੱਪ ਵਾਲੇ ਸਮਾਰਟ ਮੀਟਰਾਂ ਦਾ ਪਿੰਡਾਂ, ਸ਼ਹਿਰਾ, ਕਸਬਿਆਂ ਵਿਚ ਕਰਾਂਗੇ ਡੱਟਵਾਂ ਵਿਰੋਧ ਕਰਾਂਗੇ ਅਤੇ ਇਹ ਨਹੀਂ ਲੱਗਣ ਦਿਆਂਗੇ ਮੀਟਰ। ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਸਰਕਾਰ ਇਹਨਾਂ ਮੀਟਰਾਂ ਨੂੰ ਲਾਉਣ ਦੇ ਹੁਕਮ ਤੁਰੰਤ ਵਾਪਸ ਲਵੇ ਤੇ ਪਹਿਲਾਂ ਵਾਲੇ ਗੋਲ ਚੱਕਰੀ ਵਾਲੇ ਮੀਟਰ ਹੀ ਲਾਏ ਜਾਣ। ਇਸ ਮੌਕੇ ਕੁਲਦੀਪ ਸਿੰਘ ਬਘੇਲੇ ਵਾਲਾ ਜ਼ੋਨ ਪ੍ਰਧਾਨ, ਚਮਕੌਰ ਸਿੰਘ ਜੋਹਲ ਜ਼ਿਲ੍ਹਾ ਸਕੱਤਰ, ਹਰਜਿੰਦਰ ਸਿੰਘ ਬੱਡੂਵਾਲ, ਮੁਕੰਦ ਸਿੰਘ ਪ੍ਰਚਾਰ ਸਕੱਤਰ, ਸਰਦੂਲ ਸਿੰਘ ਭੁੱਲਰ ਮਸੀਤਾਂ, ਸੁਖਵਿੰਦਰ ਸਿੰਘ, ਭੁਪਿੰਦਰ ਸਿੰਘ ਤੂਰ ਭਿੰਡਰ ਕਲਾਂ, ਮੇਜਰ ਸਿੰਘ ਸੈਦ ਮੁਹੰਮਦ, ਮੇਜਰ ਸਿੰਘ ਮੁੱਦਕੀ ਯੂਥ ਪ੍ਰਧਾਨ, ਰਛਪਾਲ ਸਿੰਘ ਪ੍ਰਧਾਨ ਅੱਕੂ ਸਾਹਵਾਲਾ, ਅਮਰੀਕ ਸਿੰਘ ਆਦਿ ਕਿਸਾਨ ਆਗੂ ਤੇ ਵਰਕਰ ਹਾਜ਼ਰ ਸਨ।



# ਅਸ਼ਵਨ ਭੱਲਾ ਬਣੇ ਉੜਮੁੜ ਟਾਂਡਾ ਤੇ ਸ਼ਾਮਚੁਰਾਸੀ ਵਿਧਾਨ ਸਭਾ ਹਲਕਿਆਂ ਦੇ ਆਰਗੇਨਾਈਜ਼ੇਸ਼ਨ ਅਬਜ਼ਰਵਰ

ਭੋਗਪੁਰ, 20 ਜੁਲਾਈ (ਅਮਰਜੀਤ ਸਿੰਘ ਸੈਣੀ): ਪੰਜਾਬ ਪ੍ਰਦੇਸ ਕਮੇਟੀ ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਰਾਜਾ ਵੜਿੰਗ ਨੇ ਪਾਰਟੀ ਸੰਗਠਨ ਨੂੰ ਮਜ਼ਬੂਤ ਕਰਨ ਲਈ ਅਹਿਮ ਫ਼ੈਸਲਾ ਲੈਂਦੇ ਹੋਏ ਜ਼ਿਲ੍ਹਾ ਕਾਂਗਰਸ ਕਮੇਟੀ ਦਿਹਾਤੀ ਦੇ ਸੀਨੀਅਰ ਮੀਤ ਪ੍ਰਧਾਨ ਅਸ਼ਵਨ ਭੱਲਾ ਨੂੰ ਉੜਮੁੜ ਟਾਂਡਾ ਤੇ ਸ਼ਾਮ ਚੁਰਾਸੀ ਵਿਧਾਨ ਸਭਾ ਹਲਕਿਆਂ ਦਾ ਆਰਗੇਨਾਈਜੇਸ਼ਨ ਅਬਜ਼ਰਵਰ ਨਿਯੁਕਤ ਕੀਤਾ ਗਿਆ ਹੈ। ਅਸ਼ਵਨ ਭੱਲਾ ਦੀ ਇਸ ਨਿਯੁਕਤੀ ਨੂੰ ਕਾਂਗਰਸ ਦੀ ਜਥੇਬੰਦਕ ਰਾਜਨੀਤੀ ਦਾ ਹਿੱਸਾ ਮੰਨਿਆ ਜਾ ਰਿਹਾ ਹੈ। ਜਿਸ ਤਹਿਤ ਪਾਰਟੀ 2027 ਦੀਆਂ ਚੋਣਾਂ ਲਈ ਜ਼ਮੀਨੀ ਪੱਧਰ 'ਤੇ ਤਿਆਰੀਆਂ ਵਿੱਚ ਜੁੱਟ ਗਈ ਹੈ। ਅਸ਼ਵਨ ਭੱਲਾ ਨੇ ਆਪਣੀ ਨਿਯੁਕਤੀ ਅਤੇ ਪਾਰਟੀ ਹਾਈ ਕਮਾਨ ਦਾ ਧੰਨਵਾਦ ਕਰਦੇ ਹੋਏ ਕਿਹਾ ਹੈ ਕਿ ਉਹ ਦਿੱਤੀ ਹੋਈ ਜ਼ਿੰਮੇਵਾਰੀ ਨੂੰ ਲਗਨ ਅਤੇ ਸਮਰਪਣ ਨਾਲ ਨਿਭਾਉਣਗੇ। ਭੱਲਾ ਨੇ ਕਿਹਾ ਕਿ ਕਾਂਗਰਸ ਇਸ ਵਾਰ ਜਥੇਬੰਦਕ ਰੂਪ ਨਾਲ ਪਹਿਲਾਂ ਤੋਂ ਕਿਤੇ ਜ਼ਿਆਦਾ ਮਜ਼ਬੂਤ ਹੋ ਕੇ ਚੋਣਾਵੀ ਮੈਦਾਨ ਵਿੱਚ ਉਤਰੇਗੀ। ਅਸ਼ਵਨ ਭੱਲਾ ਨੇ ਕਿਹਾ ਕਿ ਜੇਕਰ ਪਾਰਟੀ ਵਰਕਰ ਸੰਗਠਿਤ ਰੂਪ ਨਾਲ ਕੰਮ ਕਰਨ ਤਾਂ 2027 ਵਿੱਚ ਕਾਂਗਰਸ ਇੱਕ ਵਾਰ ਫਿਰ ਸਤਾ ਵਿੱਚ ਵਾਪਸੀ ਕਰ ਸਕਦੀ ਹੈ। ਉਹਨਾਂ ਕਿਹਾ ਕਿ ਉਹ ਦੋਨਾਂ ਵਿਧਾਨ ਸਭਾ ਹਲਕਿਆਂ ਵਿਚ ਤਨ ਮਨ ਨਾਲ ਸੇਵਾ ਸੰਭਾਲਣਗੇ। ਸੰਗਠਨ ਨੂੰ ਮਜ਼ਬੂਤ ਕਰਨਗੇ।



# ਵਿਧਾਇਕ ਗੈਰੀ ਬੜਿੰਗ ਦੀ ਅਗਵਾਈ ਹੇਠ ਸਟੇਡੀਅਮ ਦਾ ਕਾਰਜ ਸ਼ੁਰੂ



ਅਮਲੋਹ, 20 ਜੁਲਾਈ (ਜਸਵੰਤ ਸਿੰਘ): ਅਮਲੋਹ ਹਲਕੇ ਦੇ ਵਿਧਾਇਕ ਗੁਰਿੰਦਰ ਸਿੰਘ ਗੈਰੀ ਬੜਿੰਗ ਦੀ ਅਗਵਾਈ ਹੇਠ ਪਿੰਡ ਮਾਨਗੜ ਦੇ ਕਰੀਬ 4 ਏਕੜ ਜਗ੍ਹਾਂ ਵਿਚ ਸ਼ਾਨਦਾਰ ਸਟੇਡੀਅਮ ਦੀ ਉਸਾਰੀ ਦਾ ਕੰਮ ਸੂਰੂ ਹੋ ਗਿਆ। ਪਿੰਡ ਵਾਸੀਆਂ ਨੇ ਵਿਧਾਇਕ ਦਾ ਧੰਨਵਾਦ ਕਰਦਿਆਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸਟੇਡੀਅਮ ਦੇ ਨਿਰਮਾਣ ਲਈ ਪਹਿਲੀ ਕਿਸ਼ਤ ਆ ਗਈ ਹੈ, ਜਿਸ ਨਾਲ ਕੰਮ ਸ਼ੁਰੂ ਹੋ ਗਿਆ ਅਤੇ ਭਰਤ ਪੈਣ ਦਾ ਕੰਮ ਮੁਕੰਮਲ ਕੀਤਾ ਗਿਆ। ਉਨ੍ਹਾਂ ਪਿੰਡ ਵਿਚ ਹੋਰ ਵੀ ਚੱਲ ਰਹੇ ਵਿਕਾਸ ਕਾਰਜਾਂ ਦੀ ਸ਼ਲਾਘਾ ਕੀਤੀ। ਇਸ ਮੌਕੇ ਸਰਪੰਚ ਜਸਮੇਲ ਸਿੰਘ ਬੱਬਲੀ, ਸੀਨੀਅਰ ਆਗੂ ਯਾਦਵਿੰਦਰ ਸਿੰਘ ਮਾਨ, ਸੀਨੀਅਰ ਆਗੂ ਆਪ ਹਰਜਿੰਦਰ ਸਿੰਘ ਸ਼ਾਹੀ, ਜਰਨੈਲ ਸਿੰਘ, ਸਿਮਰਨ ਸਿੰਘ, ਸ਼ਰਨਦੀਪ ਸਿੰਘ, ਪਰਮਵੀਰ ਸਿੰਘ ਅਤੇ ਜਸ਼ਨ ਸਿੰਘ ਆਦਿ ਹਾਜ਼ਰ ਸਨ।

# ਓਮ ਪ੍ਰਕਾਸ਼ ਬਾਂਸਲ ਸਕੂਲ ਦੇ ਵਿਦਿਆਰਥੀਆਂ ਨੇ ਜ਼ਿਲ੍ਹਾ ਸ਼ੂਟਿੰਗ ਚੈਂਪੀਅਨਸ਼ਿਪ 2025 'ਚ ਕੀਤਾ ਸ਼ਾਨਦਾਰ ਪ੍ਰਦਰਸ਼ਨ

ਮੰਡੀ ਗੋਬਿੰਦਗੜ, 20 ਜੁਲਾਈ (ਸੂਦ): ਓਮ ਪ੍ਰਕਾਸ਼ ਬਾਂਸਲ ਮਾਡਰਨ ਸਕੂਲ ਦੇ ਵਿਦਿਆਰਥੀਆਂ ਨੇ ਮਾਰਕਸਮੈਨ ਸ਼ੂਟਿੰਗ ਅਕੈਡਮੀ ਪਟਿਆਲਾ ਵਿਖੇ ਹੋਈ ਫਤਹਿਗੜ੍ਹ ਸਾਹਿਬ ਜ਼ਿਲ੍ਹਾ ਸ਼ੂਟਿੰਗ ਚੈਂਪੀਅਨਸ਼ਿਪ-2025 ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਸਕੂਲ ਦਾ ਨਾਮ ਰੌਸ਼ਨ ਕੀਤਾ। ਸਕੂਲ ਦੇ ਹੁਸ਼ਿਆਰ ਖਿਡਾਰੀਆਂ ਨੇ ਏਅਰ ਰਾਈਫਲ (ਏਆਰ) ਅਤੇ ਏਅਰ ਪਿਸਟਲ (ਏਪੀ) ਮੁਕਾਬਲਿਆਂ ਵਿੱਚ ਸ਼ਾਨਦਾਰ ਸ਼ੂਟਿੰਗ ਦਾ ਪ੍ਰਦਰਸ਼ਨ ਕਰਕੇ 27 ਤਗਮੇ ਜਿੱਤ ਕੇ ਇਤਿਹਾਸ ਰਚਿਆ। ਇਸ ਸ਼ੂਟਿੰਗ ਮੁਕਾਬਲੇ ਵਿੱਚ ਤਨੀਮਾ ਅਰੋੜਾ (ਏਆਰ) ਨੇ 3 ਗੋਲਡ, ਖੁਸ਼ੀ ਖੁੱਲਰ (ਏਆਰ) ਨੇ 3 ਸਿਲਵਰ, ਅਨੰਨਿਆ ਮਿੱਤਲ (ਏਆਰ) ਨੇ 2 ਕਾਂਸੀ, ਜੈਸਮੀਨ ਕੌਰ (ਏਆਰ) ਨੇ 3 ਗੋਲਡ, ਜਸਨੂਰ ਖੱਟੜਾ (ਏਆਰ) ਨੇ 4 ਗੋਲਡ, ਯੋਆਨਾ ਮੋਦੀ (ਏਪੀ) ਨੇ 1 ਗੋਲਡ, 1 ਸਿਲਵਰ, 2 ਕਾਂਸੀ, ਸਾਇਰਾ ਬੱਟਾ (ਏਪੀ) ਨੇ 4 ਸਿਲਵਰ, ਅਕਸ਼ਿਤ ਮਿੱਤਲ (ਏਪੀ) ਨੇ 2 ਸਿਲਵਰ, ਇਨਾਇਤ ਕੌਰ (ਏਆਰ) ਨੇ 1 ਕਾਂਸੀ, ਜੇਨੀਸ਼ਾ ਮਿੱਤਲ (ਏਆਰ) ਨੇ 1 ਕਾਂਸੀ ਅਤੇ ਰਿਸ਼ੀਤਾ ਧਵਨ (ਏਆਰ) ਨੇ 1 ਕਾਂਸੀ ਦਾ ਮੈਡਲ ਹਾਸਲ ਕਰਕੇ ਸਕੂਲ ਅਤੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ। ਪ੍ਰਿੰਸੀਪਲ ਸੰਗੀਤਾ ਸ਼ਰਮਾ ਨੇ ਵਿਦਿਆਰਥੀਆਂ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਸਾਡੇ ਸਕੂਲ ਲਈ ਇਹ ਮਾਣ ਵਾਲੀ ਗੱਲ ਹੈ। ਇਨ੍ਹਾਂ ਵਿਦਿਆਰਥੀਆਂ ਨੇ ਨਾ ਸਿਰਫ਼ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ ਸਗੋਂ ਅਨੁਸ਼ਾਸਨ, ਸਮਰਪਣ ਅਤੇ ਸਖ਼ਤ ਮਿਹਨਤ ਦੀ ਇੱਕ ਮਿਸਾਲ ਵੀ ਕਾਇਮ ਕੀਤੀ ਹੈ। ਉਨ੍ਹਾਂ ਜੇਤੂ, ਉਨ੍ਹਾਂ ਦੇ ਮਾਪੇ ਅਤੇ ਕੋਚਿੰਗ ਟੀਮ ਨੂੰ ਵਧਾਈ ਦਿੰਦੇ ਹੋਏ ਆਸ ਕੀਤੀ ਕਿ ਭਵਿੱਖ ਵਿੱਚ ਵੀ ਇਹ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਨਾਮਣਾ ਖੱਟਣਗੇ।



# ਗੋਬਿੰਦਗੜ੍ਹ ਪਬਲਿਕ ਸਕੂਲ 'ਚ 'ਬੱਚਿਆਂ ਵਿੱਚ ਚੀਨੀ ਦੀ ਖਪਤ ਘਟਾਉਣ' ਵਿਸ਼ੇ ਉੱਤੇ ਵਿਸ਼ੇਸ਼ ਸਭਾ ਆਯੋਜਿਤ

ਮੰਡੀ ਗੋਬਿੰਦਗੜ੍ਹ, 20 ਜੁਲਾਈ (ਸੂਦ): ਸੀਬੀਐੱਸਈ ਵੱਲੋਂ ਬੱਚਿਆਂ ਦੀ ਸਿਹਤ ਸੁਰੱਖਿਆ ਲਈ ਚੀਨੀ ਦੀ ਖਪਤ ਘੱਟ ਕਰਨ ਪ੍ਰਤੀ ਜਾਗਰੂਕ ਕਰਨ ਲਈ ਚਲਾਈ ਗਈ ਮੁਹਿੰਮ ਅਧੀਨ ਗੋਬਿੰਦਗੜ੍ਹ ਪਬਲਿਕ ਸਕੂਲ ਵਿੱਚ ਬੱਚਿਆਂ ਵਿੱਚ ਵੱਧ ਰਹੀ ਚੀਨੀ ਦੀ ਖਪਤ ਦੇ ਨੁਕਸਾਨਾਂ ਬਾਰੇ ਜਾਗਰੂਕਤਾ ਫੈਲਾਉਣ ਲਈ ਵਿਸ਼ੇਸ਼ ਸਵੇਰ ਦੀ ਸਭਾ ਕਰਵਾਈ ਗਈ। ਇਸ ਮੌਕੇ ਵਿਦਿਆਰਥੀਆਂ ਵੱਲੋਂ 'ਚੀਨੀ ਘਟਾਓ – ਸਿਹਤ ਵਧਾਓ' ਵਿਸ਼ੇ 'ਤੇ ਨਾਟਕ ਪੇਸ਼ ਕੀਤਾ ਗਿਆ, ਜਿਸ ਵਿੱਚ ਦਿਖਾਇਆ ਗਿਆ ਕਿ ਜ਼ਰੂਰਤ ਤੋਂ ਵੱਧ ਚੀਨੀ ਦੀ ਵਰਤੋਂ ਬੱਚਿਆਂ ਦੀ ਸਿਹਤ ਲਈ ਕਿੰਨੀ ਨੁਕਸਾਨਦਾਇਕ ਹੋ ਸਕਦੀ ਹੈ। ਸਭਾ ਦੌਰਾਨ ਵਿਦਿਆਰਥੀਆਂ ਨੇ ਚੀਨੀ ਦੇ ਨੁਕਸਾਨ, ਸਿਹਤਮੰਦ ਵਿਕਲਪਾਂ ਅਤੇ ਚੀਨੀ ਵਾਲੀਆਂ ਖੁਰਾਕਾਂ ਦੇ ਖਤਰੇ ਬਾਰੇ ਵੀ ਭਾਸ਼ਣ ਦਿੱਤੇ। ਇਸਦੇ ਨਾਲ-ਨਾਲ ਵਿਦਿਆਰਥੀਆਂ ਵੱਲੋਂ ਤਿਆਰ ਕੀਤੇ ਹੋਏ ਜਾਗਰੂਕਤਾ ਪੋਸਟਰ ਵੀ ਸਕੂਲ ਦੇ ਵੱਖ-ਵੱਖ ਸਥਾਨਾਂ 'ਤੇ ਲਗਾਏ ਗਏ ਤਾਂ ਜੋ ਹਰ ਵਿਦਿਆਰਥੀ ਅਤੇ ਅਧਿਆਪਕ ਤਕ ਇਹ ਸੰਦੇਸ਼ ਪਹੁੰਚ ਸਕੇ। ਪ੍ਰਿੰਸੀਪਲ ਡਾ. ਨੀਰੂ ਅਰੋੜਾ ਨੇ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੀਆਂ ਗਤੀਵਿਧੀਆਂ ਵਿਦਿਆਰਥੀਆਂ ਨੂੰ ਸਿੱਖਣ ਦੇ ਨਾਲ-ਨਾਲ ਸਿਹਤਮੰਦ ਜੀਵਨ ਸ਼ੈਲੀ ਵੱਲ ਪ੍ਰੇਰਿਤ ਕਰਦੀਆਂ ਹਨ। ਉਨ੍ਹਾਂ ਕਿਹਾ ਕਿ ਸਾਨੂੰ ਚੀਨੀ ਦੇ ਨਾਲ-ਨਾਲ ਉਨ੍ਹਾਂ ਖਾਣ-ਪੀਣ ਦੀਆਂ ਵਸਤਾਂ ਤੋਂ ਵੀ ਬਚਣਾ ਚਾਹੀਦਾ ਹੈ ਜੋ 'ਐਂਪਟੀ ਕੈਲੋਰੀਜ਼' ਨਾਲ ਭਰੀਆਂ ਹੁੰਦੀਆਂ ਹਨ ਅਤੇ ਜਿਨ੍ਹਾਂ ਵਿੱਚ ਖਜੂਰ ਦੇ ਫਲਾਂ ਤੋਂ ਤਿਆਰ ਕੀਤਾ ਜਾਂਦਾ ਤੇਲ ਵਰਤਿਆ ਜਾਂਦਾ ਹੈ ਜੋ ਕਿ ਸਿਹਤ ਲਈ ਨੁਕਸਾਨਦਾਇਕ ਹੈ। ਉਨ੍ਹਾਂ ਦੱਸਿਆ ਕਿ ਐਂਪਟੀ ਕੈਲੋਰੀਜ਼ ਅਜਿਹੀ ਖੁਰਾਕ ਜਾਂ ਪੀਣ ਵਾਲੀਆਂ ਚੀਜ਼ਾਂ ਹਨ ਜੋ ਸਰੀਰ ਨੂੰ ਸਿਰਫ਼ ਕੈਲੋਰੀਜ਼ ਦਿੰਦੀਆਂ ਹਨ ਪਰ ਪੌਸ਼ਟਿਕ ਤੱਤ ਜਿਵੇਂ ਕਿ ਵਿਟਾਮਿਨ, ਮਿਨਰਲ, ਫਾਈਬਰ ਜਾਂ ਪ੍ਰੋਟੀਨ ਨਹੀਂ ਦਿੰਦੀਆਂ। ਇਸਦੇ ਬਦਲੇ ਸਾਨੂੰ ਆਪਣੇ ਭੋਜਨ ਵਿੱਚ ਐਸੀਆਂ ਚੀਜ਼ਾਂ ਸ਼ਾਮਲ ਕਰਨੀਆਂ ਚਾਹੀਦੀਆਂ ਹਨ ਜੋ ਪੌਸ਼ਟਿਕ ਤੱਤਾਂ ਨਾਲ ਭਰਪੂਰ ਹੋਣ ਜਿਵੇਂ ਕਿ ਤਾਜ਼ਾ ਫ਼ਲ, ਹਰੀਆਂ ਸਬਜ਼ੀਆਂ, ਸੁੱਕੇ ਮੇਵੇ ਤੇ ਦਾਲਾਂ ਆਦਿ।



# ਨਗਰ ਨਿਗਮ ਨੇ ਹਰੇਕ ਵਾਰਡ 'ਚ ਨੋਡਲ ਅਫ਼ਸਰ ਤਾਇਨਾਤ ਕੀਤੇ

ਹੁਸ਼ਿਆਰਪੁਰ, 20 ਜੁਲਾਈ (ਚ.ਨ.ਸ): ਕਮਿਸ਼ਨਰ ਨਗਰ ਨਿਗਮ ਹੁਸ਼ਿਆਰਪੁਰ ਜਯੋਤੀ ਬਾਲਾ ਮੱਟੂ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਥਾਨਕ ਸਰਕਾਰਾਂ ਵਿਭਾਗ, ਪੰਜਾਬ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਆਮ ਪਬਲਿਕ ਨੂੰ ਬੁਨਿਆਦੀ ਸਹੂਲਤਾਂ ਅਤੇ ਉਨ੍ਹਾਂ ਨੂੰ ਪੈਦਾ ਹੋਣ ਵਾਲੀਆਂ ਮੁਸ਼ਕਲਾਂ ਦਾ ਹੱਲ ਕਰਨ ਲਈ ਨਗਰ ਨਿਗਮ ਵੱਲੋਂ ਹਰੇਕ ਵਾਰਡ ਵਿਚ ਨੋਡਲ ਅਫ਼ਸਰ ਤਾਇਨਾਤ ਕੀਤੇ ਗਏ ਹਨ, ਜਿਨ੍ਹਾਂ ਦਾ ਕੰਮ ਲੋਕਾਂ ਦੀਆਂ ਮੁਸ਼ਕਲਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਵਾਉਣਾ ਹੋਵੇਗਾ। ਇਸ ਵਿਚ ਸੰਯੁਕਤ ਕਮਿਸ਼ਨਰ ਨਗਰ ਨਿਗਮ ਨੂੰ ਬਤੌਰ ਅਫ਼ਸਰ ਇੰਚਾਰਜ, ਨਿਗਰਾਨ ਇੰਜੀਨੀਅਰ ਨੂੰ ਬਤੌਰ ਵਾਰਡ ਕੰਟਰੋਲਿੰਗ ਅਫ਼ਸਰ ਅਤੇ ਸੂਬੇਦਾਰ ਗੁਰਮੇਲ ਸਿੰਘ ਨੂੰ ਵਾਰਡ ਕੋਆਰਡੀਨੇਟਰ ਵਜੋਂ ਤਾਇਨਾਤ ਕੀਤਾ ਗਿਆ ਹੈ ਅਤੇ ਵੱਖ- ਵੱਖ ਵਾਰਡਾਂ ਲਈ ਵਾਰਡ ਨੋਡਲ ਅਫਸਰ ਤਾਇਨਾਤ ਕੀਤੇ ਗਏ ਹਨ। ਇਹ ਵਾਰਡ ਨੋਡਲ ਅਫਸਰ ਆਪਣੇ-ਆਪਣੇ ਅਲਾਟ ਕੀਤੇ ਗਏ ਵਾਰਡਾਂ ਦੇ ਓਵਰਆਲ ਇੰਚਾਰਜ ਰਹਿਣਗੇ, ਜਿਸ ਨਾਲ ਇਨ੍ਹਾਂ ਵਾਰਡਾਂ ਵਿਚ ਕਿਸੇ ਵੀ ਤਰ੍ਹਾਂ ਦੀ ਸੀਵਰੇਜ, ਸਫਾਈ, ਸਟ੍ਰੀਟ ਲਾਈਟਾਂ, ਪੀਣ ਵਾਲੇ ਪਾਣੀ, ਸੜਕਾਂ ਆਦਿ ਸਬੰਧੀ ਕਿਸੇ ਵੀ ਤਰ੍ਹਾਂ ਦੀ ਸ਼ਿਕਾਇਤ ਪ੍ਰਾਪਤ ਹੁੰਦੀ ਹੈ, ਤਾਂ ਉਸ ਦਾ ਮੌਕੇ 'ਤੇ ਹੀ ਨਿਪਟਾਰਾ ਕਰਵਾਉਣਗੇ। ਉਨ੍ਹਾਂ ਹੋਰ ਜਾਣਕਾਰੀ ਦਿੰਦਿਆਂ ਦੱਸਿਆ ਕਿ ਨਗਰ ਨਿਗਮ ਵੱਲੋਂ ਪਹਿਲਾਂ ਹੀ ਪਬਲਿਕ ਸਹੂਲਤ ਨੂੰ ਮੁੱਖ ਰੱਖਦੇ ਹੋਏ ਹੈਲਪਲਾਈਨ ਨੰਬਰ 01882-220322 ਅਤੇ ਵੱਟਸਐਪ ਸ਼ਿਕਾਇਤ ਨੰਬਰ 94634-97791 ਜਾਰੀ ਕੀਤੇ ਹੋਏ ਹਨ, ਜਿਸ ਉੱਪਰ ਆਮ ਪਬਲਿਕ ਨਗਰ ਨਿਗਮ ਨਾਲ ਸਬੰਧਤ ਕਿਸੇ ਵੀ ਤਰ੍ਹਾਂ ਦੀ ਸ਼ਿਕਾਇਤ ਦਫ਼ਤਰੀ ਸਮੇਂ ਅੰਦਰ ਦਰਜ ਕਰਵਾ ਸਕਦੇ ਹਨ।

# ਮੋਗਾ 'ਚ ਲਗਾਇਆ ਇਲੈਕਟ੍ਰੋਹੋਮਿਓਪੈਥੀ ਦਾ ਇਕ ਦਿਨਾ ਸੈਮੀਨਾਰ

ਮੋਗਾ, 20 ਜੁਲਾਈ (ਸਰਬਜੀਤ ਰੌਲੀ): ਇਲੈਕਟ੍ਰੋਹੋਮਿਪੈਥਿਕ ਡਾਕਟਰ ਮੈਡੀਕਲ ਐਸੋਸੀਏਸ਼ਨ ਦੀ ਜੁਲਾਈ ਮਹੀਨੇ ਦੀ ਮੀਟਿੰਗ ਚੋਖਾ ਅੰਪਾਇਰ ਮੋਗਾ ਵਿੱਚ ਹੋਈ, ਜਿਸ ਵਿੱਚ ਡਾ. ਸੰਜੀਵ ਸ਼ਰਮਾ (ਚੰਬਾ) ਉਚੇਚੇ ਤੌਰ 'ਤੇ ਪਹੁੰਚੇ। ਉਨ੍ਹਾਂ ਨੇ ਮੀਟਿੰਗ ਦੌਰਾਨ ਇਲੈਕਟਰੋਹੋਮਿਓਪੈਥੀ ਨਾਲ ਸਬੰਧਤ ਦਵਾਈਆਂ ਬਾਰੇ ਜਾਣਕਾਰੀ ਦਿੱਤੀ ਤੇ ਬਿਮਾਰੀ ਨੂੰ ਜਾਂਚ ਕਰਨ ਦੇ ਐਡਵਾਂਸ ਤਰੀਕਿਆਂ ਬਾਰੇ ਦੱਸਿਆ। ਇਸ ਸਮੇਂ ਉਨ੍ਹਾਂ ਨੇ ਇਲੈਕਟ੍ਰੋਹੋਮਿਓਪੈਥੀ ਦਵਾਈਆਂ ਨੂੰ ਬਣਾਉਣ ਦਾ ਸੌਖਾ ਤੇ ਸਰਲ ਤਰੀਕਾ ਦੱਸਿਆ। ਮੀਟਿੰਗ ਦੌਰਾਨ ਉਨ੍ਹਾਂ ਨੇ ਨਬਜ਼ ਦੀ ਜਾਂਚ ਕਰਨ ਟੈਂਪਰਾਮੈਂਟ ਦੀ ਜਾਂਚ ਕਰਨਾ ਤੇ ਹੋਰ ਵੀ ਬਹੁਤ ਸਾਰੇ ਤਰੀਕਿਆਂ ਨਾਲ ਬਿਮਾਰੀਆਂ ਨੂੰ ਜਾਂਚ ਕਰਨ ਦੇ ਤਰੀਕਿਆਂ ਬਾਰੇ ਦੱਸਿਆ। ਇਸ ਸਮੇਂ ਉਨ੍ਹਾਂ ਦੱਸਿਆ ਕਿ ਹਿਮਾਚਲ ਪ੍ਰਦੇਸ਼ ਚੰਬਾ ਵਿਖੇ ਪੰਜ ਰੋਜ਼ਾ ਨੈਸ਼ਨਲ ਸੈਮੀਨਾਰ 14 ਸਤੰਬਰ ਤੋਂ 18 ਸਤੰਬਰ ਤੱਕ ਹੋ ਰਿਹਾ ਹੈ, ਜਿਸ ਦੀ ਰਜਿਸਟ੍ਰੇਸ਼ਨ ਸ਼ੁਰੂ ਹੋ ਗਈ ਹੈ। ਸੈਮੀਨਾਰ ਵਿੱਚ ਵੱਖ ਵੱਖ ਵਿਸ਼ਿਆਂ 'ਤੇ ਲੈਕਚਰ ਤੇ ਦਵਾਈਆਂ ਬਣਾਉਣ ਤੇ ਵਰਤੋਂ ਕਰਨ ਦੀ ਵਿਧੀ ਨੂੰ ਸਮਝਾਇਆ ਜਾਵੇਗਾ। ਇਸ ਮੌਕੇ ਡਾ. ਜਗਤਾਰ ਸਿੰਘ ਸੇਖੋਂ ਨੇ ਕਿਹਾ ਕਿ ਇਲੈਕਟਰੋ ਹੋਮਿਓਪੈਥਿਕ ਵਿਧੀ ਰਾਹੀਂ ਇਲਾਜ ਸੌਖਾ ਤੇ ਸਸਤਾ ਇਲੈਕਟਰੋ ਹੋਮਿਓਪੈਥਿਕ ਵਿਧੀ ਰਾਹੀਂ ਹਜ਼ਾਰਾਂ ਮਰੀਜ਼ਾਂ ਦੀਆਂ ਕੈਂਸਰ ਕਾਲਾ ਪੀਲੀਆ ਤੇ ਥਾਇਰਾਇਡ ਵਰਗੀਆਂ ਖਤਰਨਾਕ ਬਿਮਾਰੀਆਂ ਜੜ ਤੋਂ ਖਤਮ ਹੋਈਆਂ ਹਨ ਤੇ ਮਰੀਜ਼ ਅੱਜ ਬਿਹਤਰ ਜ਼ਿੰਦਗੀ ਜਿਉਂ ਰਹੇ ਹਨ। ਇਸ ਮੌਕੇ 'ਤੇ ਉਹਨਾਂ ਪਬਲਿਕ ਨੂੰ ਅਪੀਲ ਕਰਦਿਆਂ ਕਿਹਾ ਕਿ ਜਿਸ ਤਰ੍ਹਾਂ ਲਗਾਤਾਰ ਅੰਗਰੇਜ਼ੀ ਦਵਾਈਆਂ ਖਾਣ ਨਾਲ ਕਿਡਨੀਆਂ ਤੇ ਲੀਵਰ 'ਤੇ ਮਾੜਾ ਪ੍ਰਭਾਵ ਪੈਂਦਾ ਹੈ ਪਰ ਇਲੈਕਟਰੋ ਹੋਮਿਓਪੈਥਿਕ ਵਿਧੀ ਰਾਹੀਂ ਅਜਿਹਾ ਕੁਝ ਵੀ ਨਹੀਂ ਹੁੰਦਾ ਤੇ ਮਰੀਜ਼ ਲਗਾਤਾਰ ਦਵਾਈ ਖਾ ਕੇ ਭਿਆਨਕ ਬਿਮਾਰੀਆਂ ਤਰ੍ਹਾਂ ਬੱਚ ਜਾਂਦਾ। ਇਸ ਸਮੇਂ ਡਾ. ਸਨਮ ਸ਼ਰਮਾ ਨੇ ਦਵਾਈਆਂ ਦੀ ਸਹੀ ਡੋਜ਼ ਤੇ ਡਲਿਊਸ਼ਨ ਬਾਰੇ ਜਾਣਕਾਰੀ ਦਿੱਤੀ। ਇਸ ਮੀਟਿੰਗ ਦੌਰਾਨ ਡਾ. ਮਨਪ੍ਰੀਤ ਸਿੰਘ ਨੇ ਪੀਲੀਏ ਰੋਗ ਸਬੰਧੀ ਜਾਣਕਾਰੀ ਦਿੱਤੀ। ਚੇਅਰਮੈਨ ਡਾ.ਜਗਤਾਰ ਸਿੰਘ ਸੇਖੋਂ ਨੇ ਨਬਜ਼ ਦੀ ਜਾਂਚ ਸਬੰਧੀ ਚਾਨਣਾ ਪਾਇਆ, ਪ੍ਰਧਾਨ ਡਾ.ਜਗਮੋਹਨ ਸਿੰਘ ਨੇ ਡਾ. ਸੰਜੀਵ ਸ਼ਰਮਾ, ਡਾ. ਸਨਮ ਸ਼ਰਮਾ ਸਮੇਤ ਹੋਰ ਇਸ ਮੀਟਿੰਗ 'ਤੇ ਆਏ ਹੋਏ ਡਾਕਟਰਾਂ ਦਾ ਧੰਨਵਾਦ ਕੀਤਾ। ਸਟੇਜ ਸੈਕਟਰੀ ਦੀ ਭੂਮਿਕਾ ਡਾਕਟਰ ਜਗਜੀਤ ਸਿੰਘ ਗਿੱਲ ਨੇ ਨਿਭਾਈ। ਇਸ ਸਮੇਂ ਮੀਟਿੰਗ ਵਿੱਚ ਡਾ.ਕਮਲਜੀਤ ਕੌਰ ਸੇਖੋਂ, ਡਾ. ਜਸਵਿੰਦਰ ਸਿੰਘ, ਡਾ. ਸ਼ਿੰਦਰ ਸਿੰਘ ਕਲੇਰ, ਡਾ. ਪਰਮਿੰਦਰ ਕੁਮਾਰ, ਡਾ. ਅਵਤਾਰ ਸਿੰਘ ਦੇਵਗਨ, ਡਾ. ਸਰਬਜੀਤ ਸਿੰਘ, ਡਾ. ਸੰਤੋਖ ਸਿੰਘ, ਡਾ. ਸ਼ਮਸ਼ੇਰ ਸਿੰਘ, ਡਾ. ਵਰਿੰਦਰ ਸਿੰਘ, ਡਾ. ਰੋਬਿਨ ਅਰੋੜਾ, ਡਾ. ਹਰਦੇਵ ਸਿੰਘ ਸੈਣੀ, ਡਾ. ਐਸ ਕੇ ਕਟਾਰੀਆ, ਡਾ. ਲਵਪ੍ਰੀਤ ਸਿੰਘ, ਡਾ. ਜਸਵੀਰ ਕਟਾਰੀਆ, ਡਾ. ਕੁਲਦੀਪ ਕੌਰ, ਡਾ. ਅੰਮ੍ਰਿਤਪਾਲ ਸਿੰਘ, ਡਾ. ਸਵਿਤਾ ਯਾਦਵ, ਡਾ. ਰਾਜਵੀਰ ਸ਼ਰਮਾ, ਡਾ. ਨਰਿੰਦਰ ਸਿੰਘ, ਡਾ. ਨਵਦੀਪ ਸਿੰਘ, ਡਾ. ਲਖਵੀਰ ਕੌਰ, ਡਾ. ਕਿਰਨਪਾਲ, ਡਾ. ਜਗਦੀਪ ਸਿੰਘ ਘਾਲੀ, ਡਾ. ਸੰਜੀਵ ਜੁਨੇਜਾ ਆਦਿ ਹਾਜ਼ਰ ਸਨ।



# ਟ੍ਰਿਬਿਊਨ ਟਰੱਸਟ ਦੀ ਮੈਨੇਜਮੈਂਟ ਨੇ ਸ਼੍ਰੋਮਣੀ ਪੱਤਰਕਾਰ ਭੂਸ਼ਨ ਸੂਦ ਤੇ ਡਾ. ਹਿਮਾਂਸ਼ੂ ਸੂਦ ਦਾ ਕੀਤਾ ਸਨਮਾਨ

ਅਮਲੋਹ, 20 ਜੁਲਾਈ (ਜਸਵੰਤ ਸਿੰਘ): ਟ੍ਰਿਬਿਊਨ ਟਰੱਸਟ ਦੀ ਮੈਨੇਜਮੈਂਟ ਵੱਲੋਂ ਸ਼੍ਰੋਮਣੀ ਅਤੇ ਵੈਟਰਨ ਪੱਤਰਕਾਰ ਭੂਸ਼ਨ ਸੂਦ ਅਤੇ ਜ਼ਿਲ੍ਹਾ ਫ਼ਤਹਿਗੜ੍ਹ ਸਾਹਿਬ ਦੇ ਪੱਤਰਕਾਰ ਡਾ. ਹਿਮਾਂਸ਼ੂ ਸੂਦ ਦਾ ਵਿਸ਼ੇਸ਼ ਤੌਰ 'ਤੇ ਪ੍ਰੈਸ ਕਲੱਬ ਚੰਡੀਗੜ੍ਹ ਵਿਚ ਸਮਾਗਮ ਕਰਕੇ ਸਨਮਾਨ ਕੀਤਾ ਅਤੇ ਲੰਬੇ ਸਮੇਂ ਤੋਂ ਪੱਤਰਕਾਰੀ ਦੇ ਖੇਤਰ ਵਿਚ ਇਮਾਨਦਾਰੀ ਢੰਗ ਨਾਲ ਵਧੀਆ ਸੇਵਾਵਾਂ ਕਰਨ ਬਦਲੇ ਇਹ ਸਨਮਾਨ ਟ੍ਰਿਬਿਊਨ ਟਰੱਸਟ ਦੇ ਜਨਰਲ ਮੈਨੇਜਰ ਅਮਿਤ ਸ਼ਰਮਾ ਅਤੇ ਪੰਜਾਬੀ ਟ੍ਰਿਬਿਊਨ ਦੀ ਸੰਪਾਦਕ ਅਰਵਿੰਦਰ ਪਾਲ ਕੌਰ ਵੱਲੋਂ ਦਿੱਤਾ ਗਿਆ। ਉਨ੍ਹਾਂ ਖੁਸ਼ੀ ਪ੍ਰਗਟ ਕੀਤੀ ਕਿ ਸੂਦ ਪ੍ਰੀਵਾਰ ਦੀ ਤੀਸਰੀ ਪੀੜ੍ਹੀ ਅਦਾਰੇ ਲਈ ਲਗਾਤਾਰ ਇਮਾਨਦਾਰੀ ਨਾਲ ਸ਼ਾਨਦਾਰ ਸੇਵਾ ਨਿਭਾ ਰਹੀ ਹੈ। ਇਸ ਮੌਕੇ ਟ੍ਰਿਬਿਊਨ ਟਰੱਸਟ ਦੇ ਵੱਖ-ਵੱਖ ਅਧਿਕਾਰੀ ਵੀ ਹਾਜ਼ਰ ਸਨ।



# ਪੰਜਾਬ ਸਰਕਾਰ ਨੇ ਨਸ਼ਿਆਂ ਨੂੰ ਜੜ੍ਹੋਂ ਖ਼ਤਮ ਕਰਨ ਦਾ ਕੀਤਾ ਤਹੱਈਆ: ਬਲਬੀਰ ਸਿੰਘ ਪੰਨੂੰ




ਫਤਹਿਗੜ੍ਹ ਚੂੜੀਆਂ, 20 ਜੁਲਾਈ (ਰਾਜਨ ਸ਼ਰਮਾ): ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਸੂਬੇ ਵਿੱਚ ਵੱਡੇ ਪੱਧਰ 'ਤੇ ਅਭਿਆਨ ਚਲਾਇਆ ਜਾ ਰਿਹਾ ਹੈ, ਜਿਸ ਤਹਿਤ ਸ਼ਹਿਰ ਫਤਹਿਗੜ੍ਹ ਚੂੜੀਆਂ ਵਾਰਡ ਨੰਬਰ 3, ਵਾਰਡ ਨੰਬਰ 4 ਵਿਖੇ ਯੁੱਧ ਨਸ਼ਿਆਂ ਵਿਰੁੱਧ ਤਹਿਤ ਹੋਈ ਇਕੱਤਰਤਾ ਦੌਰਾਨ ਹਲਕਾ ਇੰਚਾਰਜ ਬਲਬੀਰ ਸਿੰਘ ਪੰਨੂੰ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਉਨ੍ਹਾਂ ਸ਼ਹਿਰ ਵਾਸੀਆਂ ਨੂੰ ਨਸ਼ੇ ਵਿਰੁੱਧ ਇੱਕਜੁੱਟ ਹੋ ਕੇ ਲੜਾਈ ਲੜਨ ਲਈ ਸਹੁੰ ਚੁਕਾਈ ਤਾਂ ਜੋ ਪੰਜਾਬ ਦੀ ਜਵਾਨੀ ਨੂੰ ਨਸ਼ਿਆਂ ਦੀ ਦਲਦਲ ਵਿੱਚੋਂ ਬਾਹਰ ਕੱਢਿਆ ਜਾ ਸਕੇ। ਇਸ ਮੌਕੇ ਉਨ੍ਹਾਂ ਲੋਕਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਨੂੰ ਖ਼ਤਮ ਕਰਨ ਦੀ ਤਹੱਈਆ ਕੀਤਾ ਹੈ ਤੇ ਨਸ਼ਾ ਤਸਕਰਾਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ। ਨਸ਼ਾ ਤਸਕਰਾਂ ਦੀਆਂ ਨਾਜਾਇਜ਼ ਉਸਾਰੀਆਂ ਨੂੰ ਢਾਹਿਆ ਜਾ ਰਿਹਾ ਹੈ ਤੇ ਨਸ਼ਾ ਪੀੜਤਾਂ ਦਾ ਨਸ਼ਾ ਛੁਡਾਊ ਕੇਂਦਰਾਂ ਵਿੱਚ ਮੁਫ਼ਤ ਇਲਾਜ ਕਰਵਾਇਆ ਜਾ ਰਿਹਾ ਹੈ। ਇਸ ਮੌਕੇ ਬਾਬਾ ਮਿੱਠੂ ਸ਼ਾਹ, ਰਾਹੁਲ ਕੁਮਾਰ, ਰਮੇਸ਼ ਕੁਮਾਰ, ਸ਼ੈਰੀ ਪ੍ਰਧਾਨ ਤੇਜਵਿੰਦਰ ਸਿੰਘ, ਨਵੀਸ਼ ਨੰਦਾ, ਡਾ. ਮੰਗਲ ਸਿੰਘ, ਅਦੇਸ਼ਪਾਲ ਸਿੰਘ, ਦੀਪਕ ਕੁਮਾਰ, ਕੁਲਦੀਪ ਸਿੰਘ, ਕੇਵਲ ਮਸੀਹ, ਮੁਖਵਿੰਦਰ ਸਿੰਘ, ਸਰਬਜੀਤ ਸਿੰਘ, ਗੁਰਮੀਤ ਸਿੰਘ, ਸਤਨਾਮ ਸਿੰਘ ਗਿੱਲ, ਰਾਮ ਸਿੰਘ, ਮਾਧਵ ਬੇਦੀ ਬਵਰਲਾਲ ਰੱਬ ਜੋਤ ਸਿੰਘ, ਹਰਮਨਪ੍ਰੀਤ ਸਿੰਘ, ਦਰਸ਼ਨ ਸਿੰਘ, ਸਾਹਿਲਪ੍ਰੀਤ ਸਿੰਘ, ਜੇਮਸ ਮਸੀਹ, ਬਲਵੀਰ ਸਿੰਘ, ਬਲਾਕ ਪ੍ਰਧਾਨ ਸ਼ਮਸ਼ੇਰ ਸਿੰਘ ਬਲਾਕ ਪ੍ਰਧਾਨ ਮਲਜਿੰਦਰ ਸਿੰਘ ਬਲਾਕ ਪ੍ਰਧਾਨ ਹਰਦੀਪ ਸਿੰਘ ਬਲਾਕ ਪ੍ਰਧਾਨ ਜਗਜੀਤ ਸਿੰਘ ਸਰਪੰਚ ਹਰਦੀਪ ਸਿੰਘ ਸਰਪੰਚ ਕਰਮਜੀਤ ਸਿੰਘ ਗਗਨਦੀਪ ਸਿੰਘ ਕੋਟਲਾ ਬਾਮਾ ਰਘਬੀਰ ਸਿੰਘ ਅਠਵਾਲ ਸਰਪੰਚ ਗੁਰਬਿੰਦਰ ਸਿੰਘ ਕਾਦੀਆਂ ਸਰਪੰਚ ਕਰਨ ਬਾਠ ਵਾਈਸ ਕੋਆਰਡੀਨੇਟਰ ਗੁਰਪ੍ਰਤਾਪ ਸਿੰਘ ਆਦਿ ਹਾਜ਼ਰ ਸਨ।

# ਲੋਕਾਂ ਦਾ ਕੋਈ ਵੀ ਕੰਮ ਰੁਕਣ ਨਹੀਂ ਦਿੱਤਾ ਜਾਵੇਗਾ: ਦਲਜੀਤ ਸਿੰਘ ਲੱਕੀ



ਬਟਾਲਾ, 20 ਜੁਲਾਈ (ਸੁਖਦੇਵ ਸਿੰਘ ਰੰਧਾਵਾ/ਬਲਬੀਰ ਸੋਹਲ): ਪਿੰਡ ਅਲੀਵਾਲ ਜੱਟਾਂ ਹਲਕਾ ਫਤਹਿਗੜ੍ਹ ਚੂੜੀਆਂ ਤੋਂ ਟਕਸਾਲੀ ਵਰਕਰ ਜਰਮਨਜੀਤ ਸਿੰਘ ਆਪਣੀ ਪੂਰੀ ਟੀਮ ਸਮੇਤ ਹਲਕਾ ਇੰਚਾਰਜ ਫਤਹਿਗੜ੍ਹ ਚੂੜੀਆਂ ਸੰਗਠਨ ਦਲਜੀਤ ਸਿੰਘ ਲੱਕੀ ਮੀਤ ਪ੍ਰਧਾਨ ਜ਼ਿਲ੍ਹਾ ਗੁਰਦਾਸਪੁਰ ਨੂੰ ਮਿਲਣ ਪਹੁੰਚੇ। ਦਲਜੀਤ ਸਿੰਘ ਲੱਕੀ ਨੇ ਭਰੋਸਾ ਦਿਵਾਇਆ ਕਿ ਆਮ ਆਦਮੀ ਪਾਰਟੀ ਜਦੋਂ ਦੀ ਹੋਂਦ ਵਿੱਚ ਆਈ ਹੈ, ਉਸ ਦਿਨ ਤੋਂ ਹੀ ਲੋਕਾਂ ਨਾਲ ਤਾਲਮੇਲ ਬਣਾਇਆ ਹੋਇਆ ਹੈ, ਉਸ ਸਮੇਂ ਤੋਂ ਹੀ ਪਿੰਡਾਂ ਦਾ ਸਰਬਪੱਖੀ ਵਿਕਾਸ ਹੋ ਰਿਹਾ ਹੈ ਤੇ ਲੋਕਾਂ ਦਾ ਕੋਈ ਵੀ ਕੰਮ ਰੁਕਣ ਨਹੀਂ ਦਿੱਤਾ ਜਾਵੇਗਾ ਤੇ ਪਾਰਟੀ ਦੀ ਹੋਰ ਮਜ਼ਬੂਤੀ ਲਈ ਦਿਨ ਰਾਤ ਮਿਹਨਤ ਕਰਨ ਲਈ ਲਾਮਬੰਦ ਕੀਤਾ ਹੈ। ਇਸ ਮੌਕੇ 'ਤੇ ਵਸਣ ਸਿੰਘ, ਕੁਲਦੀਪ ਸਿੰਘ, ਗਗਨ, ਬਲਜੀਤ ਸਿੰਘ, ਸੇਵਾ ਸਿੰਘ, ਹਰਜਿੰਦਰ ਸਿੰਘ, ਅਮਰੀਕ ਸਿੰਘ, ਜਸਪਾਲ ਸਿੰਘ ਰੰਧਾਵਾ ਲੰਗਰਵਾਲ, ਗੋਲਡੀ ਤੇਜਾ ਜ਼ਿਲ੍ਹਾ ਜੁਆਇੰਟ ਸੈਕਟਰੀ, ਹਰਦੀਪ ਸਿੰਘ ਸਰਪੰਚ ਬਲੋਵਾਲ, ਲਵਦੀਪ ਸਰਪੰਚ, ਰਾਣਾ ਸੁੰਡਲ ਲਖਵਿੰਦਰ ਨਾਸਰਕੇ, ਸਰਵਣ ਸਿੰਘ ਤਲਵੰਡੀ ਭਰਥ, ਗੁਰਦਰਸ਼ਨ ਕੈਰੋਂ, ਗੁਰਪ੍ਰੀਤ ਕਾਦੀਆਂ, ਓਂਕਾਰ ਪਾਰੋਵਾਲ ਜਰਮਨਜੀਤ ਸਿੰਘ, ਡਾ. ਸਾਬੀ ਛਿਛਰੇਵਾਲ, ਅਵਤਾਰ ਲਾਲੇ ਨੰਗਲ, ਸਤਨਾਮ ਸਿੰਘ ਫਤਹਿਗੜ੍ਹ ਚੂੜੀਆਂ, ਬੱਲੂ ਫਤਹਿਗੜ੍ਹ ਚੂੜੀਆਂ, ਜਸਵੰਤ ਰਾਏ ਆਦਿ ਹਾਜ਼ਰ ਸਨ।

# ਵਿਧਾਇਕ ਰੰਧਾਵਾ ਨੇ ਪਿੰਡ ਉਦੋਵਾਲੀ ਕਲਾਂ 'ਚ ਨਸ਼ਾ ਮੁਕਤੀ ਯਾਤਰਾ ਦੌਰਾਨ ਲੋਕਾਂ ਨੂੰ ਨਸ਼ਿਆਂ ਵਿਰੁੱਧ ਲਾਮਬੰਦ ਕੀਤਾ



ਡੇਰਾ ਬਾਬਾ ਨਾਨਕ/ਗੁਰਦਾਸਪੁਰ, 20 ਜੁਲਾਈ (ਹੈਪੀ ਕੋਟਲੀ): ਪੰਜਾਬ ਨੂੰ ਨਸ਼ਾ ਮੁਕਤ ਕਰਕੇ ਸਿਹਤਮੰਦ ਤੇ ਰੰਗਲਾ ਪੰਜਾਬ ਬਣਾਉਣ ਲਈ ਵਿੱਢੀ ਗਈ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਨੂੰ ਸਫਲ ਬਣਾਉਣ ਲਈ ਲੋਕਾਂ ਦਾ ਪੂਰਨ ਸਹਿਯੋਗ ਮਿਲ ਰਿਹਾ ਹੈ। ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਤਹਿਤ ਨਸ਼ਾ ਮੁਕਤੀ ਯਾਤਰਾਵਾਂ ਦਾ ਸਿਲਸਿਲਾ ਲਗਾਤਾਰ ਜਾਰੀ ਹੈ ਤੇ ਇਸ ਮੁਹਿੰਮ ਨੂੰ ਲੋਕਾਂ ਦੇ ਸਹਿਯੋਗ ਨਾਲ ਭਰਪੂਰ ਸਫਲਤਾ ਮਿਲ ਰਹੀ ਹੈ। ਨਸ਼ਾ ਮੁਕਤੀ ਯਾਤਰਾ ਤਹਿਤ ਨਸ਼ਾ ਤਸਕਰਾਂ ਵਿਰੁੱਧ ਸਖ਼ਤ ਕਾਰਵਾਈ ਦੇ ਨਾਲ-ਨਾਲ ਨਸ਼ਿਆਂ ਦੀ ਆਦਤ ਤੋਂ ਪੀੜਤ ਮਰੀਜ਼ਾਂ ਦਾ ਸਹੀ ਇਲਾਜ ਵੀ ਯਕੀਨੀ ਬਣਾਇਆ ਜਾ ਰਿਹਾ ਹੈ। ਇਹ ਪ੍ਰਗਟਾਵਾ ਡੇਰਾ ਬਾਬਾ ਨਾਨਕ ਦੇ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਬੀਤੀ ਸ਼ਾਮ ਨਸ਼ਾ ਮੁਕਤੀ ਯਾਤਰਾ ਮੌਕੇ ਹਲਕੇ ਦੇ ਪਿੰਡ ਉਦੋਵਾਲੀ ਕਲਾਂ ਵਿਖੇ ਕਰਵਾਏ ਗਏ ਜਨਤਕ ਇਕੱਠ ਨੂੰ ਸੰਬੋਧਨ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਨਸ਼ਾ ਇੱਕ ਸਮਾਜਿਕ ਬੁਰਾਈ ਹੈ ਤੇ ਇਸ ਬੁਰਾਈ ਦੇ ਖਾਤਮੇ ਲਈ ਸਮਾਜ ਦੇ ਹਰ ਵਰਗ ਨੂੰ ਆਪਣਾ ਸਹਿਯੋਗ ਦੇਣ ਚਾਹੀਦਾ ਹੈ। ਇਸ ਮੌਕੇ ਉਨ੍ਹਾਂ ਪਿੰਡ ਵਾਸੀਆਂ, ਖ਼ਾਸਕਰ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਨਸ਼ਿਆਂ ਤੋਂ ਦੂਰ ਰਹਿਣ ਤੇ ਸਮਾਜ ਨੂੰ ਵੀ ਇਸ ਬੁਰਾਈ ਤੋਂ ਮੁਕਤ ਕਰਵਾਉਣ ਵਿੱਚ ਸਰਗਰਮ ਭੂਮਿਕਾ ਨਿਭਾਉਣ, ਤਾਂ ਜੋ ਇਸ ਮੁਹਿੰਮ ਨੂੰ ਸਫਲ ਬਣਾਇਆ ਜਾ ਸਕੇ। ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਆਵਾਮ ਨੂੰ ਇਹ ਵੀ ਅਪੀਲ ਕੀਤੀ ਕਿ ਕਿਸੇ ਵੀ ਨਸ਼ਾ ਤਸਕਰ ਦਾ ਸਾਥ ਨਾ ਦਿੱਤਾ ਜਾਵੇ ਤੇ ਜੇਕਰ ਇਸ ਤਰ੍ਹਾਂ ਦਾ ਕੋਈ ਵੀ ਅਜਿਹਾ ਕੇਸ ਸਾਹਮਣੇ ਆਉਂਦਾ ਹੈ ਤਾਂ ਉਸ ਦੀ ਸੂਚਨਾ ਤੁਰੰਤ ਪੁਲਿਸ ਨੂੰ ਦਿੱਤੀ ਜਾਵੇ। ਉਨ੍ਹਾਂ ਪਿੰਡਾਂ ਦੀਆਂ ਪੰਚਾਇਤਾਂ ਨੂੰ ਵੀ ਅਪੀਲ ਕੀਤੀ ਕਿ ਨਸ਼ਿਆਂ ਦੇ ਆਦੀ ਵਿਅਕਤੀਆਂ ਦਾ ਨਸ਼ਾ ਛੁਡਵਾਉਣ ਲਈ ਉਨ੍ਹਾਂ ਨੂੰ ਸਰਕਾਰੀ ਨਸ਼ਾ ਛੁਡਾਊ ਕੇਂਦਰਾਂ ਵਿੱਚ ਦਾਖਲ ਕਰਵਾਇਆ ਜਾਵੇ। ਇਸ ਮੌਕੇ ਉਨ੍ਹਾਂ ਲੋਕਾਂ ਨੂੰ ਨਸ਼ਿਆਂ ਵਿਰੁੱਧ ਸਹੁੰ ਵੀ ਚੁਕਵਾਈ। ਇਸ ਮੌਕੇ ਉਨ੍ਹਾਂ ਨਾਲ ਡੀ.ਐੱਸ.ਪੀ. ਡੇਰਾ ਬਾਬਾ ਨਾਨਕ ਜੋਗਾ ਸਿੰਘ ਤੋਂ ਇਲਾਵਾ ਹੋਰ ਅਧਿਕਾਰੀ ਤੇ ਇਲਾਕੇ ਦੇ ਪੰਚ-ਸਰਪੰਚ ਤੇ ਮੋਹਤਬਰ ਵੀ ਹਾਜ਼ਰ ਸਨ।

# ਅਕਾਲੀ ਦਲ ਵਾਰਿਸ ਪੰਜਾਬ ਆਗੂ ਤੇ ਗੁਰਦੁਆਰਾ ਪ੍ਰਬੰਧਕ ਆਪਸ 'ਚ ਉਲਝੇ



ਧਾਰੀਵਾਲ, 20 ਜੁਲਾਈ (ਅਸ਼ੋਕ ਕੁਮਾਰ): ਅਕਾਲੀ ਦਲ ਵਾਰਿਸ ਪੰਜਾਬ ਦੇ ਆਗੂਆਂ ਤੇ ਗੁਰਦੁਆਰਾ ਸ੍ਰੀ ਬੁਰਜ ਸਾਹਿਬ ਧਾਰੀਵਾਲ ਦੇ ਪ੍ਰਬੰਧਕਾਂ ਦਰਮਿਆਨ ਉਸ ਵੇਲੇ ਵਿਵਾਦ ਖੜ੍ਹਾ ਹੋ ਗਿਆ, ਜਦ ਅਕਾਲੀ ਦਲ ਵਾਰਿਸ ਪੰਜਾਬ ਦੇ ਆਗੂਆਂ ਜਤਿੰਦਰ ਸਿੰਘ ਗੋਰਾ ਸੋਹਲ, ਸਤਿੰਦਰ ਸਿੰਘ ਪਠਾਨਕੋਟ, ਗੁਰਕਿਰਤਨ ਸਿੰਘ ਨਵਾਂ ਪਿੰਡ ਹੁੰਦਲ, ਮੇਜਰ ਸਿੰਘ ਜਫਰਵਾਲ, ਕੈਪਟਨ ਕੁਲਦੀਪ ਸਿੰਘ ਕੋਟ ਸੰਤੋਖ ਰਾਏ, ਦਲਬੀਰ ਸਿੰਘ ਚਾਹਲ, ਗੁਰਪ੍ਰੀਤ ਸਿੰਘ ਧਾਰੀਵਾਲ ਸਮੇਤ ਸਮੁੱਚੀ ਟੀਮ ਵੱਲੋਂ ਸ਼ਾਂਤ-ਮਈ ਢੰਗ ਨਾਲ ਸਥਾਨਕ ਗੁਰਦੁਆਰਾ ਸਾਹਿਬ ਦੇ ਬਾਹਰ ਕੈਂਪ ਲਗਾ ਕੇ ਨੌਜਵਾਨਾਂ ਨੂੰ ਨਸ਼ਾ ਤਿਆਗ ਕੇ ਗੁਰੂ ਵਾਲੇ ਬਣਨ ਲਈ ਪ੍ਰੇਰਿਤ ਕੀਤਾ ਜਾ ਰਿਹਾ ਸੀ ਤੇ ਅਕਾਲੀ ਦਲ ਵਾਰਿਸ ਪੰਜਾਬ ਦੀ ਮੈਂਬਰਸ਼ਿਪ ਭਰਤੀ ਕਰਨ ਸਮੇਤ 9 ਅਗਸਤ ਨੂੰ ਬਾਬਾ ਬਕਾਲਾ ਵਿਖੇ ਹੋ ਰਹੀ ਪੰਥਕ ਕਾਨਫਰੰਸ ਤੇ ਬੰਦੀ ਸਿੰਘਾਂ ਦੀ ਰਿਹਾਈ ਕਰਵਾਉਣ ਸਬੰਧੀ ਜਾਗਰੂਕ ਕੀਤਾ ਜਾ ਰਿਹਾ ਸੀ, ਜਦ ਕਿ ਗੁਰਦੁਆਰਾ ਸ੍ਰੀ ਬੁਰਜ ਸਾਹਿਬ ਧਾਰੀਵਾਲ ਦੇ ਮੈਨੇਜਰ ਰਣਜੀਤ ਸਿੰਘ ਕਲਿਆਣਪੁਰ ਸਮੇਤ ਗੁਰਦੁਆਰਾ ਸਾਹਿਬ ਦੇ ਸੇਵਾਦਾਰਾਂ ਤੇ ਪ੍ਰਚਾਰਕਾਂ ਵੱਲੋਂ ਸਾਡੇ ਨਾਲ ਦੁਰ-ਵਿਹਾਰ ਕਰਦੇ ਹੋਏ ਸਾਡੇ ਟੇਬਲ ਤੇ ਕੁਰਸੀ ਆਦਿ ਚੁੱਕ ਕੇ ਲੈ ਗਏ ਤੇ ਮੰਦੀ ਸ਼ਬਦਾਵਲੀ ਦੀ ਵਰਤੋਂ ਕੀਤੀ ਤੇ ਆਖਿਆ ਕਿ ਤੁਸੀਂ ਵੱਡੇ ਕੌਮ ਦੇ ਠੇਕੇਦਾਰ ਬਣੇ ਹੋ। ਇਸ ਸਬੰਧੀ ਜਦ ਗੁਰਦੁਆਰਾ ਸ੍ਰੀ ਬੁਰਜ ਸਾਹਿਬ ਦੇ ਮੈਨੇਜਰ ਰਣਜੀਤ ਸਿੰਘ ਕਲਿਆਣਪੁਰ ਨਾਲ ਗੱਲ ਕੀਤੀ ਤਾਂ ਉਨ੍ਹਾਂ ਕਿਹਾ ਕਿ ਗੁਰਦੁਆਰਾ ਵਿਖੇ ਕੇਵਲ ਧਾਰਮਿਕ ਸਮਾਗਮ ਸਬੰਧੀ ਕੈਂਪ ਲਗਾਏ ਜਾ ਸਕਦੇ ਹਨ, ਜਦਕਿ ਸਿਆਸੀ ਪਾਰਟੀਆਂ ਨੂੰ ਗੁਰਦੁਆਰਾ ਸਾਹਿਬ ਵਿਖੇ ਸਿਆਸਤ ਨਹੀਂ ਕਰਨ ਦਿੱਤੀ ਜਾਵੇਗੀ।

# ਪੰਜਾਬ ਸਰਕਾਰ ਵੱਲੋਂ ਨਸ਼ਿਆਂ ਖ਼ਿਲਾਫ਼ ਸ਼ੁਰੂ ਕੀਤੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦੇ ਸਾਰਥਕ ਨਤੀਜੇ ਆਉਣੇ ਸ਼ੁਰੂ: ਵਿਧਾਇਕ ਅਮਰਪਾਲ ਸਿੰਘ



ਸ੍ਰੀ ਹਰਗੋਬਿੰਦਪੁਰ ਸਾਹਿਬ/ਘੁਮਾਣ, 20 ਜੁਲਾਈ (ਡਾ. ਨਰਿੰਦਰ ਸਿੰਘ ਘੁਮਾਣ/ਜਗੀਰ ਸਿੰਘ ਮੰਡ): ਵਿਧਾਨ ਸਭਾ ਹਲਕਾ ਸ੍ਰੀ ਹਰਗੋਬਿੰਦਪੁਰ ਸਾਹਿਬ ਦੇ ਵਿਧਾਇਕ ਐਡਵੋਕੇਟ ਅਮਰਪਾਲ ਸਿੰਘ ਵੱਲੋਂ ਪਿੰਡ ਬਹਾਦੁਰਪੁਰ ਹੁਸੈਨ ਵਿਖੇ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਚਲਾਈ ਜਾ ਰਹੀ ਮੁਹਿੰਮ ਦੇ ਦੂਜੇ ਪੜਾਅ ਤਹਿਤ ਲੋਕਾਂ ਨੂੰ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਦੇ ਖਾਤਮੇ ਲਈ ਸ਼ੁਰੂ ਕੀਤੀ ਗਈ 'ਨਸ਼ਾ ਮੁਕਤੀ ਯਾਤਰਾ' ਮੁਹਿੰਮ ਨਾਲ ਜੁੜ ਕੇ ਇਸ ਨੂੰ ਇਕ ਲੋਕ ਲਹਿਰ ਬਣਾਉਣ ਦਾ ਸੱਦਾ ਦਿੱਤਾ ਗਿਆ। 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਕਰਵਾਏ ਗਏ ਪ੍ਰਭਾਵਸ਼ਾਲੀ ਸਮਾਗਮ ਨੂੰ ਸੰਬੋਧਨ ਕਰਦਿਆਂ ਵਿਧਾਇਕ ਐਡਵੋਕੇਟ ਅਮਰਪਾਲ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਸੂਬਾ ਸਰਕਾਰ ਵੱਲੋਂ ਨਸ਼ਿਆਂ ਦੇ ਖਾਤਮੇ ਲਈ ਸੰਜੀਦਾ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਖਿਲਾਫ਼ ਸ਼ੁਰੂ ਕੀਤੀ ਗਈ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦੇ ਸਾਰਥਕ ਨਤੀਜੇ ਆਉਣੇ ਸ਼ੁਰੂ ਹੋ ਗਏ ਹਨ। ਉਨ੍ਹਾਂ ਕਿਹਾ ਕਿ ਅੱਜ ਪੰਜਾਬ ਸਰਕਾਰ ਦੀ ਸਖ਼ਤੀ ਕਰਕੇ ਨਸ਼ਾ ਤਸਕਰ ਜਾਂ ਤਾਂ ਪੰਜਾਬ ਛੱਡ ਕੇ ਭੱਜ ਗਏ ਹਨ ਜਾਂ ਫਿਰ ਸਲਾਖਾਂ ਦੇ ਪਿਛੇ ਹਨ। ਉਨ੍ਹਾਂ ਲੋਕਾਂ ਨੂੰ ਸੱਦਾ ਦਿੱਤਾ ਕਿ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਨੂੰ ਜੜ੍ਹ ਤੋਂ ਖ਼ਤਮ ਕਰਨ ਲਈ ਸ਼ੁਰੂ ਕੀਤੀ ਗਈ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਨੂੰ ਸਫ਼ਲ ਬਣਾਉਣ ਵਿੱਚ ਵੱਡਮੁੱਲਾ ਯੋਗਦਾਨ ਪਾਇਆ ਜਾਵੇ। ਇਸ ਮੌਕੇ ਅਮਰੀਕ ਸਿੰਘ ਗੋਲਡੀ, ਸਰਪੰਚ ਦਿਲਬਾਗ ਸਿੰਘ, ਮਨਜੀਤ ਸਿੰਘ ਹਰਦਾਨ, ਪੀ.ਏ. ਸੁਖਦੇਵ ਸਿੰਘ ਰੋਮੀ, ਪੀ.ਏ. ਰਾਜੂ ਭਿੰਡਰ, ਸਰਪੰਚ ਸੁਖਰਾਜ ਸਿੰਘ ਕਾਹਲੋਂ, ਸਰਪੰਚ ਗੁਰਮੀਤ ਸਿੰਘ ਪੰਨੂੰ, ਸੀਨੀਅਰ ਆਗੂ ਸਿਕੰਦਰ ਸਿੰਘ ਕਰਨਾਮਾ, ਸੋਸ਼ਲ ਮੀਡੀਆ ਇੰਚਾਰਜ ਮੁਖਤਾਰ ਸਿੰਘ ਬੋਹਜਾ, ਸਰਪੰਚ ਨਿਸ਼ਾਨ ਸਿੰਘ ਮੱਲ੍ਹੀ, ਸਰਪੰਚ ਬਲਜੀਤ ਸਿੰਘ ਪੇਜੋਚੱਕ, ਸਰਪੰਚ ਨਿਸ਼ਾਨ ਸਿੰਘ ਪਾਰਸ, ਸੋਸ਼ਲ ਮੀਡੀਆ ਇੰਚਾਰਜ ਸੁਖਦੇਵ ਸਿੰਘ ਸੱਖੋਵਾਲ, ਸਾਬਕਾ ਸਰਪੰਚ ਨਰਿੰਦਰ ਨਿੰਦੀ ਘੁਮਾਣ, ਐਕਸ ਚੇਅਰਮੈਨ ਕੁਲਵੰਤ ਬੀਰ ਘੁਮਾਣ, ਜ਼ਿਲ੍ਹਾ ਸੋਸ਼ਲ ਮੀਡੀਆ ਇੰਚਾਰਜ ਪਰਮਬੀਰ ਰਾਣਾ, ਜ਼ਿਲ੍ਹਾ ਸੈਕਟਰੀ ਸੋਸ਼ਲ ਮੀਡੀਆ ਜੋਨੀ ਘੁਮਾਣ, ਸੋਸ਼ਲ ਮੀਡੀਆ ਇੰਚਾਰਜ ਸੂਬੇਦਾਰ ਨਰਿੰਦਰ ਸਿੰਘ ਰੰਗੜ-ਨੰਗਲ, ਬਲਾਕ ਪ੍ਰਧਾਨ ਨਰਿੰਦਰ ਸਿੰਘ ਰੰਧਾਵਾ, ਸਰਪੰਚ ਲਾਡੀ ਨੂਰਪੁਰ, ਸਰਪੰਚ ਗੁਰਮੀਤ ਸਿੰਘ ਚੋਲਚੱਕ ਤੇ ਮਾਸਟਰ ਸੁਖਦੇਵ ਸਿੰਘ, ਗੁਰਪਾਲ ਸਿੰਘ ਕਾਕਾ ਉਧਨਵਾਲ ਹਾਜ਼ਰ ਸਨ।

# ਵਿਧਾਨ ਸਭਾ ਹਲਕਾ ਗੁਰਦਾਸਪੁਰ ਦੇ 31 ਪਿੰਡਾਂ ਦੇ 43 ਪੰਚ ਸਰਬਸੰਮਤੀ ਨਾਲ ਚੁਣੇ

## ☛ ਚੇਅਰਮੈਨ ਰਮਨ ਬਹਿਲ ਨੇ ਸਰਬਸੰਮਤੀ ਨਾਲ ਚੁਣੇ ਪੰਚਾਂ ਨੂੰ ਵਧਾਈ ਦਿੱਤੀ



ਗੁਰਦਾਸਪੁਰ, 20 ਜੁਲਾਈ (ਜਗੀਰ ਸਿੰਘ ਮੰਡ): ਵਿਧਾਨ ਸਭਾ ਹਲਕਾ ਗੁਰਦਾਸਪੁਰ ਦੇ 31 ਪਿੰਡਾਂ ਵਿੱਚ ਪੰਚਾਇਤ ਮੈਂਬਰਾਂ ਦੀ ਉਪ-ਚੋਣ ਦੌਰਾਨ 43 ਪੰਚਾਇਤ ਮੈਂਬਰ ਸਰਬਸੰਮਤੀ ਨਾਲ ਚੁਣੇ ਗਏ ਹਨ। ਸਰਬਸੰਮਤੀ ਨਾਲ ਚੁਣੇ ਗਏ ਇਨ੍ਹਾਂ ਸਾਰੇ ਪੰਚਾਇਤ ਮੈਂਬਰਾਂ ਨੂੰ ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਰਮਨ ਬਹਿਲ ਨੇ ਵਧਾਈ ਦਿੱਤੀ ਹੈ। ਉਨ੍ਹਾਂ ਕਿਹਾ ਕਿ ਇਹ ਸਾਰੇ ਚੁਣੇ ਗਏ ਮੈਂਬਰ ਪੂਰੀ ਮਿਹਨਤ, ਇਮਾਨਦਾਰੀ ਤੇ ਲਗਨ ਨਾਲ ਆਪਣੇ ਪਿੰਡਾਂ ਦਾ ਵਿਕਾਸ ਕਰਕੇ ਸੂਬੇ ਨੂੰ ਰੰਗਲਾ ਪੰਜਾਬ ਬਣਾਉਣ ਵਿੱਚ ਆਪਣਾ ਯੋਗਦਾਨ ਪਾਉਣ। ਇਸ ਮੌਕੇ ਪੱਤਰਕਾਰਾਂ ਨਾਲ ਗੱਲ ਕਰਦਿਆਂ ਚੇਅਰਮੈਨ ਰਮਨ ਬਹਿਲ ਨੇ ਕਿਹਾ ਕਿ ਰਿਵਾਇਤੀ ਪਾਰਟੀਆਂ ਦੀਆਂ ਸਰਕਾਰਾਂ ਦੌਰਾਨ ਇਹ ਦੇਖਣ ਵਿੱਚ ਆਇਆ ਸੀ ਕਿ ਸਰਕਾਰ ਵੱਲੋਂ ਪਿੰਡਾਂ ਦੇ ਵਿਕਾਸ ਲਈ ਜੋ ਗ੍ਰਾਂਟਾਂ ਜਾਰੀ ਕੀਤੀਆਂ ਜਾਂਦੀਆਂ ਸਨ, ਉਹ ਪੂਰੀ ਤਰ੍ਹਾਂ ਨਹੀਂ ਲੱਗ ਪਾਉਂਦੀਆਂ ਸਨ ਤੇ ਪਿੰਡਾਂ ਦੇ ਵਸਨੀਕਾਂ ਨੂੰ ਵਿਕਾਸ ਦਾ ਪੂਰਾ ਲਾਭ ਨਹੀਂ ਸੀ ਮਿਲ ਪਾਉਂਦਾ। ਉਨ੍ਹਾਂ ਕਿਹਾ ਕਿ ਹੁਣ ਨਵੀਆਂ ਪੰਚਾਇਤਾਂ ਬਣਨ ਨਾਲ ਤੇ ਇਮਾਨਦਾਰ ਸਰਕਾਰ ਦੀ ਅਗਵਾਈ ਹੇਠ ਪਿੰਡਾਂ ਦਾ ਸਰਬਪੱਖੀ ਵਿਕਾਸ ਸ਼ੁਰੂ ਹੋਇਆ ਹੈ। ਉਨ੍ਹਾਂ ਕਿਹਾ ਕਿ ਵਿਧਾਨ ਸਭਾ ਹਲਕਾ ਗੁਰਦਾਸਪੁਰ ਦੇ 31 ਪਿੰਡਾਂ ਵਿੱਚ ਪੰਚਾਂ ਦੀਆਂ ਉੱਪ ਚੋਣਾਂ ਬਕਾਇਆ ਸਨ ਤੇ ਰਾਜ ਚੋਣ ਕਮਿਸ਼ਨ ਵੱਲੋਂ ਜੋ ਪੰਚਾਂ ਤੇ ਸਰਪੰਚਾਂ ਦੀਆਂ ਉੱਪ-ਚੋਣਾਂ ਕਰਵਾਈਆਂ ਜਾ ਰਹੀਆਂ ਹਨ, ਉਸ ਤਹਿਤ ਵਿਧਾਨ ਸਭਾ ਹਲਕਾ ਵਿੱਚ 31 ਪਿੰਡਾਂ ਦੇ 43 ਪੰਚਾਇਤ ਮੈਂਬਰ ਸਰਬਸੰਮਤੀ ਨਾਲ ਚੁਣੇ ਗਏ ਹਨ। ਬਹਿਲ ਨੇ ਕਿਹਾ ਕਿ ਉਨ੍ਹਾਂ ਵੱਲੋਂ ਹਲਕੇ ਦੀਆਂ ਸਾਰੀਆਂ ਪੰਚਾਇਤਾਂ ਨੂੰ ਹਰ ਤਰ੍ਹਾਂ ਦਾ ਸਹਿਯੋਗ ਦਿੱਤਾ ਜਾਵੇਗਾ। ਇਸ ਮੌਕੇ ਸਰਬਸੰਮਤੀ ਨਾਲ ਚੁਣੇ ਗਏ ਪੰਚਾਇਤ ਮੈਂਬਰ ਸਰਮਨ ਬਹਿਲ ਦੇ ਨਿਵਾਸ ਸਥਾਨ ਪਹੁੰਚੇ ਤੇ ਪੂਰੀ ਇਮਾਨਦਾਰੀ ਨਾਲ ਆਪਣੇ ਪਿੰਡਾਂ ਦਾ ਵਿਕਾਸ ਕਰਨ ਦਾ ਤਹੱਈਆ ਕੀਤਾ।

# ਅੰਮ੍ਰਿਤਪਾਲ ਸਿੰਘ ਸੋਹੀ ਵੱਲੋਂ ਸਾਥੀਆਂ ਸਮੇਤ ਜ਼ਿਲ੍ਹਾ ਪ੍ਰਧਾਨ ਜੋਬਨ ਰੰਧਾਵਾ ਸਨਮਾਨਤ



ਸ੍ਰੀ ਹਰਗੋਬਿੰਦਪੁਰ ਸਾਹਿਬ/ਘੁਮਾਣ, 20 ਜੁਲਾਈ (ਡਾ. ਨਰਿੰਦਰ ਸਿੰਘ ਘੁਮਾਣ/ਜਗੀਰ ਸਿੰਘ ਮੰਡ): ਆਪ ਦੇ ਜ਼ਿਲ੍ਹਾ ਗੁਰਦਾਸਪੁਰ ਦੇ ਪ੍ਰਧਾਨ ਜੋਬਨ ਰੰਧਾਵਾ ਸੀਨੀਅਰ ਯੂਥ ਆਗੂ ਅੰਮ੍ਰਿਤਪਾਲ ਸਿੰਘ ਸੋਹੀ ਤੇ ਦਿਲਬਾਗ ਸਿੰਘ ਸੋਹੀ ਦੇ ਗ੍ਰਹਿ ਕਸਬਾ ਘੁਮਾਣ ਵਿਖੇ ਪਹੁੰਚੇ, ਜਿੱਥੇ ਯੂਥ ਆਗੂ ਅੰਮ੍ਰਿਤਪਾਲ ਸਿੰਘ ਸੋਹੀ, ਦਿਲਬਾਗ ਸਿੰਘ ਸੋਹੀ, ਸੋਹੀ ਪਰਿਵਾਰ ਤੇ ਸੂਬਾ ਜੁਆਇੰਟ ਸਕੱਤਰ ਨੀਲਮ ਘੁਮਾਣ ਤੇ ਆਪ ਵਲੰਟੀਅਰਜ਼ ਵੱਲੋਂ ਜ਼ਿਲ੍ਹਾ ਪ੍ਰਧਾਨ ਜੋਬਨ ਰੰਧਾਵਾ ਤੇ ਸ੍ਰੀ ਹਰਗੋਬਿੰਦਪੁਰ ਸਾਹਿਬ ਦੇ ਸੰਗਠਨ ਇੰਚਾਰਜ ਗੁਰਪ੍ਰੀਤ ਸਿੰਘ ਸੋਢੀ ਦਾ ਗ੍ਰਹਿ ਵਿਖੇ ਪਹੁੰਚਣ 'ਤੇ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਜ਼ਿਲ੍ਹਾ ਪ੍ਰਧਾਨ ਜੋਬਨ ਰੰਧਾਵਾ ਨੇ ਆਖਿਆ ਮੇਰਾ ਮੁੱਖ ਮਕਸਦ ਹੈ ਕਿ ਪਾਰਟੀ ਦੀਆਂ ਲੋਕ ਪੱਖੀ ਨੀਤੀਆਂ ਨੂੰ ਘਰ-ਘਰ ਪਹੁੰਚਾਉਣਾ ਤੇ ਯੂਥ ਵੱਡੇ ਪੱਧਰ 'ਤੇ ਪਾਰਟੀ ਨਾਲ ਜੋੜਨਾ। ਉਨ੍ਹਾਂ ਆਖਿਆ ਕਿ ਪਾਰਟੀ ਵਿਚ ਮਿਹਨਤ ਕਰਨ ਵਾਲਿਆਂ ਨੌਜਵਾਨਾਂ ਨੂੰ ਯੂਥ ਵਿੰਗ ਵਿੱਚ ਅਹੁਦੇ ਦੇ ਕੇ ਨਿਵਾਜਿਆ ਜਾਵੇਗਾ। ਉਨ੍ਹਾਂ ਸੋਹੀ ਪਰਿਵਾਰ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅੰਮ੍ਰਿਤਪਾਲ ਸਿੰਘ ਸੋਹੀ ਤੇ ਦਿਲਬਾਗ ਸਿੰਘ ਸੋਹੀ ਜਿਥੇ ਪਾਰਟੀ ਵਿੱਚ ਬਹੁਤ ਵਧੀਆ ਸੇਵਾਵਾਂ ਨਿਭਾ ਰਹੇ ਹਨ। ਉਥੇ ਉਘੇ ਸਮਾਜ ਸੇਵੀ ਵੀ ਹਨ। ਇਨ੍ਹਾਂ ਦੀ ਸੰਸਥਾ ਸਰਕਾਰ ਨਾਲ ਮਿਲ ਕੇ ਨਸ਼ਿਆਂ ਵਿਰੁੱਧ ਆਵਾਜ਼ ਬੁਲੰਦ ਕਰਕੇ ਨੌਜਵਾਨਾਂ ਨੂੰ ਨਸ਼ੇ ਦੀ ਦਲਦਲ ਵਿੱਚੋਂ ਬਾਹਰ ਕੱਢ ਰਹੀ ਹੈ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਜੋਬਨ ਰੰਧਾਵਾ ਤੇ ਸੰਗਠਨ ਇੰਚਾਰਜ ਸ੍ਰੀ ਹਰਗੋਬਿੰਦਪੁਰ ਸਾਹਿਬ ਗੁਰਪ੍ਰੀਤ ਸਿੰਘ ਸੋਢੀ ਨੂੰ ਸਨਮਾਨਤ ਕੀਤਾ ਗਿਆ। ਇਸ ਮੌਕੇ ਸੀਨੀਅਰ ਯੂਥ ਆਗੂ ਅੰਮ੍ਰਿਤਪਾਲ ਸਿੰਘ ਸੋਹੀ, ਦਿਲਬਾਗ ਸਿੰਘ ਸੋਹੀ, ਸੂਬਾ ਜੁਆਇੰਟ ਸਕੱਤਰ ਨੀਲਮ ਘੁਮਾਣ, ਸੀਨੀਅਰ ਆਗੂ ਬੱਬਲੂ ਟੀ.ਵੀ.ਐੱਸ. ਘੁਮਾਣ, ਜ਼ਿਲ੍ਹਾ ਮੀਡੀਆ ਇੰਚਾਰਜ ਪਰਮਬੀਰ ਸਿੰਘ ਰਾਣਾ ਘੁਮਾਣ, ਉਘੇ ਸਮਾਜ ਸੇਵੀ ਡਾ. ਹਰਜਿੰਦਰ ਸਿੰਘ ਜੱਜ ਘੁਮਾਣ, ਸੋਸ਼ਲ ਮੀਡੀਆ ਇੰਚਾਰਜ ਸੁਖਦੇਵ ਸਿੰਘ ਸੱਖੋਵਾਲ, ਪ੍ਰਧਾਨ ਪ੍ਰਲੋਕ ਸਿੰਘ ਘੁਮਾਣ, ਕਾਮਰੇਡ ਗੁਰਦਿਆਲ ਸਿੰਘ ਘੁਮਾਣ, ਸਾਬਕਾ ਸਰਪੰਚ ਬਲਰਾਮ ਸਿੰਘ ਬਰਿਆਰ ਆਦਿ ਹਾਜ਼ਰ ਸਨ।

# ਪੰਜਾਬ ਸਟੇਟ ਸਹਿਕਾਰੀ ਕਰਮਚਾਰੀ ਯੂਨੀਅਨ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਨੇ ਸਾਥੀਆਂ ਨੂੰ ਕੀਤਾ ਸਨਮਾਨਤ: ਜਾਡਲੀ




ਨਵਾਂਸ਼ਹਿਰ, 20 ਜੁਲਾਈ (ਰੌਸ਼ਨ ਲਾਲ ਸੁਮੰਨ): ਦੀ ਪੰਜਾਬ ਸਟੇਟ ਸਹਿਕਾਰੀ ਕਰਮਚਾਰੀ ਯੂਨੀਅਨ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵੱਲੋਂ ਰਾਜ ਕੁਮਾਰ ਜਾਡਲੀ ਸੈਕਟਰੀ ਜ਼ਿਲ੍ਹਾ ਪ੍ਰਧਾਨ ਦੀ ਪ੍ਰਧਾਨਗੀ ਹੇਠ ਸਥਾਨ ਸੈਂਟਰਲ ਕੋਆਪਰੇਟਿਵ ਬੈਂਕ ਨੇੜੇ ਚੰਡੀਗੜ੍ਹ ਚੌਕ ਨਵਾਂਸ਼ਹਿਰ ਵਿਖੇ ਜ਼ਿਲ੍ਹਾ ਪੱਧਰੀ ਸਨਮਾਨ ਸਮਾਰੋਹ ਕੀਤਾ ਗਿਆ। ਜਿਸ ਵਿੱਚ ਸਮੁੱਚੇ ਜ਼ਿਲ੍ਹੇ ਦੇ ਕਰਮਚਾਰੀ ਇਸ ਸਨਮਾਨ ਸਮਾਰੋਹ ਵਿੱਚ ਸ਼ਾਮਲ ਹੋਏ। ਜਾਡਲੀ ਨੇ ਸਭ ਤੋਂ ਪਹਿਲਾਂ ਪੰਜਾਬ ਤੋਂ ਆਏ ਪ੍ਰਧਾਨ ਸਾਹਿਬਾਨਾਂ ਨੂੰ ਜੀ ਆਇਆਂ ਆਖਿਆ ਤੇ ਇਸ ਉਦਮ ਲਈ ਜ਼ਿਲ੍ਹੇ ਦੇ ਸਾਥੀਆਂ ਦਾ ਤਹਿ ਦਿਲੋਂ ਧੰਨਵਾਦ ਵੀ ਕੀਤਾ ਤੇ ਅੱਗੇ ਤੋਂ ਵੀ ਇਸ ਤਰ੍ਹਾਂ ਦੇ ਸਮਾਰੋਹ ਕਰਨ ਲਈ ਸਾਥੀਆਂ ਨੂੰ ਵਿਸ਼ਵਾਸ ਦਿਵਾਇਆ ਤੇ ਹਰ ਸਮੇਂ ਸਾਥੀਆਂ ਦੇ ਦੁੱਖ-ਸੁੱਖ ਵਿੱਚ ਸ਼ਾਮਲ ਹੁੰਦੇ ਰਹਿਣਗੇ। ਅੱਜ ਇਸ ਸਨਮਾਨ ਸਮਾਰੋਹ ਵਿੱਚ ਜਗਦੀਪ ਸਿੰਘ ਅਬੋਹਰ ਪੰਜਾਬ ਪ੍ਰਧਾਨ, ਸ਼ਿੰਗਾਰਾ ਸਿੰਘ ਲਗੇਰੀ ਸਟੇਟ ਜਨਰਲ ਸਕੱਤਰ, ਗੁਰਤੇਜ ਸਿੰਘ ਬਰਨਾਲਾ ਮੀਤ ਪ੍ਰਧਾਨ ਪੰਜਾਬ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ, ਜਿਨ੍ਹਾਂ ਨੂੰ ਜਾਡਲੀ ਤੇ ਸਾਥੀਆਂ ਵੱਲੋਂ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਤੇ ਪੰਜਾਬ ਪ੍ਰਧਾਨ ਜਗਦੀਪ ਸਿੰਘ ਅਬੋਹਰ ਨੇ ਆਪਣੇ ਸਾਥੀਆਂ ਸਮੇਤ ਰਾਜ ਕੁਮਾਰ ਜਾਡਲੀ ਜ਼ਿਲ੍ਹਾ ਪ੍ਰਧਾਨ ਨੂੰ ਯੂਨੀਅਨ ਪ੍ਰਤੀ ਵਧੀਆ ਸੇਵਾਵਾਂ ਨਿਭਾਉਣ 'ਤੇ ਵਿਸ਼ੇਸ਼ ਸਨਮਾਨ ਦੇ ਕੇ ਸਨਮਾਨਤ ਕੀਤਾ। ਸ਼ਿੰਗਾਰਾ ਸਿੰਘ ਲਗੇਰੀ ਸਟੇਟ ਜਨਰਲ ਸਕੱਤਰ ਨੇ ਅੱਜ ਸਟੇਜ ਦੀ ਕਾਰਵਾਈ ਨੂੰ ਨਿਭਾਉਂਦਿਆਂ ਸਾਥੀਆਂ ਨੂੰ ਇਸ ਸਨਮਾਨ ਸਮਾਰੋਹ 'ਤੇ ਪਹੁੰਚਣ 'ਤੇ ਵਧਾਈ ਦਿੱਤੀ। ਅੱਜ ਇਸ ਸਮੇਂ ਇਕਬਾਲ ਸਿੰਘ, ਅਮਨ ਭਾਰਦਵਾਜ, ਕੁਲਤਾਰ ਸਿੰਘ, ਬਲਦੀਪ ਸਿੰਘ, ਰਾਜਵੰਤ ਸਿੰਘ ਸਾਰੇ ਜ਼ਿਲ੍ਹੇ ਦੇ ਬਲਾਕ ਪ੍ਰਧਾਨ ਹਾਜ਼ਰ ਹੋਏ। ਵਿਸ਼ੇਸ਼ ਤੌਰ 'ਤੇ ਪਰਵਿੰਦਰ ਸਿੰਘ ਕਲੇਰਾਂ ਸਾਬਕਾ ਪ੍ਰਧਾਨ, ਅਮਰੀਕ ਸਿੰਘ ਬੇਗਮਪੁਰ, ਸਾਬਕਾ ਪ੍ਰਧਾਨ, ਪ੍ਰਗਟ ਸਿੰਘ ਸਾਬਕਾ ਪ੍ਰਧਾਨ, ਤਾਰਾ ਸਿੰਘ ਜ਼ਿਲ੍ਹਾ ਪ੍ਰਧਾਨ ਤਰਨਤਾਰਨ, ਲਖਵੀਰ ਸਿੰਘ ਜ਼ਿਲ੍ਹਾ ਪ੍ਰਧਾਨ ਰੂਪਨਗਰ, ਸੁਖਵਿੰਦਰ ਸਿੰਘ, ਅਮਰਜੀਤ ਸਿੰਘ ਜੀਂਦੋਵਾਲ, ਜਸਵਿੰਦਰ ਸਿੰਘ ਆਦਿ ਹਾਜ਼ਰ ਸਨ।

# ਆਪਣੀ ਜ਼ਿੰਦਗੀ 'ਚ ਸਾਨੂੰ ਸਾਰਿਆਂ ਨੂੰ ਪੰਜ ਰੁੱਖ ਜ਼ਰੂਰ ਲਗਾਉਣੇ ਚਾਹੀਦੇ ਨੇ: ਡਾ. ਰਾਜਨ ਅਰੋੜਾ



ਗੁਰਦਾਸਪੁਰ, 20 ਜੁਲਾਈ (ਜਸਵਿੰਦਰ ਸਿੰਘ): 'ਰੁੱਖਾਂ ਦੀ ਸੰਭਾਲ ਇਸੇ ਤਰ੍ਹਾਂ ਹੀ ਜ਼ਰੂਰੀ ਹੈ ਜਿਵੇਂ ਮਾਵਾਂ ਨੂੰ ਬੱਚਿਆਂ ਦੀ ਪਾਲਣਾ ਕਰਨਾ' ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਡਾ. ਰਾਜਨ ਅਰੋੜਾ ਤੇ ਅਰੋੜਾ ਹਸਪਤਾਲ ਨੇ ਕੀਤਾ। ਉਨ੍ਹਾਂ ਨੇ ਕਿਹਾ ਕਿ ਸਮੁੱਚੇ ਜਨਜੀਵਨ ਵਿੱਚ ਜੇਕਰ ਮਨੁੱਖ ਨੇ ਸਾਹ ਲੈਣਾ ਹੈ ਤਾਂ ਹਰ ਇੱਕ ਮਨੁੱਖ ਨੂੰ ਆਪਣੀ ਜ਼ਿੰਦਗੀ ਵਿੱਚ ਪੰਜ ਰੁੱਖ ਜ਼ਰੂਰ ਲਗਾਉਣੇ ਚਾਹੀਦੇ ਹਨ। ਰਾਜਨ ਅਰੋੜਾ ਨੇ ਕਿਹਾ ਕਿ ਜਿਵੇਂ ਮਾਵਾਂ ਨੂੰ ਬੱਚਿਆਂ ਨੂੰ ਬੜੇ ਲਾਡਾਂ ਦੇ ਨਾਲ ਇਸ ਕਰਕੇ ਪਾਲਦੀਆਂ ਹਨ ਕਿਉਂਕਿ ਭਵਿੱਖ ਵਿੱਚ ਉਹ ਆਪਣੇ ਮਾਪਿਆਂ ਦਾ ਸਹਾਰਾ ਬਣਦੇ ਹਨ, ਇਸੇ ਤਰ੍ਹਾਂ ਹੀ ਸਾਨੂੰ ਸਾਰਿਆਂ ਨੂੰ ਰੁੱਖ ਇਸ ਕਰਕੇ ਲਗਾਉਣੇ ਚਾਹੀਦੇ ਹਨ ਕਿਉਂਕਿ ਨਵੀਂ ਆਉਣ ਵਾਲੀ ਪਨੀਰੀ ਦੇ ਆਪਾਂ ਸਾਹਾਂ ਦੇ ਰਾਖੇ ਬਣ ਸਕੀਏ। ਉਨ੍ਹਾਂ ਕਿਹਾ ਕਿ ਪੋਲਿਊਸ਼ਨ ਕਰਕੇ ਵਾਤਾਵਰਨ ਇਨਾ ਗੰਦਾ ਹੋ ਚੁੱਕਾ ਹੈ ਕਿ ਜੇਕਰ ਆਪਾਂ ਰੁੱਖ ਨਾ ਲਗਾਏ ਤਾਂ ਆਉਣ ਵਾਲੇ ਸਮੇਂ ਵਿੱਚ ਸਾਨੂੰ ਸਾਹ ਲੈਣਾ ਵੀ ਔਖਾ ਹੋ ਜਾਵੇਗਾ। ਇਸ ਕਰਕੇ ਸਾਨੂੰ ਸਾਰਿਆਂ ਨੂੰ ਆਪਣੀ ਜ਼ਿੰਦਗੀ ਵਿੱਚ ਪੰਜ ਰੁੱਖ ਲਗਾਉਣ ਦਾ ਪ੍ਰਣ ਜ਼ਰੂਰ ਕਰਨਾ ਚਾਹੀਦਾ।

# ਸਾਬਕਾ ਕੈਬਨਿਟ ਮੰਤਰੀ ਤ੍ਰਿਪਤ ਰਾਜਿੰਦਰ ਸਿੰਘ ਬਾਜਵਾ ਨੇ ਸੁੱਖ ਹਸਪਤਾਲ ਦਾ ਕੀਤਾ ਉਦਘਾਟਨ



ਕਾਦੀਆਂ, 20 ਜੁਲਾਈ (ਸਲਾਮ ਤਾਰੀ): ਅੱਜ ਬਟਾਲਾ-ਕਾਦੀਆਂ ਰੋਡ 'ਤੇ ਸਥਿਤ ਸੁੱਖ ਹਸਪਤਾਲ ਦਾ ਉਦਘਾਟਨ ਸਾਬਕਾ ਕੈਬਨਿਟ ਮੰਤਰੀ ਤੇ ਹਲਕਾ ਫ਼ਤਹਿਗੜ੍ਹ ਚੂੜੀਆਂ ਦੇ ਵਿਧਾਇਕ ਤ੍ਰਿਪਤ ਰਾਜਿੰਦਰ ਸਿੰਘ ਬਾਜਵਾ ਨੇ ਕੀਤਾ। ਨਵੀਨਤਮ ਸਿਹਤ ਸੁਵਿਧਾਵਾਂ ਨਾਲ ਲੈਸ ਇਸ ਹਸਪਤਾਲ ਨੂੰ ਡਾ. ਅਕਸ਼ਦੀਪ ਸਿੰਘ ਜੋਕਿ ਹੱਡੀਆਂ ਜੋੜਾਂ ਦੇ ਮਾਹਿਰ ਡਾਕਟਰ ਹਨ, 24 ਘੰਟੇ ਲੋਕਾਂ ਦੀ ਸੇਵਾ ਲਈ ਉਪਲਬਧ ਰਹਿਣਗੇ। ਡਾ. ਦਿਲਪ੍ਰੀਤ ਕੌਰ ਗਾਇਨਾਕੋਲੋਜਿਸਟ ਹਨ ਵੀ ਆਪਣੀ ਸੇਵਾਵਾਂ ਦੇਣਗੀਆਂ। ਇਸੇ ਤਰ੍ਹਾਂ ਮਸ਼ਹੂਰ ਸਰਜਨ ਡਾ. ਅਬਦੁਲ ਰਸ਼ੀਦ ਬਦਰ ਵੀ ਇਸ ਹਸਪਤਾਲ ਨੂੰ ਆਪਣੀ ਸੇਵਾਵਾਂ ਦੇਣਗੇ। ਇਸ ਮੌਕੇ 'ਤੇ ਸਾਬਕਾ ਕੈਬਨਿਟ ਮੰਤਰੀ ਤ੍ਰਿਪਤ ਰਾਜਿੰਦਰ ਸਿੰਘ ਬਾਜਵਾ ਨੇ ਕਿਹਾ ਕਿ ਸ਼ਹਿਰ ਵਿੱਚ ਸੁੱਖ ਹਸਪਤਾਲ ਖੁੱਲ੍ਹਣ ਕਾਰਨ ਲੋਕਾਂ ਨੂੰ ਮੈਡੀਕਲ ਸਹੂਲਤਾਂ ਇੱਥੇ ਹੀ ਮਿਲਣਗੀਆਂ ਤੇ ਹੁਣ ਲੋਕਾਂ ਨੂੰ ਇਲਾਜ ਲਈ ਇੱਧਰ-ਉੱਧਰ ਭਟਕਣਾ ਨਹੀਂ ਪਵੇਗਾ। ਇਸ ਮੌਕੇ 'ਤੇ ਸੁਖਵਿੰਦਰਪਾਲ ਸਿੰਘ ਸੁੱਖ ਭਾਟੀਆ ਨੇ ਕਿਹਾ ਕਿ ਸ਼ਹਿਰ ਵਿੱਚ ਹੱਡੀਆਂ ਤੇ ਜੋੜਾਂ ਦੇ ਡਾਕਟਰ ਦੀ ਘਾਟ ਸੀ। ਉਸ ਕਮੀ ਨੂੰ ਇਹ ਹਸਪਤਾਲ ਪੂਰਾ ਕਰੇਗੀ। ਡਾ. ਅਕਸ਼ਦੀਪ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੇ ਦਾਦਾ ਹਕੀਮ ਸਵਰਨ ਸਿੰਘ ਸਾਬਕਾ ਪ੍ਰਧਾਨ ਨਗਰ ਕੌਂਸਲ ਕਾਦੀਆਂ ਜਿਸ ਤਰ੍ਹਾਂ ਸ਼ਹਿਰ ਵਾਸੀਆਂ ਦੀ ਸੇਵਾ ਕਰਦੇ ਰਹੇ ਸਨ। ਅਸੀਂ ਵੀ ਉਨ੍ਹਾਂ ਦੇ ਨਕਸ਼ੇ ਕਦਮ 'ਤੇ ਚੱਲਦਿਆਂ ਹਰ ਵਰਗ ਦੇ ਲੋਕਾਂ ਦੀ ਸੇਵਾ ਕਰਾਂਗੇ। ਇਸ ਮੌਕੇ 'ਤੇ ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਨਰਿੰਦਰ ਕੁਮਾਰ ਭਾਟੀਆ, ਅਮਨਦੀਪ ਕੌਰ, ਸੁਨੀਤਾ, ਪ੍ਰੀਤੀ, ਸਿਮਰਨਜੀਤ ਕੌਰ, ਪ੍ਰੀਤ, ਨੀਤੂ, ਨਿਸ਼ਾ ਗਿੱਲ, ਕਿਰਨਦੀਪ ਕੌਰ, ਚਰਨਜੀਤ ਕੌਰ, ਲਬੀਬਾ, ਖ਼ੁਸ਼ਪ੍ਰੀਤ ਕੌਰ, ਕੋਮਲ ਸਮੇਤ ਸਮੂਹ ਸਟਾਫ਼ ਮੌਜੂਦ ਸੀ।

# 'ਆਪ' ਦੇ ਸਰਪੰਚ ਦਰਬਾਰਾ ਸਿੰਘ ਤੇ ਸਮੁੱਚੀ ਪੰਚਾਇਤ ਬਿਨਾਂ ਮੁਕਾਬਲੇ ਜੇਤੂ ਕਰਾਰ



ਚੋਗਾਵਾਂ, 20 ਜੁਲਾਈ (ਸੁਬੇਗ ਸਿੰਘ ਸੋਨਾ): ਸਾਲ 2024 ਵਿੱਚ ਹੋਈਆਂ ਪੰਚਾਇਤੀ ਚੋਣਾਂ ਤੋਂ ਬਾਅਦ ਸਰਪੰਚਾਂ ਤੇ ਪੰਚਾਂ ਦੀਆਂ ਖਾਲੀ ਅਸਾਮੀਆਂ ਲਈ ਵੋਟਾਂ ਪਾਉਣ ਦਾ ਰਾਜ ਚੋਣ ਕਮਿਸ਼ਨ ਪੰਜਾਬ ਵੱਲੋਂ ਚੋਣ ਪ੍ਰੋਗਰਾਮ ਜਾਰੀ ਕੀਤਾ ਗਿਆ ਸੀ। ਜਿਸ ਤਹਿਤ ਜ਼ਿਲ੍ਹਾ ਅੰਮ੍ਰਿਤਸਰ ਵਿਧਾਨ ਸਭਾ ਹਲਕਾ ਰਾਜਾਸਾਂਸੀ ਦੇ ਅਧੀਨ ਆਉਂਦੇ ਸਰਹੱਦੀ ਪਿੰਡ ਛੰਨ ਕੱਲੇਵਾਲ ਤੋਂ ਸਰਪੰਚੀ ਦੇ ਉਮੀਦਵਾਰ ਦਰਬਾਰਾ ਸਿੰਘ ਤੇ ਮੈਂਬਰ ਸੁੱਖਾ ਸਿੰਘ, ਮੈਂਬਰ ਸਰਦੂਲ ਸਿੰਘ, ਮੈਂਬਰ ਨਿਰਮਲ ਸਿੰਘ, ਮੈਂਬਰ ਸੂਬਾ ਸਿੰਘ, ਮੈਂਬਰ ਸ਼ਾਂਤੀ ਕੌਰ ਤੇ ਮੈਂਬਰ ਸਤਨਾਮ ਸਿੰਘ ਵੱਲੋਂ ਆਪਣੇ ਕਾਗਜ਼ ਦਾਖਲ ਕਰਵਾਏ ਗਏ ਸੀ। ਉਨ੍ਹਾਂ ਨੂੰ ਬਿਨਾਂ ਮੁਕਾਬਲੇ ਜੇਤੂ ਕਰਾਰ ਦੇ ਦਿੱਤਾ ਗਿਆ। ਇਸ ਮੌਕੇ ਨਵ-ਨਿਯੁਕਤ ਸਰਪੰਚ ਦਰਬਾਰਾ ਸਿੰਘ ਤੇ ਸਮੁੱਚੇ ਮੈਂਬਰਾਂ ਦਾ ਪਹੁੰਚਣ 'ਤੇ ਪਿੰਡ ਵਾਸੀਆਂ ਵੱਲੋਂ ਫੁੱਲਾਂ ਦੇ ਹਾਰ ਪਾ ਕੇ, ਮਠਿਆਈਆਂ ਵੰਡ ਕੇ ਤੇ ਢੋਲ ਵਜਾ ਕੇ ਨਿੱਘਾ ਸਵਾਗਤ ਕੀਤਾ ਗਿਆ। ਸਮੁੱਚੀ ਪੰਚਾਇਤ ਨੇ ਪਿੰਡ ਦੇ ਗੁਰਦੁਆਰਾ ਸਾਹਿਬ ਵਿਖੇ ਨਤਮਸਤਕ ਹੋ ਕੇ ਪ੍ਰਮਾਤਮਾ ਦਾ ਸ਼ੁਕਰਾਨਾ ਕੀਤਾ। ਇਸ ਮੌਕੇ 'ਤੇ ਪਿੰਡ ਛੰਨ ਕੱਲੇਵਾਲ ਦੇ ਨਵ-ਨਿਯੁਕਤ ਸਰਪੰਚ ਦਰਬਾਰਾ ਸਿੰਘ ਨੇ 'ਆਪ' ਦੀ ਸਮੁੱਚੀ ਲੀਡਰਸ਼ਿਪ ਤੇ ਹਲਕਾ ਰਾਜਾਸਾਂਸੀ ਦੀ ਇੰਚਾਰਜ ਸੋਨੀਆ ਮਾਨ ਤੇ ਹਲਕਾ ਰਾਜਾਸਾਂਸੀ ਦੇ ਨਸ਼ਾ ਮੁਕਤੀ ਕੋਆਰਡੀਨੇਟਰ ਲਖਵਿੰਦਰ ਸਿੰਘ ਲੱਖਾ ਭਿੰਡੀ ਸੈਦਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ। ਇਸ ਮੌਕੇ ਪ੍ਰਧਾਨ ਦਰਸ਼ਨ ਸਿੰਘ, ਕਸ਼ਮੀਰ ਸਿੰਘ ਸਾਬਕਾ ਸਰਪੰਚ, ਸਰਦਾਰ ਸਿੰਘ, ਸਤਪਾਲ ਸਿੰਘ, ਪ੍ਰਕਾਸ਼ ਸਿੰਘ, ਬਿੱਲਾ ਸਿੰਘ, ਬਗੀਚਾ ਸਿੰਘ, ਨਿਸ਼ਾਨ ਸਿੰਘ, ਗੋਪੀ ਭਿੰਡੀਆਂ ਆਦਿ ਹਾਜ਼ਰ ਸਨ।

# ਅਕਾਲੀ ਦਲ ਦੇ ਮੇਜਰ ਸਿੰਘ ਸਾਬਕਾ ਸਰਪੰਚ ਸਾਥੀਆਂ ਸਮੇਤ ਕਾਂਗਰਸ ਪਾਰਟੀ 'ਚ ਸ਼ਾਮਲ



ਬਿਆਸ, 20 ਜੁਲਾਈ (ਰਾਕੇਸ਼ ਸਲਵਾਨ): ਹਲਕਾ ਬਾਬਾ ਬਕਾਲਾ ਸਾਹਿਬ ਦੇ ਵਿੱਚ ਆਉਂਦੇ ਸਾਰੇ ਪਿੰਡਾਂ ਵਿੱਚੋਂ ਅਕਾਲੀ ਦਲ ਤੇ ਦੂਸਰੀਆਂ ਪਾਰਟੀਆਂ ਨੂੰ ਛੱਡ ਕੇ ਪਰਿਵਾਰਾਂ ਦੇ ਪਰਿਵਾਰ ਸੰਤੋਖ ਸਿੰਘ ਭਲਾਈਪੁਰ ਸਾਬਕਾ ਵਿਧਾਇਕ ਦੀ ਅਗਵਾਈ ਵਿੱਚ ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋ ਰਹੇ ਹਨ। ਅਕਾਲੀ ਦਲ ਦੀਆਂ ਵੱਧਦੀਆਂ ਹੋਈਆਂ ਮੁਸ਼ਕਿਲਾਂ ਹਲਕਾ ਬਾਬਾ ਬਾਲਾ ਸਾਹਿਬ ਵਿੱਚ ਸਾਫ ਦੇਖੀਆਂ ਜਾ ਸਕਦੀਆਂ ਹਨ। ਇਸ ਦੀ ਵੱਡੀ ਮਿਸਾਲ ਪਿੰਡ ਠੱਠੀਆਂ ਵਿੱਚ ਦੇਖੀ ਗਈ। ਪਿੰਡ ਠੱਠੀਆਂ ਵਿੱਚ ਕਾਂਗਰਸ ਪਾਰਟੀ ਨੇ ਸਾਰੀਆਂ ਪਾਰਟੀਆਂ ਦਾ ਸਫਾਇਆ ਕੀਤਾ। ਪਿੰਡ ਠੱਠੀਆਂ ਦੇ ਅਕਾਲੀ ਦਲ ਦੇ ਰਹਿ ਚੁੱਕੇ ਬਲਾਕ ਪ੍ਰਧਾਨ ਸਾਬਕਾ ਸਰਪੰਚ ਮੇਜਰ ਸਿੰਘ ਆਪਣੇ ਗ੍ਰਹਿ ਵਿਖੇ ਆਪਣੇ ਪਿੰਡ ਦੀ ਪੰਚਾਇਤ ਦੇ ਸੱਤ ਮੈਂਬਰਾਂ ਤੇ ਸਾਰੇ ਸਾਥੀਆਂ ਸਮੇਤ ਸੰਤੋਖ ਸਿੰਘ ਭਲਾਈਪੁਰ ਦੀ ਮੌਜੂਦਗੀ ਤੇ ਅਗਵਾਈ ਵਿੱਚ ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋਏ। ਦੱਸਿਆ ਜਾਂਦਾ ਹੈ ਕਿ ਇਸ ਵਿੱਚ ਮੰਗਲ ਸਿੰਘ ਨੰਬਰਦਾਰ ਦਾ ਵੀ ਇੱਕ ਵੱਡਾ ਯੋਗਦਾਨ ਹੈ। ਸੰਤੋਖ ਸਿੰਘ ਭਲਾਈਪੁਰ ਦੀ ਮਿਹਨਤ ਸਦਕਾ ਕਾਂਗਰਸ ਪਾਰਟੀ ਹਲਕਾ ਬਾਬਾ ਬਕਾਲਾ ਸਾਹਿਬ ਵਿੱਚ ਇੱਕ ਵੱਡੀ ਲੀਡ ਨਾਲ ਦੂਸਰੀਆਂ ਪਾਰਟੀਆਂ ਨੂੰ ਹਰਾਏਗੀ। ਇਸ ਮੌਕੇ 'ਤੇ ਗੁਰਦਿਆਲ ਸਿੰਘ ਕੰਗ, ਗੁਰਦੀਪ ਸਿੰਘ ਐੱਮ.ਸੀ., ਸਾਬਕਾ ਸਰਪੰਚ ਬਟਾਰੀ ਦਲੇਰ ਸਿੰਘ ਸਰਲੀ, ਮਲਕੀਤ ਸਿੰਘ, ਮੰਗਲ ਸਿੰਘ ਨੰਬਰਦਾਰ ਚੀਮਾ ਬਾਠ, ਲਖਵਿੰਦਰ ਸਿੰਘ ਲੱਖਾ, ਮੈਂਬਰ ਸੂਰਤਾ ਸਿੰਘ, ਮੈਂਬਰ ਚੀਮਾ ਬਾਠ, ਬਲਦੇਵ ਸਿੰਘ ਏਕਲਗੱਡਾ ਦਿਲਬਾਗ ਸਿੰਘ ਸੱਤੋਵਾਲ ਨਰਿੰਦਰ ਸਿੰਘ ਦੋਲਾ ਨੰਗਲ ਜੈਵਿੰਦ ਸਿੰਘ ਪ੍ਰਧਾਨ ਸ਼ਹਿਰੀ ਬਾਬਾ ਬਕਾਲਾ ਸਾਹਿਬ ਕਿਆ ਚਤਰ ਸਿੰਘ ਸੀਨੀਅਰ ਕਾਂਗਰਸੀ ਆਗੂ ਗੁਰਮੁੱਖ ਸਿੰਘ ਸਰਲੀ ਸਰਪੰਚ ਜਸਬੀਰ ਸਿੰਘ ਐੱਮ.ਸੀ. ਰਈਆ ਜਗਤਾਰ ਸਿੰਘ ਰਈਆ ਸਾਬਕਾ ਸੀ ਸੁ ਖ ਖੋਜ ਕੀਪੁਰ ਅਮਰਜੀਤ ਸਿੰਘ ਰੰਧਾਵਾ ਜਗੀਰ ਸਿੰਘ ਜੋਹਲ ਸ਼ਾਮਲ ਹੋਏ।

# ਵਣ ਵਿਭਾਗ ਦੇ ਰੇਂਜ ਅਫ਼ਸਰ ਬਲਰਾਜ ਸਿੰਘ ਬਾਠ ਨੂੰ ਸਦਮਾ, ਪਿਤਾ ਦਾ ਦੇਹਾਂਤ

## ☛ ਸੇਜਲ ਅੱਖਾਂ ਨਾਲ ਜੈਂਤੀਪੁਰ ਦੇ ਸ਼ਮਸ਼ਾਨਘਾਟ 'ਚ ਕੀਤਾ ਅੰਤਿਮ ਸਸਕਾਰ



ਬਟਾਲਾ, 20 ਜੁਲਾਈ (ਡਾ. ਨਰਿੰਦਰ ਸਿੰਘ ਘੁਮਾਣ/ਜਗੀਰ ਸਿੰਘ ਮੰਡ): ਵਣ ਵਿਭਾਗ ਦੇ ਕਾਦੀਆਂ ਤੋਂ ਰੇਂਜ ਅਫ਼ਸਰ ਬਲਰਾਜ ਸਿੰਘ ਬਾਠ, ਜੁਗਰਾਜ ਸਿੰਘ ਬਾਠ ਤੇ ਬਾਠ ਪਰਿਵਾਰ ਨੂੰ ਉਸ ਵੇਲੇ ਗਹਿਰਾ ਸਦਮਾ ਪਹੁੰਚਿਆ ਜਦੋਂ ਬਲਰਾਜ ਬਾਠ ਤੇ ਜੁਗਰਾਜ ਸਿੰਘ ਬਾਠ ਦੇ ਸਤਿਕਾਰਯੋਗ ਪਿਤਾ ਜੀ ਹਰਭਜਨ ਸਿੰਘ ਬਾਠ ਦਾ ਦੇਹਾਂਤ ਹੋ ਗਿਆ। ਸਵਰਗੀ ਹਰਭਜਨ ਸਿੰਘ ਬਾਠ ਦਾ ਅੰਤਿਮ ਸਸਕਾਰ ਸੇਜਲ ਅੱਖਾਂ ਨਾਲ ਪਿੰਡ ਜੈਂਤੀਪੁਰ ਦੇ ਸ਼ਮਸ਼ਾਨਘਾਟ ਵਿਖੇ ਕੀਤਾ ਗਿਆ। ਚਿਤਾ ਨੂੰ ਅਗਨੀ ਉਨ੍ਹਾਂ ਦੇ ਵੱਡੇ ਪੁੱਤਰ ਬਲਰਾਜ ਸਿੰਘ ਬਾਠ ਵੱਲੋਂ ਭੇਂਟ ਕੀਤੀ ਗਈ। ਇਸ ਮੌਕੇ ਕੈਪਟਨ ਬਲਬੀਰ ਸਿੰਘ ਬਾਠ ਸਾਬਕਾ ਕੈਬਨਿਟ ਮੰਤਰੀ ਪੰਜਾਬ, ਸਾਬਕਾ ਚੇਅਰਮੈਨ ਪੰਜਾਬ ਤਰਲੋਕ ਸਿੰਘ ਬਾਠ, ਤਲਬੀਰ ਸਿੰਘ ਗਿੱਲ ਹਲਕਾ ਇੰਚਾਰਜ ਮਜੀਠਾ, ਡੀ.ਐੱਫ.ਓ. ਅਤੁਲ ਮਹਾਜਨ, ਡੀ.ਐੱਫ.ਓ. ਜਰਨੈਲ ਸਿੰਘ ਬਾਠ, ਤਰਸੇਮ ਸਿੰਘ ਗਿੱਲ ਚਾਚੋਵਾਲੀ, ਅਮਨਦੀਪ ਸਿੰਘ ਦੀਪੂ ਜੈਂਤੀਪੁਰ, ਤਰਸੇਮ ਸਿੰਘ ਸਿਆਲਕਾ, ਐੱਸ.ਐੱਚ.ਓ. ਲਖਵਿੰਦਰ ਸਿੰਘ, ਸਬ-ਇੰਸਪੈਕਟਰ ਬਲਬੀਰ ਸਿੰਘ, ਚੜ੍ਹਦੀਕਲਾ ਮੀਡੀਆ ਜਰਨਲਿਸਟ ਐਸੋਸੀਏਸ਼ਨ ਦੇ ਸੂਬਾ ਪ੍ਰਧਾਨ ਡਾ. ਨਰਿੰਦਰ ਸਿੰਘ ਘੁਮਾਣ, ਸੂਬਾ ਜਨਰਲ ਸਕੱਤਰ ਜਗੀਰ ਸਿੰਘ ਮੰਡ, ਕਬੱਡੀ ਖਿਡਾਰੀ ਪੱਪੂ ਕੰਡੀਲਾ, ਸੁਵਿੰਦਰ ਸਿੰਘ, ਹਰਦੀਪ ਸਿੰਘ, ਮੱਖਣ ਸਿੰਘ, ਪਰਮਜੀਤ ਸਿੰਘ, ਰਵਿੰਦਰ ਪਾਲ ਸਿੰਘ ਹਰਮਨਬੀਰ ਸਿੰਘ (ਸਾਰੇ ਬਲਾਕ ਅਫਸਰ) ਸੁਪਰਟੈਂਡਿਟ ਗੁਰਚਰਨ ਸਿੰਘ, ਰਣਜੀਤ ਸਿੰਘ ਲੇਖਾਕਾਰ ਗੁਰਦਾਸਪੁਰ, ਰੇਂਜ ਅਫ਼ਸਰ ਪ੍ਰਿਤਪਾਲ ਸਿੰਘ, ਅਲੀਵਾਲ ਰੇਂਜ ਅਫ਼ਸਰ ਬਖਸ਼ੀਸ਼ ਸਿੰਘ ਗੁਰਦਾਸਪੁਰ, ਵਣ ਗਾਰਡ ਹਰਜਿੰਦਰ ਸਿੰਘ, ਜਥੇਦਾਰ ਨਿਸ਼ਾਨ ਸਿੰਘ, ਹਰਦੀਪ ਸਿੰਘ ਚੋਣੇ ਗੁਰਮੇਲ ਸਿੰਘ, ਕੁਲਵਿੰਦਰ ਸਿੰਘ, ਸੁਖਵਿੰਦਰ ਸਿੰਘ, ਜਥੇਦਾਰ ਗੁਰਨਾਮ ਸਿੰਘ ਬਾਠ, ਸਾਬਕਾ ਸਰਪੰਚ ਚੈਚਨ ਸਿੰਘ, ਨਿਸ਼ਾਨ ਸਿੰਘ ਜੈਸੀਪੁਰ, ਸੁਰਜੀਤ ਸਿੰਘ ਸਤਨਾਮ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਧਾਰਮਿਕ ਰਾਜਨੀਤਿਕ ਤੇ ਰਿਸ਼ਤੇਦਾਰਾਂ ਨੇ ਪਹੁੰਚ ਕੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ।

# ਆਜ਼ਾਦ ਹਿੰਦ ਫੌਜ ਦੇ ਸਿਪਾਹੀਆਂ ਦੇ ਵਾਰਿਸ ਬੱਬਰ ਕਰਮ ਸਿੰਘ ਮੈਮੋਰੀਅਲ ਟਰੱਸਟ ਦੌਲਤਪੁਰ 'ਚ ਪਹੁੰਚੇ




ਨਵਾਂਸ਼ਹਿਰ, 20 ਜੁਲਾਈ (ਸੁਖਦੇਵ ਸਿੰਘ ਉੜਾਪੜ): ਅੱਜ ਬੱਬਰ ਕਰਮ ਸਿੰਘ ਮੈਮੋਰੀਅਲ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਦੌਲਤਪੁਰ ਵਿਖੇ ਆਜ਼ਾਦ ਹਿੰਦ ਫੌਜ ਦੇ ਸਿਪਾਹੀਆਂ ਦੇ ਵਾਰਿਸ ਪਹੁੰਚੇ, ਜਿਨ੍ਹਾਂ ਵਿੱਚ ਜਸਵੰਤ ਸਿੰਘ ਦਾ ਪੋਤਰਾ ਗੁਰਨਾਮ ਸਿੰਘ, ਬੇਅੰਤ ਸਿੰਘ ਦਾ ਪੋਤਰਾ ਗੁਰਨਾਮ ਸਿੰਘ, ਰਾਮ ਲਾਲ ਦਾ ਪੋਤਰਾ ਤੇ ਪ੍ਰਕਾਸ਼ ਚੰਦ ਦਾ ਪੁੱਤਰ ਜੀਵਨ ਕੁਮਾਰ, ਗੁਰਬਖਸ਼ ਸਿੰਘ ਦਾ ਪੁੱਤਰ ਅਸ਼ੋਕ ਸਿੰਘ, ਪ੍ਰੀਤਮ ਸਿੰਘ ਦਾ ਪੁੱਤਰ ਅਮਰਜੀਤ ਸਿੰਘ, ਸਾਧੂ ਸਿੰਘ ਦਾ ਪੁੱਤਰ ਅਮਰੀਕ ਸਿੰਘ, ਗੁਰਬਖਸ਼ ਸਿੰਘ ਦਾ ਪੁੱਤਰ ਭਜਨ ਸਿੰਘ, ਬੰਤਾ ਸਿੰਘ ਦਾ ਪੁੱਤਰ ਨਿਰਮਲ ਸਿੰਘ, ਗੁਰਬਖਸ਼ ਸਿੰਘ ਗੋਸਲ ਦਾ ਪੋਤਰਾ ਗੁਰਿੰਦਰ ਸਿੰਘ, ਦੀਵਾਨ ਸਿੰਘ ਦਾ ਦੋਤਰਾ ਮਨਿੰਦਰ ਸਿੰਘ ਆਦਿ ਸਨ। ਇੱਥੇ ਪਹੁੰਚਣ 'ਤੇ ਟਰੱਸਟ ਦੇ ਮੀਤ ਪ੍ਰਧਾਨ ਤਰਨਜੀਤ ਸਿੰਘ ਤੇ ਡਾਇਰੈਕਟਰ ਕਿਰਪਾਲ ਸਿੰਘ ਖਾਬੜਾ ਨੇ ਉਨ੍ਹਾਂ ਨੂੰ ਬੱਬਰਾਂ ਯਾਦਗਾਰ ਤੇ ਇਤਿਹਾਸ ਤੋਂ ਜਾਣੂੰ ਕਰਵਾਇਆ ਤੇ ਸਨਮਾਨਤ ਕੀਤਾ। ਉਨ੍ਹਾਂ ਨਾਲ ਰਣਜੀਤ ਸਿੰਘ ਮਾਨ ਤੇ ਠੇਕੇਦਾਰ ਦੇਸ ਰਾਜ ਵੀ ਹਾਜ਼ਰ ਸਨ।

# 10 ਲੱਖ ਦੇ ਸਾਲਾਨਾ ਮੁਫ਼ਤ ਇਲਾਜ ਦੀ ਸਹੂਲਤ ਨਾਲ ਪੰਜਾਬ ਵਾਸੀ ਖ਼ੁਸ਼: ਦਲਜੀਤ ਸਿੰਘ



ਬਟਾਲਾ, 20 ਜੁਲਾਈ (ਸੁਖਦੇਵ ਸਿੰਘ ਰੰਧਾਵਾ/ਬਲਬੀਰ ਸੋਹਲ): ਪੰਜਾਬ ਸਰਕਾਰ ਵੱਲੋਂ ਹਰ ਵਰਗ ਨੂੰ ਸਹੂਲਤਾਂ ਬਿਨਾਂ ਕਿਸੇ ਭੇਦਭਾਵ 'ਤੇ ਦਿੱਤੀਆਂ ਜਾ ਰਹੀਆਂ ਤੇ ਜੋ ਵੀ ਪੰਜਾਬ ਸਰਕਾਰ ਨੇ ਚੋਣਾਂ ਦੌਰਾਨ ਵਾਅਦੇ ਕੀਤੇ ਸਨ, ਉਨ੍ਹਾਂ ਨੂੰ ਇਨ-ਬਿਨ ਪੂਰਾ ਕੀਤਾ ਜਾ ਰਿਹਾ ਹੈ। ਇਨ੍ਹਾਂ ਦਾ ਪ੍ਰਗਟਾਵਾ ਹਲਕਾ ਫਤਹਿਗੜ੍ਹ ਚੂੜੀਆਂ ਸੰਗਠਨ ਦਲਜੀਤ ਸਿੰਘ ਲੱਕੀ ਨੇ ਕੀਤਾ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ 'ਚ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਪੰਜਾਬ ਅੰਦਰ ਹਰੇਕ ਵਰਗ ਨੂੰ ਹੁਣ 10 ਲੱਖ ਤੱਕ ਦਾ ਸਾਲਾਨਾ ਮੁਫ਼ਤ ਇਲਾਜ ਦੀ ਸਹੂਲਤ ਦੇਣ ਦਾ ਐਲਾਨ ਕਰਨ ਨਾਲ ਪੰਜਾਬ ਵਾਸੀਆਂ ਵਿੱਚ ਖ਼ੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਭਾਵੇਂ ਕਿ 5 ਲੱਖ ਦੀ ਸਹੂਲਤ ਦੇ ਰਹੀ ਹੈ ਪਰ ਉਹ ਕੁਝ ਲੋਕਾਂ ਤੱਕ ਹੀ ਪਹੁੰਚੀ ਹੈ ਨਾ ਕਿ ਹੇਠਲੇ ਵਰਗ ਤੱਕ। ਉਨ੍ਹਾਂ ਨੇ ਅੱਗੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ 'ਚ ਸੂਬਾ ਸਰਕਾਰ ਵੱਲੋਂ ਨਸ਼ੇ ਦੇ ਖਾਤਮੇ ਲਈ ਸੰਜੀਦਾ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਖ਼ਿਲਾਫ਼ ਸ਼ੁਰੂ ਕੀਤੀ ਗਈ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੇ ਸਾਰਥਕ ਨਤੀਜੇ ਆਉਣੇ ਸ਼ੁਰੂ ਹੋ ਗਏ ਹਨ।

## ਸਿਲੇਖਵਾਰ ਇਸ਼ਤਿਹਾਰ /Classified Advertisement

**(U/o 5 Rule 20 CPC)**
**In the Court of Ms. Vishavjyoti Civil Judge Jr. Division-2, Sri Anandpur Sahib**
CNR No:- PBROA0-000198-2024
Next Date: 14.08.2025
Joga@Yog Raj Son Of Santu Son Of Jodha R/o Mohalla Jeowal Kirtapur Sahib Tehsil Anandpur Sahib Distt. Rupnagar
Versus
Shingara Singh Son Of Piara Singh Son Mast Ram R/o Mohalla Bhatoli Kiratpur Sahib Tehsil-Anandpur Sahib Distt. Rupnagar Through his Legal Heirs-:
**Petition U/S**
Notice to: Prabh Aman Singh Late Shingara Singh S/o Piara Singh (II) R/ Mohalla Bhatoli Kiratpur Sahib Teh-Anandpur Sahib District-Rupnagar
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **14.08.2025** at 10:00 A.M.
For details logon to https://highcourtchd.gov.in/?trs=district_notice&district=Rupnagar
Dated, this day of 14-07-2025
**Sd/- Civil Judge Jr. Division-2, Sri Anandpur Sahib**

**(U/o 5 Rule 20 CPC)**
**In the Court of Sh. Harwinder Singh Civil Judge Junior Division-16, Patiala**
CNR No.PBPT02-002323-2025
Next Date: 13.08.2025
Narinder Pal Singh
Versus
General Public
Notice to: General Public
General Public
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **13.08.2025** at 10:00 A.M.
For details logon to https://highcourtchd.gov.in/?mod=district_notice&district=patiala
Dated, this day of 15-07-2025
**Sd/- Civil Judge Junior Division-16, Patiala**

**(U/o 5 Rule 20 CPC)**
**In the Court of Sh. Sumit Ghai Principal Judge, Family Court, Zira**
CNR No.PBFZF2-000036-2025
Next Date: 12.08.2025
GW-05-2025
Harkesh Kaur
Versus
General Public
Notice to: General Public:- Not Mentioned
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **12.08.2025** at 10:00 A.M.
For details logon to https://highcourtchd.gov.in/?mod=district_notice&district=mogacourt
Dated, this day of 16-05-2025
**Sd/- Principal Judge, Family Court, Zira (D)**

**(U/o 5 Rule 20 CPC)**
**In the Court of Hon'ble Riya Goyal Civil Judge Junior Division-14, Jalandhar**
CNR No.PBJL02-005668-2021
Next Date: 12.08.2025
Prabh Dyal Om Parkash
Versus
Punjab Sanitary Store
Suit for grant of decree for recovery of Rs. 1,43,167/- alongwith interest as prayed for.
Notice to: (1) Punjab Sanitary Store, Having Its Office at pehowa Road, Devigarh, Patiala Through its partner/Proprietor/Authorised Person Vijay Kumar (2) Vijay Kumar, partner/Proprietor/Authorised Person M/s Punjab Sanitary Store, Having its office at Pehowa Road, Devigarh, Patiala (Punjab).
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **12.08.2025** at 10:00 A.M.
For details logon to https://highcourtchd.gov.in/?mod=district_notice&district=Jalandhar
Dated, this day of 14-07-2025
**Sd/- Civil Judge Junior Division-14, Jalandhar**

**(U/o 5 Rule 20 CPC)**
**In the Court of Ms. Navjot Kaur Civil Judge (Junior Division), Talwandi Sabo**
CNR No.PBBTA0-000532-2023
Next Date: 13.08.2025
CIS NO. 376/2023
Ram Singh
Versus
Nachhatar Singh
Notice to: 5 (iv) Manjit Kaur (vi) Rani Kaur (viii) Jasvir Kaur Father:- Bachan Singh V Nainewala, Tehsil and Distt. Barnala.
In above titled Case the defendant(s)/respondent(s) could not be served. It is ordered that defendant(s)/respondent(s) should appear in person or through counsel on **13.08.2025** at 10:00 A.M.
For details logon to https://highcourtchd.gov.in/?mod=district_notice&district=Bathinda
Dated, this day 15-07-2025
**Sd/- Civil Judge (Junior Division), Talwandi Sabo**

**(U/o 5 Rule 20 CPC)**
**In the Court of Ms. Baljinder Kaur, PCS Judicial Magistrate Ist Class, Batala**
CNR No.PBGD01-000764-2025
Next Date: 14.08.2025
Sumandeep
Versus
Sunny etc.
Notice to: 1. Sunny S/o Jaspal Singh 2. Pooja W/o Jaspal Singh 3. Jaspal Singh S/o Madan Lal All R/o House NO. B-86/242, Chander Nagar, Batala, District Gurdaspur. 4. Sapna W/o Jageshwar R/o Village Bakhewal, Near Sonu Dairy, Batala, District Gurdaspur.
In above titled Case the defendant(s)/respondent(s) could not be served. It is ordered that defendant(s)/respondent(s) should appear in person or through counsel on **14.08.2025** at 10:00 A.M.
For details logon to https://highcourtchd.gov.in/?trs=district_notice&district=Gurdaspur
Dated, this day 16-07-2025
**Sd/- Judicial Magistrate Ist Class, Batala**

**(U/o 5 Rule 20 CPC)**
**In the Court of Sh. Sudhir Kumar Additional Civil Judge (Senior Division), Barnala**
CNR No.PBBR02-001388-2023
Next Date: 20.08.2025
Succ/25/2023
Rani Kaur
Versus
General Public
Notice to: General Public:- Barnala, Punjab, India
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **20.08.2025** at 10:00 A.M.
For details logon to https://highcourtchd.gov.in/?mod=district_notice&district=mogacourt
Dated, this day of 17-07-2025
**Sd/- Additional Civil Judge (Senior Division), Barnala**

**(U/o 5 Rule 20 CPC)**
**In the Court of Sh. Kanwal jit Singh Civil Judge Junior Division-1, Rajpura,**
CNR No.PBPTA0-000633-2024
Next Date: 19.08.2025
CM-74-2024
Punjab National Bank
Versus
Subhash Chand
APP for Passing the final Decree
Notice to: 2. Prem Lata D/o Subash Chand 3. Anita Rani D/o Subsh Chand 5. Rajesh Kumar S/o Subash Chand All R/o Village Ullana Sub Tehsil Ghanaur Tehsil Rajpura, Distt. Patiala
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **19.08.2025** at 10:00 A.M.
For details logon to https://highcourtchd.gov.in/?mod=district_notice&district=patiala
Dated, this day of 11-07-2025
**Sd/- Civil Judge Junior Division-1, Rajpura,**

**(U/o 5 Rule 20 CPC)**
**In the Court of Ms. Rajwant Kaur Civil Judge (Senior Division), Pathankot**
CNR No.PBPO02-001559-2024
Next Date: 20.08.2025
State Bank of India
Versus
Ektaben Rahevar
Suit for Recovery of Rs. 402633
Notice to: Ektaben Rahevar W/o late Rahevar Dharmendrasinh Resident of Village Khatasana PO Sipor Tehsil Mehsana Gujrat PIN 384335
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **20.08.2025** at 10:00 A.M.
For details logon to https://highcourtchd.gov.in/?mod=district_notice&district=Pathankot
Dated, this day of 15-07-2025
**Sd/- Civil Judge (Senior Division), Pathankot**

**(U/o 5 Rule 20 CPC)**
**In the Court of Sh. Ajay pal Singh Additional Civil Judge (Senior Division), Hoshiarpur**
CNR No.PBHO02-001092-2025
Next Date: 18.08.2025
Harsimrat Kaur W/O Late Sh Harpreet Singh R/O House No 634/B-12, Phagwara Road, Kamalpur Chowk, New Jagatpura, Hoshiarpur.
Versus
1. General Public. 2. Kanwaljit Kaur D/O Karnail Singh R/O House No 634/B-12, Phagwara Road, Kamalpur Chowk, New Jagatpura, Hoshiarpur. 3. Rajpreet Kaur W/O Sh Kanwaljit Singh R/O House No 300/6, Chowk Kajian Wala, Patti, District Tarn Taran
Notice to: General Public Hoshiarpur
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **18.08.2025** at 10:00 A.M.
For details logon to https://highcourtchd.gov.in/?trs=district_notice&district=Hoshiarpur
Dated, this day of 16-07-2025
**Sd/- Additional Civil Judge (Senior Division), Hoshiarpur**

## Change of Name

I, Gurmeet Kaur of 155 Clark Road, Wolverhampton, West Midlands WV3 9PD(UK) here by give Notice of change my Name from Gurmeet Kaur to GURMEET KAUR JAWANDA with subject to the approval of Consulate General of India at Birmingham.


### ਜ਼ਰੂਰੀ ਸੂਚਨਾ

ਰੋਜ਼ਾਨਾ ਚੜ੍ਹਦੀਕਲਾ ਵਿਚ ਛੱਪੇ ਲੇਖ, ਲੇਖਕਾਂ ਦੇ ਆਪਣੇ ਵਿਚਾਰ ਹਨ। ਇਸ ਨਾਲ ਸੰਪਾਦਕ ਦਾ ਸਹਿਮਤ ਹੋਣਾ ਕੋਈ ਜ਼ਰੂਰੀ ਨਹੀਂ। ਇਸ਼ਤਿਹਾਰ (ਡਿਸਪਲੇ/ਕਲਾਸੀਫਾਈਡ) ਦੇ ਤੱਥਾਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਨ੍ਹਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਨ੍ਹਾਂ ਇਸ਼ਤਿਹਾਰਾਂ ਦੇ ਤੱਥਾਂ ਦੀ ਪੁਸ਼ਟੀ ਕਰ ਲੈਣ।

# ਕੇਂਦਰੀ ਵਿਧਾਨ ਸਭਾ ਹਲਕੇ ਵਿੱਚ ਸਾਰੀਆਂ ਮੁੱਢਲੀਆਂ ਸਹੂਲਤਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ: ਵਿਧਾਇਕ



ਅੰਮ੍ਰਿਤਸਰ, 20 ਜੁਲਾਈ(ਬਬਲੂ ਮਹਾਜਨ): ਕੇਂਦਰੀ ਵਿਧਾਨ ਸਭਾ ਹਲਕੇ ਦੇ ਵਿਧਾਇਕ ਡਾ. ਅਜੇ ਗੁਪਤਾ ਨੇ ਅੱਜ ਵਾਰਡ ਨੰਬਰ 57 ਢਾਬਾ ਖਟੀਕਾ ਵਿੱਚ ਇੱਕ ਵੱਡੇ ਟਿਊਬਵੈੱਲ ਦੇ ਨਿਰਮਾਣ ਦਾ ਉਦਘਾਟਨ ਕੀਤਾ। ਵਿਧਾਇਕ ਡਾ. ਗੁਪਤਾ ਨੇ ਕਿਹਾ ਕਿ ਕੇਂਦਰੀ ਵਿਧਾਨ ਸਭਾ ਹਲਕੇ ਦੇ ਲੋਕਾਂ ਨੂੰ ਸਾਰੀਆਂ ਮੁੱਢਲੀਆਂ ਸਹੂਲਤਾਂ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਜਿਸ ਵੀ ਖੇਤਰ ਵਿੱਚ ਉਨ੍ਹਾਂ ਦੇ ਧਿਆਨ ਵਿੱਚ ਕੋਈ ਕਮੀ ਲਿਆਂਦੀ ਜਾਂਦੀ ਹੈ, ਉਸ ਕਮੀ ਨੂੰ ਦੂਰ ਕੀਤਾ ਜਾਂਦਾ ਹੈ। ਉਨ੍ਹਾਂ ਕਿਹਾ ਕਿ ਉਨ੍ਹਾਂ ਨੂੰ ਢਾਬਾ ਖਟੀਕਾ ਵਿੱਚ ਚੱਲ ਰਹੇ ਇੱਕ ਵੱਡੇ ਟਿਊਬਵੈੱਲ ਦੇ ਸਹੀ ਢੰਗ ਨਾਲ ਕੰਮ ਨਾ ਕਰਨ ਦੀਆਂ ਸ਼ਿਕਾਇਤਾਂ ਮਿਲੀਆਂ ਹਨ। ਉਨ੍ਹਾਂ ਕਿਹਾ ਕਿ ਇਹ ਟਿਊਬਵੈੱਲ ਢਾਬਾ ਖਟੀਕਾ ਦੇ ਆਲੇ-ਦੁਆਲੇ ਦੇ ਲੋਕਾਂ ਨੂੰ ਪੀਣ ਵਾਲਾ ਪਾਣੀ ਪ੍ਰਦਾਨ ਕਰਦਾ ਹੈ। ਇਸ ਟਿਊਬਵੈੱਲ ਦੇ ਪੂਰੀ ਤਰ੍ਹਾਂ ਬੰਦ ਹੋਣ ਕਾਰਨ ਪਾਣੀ ਦੀ ਸਮੱਸਿਆ ਹੋ ਸਕਦੀ ਸੀ। ਉਨ੍ਹਾਂ ਕਿਹਾ ਕਿ ਇਸ ਤੋਂ ਪਹਿਲਾਂ ਵੀ ਇਸ ਟਿਊਬਵੈੱਲ ਦੇ ਨੇੜੇ ਇੱਕ ਵੱਡੇ ਟਿਊਬਵੈੱਲ ਦੀ ਉਸਾਰੀ ਸ਼ੁਰੂ ਕੀਤੀ ਜਾ ਚੁੱਕੀ ਹੈ। ਜੋ ਆਉਣ ਵਾਲੇ ਦਿਨਾਂ ਵਿੱਚ ਸ਼ੁਰੂ ਹੋ ਜਾਵੇਗੀ। ਵਿਧਾਇਕ ਡਾ. ਅਜੇ ਗੁਪਤਾ ਨੇ ਕਿਹਾ ਕਿ ਉਹ ਲੋਕਾਂ ਦੀਆਂ ਮੁੱਢਲੀਆਂ ਸਹੂਲਤਾਂ ਜਿਵੇਂ ਕਿ ਪੀਣ ਵਾਲਾ ਪਾਣੀ, ਸਟਰੀਟ ਲਾਈਟਾਂ, ਸੀਵਰੇਜ, ਸੜਕਾਂ, ਬਿਜਲੀ ਅਤੇ ਹੋਰ ਵਿਕਾਸ ਕਾਰਜਾਂ ਦੇ ਹੱਲ ਕਰਨ ਲਈ ਅਧਿਕਾਰੀਆਂ ਨਾਲ ਲਗਾਤਾਰ ਮੀਟਿੰਗਾਂ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਬਰਸਾਤ ਦਾ ਮੌਸਮ ਖਤਮ ਹੁੰਦੇ ਹੀ ਕੇਂਦਰੀ ਵਿਧਾਨ ਸਭਾ ਦੀਆਂ ਸਾਰੀਆਂ ਟੁੱਟੀਆਂ ਸੜਕਾਂ ਬਣਵਾਉਣ ਦਾ ਕੰਮ ਵੀ ਸ਼ੁਰੂ ਕਰ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਵਿਕਾਸ ਕਾਰਜਾਂ ਲਈ ਫੰਡਾਂ ਦੀ ਕੋਈ ਕਮੀ ਨਹੀਂ ਹੈ। ਉਨ੍ਹਾਂ ਕਿਹਾ ਕਿ ਉਹ ਖੁਦ ਅਤੇ ਆਮ ਆਦਮੀ ਪਾਰਟੀ ਦੇ ਵਲੰਟੀਅਰ ਲੋਕਾਂ ਵਿੱਚ ਜਾ ਰਹੇ ਹਨ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣ ਰਹੇ ਹਨ ਅਤੇ ਉਨ੍ਹਾਂ ਦੇ ਹੱਲ ਕਰ ਰਹੇ ਹਨ। ਇਸ ਮੌਕੇ ਵਾਰਡ ਇੰਚਾਰਜ ਰਵਿੰਦਰ ਡਾਬਰ, ਮੈਡਮ ਗੀਤਾ, ਰਿਤੇਸ਼ ਕੁਮਾਰ, ਚਿਰਾਗ ਜੀ, ਬਲਦੇਵ ਸਿੰਘ, ਹੈਪੀ ਚੌਪੜਾ, ਰਾਹੁਲ ਕੁਮਾਰ, ਵਿਕਰਮ ਕੁਮਾਰ, ਨਗਰ ਨਿਗਮ ਦੇ ਅਧਿਕਾਰੀ ਅਤੇ ਇਲਾਕੇ ਦੇ ਲੋਕ ਮੌਜੂਦ ਸਨ।

# ਜੰਡਿਆਲਾ ਗੁਰੂ ਵਾਸੀ ਰਵਾਇਤੀ ਪਾਰਟੀਆਂ ਨੂੰ ਛੱਡ ਕੇ ਆਮ ਆਦਮੀ ਪਾਰਟੀ ਵਿਚ ਸ਼ਾਮਿਲ



ਅੰਮ੍ਰਿਤਸਰ, 20 ਜੁਲਾਈ (ਬਬਲੂ ਮਹਾਜਨ) ਹਲਕਾ ਜੰਡਿਆਲਾ ਗੁਰੂ ਤੋਂ ਆਮ ਆਦਮੀ ਪਾਰਟੀ ਨੂੰ ਉਸ ਵੇਲੇ ਵੱਡੀ ਤਾਕਤ ਮਿਲੀ ਜਦੋਂ ਹਲਕੇ ਦੇ ਪ੍ਰਸਿੱਧ ਰਾਈਪੁਰ ਖੁਰਦ ਤੋਂ ਸਰਪੰਚ ਮਨਜੀਤ ਕੌਰ, ਪੰਚ ਮਾਨ ਸਿੰਘ, ਸਰਬਜੀਤ ਕੌਰ, ਸਤਿੰਦਰ ਕੌਰ, ਹਰਪ੍ਰੀਤ ਸਿੰਘ ਅਤੇ ਨੰਬਰਦਾਰ ਗੁਰਬਾਗ ਸਿੰਘ ਵੱਲੋਂ ਕੀਤੇ ਜਾ ਰਹੇ ਕੰਮਾਂ ਨੂੰ ਵੇਖਦੇ ਹੋਏ 15 ਤੋਂ ਵੱਧ ਪਰਿਵਾਰ ਰਿਵਾਇਤੀ ਪਾਰਟੀਆਂ ਛੱਡ ਕੇ ਆਮ ਆਦਮੀ ਪਾਰਟੀ ਵਿਚ ਸ਼ਾਮਿਲ ਹੋ ਗਏ। ਦੱਸਣਯੋਗ ਹੈ ਕਿ ਇਸ ਪਿੰਡ ਵਿੱਚ ਪੰਚਾਇਤ ਸਰਬ ਸੰਮਤੀ ਨਾਲ ਆਮ ਆਦਮੀ ਪਾਰਟੀ ਦੀ ਹੀ ਚੁਣੀ ਗਈ ਸੀ। ਕੈਬਨਿਟ ਮੰਤਰੀ ਸ ਹਰਭਜਨ ਸਿੰਘ ਈਟੀਓ ਨੇ ਪੰਚਾਇਤ ਵੱਲੋਂ ਕੀਤੇ ਕੰਮਾਂ ਦੀ ਸਰਾਹਨਾ ਕਰਦੇ ਕਿਹਾ ਕਿ ਅੱਜ ਤੁਹਾਡੇ ਕੰਮਾਂ ਉੱਤੇ ਮੋਹਰ ਲੱਗੀ ਹੈ। ਉਹਨਾਂ ਪਿੰਡ ਵਾਸੀਆਂ ਨੂੰ ਪਾਰਟੀ ਵਿੱਚ ਸ਼ਾਮਿਲ ਕਰਨ ਉੱਤੇ ਜੀ ਆਇਆ ਕਹਿੰਦੇ ਕਿਹਾ ਕਿ ਤੁਹਾਡੀ ਸ਼ਮੂਲੀਅਤ ਨਾਲ ਮੈਨੂੰ ਵੱਡਾ ਬਲ ਮਿਲਿਆ ਹੈ। ਉਹਨਾਂ ਕਿਹਾ ਕਿ ਮੈਂ ਹਲਕੇ ਦੇ ਲੋਕਾਂ ਦੀ ਸੇਵਾ ਲਈ ਨਿਰੰਤਰ ਯਤਨਸ਼ੀਲ ਹਾਂ, ਲਗਾਤਾਰ ਆਪਣੇ ਹਲਕੇ ਦੇ ਪਿੰਡਾਂ ਅਤੇ ਸ਼ਹਿਰਾਂ ਵਿੱਚ ਵਿਕਾਸ ਦੇ ਕੰਮ ਕਰਵਾਏ ਜਾ ਰਹੇ ਹਨ ਪਰ ਇਹ ਖੁਸ਼ੀ ਉਦੋਂ ਹੀ ਮਿਲਦੀ ਹੈ ਜਦੋਂ ਤੁਹਾਡੇ ਵਰਗੇ ਭਰਾਵਾਂ ਦਾ ਸਾਥ ਮਿਲੇ। ਉਹਨਾਂ ਕਿਹਾ ਕਿ ਆਮ ਆਦਮੀ ਪਾਰਟੀ ਦੀਆਂ ਲੋਕ ਪੱਖੀ ਨੀਤੀਆਂ ਅਤੇ ਮੁੱਖ ਮੰਤਰੀ ਸ ਭਗਵੰਤ ਸਿੰਘ ਮਾਨ ਵੱਲੋਂ ਦਿੱਤੀ ਜਾ ਰਹੀ ਸੁਚੱਜੀ ਅਗਵਾਈ ਅਤੇ ਨੇਕ ਨੀਅਤ ਨੂੰ ਤੁਸੀਂ ਸਾਥ ਦਿੰਦੇ ਹੋਏ ਹੋਰ ਵੱਡੀ ਤਾਕਤ ਬਖਸ਼ ਦਿੱਤੀ ਹੈ ਅਤੇ ਹੁਣ ਮੈਂ ਬਤੌਰ ਮੰਤਰੀ ਹੋਰ ਵੀ ਮਿਹਨਤ ਅਤੇ ਤਾਕਤ ਦੇ ਨਾਲ ਹਲਕੇ ਦੇ ਕੰਮ ਕਰਵਾਉਣ ਲਈ ਤਤਪਰ ਰਹਾਂਗਾ। ਕੈਬਨਿਟ ਮੰਤਰੀ ਨੇ ਕਿਹਾ ਕਿ ਇਹ ਤੁਹਾਡਾ ਸਾਥ ਹੀ ਹੈ ਜਿਸ ਨੇ ਪਹਿਲਾਂ ਵੀ ਵੱਡੇ ਫਰਕ ਨਾਲ ਜਿੱਤ ਦਿਵਾਈ ਸੀ ਅਤੇ ਤਾਕਤ ਬਖਸ਼ੀ ਸੀ। ਉਨਾਂ ਇਸ ਮੌਕੇ ਪਾਰਟੀ ਵਿੱਚ ਸ਼ਾਮਿਲ ਹੋਏ ਪਰਿਵਾਰਾਂ ਅਤੇ ਸਾਥੀਆਂ ਨੂੰ ਸਿਰੋਪੇ ਦੇ ਕੇ ਸਨਮਾਨਿਤ ਕੀਤਾ। ਇਸ ਉਪਰੰਤ ਸ ਹਰਭਜਨ ਸਿੰਘ ਈਟੀਓ ਨੇ ਪਿੰਡ ਚੌਹਾਨ ਵਿਖੇ ਦਰਬਾਰ ਪੀਰ ਹਸਨ ਸ਼ਾਹ ਕਾਦਰੀ ਜੀ ਦੇ ਸਥਾਨ ਉੱਤੇ ਹਾਜ਼ਰੀ ਭਰੀ। ਇਸ ਦੌਰਾਨ ਜਨਾਬ ਪੀਰ ਦਿਲਦਾਰ ਸ਼ਾਹ ਕਾਦਰੀ ਦੇ ਦਰਸ਼ਨ ਕਰਨ ਦਾ ਸੁਭਾਗ ਮਿਲਿਆ ਅਤੇ ਉਨਾਂ ਦਾ ਆਸ਼ੀਰਵਾਦ ਲਿਆ ਤੇ ਸੰਗਤ ਦਰਸ਼ਨ ਕੀਤੇ।

# ਸਿੱਖਿਆ ਇਨਕਲਾਬ ਦਾ ਪਰਦਾਫਾਸ਼ - ਖਸਤਾ ਇਮਾਰਤ ਕਾਰਨ ਸਕੂਲ ਲਗ ਰਿਹੈ ਗੁਰਦੁਆਰੇ 'ਚ

ਅੰਮ੍ਰਿਤਸਰ, 20 ਜੁਲਾਈ (ਬਬਲੂ ਮਹਾਜਨ) ਆਮ ਆਦਮੀ ਪਾਰਟੀ ਦੀ ਸਿੱਖਿਆ ਇਨਕਲਾਬ ਦਾ ਪਰਦਾਫਾਸ਼ ਉਦੋਂ ਹੋਇਆ ਜਦੋਂ ਐਮ.ਪੀ. ਗੁਰਜੀਤ ਸਿੰਘ ਔਜਲਾ ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ, ਸੁਲਤਾਨ ਕਲੋਨੀ, ਲੱਖਾ ਸਿੰਘ ਪਲਾਟ ਸੁਲਤਾਨਵਿੰਡ ਪਹੁੰਚੇ। ਜਿੱਥੇ ਸਕੂਲ ਨੂੰ ਖਸਤਾ ਇਮਾਰਤ ਕਾਰਨ ਗੁਰਦੁਆਰਾ ਸਾਹਿਬ ਦੀ ਜਗ੍ਹਾ 'ਤੇ ਤਬਦੀਲ ਕਰ ਦਿੱਤਾ ਗਿਆ ਹੈ। ਹਾਲਤ ਦੇਖ ਕੇ ਐਮ.ਪੀ. ਨੇ ਮੌਕੇ 'ਤੇ ਐਮ.ਪੀ.ਐਲ.ਏ.ਡੀ. ਫੰਡ ਵਿੱਚੋਂ 20 ਲੱਖ ਰੁਪਏ ਦਿੱਤੇ। ਇਸ ਦੇ ਨਾਲ ਹੀ ਹੈਰਾਨੀ ਦੀ ਗੱਲ ਹੈ ਕਿ ਅਪ੍ਰੈਲ 2025 ਵਿੱਚ ਆਮ ਆਦਮੀ ਪਾਰਟੀ ਦੇ ਅਧਿਕਾਰੀਆਂ ਵੱਲੋਂ ਇੱਥੇ ਟਾਈਲਾਂ ਦਾ ਉਦਘਾਟਨ ਕੀਤਾ ਗਿਆ ਸੀ। ਐਮ.ਪੀ. ਗੁਰਜੀਤ ਸਿੰਘ ਔਜਲਾ ਅੱਜ ਸਕੂਲ ਪਹੁੰਚੇ ਅਤੇ ਸਕੂਲ ਦਾ ਦੌਰਾ ਕੀਤਾ। ਉਨ੍ਹਾਂ ਦੱਸਿਆ ਕਿ ਇਲਾਕੇ ਦੇ ਜ਼ਿੰਮੇਵਾਰ ਲੋਕਾਂ ਨੇ ਉਨ੍ਹਾਂ ਨਾਲ ਸੰਪਰਕ ਕੀਤਾ ਸੀ, ਜਦੋਂ ਕਿ ਵਿਭਾਗ ਨੇ ਉਨ੍ਹਾਂ ਤੋਂ ਇਹ ਵੀ ਮੰਗ ਕੀਤੀ ਸੀ ਕਿ ਐਮ.ਪੀ.ਐਲ.ਏ.ਡੀ. ਫੰਡ ਵਿੱਚੋਂ ਸਕੂਲ ਲਈ ਗ੍ਰਾਂਟ ਦਿੱਤੀ ਜਾਵੇ। ਜਿਸ ਤੋਂ ਬਾਅਦ ਅੱਜ ਉਹ ਸਕੂਲ ਦਾ ਦੌਰਾ ਕਰਨ ਆਏ ਹਨ ਅਤੇ ਇਹ ਦੇਖ ਕੇ ਬਹੁਤ ਦੁੱਖ ਹੋਇਆ ਕਿ ਸਿੱਖਿਆ ਕ੍ਰਾਂਤੀ ਸਿਰਫ਼ ਨਾਮ ਦੀ ਹੀ ਲਿਆਂਦੀ ਜਾ ਰਹੀ ਹੈ। ਸਕੂਲ ਵਿੱਚ ਆਮ ਆਦਮੀ ਪਾਰਟੀ ਦੇ ਅਧਿਕਾਰੀਆਂ ਦਾ ਇੱਕ ਬੋਰਡ ਹੈ ਜਿਸ ਦੇ ਉਦਘਾਟਨ ਦੀ ਮਿਤੀ 23 ਅਪ੍ਰੈਲ, 2025 ਹੈ। ਐਮਪੀ ਔਜਲਾ ਨੇ ਕਿਹਾ ਕਿ ਅਪ੍ਰੈਲ ਮਹੀਨੇ ਵਿੱਚ ਇੱਥੇ ਟਾਈਲਾਂ ਲਗਾਈਆਂ ਗਈਆਂ ਹਨ ਜਦੋਂ ਕਿ ਸਕੂਲ ਦੀ ਪੂਰੀ ਇਮਾਰਤ ਖਸਤਾ ਹਾਲਤ ਵਿੱਚ ਹੈ ਅਤੇ ਕਿਸੇ ਵੀ ਸਮੇਂ ਢਹਿ ਸਕਦੀ ਹੈ, ਜਿਸ ਕਾਰਨ ਇਸ ਸੀਜ਼ਨ ਵਿੱਚ ਬੱਚਿਆਂ ਨੂੰ ਕਿਤੇ ਹੋਰ ਸ਼ਿਫਟ ਕੀਤਾ ਗਿਆ ਹੈ। ਐਮਪੀ ਔਜਲਾ ਨੇ ਕਿਹਾ ਕਿ ਐਮਪੀ ਨੂੰ ਬਹੁਤ ਘੱਟ ਗ੍ਰਾਂਟ ਮਿਲਦੀ ਹੈ ਪਰ ਉਹ ਕੋਸ਼ਿਸ਼ ਕਰਦੇ ਹਨ ਕਿ ਜੋ ਵੀ ਗ੍ਰਾਂਟ ਖਰਚ ਕੀਤੀ ਜਾਂਦੀ ਹੈ, ਉਸਨੂੰ ਸਿੱਖਿਆ ਦੇ ਪੱਧਰ ਨੂੰ ਉੱਚਾ ਚੁੱਕਣ ਲਈ ਵੰਡਿਆ ਜਾਵੇ ਤਾਂ ਜੋ ਹਰ ਘਰ ਨੂੰ ਇਸਦਾ ਲਾਭ ਮਿਲ ਸਕੇ।



ਉਨ੍ਹਾਂ ਕਿਹਾ ਕਿ ਤੁਰੰਤ ਪ੍ਰਭਾਵ ਨਾਲ ਸਕੂਲ ਲਈ 20 ਲੱਖ ਰੁਪਏ ਦਿੱਤੇ ਜਾਣਗੇ। ਕਿਉਂਕਿ ਬੱਚਿਆਂ ਦੀ ਗਿਣਤੀ ਜ਼ਿਆਦਾ ਹੈ, ਇਸ ਲਈ ਸਕੂਲ ਦਾ ਵਿਸਥਾਰ ਕਰਨ ਦੀ ਲੋੜ ਹੈ, ਇਸ ਲਈ ਉਹ ਪੂਰੀ ਕੋਸ਼ਿਸ਼ ਕਰਨਗੇ ਤਾਂ ਜੋ ਹੋਰ ਨਵੀਆਂ ਇਮਾਰਤਾਂ ਬਣਾਈਆਂ ਜਾ ਸਕਣ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਹਰ ਕੰਮ ਲਈ ਸਿਰਫ਼ ਰਸਮਾਂ ਪੂਰੀਆਂ ਕਰ ਰਹੀ ਹੈ ਪਰ ਜ਼ਮੀਨੀ ਹਕੀਕਤ ਕੁਝ ਹੋਰ ਹੈ। ਉਨ੍ਹਾਂ ਸਕੂਲ ਅਧਿਕਾਰੀਆਂ ਨੂੰ ਇਹ ਵੀ ਕਿਹਾ ਕਿ ਬੱਚਿਆਂ ਨੂੰ ਕਿਸੇ ਵੀ ਤਰ੍ਹਾਂ ਦੀ ਸਮੱਸਿਆ ਦਾ ਸਾਹਮਣਾ ਨਹੀਂ ਕਰਨਾ ਪਵੇ ਅਤੇ ਜਲਦੀ ਤੋਂ ਜਲਦੀ ਸਕੂਲ ਦੀ ਨਵੀਂ ਇਮਾਰਤ ਲਈ ਕੋਸ਼ਿਸ਼ ਕਰਨੀ ਚਾਹੀਦੀ ਹੈ ਅਤੇ ਫੰਡਾਂ ਦੀ ਚਿੰਤਾ ਨਹੀਂ ਕਰਨੀ ਚਾਹੀਦੀ।

# ਪ੍ਰੋਜੈਕਟ ਜੀਵਨ ਜੋਤ 2.0 ਤਹਿਤ ਬਾਲ ਸੁਰੱਖਿਆ ਟੀਮ ਵੱਲੋਂ ਵਿਸ਼ੇਸ਼ ਚੈਕਿੰਗ

ਸ਼ਹੀਦ ਭਗਤ ਸਿੰਘ ਨਗਰ, 20 ਜੁਲਾਈ: (ਸੁਖਦੇਵ ਸਿੰਘ ਉੜਾਪੜ)

ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੇ ਪ੍ਰੋਜੈਕਟ ਜੀਵਨਜੋਤ ਤਹਿਤ ਜ਼ਿਲ੍ਹੇ ਵਿੱਚ ਬਾਲ ਭਿਖਿਆ ਨੂੰ ਰੋਕਣ ਲਈ ਚਲਾਈ ਮੁਹਿੰਮ ਹੇਠ ਅੱਜ ਬਲਾਕ ਬਲਾਚੌਰ ਵਿੱਚ ਬਾਲ ਭਿੱਖਿਆ ਵਿੱਚ ਲੱਗੇ ਤਿੰਨ ਬੱਚਿਆਂ ਨੂੰ ਰੈਸਕਿਊ ਕੀਤਾ ਗਿਆ। ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ ਦੇ ਜ਼ਿਲਾ ਦਫ਼ਤਰ ਦੀ ਟੀਮ ਵੱਲੋਂ ਬਲਾਕ ਬਲਾਚੌਰ ਵਿੱਚ ਭੱਦੀ ਰੋਡ, ਬੱਸ ਸਟੈਂਡ, ਮੇਨ ਚੌਕ, ਗੜ੍ਹੂਣ ਰੋਡ 'ਤੇ ਚੈਕਿੰਗ ਦੌਰਾਨ ਇਨ੍ਹਾਂ ਤਿੰਨ ਬੱਚਿਆਂ ਨੂੰ ਰੇਸਕਿਓ ਕੀਤਾ ਗਿਆ ਜਿਨ੍ਹਾਂ ਨੂੰ ਅਗਲੇਰੇ ਹੁਕਮਾਂ ਲਈ ਬਾਲ ਭਲਾਈ ਕਮੇਟੀ ਕੋਲ ਪੇਸ਼ ਕੀਤਾ ਗਿਆ ਹੈ। ਜ਼ਿਲਾ ਬਾਲ ਸੁਰੱਖਿਆ ਯੂਨਿਟ ਵਲੋਂ ਬੱਚਿਆਂ ਦੀ ਸੋਸ਼ਲ ਇਨਵੈਸਟੀਗੇਸ਼ਨ ਸ਼ੁਰੂ ਕੀਤੀ ਜਾ ਚੁੱਕੀ ਹੈ ਤਾਂ ਜੋ ਬੱਚਿਆਂ ਨੂੰ ਉਮਰ ਅਨੁਸਾਰ ਸਕੂਲ ਵਿਚ ਦਾਖਲ ਕਰਵਾਇਆ ਜਾ ਸਕੇ ਅਤੇ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਸਕੀਮਾਂ ਦਾ ਲਾਭ ਵੀ ਦਿੱਤਾ ਜਾ ਸਕੇ। ਜਿਲ੍ਹਾ ਪ੍ਰੋਗਰਾਮ ਅਫਸਰ ਜਗਰੂਪ ਸਿੰਘ ਨੇ ਇਸ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਜ਼ਿਲ੍ਹੇ ਵਿੱਚ ਬਾਲ ਭਿੱਖਿਆ ਦੀ ਰੋਕਥਾਮ ਅਤੇ ਬੱਚਿਆਂ ਦੇ ਨਾਲ ਨਾਲ ਉਨ੍ਹਾਂ ਦੇ ਮਾਪਿਆਂ ਦੇ ਡੀ.ਐਨ.ਏ. ਟੈਸਟਿੰਗ ਕਰਵਾਉਣ ਲਈ ਪ੍ਰੋਜੈਕਟ ਜੀਵਨ ਜੋਤ-2 ਸ਼ੁਰੂ ਕੀਤਾ ਗਿਆ ਹੈ ਤਾਂ ਜੋ ਕੋਈ ਵੀ ਬੱਚਾ ਕਿਸੇ ਵੀ ਤਰੀਕੇ ਸੋਸ਼ਣ ਜਾਂ ਟਰੈਫਿਕਿੰਗ ਦਾ ਸ਼ਿਕਾਰ ਨਾ ਹੋਵੇ। ਉਨ੍ਹਾਂ ਦੱਸਿਆ ਕਿ ਬਾਲ ਭਿੱਖਿਆ ਵਿੱਚ ਲੱਗੇ ਬੱਚਿਆਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਬਾਲ ਭਲਾਈ ਕਮੇਟੀ ਨਾਲ ਮਿਲ ਕੇ ਉਨ੍ਹਾ ਨੂੰ ਹਰ ਸੰਭਵ ਮਦਦ ਦਿੱਤੀ ਜਾਵੇ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਪਾਸੋਂ ਨਿਰਦੇਸ਼ਾਂ ਅਨੁਸਾਰ ਅਜਿਹੇ ਮਾਪੇ ਜੋ ਬੱਚਿਆਂ ਤੋਂ ਬਾਲ ਭਿੱਖਿਆ ਕਰਵਾ ਰਹੇ ਹਨ ਦਾ ਡੀਐਨਏ ਟੈਸਟ ਕਰਵਾਇਆ ਜਾਵੇ ਕਿਉਂਕਿ ਅਕਸਰ ਇਹ ਦੇਖਣ ਵਿੱਚ ਆਇਆ ਹੈ ਕਿ ਦੂਸਰੇ ਰਾਜਾਂ ਤੋ ਆਏ ਹੋਏ ਪ੍ਰਵਾਸੀ ਅਤੇ ਉਨਾਂ ਦੇ ਬੱਚੇ ਪੰਜਾਬ ਵਿੱਚ ਭੀਖ ਮੰਗਦੇ ਹਨ ਅਤੇ ਕਈ ਵਾਰ ਉਨਾਂ ਦੇ ਨਾਲ ਉਹਨਾਂ ਦੇ ਮਾਪੇ ਹੀ ਬੱਚਿਆਂ ਤੋਂ ਭੀਖ ਮੰਗਵਾ ਰਹੇ ਹੁੰਦੇ ਹਨ। ਜ਼ਿਲਾ ਪ੍ਰੋਗਰਾਮ ਅਧਿਕਾਰੀ ਨੇ ਦੱਸਿਆ ਕਿ ਇਹ ਵੀ ਜਰੂਰੀ ਨਹੀਂ ਹੈ ਕਿ ਜਿਨਾਂ ਦੇ ਨਾਲ ਬੱਚੇ ਭੀਖ ਮੰਗ ਰਹੇ ਹਨ ਉਹ ਵਿਅਕਤੀ ਬੱਚਿਆਂ ਦੇ ਅਸਲ ਮਾਪੇ ਹੀ ਹੋਣ। ਉਨ੍ਹਾਂ ਦੱਸਿਆ ਕਿ ਇਸ ਲਈ ਇਸ ਸਬੰਧੀ ਜਾਂਚ ਕਰਵਾਉਣ ਲਈ ਡੀ.ਐਨ.ਏ? ਟੈਸਟ ਕਰਵਾਉਂਣ ਦੇ ਹੁਕਮ ਜਾਰੀ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਜਿਲੇ ਵਿੱਚ ਬੱਚਿਆਂ ਦੀ ਸੁਰੱਖਿਆ ਲਈ ਕਾਰਜਸ਼ੀਲ ਜਿਲਾ ਬਾਲ ਸੁਰੱਖਿਆ ਯੂਨਿਟ ਨੂੰ ਸਬ-ਡਿਵੀਜ਼ਨਲ ਪੱਧਰੀ ਕਮੇਟੀਆਂ ਨਾਲ ਮਿਲ ਕੇ ਜਿਲੇ ਵਿੱਚ ਬਾਲ ਭਖਿਆ ਵਿੱਚ ਲੱਗੇ ਹੋਏ ਬੱਚਿਆਂ ਦੀ ਚੈਕਿੰਗ ਕਰਨ ਦੀ ਹਦਾਇਤ ਕੀਤੀ ਗਈ ਹੈ ਤਾਂ ਕਿ ਇਹ ਯਕੀਨੀ ਬਣਾਇਆ ਜਾ ਸਕੇ ਕਿ ਕੋਈ ਵੀ ਬੱਚਾ ਕਿਤੇ ਵੀ ਭੀਖ ਨਾ ਮੰਗ ਰਿਹਾ ਹੋਵੇ। ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਬੱਚਿਆਂ ਨੂੰ ਭੀਖ ਨਾ ਦਿੱਤੀ ਜਾਵੇ ਅਤੇ ਨਾ ਹੀ ਬੱਚਿਆਂ ਨੂੰ ਭੀਖ ਮੰਗਣ ਲਾਇਆ ਜਾਵੇ। ਉਨ੍ਹਾਂ ਦੱਸਿਆ ਕਿ ਇਸ ਸਬੰਧੀ ਕੋਈ ਵੀ ਸ਼ਿਕਾਇਤ ਦਰਜ ਕਰਵਾਉਣ ਲਈ ਚਾਇਲਡ ਹੈਲਪਲਾਈਨ ਨੰਬਰ 1098 ਤੇ ਸੰਪਰਕ ਕੀਤਾ ਜਾ ਸਕਦਾ ਹੈ। ਪ੍ਰੋਜੈਕਟ ਜੀਵਨ ਜੋਤ 2 .0 ਦੀ ਗੱਲ ਕਰਦਿਆਂ ਜ਼ਿਲ੍ਹਾ ਬਾਲ ਸੁਰੱਖਿਆ ਅਫਸਰ ਕੰਚਨ ਅਰੋੜਾ ਨੇ ਦੱਸਿਆ ਕਿ ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ ਅਤੇ ਡਿਪਟੀ ਕਮਿਸ਼ਨਰ ਵਲੋਂ ਜਾਰੀ ਹਦਾਇਤਾਂ 'ਤੇ ਬਲਾਚੌਰ ਦੀ ਭੱਦੀ ਰੋਡ, ਬੱਸ ਸਟੈਂਡ, ਮੇਨ ਚੌਕ, ਗੜ੍ਹੂਣ ਰੋਡ 'ਤੇ ਚੈਕਿੰਗ ਕਰਕੇ ਬਾਲ ਭਿਖਿਆ ਵਿੱਚ ਲੱਗੇ ਤਿੰਨ ਬੱਚਿਆਂ ਨੂੰ ਰੈਸਕਿਊ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਭਵਿੱਖ ਵਿਚ ਵੀ ਅਜਿਹੇ ਬਚਿਆਂ 'ਤੇ ਪੈਨੀ ਨਜ਼ਰ ਰੱਖੀ ਜਾਵੇਗੀ ਅਤੇ ਜੇਕਰ ਕੋਈ ਵੀ ਬੱਚਾ ਭੀਖ ਮੰਗਦਾ ਮਿਲਦਾ ਹੈ ਤਾਂ ਉਸਦੇ ਮਾਪਿਆਂ ਦੀ ਕਾਊਂਸਲਿੰਗ ਕਰਕੇ ਬੱਚਿਆਂ ਨੂੰ ਪੜ੍ਹਾਉਣ ਵਾਲੇ ਪਾਸੇ ਲਾਇਆ ਜਾਵੇਗਾ। ਉਨ੍ਹਾਂ ਦੱਸਿਆ ਕਿ ਕਿਸੇ ਵੀ ਤਰ੍ਹਾਂ ਦੇ ਸ਼ੱਕ ਦੇ ਹਾਲਾਤ ਵਿੱਚ ਭੀਖ ਮੰਗਣ ਵਾਲੇ ਬੱਚਿਆਂ ਅਤੇ ਉਨਾਂ ਨਾਲ ਮਿਲਣ ਵਾਲੇ ਵਿਅਕਤੀਆਂ ਦਾ ਡੀਐਨਏ ਟੈਸਟ ਵੀ ਕਰਵਾਇਆ ਜਾਵੇਗਾ। ਇਸਦੇ ਨਾਲ ਹੀ ਬੱਚਿਆਂ ਦੀ ਸੁਰੱਖਿਆ ਨੂੰ ਧਿਆਨ ਵਿੱਚ ਰੱਖਦੇ ਹੋਏ ਜੂਵੇਨਾਈਲ ਜਸਟਿਸ ਐਕਟ ਅਨੁਸਾਰ ਕਾਰਵਾਈ ਕੀਤੀ ਜਾਵੇਗੀ। ਜੇਕਰ ਇਹ ਲੱਗਦਾ ਹੈ ਕਿ ਬੱਚੇ ਦੇ ਮਾਪੇ ਉਸਨੂੰ ਸੰਭਾਲਣ ਵਿੱਚ ਅਸਮਰਥ ਹਨ ਤਾਂ ਉਸ ਬੱਚੇ ਨੂੰ ਪੰਜਾਬ ਸਰਕਾਰ ਵੱਲੋਂ ਚਲਾਏ ਜਾ ਰਹੇ ਬਾਲ ਘਰਾਂ ਦੇ ਵਿੱਚ ਭੇਜਿਆ ਜਾਵੇਗਾ ਜਿੱਥੇ ਬੱਚੇ ਦੀ ਮੁਕੰਮਲ ਸਿੱਖਿਆ ਖਾਣ-ਪੀਣ ਦਾ ਪ੍ਰਬੰਧ ਪੰਜਾਬ ਸਰਕਾਰ ਵੱਲੋਂ ਕੀਤਾ ਜਾਂਦਾ ਹੈ। ਉਨ੍ਹਾਂ ਦੱਸਿਆ ਕਿ ਡਿਪਟੀ ਕਮਿਸ਼ਨਰ ਦੇ ਆਦੇਸ਼ਾਂ ਅਨੁਸਾਰ ਬਾਲ ਭਿੱਖਿਆ ਸਬੰਧੀ ਚੈਕਿੰਗਾਂ ਭਵਿੱਖ ਵਿੱਚ ਵੀ ਜਾਰੀ ਰਹਿਣਗੀਆਂ।

# ਪਿੰਡ ਝਿੰਜੜੀ ਦੇ ਨੌਜਵਾਨ ਰਾਮ ਕੁਮਾਰ ਨੇ ਏਸ਼ੀਆ ਪੱਧਰ ਦੇ ਜੂਡੋ ਮੁਕਾਬਲੇ ਵਿੱਚ ਜਿੱਤਿਆ ਸਿਲਵਰ ਮੈਡਲ

ਸ੍ਰੀ ਅਨੰਦਪੁਰ ਸਾਹਿਬ, 20 ਜੁਲਾਈ (ਸਤਿੰਦਰਪਾਲ ਸਿੰਘ ਸੇਵਾ ਸਿੰਘ) ਨਜ਼ਦੀਕੀ ਪਿੰਡ ਝਿੰਜੜੀ ਵਾਸੀ ਰਾਮ ਕੁਮਾਰ ਸਪੁੱਤਰ ਵਿਜੇ ਕੁਮਾਰ ਨੇ ਏਸ਼ੀਆ ਪੱਧਰ ਦੇ ਟੂਰਨਾਮੈਂਟ ਵਿੱਚ ਜੂਡੋ ਦੀ ਖੇਡ ਵਿੱਚ ਦੂਜਾ ਸਥਾਨ ਪ੍ਰਾਪਤ ਕਰਕੇ ਜਿੱਥੇ ਆਪਣੇ ਕੋਚ ਸਾਹਿਬਾਨ ਅਤੇ ਮਾਤਾ-ਪਿਤਾ ਦਾ ਨਾਂ ਰੌਸ਼ਨ ਕੀਤਾ ਹੈ ਉੱਥੇ ਪੂਰੇ ਇਲਾਕੇ ਦਾ ਵੀ ਮਾਣ ਵਧਾਇਆ ਹੈ। ਖੁਸ਼ੀ ਦੀ ਗੱਲ ਇਹ ਹੈ ਕਿ ਇਹ ਦੂਜਾ ਸਥਾਨ ਪੂਰੇ ਏਸ਼ੀਆ ਜੂਨੀਅਰ ਵਿੱਚ ਆਇਆ ਹੈ। ਪਿੰਡ ਝਿੰਜੜੀ ਦੇ ਵਿੱਚ ਰਾਮ ਕੁਮਾਰ ਦੀ ਇਸ ਵੱਡੀ ਪ੍ਰਾਪਤੀ ਤੇ ਖੁਸ਼ੀ ਦਾ ਮਾਹੌਲ ਹੈ। ਪਿੰਡ ਵਾਸੀਆਂ ਨੇ ਰਾਮ ਕੁਮਾਰ ਦਾ ਪਿੰਡ ਪਹੁੰਚਣ ਤੇ ਢੋਲ ਢਮੱਕਿਆਂ ਦੇ ਨਾਲ ਸਵਾਗਤ ਕੀਤਾ ਅਤੇ ਵਧਾਈਆਂ ਦਿੱਤੀਆਂ। ਪਿੰਡ ਵਾਸੀਆਂ ਤੋਂ ਇਲਾਵਾ ਇਲਾਕੇ ਦੇ ਹੋਰ ਲੋਕਾਂ ਵੱਲੋਂ ਵੀ ਪਰਿਵਾਰ ਨੂੰ ਵਧਾਈ ਦੇਣ ਪਹੁੰਚ ਰਹੇ ਹਨ। ਅੱਜ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਉਚੇਚੇ ਤੌਰ ਤੇ ਰਾਮ ਕੁਮਾਰ ਅਤੇ ਉਹਨਾਂ ਦੇ ਪਰਿਵਾਰ ਨੂੰ ਮੁਬਾਰਕਬਾਦ ਦੇਣ ਲਈ ਪਹੁੰਚੇ। ਇਸ ਮੌਕੇ ਗੱਲ ਕਰਦਿਆਂ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਸਾਡੇ ਲਈ ਬਹੁਤ ਹੀ ਮਾਣ ਵਾਲੀ ਗੱਲ ਹੈ ਕਿ ਰਾਮ ਕੁਮਾਰ ਨੇ ਨਾ ਸਿਰਫ ਹਲਕੇ ਦਾ ਸਗੋਂ ਪੰਜਾਬ ਅਤੇ ਪੂਰੇ ਦੇਸ਼ ਦਾ ਨਾਮ ਰੌਸ਼ਨ ਕੀਤਾ ਹੈ। ਉਹਨਾਂ ਕਿਹਾ ਕਿ ਇਹ ਸਭ ਰਾਮ ਕੁਮਾਰ ਦੇ ਮਾਤਾ ਪਿਤਾ ਦੀ ਚੰਗੀ ਪਰਵਰਿਸ਼ ਅਤੇ ਇਸ ਦੀ ਸਖਤ ਮਿਹਨਤ ਸਦਕਾ ਹੀ ਸੰਭਵ ਹੋ ਸਕਿਆ ਹੈ। ਉਹਨਾਂ ਰਾਮ ਕੁਮਾਰ ਨੂੰ ਉਸਦੇ ਆਉਣ ਵਾਲੇ ਭਵਿੱਖ ਲਈ ਸ਼ੁਭਕਾਮਨਾਵਾਂ ਵੀ ਦਿੱਤੀਆਂ। ਵਧਾਈ ਦੇਣ ਵਾਲਿਆਂ ਵਿੱਚ ਕਮਿੱਕਰ ਸਿੰਘ ਡਾਢੀ ਚੇਅਰਮੈਨ ਮਾਰਕੀਟ ਕਮੇਟੀ, ਰਾਮ ਕੁਮਾਰ ਸ਼ਰਮਾ, ਸੰਜੀਵ ਕੁਮਾਰ, ਸ਼ਿਵ ਕੁਮਾਰ, ਜਤਿੰਦਰ ਕੁਮਾਰ, ਜਤਿੰਦਰ ਸ਼ਰਮਾ, ਰਵੀ ਦੱਤ ਸ਼ਰਮਾ, ਦਵਿੰਦਰ ਸ਼ਰਮਾ, ਕੁਲਦੀਪ ਸ਼ਰਮਾ, ਭਾਰਤ ਭੂਸ਼ਨ, ਗੁਰਪ੍ਰਤਾਪ ਸਿੰਘ, ਗੁਰਨਾਮ ਸਿੰਘ, ਸ਼ਿਵਜੀ ਲਾਲਾ, ਬਾਲ ਕ੍ਰਿਸ਼ਨ ਸ਼ਰਮਾ, ਲਾਲ ਚੰਦ ਸ਼ਰਮਾ, ਮੁਕੇਸ਼ ਕੁਮਾਰ, ਰਾਕੇਸ਼ ਕੁਮਾਰ, ਬਲਵਿੰਦਰ ਸਿੰਘ, ਸਾਬਕਾ ਸਰਪੰਚ ਬੱਲੂ ਚੌਧਰੀ, ਸਾਬਕਾ ਸਰਪੰਚ ਰਣਜੀਤ ਚੌਧਰੀ ਸਮੇਤ ਪਿੰਡ ਵਾਸੀ ਸ਼ਾਮਲ ਹਨ।



# ਨਵਾਂਸ਼ਹਿਰ ਦੇ ਐੱਸ.ਐੱਮ.ਓ. ਵੱਲੋਂ ਅੰਤਰ ਜ਼ਿਲ੍ਹਾ ਇੰਸਪੈਕਸ਼ਨ ਪ੍ਰੋਗਰਾਮ ਤਹਿਤ ਹੁਸ਼ਿਆਰਪੁਰ ਵਿੱਚ ਆਮ ਆਦਮੀ ਕਲੀਨਿਕ ਦੀ ਇੰਸਪੈਕਸ਼ਨ

ਹੁਸ਼ਿਆਰਪੁਰ, 20 ਜੁਲਾਈ (ਚ.ਨ.ਸ)ਸਿਵਲ ਸਰਜਨ ਡਾ. ਗੁਰਿੰਦਰਜੀਤ ਸਿੰਘ ਜੀ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਹਸਪਤਾਲ, ਨਵਾਂਸ਼ਹਿਰ ਦੇ ਸੀਨੀਅਰ ਮੈਡੀਕਲ ਅਫਸਰ ਡਾ. ਸਤਵਿੰਦਰਪਾਲ ਸਿੰਘ ਨੇ ਅੱਜ ਅੰਤਰ ਜ਼ਿਲ੍ਹਾ ਇੰਸਪੈਕਸ਼ਨ ਪ੍ਰੋਗਰਾਮ ਤਹਿਤ ਹੁਸ਼ਿਆਰਪੁਰ ਜ਼ਿਲ੍ਹੇ ਦੇ ਸਿਹਤ ਬਲਾਕ ਪੋਸੀ ਅਧੀਨ ਆਉਂਦੀ ਆਮ ਆਦਮੀ ਕਲੀਨਿਕ, ਧਮਾਈ ਦੀ ਚੈਕਿੰਗ ਕੀਤੀ।

ਇਸ ਮੌਕੇ ਉਨ੍ਹਾਂ ਨੇ ਆਨਲਾਈਨ ਰਜਿਸਟ ?ਰੇਸ਼ਨ, ਮਰੀਜ਼ਾਂ ਦਾ ਮੈਡੀਕਲ ਰਿਕਾਰਡ, ਨਿਰਧਾਰਿਤ ਦਵਾਈਆਂ ਦੀ ਉਪਲੱਬਧਤਾ, ਡਾਇਗਨੌਸਟਿਕ ਸੇਵਾਵਾਂ, ਦਵਾਈਆਂ ਸਟਾਕ ਵਿੱਚੋਂ ਕੱਢਣ ਦੀ ਪ੍ਰਕਿਰਿਆ ਸਮੇਤ ਸਾਫ-ਸਫਾਈ ਦੇ ਪ੍ਰਬੰਧਾਂ ਦਾ ਵਿਸ਼ੇਸ਼ ਤੌਰ 'ਤੇ ਜਾਇਜ਼ਾ ਲਿਆ। ਉਨ੍ਹਾਂ ਨੇ ਬਾਇਓ ਮੈਡੀਕਲ ਵੇਸਟ ਦੇ ਨਿਪਟਾਰੇ ਲਈ ਨਿਯਮਾਂ ਦੀ ਪਾਲਣ ਨੂੰ ਵੀ ਦੇਖਿਆ। ਡਾ. ਸਿੰਘ ਨੇ ਇਸ ਆਮ ਆਦਮੀ ਕਲੀਨਿਕ ਵਿੱਚੋਂ ਸਿਹਤ ਸਹੂਲਤਾਂ ਦਾ ਲਾਭ ਪ੍ਰਾਪਤ ਕਰਨ ਵਾਲੇ ਮਰੀਜ਼ਾਂ ਨੂੰ ਫੋਨ ਕਰਕੇ ਉਨ੍ਹਾਂ ਤੋਂ ਸਿਹਤ ਸੇਵਾਵਾਂ ਸਬੰਧੀ ਫੀਡਬੈਕ ਵੀ ਲਈ। ਇਸ ਮੌਕੇ ਉਨ੍ਹਾਂ ਦੱਸਿਆ ਕਿ ਇਹ ਇੰਸਪੈਕਸ਼ਨ ਇਹ ਯਕੀਨੀ ਬਣਾਉਣ 'ਤੇ ਕੇਂਦਰਿਤ ਹੈ ਕਿ ਆਮ ਆਦਮੀ ਕਲੀਨਿਕ ਪੰਜਾਬ ਸਰਕਾਰ ਦੇ ਸਥਾਪਿਤ ਸਟੈਂਡਰਡ ਆਪਰੇਟਿੰਗ ਪ੍ਰੋਟੋਕੋਲ ਦੀ ਪਾਲਣਾ ਕਰਦੇ ਹੋਏ ਆਮ ਲੋਕਾਂ ਨੂੰ ਲੋੜੀਂਦੀ ਦੇਖਭਾਲ ਪ੍ਰਦਾਨ ਕਰ ਰਹੇ ਹਨ।

# ਅਕਾਲ ਅਕੈਡਮੀ ਮੂਲਿਆਂਵਾਲ ਵਿਖੇ ਪੌਦੇ ਲਗਾਕੇ ਵਾਤਾਵਰਣ ਸੁੱਧ ਰੱਖਣ ਸਬੰਧੀ ਦਿੱਤਾ ਸੁਨੇਹਾ

ਧਾਰੀਵਾਲ, 20 ਜੁਲਾਈ ( ਅਸ਼ੋਕ ਕੁਮਾਰ ) - ਕਲਗੀਧਰ ਟਰਸਟ ਬੜੂ ਸਾਹਿਬ ਦੀ ਦੇਖਰੇਖ ਹੇਠ ਚੱਲ ਰਹੀ ਅਕਾਲ ਅਕੈਡਮੀ ਮੂਲਿਆਂਵਾਲ ਵਿਖੇ ਪ੍ਰਿੰਸੀਪਲ ਮੈਡਮ ਰਜਵੰਤ ਕੌਰ ਜੀ ਵੱਲੋਂ ਅਧਿਆਪਕ ਅਤੇ ਵਿਦਿਆਰਥੀ ਵੱਲੋਂ ਰਲ ਮਿਲ ਕੇ ਬੂਟਾ ਲਗਾਉਣ ਦੀ ਸ਼ੁਰੂਆਤ ਕੀਤੀ ਗਈ ਗੋਗ੍ਰੀਨ ਕਲੱਬ ਦੇ ਇੰਚਾਰਜ ਮੈਡਮ ਰਮਨਜੀਤ ਵੱਲੋਂ ਸਾਰਾ ਹੀ ਇਹ ਉਪਰਾਲਾ ਕੀਤਾ ਗਿਆ ਇਸ ਵਿੱਚ ਨਰਸਰੀ ਜਮਾਤ ਤੋਂ ਲੈ ਕੇ ਬਾਰਵੀਂ ਜਮਾਤ ਤੱਕ ਦੇ ਬੱਚਿਆਂ ਨੇ ਹਿੱਸਾ ਲਿਆ।

ਛੋਟੀ ਜਮਾਤ ਦੇ ਬੱਚਿਆਂ ਨੇ ਕਵਿਤਾ ਰਾਹੀਂ ਰੁੱਖ ਬਚਾਓ ਦਾ ਸੰਦੇਸ਼ ਦਿੱਤਾ ਵੱਡੇ ਜਮਾਤ ਬੱਚਿਆਂ ਨੇ ਚਾਟ ਤੇ ਸਲੋਗਨ ਲਿਖ ਕੇ ਡਰਾਮੇ ਰਾਹੀਂ ਰੁੱਖਾਂ ਨੂੰ ਬਚਾਉਣ ਦਾ ਸੁਨੇਹਾ ਦਿੱਤਾ, ਤੇ ਬੱਚਿਆਂ ਵੱਲੋਂ ਰੁੱਖ ਲਗਾਓ ਤੇ ਪੰਛੀਆਂ ਨੂੰ ਬਚਾਓ ਤੇ ਭਾਸ਼ਣ ਦਿੱਤਾ ਗਿਆ ਹੋਰ ਬਹੁਤ ਸਾਰੇ ਬੱਚਿਆਂ ਨੇ ਤੇ ਅਧਿਆਪਕਾਂ ਨੇ ਬੂਟੇ ਲਗਾਉਣ ਤੇ ਵਾਤਾਵਰਨ ਨੂੰ ਖੁਸ਼ਹਾਲ ਬਣਾਉਣ ਵਿੱਚ ਹਿੱਸਾ ਪਾਇਆ ਅਖੀਰ ਵਿੱਚ ਪ੍ਰਿੰਸੀਪਲ ਮੈਡਮ ਰਜਵੰਤ ਕੌਰ ਜੀ ਵੱਲੋਂ ਬੱਚਿਆਂ ਨੂੰ ਸੁਨੇਹਾ ਦਿੱਤਾ ਗਿਆ ਕਿ ਆਓ ਸਾਰੇ ਅਸੀ ਰਲ ਮਿਲ ਕੇ ਕੁਦਰਤ ਨੂੰ ਪਿਆਰ ਕਰੀਏ ਰੁੱਖ ਲਗਾਈਏ ਤੇ ਫਿਰ ਵੇਖੋ ਕੁਦਰਤ ਸਾਨੂੰ ਕਿੰਨਾ ਪਿਆਰ ਕਰਦੀ ਹੈ ਉਹਨਾਂ ਨੇ ਕਿਹਾ ਕਿ ਸਾਨੂੰ ਹਰ ਖੁਸ਼ੀ ਦੇ ਮੌਕੇ ਤੇ ਅਤੇ ਆਪਣੇ ਜਨਮ ਦਿਨ ਤੇ ਇੱਕ ਪੌਦਾ ਜਰੂਰ ਲਗਾਉਣਾ ਚਾਹੀਦਾ ਹੈ, ਕਿਉਂਕਿ ਰੁੱਖ ਤੋਂ ਬਿਨਾਂ ਮਨੁੱਖ ਦੀ ਜ਼ਿੰਦਗੀ ਅਧੂਰੀ ਹੈ ਬੱਚਿਆਂ ਨੇ ਆਪਣੀ ਜੀਵਨ ਵਿੱਚ ਇੱਕ ਇੱਕ ਪੌਦਾ ਲਗਾਉਣ ਦਾ ਪ੍ਰਣ ਕੀਤਾ ਕਿ ਅਸੀਂ ਆਪਣੇ ਆਲੇ ਦੁਆਲੇ ਆਪਣੇ ਬੂਟੇ ਲਗਾ ਕੇ ਵਾਤਾਵਰਨ ਨੂੰ ਖੁਸ਼ਹਾਲ ਬਣਾਵਾਂਗੇ।


## ਅੰਬਰ ਐਂਟਰਪ੍ਰਾਈਜ਼ ਇੰਡੀਆ ਲਿਮਟਿਡ

amber

ਰਜਿਸਟਰਡ ਦਫ਼ਤਰ: ਸੀ-1, ਫੇਜ਼ II, ਫੋਕਲ ਪੁਆਇੰਟ, ਰਾਜਪੁਰਾ ਟਾਊਨ - 140 401, ਪੰਜਾਬ
ਕਾਰਪੋਰੇਟ ਦਫ਼ਤਰ: ਯੂਨੀਵਰਸਲ ਟਰੇਡ ਟਾਵਰ, ਪਹਿਲੀ ਮੰਜ਼ਿਲ, ਸੈਕਟਰ - 49, ਸੋਹਨਾ ਰੋਡ, ਗੁਰੂਗ੍ਰਾਮ - 122 018, ਹਰਿਆਣਾ
ਈ-ਮੇਲ: **info@ambergroupindia.com;** ਵੈੱਬਸਾਈਟ: **www.ambergroupindia.com**
ਟੈਲੀਫ਼ੋਨ: +91 124 3923000; ਫੈਕਸ: +91 124 3923016, 17
**CIN: L28910PB1990PLC010265**

**ਵੀਡੀਓ ਕਾਨਫਰੰਸ ("VC")/ਹੋਰ ਆਡੀਓ ਵਿਜ਼ੂਅਲ ਸਾਧਨਾਂ ("OAVM") ਰਾਹੀਂ ਹੋਣ ਵਾਲੀ ਕੰਪਨੀ ਦੀ 35ਵੀਂ ਸਾਲਾਨਾ ਆਮ ਮੀਟਿੰਗ ("35ਵੀਂ ਸਾਲਾਨਾ ਆਮ ਮੀਟਿੰਗ") ਦੇ ਸ਼ੇਅਰਧਾਰਕਾਂ ਨੂੰ ਸੂਚਨਾ**

**ਪਿਆਰੇ ਮੈਂਬਰ(ਾਂ),**

**ਇੱਥੇ ਇਹ ਸੂਚਨਾ ਦਿੱਤੀ ਜਾਂਦੀ ਹੈ ਕਿ ਅੰਬਰ ਐਂਟਰਪ੍ਰਾਈਜ਼ਿਜ਼ ਇੰਡੀਆ ਲਿਮਟਿਡ ("ਕੰਪਨੀ") ਦੇ ਮੈਂਬਰਾਂ ਦੀ 35ਵੀਂ ਸਾਲਾਨਾ ਆਮ ਮੀਟਿੰਗ ("35ਵੀਂ AGM") ਸੋਮਵਾਰ, 11 ਅਗਸਤ 2025 ਨੂੰ ਦੁਪਹਿਰ 03:00 ਵਜੇ (IST) ਵੀਡੀਓ ਕਾਨਫਰੰਸ ("VC")/ਹੋਰ ਆਡੀਓ ਵਿਜ਼ੂਅਲ ਸਾਧਨਾਂ ("OAVM") ਰਾਹੀਂ ਹੋਵੇਗੀ, ਤਾਂ ਜੋ ਕਾਰੋਬਾਰ ਨੂੰ 35ਵੀਂ AGM ਦੇ ਨੋਟਿਸ ਵਿੱਚ ਦੱਸੇ ਅਨੁਸਾਰ ਚਲਾਇਆ ਜਾ ਸਕੇ।**

ਕਾਰਪੋਰੇਟ ਮਾਮਲਿਆਂ ਦੇ ਮੰਤਰਾਲੇ ("MCA") ਨੇ ਆਪਣੇ ਜਨਰਲ ਸਰਕੂਲਰ ਨੰ. 09/2024 ਮਿਤੀ 19 ਸਤੰਬਰ 2024, ਇਸ ਸਬੰਧ ਵਿੱਚ ਜਾਰੀ ਸਰਕੂਲਰ ਦੇ ਨਾਲ ਪੜ੍ਹਿਆ ਅਤੇ ਸਰਕੂਲਰ ਨੰ. SEBI/HO/CFD/CFD-PoD-2/P/CIR/2024/133 ਮਿਤੀ 3 ਅਕਤੂਬਰ 2024 ਅਤੇ ਭਾਰਤੀ ਪ੍ਰਤੀਭੂਤੀਆਂ ਅਤੇ ਐਕਸਚੇਂਜ ਬੋਰਡ ("SEBI") (ਸਮੂਹਿਕ ਤੌਰ 'ਤੇ "ਸਰਕੂਲਰ" ਵਜੋਂ ਜਾਣਿਆ ਜਾਂਦਾ ਹੈ) ਦੁਆਰਾ ਜਾਰੀ ਕੀਤੇ ਗਏ ਹੋਰ ਲਾਗੂ ਸਰਕੂਲਰਾਂ ਰਾਹੀਂ 35ਵੀਂ AGM ਨੂੰ VC/OAVM ਰਾਹੀਂ, ਮੈਂਬਰਾਂ ਦੀ ਭੌਤਿਕ ਮੌਜੂਦਗੀ ਤੋਂ ਬਿਨਾਂ, ਸਾਂਝੇ ਸਥਾਨ 'ਤੇ ਰੱਖਣ ਦੀ ਇਜਾਜ਼ਤ ਦਿੱਤੀ। ਸਰਕੂਲਰਾਂ ਅਤੇ ਕੰਪਨੀ ਐਕਟ, 2013 ("ਐਕਟ") ਦੇ ਸੰਬੰਧਿਤ ਉਪਬੰਧਾਂ ਦੀ ਪਾਲਣਾ ਵਿੱਚ, ਕੰਪਨੀ ਦੀ 35ਵੀਂ AGM VC/OAVM ਰਾਹੀਂ ਹੋਵੇਗੀ।

ਉਪਰੋਕਤ ਸਰਕੂਲਰਾਂ ਦੀ ਪਾਲਣਾ ਵਿੱਚ, 35ਵੀਂ AGM ਦਾ ਨੋਟਿਸ ਅਤੇ ਵਿੱਤੀ ਸਾਲ 2024-25 ਲਈ ਕੰਪਨੀ ਦੀ ਸਾਲਾਨਾ ਰਿਪੋਰਟ, ਸ਼ੁੱਕਰਵਾਰ, 18 ਜੁਲਾਈ 2025 ਨੂੰ ਸਾਰੇ ਮੈਂਬਰਾਂ ਨੂੰ ਇਲੈਕਟ੍ਰਾਨਿਕ ਤੌਰ 'ਤੇ ਭੇਜ ਦਿੱਤੀ ਗਈ ਹੈ, ਜਿਨ੍ਹਾਂ ਦੇ ਈ-ਮੇਲ ਆਈਡੀ ਕੰਪਨੀ ਜਾਂ ਨੈਸ਼ਨਲ ਸਿਕਿਓਰਿਟੀਜ਼ ਡਿਪਾਜ਼ਟਰੀ ਲਿਮਟਿਡ ("NSDL")/ਸੈਂਟਰਲ ਡਿਪਾਜ਼ਟਰੀ (ਇੰਡੀਆ) ਲਿਮਟਿਡ ("CDSL"), (ਸਮੂਹਿਕ ਤੌਰ 'ਤੇ "ਡਿਪਾਜ਼ਟਰੀ") ਜਾਂ, KFin Technologies Limited, ਕੰਪਨੀ ਦੇ ਰਜਿਸਟਰਾਰ ਅਤੇ ਟ੍ਰਾਂਸਫਰ ਏਜੰਟ ("RTA") ਨਾਲ ਰਜਿਸਟਰਡ ਹਨ। ਇਸ ਤੋਂ ਇਲਾਵਾ, SEBI LODR ਰੈਗੂਲੇਸ਼ਨਜ਼ ਦੇ ਰੈਗੂਲੇਸ਼ਨ 36 ਦੀ ਪਾਲਣਾ ਵਿੱਚ, ਇੱਕ ਵੈੱਬਲਿੰਕ ਪ੍ਰਦਾਨ ਕਰਨ ਵਾਲਾ ਇੱਕ ਪੱਤਰ ਭੇਜਿਆ ਜਾ ਰਿਹਾ ਹੈ, ਜਿਸ ਵਿੱਚ ਸਹੀ ਮਾਰਗ ਸ਼ਾਮਲ ਹੈ, ਜਿੱਥੇ ਸਾਲਾਨਾ ਰਿਪੋਰਟ (35ਵੀਂ AGM ਦੇ ਨੋਟਿਸ ਸਮੇਤ) ਦੇ ਪੂਰੇ ਵੇਰਵੇ ਉਨ੍ਹਾਂ ਮੈਂਬਰਾਂ (ਮੈਂਬਰਾਂ) ਲਈ ਉਪਲਬਧ ਹਨ ਜਿਨ੍ਹਾਂ ਨੇ ਆਪਣੇ ਈਮੇਲ ਪਤੇ ਕੰਪਨੀ/ਡਿਪਾਜ਼ਟਰੀ/RTA ਨਾਲ ਰਜਿਸਟਰ ਨਹੀਂ ਕੀਤੇ ਹਨ।

ਵਿੱਤੀ ਸਾਲ 2024-25 ਲਈ 35ਵੀਂ AGM ਅਤੇ ਸਾਲਾਨਾ ਰਿਪੋਰਟ ਦਾ ਨੋਟਿਸ ਕੰਪਨੀ ਦੀ ਵੈੱਬਸਾਈਟ https://www.ir.ambergroupindia.com/financial-information/#annual-reports 'ਤੇ ਸਟਾਕ ਐਕਸਚੇਂਜਾਂ ਦੀ ਵੈੱਬਸਾਈਟ 'ਤੇ ਵੀ ਉਪਲਬਧ ਹੈ ਜਿੱਥੇ ਕੰਪਨੀ ਦੇ ਇਕੁਇਟੀ ਸ਼ੇਅਰ ਸੂਚੀਬੱਧ ਹਨ ਜਿਵੇਂ ਕਿ ਨੈਸ਼ਨਲ ਸਟਾਕ ਐਕਸਚੇਂਜ ਆਫ਼ ਇੰਡੀਆ ਲਿਮਟਿਡ www.nseindia.com 'ਤੇ ਅਤੇ BSE ਲਿਮਟਿਡ www.bseindia.com 'ਤੇ, CDSL ਦੀ ਵੈੱਬਸਾਈਟ www.evotingindia.com 'ਤੇ ਅਤੇ RTA ਦੀ ਵੈੱਬਸਾਈਟ https://evoting.kfintech.com/ 'ਤੇ।

35ਵੀਂ AGM ਦੌਰਾਨ ਰਿਮੋਟ ਈ-ਵੋਟਿੰਗ ਅਤੇ ਈ-ਵੋਟਿੰਗ ਲਈ ਨਿਰਦੇਸ਼:

ਕੰਪਨੀਆਂ (ਪ੍ਰਬੰਧਨ ਅਤੇ ਪ੍ਰਸ਼ਾਸਨ) ਨਿਯਮਾਂ, 2014 ਦੇ ਨਿਯਮ 20 ਅਤੇ SEBI LODR ਨਿਯਮਾਂ ਦੇ ਨਿਯਮ 44 ਦੇ ਨਾਲ ਪੜ੍ਹੇ ਗਏ ਐਕਟ ਦੀ ਧਾਰਾ 108 ਦੇ ਅਨੁਸਾਰ, ਕੰਪਨੀ ਦੇ ਮੈਂਬਰਾਂ ਨੂੰ ਰਿਮੋਟ ਈ-ਵੋਟਿੰਗ ਦੀ ਸਹੂਲਤ ਪ੍ਰਦਾਨ ਕੀਤੀ ਜਾਂਦੀ ਹੈ। ਅਤੇ 35ਵੀਂ AGM ਦੌਰਾਨ ਈ-ਵੋਟਿੰਗ ਰਾਹੀਂ 35ਵੀਂ AGM ਵਿੱਚ ਵਿਚਾਰੇ ਜਾਣ ਵਾਲੇ ਸਾਰੇ ਮਤਿਆਂ 'ਤੇ ਵੋਟ ਪਾਉਣ ਦੇ ਆਪਣੇ ਅਧਿਕਾਰ ਦੀ ਵਰਤੋਂ ਕੀਤੀ ਜਾਵੇਗੀ।

ਕੰਪਨੀ ਨੇ 35ਵੀਂ AGM ਦੌਰਾਨ ਰਿਮੋਟ ਈ-ਵੋਟਿੰਗ ਦੇ ਨਾਲ-ਨਾਲ ਈ-ਵੋਟਿੰਗ ਦੀ ਸਹੂਲਤ ਪ੍ਰਦਾਨ ਕਰਨ ਲਈ RTA ਦੀਆਂ ਸੇਵਾਵਾਂ ਨੂੰ ਸ਼ਾਮਲ ਕੀਤਾ ਹੈ। ਮੈਂਬਰ https://evoting.kfintech.com 'ਤੇ "e-AGM - ਵੀਡੀਓ ਕਾਨਫਰੰਸ÷ 'ਤੇ ਕਲਿੱਕ ਕਰਕੇ ਇਸ ਤੱਕ ਪਹੁੰਚ ਕਰ ਸਕਦੇ ਹਨ ਅਤੇ 35ਵੀਂ AGM ਦੇ ਨੋਟਿਸ ਵਿੱਚ ਦਿੱਤੇ ਗਏ ਵੇਰਵਿਆਂ ਅਨੁਸਾਰ ਰਿਮੋਟ ਈ-ਵੋਟਿੰਗ ਪ੍ਰਮਾਣ ਪੱਤਰਾਂ ਦੀ ਵਰਤੋਂ ਕਰਕੇ 'ਸ਼ੇਅਰਧਾਰਕ'/ 'ਮੈਂਬਰ' ਲੌਗਇਨ ਤੱਕ ਪਹੁੰਚ ਕਰ ਸਕਦੇ ਹਨ।

ਮੈਂਬਰ VC ਸਹੂਲਤ ਅਤੇ ਈ-ਵੋਟਿੰਗ ਲਈ ਹੇਠ ਲਿਖੇ ਵੇਰਵੇ ਨੋਟ ਕਰ ਸਕਦੇ ਹਨ:

a) ਮੈਂਬਰਾਂ ਨੂੰ 35ਵੀਂ AGM ਦੇ ਨੋਟਿਸ ਵਿੱਚ ਦੱਸੇ ਗਏ ਨਿਰਦੇਸ਼ਾਂ ਦੀ ਪਾਲਣਾ ਕਰਕੇ VC ਰਾਹੀਂ **11 ਅਗਸਤ 2025 ਨੂੰ 35ਵੀਂ AGMਵਿੱਚ** ਸ਼ਾਮਲ ਹੋਣ ਲਈ ਬੇਨਤੀ ਕੀਤੀ ਜਾਂਦੀ ਹੈ।
b) ਕੰਪਨੀ ਦੇ ਮੈਂਬਰ, ਕੱਟ-ਆਫ ਮਿਤੀ, ਭਾਵ **ਸ਼ੁੱਕਰਵਾਰ, 1 ਅਗਸਤ 2025 ਨੂੰ ਭੌਤਿਕ ਰੂਪ** ਵਿੱਚ ਜਾਂ ਡੀਮੈਟੀਰੀਅਲਾਈਜ਼ਡ ਰੂਪ ਵਿੱਚ ਸ਼ੇਅਰ ਰੱਖਦੇ ਹਨ ਅਤੇ ਜਿਨ੍ਹਾਂ ਦਾ ਨਾਮ ਕੱਟ-ਆਫ ਮਿਤੀ 'ਤੇ ਮੈਂਬਰਾਂ ਦੇ ਰਜਿਸਟਰ ਵਿੱਚ ਜਾਂ ਡਿਪਾਜ਼ਿਟਰੀ ਦੁਆਰਾ ਰੱਖੇ ਗਏ ਲਾਭਪਾਤਰੀ ਮਾਲਕਾਂ ਦੇ ਰਜਿਸਟਰ ਵਿੱਚ ਦਰਜ ਹੈ, ਉਹ ਹੀ 35ਵੀਂ AGM ਦੌਰਾਨ ਰਿਮੋਟ ਈ-ਵੋਟਿੰਗ ਦੇ ਨਾਲ-ਨਾਲ ਈ-ਵੋਟਿੰਗ ਦੀ ਸਹੂਲਤ ਪ੍ਰਾਪਤ ਕਰਨ ਦੇ ਹੱਕਦਾਰ ਹੋਣਗੇ।
c) ਰਿਮੋਟ ਈ-ਵੋਟਿੰਗ ਦੀ ਮਿਆਦ ਸ਼ੁੱਕਰਵਾਰ, **8 ਅਗਸਤ 2025 ਨੂੰ ਸਵੇਰੇ 9:00 ਵਜੇ (IST) ਸ਼ੁਰੂ ਹੋਵੇਗੀ।**
d) ਰਿਮੋਟ ਈ-ਵੋਟਿੰਗ ਦੀ ਮਿਆਦ ਐਤਵਾਰ, **10 ਅਗਸਤ 2025 ਨੂੰ ਸ਼ਾਮ 5:00 ਵਜੇ (IST) ਖਤਮ ਹੋ ਜਾਵੇਗੀ।**
e) ਉਪਰੋਕਤ ਮਿਆਦ ਦੀ ਸਮਾਪਤੀ 'ਤੇ ਵੋਟਿੰਗ ਲਈ RTA ਦੁਆਰਾ ਰਿਮੋਟ ਈ-ਵੋਟਿੰਗ ਮਾਡਿਊਲ ਨੂੰ ਅਯੋਗ ਕਰ ਦਿੱਤਾ ਜਾਵੇਗਾ। ਇੱਕ ਵਾਰ ਮੈਂਬਰ ਦੁਆਰਾ ਮਤੇ 'ਤੇ ਵੋਟ ਪਾਉਣ ਤੋਂ ਬਾਅਦ, ਮੈਂਬਰ ਨੂੰ ਬਾਅਦ ਵਿੱਚ ਇਸਨੂੰ ਬਦਲਣ ਦੀ ਆਗਿਆ ਨਹੀਂ ਹੋਵੇਗੀ।
f) ਕੋਈ ਵੀ ਵਿਅਕਤੀ ਜੋ 35ਵੀਂ AGM ਦਾ ਨੋਟਿਸ ਭੇਜਣ ਤੋਂ ਬਾਅਦ ਕੰਪਨੀ ਦਾ ਮੈਂਬਰ ਬਣ ਜਾਂਦਾ ਹੈ ਅਤੇ ਕੱਟ-ਆਫ ਮਿਤੀ ਯਾਨੀ **ਸ਼ੁੱਕਰਵਾਰ, 1 ਅਗਸਤ 2025** ਨੂੰ ਸ਼ੇਅਰ ਰੱਖਦਾ ਹੈ ਅਤੇ ਈ-ਵੋਟਿੰਗ ਵਿੱਚ ਹਿੱਸਾ ਲੈਣਾ ਚਾਹੁੰਦਾ ਹੈ, ਉਹ ਕੰਪਨੀ ਦੇ RTA, ਸੇਲੇਨੀਅਮ, ਟਾਵਰ ਏ, ਪਲਾਟ ਨੰਬਰ-31 ਅਤੇ 32, ਵਿੱਤੀ ਜ਼ਿਲ੍ਹਾ, ਨਾਨਕਰਾਮਗੁੜਾ, ਸੇਰੀਲਿੰਗਮਪੱਲੀ, ਹੈਦਰਾਬਾਦ - 500032, ਤੇਲੰਗਾਨਾ, ਭਾਰਤ ਨੂੰ ਇੱਕ ਪੱਤਰ ਭੇਜ ਕੇ ਯੂਜ਼ਰ ਆਈਡੀ ਅਤੇ ਪਾਸਵਰਡ ਪ੍ਰਾਪਤ ਕਰ ਸਕਦਾ ਹੈ ਜਾਂ evoting@kfintech.com 'ਤੇ ਈਮੇਲ ਕਰ ਸਕਦਾ ਹੈ, ਜਿਸ ਵਿੱਚ ਮੈਂਬਰ ਦਾ ਨਾਮ, DP ID/ਕਲਾਇੰਟ ID ਅਤੇ ਕੰਪਨੀ ਦਾ ਨਾਮ ਵਰਗੇ ਵੇਰਵੇ ਪ੍ਰਦਾਨ ਕੀਤੇ ਜਾਣਗੇ। ਡਿਪਾਜ਼ਿਟਰੀਆਂ ਦੁਆਰਾ ਪ੍ਰਦਾਨ ਕੀਤੇ ਗਏ ਜਾਂ RTA ਕੋਲ ਉਪਲਬਧ ਮੈਂਬਰ ਦੇ ਵੇਰਵਿਆਂ ਅਨੁਸਾਰ ਯੂਜ਼ਰ ਆਈਡੀ ਅਤੇ ਪਾਸਵਰਡ ਈਮੇਲ ਜਾਂ SMS ਜਾਂ ਪੱਤਰ ਰਾਹੀਂ ਪ੍ਰਦਾਨ ਕੀਤਾ ਜਾਵੇਗਾ।
g) ਕੰਪਨੀ 35ਵੀਂ AGM ਦੌਰਾਨ ਈ-ਵੋਟਿੰਗ ਦੀ ਸਹੂਲਤ ਵੀ ਪ੍ਰਦਾਨ ਕਰੇਗੀ। 35ਵੀਂ AGM ਦੌਰਾਨ ਰਿਮੋਟ ਈ-ਵੋਟਿੰਗ ਅਤੇ ਈ-ਵੋਟਿੰਗ ਲਈ ਵਿਸਤ੍ਰਿਤ ਪ੍ਰਕਿਰਿਆ 35ਵੀਂ AGM ਦੇ ਨੋਟਿਸ ਵਿੱਚ ਦੱਸੀ ਗਈ ਹੈ। VC ਸਹੂਲਤ ਰਾਹੀਂ 35ਵੀਂ AGM ਵਿੱਚ ਸ਼ਾਮਲ ਹੋਣ ਵਾਲੇ ਮੈਂਬਰ ਜਿਨ੍ਹਾਂ ਨੇ ਪਹਿਲਾਂ ਹੀ ਰਿਮੋਟ ਈ-ਵੋਟਿੰਗ ਰਾਹੀਂ ਆਪਣੀ ਵੋਟ ਦੀ ਵਰਤੋਂ ਨਹੀਂ ਕੀਤੀ ਹੈ, ਉਹ AGM ਦੌਰਾਨ ਆਪਣੀ ਵੋਟ ਦੀ ਵਰਤੋਂ ਕਰ ਸਕਣਗੇ।
h) ਮੀਟਿੰਗ ਦੌਰਾਨ ਈ-ਵੋਟਿੰਗ ਦੀ ਸਹੂਲਤ ਸਿਰਫ਼ VC ਸਹੂਲਤ ਰਾਹੀਂ ਮੀਟਿੰਗ ਵਿੱਚ ਹਿੱਸਾ ਲੈਣ ਵਾਲੇ ਮੈਂਬਰਾਂ ਲਈ ਉਪਲਬਧ ਹੈ। ਜੇਕਰ ਕਿਸੇ ਮੈਂਬਰ ਨੇ 35ਵੀਂ AGM ਦੌਰਾਨ ਈ-ਵੋਟਿੰਗ ਰਾਹੀਂ ਆਪਣੀ ਵੋਟ ਦੀ ਵਰਤੋਂ ਕੀਤੀ ਹੈ ਪਰ VC ਸਹੂਲਤ ਰਾਹੀਂ 35ਵੀਂ AGM ਵਿੱਚ ਸ਼ਾਮਲ ਨਹੀਂ ਹੋਇਆ ਹੈ, ਤਾਂ ਅਜਿਹੇ ਮੈਂਬਰ ਦੁਆਰਾ ਪਾਈਆਂ ਗਈਆਂ ਵੋਟਾਂ ਨੂੰ ਅਵੈਧ ਮੰਨਿਆ ਜਾਵੇਗਾ।
i) ਜਿਨ੍ਹਾਂ ਮੈਂਬਰਾਂ ਨੇ 35ਵੀਂ AGM ਤੋਂ ਪਹਿਲਾਂ ਰਿਮੋਟ ਈ-ਵੋਟਿੰਗ ਰਾਹੀਂ ਆਪਣੀ ਵੋਟ ਦੀ ਵਰਤੋਂ ਕੀਤੀ ਹੈ, ਉਹ 35ਵੀਂ AGM ਵਿੱਚ ਵੀ ਸ਼ਾਮਲ ਹੋ ਸਕਦੇ ਹਨ ਪਰ ਦੁਬਾਰਾ 35ਵੀਂ AGM ਵਿੱਚ ਆਪਣੀ ਵੋਟ ਦੀ ਵਰਤੋਂ ਕਰਨ ਦੇ ਹੱਕਦਾਰ ਨਹੀਂ ਹੋਣਗੇ।
j) ਕੰਪਨੀ ਦਾ ਮੈਂਬਰਾਂ ਦਾ ਰਜਿਸਟਰ ਅਤੇ ਸ਼ੇਅਰ ਟ੍ਰਾਂਸਫਰ ਬੁੱਕ ਸ਼ਨੀਵਾਰ, 2 ਅਗਸਤ, 2025 ਤੋਂ ਸੋਮਵਾਰ, 11 ਅਗਸਤ, 2025 (ਦੋਵੇਂ ਦਿਨ ਸ਼ਾਮਲ) ਤੱਕ ਬੰਦ ਰਹੇਗਾ।

ਇਲੈਕਟ੍ਰਾਨਿਕ ਸਾਧਨਾਂ ਰਾਹੀਂ ਵੋਟ ਪਾਉਣ ਦੇ ਸੰਬੰਧ ਵਿੱਚ ਕਿਸੇ ਵੀ ਪੁੱਛਗਿੱਛ ਅਤੇ/ਜਾਂ ਸ਼ਿਕਾਇਤ ਦੇ ਮਾਮਲੇ ਵਿੱਚ, ਮੈਂਬਰ RTA ਦੀ ਵੈੱਬਸਾਈਟ https://evoting.kfintech.com ਦੇ ਡਾਊਨਲੋਡ ਸੈਕਸ਼ਨ ਵਿੱਚ ਉਪਲਬਧ ਮਦਦ ਅਤੇ ਅਕਸਰ ਪੁੱਛੇ ਜਾਂਦੇ ਸਵਾਲ ("FAQs") ਅਤੇ ਈ-ਵੋਟਿੰਗ ਉਪਭੋਗਤਾ ਮੈਨੂਅਲ ਦਾ ਹਵਾਲਾ ਦੇ ਸਕਦੇ ਹਨ ਜਾਂ ਸ਼੍ਰੀ ਗੋਦਾਵਰਤੀ ਵਸੰਤ ਰਾਓ ਚੌਧਰੀ, ਮੈਨੇਜਰ - ਕਾਰਪੋਰੇਟ ਰਜਿਸਟਰੀ, ਨਾਲ einward.ris@kfintech.com ਜਾਂ evoting@kfintech.com 'ਤੇ ਸੰਪਰਕ ਕਰ ਸਕਦੇ ਹਨ ਜਾਂ ਸੰਪਰਕ ਨੰਬਰ: 040-6716-1527; ਟੋਲ ਫ੍ਰੀ ਨੰਬਰ: 1800-309-4001 ਜਿਸਦਾ ਦਫਤਰ ਸੇਲੇਨੀਅਮ, ਟਾਵਰ ਬੀ, ਪਲਾਟ ਨੰਬਰ-31 ਅਤੇ 32, ਵਿੱਤੀ ਜ਼ਿਲ੍ਹਾ, ਨਾਨਕਰਾਮਗੁੜਾ, ਸੇਰੀਲਿੰਗਮਪੱਲੀ, ਹੈਦਰਾਬਾਦ - 500032, ਤੇਲੰਗਾਨਾ, ਭਾਰਤ ਵਿਖੇ ਹੈ।

ਬੋਰਡ ਨੇ 35ਵੀਂ ਸਾਲਾਨਾ ਆਮ ਮੀਟਿੰਗ ਦੌਰਾਨ ਰਿਮੋਟ ਈ-ਵੋਟਿੰਗ ਅਤੇ ਈ-ਵੋਟਿੰਗ ਦੀ ਪ੍ਰਕਿਰਿਆ ਨੂੰ ਨਿਰਪੱਖ ਅਤੇ ਪਾਰਦਰਸ਼ੀ ਢੰਗ ਨਾਲ ਕਰਵਾਉਣ ਲਈ ਪ੍ਰੈਕਟਿਸਿੰਗ ਕੰਪਨੀ ਸਕੱਤਰਾਂ (ਮੈਂਬਰਸ਼ਿਪ ਨੰਬਰ 10300, ਸਰਟੀਫਿਕੇਟ ਆਫ਼ ਪ੍ਰੈਕਟਿਸ ਨੰਬਰ 11204) ਦੀ ਇੱਕ ਫਰਮ, ਮੈਸਰਜ਼ ਵੀ. ਝਾਵਰ ਐਂਡ ਕੰਪਨੀ ਨੂੰ ਜਾਂਚਕਰਤਾ ਵਜੋਂ ਨਿਯੁਕਤ ਕੀਤਾ ਹੈ।

35ਵੀਂ ਸਾਲਾਨਾ ਆਮ ਮੀਟਿੰਗ ਦਾ ਨੋਟਿਸ ਈ-ਵੋਟਿੰਗ ਲਈ ਨਿਰਦੇਸ਼ਾਂ ਦੇ ਨਾਲ ਕੇਫਿਨ ਦੀ ਵੈੱਬਸਾਈਟ https://evoting.kfintech.com 'ਤੇ ਉਪਲਬਧ ਹੈ।

**ਬੋਰਡ ਦੇ ਆਦੇਸ਼ ਦੁਆਰਾ**
**ਅੰਬਰ ਐਂਟਰਪ੍ਰਾਈਜ਼ਿਜ਼ ਇੰਡੀਆ ਲਿਮਟਿਡ ਲਈ**

**ਸਹੀ/-**
**(ਕੋਨਿਕਾ ਯਾਦਵ)**
**ਕੰਪਨੀ ਸਕੱਤਰ ਅਤੇ ਪਾਲਣਾ ਅਧਿਕਾਰੀ**

**ਸਥਾਨ: ਗੁਰੂਗ੍ਰਾਮ**
**ਮਿਤੀ: 19 ਜੁਲਾਈ 2025**



# ਧਰਮ ਤੇ ਵਿਰਸਾ





## ਪ੍ਰਿਥਮ ਭਗਉਤੀ ਸਿਮਰ ਕੈ।।



ਗੁਰਚਰਨਜੀਤ ਸਿੰਘ ਲਾਂਬਾ

**ਸਤਿਗੁਰੂ** ਜੀ ਦੀ ਕਿਰਪਾ ਸਦਕਾ ਜਦੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀਦੇ ਦਰਸ਼ਨ ਦੀਦਾਰੇ ਕਰਨ ਦਾ ਸੁਭਾਗ ਪ੍ਰਾਪਤ ਹੋਏ ਤਾਂ ਹਰਿਮੰਦਰ ਸਾਹਿਬ ਦੀ ਪੱਛਮੀ ਬਾਹੀ ਦੇ ਉੱਤੇ ਸੁਨਹਿਰੀ ਅੱਖਰਾਂ ਵਿਚ ਉਕਰੀ ਹੋਈ ਅਰਦਾਸ ਦੀ ਪਹਿਲੀ ਪਉੜੀ "ਪ੍ਰਿਥਮ ਭਗਉਤੀ ਸਿਮਰ ਕੈ ਗੁਰ ਨਾਨਕ ਲਈ ਧਿਆਇ" ਦੇ ਦਰਸ਼ਨ ਹੁੰਦੇ ਹਨ। ਇਹ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਮੁਖਾਰ ਬਿੰਦ 'ਚੋਂ ਉਚਰੀ ਪਾਵਨ ਬਾਣੀ ਸਿੱਖ ਦੇ ਜੀਵਨ ਦਾ ਆਧਾਰ ਹੈ। ਇਸ ਪਉੜੀ ਦੇ ਰਚਨਹਾਰ ਕਲਗੀਧਰ ਪਿਤਾ ਗੁਰੂ ਗੋਬਿੰਦ ਸਿੰਘ ਜੀ ਖ਼ੁਦ ਹਨ ਇਸ ਲਈ ਇਸ ਵਿਚ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਤੋਂ ਲੈ ਕੇ ਗੁਰੂ ਤੇਗ ਬਹਾਦਰ ਜੀ ਤਕ ਦਾ ਜ਼ਿਕਰ ਹੈ, ਗੁਰੂ ਗੋਬਿੰਦ ਸਿੰਘ ਜੀ ਨਾ ਨਹੀ। ਅਰਦਾਸ ਵਿਚ ਗੁਰੂ ਗੋਬਿੰਦ ਸਿੰਘ ਜੀ ਦਾ ਨਾਮ ਬਾਅਦ ਵਿਚ ਗੁਰੂ ਪੰਥ ਨੇ ਸ਼ਾਮਲ ਕੀਤਾ।

ਭਾਈ ਤਿਲੋਕਾ ਨਾਭੇ ਅਤੇ ਜੀਂਦ ਰਾਜ ਘਰਾਣੇ ਦਾ ਵਡੇਰਾ ਅਤੇ ਬਾਬਾ ਫੂਲ ਦਾ ਪੁੱਤਰ। ਇਸਨੇ ਆਪਣੇ ਛੋਟੇ ਭਾਈ ਰਾਮ ਸਿੰਘ ਦੇ ਨਾਲ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਹਾਜ਼ਰੀ ਵਿਚ ਸੰਮਤ 1763 ਨੂੰ ਸ੍ਰੀ ਦਮਦਮਾ ਸਾਹਿਬ ਅੰਮ੍ਰਿਤ ਪਾਨ ਕੀਤਾ। ਸਤਿਗੁਰੂ ਜੀ ਨੇ ਇਸ ਸਮੇਂ ਇਸ ਦੀ ਸਿੱਖੀ ਤੋਂ ਪ੍ਰਸੰਨ ਹੋ ਕੇ ਇਕ ਸ੍ਰੀ ਸਾਹਿਬ ਅਤੇ ਹੁਕਮਨਾਮੇ ਦੀ ਬਖ਼ਸ਼ਿਸ਼ ਕੀਤੀ। ਇਸ ਸ੍ਰੀ ਸਾਹਿਬ ਤੇ ਇਕ ਪਾਸੇ ਅੰਕਤ ਹੈ - "ਸ੍ਰੀ ਭਗੌਤੀ ਜੀ ਸਹਾਇ ਗੁਰੂ ਗੋਬਿੰਦ ਸਿੰਘ ਪਾਤਸ਼ਾਹੀ ਦਸ" ਅਤੇ ਦੂਸਰੇ ਪਾਸੇ ਹੈ - "ਪਾਤਸ਼ਾਹੀ ਦਸ"। ਸੱਚੇ ਪਾਤਸ਼ਾਹ ਨੇ ਕ੍ਰਿਪਾਨ ਨੂੰ ਅਕਾਲ ਪੁਰਖ ਦਾ ਪ੍ਰਤੱਖ ਸਰੂਪ ਮੰਨ ਕੇ ਇਸ ਨੂੰ ਸ੍ਰੀ ਸਾਹਿਬ ਵੀ ਕਿਹਾ। ਤਾਂ ਹੀ ਅਰਦਾਸ ਵਿਚ ਸ੍ਰੀ ਸਾਹਿਬ ਜੀ ਸਹਾਇ ਦੀ ਯਾਚਨਾ ਕੀਤੀ ਜਾਂਦੀ ਹੈ। ਬਿਹਾਰੀ ਕਵੀ ਤਾਂ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਨੂੰ ਵੀ ਸ੍ਰੀ ਸਾਹਿਬ ਕਹਿ ਕੇ ਮੁਖ਼ਾਤਬ ਹੁੰਦਾ ਹੈ:

ਚਾਦਰ ਮੈਲੀ ਸਾਬਣ ਥੋੜਾ, ਜਦ ਦੇਖਾਂ ਤਦ ਰੋਵਾਂ
ਬਹੁਤੇ ਦਾਗ ਲਗੇ ਤਨ ਮੇਰੇ, ਮੈ ਕਿਹੜਾ ਕਿਹੜਾ ਧੋਵਾਂ
ਦਾਗਾਂ ਦੀ ਕੋਈ ਕੀਮਤ ਨਾਹੀ, ਮੈ ਕਿਉ ਕਰ ਹੱਛੀ ਹੋਵਾਂ
ਸ੍ਰੀ ਸਾਹਿਬ ਮੈਨੰ ਦਰਸ਼ਨ ਦੇਵੋ, ਮੈ ਸੱਚੇ ਸਾਬਣ ਧੋਵਾਂ।

ਸਿੱਖੀ ਭੇਖ ਵਿਚ ਪਹਿਲੀ ਵਾਰ ਅਰਦਾਸ ਵਿਚ "ਸ੍ਰੀ ਭਗੌਤੀ ਜੀ ਸਹਾਇ" ਤੋਂ ਮੁਨਕਰ ਹੋਣ ਵਾਲਾ ਬਾਬੂ ਤੇਜਾ ਸਿੰਘ ਭਸੌੜੀਆ ਸੀ। ਪੰਥ ਵਲੋਂ ਇਸ ਨੂੰ ਚਿਤਾਵਨੀ ਅਤੇ ਮੌਕਾ ਦੇਣ ਦੇ ਬਾਵਜੂਦ ਇਹ ਗੁਰੂ ਨਿੰਦਾਂ ਤੋਂ ਨਾ ਟੱਲਿਆ। ਅਖ਼ੀਰ 1928 ਵਿਚ ਇਸ ਨੂੰ ਅਤੇ ਇਸ ਦੇ ਸਾਥੀਆਂ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਨੇ ਤਨਖਾਹੀਆ ਕਰਾਰ ਕੀਤਾ ਅਤੇ ਇਹ ਤਨਖਾਹੀਆ ਹੀ ਸੰਸਾਰ ਤੋਂ ਕੂਚ ਕਰ ਗਿਆ। ਉਸ ਤੋਂ ਬਾਅਦ ਇਸ ਦੀ ਗੁਰੂ ਨਿੰਦਾ ਦੀ ਕਮਾਨ ਪ੍ਰਿੰਸੀਪਲ ਹਰਿਭਜਨ ਸਿੰਘ ਅਤੇ ਉਸਦੇ ਸਾਥੀਆਂ ਨੇ ਸੰਭਾਲੀ ਅਤੇ ਇਸ ਨੂੰ ਅੱਗੇ ਵਧਾਇਆ। ਉਪਰੰਤ ਸ੍ਰੀ ਅਕਾਲ ਤਖ਼ਤ ਸਾਹਿਬ ਵਲੋਂ ਪੰਥ 'ਚੋਂ ਛੇਕੇ ਦਰਸ਼ਨ ਸਿੰਘ ਰਾਗੀ ਅਤੇ ਉਸ ਦੇ ਕੁਝ ਮਿਸ਼ਨਰੀ ਮੁਰੀਦ ਬਦਸਤੂਰ ਇਹ ਗੁਰੂ ਨਿੰਦਾ ਕਰੀ ਜਾ ਰਹੇ ਹਨ।

ਹਰ ਸਿੱਖ ਗ਼ੈਰ ਸਿੱਖ ਇਤਿਹਾਸਕਾਰ ਅਤੇ ਗੁਰਮਤਿ ਦੇ ਲਿਖਾਰੀ ਨੇ "ਸ੍ਰੀ ਭਗੌਤੀ ਜੀ ਸਹਾਇ" ਨੂੰ ਗੁਰਬਾਣੀ ਲਿਖ ਕੇ ਵਿਆਖਿਆ ਕੀਤੀ ਹੈ। ਇਸ ਲਈ ਇਹ ਗੰਭੀਰ ਚਿੰਤਾ ਦਾ ਵਿਸ਼ਾ ਸੀ ਕਿ "ਸ੍ਰੀ ਭਗੌਤੀ ਜੀ ਸਹਾਇ" ਨੂੰ ਦੇਵੀ ਦੀ ਅਰਾਧਨਾ (ਅਰਦਾਸ) ਦੱਸਣ ਦਾ ਸ੍ਰੋਤ ਕੀ ਹੈ? ਕਿਹਾ ਜਾਂਦਾ ਹੈ ਕਿ ਸਾਂਇਸਦਾਨ ਆਰਕਮਿਡਜ਼ ਨੰਗਾ ਨਹਾ ਰਿਹਾ ਸੀ ਕਿ ਅਚਾਨਕ ਉਸਨੇ ਮਹਿਸੂਸ ਕੀਤਾ ਕਿ ਉਸਦਾ ਵਜ਼ਨ ਘਟ ਲਗ ਰਿਹਾ ਹੈ। ਇਸ ਤੋਂ ਉਸਨੂੰ ਅਹਿਸਾਸ ਹੋਇਆ ਕਿ ਹਰ ਵਸਤੂ ਜਾਂ ਧਾਤੂ ਜਦੋਂ ਪਾਣੀ ਵਿਚ ਜਾਂਦੀ ਹੈ ਤਾਂ ਉਸਦਾ ਵਜ਼ਨ ਅਨੁਪਾਤ ਮੁਤਾਬਕ ਘਟ ਜਾਂਦਾ ਹੈ। ਇਸ ਤੋਂ ਉਸਨੂੰ ਬਿਨਾਂ ਤੋੜ ਭੰਨ ਕੀਤੇ ਸੋਨੇ ਦੀ ਸ਼ੁੱਧਤਾ ਪਤਾ ਕਰਨ ਦਾ ਫਾਰਮੂਲਾ ਲੱਭ ਪਿਆ। ਉਹ ਉਸੇ ਤਰ੍ਹਾਂ ਹੀ ਉੱਠ ਕੇ ਯੂਨਾਨੀ ਲਫ਼ਜ਼ Eureka! Eureka! (ਲੱਭ ਲਿਆ! ਲੱਭ ਲਿਆ!) ਪੁਕਾਰਦਾ ਰਾਜ ਦਰਬਾਰ ਵਲ ਦੌੜ ਪਿਆ। ਹੁਣ "ਸ੍ਰੀ ਭਗੌਤੀ ਜੀ ਸਹਾਇ" ਗੁਰਬਾਣੀ ਦੀ ਨਿੰਦਾ ਦਾ ਸ੍ਰੋਤ ਵੀ ਲੱਭ ਪਿਆ ਹੈ। ਇਹ ਬਾਬੂ ਤੇਜਾ ਸਿੰਘ ਭਸੌੜੀਆ ਨਹੀ ਬਲਕਿ ਇਸ ਤੋਂ ਵੀ ਤਕਰੀਬਨ 50 ਸਾਲ ਪਹਿਲਾਂ ਆਰਯਾ ਸਮਾਜ ਦਾ ਮੋਢੀ ਦਯਾ ਨੰਦ ਸੀ। ਉਸ ਨੇ ਆਪਣੀ ਕਿਤਾਬ ਸਤਯਾਰਥ ਪ੍ਰਕਾਸ਼ ਵਿਚ ਭਗੌਤੀ ਨੂੰ ਦੇਵੀ ਦਸ ਕੇ ਨਵੀ ਹੀ ਕਹਾਣੀ ਘੜੀ - "इन में गोविन्दसिंह जी शूरवीर हुए। जो मुसलमानों ने उनकेपुरुषाओं को बहुत सा दुःख दिया था। उन से वैर लेना चाहते थे परन्तु इन के पास कुछ सामग्री न थी और इधर मुसलमानों की बादशाही प्रज्वलित हो रही थी। इन्होंने एक पुरश्चरण करवाया। प्रसिद्धि की कि मुझ को देवी ने वर और खड्ग दिया है कि तुम मुसलमानों से लड़ो; तुम्हारा विजय होगा।"

"ਇਨ ਮੇਂ ਗੋਵਿੰਦਸਿੰਘ ਜੀ ਸ਼ੂਰਵੀਰ ਹੁਏ। ਜੋ ਮੁਸਲਮਾਨੋਂ ਨੇ ਉਨਕੇ ਪੁਰਸ਼ਾਓਂ ਕੋ ਬਹੁਤ ਸਾ ਦੁਖ ਦਿਯਾ ਥਾ। ਉਨ ਸੇ ਵੈਰ ਲੇਨਾ ਚਾਹਤੇ ਥੇ ਪਰੰਤੁ ਇਨ ਕੇ ਪਾਸ ਕੁਛ ਸਾਮਗ੍ਰੀ ਨ ਥੀ ਔਰ ਇਧਰ ਮੁਸਲਮਾਨੋਂ ਕੀ ਬਾਦਸ਼ਾਹੀ ਪ੍ਰਜੂਲਿਤ ਹੋ ਰਹੀ ਥੀ। ਇਨ੍ਹੋਂਨੇ ਏਕ ਪੁਰਸ਼ਚਰਣ ਕਰਵਾਯਾ। ਪ੍ਰਸਿੱਧੀ ਕੀ ਕਿ ਮੁਝ ਕੋ ਦੇਵੀ ਨੇ ਵਰ ਔਰ ਖੜਗ ਦਿਯਾ ਹੈ ਕਿ ਤੁਮ ਮੁਸਲਮਾਨੋਂ ਸੇ ਲੜੋ; ਤੁਮ੍ਹਾਰਾ ਵਿਜਯ ਹੋਗਾ।" ਦਯਾਨੰਦ ਦੀ ਇਹ ਇਤਿਹਾਸ ਅਤੇ ਗੁਰਮਤਿ ਵਿਰੋਧੀ ਲਿਖਤ ਹੀ ਬਾਬੂ ਤੇਜਾ ਸਿੰਘ ਭਸੌੜੀਏ ਵਲੋਂ "ਸ੍ਰੀ ਭਗੌਤੀ ਜੀ ਸਹਾਇ" ਨੂੰ ਦੇਵੀ ਦੀ ਅਰਾਧਨਾ ਦੱਸਣ ਦਾ ਆਧਾਰ ਹੈ। ਦਯਾ ਨੰਦ ਨੇ ਨਾ ਕੇਵਲ ਭਗੌਤੀ ਨੂੰ ਦੇਵੀ ਦੱਸ ਕੇ ਕਿਹਾ ਕਿ ਗੁਰੂ ਗੋਬਿੰਦ ਸਿੰਘ ਜੀ ਨੇ ਦੇਵੀ ਪਾਸੋਂ ਵਰ ਮੰਗਿਆ ਬਲਕਿ ਅੰਮ੍ਰਿਤ, ਪੰਜ ਕਕਾਰਾਂ, ਸ੍ਰੀ ਦਰਬਾਰ ਸਾਹਿਬ ਅਤੇ ਗੁਰੂ ਰਾਮ ਦਾਸ ਸਰੋਵਰ ਬਾਰੇ ਵੀ ਕੁਫ਼ਰ ਤੋਲਿਆ। ਉਸ ਦੀ ਇਹਨਾਂ ਸਾਰੀਆਂ ਲਿਖਤਾਂ ਨੂੰ ਵੀ ਇਹੀ ਦਸਮ ਵਿਰੋਧੀ "ਖੋਜ ਭਰਪੂਰ" ਦਸ ਕੇ ਨਾਸਤਿਕਤਾ ਦਾ ਪ੍ਰਚਾਰ ਕਰੀ ਜਾ ਰਹੇ ਹਨ। ਪੰਥਕ ਤਾਬ ਦੇ ਬਾਅਦ ਇਹ ਕੂੜ ਪ੍ਰਚਾਰ ਠੱਲਿਆ ਗਿਆ ਹੈ । ਪਰ ਪੰਥ ਨੂੰ ਲਗਾਤਾਰ ਸੁਚੇਤ ਰਹਿਣ ਦੀ ਲੋੜ ਹੈ।

## 'ਸ੍ਰੀ ਹਰਿਕ੍ਰਿਸ਼ਨ ਧਿਆਈਐ ਜਿਸ ਡਿਠੇ ਸਭਿ ਦੁਖਿ ਜਾਏ'



ਇੰਜ. ਅਵਤਾਰ ਸਿੰਘ ਢਿੱਲੋਂ
9815189490



**ਸਿੱਖ** ਧਰਮ 'ਚ ਸਭ ਤੋਂ ਛੋਟੀ ਉਮਰ ਦੇ ਸਤਿਗੁਰੂ ਜਿੰਨਾ ਨੂੰ 'ਬਾਲਾ ਪ੍ਰੀਤਮ' ਜਿਹੇ ਲਫ਼ਜ਼ਾਂ ਨਾਲ ਵੀ ਯਾਦ ਕੀਤਾ ਜਾਂਦਾ ਹੈ, ਉਹ ਸ੍ਰੀ ਗੁਰੂ ਨਾਨਕ ਸਾਹਿਬ ਜੀ ਦੀ ਜੋਤ ਦੇ ਅੱਠਵੇਂ ਵਾਰਸ ਸ੍ਰੀ ਗੁਰੂ ਹਰਿ ਕ੍ਰਿਸ਼ਨ ਸਾਹਿਬ ਜੀ ਹਨ। ਗੁਰੂ ਹਰਿਕ੍ਰਿਸ਼ਨ ਦਾ ਪ੍ਰਕਾਸ਼ 1656 ਈ: ਨੂੰ ਸ੍ਰੀ ਗੁਰੂ ਹਰਿ ਰਾਏ ਜੀ ਦੇ ਗ੍ਰਹਿ ਵਿਖੇ ਮਾਤਾ ਕ੍ਰਿਸ਼ਨ ਕੌਰ ਜੀ ਦੀ ਕੁੱਖ ਕੀਰਤਪੁਰ ਸਾਹਿਬ ਵਿਖੇ ਹੋਇਆ। ਗੁਰੂ ਹਰਿ ਰਾਏ ਸਾਹਿਬ ਜੀ ਦੇ ਵੱਡੇ ਸਪੁੱਤਰ ਬਾਬਾ ਰਾਮਰਾਇ ਜੀ ਨੇ ਔਰੰਗਜ਼ੇਬ ਦੇ ਅਸਰ-ਰਸੂਖ 'ਚ ਆ ਕੇ ਉਸ ਨੂੰ ਖ਼ੁਸ਼ ਕਰਨ ਦੀ ਖ਼ਾਤਰ ਗੁਰੂ ਨਾਨਕ ਸਾਹਿਬ ਜੀ ਦੀ ਬਾਣੀ ਦੀ ਪੰਕਤੀ 'ਮਿਟੀ ਮੁਸਲਮਾਨ ਕੀ ਪੇੜੈ ਪਈ ਕੁਮਿਆਰ' ਦੀ ਥਾਂ 'ਮਿਟੀ ਬੇਈਮਾਨ ਕੀ' ਕਹਿ ਦਿੱਤਾ ਸੀ, ਜਿਸ ਕਾਰਨ ਗੁਰੂ ਹਰਿ ਰਾਇ ਜੀ ਨੇ ਗੁਰਗੱਦੀ ਦੀ ਜਿੰਮੇਵਾਰੀ ਗੁਰੂ ਹਰਿ ਕ੍ਰਿਸ਼ਨ ਸਾਹਿਬ ਨੂੰ ਸੌਂਪ ਦਿੱਤੀ। ਸ੍ਰੀ ਹਰਿ ਕ੍ਰਿਸ਼ਨ ਸਾਹਿਬ ਜੀ ਅੱਠਵੇਂ ਗੁਰੂ ਬਣੇ 6 ਅਕਤੂਬਰ 1661 ਈ: ਨੂੰ ਗੁਰਿਆਈ ਨਸੀਬ ਹੋਈ। ਇਸ ਸਮੇਂ ਆਪ ਜੀ ਦੀ ਉਮਰ 5 ਸਾਲ 3 ਮਹੀਨੇ ਦੀ ਸੀ। ਜਦੋਂ ਇਸ ਗੱਲ ਦਾ ਪਤਾ ਰਾਮ ਰਾਇ ਨੂੰ ਲੱਗਾ ਤਾਂ ਗੁਰੂ ਸਾਹਿਬ ਵਿਰੁੱਧ ਸਾਜਿਸ਼ਾਂ ਦੀ ਵਿਉਂਤਬੰਦੀ ਸ਼ੁਰੂ ਕਰ ਦਿੱਤੀ। ਉਸਨੇ ਆਪਣੇ ਤਾਏ ਧੀਰ ਮੱਲ ਨਾਲ ਸਲਾਹ ਕਰਕੇ ਕੁਝ ਮਸੰਦਾਂ ਨੂੰ ਆਪਣੇ ਨਾਲ ਗੰਢਿਆ ਤੇ ਉਨ੍ਹਾਂ ਰਾਹੀ ਆਪਣੇ ਆਪ ਨੂੰ ਗੁਰੂ ਮਸ਼ਹੂਰ ਕਰਨ ਦਾ ਯਤਨ ਕੀਤਾ ਪਰ ਸਿੱਖਾਂ ਨੂੰ ਗੁਰੂ ਹਰਿ ਰਾਇ ਸਾਹਿਬ ਦੇ ਫੈਸਲੇ ਦਾ ਪਤਾ ਸੀ, ਇਸ ਕਰਕੇ ਰਾਮ ਰਾਇ ਨੂੰ ਕਿਸੇ ਨੇ ਵੀ ਗੁਰੂ ਨਾ ਮੰਨਿਆ। ਇੱਧਰ ਰਾਮ ਰਾਇ ਔਰੰਗਜ਼ੇਬ ਕੋਲ ਪਹੁੰਚਿਆ ਤੇ ਕਿਹਾ ਕਿ ਮੈਂ ਵੱਡਾ ਪੁੱਤਰ ਹਾਂ ਤੇ ਗੁਰਿਆਈ 'ਤੇ ਮੇਰਾ ਹੱਕ ਹੈ। [illegible] ਔਰੰਗਜ਼ੇਬ ਨੇ ਗੁਰੂ ਹਰਿ ਕ੍ਰਿਸ਼ਨ ਸਾਹਿਬ ਜੀ ਨੂੰ ਦਿੱਲੀ ਆਉਣ ਦਾ ਸੱਦਾ ਭੇਜਿਆ ਪਰ ਗੁਰੂ ਹਰਿ ਰਾਇ ਸਾਹਿਬ ਨੇ ਪਹਿਲਾਂ ਹੀ ਸ੍ਰੀ ਗੁਰੂ ਹਰਿ ਕ੍ਰਿਸ਼ਨ ਜੀ ਨੂੰ 'ਨਹਿ ਮਲੇਛ ਕੋ ਦਰਸ਼ਨ ਦੇਹ ਹੈ' ਕਹਿ ਕੇ ਔਰੰਗਜ਼ੇਬ ਦੇ ਮੱਥੇ ਲੱਗਣ ਤੋਂ ਵਰਜ ਦਿੱਤਾ ਸੀ। ਗੁਰੂ ਹਰਿਕ੍ਰਿਸ਼ਨ ਜੀ ਨੇ ਪਿਤਾ ਦਾ ਹੁਕਮ ਮੰਨਦਿਆਂ ਸਿੱਖੀ ਦੀ ਅਣਖ ਅਤੇ ਸ਼ੋਭਾ ਨੂੰ ਉੱਚਾ ਰੱਖਣ ਲਈ ਔਰੰਗਜ਼ੇਬ ਨੂੰ ਮਿਲਣ ਜਾਣ ਤੇ ਸਾਫ ਇਨਕਾਰ ਕਰ ਦਿੱਤਾ ਤੇ ਆਲ-ਦੁਆਲੇ ਦੇ ਇਲਾਕਿਆਂ ਵਿਚ ਸਿੱਖੀ ਦਾ ਪ੍ਰਚਾਰ ਕਰਦੇ ਰਹੇ। ਜ਼ਿਕਰ ਆਉਂਦਾ ਹੈ ਕਿ ਇਕ ਵਾਰ ਆਪ ਪਾਲਕੀ ਵਿਚ ਸਵਾਰ ਹੋ ਕੇ ਕਿਧਰੇ ਜਾ ਰਹੇ ਸਨ ਤਾਂ ਬ੍ਰਾਹਮਣੀ ਦਾ ਸਿਖਾਇਆ ਇੱਕ ਕੋਹੜੀ ਗੁਰੂ ਜੀ ਦੀ ਪਾਲਕੀ ਅੱਗੇ ਆ ਕੇ ਲੇਟਿਆ ਤੇ ਰੋਗ ਰਾਜੀ ਕਰਨ ਲਈ ਬੇਨਤੀ ਕਰਨ ਲੱਗਿਆ। ਬ੍ਰਾਹਮਣਾਂ ਨੂੰ ਸ਼ੰਕਾ ਸੀ ਕਿ ਇਸ ਛੋਟੇ ਬਾਲ ਗੁਰੂ ਵਿਚ ਕੋਹੜੀ ਨੂੰ ਠੀਕ ਕਰਨ ਦੀ ਸਮਰੱਥਾ ਨਹੀ ਹੋਵੇਗੀ ਪਰ ਉਨ੍ਹਾਂ ਦੀ ਹੈਰਾਨੀ ਦੀ ਹੱਦ ਨਾ ਰਹੀ ਜਦੋਂ ਗੁਰੂ ਜੀ ਨੇ ਆਪਣਾ ਰੁਮਾਲ ਉਸ ਕੋਹੜੀ ਨੂੰ ਦਿੰਦਿਆਂ ਕਿਹਾ ਕਿ ਇਸ ਨੂੰ ਆਪਣੇ ਸਰੀਰ 'ਤੇ ਫੇਰ ਤੇ ਗੁਰੂ ਨਾਨਕ ਸਾਹਿਬ ਦੇ ਚਰਨਾਂ ਵਿਚ ਅਰਦਾਸ ਕਰ। ਇਸ ਤਰ੍ਹਾਂ ਕਰਨ ਨਾਲ ਕੋਹੜੀ ਦਾ ਰੋਗ ਦੂਰ ਹੋ ਗਿਆ ਤੇ ਗੁਰੂ ਸਾਹਿਬ ਦੀ ਕੀਰਤੀ ਦਿਨੋ-ਦਿਨ ਹੋਰ ਵੱਧਣ ਲੱਗੀ। ਔਰੰਗਜ਼ੇਬ ਨੇ ਰਾਜਾ ਜੈ ਸਿੰਘ ਨੂੰ ਹੁਕਮ ਦਿੱਤਾ ਕਿ ਕਿਸੇ ਵੀ ਤਰ੍ਹਾਂ ਗੁਰੂ ਹਰਿਕ੍ਰਿਸ਼ਨ ਸਾਹਿਬ ਨੂੰ ਦਿੱਲੀ ਆਉਣ ਲਈ ਪ੍ਰੇਰਿਤ ਕੀਤਾ ਜਾਵੇ। [illegible] ਰਾਜਾ ਜੈ ਸਿੰਘ ਨੇ ਆਪਣੇ ਦੀਵਾਨ ਪਰਸ ਰਾਮ ਨੂੰ ਪੰਜਾਹ ਸਵਾਰ ਦੇ ਕੇ [illegible] ਕੀਰਤਪੁਰ ਜਾ ਕੇ ਮੇਰੇ ਵੱਲੋਂ ਸਤਿਗੁਰੂ ਜੀ ਨੂੰ ਦਿੱਲੀ ਆਉਣ ਲਈ ਬੇਨਤੀ ਕਰਨੀ ਤੇ ਵੱਡੇ ਆਦਰ ਸਤਿਕਾਰ ਨਾਲ ਪਾਲਕੀ 'ਚ ਲੈ ਕੇ ਆਉਣਾ। ਕੀਰਤਪੁਰ ਦੇ ਆਲੇ-ਦੁਆਲੇ ਦੇ ਜਿੰਨਾ ਲੋਕਾਂ ਨੇ ਸੁਣਿਆ ਕਿ ਗੁਰੂ ਜੀ ਔਰੰਗਜ਼ੇਬ ਦੇ ਸੱਦੇ ਤੇ ਦਿੱਲੀ ਜਾ ਰਹੇ ਹਨ, ਸਭ ਨੂੰ ਤੌਖਲਾ ਹੋਇਆ। ਸਤਿਗੁਰੂ ਜੀ ਦੇ ਤੁਰਨ ਸਮੇਂ ਤੱਕ ਸਿੱਖ ਸੰਗਤਾਂ ਦੀ ਭਾਰੀ ਭੀੜ ਬਣ ਗਈ। ਗੁਰੂ ਸਾਹਿਬ ਨੇ ਸਭ ਨੂੰ ਧੀਰਜ ਤੇ ਹੌਸਲਾ ਦਿੱਤਾ ਪਰ ਫਿਰ ਵੀ ਸੈਂਕੜੇ ਸਿੱਖ ਨਾਲ ਚੱਲ ਪਏ। ਅੰਬਾਲੇ ਨਿਕਟ ਦੇ ਇਲਾਕੇ ਪੰਜੋਖਰੇ ਪਹੁੰਚ ਕੇ ਗੁਰੂ ਜੀ ਨੇ ਕੁੱਝ ਉੱਘੇ ਸਿੱਖਾਂ ਤੋਂ ਬਿਨਾਂ, ਬਾਕੀ ਸਭ ਨੂੰ ਵਾਪਸ ਮੋੜ ਦਿੱਤਾ। ਪੰਜੋਖਰੇ 'ਚ ਇਕ ਪੰਡਿਤ ਲਾਲ ਚੰਦ ਸੀ। ਉਹ ਬਹੁਤ ਖਿਝਿਆ ਹੋਇਆ ਸੀ। ਪੰਡਿਤ ਲਾਲ ਚੰਦ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਨੂੰ ਮਿਲਿਆ ਤੇ ਕਹਿਣ ਲੱਗਾ, 'ਤੁਸੀਂ ਆਪਣੇ ਆਪ ਨੂੰ ਗੁਰੂ ਹਰਿ ਕ੍ਰਿਸ਼ਨ ਅਖਵਾਉਂਦੇ ਹੋ, ਇਸ ਤਰ੍ਹਾਂ ਆਪ ਸ੍ਰੀ ਕ੍ਰਿਸ਼ਨ ਨਾਲੋਂ ਵੀ ਵੱਡੇ ਬਣਦੇ ਹੋ? ਸ੍ਰੀ ਕ੍ਰਿਸ਼ਨ ਨੇ ਤਾਂ ਗੀਤਾ ਲਿਖੀ ਸੀ, ਤੁਸੀ ਉਸਦੇ ਅਰਥ ਕਰਕੇ ਹੀ ਵਿਖਾਓ ਤੇ ਨਾਲੇ ਸ਼ਾਸ਼ਤਰਾਂ ਦੇ ਅਰਥ ਕਰਨ 'ਚ ਮੇਰੇ ਨਾਲ ਮੁਕਾਬਲਾ ਕਰ ਲਵੋ। ਹੰਕਾਰੀ ਪੰਡਤ ਦੀ ਇਹ ਗੱਲ ਸੁਣ ਕੇ ਬ੍ਰਹਮ-ਗਿਆਨ ਦੇ ਪੁੰਜ ਤੇ ਸਰਬ-ਕਲਾ ਸਮਰੱਥ ਗੁਰੂ ਜੀ ਨੇ ਉਸਨੂੰ ਕਿਹਾ, 'ਅਸੀ ਤਾਂ ਰੱਬ ਦੇ ਸੇਵਕ ਹਾਂ। ਵੱਡੇ ਬਣ-ਬਣ ਕੇ ਬਹਿਣਾ ਅਸੀ ਨਹੀ ਜਾਣਦੇ ਪਰ ਸਾਡੇ ਨਾਲ ਸਾਸਤਰਾਰਥ ਤੁਸੀ ਫੇਰ ਕਰਿਓ, ਪਹਿਲਾਂ ਤੁਸੀ ਆਪਣੀ ਮਰਜ਼ੀ ਨਾਲ ਚੁਣ ਕਿਸੇ ਸਿੱਖ ਨਾਲ ਟਾਕਰਾ ਵਿਚਾਰ ਕਰ ਵੇਖੋ। ਜਾਓ, ਪਿੰਡ ਵਿੱਚੋਂ ਕੋਈ ਬੰਦਾ ਲੈ ਆਓ, ਉਹ ਤੁਹਾਨੂੰ ਉੱਤਰ ਦੇ ਕੇ ਤੁਹਾਡੀ ਨਿਸ਼ਾ ਕਰੇਗਾ' ਪੰਡਤ ਲਾਲ ਚੰਦ ਜਾ ਕੇ ਛੱਜੂ ਨਾਂ ਦੇ ਇੱਕ ਮਹਾਂਮੂਰਖ਼ ਬੰਦੇ ਨੂੰ ਲੈ ਆਇਆ ਜੋ ਉਸ ਪਿੰਡ ਦਾ ਝਿਊਰ ਸੀ ।ਗੁਰੂ ਜੀ ਨੇ ਛੱਜੂ ਦੀਆਂ ਅੱਖਾਂ ਵਿਚ ਅੱਖਾਂ ਰਲਾ ਕੇ ਉਸਨੂੰ ਕਿਹਾ, 'ਛੱਜੂ ਤੂੰ ਹੁਣ ਧਾਰਮਿਕ ਵਿਦਵਾਨ ਬਣ ਗਿਆ ਹੈ। ਇਸ ਪੰਡਤ ਨਾਲ ਸ਼ਾਸਤਰ-ਅਰਥ ਕਰ ਕੇ ਇਸ ਦੀ ਨਿਸ਼ਾ ਕਰ ਦੇ। ਫਿਰ ਆਪ ਜੀ ਨੇ ਛੱਜੂ ਦੇ ਸਿਰ 'ਤੇ ਆਪਣੀ ਸੋਟੀ ਦਾ ਸਿਰਾ ਰੱਖਿਆ ਤੇ ਬ੍ਰਾਹਮਣ ਨੂੰ ਕਿਹਾ ਪੁੱਛੇ ਜੇ ਪੁੱਛਣਾ ਜੇ' ਤਾਂ ਪੰਡਤ ਨੇ ਛੱਜੂ ਪਾਸੋਂ ਗੀਤਾ ਦੇ ਔਖੇ ਤੋਂ ਔਖੇ ਵਾਕਾਂ ਦੇ ਅਰਥ ਪੁੱਛੇ ਤੇ ਛੱਜੂ ਫਟਾ-ਫਟ ਦੱਸੀ ਗਿਆ। ਲਾਲ ਚੰਦ ਦਾ ਹੰਕਾਰ ਟੁੱਟ ਗਿਆ, ਉਹ ਗੁਰੂ ਜੀ ਦੇ ਚਰਨੀ ਢਹਿ ਕੇ ਸਿੱਖ ਬਣ ਗਿਆ। ਸਤਿਗੁਰੂ ਜੀ ਦੀ ਮਹਿਮਾ ਚਾਰੇ ਪਾਸੇ ਹੋਰ ਫੈਲ ਗਈ। ਜਦੋਂ ਸੰਗਤ ਸਮੇਤ ਆਪ ਦਿੱਲੀ ਪੁੱਜੇ ਤਾਂ ਰਾਜਾ ਜੈ ਸਿੰਘ ਨੇ ਆਪਣੇ ਬੰਗਲੇ ਵਿੱਚ ਉਤਾਰਾ ਕਰਵਾਇਆ, ਉਸ ਜਗ੍ਹਾ ਹੁਣ ਬੰਗਲਾ ਸਾਹਿਬ ਗੁਰੂਦੁਆਰਾ ਸੁਸ਼ੋਭਿਤ ਹੈ। ਰਾਜਾ ਜੈ ਸਿੰਘ ਦੀ ਰਾਣੀ ਦੇ ਦਿਲ 'ਚ ਗੁਰੂ ਜੀ ਦੀ ਬਾਲਕ ਉਮਰ ਬਾਰੇ ਵਹਿਮ-ਭਰਮ ਕੁਝ ਬ੍ਰਾਹਮਣਾਂ ਨੇ ਭਰ ਦਿੱਤੇ ਸੀ ਰਾਣੀ ਨੇ ਗੁਰੂ ਜੀ ਦੀ ਪਰਖ਼ ਕਰਨੀ ਚਾਹੀ ਤੇ ਹੋਰ ਕਈ ਅਮੀਰ ਘਰਾਣਿਆਂ ਦੀਆਂ ਔਰਤਾਂ ਨੂੰ ਆਪਣੇ ਮਹਿਲ 'ਚ ਬੁਲਾ ਲਿਆ ਤੇ ਮਨ ਵਿਚ ਧਾਰ ਲਿਆ ਕਿ ਜੇ ਗੁਰੂ ਸੱਚਾ ਹੈ ਤਾਂ ਇਨ੍ਹਾਂ ਸਭਨਾਂ ਨੂੰ ਛੱਡ ਕੇ ਮੇਰੀ ਗੋਦ ਵਿਚ ਆ ਕੇ ਬੈਠਣਗੇ। ਬਾਲ ਗੁਰੂ ਹਰਿ ਕ੍ਰਿਸ਼ਨ ਸਾਹਿਬ ਜੀ, ਹੋਰ ਸਭਨਾਂ ਦੇ ਕੋਲੋਂ ਲੰਘ ਕੇ ਰਾਜਾ ਜੈ ਸਿੰਘ ਦੀ ਰਾਣੀ ਦੀ ਗੋਦ ਵਿਚ ਜਾ ਬੈਠੇ। ਰਾਣੀ ਦੀ ਨਿਸ਼ਾ ਹੋ ਗਈ। ਦਿੱਲੀ ਦੀ ਸੰਗਤ ਹਰ ਰੋਜ਼ ਰਾਜਾ ਜੈ ਸਿੰਘ ਦੇ ਬੰਗਲੇ ਪਹੁੰਚਣ ਲੱਗੀ। ਸਤਿਸੰਗ ਹੁੰਦਾ ਤੇ ਸੰਗਤਾਂ ਗੁਰੂ ਦੇ ਦਰਸ਼ਨ ਕਰਦੀਆਂ। ਦਿੱਲੀ ਪਹੁੰਚ ਕੇ ਸਤਿਗੁਰੂ ਜੀ ਨੇ ਬਾਦਸ਼ਾਹ ਔਰੰਗਜ਼ੇਬ ਨੂੰ ਮਿਲਣ ਤੋਂ ਨਾਂਹ ਕਰ ਦਿੱਤੀ। ਔਰੰਗਜ਼ੇਬ ਨੇ ਆਪਣੇ ਸਾਹਿਬਜ਼ਾਦੇ ਮੁਅੱਜ਼ਮ ਨੂੰ ਭੇਜਿਆ। ਉਸ ਨੂੰ ਗੁਰੂ ਜੀ ਨੇ ਆਤਮਿਕ ਉਪਦੇਸ਼ ਦੇ ਕੇ ਨਿਹਾਲ ਕੀਤਾ। ਰਾਮ ਰਾਇ ਦੇ ਦਾਅਵੇ ਬਾਰੇ ਗੁਰੂ ਜੀ ਨੇ ਬਾਦਸ਼ਾਹ ਨੂੰ ਕਹਿ ਭੇਜਿਆ ਕਿ ਗੁਰਗੱਦੀ ਵਿਰਾਸਤ ਜਾਂ ਜੱਦੀ ਮਲਕੀਅਤ ਨਹੀ ਹੈ।ਰਾਮ ਰਾਇ ਨੇ ਗੁਰਬਾਣੀ ਦੀ ਤੁਕ ਉਲਟਾਈ ਸੀ ਤੇ ਪਿਤਾ ਗੁਰੂ ਹਰਿ ਰਾਇ ਸਾਹਿਬ ਜੀ ਨੇ ਉਸ ਨੂੰ ਤਿਆਗ ਦਿੱਤਾ। ਇਸ ਵਿੱਚ ਕੋਈ ਵਧੀਕੀ ਨਹੀ ਤੇ ਨਾ ਹੀ ਕਿਸੇ ਨਾਲ ਬੇ-ਇਨਸਾਫੀ ਹੈ। ਬਾਦਸ਼ਾਹ ਗੁਰੂ ਹਰਿ ਕ੍ਰਿਸ਼ਨ ਸਾਹਿਬ ਜੀ ਦੀ ਅਜ਼ਮਤ ਨੂੰ ਚੰਗੀ ਤਰ੍ਹਾਂ ਵੇਖ ਚੁੱਕਾ ਸੀ ਪਰ ਔਰੰਗਜ਼ੇਬ ਨੇ ਰਾਮ ਰਾਇ ਦੀ ਚੁੱਕਣਾ 'ਚ ਆ ਕੇ ਉਸ ਨੂੰ ਸੱਤ ਪਿੰਡ ਖੁਰਵੜਾ, ਧਮਵਾਲ, ਚਮਾਧਰੀ, ਦਰਤਨਾਵਲੀ, ਪੰਡਿਤਵਾੜੀ, ਮਿਆਵਲ ਤੇ ਰਾਜਪੁਰਾ ਜਾਗੀਰ ਵਜੋਂ ਦੇ ਦਿੱਤੇ। ਇੱਥੇ ਹੀ ਪਿੱਛੋਂ ਦੇਹਰਾਦੂਨ ਵਸਿਆ। ਰਾਮ ਰਾਇ ਆਪਣੀ ਜਾਗੀਰ ਵੱਲ ਚਲਾ ਗਿਆ ਤੇ ਆਪਣੀ ਵੱਖਰੀ ਸੰਪ੍ਰਦਾਇ ਬਣਾ ਕੇ ਬੈਠ ਗਿਆ। ਗੁਰੂ ਜੀ ਅਜੇ ਦਿੱਲੀ ਹੀ ਸਨ ਕਿ ਸੰਨ 1664 ਵਿੱਚ ਚੇਚਕ ਦੀ ਬਿਮਾਰੀ ਫੈਲ ਗਈ। ਲੋਕ ਬਿਮਾਰੀ ਕਾਰਨ ਮਰ ਰਹੇ ਸਨ। ਸਭ ਪਾਸੇ ਹਾਹਾਕਾਰ ਮੱਚੀ ਹੋਈ ਸੀ। ਗੁਰੂ ਜੀ ਨੇ ਦੁਖੀ ਗਰੀਬਾ ਦੀ ਸਹਾਇਤਾ ਕਰਨੀ ਸ਼ੁਰੂ ਕਰ ਦਿੱਤੀ। ਦਸਵੰਧ ਦੀ ਭੇਟਾ ਨੂੰ ਇਸੇ ਲਈ ਵਰਤਿਆ ਗਿਆ। ਗੁਰੂ ਜੀ ਆਪਣੀ ਪਰਵਾਹ ਨਾ ਕਰਦਿਆਂ ਪੀੜਤਾਂ ਦੀ ਸੇਵਾ ਕਰਨੀ ਸ਼ੁਰੂ ਕੀਤੀ ਜਿਸਦਾ ਨਤੀਜਾ ਇਹ ਨਿਕਲਿਆ ਕਿ ਇਕ ਦਿਨ ਗੁਰੂ ਹਰਿ ਕ੍ਰਿਸ਼ਨ ਸਾਹਿਬ ਜੀ ਨੂੰ ਵੀ ਬੁਖ਼ਾਰ ਹੋ ਗਿਆ ਤੇ ਸਤਿਗੁਰੂ ਜੀ ਦੇ ਸਰੀਰ ਉਪਰ ਵੀ ਚੇਚਕ ਨਾਂਅ ਦੀ ਬਿਮਾਰੀ ਦੇ ਲੱਛਣ ਦਿਸਣ ਲੱਗੇ।

ਸਤਿਗੁਰੂ ਜੀ ਨੇ ਆਪਣਾ ਜੋਤੀ-ਜੋਤ ਸਮਾਉਣ ਦਾ ਸਮਾਂ ਨੇੜੇ ਜਾਣ ਬੈਠੀ ਸਾਰੀ ਸੰਗਤ ਨੂੰ ਸੰਕੇਤਕ ਰੂਪ 'ਚ ਹੁਕਮ ਦਿੱਤਾ ਕਿ ਅਗਲਾ ਗੁਰੂ 'ਬਾਬਾ ਬਕਾਲੇ', ਜਿਸ ਦਾ ਭਾਵ ਇਹ ਸੀ ਕਿ ਸਾਡੇ ਪਿੱਛ ਗੁਰਿਆਈ ਦੀ ਜ਼ਿੰਮੇਵਾਰੀ ਸੰਭਾਲਣ ਵਾਲਾ ਗੁਰੂ ਮਹਾਂ ਪੁਰਖ ਪਿੰਡ ਬਕਾਲੇ ਵਿੱਚ ਹੈ। ਇਹ ਕਹਿ ਕੇ ਆਪ 30 ਮਾਰਚ, ਸੰਨ 1664 ਨੂੰ ਜੋਤੀ-ਜੋਤ ਸਮਾ ਗਏ। ਜਮਨਾ ਦੇ ਕੰਢੇ, ਜਿਸ ਜਗ੍ਹਾ ਆਪ ਜੀ ਦਾ ਅੰਤਿਮ ਸੰਸਕਾਰ ਕੀਤਾ ਗਿਆ ਉਸ ਜਗ੍ਹਾ ਹੁਣ ਬਾਲਾ ਸਾਹਿਬ ਗੁਰੂਦੁਆਰਾ ਸਾਹਿਬ ਸੁਸ਼ੋਭਿਤ ਹੈ। ਜੋਤੀ-ਜੋਤ ਸਮਾਉਣ ਵੱਲੋਂ ਆਪ ਜੀ ਦੀ ਉਮਰ ਕਰੀਬ ਪੌਣੇ ਕੁ ਅੱਠ ਸਾਲ ਦੀ ਸੀ। ਆਪ ਜੀ ਨੇ ਢਾਈ ਕੁ ਸਾਲ ਹੀ ਗੁਰਿਆਈ ਕੀਤੀ। ਅਸ਼ਟਮ ਬਲਬੀਰਾ ਬਾਲਾ ਪ੍ਰੀਤਮ ਧੰਨ-ਧੰਨ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਨੂੰ ਨਮਸ਼ਕਾਰ ਕਰਦਿਆਂ ਇਹ ਕਿਹਾ ਜਾ ਸਕਦਾ ਹੈ ਕਿ ਉਨ੍ਹਾਂ ਦੀ ਹੋਂਦ ਸਾਰੀ ਦੀ ਸਾਰੀ ਰੱਬ ਦੀਆਂ ਮਿਹਰਾਂ ਬਖ਼ਸ਼ਿਸ਼ਾਂ ਹਨ। ਉਹ ਮਿਹਰਾਂ ਤੇ ਬਖ਼ਸ਼ਿਸ਼ਾਂ ਦਾ ਹੀ ਮੁਜੱਸਮਾ ਹਨ।

## ਗੁਰਮਤਿ ਕਿਰਤ ਅਤੇ ਕਰਾਮਾਤ !

ਅਮਰਜੀਤ ਸਿੰਘ ਫ਼ੌਜੀ
94174-04804

**ਗੁਰਬਾਣੀ** ਸਿੱਖ ਗੁਰੂਆਂ ਦੀਆਂ ਰਚਨਾਵਾਂ ਨੂੰ ਕਿਹਾ ਜਾਂਦਾ ਹੈ। ਗੁਰਬਾਣੀ ਸ਼ਬਦ ਦੋ ਸ਼ਬਦਾਂ ਦੀ ਬਣਤਰ ਤੋਂ ਬਣਿਆ ਹੈ, ਗੁਰ ਅਤੇ ਬਾਣੀ, ਗੁਰ ਤੋਂ ਭਾਵ ਗੁਰੂ ਹੈ ਅਤੇ ਬਾਣੀ ਤੋਂ ਭਾਵ ਹੈ ਸ਼ਬਦ। ਸਿੱਖ ਧਰਮ ਦੇ ਦਸ ਗੁਰੂਆਂ ਦੀਆਂ ਰਚਨਾਵਾਂ ਅਤੇ ਗੁਰੂ ਗ੍ਰੰਥ ਸਾਹਿਬ ਵਿੱਚ ਸ਼ਾਮਲ ਭਗਤਾਂ, ਭੱਟਾਂ, ਅਤੇ ਗੁਰਸਿੱਖਾਂ ਦੀ ਬਾਣੀ ਨੂੰ ਗੁਰਬਾਣੀ ਦੇ ਰੂਪ ਵਿੱਚ ਸਵੀਕਾਰਿਆ ਗਿਆ ਹੈ। ਸਿੱਖ ਧਰਮ ਵਿੱਚ ਗੁਰਬਾਣੀ ਨੂੰ ਸਹੀ ਤਰੀਕੇ ਨਾਲ ਪੜ੍ਹਨਾ ਅਤੇ ਸ਼ਰਧਾ ਨਾਲ ਉਚਾਰਨ ਕਰਨਾ ਬਹੁਤ ਮਹੱਤਵਪੂਰਨ ਹੈ, ਕਿਉਂਕਿ ਇਸ ਦੀ ਸਹੀ ਉਚਾਰਨ ਨਾਲ ਗੁਰਬਾਣੀ ਦੇ ਅਰਥ ਅਤੇ ਇਸ ਦੀ ਰੂਹਾਨੀ ਤਾਕਤ ਦਾ ਪ੍ਰਕਾਸ਼ ਹੁੰਦਾ ਹੈ। ਗੁਰਬਾਣੀ ਦੇ ਸਿਧਾਂਤ ਨੂੰ ਸਮਝ ਕੇ ਤੇ ਜੀਵਨ ਵਿੱਚ ਲਾਗੂ ਕਰਕੇ ਮਨੁੱਖੀ ਜੀਵਨ ਨੂੰ ਸਮਾਜਿਕ ਅਤੇ ਪਰਮਾਰਥਿਕ ਤੌਰ ਤੇ ਸਫ਼ਲ ਬਣਾਇਆ ਜਾ ਸਕਦਾ ਹੈ ਗੁਰਬਾਣੀ ਨੂੰ ਆਪ ਖੁਦ ਹੌਲੀ ਹੌਲੀ ਸਮਝ ਕੇ ਪੜ੍ਹਨਾ ਚਾਹੀਦਾ ਹੈ ਜੇਕਰ ਕੋਈ ਕਿਸੇ ਕਾਰਨ ਖ਼ੁਦ ਗੁਰਬਾਣੀ ਨਹੀ ਪੜ੍ਹ ਸਕਦਾ ਤਾਂ ਕਿਸੇ ਗੁਰਬਾਣੀ ਦੀ ਸੂਝ ਬੂਝ ਰੱਖਣ ਵਾਲੇ ਵਿਦਵਾਨ ਵਿਅਕਤੀ ਤੋਂ ਸੁਣ ਲੈਣੀ ਚਾਹੀਦੀ ਹੈ ਵਾਰ ਵਾਰ ਸੁਣ ਕੇ ਸਮਝ ਕੇ ਉਸ ਦੇ ਵਡਮੁੱਲੇ ਸਿਧਾਂਤ ਨੂੰ ਜ਼ਿੰਦਗੀ ਵਿੱਚ ਲਾਗੂ ਕੀਤਾ ਜਾ ਸਕਦਾ ਹੈ। ਪਰ ਅੱਜ ਕੱਲ ਬਹੁਤੇ ਲੋਕ ਦੁਨਿਆਵੀ ਮੰਗਾਂ ਨੂੰ ਲੈ ਕੇ ਗੁਰਬਾਣੀ ਦਾ ਪਾਠ ਕਰਾਉਣ ਵੱਲ ਤੁਰ ਪਏ ਹਨ ਜੋ ਆਪ ਗੁਰਬਾਣੀ ਪੜ੍ਹਨ ਜਾਂ ਸੁਣਨ ਦੀ ਥਾਂ ਪਾਠੀ ਸਿੰਘਾਂ ਤੋਂ ਪਾਠ ਕਰਵਾ ਲੈਂਦੇ ਹਨ ਅਤੇ ਕਿਸੇ ਚਮਤਕਾਰ ਵਾਂਗ ਸੋਚ ਲੈਂਦੇ ਹਨ ਕਿ ਜੇਕਰ ਅਸੀ ਪਾਠ ਕਰਵਾ ਦੇਵਾਂਗੇ ਤਾਂ ਸਾਡੇ ਵਾਰੇ ਨਿਆਰੇ ਹੋ ਜਾਣਗੇ ਜਦੋਂ ਕਿ ਸਾਡੇ ਗੁਰੂਆਂ ਨੇ ਕਿਰਤ ਨੂੰ ਪਹਿਲ ਦਿੱਤੀ ਹੈ ਤੇ ਸੱਚੀ ਸੁੱਚੀ ਹੱਥੀ ਕਿਰਤ ਕਰਨਾ ਅਤੇ ਗੁਰੂ ਆਸ਼ੇ ਮੁਤਾਬਿਕ ਜੀਵਨ ਜਿਉਣ ਨੂੰ ਹੀ ਪ੍ਰਚਾਰਿਆ ਹੈ। ਮੇਰੇ ਫ਼ੌਜੀ ਜੀਵਨ ਵਿੱਚ ਵੀ ਅਜਿਹੀਆਂ ਕਈ ਘਟਨਾਵਾਂ ਵਾਪਰੀਆਂ ਹਨ ਜਿਨ੍ਹਾਂ ਦਾ ਜ਼ਿਕਰ ਕਰਨਾ ਮੈ ਮੁਨਾਸਿਬ ਸਮਝਦਾ ਹਾਂ ਇਹ ਘਟਨਾ ਜੋ ਜੰਮੂ ਕਸ਼ਮੀਰ ਦੇ ਲੋਅਰ ਕ੍ਰਿਸ਼ਨਾ ਘਾਟੀ ਵਿਖੇ ਵਾਪਰੀ, ਗੱਲ ਤਕਰੀਬਨ 1983/84 ਦੀ ਹੋਵੇਗੀ ਕਿ ਸਾਡੀ ਯੂਨਿਟ (ਛੇ ਸਿੱਖ ਐਲ ਆਈ)ਜੋ ਨਵੀ ਨਵੀ ਓਸ ਲੁਕੇਸ਼ਨ ਤੇ ਗਈ ਸੀ ਦੀ ਐਮ ਟੀ (ਮਿਲਟਰੀ ਟਰਾਂਸਪੋਰਟ) ਦੇ ਦੋ ਤਿੰਨ ਛੋਟੇ ਛੋਟੇ ਐਕਸੀਡੈਂਟ ਹੋ ਗਏ ਜਿਸ ਤੋਂ ਚਿੰਤਿਤ ਹੋ ਕੇ ਐਮ ਟੀ ਜੇਸੀਓ ਨੇ ਆਪਸ ਵਿੱਚ ਸਾਰਿਆਂ ਨਾਲ਼ ਵਿਚਾਰ ਵਟਾਂਦਰਾ ਕਰਕੇ ਪਲਟਣ ਤੇ ਐਮ ਟੀ ਪਲਟੂਨ ਦੀ ਸੁੱਖ ਸ਼ਾਂਤੀ ਲਈ ਸ੍ਰੀ ਅਖੰਡਪਾਠ ਸਾਹਿਬ ਕਰਵਾਉਣ ਦੀ ਵਿਉਂਤਬੰਦੀ ਕੀਤੀ। ਉਸ ਸਮੇਂ ਮੇਰੀ ਡਿਊਟੀ ਗੁਰਦੁਆਰਾ ਸਾਹਿਬ ਲੱਗੀ ਹੋਈ ਸੀ ਤੇ ਆਰ ਟੀ ਜੇਸੀਓ ਸੁਰਜੀਤ ਸਿੰਘ ਛੁੱਟੀ ਤੇ ਸੀ। ਸੂਬੇਦਾਰ ਮੇਜਰ ਜੁਆਲਾ ਸਿੰਘ ਸਾਹਿਬ ਨੇ ਮੈਨੂੰ ਅਖੰਡ ਪਾਠ ਸਾਹਿਬ ਅਰੰਭ ਕਰਨ ਦੀ ਤਰੀਕ ਦੱਸ ਕੇ ਸਾਰਾ ਪ੍ਰਬੰਧ ਕਰਨ ਦਾ ਆਦੇਸ਼ ਦਿੱਤਾ। ਤੇ ਮੇਰੇ ਨਾਲ ਸਲਾਹ ਮਸ਼ਵਰਾ ਕਰਕੇ ਪਾਠੀ ਸਿੰਘਾਂ ਨੂੰ ਵੱਖ ਵੱਖ ਕੰਪਨੀਆਂ ਵਿਚੋਂ ਬੁਲਾ ਲਿਆ ਗਿਆ। ਪਾਠੀ ਸਿੰਘ ਪਹੁੰਚ ਗਏ ਮੇਰਾ ਬਿਸਤਰਾ ਇੱਕ ਟੈਂਟ ਵਿੱਚ ਸੀ ਜੋ ਗੁਰਦੁਆਰਾ ਸਾਹਿਬ ਦੇ ਬਿਲਕੁਲ ਨਾਲ ਹੀ ਸੀ ਤੇ ਪਾਠੀਆਂ ਦੇ ਰਹਿਣ ਸੌਣ ਦਾ ਪ੍ਰਬੰਧ ਗੁਰਦੁਆਰਾ ਸਾਹਿਬ ਦੇ ਸਟੋਰ ਵਿੱਚ ਕਰ ਦਿੱਤਾ ਗਿਆ ਜੋ ਥੋੜਾ ਦੂਰ ਤਕਰੀਬਨ ਦੋ ਤਿੰਨ ਸੌ ਗੱਜ ਦੂਰੀ ਤੇ ਸੀ । ਅਖੰਡ ਪਾਠ ਸ਼ੁਰੂ ਹੋ ਗਿਆ ਸਾਰਿਆਂ ਨੇ ਸੇਵਾ ਕੀਤੀ ਤੇ ਤੀਜੇ ਦਿਨ ਭੋਗ ਪੈ ਗਿਆ ਭੋਗ ਪੈਣ ਤੋਂ ਬਾਅਦ ਲੰਗਰ ਪਾਣੀ ਛਕ ਕੇ ਐਮ ਟੀ ਦੀ ਇੱਕ ਗੱਡੀ ਸਬਜ਼ੀ ਲੈਣ ਗਈ ਤਾਂ ਉਸ ਦਾ ਫੇਰ ਐਕਸੀਡੈਂਟ ਹੋ ਗਿਆ ਜਿਸ ਤੇ ਰੌਲਾ ਪੈਣਾ ਸੁਭਾਵਿਕ ਹੀ ਸੀ ਕਿ ਅੱਜ ਹੀ ਅਖੰਡ ਪਾਠ ਦਾ ਭੋਗ ਪਾਇਆ ਹੈ ਤੇ ਅੱਜ ਹੀ ਫੇਰ ਐਕਸੀਡੈਂਟ ਹੋ ਗਿਆ, ਗੱਲ ਕੀ ਹੈ! ਨੁਕਸ ਕਿਥੇ ਹੈ! ਗੱਲ ਅੱਗੇ ਵਧੀ ਤਾਂ ਵਿਚੋਂ ਕਿਸੇ ਨੇ ਐਵੇਂ ਈ ਕਹਿ ਦਿੱਤਾ ਕਿ ਪਾਠੀਆਂ ਨੇ ਚਲਦੇ ਅਖੰਡ ਪਾਠ ਵਿੱਚ ਸਟੋਰ ਵਿੱਚ ਹੀ ਬਾਲਟੀ ਵਿੱਚ ਮੀਟ ਬਣਾ ਕੇ ਖਾਧਾ ਸੀ ਤਾਂ ਐਕਸੀਡੈਂਟ ਹੋਇਆ ਹੈ ਜਦੋਂ ਇਹ ਗੱਲ ਸਾਰੇ ਪਾਸੇ ਖਿੱਲਰ ਗਈ ਤਾਂ ਸੂਬੇਦਾਰ ਮੇਜਰ ਜੁਆਲਾ ਸਿੰਘ ਸਾਹਿਬ ਮੇਰੇ ਕੋਲ ਗੁਰਦੁਆਰਾ ਸਾਹਿਬ ਆਏ ਤੇ ਇਸ ਸਬੰਧੀ ਪੁੱਛ ਪੜਤਾਲ ਕੀਤੀ, ਤਾਂ ਮੈ ਕਿਹਾ ਸਰ ਜੀ ਮੈਨੂੰ ਇਸ ਘਟਨਾ ਬਾਰੇ ਕੋਈ ਪਤਾ ਨਹੀ ਮੇਰੇ ਸਾਹਮਣੇ ਇਹੋ ਜਿਹੀ ਮੀਟ ਖਾਣ ਵਾਲੀ ਕੋਈ ਘਟਨਾ ਨਹੀ ਹੋਈ, ਫਿਰ ਥੋੜ੍ਹੀ ਦੇਰ ਸੋਚਣ ਤੋਂ ਬਾਅਦ ਉਹ ਬੋਲੇ਼ ਅਮਰਜੀਤ ਸਿੰਘ ਅਖੰਡਪਾਠ ਦੁਬਾਰਾ ਕਰਵਾਇਆ ਜਾਵੇਗਾ ਤੇ ਅਖੰਡ ਪਾਠ ਅਰੰਭ ਕਰਨ ਤੋਂ ਪਹਿਲਾਂ ਪਾਠੀ ਸਿੰਘ ਤੇ ਸੇਵਾਦਾਰਾਂ ਨੂੰ ਮੈਨੂੰ ਮਿਲਾਉਣਾ ਹੈ ਇਸੇ ਤਰ੍ਹਾਂ ਹੀ ਕੀਤਾ ਗਿਆ ਪਾਠੀ ਸਿੰਘ ਦੁਬਾਰਾ ਬੁਲਾਏ ਗਏ ਤੇ ਅਖੰਡ ਪਾਠ ਅਰੰਭ ਕਰਨ ਤੋਂ ਪਹਿਲਾਂ ਮੇਰੇ ਤੋਂ ਇਲਾਵਾ ਪੰਜ ਪਾਠੀ ਸਿੰਘ ਤੇ ਪੰਜਾਂ ਸੇਵਾਦਾਰਾਂ ਨੂੰ ਸੂਬੇਦਾਰ ਮੇਜਰ ਜੁਆਲਾ ਸਿੰਘ ਜੀ ਨੇ ਸੰਬੋਧਨ ਹੁੰਦੇ ਹੋਏ ਮੀਟ ਖਾਣ ਵਾਲੀ ਗੱਲ ਪੁੱਛੀ ਤਾਂ ਸਭ ਨੇ ਕਿਹਾ ਸਰ ਇਹ ਗੱਲ ਬਿਲਕੁਲ ਝੂਠ ਹੈ ਅਸੀ ਚਲਦੇ ਅਖੰਡ ਪਾਠ ਵਿੱਚ ਕਿਸੇ ਨੇ ਵੀ ਮੀਟ ਨਹੀ ਖਾਧਾ ਉਨ੍ਹਾਂ ਦੀ ਗੱਲ ਤੇ ਯਕੀਨ ਕਰਦੇ ਹੋਏ ਜੁਆਲਾ ਸਿੰਘ ਸਾਹਿਬ ਬੜੇ ਰੋਹਬ ਨਾਲ ਬੋਲੇ ਆਪਣੇ, ਜੋ ਪਿੱਛੇ ਹੋ ਗਿਆ ਉਸ ਨੂੰ ਛੱਡੋ ਹੁਣ ਤੁਸੀ ਸੁੱਚਮਤਾ ਨਾਲ਼ ਪਾਠ ਕਰੋ ਕਿਸੇ ਨੇ ਕੋਈ ਗ਼ਲਤੀ ਨਹੀ ਕਰਨੀ, ਜਦੋਂ ਭੋਗ ਪੈ ਗਿਆ ਮੈ ਥੋੜੇ ਕੱਲਿਆਂ ਲਈ ਇਕ ਬੱਕਰਾ ਵੱਢਦੂੰ,ਇਨੀ ਗੱਲ ਸੁਣ ਕੇ ਚਾਰਲੀ ਕੰਪਨੀ ਵਾਲਾ ਪਾਠੀ ਅਮੀਰ ਸਿੰਘ ਹੱਸ ਪਿਆ ਤੇ ਨਾਲ਼ ਹੀ ਬਰੇਵੋ ਵਾਲਾ ਤਰਲੋਚਨ ਵੀ ਮੁਸ਼ਕੜੀਏ ਹੱਸਣ ਲੱਗਾ। ਤੇ ਜੁਆਲ ਸਾਹਿਬ ਫਿਰ ਬੋਲੇ "ਹਸਦੇ ਕੀ ਐਂ, ਜੋ ਮੈਂ ਕਹਿਤਾ ਸੋ ਕਹਿਤਾ ਥੋਨੂੰ ਕੱਲਿਆਂ ਨੂੰ ਬੱਕਰਾ ਵੱਢਦੂੰ ਪਰ ਅਖੰਡ ਪਾਠ ਦੇ ਵਿੱਚ ਨੀ ਖਾਣਾਂ। ਅਖੰਡਪਾਠ ਆਰੰਭ ਹੋਇਆ ਭੋਗ ਪੈ ਗਿਆ ਤਾਂ ਸੀ ਓ ਸ਼ਾਇਦ ਡੀ ਸੀ ਬੜਗੋਨਾ ਸਾਹਿਬ ਸਨ ਉਨ੍ਹਾਂ ਨੇ ਸੰਬੋਧਨ ਹੁੰਦੇ ਹੋਏ ਕਿਹਾ ਕਿ ਸਾਰੇ ਡਰਾਈਵਰਾਂ ਨੂੰ ਵਧੀਆ ਟ੍ਰੇਨਿੰਗ ਦਿਓ ਉਹ ਡਰਾਈਵਰੀ ਦੇ ਸਾਰੇ ਰੂਲ ਲਾਗੂ ਕਰਨ ਪਹਾੜੀ ਇਲਾਕਾ ਹੋਣ ਕਰਕੇ ਗੱਡੀ ਹੌਲੀ ਚਲਾਉਣ ਤੇ ਸ਼ਰਾਬ ਪੀ ਕੇ ਜਾਂ ਕੋਈ ਵੀ ਨਸ਼ਾ ਕਰਕੇ ਗੱਡੀ ਨਾ ਚਲਾਉਣ, ਵਾਹਿਗੁਰੂ ਕ੍ਰਿਪਾ ਕਰਨਗੇ। ਤੇ ਸਾਰਿਆਂ ਨੇ ਇਨ੍ਹਾਂ ਗੱਲਾਂ ਵੱਲ ਖ਼ਾਸ ਧਿਆਨ ਦਿੱਤਾ ਤੇ ਮੁੜ ਕਦੇ ਐਕਸੀਡੈਂਟ ਨਹੀ ਹੋਇਆ। ਸੋ ਅਕਾਲ ਪੁਰਖ ਦੀ ਓਟ, ਸਿਧਾਂਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ, ਵਿਚਾਰਧਾਰਾ ਗੁਰਬਾਣੀ ਦੀ ਤੇ ਦੁਨਿਆਵੀ ਤੌਰ ਤੇ ਆਪਣੇ ਆਪਣੇ ਕਿੱਤੇ ਵਿੱਚ ਨਿਪੁੰਨ ਹੋਣ ਲਈ ਸਖ਼ਤ ਮਿਹਨਤ ਉਸਤਾਦਾਂ ਦੀਆਂ ਹਦਾਇਤਾਂ ਦੀ ਪਾਲਣਾ ਕਰਕੇ ਹੀ ਮਨੁੱਖੀ ਜੀਵਨ ਨੂੰ ਸਫਲ ਬਣਾਇਆ ਜਾ ਸਕਦਾ ਹੈ। ਤੇ ਕੋਈ ਵੀ ਡੇਰੇਦਾਰ,ਪਖੰਡਵਾਦੀ, ਚਮਤਕਾਰ ਕਰਨ ਵਾਲਾ, ਟੂਣੇ ਟਾਮਣ ਕਰਨ ਵਾਲਾ, ਲੋਕਾਂ ਦੀ ਆਰਥਿਕ, ਸ਼ਰੀਰਕ ਤੇ ਮਾਨਸਿਕ ਲੁੱਟ ਤਾਂ ਕਰ ਸਕਦਾ ਹੈ ਭਲਾ ਨਹੀ ਕਰ ਸਕਦਾ।ਸੋ ਗੁਰਬਾਣੀ ਨੂੰ ਪੜ੍ਹਨਾ, ਵਿਚਾਰਨਾ, ਸਮਝਣਾ ਤੇ ਜ਼ਿੰਦਗੀ ਵਿੱਚ ਲਾਗੂ ਕਰਨ ਦੇ ਨਾਲ ਨਾਲ ਕਿਰਤ ਕਰਨੀ ਨਾਮ ਜਪਣਾ ਵੰਡ ਛਕਣਾ ਤੇ ਪਖੰਡ ਦਾ ਤਿਆਗ ਕਰਨਾ ਹੀ ਪ੍ਰਵਾਨ ਹੈ।



## ਪੰਡਿਤ ਕਿਰਪਾ ਰਾਮ ਤੋਂ ਸ਼ਹੀਦ ਭਾਈ ਕਿਰਪਾ ਸਿੰਘ ਤੱਕ

ਜਸਵੰਤ ਸਿੰਘ ਜ਼ਫ਼ਰ



**ਏਨਾ** ਕੁ ਤਾਂ ਅਸੀ ਸਾਰੇ ਜਾਣਦੇ ਹਾਂ ਕਿ ਔਰੰਗਜ਼ੇਬ ਦੇ ਦੂਸਰੇ ਧਰਮਾਂ ਦੇ ਲੋਕਾਂ ਵਿਰੁੱਧ ਫ਼ੈਸਲਿਆਂ ਅਤੇ ਕਾਰਵਾਈਆਂ ਅਰਥਾਤ ਜ਼ੁਲਮਾਂ ਦੇ ਸਤਾਏ ਕਸ਼ਮੀਰੀ ਪੰਡਿਤ ਆਪਣੇ ਆਗੂ ਪੰਡਿਤ ਕਿਰਪਾ ਰਾਮ ਦੀ ਅਗਵਾਈ ਵਿੱਚ ਗੁਰੂ ਤੇਗ ਬਹਾਦਰ ਦੇ ਦਰਬਾਰ ਵਿੱਚ ਫ਼ਰਿਆਦ ਲੈ ਕੇ ਆਏ ਸਨ ਪਰ ਕਹਾਣੀ ਇਸ ਤੋਂ ਪਿੱਛੇ ਵੀ ਹੈ ਅਤੇ ਇਸ ਤੋਂ ਅੱਗੇ ਤਾਂ ਹੋਰ ਵੀ ਬੜੀ ਮਹੱਤਵਪੂਰਨ ਹੈ। ਸ੍ਰੀਨਗਰ ਤੋਂ 20 ਮੀਲ ਦੂਰ ਮਤਨ ਨਗਰ ਦੇ ਪੰਡਿਤ ਅਰੂ ਰਾਮ ਨਾਂ ਦੇ ਦੱਤ ਬ੍ਰਾਹਮਣ ਸਨ ਜੋ ਸੱਤਵੇਂ ਗੁਰੂ ਹਰਿ ਰਾਏ ਸਾਹਿਬ ਦੇ ਸ਼ਰਧਾਲੂ ਸਨ। ਸੰਨ 1660 ਈਸਵੀ ਵਿੱਚ ਜਦੋਂ ਗੁਰੂ ਹਰਿ ਰਾਇ ਸਾਹਿਬ ਕਸ਼ਮੀਰ ਗਏ ਤਾਂ ਪੰਡਿਤ ਅਰੂ ਰਾਮ ਨੇ ਉਨ੍ਹਾਂ ਨੂੰ ਸ੍ਰੀਨਗਰ ਤੋਂ ਲਿਜਾ ਕੇ ਆਪਣੇ ਨਗਰ ਮਤਨ ਵਿਖੇ ਚਰਨ ਪਵਾਏ। ਪੰਡਿਤ ਜੀ ਦੇ ਤਿੰਨਾਂ ਪੁੱਤਰਾਂ 'ਚੋਂ ਕਿਰਪਾ ਰਾਮ ਸਭ ਤੋਂ ਵੱਡੇ ਅਤੇ ਬੜੇ ਗੁਣੀ ਗਿਆਨੀ ਸਨ। ਸੰਨ 1670 ਈਸਵੀ ਵਿੱਚ ਜਦੋਂ ਬਾਲ ਗੋਬਿੰਦ ਰਾਏ ਆਪਣੇ ਪਿਤਾ ਨੌਵੇਂ ਗੁਰੂ ਤੇਗ ਬਹਾਦਰ ਵੱਲੋਂ ਨਵੇਂ ਵਸਾਏ ਨਗਰ 'ਚੱਕ ਮਾਤਾ ਨਾਨਕੀ' (ਅਨੰਦਪੁਰ ਸਾਹਿਬ) ਆਏ ਤਾਂ ਪੰਡਿਤ ਕਿਰਪਾ ਰਾਮ ਲਖਨੌਰ ਵਿਖੇ ਉਨ੍ਹਾਂ ਦੇ ਦਰਸ਼ਨ ਕਰਨ ਪਹੁੰਚੇ। ਔਰੰਗਜ਼ੇਬ ਦੇ ਰਾਜ ਵੇਲੇ ਜਦੋਂ ਜਬਰ-ਜ਼ੁਲਮ ਦਾ ਦੌਰ ਸ਼ੁਰੂ ਹੋਇਆ ਤਾਂ ਕਸ਼ਮੀਰੀ ਪੰਡਤਾਂ ਨੇ ਗੁਰੂ ਘਰ ਨਾਲ ਗਹਿਰੇ ਅਤੇ ਨੇੜਲੇ ਸਬੰਧ ਵਾਲੇ ਪੰਡਿਤ ਕਿਰਪਾ ਰਾਮ ਦੀ ਅਗਵਾਈ ਵਿੱਚ ਅਨੰਦਪੁਰ ਸਾਹਿਬ ਜਾ ਕੇ ਗੁਰੂ ਤੇਗ ਬਹਾਦਰ ਪਾਸ ਫ਼ਰਿਆਦ ਕਰਨ ਦਾ ਫ਼ੈਸਲਾ ਕੀਤਾ। ਇਨ੍ਹਾਂ ਕਸ਼ਮੀਰੀ ਪੰਡਤਾਂ ਨੇ ਆਪਣੇ ਦੁੱਖਾਂ ਦਰਦਾਂ ਦੀ ਕਹਾਣੀ ਗੁਰੂ ਸਾਹਿਬ ਅੱਗੇ ਰੱਖੀ ਤਾਂ ਗੁਰੂ ਜੀ ਇਸ ਬਾਰੇ ਬਾਦਸ਼ਾਹ ਔਰੰਗਜ਼ੇਬ ਨਾਲ ਗੱਲ ਕਰਨ ਵਾਸਤੇ ਦਿੱਲੀ ਜਾਣ ਲਈ ਤਿਆਰ ਹੋਏ। ਗੁਰੂ ਸਾਹਿਬ ਦੇ ਦਿੱਲੀ ਨੂੰ ਚਾਲੇ ਪਾਉਣ 'ਤੇ ਇਹ ਕਸ਼ਮੀਰੀ ਪੰਡਿਤ ਕਸ਼ਮੀਰ ਨੂੰ ਨਹੀ ਪਰਤੇ ਸਗੋਂ ਇਨ੍ਹਾਂ ਨੇ ਗੁਰੂ ਸਾਹਿਬ ਦੀ ਦਿੱਲੀ ਤੋਂ ਵਾਪਸੀ ਤੱਕ ਆਨੰਦਪੁਰ ਸਾਹਿਬ ਵਿਖੇ ਉਡੀਕ ਕਰਨ ਦਾ ਫ਼ੈਸਲਾ ਕੀਤਾ। ਗੁਰੂ ਤੇਗ ਬਹਾਦਰ ਸਾਹਿਬ ਜੀ ਆਪ ਤਾਂ ਦਿੱਲੀ ਤੋਂ ਨਹੀ ਪਰਤੇ, ਉਨ੍ਹਾਂ ਦੀ ਚਾਂਦਨੀ ਚੌਕ ਵਿੱਚ ਹੋਈ ਲਾਸਾਨੀ ਕੁਰਬਾਨੀ ਅਤੇ ਸ਼ਹਾਦਤ ਦੀ ਖ਼ਬਰ ਹੀ ਪਹੁੰਚੀ ਅਤੇ ਭਾਈ ਜੈਤਾ ਨਾਂ ਦੇ ਗੱਭਰੂ ਰੰਗਰੇਟੇ ਸਿੱਖ ਦੇ ਹੱਥੀ ਉਨ੍ਹਾਂ ਦਾ ਸੀਸ ਅਨੰਦਪੁਰ ਸਾਹਿਬ ਪਰਤਿਆ। ਇਸ ਹਿਰਦੇ ਵੇਧਕ ਘਟਨਾ ਦਾ ਪੰਡਿਤ ਕਿਰਪਾ ਰਾਮ 'ਤੇ ਬਹੁਤ ਡੂੰਘਾ ਅਸਰ ਹੋਇਆ। ਉਨ੍ਹਾਂ ਨੇ (ਸ਼ਾਇਦ ਹੋਰ ਕਈ ਸਾਥੀਆਂ ਸਮੇਤ) ਕਸ਼ਮੀਰ ਵਾਪਸ ਜਾਣ ਦੀ ਬਜਾਏ, ਸ਼ਹੀਦ ਹੋਏ ਗੁਰੂ ਦੇ ਪਰਿਵਾਰ ਦੀ ਸੇਵਾ ਸੰਭਾਲ ਹਿਤ ਰਹਿੰਦੀ ਉਮਰ ਅਨੰਦਪੁਰ ਸਾਹਿਬ ਵਿਖੇ ਹੀ ਟਿਕੇ ਰਹਿਣ ਦਾ ਫ਼ੈਸਲਾ ਕੀਤਾ। ਪੰਡਿਤ ਜੀ ਸ਼ਾਸਤਰ ਅਤੇ ਸ਼ਸਤਰ ਵਿੱਦਿਆ ਦੇ ਧਨੀ ਸਨ। ਆਪ ਨੇ ਬਾਲ ਗੁਰੂ ਗੋਬਿੰਦ ਰਾਏ ਨੂੰ ਸੰਸਕ੍ਰਿਤ ਭਾਸ਼ਾ ਅਤੇ ਪੁਰਾਣੇ ਗ੍ਰੰਥਾਂ ਦਾ ਬੋਧ ਕਰਾਇਆ ਅਤੇ ਸ਼ਸਤਰ ਵਿੱਦਿਆ ਦਿੱਤੀ। 1699 ਦੀ ਵਿਸਾਖੀ ਨੂੰ ਜਦੋਂ ਦਸਮੇਸ਼ ਜੀ ਨੇ ਖਾਲਸਾ ਸਿਰਜਣਾ ਦਾ ਕੌਤਕ ਰਚਾਇਆ ਤਾਂ ਪੰਡਿਤ ਕਿਰਪਾ ਰਾਮ ਪਹਿਲੇ ਦਿਨ ਹੀ ਖੰਡੇ ਦੀ ਪਹੁਲ ਲੈ ਕੇ, ਗੁਰੂ ਦੀ ਖਾਲਸਾ ਸੈਨਾ ਦੇ ਮੋਹਰੀ ਸਿਪਾਹੀਆਂ ਵਿੱਚ ਸ਼ਾਮਿਲ ਹੋ ਗਏ ਅਤੇ ਉਸ ਦਿਨ ਤੋਂ ਉਨ੍ਹਾਂ ਦਾ ਨਾਮ ਭਾਈ ਕਿਰਪਾ ਸਿੰਘ ਹੋ ਗਿਆ। ਕਈ ਮੁੱਠਭੇੜਾਂ ਅਤੇ ਲੜਾਈਆਂ ਤੋਂ ਬਾਅਦ 1705 ਈਸਵੀ ਵਿੱਚ ਪਹਾੜੀ ਰਾਜਿਆਂ, ਸੂਬਾ ਸਰਹੰਦ ਅਤੇ ਮੁਗ਼ਲ ਸੈਨਾ ਨੇ ਰਲ਼ ਕੇ ਬਹੁਤ ਲੰਮਾ ਸਮਾਂ ਅਨੰਦਪੁਰ ਸਾਹਿਬ ਦੇ ਕਿਲ੍ਹੇ ਨੂੰ ਘੇਰਾ ਪਾਈ ਰੱਖਿਆ। ਅਖ਼ੀਰ ਦਸੰਬਰ 1705 ਨੂੰ ਗੁਰੂ ਸਾਹਿਬ ਨੂੰ ਆਪਣੇ ਪਰਿਵਾਰ ਅਤੇ ਪੰਜ ਸੌ ਦੇ ਕਰੀਬ ਸਿੰਘਾਂ ਸਮੇਤ ਕਿਲ੍ਹਾ ਛੱਡਣਾ ਪਿਆ। ਸਰਸਾ ਨਦੀ ਪਾਰ ਕਰਦਿਆਂ ਗੁਰੂ ਜੀ ਦੇ ਮਾਤਾ ਜੀ ਅਤੇ ਛੋਟੇ ਸਾਹਿਬਜ਼ਾਦੇ ਵਿਛੜ ਗਏ ਅਤੇ ਉਨ੍ਹਾਂ ਦੀ ਸਰਹੰਦ ਵਿਖੇ ਸ਼ਹੀਦੀ ਹੋਈ। ਬਹੁਤ ਸਾਰੇ ਸਿੰਘ ਸ਼ਾਹੀ ਫ਼ੌਜਾਂ ਦਾ ਬਹਾਦਰੀ ਨਾਲ ਮੁਕਾਬਲਾ ਕਰਦੇ ਹੋਏ ਸ਼ਹੀਦ ਹੋਏ। ਗੁਰੂ ਕਾਲ ਦਾ ਇਹ ਸਭ ਤੋਂ ਦੁਖਦਾਈ ਸਮਾਂ ਚੱਲ ਰਿਹਾ ਸੀ। ਅਖ਼ੀਰ ਬਚੇ ਹੋਏ 40 ਦੇ ਕਰੀਬ ਸਿੰਘਾਂ ਅਤੇ ਵੱਡੇ ਸਾਹਿਬਜ਼ਾਦਿਆਂ ਸਮੇਤ, ਗੁਰੂ ਸਾਹਿਬ ਚਮਕੌਰ ਦੀ ਗੜ੍ਹੀ ਵਿੱਚ ਦਾਖ਼ਲ ਹੋਏ। ਗੜ੍ਹੀ ਦੇ ਬਾਹਰ ਲੱਖਾਂ ਦੀ ਗਿਣਤੀ ਵਿੱਚ ਹਕੂਮਤੀ ਫ਼ੌਜਾਂ ਦਾ ਘੇਰਾ ਪੈ ਗਿਆ ਦੱਸਿਆ ਜਾਂਦਾ ਹੈ। 40 ਸਿੰਘ ਅਤੇ ਦੋਵੇਂ ਸਾਹਿਬਜ਼ਾਦੇ ਏਨੀ ਭਾਰੀ ਫ਼ੌਜ ਨਾਲ ਸੰਸਾਰ ਦੀ ਸਭ ਤੋਂ ਅਸਾਵੀ ਲੜਾਈ ਲੜਦੇ ਹੋਏ 7-8 ਦਸੰਬਰ 1705 ਨੂੰ ਸ਼ਹੀਦ ਹੋਏ। ਇਨ੍ਹਾਂ ਲਾਸਾਨੀ ਸੂਰਬੀਰ ਯੋਧਿਆਂ ਵਿੱਚ ਸ਼ਹੀਦ ਭਾਈ ਕਿਰਪਾ ਸਿੰਘ ਦਾ ਨਾਂ ਵੀ ਸ਼ਾਮਲ ਹੈ। ਸੰਨ 2025 ਗੁਰੂ ਤੇਗ ਬਹਾਦਰ ਸਾਹਿਬ ਦੀ ਸ਼ਹੀਦੀ ਦਾ 350ਵਾਂ ਵਰ੍ਹਾ ਹੈ। ਇਸ ਪ੍ਰਥਾਏ ਭਾਸ਼ਾ ਵਿਭਾਗ ਪੰਜਾਬ ਨੇ ਸ. ਹਰਜੋਤ ਸਿੰਘ ਬੈਂਸ ਸਿੱਖਿਆ ਮੰਤਰੀ ਪੰਜਾਬ ਦੀ ਅਗਵਾਈ ਵਿੱਚ ਦੋ ਰੋਜ਼ਾ ਸਮਾਗਮ "ਤੇਗ ਬਹਾਦਰ ਸਿਮਰਿਐ" ਪੰਡਿਤ ਕਿਰਪਾ ਰਾਮ ਦੀ ਜਨਮ ਭੂਮੀ ਮਤਨ ਤੇ ਸ੍ਰੀਨਗਰ ਵਿਖੇ ਆਯੋਜਿਤ ਕਰਨ ਦਾ ਫ਼ੈਸਲਾ ਕੀਤਾ ਹੈ। ਵਿਭਾਗ ਦੀ ਟੀਮ ਪੰਜਾਬ ਤੋਂ ਕੁਝ ਵਿਦਵਾਨਾਂ ਅਤੇ ਕਵੀਆਂ ਨੂੰ ਬੱਸ ਰਾਹੀ ਕਸ਼ਮੀਰ ਲੈ ਕੇ ਜਾਵੇਗੀ। ਇਹ ਬੱਸ ਭਾਸ਼ਾ ਵਿਭਾਗ ਦੇ ਮੁੱਖ ਦਫ਼ਤਰ ਪਟਿਆਲਾ ਤੋਂ ਅੱਜ ਸ਼ਾਮ 8 ਵਜੇ ਰਵਾਨਾ ਹੋਵੇਗੀ ਅਤੇ ਖੰਨਾ, ਲੁਧਿਆਣਾ, ਜਲੰਧਰ, ਪਠਾਨਕੋਟ ਅਤੇ ਜੰਮੂ ਤੋਂ ਹੁੰਦੀ ਹੋਈ ਭਲਕੇ ਸਵੇਰੇ ਸ੍ਰੀਨਗਰ ਪਹੁੰਚੇਗੀ। 23 ਜੁਲਾਈ ਨੂੰ ਸਵੇਰੇ ਡੈਲੀਗੇਟਾਂ ਦਾ ਕਾਫ਼ਲਾ ਬੱਸ ਅਤੇ ਹੋਰ ਸੜਕੀ ਸਾਧਨਾਂ ਰਾਹੀ ਸ੍ਰੀਨਗਰ ਤੋਂ ਮਤਨ ਦੀ ਯਾਤਰਾ ਕਰੇਗਾ। ਮਤਨ ਦੇ ਗੁਰਦੁਆਰਾ ਸਾਹਿਬ ਵਿਖੇ ਪੰਡਿਤ ਕਿਰਪਾ ਰਾਮ / ਸ਼ਹੀਦ ਭਾਈ ਕਿਰਪਾ ਸਿੰਘ ਨੂੰ ਯਾਦ ਕੀਤਾ ਜਾਵੇਗਾ ਅਤੇ ਸਰਬੱਤ ਦੇ ਭਲੇ ਲਈ ਅਰਦਾਸ ਹੋਵੇਗੀ। ਪਰਤ ਕੇ ਸ੍ਰੀਨਗਰ ਵਿਖੇ ਜਿਹਲਮ ਦਰਿਆ ਕਿਨਾਰੇ ਬਣੇ ਬਹੁਤ ਸੁੰਦਰ ਟੈਗੋਰ ਹਾਲ ਵਿੱਚ ਸਮਾਗਮ ਹੋਏਗਾ। ਜਿਸ ਦਾ ਪਹਿਲਾ ਭਾਗ ਬਾਅਦ ਦੁਪਹਿਰ ਢਾਈ ਵਜੇ ਆਰੰਭ ਹੋਏਗਾ ਜਿਸ ਵਿੱਚ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਜੀਵਨ, ਬਾਣੀ ਅਤੇ ਸ਼ਹੀਦੀ ਬਾਰੇ ਵਿਦਵਾਨ ਵਿਚਾਰਾਂ ਕਰਨਗੇ। ਦੂਜੇ ਭਾਗ ਵਿੱਚ ਪੰਜਾਬੀ, ਡੋਗਰੀ ਅਤੇ ਕਸ਼ਮੀਰੀ ਜ਼ੁਬਾਨਾਂ ਦੇ ਚੋਣਵੇਂ ਕਵੀ ਗੁਰੂ ਸਾਹਿਬ ਨੂੰ ਕਾਵਿ-ਸੁਮਨ ਭੇਟ ਕਰਨਗੇ। ਅਗਲੇ ਦਿਨ 24 ਜੁਲਾਈ ਸ਼ਾਮ ਨੂੰ ਇਸੇ ਹਾਲ ਵਿੱਚ ਰਸ-ਭਿੰਨਾ ਸੰਗੀਤਕ ਸਮਾਗਮ ਹੋਏਗਾ। 'ਗੁਰੂ ਨਾਨਕ ਜਹਾਜ਼' ਫ਼ਿਲਮ ਵਿੱਚ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਬਾਣੀ ਦਾ ਗਾਇਨ ਕਰਨ ਵਾਲੇ ਬੜੇ ਰਸੀਲੇ ਅਤੇ ਮਨਮੋਹਣੇ ਨੌਜਵਾਨ ਗਾਇਕ ਬੀਰ ਸਿੰਘ ਗੁਰੂ ਸਾਹਿਬ ਦੀ ਬਾਣੀ ਦੇ ਗਾਇਨ ਦੇ ਨਾਲ-ਨਾਲ ਮੁਹੱਬਤੀ ਅਤੇ ਵਿਸਮਾਦੀ ਕਲਾਮ ਪੇਸ਼ ਕਰਨਗੇ। ਭਾਸ਼ਾ ਵਿਭਾਗ ਪੰਜਾਬ ਕਸ਼ਮੀਰ ਵਿੱਚ ਵਸਦੇ ਸਮੂਹ ਪੰਜਾਬੀਆਂ ਅਤੇ ਗੁਰੂ ਪਿਆਰਿਆਂ ਨੂੰ ਇਨ੍ਹਾਂ ਸਮਾਗਮਾਂ ਵਿੱਚ ਹੁੰਮ-ਹੁੰਮਾ ਕੇ ਹਿੱਸਾ ਲੈਣ ਦਾ ਪ੍ਰੇਮ ਸਹਿਤ ਖੁੱਲ੍ਹਾ ਸੱਦਾ ਦਿੰਦਾ ਹੈ।

# ਬੇਰੁਜ਼ਗਾਰ ਸਪੈਸ਼ਲ ਅਧਿਆਪਕ ਯੂਨੀਅਨ ਦਾ ਵਫ਼ਦ ਮੁੱਖ ਮੰਤਰੀ ਦੇ ਮੀਡੀਆ ਸਲਾਹਕਾਰ ਪੰਨੂੰ ਨੂੰ ਮਿਲਿਆ



ਅਮਲੋਹ, 20 ਜੁਲਾਈ (ਜਸਵੰਤ ਸਿੰਘ) : ਬੇਰੁਜਗਾਰ ਸਪੈਸ਼ਲ ਅਧਿਆਪਕ ਦਾ ਇਕ ਵਫਦ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਮੀਡੀਆ ਸਲਾਹਕਾਰ ਬਲਤੇਜ ਪੰਨੂੰ ਨੂੰ ਮਿਲਿਆ ਅਤੇ ਮਾਨਯੋਗ ਸੁਪਰੀਮ ਕੋਰਟ ਦੇ ਹੁਕਮਾਂ ਤੋਂ ਬਾਅਦ ਵਿਚ ਸਰਕਾਰ ਵੱਲੋਂ ਕੀਤੀ ਜਾਣ ਵਾਲੀ ਭਰਤੀ ਸਬੰਧੀ ਗਲਬਾਤ ਕੀਤੀ। ਉਨ੍ਹਾਂ ਦਸਿਆ ਕਿ 2010 ਵਿਚ ਪੰਜਾਬ ਵਿਚ ਭਰਤੀ ਰੱਖੀ ਗਈ ਸੀ, ਜਿਸ ਉਪਰੰਤ 15 ਸਾਲ ਵਿਚ ਭਰਤੀ ਨਹੀਂ ਹੋਈ। ਜਿਸ ਕਾਰਣ ਉਨ੍ਹਾਂ ਦੀ ਉਮਰ ਸੀਮਾ ਵਧਾਈ ਜਾਵੇ। ਵਫ਼ਦ ਨੇ ਕਿਹਾ ਕਿ ਸਰਕਾਰ ਨੇ 3600 ਅਸਾਮੀਆਂ ਦਾ ਗਜਟ ਦਿੱਤਾ ਹੈ। ਪ੍ਰੰਤੂ ਸਰਕਾਰ ਨੂੰ ਭਰਤੀ ਪੂਰੇ ਉਮੀਦਵਾਰਾਂ ਦੀ ਕਰਨੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਇਹ ਭਰਤੀ ਡਿਪਲੋਮਾ ਇਨ ਐਜੂਕੇਸ਼ਨ ਸਪੈਸ਼ਲ 12ਵੀਂ ਦੇ ਅਧਾਰ 'ਤੇ ਹੋਣੀ ਚਾਹੀਦੀ ਹੈ ਅਤੇ ਭਰਤੀ ਵਿਚੋਂ ਗ੍ਰੈਜੂਏਸ਼ਨ ਅਤੇ ਪੀ.ਟੈਟ ਦੀ ਸ਼ਰਤ ਨੂੰ ਹਟਾਇਆ ਜਾਵੇ। ਉਨ੍ਹਾਂ ਕਿਹਾ ਕਿ ਸਪੈਸ਼ਲ ਬੱਚਿਆਂ ਨੂੰ ਪੜ੍ਹਾਉਣ ਲਈ ਪੀ.ਟੈਟ ਦੀ ਥਾਂ ਸਰਕਾਰ ਸਪੈਸ਼ਲ ਬੱਚਿਆਂ ਦੇ ਸਿਲੇਬਸ ਵਿੱਚੋਂ ਪੇਪਰ ਲੈ ਕੇ ਭਰਤੀ ਕਰੇ। ਉਨ੍ਹਾਂ ਬਾਹਰੀ ਸੂਬਿਆਂ ਦੀ ਭਰਤੀ 'ਤੇ ਮੁਕੰਮਲ ਰੋਕ ਲਗਾਉਣ ਦੀ ਵੀ ਮੰਗ ਕੀਤੀ। ਪੰਨੂੰ ਨੇ ਵਫ਼ਦ ਨੂੰ ਭਰੋਸਾ ਦਿੱਤਾ ਕਿ ਸਾਰਾ ਮਾਮਲਾ ਮੁੱਖ ਮੰਤਰੀ ਦੇ ਧਿਆਨ ਵਿੱਚ ਲਿਆ ਕੇ ਹੱਲ ਕਰਵਾਉਣਗੇ। ਮੀਟਿੰਗ ਵਿਚ ਜਗਮੀਤ ਸਿੱਧੂ, ਰਵਿੰਦਰ ਮਾਲੋਵਾਲ, ਮਨਦੀਪ ਸਿੱਧੂ, ਬਲਜਿੰਦਰ ਮਾਨਸਾ, ਬੰਦਨਾਸ਼ਰਮਾ, ਸੀਮਾ ਬੱਤਰਾ, ਆਰਤੀ, ਸੁਖਵਿੰਦਰ ਕੌਰ ਸੁੱਖੀ, ਪਰਮਿੰਦਰ ਅਰੋੜਾ, ਲੱਕੀ ਸ਼ਰਮਾ ਅਤੇ ਪ੍ਰਿੰਸ ਅਰੋੜਾ ਆਦਿ ਸ਼ਾਮਲ ਹੋਏ।

# ਪ੍ਰੋਜੈਕਟ ਜੀਵਨ ਜੋਤ 2.0 ਤਹਿਤ ਬਾਲ ਸੁਰੱਖਿਆ ਟੀਮ ਵੱਲੋਂ ਵਿਸ਼ੇਸ਼ ਚੈਕਿੰਗ



ਸ਼ਹੀਦ ਭਗਤ ਸਿੰਘ ਨਗਰ, 20 ਜੁਲਾਈ (ਸੁਖਦੇਵ ਸਿੰਘ ਉੜਾਪੜ) :ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੇ ਪ੍ਰੋਜੈਕਟ ਜੀਵਨਜੋਤ ਤਹਿਤ ਜ਼ਿਲ੍ਹੇ ਵਿੱਚ ਬਾਲ ਭਿਖਿਆ ਨੂੰ ਰੋਕਣ ਲਈ ਚਲਾਈ ਮੁਹਿੰਮ ਹੇਠ ਅੱਜ ਬਲਾਕ ਬਲਾਚੌਰ ਵਿੱਚ ਬਾਲ ਭਿੱਖਿਆ ਵਿੱਚ ਲੱਗੇ ਤਿੰਨ ਬੱਚਿਆਂ ਨੂੰ ਰੈਸਕਿਊ ਕੀਤਾ ਗਿਆ। ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ ਦੇ ਜ਼ਿਲਾ ਦਫ਼ਤਰ ਦੀ ਟੀਮ ਵੱਲੋਂ ਬਲਾਕ ਬਲਾਚੌਰ ਵਿੱਚ ਭੱਦੀ ਰੋਡ, ਬੱਸ ਸਟੈਂਡ, ਮੇਨ ਚੌਕ, ਗੜ੍ਹਸ਼ੰਕਰ ਰੋਡ 'ਤੇ ਚੈਕਿੰਗ ਦੌਰਾਨ ਇਨ੍ਹਾਂ ਤਿੰਨ ਬੱਚਿਆਂ ਨੂੰ ਰੇਸਕਿਓ ਕੀਤਾ ਗਿਆ ਜਿਨ੍ਹਾਂ ਨੂੰ ਅਗਲੇਰੇ ਹੁਕਮਾਂ ਲਈ ਬਾਲ ਭਲਾਈ ਕਮੇਟੀ ਕੋਲ ਪੇਸ਼ ਕੀਤਾ ਗਿਆ ਹੈ। ਜ਼ਿਲਾ ਬਾਲ ਸੁਰੱਖਿਆ ਯੂਨਿਟ ਵਲੋਂ ਬੱਚਿਆਂ ਦੀ ਸੋਸ਼ਲ ਇਨਵੈਸਟੀਗੇਸ਼ਨ ਸ਼ੁਰੂ ਕੀਤੀ ਜਾ ਚੁੱਕੀ ਹੈ ਤਾਂ ਜੋ ਬੱਚਿਆਂ ਨੂੰ ਉਮਰ ਅਨੁਸਾਰ ਸਕੂਲ ਵਿਚ ਦਾਖਲ ਕਰਵਾਇਆ ਜਾ ਸਕੇ ਅਤੇ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਸਕੀਮਾਂ ਦਾ ਲਾਭ ਵੀ ਦਿੱਤਾ ਜਾ ਸਕੇ। ਜਿਲ੍ਹਾ ਪ੍ਰੋਗਰਾਮ ਅਫਸਰ ਜਗਰੂਪ ਸਿੰਘ ਨੇ ਇਸ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਜ਼ਿਲ੍ਹੇ ਵਿੱਚ ਬਾਲ ਭਿੱਖਿਆ ਦੀ ਰੋਕਥਾਮ ਅਤੇ ਬੱਚਿਆਂ ਦੇ ਨਾਲ ਨਾਲ ਉਨ੍ਹਾਂ ਦੇ ਮਾਪਿਆਂ ਦੇ ਡੀ.ਐਨ.ਏ. ਟੈਸਟਿੰਗ ਕਰਵਾਉਣ ਲਈ ਪ੍ਰੋਜੈਕਟ ਜੀਵਨ ਜੋਤ-2 ਸ਼ੁਰੂ ਕੀਤਾ ਗਿਆ ਹੈ ਤਾਂ ਜੋ ਕੋਈ ਵੀ ਬੱਚਾ ਕਿਸੇ ਵੀ ਤਰੀਕੇ ਸੋਸ਼ਣ ਜਾਂ ਟਰੈਫਿਕਿੰਗ ਦਾ ਸ਼ਿਕਾਰ ਨਾ ਹੋਵੇ। ਉਨ੍ਹਾਂ ਦੱਸਿਆ ਕਿ ਬਾਲ ਭਿੱਖਿਆ ਵਿੱਚ ਲੱਗੇ ਬੱਚਿਆਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਬਾਲ ਭਲਾਈ ਕਮੇਟੀ ਨਾਲ ਮਿਲ ਕੇ ਉਨ੍ਹਾ ਨੂੰ ਹਰ ਸੰਭਵ ਮਦਦ ਦਿੱਤੀ ਜਾਵੇ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਪਾਸੋਂ ਨਿਰਦੇਸ਼ਾਂ ਅਨੁਸਾਰ ਅਜਿਹੇ ਮਾਪੇ ਜੋ ਬੱਚਿਆਂ ਤੋਂ ਬਾਲ ਭਿੱਖਿਆ ਕਰਵਾ ਰਹੇ ਹਨ ਦਾ ਡੀਐਨਏ ਟੈਸਟ ਕਰਵਾਇਆ ਜਾਵੇ ਕਿਉਂਕਿ ਅਕਸਰ ਇਹ ਦੇਖਣ ਵਿੱਚ ਆਇਆ ਹੈ ਕਿ ਦੂਸਰੇ ਰਾਜਾਂ ਤੋ ਆਏ ਹੋਏ ਪ੍ਰਵਾਸੀ ਅਤੇ ਉਨਾਂ ਦੇ ਬੱਚੇ ਪੰਜਾਬ ਵਿੱਚ ਭੀਖ ਮੰਗਦੇ ਹਨ ਅਤੇ ਕਈ ਵਾਰ ਉਨਾਂ ਦੇ ਨਾਲ ਉਹਨਾਂ ਦੇ ਮਾਪੇ ਹੀ ਬੱਚਿਆਂ ਤੋਂ ਭੀਖ ਮੰਗਵਾ ਰਹੇ ਹੁੰਦੇ ਹਨ।ਜ਼ਿਲਾ ਪ੍ਰੋਗਰਾਮ ਅਧਿਕਾਰੀ ਨੇ ਦੱਸਿਆ ਕਿ ਇਹ ਵੀ ਜਰੂਰੀ ਨਹੀਂ ਹੈ ਕਿ ਜਿਨਾਂ ਦੇ ਨਾਲ ਬੱਚੇ ਭੀਖ ਮੰਗ ਰਹੇ ਹਨ ਉਹ ਵਿਅਕਤੀ ਬੱਚਿਆਂ ਦੇ ਅਸਲ ਮਾਪੇ ਹੀ ਹੋਣ। ਉਨ੍ਹਾਂ ਦੱਸਿਆ ਕਿ ਇਸ ਲਈ ਇਸ ਸਬੰਧੀ ਜਾਂਚ ਕਰਵਾਉਣ ਲਈ ਡੀ.ਐਨ.ਏ. ਟੈਸਟ ਕਰਵਾਉਣ ਦੇ ਹੁਕਮ ਜਾਰੀ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਜਿਲੇ ਵਿੱਚ ਬੱਚਿਆਂ ਦੀ ਸੁਰੱਖਿਆ ਲਈ ਕਾਰਜਸ਼ੀਲ ਜਿਲਾ ਬਾਲ ਸੁਰੱਖਿਆ ਯੂਨਿਟ ਨੂੰ ਸਬ-ਡਿਵੀਜ਼ਨਲ ਪੱਧਰੀ ਕਮੇਟੀਆਂ ਨਾਲ ਮਿਲ ਕੇ ਜਿਲੇ ਵਿੱਚ ਬਾਲ ਭਖਿਆ ਵਿੱਚ ਲੱਗੇ ਹੋਏ ਬੱਚਿਆਂ ਦੀ ਚੈਕਿੰਗ ਕਰਨ ਦੀ ਹਦਾਇਤ ਕੀਤੀ ਗਈ ਹੈ ਤਾਂ ਕਿ ਇਹ ਯਕੀਨੀ ਬਣਾਇਆ ਜਾ ਸਕੇ ਕਿ ਕੋਈ ਵੀ ਬੱਚਾ ਕਿਤੇ ਵੀ ਭੀਖ ਨਾ ਮੰਗ ਰਿਹਾ ਹੋਵੇ। ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਬੱਚਿਆਂ ਨੂੰ ਭੀਖ ਨਾ ਦਿੱਤੀ ਜਾਵੇ ਅਤੇ ਨਾ ਹੀ ਬੱਚਿਆਂ ਨੂੰ ਭੀਖ ਮੰਗਣ ਲਾਇਆ ਜਾਵੇ। ਉਨ੍ਹਾਂ ਦੱਸਿਆ ਕਿ ਇਸ ਸਬੰਧੀ ਕੋਈ ਵੀ ਸ਼ਿਕਾਇਤ ਦਰਜ ਕਰਵਾਉਣ ਲਈ ਚਾਇਲਡ ਹੈਲਪਲਾਈਨ ਨੰਬਰ 1098 ਤੇ ਸੰਪਰਕ ਕੀਤਾ ਜਾ ਸਕਦਾ ਹੈ। ਉਨ੍ਹਾਂ ਦੱਸਿਆ ਕਿ ਕਿਸੇ ਵੀ ਤਰ੍ਹਾਂ ਦੇ ਸ਼ੱਕ ਦੇ ਹਾਲਾਤ ਵਿੱਚ ਭੀਖ ਮੰਗਣ ਵਾਲੇ ਬੱਚਿਆਂ ਅਤੇ ਉਨਾਂ ਨਾਲ ਮਿਲਣ ਵਾਲੇ ਵਿਅਕਤੀਆਂ ਦਾ ਡੀਐਨਏ ਟੈਸਟ ਵੀ ਕਰਵਾਇਆ ਜਾਵੇਗਾ। ਇਸਦੇ ਨਾਲ ਹੀ ਬੱਚਿਆਂ ਦੀ ਸੁਰੱਖਿਆ ਨੂੰ ਧਿਆਨ ਵਿੱਚ ਰੱਖਦੇ ਹੋਏ ਜੁਵੇਨਾਈਲ ਜਸਟਿਸ ਐਕਟ ਅਨੁਸਾਰ ਕਾਰਵਾਈ ਕੀਤੀ ਜਾਵੇਗੀ।

# ਕਾਮਿਆਂ ਨੂੰ ਰੈਗੂਲਰ ਨਾ ਕਰਨ ਦੇ ਰੋਸ ਵਜੋਂ ਡੀਐਫਓ ਰੂਪਨਗਰ ਅੱਗੇ ਧਰਨਾ 1 ਅਗਸਤ ਨੂੰ

ਸ੍ਰੀ ਕੀਰਤਪੁਰ ਸਾਹਿਬ, 20 ਜੁਲਾਈ (ਬੀ ਐਸ ਰਾਣਾ) : ਜੰਗਲਾਤ ਲੇਬਰ ਯੂਨੀਅਨ ਪੰਜਾਬ ਦੇ ਪ੍ਰਧਾਨ ਮੇਲਾ ਸਿੰਘ ਬਰੂਵਾਲ ਨੇ ਪ੍ਰੈਸ ਬਿਆਨ ਦੇ ਰਾਹੀਂ ਦੱਸਿਆ ਕਿ ਮਾਨਯੋਗ ਪੰਜਾਬ ਅਤੇ ਹਰਿਆਣਾ ਹਾਈਕੋਰਟ ਵੱਲੋਂ 26 ਫਰਵਰੀ 2024 ਨੂੰ ਫੈਸਲਾ ਦਿੱਤਾ ਗਿਆ ਸੀ ਕਿ ਜੰਗਲਾਤ ਕਾਮਿਆਂ ਨੂੰ ਰੈਗੂਲਰ ਕੀਤਾ ਜਾਵੇ ਅਤੇ ਪੰਜਾਬ ਸਰਕਾਰ ਨੇ ਇਹਨਾਂ ਕਾਮਿਆਂ ਨੂੰ ਬਿਨਾਂ ਦੇਰੀ ਰੈਗੂਲਰ ਕਰਨ ਦੇ ਹੁਕਮ ਦਿੱਤੇ ਹੋਏ ਹਨ। ਪਰ ਡੀਐਫਓ ਰੂਪਨਗਰ ਨੇ ਅਜੇ ਤੱਕ ਕਿਸੇ ਵੀ ਕਰਮਚਾਰੀ ਨੂੰ ਰੈਗੂਲਰ ਨਹੀਂ ਕੀਤਾ ਗਿਆ। ਉਨ੍ਹਾਂ ਨੇ ਇਹ ਬਹਾਨਾ ਬਣਾਇਆ ਹੈ ਕਿ ਤੁਹਾਡੀ ਉਮਰ 58 ਸਾਲ ਤੋਂ ਉੱਪਰ ਹੋ ਗਈ ਹੈ, ਕਿਸੇ ਨੂੰ ਇਹ ਕਿਹਾ ਗਿਆ ਹੈ ਕਿ ਤੁਹਾਡੀ ਉਮਰ 60 ਸਾਲ ਤੋਂ ਉੱਪਰ ਹੋ ਗਈ ਹੈ। ਜਦ ਕਿ ਪੰਜਾਬ ਸਰਕਾਰ ਵੱਲੋਂ ਇਹਨਾਂ ਕਾਮਿਆਂ ਨੂੰ ਰੈਗੂਲਰ ਕਰਨ ਲਈ ਲਿਸਟ ਜਾਰੀ ਕੀਤੀ ਜਾ ਚੁੱਕੀ ਹੈ। ਇਸ ਤੋਂ ਇਲਾਵਾ ਜੰਗਲਾਤ ਅਧਿਕਾਰੀਆਂ ਵੱਲੋਂ ਬਹੁਤ ਸਾਰੇ ਕਾਮਿਆਂ ਦੇ ਨਾਮ ਪੱਕੇ ਕਰਨ ਲਈ ਸਰਕਾਰ ਨੂੰ ਭੇਜੇ ਹੀ ਨਹੀਂ ਗਏ। ਜਿਸ ਕਰਕੇ ਕਾਮੇ ਬਹੁਤ ਪਰੇਸ਼ਾਨ ਹੋ ਰਹੇ ਹਨ। ਜੰਗਲਾਤ ਅਧਿਕਾਰੀਆਂ ਦੀ ਇਸ ਧੱਕੇਸ਼ਾਹੀ ਦੇ ਖਿਲਾਫ ਮਿਤੀ 01 ਅਗਸਤ 2025 ਨੂੰ ਡੀਐਫਓ ਰੂਪਨਗਰ ਦਫਤਰ ਅੱਗੇ ਰੋਸ ਧਰਨਾ ਦੇ ਕੇ ਸੰਘਰਸ਼ ਤੇਜ਼ ਕੀਤਾ ਜਾਵੇਗਾ। ਇਸ ਸਮੇਂ ਮੇਲਾ ਸਿੰਘ ਰੇਂਜ ਪ੍ਰਧਾਨ ਰੂਪਨਗਰ, ਅਮਰੀਕ ਸਿੰਘ ਸਕੱਤਰ ਅਨੰਦਪੁਰ ਸਾਹਿਬ, ਰਾਮ ਪ੍ਰਕਾਸ਼ ਰੇਂਜ ਪ੍ਰਧਾਨ ਨੂਰਪੁਰ ਬੇਦੀ, ਦੀਵਾਨ ਚੰਦ,ਜਸਪਾਲ ਸਿੰਘ, ਹਰਜਿੰਦਰ ਸਿੰਘ ਰੇਂਜ ਚਮਕੌਰ ਸਾਹਿਬ, ਯੋਗਰਾਜ, ਬਚਨ ਸਿੰਘ, ਕਾਬਲ ਸਿੰਘ, ਦਰਸ਼ਨ ਸਿੰਘ, ਪਰਵਿੰਦਰ ਸਿੰਘ, ਨਿਰਮਲ ਸਿੰਘ, ਜੋਗਿੰਦਰ ਸਿੰਘ, ਸੁਖਦੇਵ ਸਿੰਘ, ਲਾਲ ਸਿੰਘ ਆਦਿ ਹਾਜ਼ਰ ਸਨ।



# ਵਿਧਾਇਕ ਰੁਪਿੰਦਰ ਸਿੰਘ ਹੈਪੀ ਵੱਲੋਂ 6 ਪਿੰਡਾਂ ਵਿੱਚ ਲੋਕਾਂ ਨੂੰ ਨਸ਼ਿਆਂ ਖਿਲਾਫ਼ ਕੀਤਾ ਲਾਮਬੰਦ

ਬਸੀ ਪਠਾਣਾਂ, 20 ਜੁਲਾਈ (ਹਰਪ੍ਰੀਤ ਕੌਰ ਟਿਵਾਣਾ) : ਬਸੀ ਪਠਾਣਾਂ ਤੋਂ ਵਿਧਾਇਕ ਰੁਪਿੰਦਰ ਸਿੰਘ ਹੈਪੀ ਨੇ ਹਲਕੇ ਦੇ ਵੱਖ ਵੱਖ ਪਿੰਡਾਂ ਵਿੱਚ ਨਸ਼ਾ ਮੁਕਤੀ ਯਾਤਰਾ ਤਹਿਤ ਆਯੋਜਿਤ ਜਾਗਰੂਕਤਾ ਸਭਾਵਾਂ ਦੌਰਾਨ



ਸੰਬੋਧਨ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਉੱਤੇ ਨਸ਼ਿਆਂ ਦੇ ਖਿਲਾਫ਼ ਆਰ-ਪਾਰ ਦੀ ਲੜਾਈ ਸ਼ੁਰੂ ਕੀਤੀ ਹੋਈ ਹੈ। ਇਹ ਲੜਾਈ ਤਾਂ ਹੀ ਮੁਕੰਮਲ ਤੌਰ ਉੱਤੇ ਸਫਲ ਹੋ ਸਕਦੀ ਹੈ ਜੇਕਰ ਲੋਕ ਇਸ ਵਿੱਚ ਪੂਰਨ ਸਾਥ ਦੇਣ।ਵਿਧਾਇਕ ਰੁਪਿੰਦਰ ਸਿੰਘ ਹੈਪੀ ਨੇ ਪਿੰਡ ਪਨੇਚਾ, ਪੋਹਲੋ ਮਾਜਰਾ, ਮਹੇਸ਼ਪੁਰਾ, ਅਮਰਾਲਾ , ਰਾਣਵਾਂ ਤੇ ਬਾਠਾ ਕਲਾਂ ਵਿਖੇ ਜਨ ਸਭਾਵਾਂ ਨੂੰ ਸੰਬੋਧਨ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਨਸ਼ਿਆਂ ਦਾ ਕਾਰੋਬਾਰ ਕਰਨ ਵਿੱਚ ਲੱਗੇ ਹੋਏ ਵਿਅਕਤੀਆਂ ਨੂੰ ਵੱਡੇ ਪੱਧਰ 'ਤੇ ਕਾਬੂ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨਸ਼ਿਆਂ ਦੀ ਲਾਹਨਤ ਨੂੰ ਜੜੋਂ ਖਤਮ ਕਰਨ ਲਈ ਦ੍ਰਿੜ੍ਹ ਹੈ ਅਤੇ ਨਸ਼ਾ ਮੁਕਤੀ ਯਾਤਰਾ ਦੇ ਸ਼ਾਨਦਾਰ ਨਤੀਜੇ ਸਾਹਮਣੇ ਆ ਰਹੇ ਹਨ।ਵਿਧਾਇਕ ਰੁਪਿੰਦਰ ਸਿੰਘ ਹੈਪੀ ਨੇ ਦੱਸਿਆ ਕਿ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਪੁਲਿਸ ਤੇ ਪ੍ਰਸ਼ਾਸਨ ਵੱਲੋਂ ਨਸ਼ਾ ਤਸਕਰਾਂ ਦੁਆਰਾ ਨਸ਼ੇ ਵੇਚ ਕੇ ਬਣਾਈਆਂ ਨਜਾਇਜ਼ ਜਾਇਦਾਦਾਂ ਨੂੰ ਕਾਨੂੰਨੀ ਨਿਯਮਾਂ ਅਨੁਸਾਰ ਢਾਹਿਆ ਜਾ ਰਿਹਾ ਹੈ ਅਤੇ ਕਈ ਮਾਮਲਿਆਂ ਵਿੱਚ ਜ਼ਬਤ ਵੀ ਕੀਤਾ ਜਾ ਰਿਹਾ ਹੈ। ਜਿਸ ਨਾਲ ਲੋਕਾਂ ਵਿੱਚ ਉਤਸ਼ਾਹ ਪੈਦਾ ਹੋਇਆ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਬੱਚਿਆਂ ਤੇ ਨੌਜਵਾਨਾਂ ਨੂੰ ਨਸ਼ੇ ਦੀ ਅਲਾਮਤ ਤੋਂ ਦੂਰ ਰੱਖਣ ਲਈ ਹਰੇਕ ਪਿੰਡ ਵਿੱਚ ਖੇਡ ਮੈਦਾਨ ਬਣਾਏ ਅਤੇ ਜਿੰਮ ਖੋਲ੍ਹੇ ਜਾ ਰਹੇ ਹਨ ਜੋ ਕਿ ਸਰਕਾਰ ਦਾ ਸ਼ਲਾਘਾਯੋਗ ਉਪਰਾਲਾ ਹੈ।ਇਸ ਮੌਕੇ ਉਹਨਾਂ ਨਾਲ ਬਲਾਕ ਵਿਕਾਸ ਤੇ ਪੰਚਾਇਤ ਅਫਸਰ ਗੁਰਮਿੰਦਰ ਸਿੰਘ ਵੀ ਮੌਜੂਦ ਸਨ।

# ਨਸ਼ਾ ਮੁਕਤੀ ਯਾਤਰਾ ਰਾਹੀਂ ਜਨ ਜਾਗਰੂਕਤਾ ਸਭਾਵਾਂ




ਫਿਰੋਜ਼ਪੁਰ, 20 ਜੁਲਾਈ (ਤਿਵਾੜੀ) : ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਦੇ ਖਿਲਾਫ ਚਲਾਈ ਜਾ ਰਹੀ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਤਹਿਤ ਵਿਧਾਇਕ ਫ਼ਿਰੋਜ਼ਪੁਰ ਸ਼ਹਿਰੀ ਰਣਬੀਰ ਸਿੰਘ ਭੁੱਲਰ ਵੱਲੋਂ ਹਲਕੇ ਦੇ ਪਿੰਡ ਝੁੱਗੇ ਹਜ਼ਾਰਾ ਸਿੰਘ, ਖਾਈ, ਅਤੇ ਇੰਦਰਾ ਕਲੋਨੀ ਵਿੱਚ ਨਸ਼ਾ ਮੁਕਤੀ ਯਾਤਰਾ ਦੌਰਾਨ ਆਯੋਜਿਤ ਜਨ ਸਭਾਵਾਂ ਵਿੱਚ ਸ਼ਿਰਕਤ ਕਰ ਕੇ ਲੋਕਾਂ ਨੂੰ ਜਾਗਰੂਕ ਕੀਤਾ ਗਿਆ ਅਤੇ ਨਸ਼ਿਆਂ ਖਿਲਾਫ ਪੰਜਾਬ ਸਰਕਾਰ ਦੀ ਇਸ ਨਿਰਣਾਇਕ ਜੰਗ ਵਿੱਚ ਸਰਕਾਰ ਅਤੇ ਪ੍ਰਸ਼ਾਸਨ ਦਾ ਸਾਥ ਦੇਣ ਲਈ ਪ੍ਰੇਰਿਤ ਕੀਤਾ।ਇਸ ਮੌਕੇ ਵਿਧਾਇਕ ਸ. ਭੁੱਲਰ ਨੇ ਨਸ਼ਿਆਂ ਦੇ ਕਹਿਰ ਤੋਂ ਨਿਜਾਤ ਪਾਉਣ ਲਈ ਲੋਕਾਂ ਨੂੰ ਸੰਬੋਧਨ ਕਰਦਿਆਂ ਨਸ਼ਿਆਂ ਦੀ ਵਰਤੋਂ ਅਤੇ ਨਸ਼ੇ ਦਾ ਕਾਰੋਬਾਰ ਕਰਨ ਵਾਲਿਆਂ ਤੋਂ ਦੂਰ ਰਹਿਣ ਦੀ ਅਪੀਲ ਕੀਤੀ। ਉਨ੍ਹਾਂ ਨੇ ਆਮ ਲੋਕਾਂ ਨੂੰ ਨਸ਼ਾ ਮੁਕਤੀ ਦੀ ਲਹਿਰ ਵਿੱਚ ਭਾਗੀਦਾਰ ਬਣਨ ਦੀ ਪ੍ਰੇਰਣਾ ਦਿੰਦਿਆਂ ਕਿਹਾ ਕਿ ਪੰਜਾਬ ਸਰਕਾਰ ਇਸ ਲੜਾਈ ਵਿੱਚ ਹਰ ਰੂਪ ਵਿੱਚ ਆਪਣੇ ਲੋਕਾਂ ਦੇ ਨਾਲ ਖੜ੍ਹੀ ਹੈ।ਇਸ ਮੌਕੇ ਵਿਧਾਇਕ ਨੇ ਕਿਹਾ ਕਿ ਨਸ਼ਾ ਕੇਵਲ ਇੱਕ ਵਿਅਕਤੀ ਹੀ ਨਹੀਂ, ਸਗੋਂ ਪੂਰੇ ਪਰਿਵਾਰ, ਸਮਾਜ ਅਤੇ ਭਵਿੱਖ ਨੂੰ ਨੁਕਸਾਨ ਪਹੁੰਚਾਉਂਦਾ ਹੈ। ਇਸ ਲਈ ਇਸ ਬੁਰਾਈ ਦੇ ਮੁਕਾਬਲੇ ਲਈ ਸਾਡਾ ਇਕੱਠਾ ਹੋਣਾ ਬਹੁਤ ਜ਼ਰੂਰੀ ਹੈ। ਇਸ ਦੌਰਾਨ ਲੋਕਾਂ ਨੇ ਵੀ ਨਸ਼ਿਆਂ ਦੇ ਖ਼ਿਲਾਫ ਆਪਣਾ ਰੁਖ ਸਾਫ਼ ਕਰਦੇ ਹੋਏ ਪੰਜਾਬ ਸਰਕਾਰ ਦੇ ਇਨਕਲਾਬੀ ਯਤਨਾਂ ਦੀ ਤਾਰੀਫ ਕੀਤੀ ਅਤੇ ਸਾਥ ਦੇਣ ਦਾ ਭਰੋਸਾ ਦਿੱਤਾ।

ਇਸ ਮੌਕੇ ਵਿਧਾਇਕ ਵੱਲੋਂ ਲੋਕਾਂ ਨੂੰ ਸਹੁੰ ਵੀ ਚੁਕਵਾਈ ਗਈ ਕਿ ਪਿੰਡ ਵਿਚ ਨਸ਼ਾ ਤਸਕਰਾਂ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਕਿਸੇ ਵੀ ਨਸ਼ਾ ਤਸਕਰ ਦਾ ਕਿਸੇ ਵੱਲੋ ਵੀ ਸਾਥ ਨਹੀਂ ਦਿੱਤਾ ਜਾਵੇਗਾ।ਇਸ ਮੌਕੇ ਡੀ.ਐਸ.ਪੀ. ਸੁਖਵਿੰਦਰ ਸਿੰਘ, ਦਲੇਰ ਸਿੰਘ (ਵਾਈਸ ਕੋਆਰਡੀਨੇਟਰ), ਹਰਮੀਤ ਸਿੰਘ ਖਾਈ, ਨਿਸ਼ਾਨ ਸਿੰਘ ਸਰਪੰਚ ਖਾਈ, ਸੁਰਜੀਤ ਸਿੰਘ ਬਲਾਕ ਪ੍ਰਧਾਨ, ਬਿੱਲਾ ਸਰਪੰਚ, ਸੰਦੀਪ ਸਰਪੰਚ, ਮਨਪ੍ਰੀਤ ਸਿੰਘ, ਗੁਰਭੇਜ ਸਿੰਘ, ਨਰਿੰਦਰ ਗਰੋਵਰ, ਸੁਬੇਗ ਸਿੰਘ, ਮੱਸਾ ਸਿੰਘ ਅਤੇ ਮੇਜਰ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਪਿੰਡਾਂ ਦੇ ਲੋਕ ਹਾਜ਼ਰ ਸਨ।

# ਗੁਰੂ ਕ੍ਰਿਪਾ ਸੇਵਾ ਸੰਸਥਾਨ ਵੱਲੋਂ ਰਕਤਦਾਨ ਸ਼ਿਵਿਰ ਦਾ ਆਯੋਜਨ



ਫਤਹਿਗੜ੍ਹ ਸਾਹਿਬ, 20 ਜੁਲਾਈ (ਹਰਪ੍ਰੀਤ ਕੌਰ ਟਿਵਾਣਾ) : ਪਰਮ ਪੂਜਯ ਗੁਰਦੇਵ ਸ਼੍ਰੀ ਸੁਧਾਂਸ਼ੂ ਜੀ ਮਹਾਰਾਜ ਦੀ ਅਸੀਮ ਕ੍ਰਿਪਾ ਨਾਲ, ਗੁਰੂ ਕ੍ਰਿਪਾ ਸੇਵਾ ਸੰਸਥਾਨ, ਸਿਨੇਮਾ ਰੋਡ, ਸਰਹਿੰਦ ਵਿਖੇ ਵਿਸ਼ਵ ਜਾਗ੍ਰਿਤੀ ਮਿਸ਼ਨ, ਸਰਹਿੰਦ ਦੇ ਸਹਿਯੋਗ ਨਾਲ ਖ਼ੂਨਦਾਨ ਕੈਂਪ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਮੁੱਖ ਮਹਿਮਾਨ ਵਜੋਂ ਸ਼੍ਰੀ ਸ਼ੁਭਮ ਅਗਰਵਾਲ, ਆਈ.ਪੀ.ਐਸ., ਐਸ.ਐੱਸ.ਪੀ. ਫਤਹਿਗੜ੍ਹ ਸਾਹਿਬ ਨੇ ਸ਼ਿਰਕਤ ਕੀਤੀ ਅਤੇ ਵਿਸ਼ੇਸ਼ ਮਹਿਮਾਨ ਵਜੋਂ ਸ਼੍ਰੀ 1008 ਮਹਾਮੰਡਲੇਸ਼ਵਰ ਸਵਾਮੀ ਯਮੁਨਾਪੁਰੀ ਜੀ ਮਹਾਰਾਜ ਦੀ ਹਾਜ਼ਰੀ ਨੇ ਸਮਾਗਮ ਨੂੰ ਰੂਹਾਨੀ ਤੇ ਉਤਸ਼ਾਹ ਨਾਲ ਭਰਪੂਰ ਕਰ ਦਿੱਤਾ। ਇਸ ਖ਼ੂਨਦਾਨ ਕੈਂਪ ਵਿੱਚ ਲਗਭਗ 48 ਵਾਲੰਟੀਅਰ ਨੇ ਖ਼ੂਨਦਾਨ ਕੀਤਾ, ਸਾਰੇ ਮੈਡੀਕਲ ਕਾਰਜ ਫਤਹਿਗੜ੍ਹ ਸਾਹਿਬ ਦੇ ਬਲੱਡ ਬੈਂਕ ਦੀ ਮਾਹਿਰ ਡਾਕਟਰੀ ਟੀਮ ਵੱਲੋਂ ਬਹੁਤ ਹੀ ਸੁਚੱਜੇ ਢੰਗ ਨਾਲ ਨਿਭਾਏ ਗਏ।ਇਸ ਮੌਕੇ 'ਤੇ ਐਸ.ਐਸ.ਪੀ. ਸ਼ੁਭਮ ਅਗਰਵਾਲ ਨੇ ਕਿਹਾ, ਇਹੋ ਜਿਹੇ ਮਾਨਵਤਾਵਾਦੀ ਯਤਨ ਜੀਵਨ ਬਚਾਉਣ ਵਿਚ ਬਹੁਤ ਮੱਦਦਗਾਰ ਸਾਬਤ ਹੁੰਦੇ ਹਨ।ਸਵਾਮੀ ਯਮੁਨਾਪੁਰੀ ਜੀ ਮਹਾਰਾਜ ਨੇ ਸਾਰੇ ਦਾਨੀਆਂ ਤੇ ਆਯੋਜਕਾਂ ਨੂੰ ਆਸ਼ੀਰਵਾਦ ਦਿੰਦਿਆਂ ਕਿਹਾ, ਰਕਤਦਾਨ ਮਾਨਵਤਾ ਦੀ ਸਭ ਤੋਂ ਉੱਚੀ ਸੇਵਾ ਹੈ। ਗੁਰਦੇਵ ਸ਼੍ਰੀ ਸੁਧਾਂਸ਼ੂ ਜੀ ਮਹਾਰਾਜ ਦੀ ਕ੍ਰਿਪਾ ਨਾਲ ਇਹ ਸੇਵਾ ਲਗਾਤਾਰ ਵਧਦੀ ਰਹੇ।ਸੰਸਥਾ ਦੇ ਪ੍ਰਧਾਨ ਅਸ਼ਵਨੀ ਗਰਗ ਨੇ ਕਿਹਾ, ਅਸੀਂ ਸਾਰੇ ਰਕਤਦਾਤਾਵਾਂ ਅਤੇ ਮਹਾਨੁਭਾਵਾਂ ਦਾ ਤਹਿ ਦਿਲੋਂ ਧੰਨਵਾਦ ਕਰਦੇ ਹਾਂ, ਜਿਨ੍ਹਾਂ ਨੇ ਇਸ ਸ਼ਿਵਿਰ ਨੂੰ ਸਫਲ ਬਣਾਇਆ।

# ਪੰਜਾਬ ਦੀ ਮਿੱਟੀ ਦਾ ਇੱਕ ਰਿਸ਼ੀ ਸਰੂਪ ਪੁੱਤਰ-ਪੰਡਿਤ ਸ਼ਰਧਾਰਾਮ ਫਿਲੌਰੀ

## *ਇੱਕ ਸਾਹਿਤਕਾਰ, ਦੇਸ਼ ਭਗਤ, ਸੁਧਾਰਕ ਅਤੇ 'ਓਮ ਜੈ ਜਗਦੀਸ਼ ਹਰੇ ਦੇ ਬਾਨੀ'*


ਮੋਹਿਤ ਸਿੰਗਲਾ ਤਪਾ
90412-95900

ਭਾਰਤ ਦੀ ਸੱਭਿਆਚਾਰਕ, ਧਾਰਮਿਕ ਅਤੇ ਆਜ਼ਾਦੀ ਚੇਤਨਾ ਵਿੱਚ ਬਹੁਤ ਸਾਰੇ ਮਹਾਂਪੁਰਖ ਸਨ, ਜਿਨ੍ਹਾਂ ਨੇ ਕਲਮ, ਸ਼ਰਧਾ ਅਤੇ ਇਨਕਲਾਬ ਨਾਲ ਦੇਸ਼ ਨੂੰ ਦਿਸ਼ਾ ਦਿੱਤੀ। ਅਜਿਹੀਆਂ ਉੱਘੀਆਂ ਸ਼ਖਸੀਅਤਾਂ ਵਿੱਚੋਂ ਪੰਜਾਬ ਦੀ ਗੁਰੂਆਂ-ਪੀਰਾਂ ਅਤੇ ਰਿਸ਼ੀਆਂ-ਮੁਨੀਆਂ ਦੀ ਪਵਿੱਤਰ ਧਰਤੀ 'ਤੇ ਜਨਮੇ ਪੰਡਿਤ ਸ਼ਰਧਾਰਾਮ ਫਿਲੌਰੀ ਦਾ ਨਾਮ ਸਤਿਕਾਰ ਅਤੇ ਸ਼ਰਧਾ ਨਾਲ ਲਿਆ ਜਾਂਦਾ ਹੈ। ਉਹ ਨਾ ਸਿਰਫ਼ ਇੱਕ ਪ੍ਰਤਿਭਾਸ਼ਾਲੀ ਸਾਹਿਤਕਾਰ ਅਤੇ ਸਮਾਜ ਸੁਧਾਰਕ ਸਨ, ਸਗੋਂ ਸਨਾਤਨ ਧਰਮ ਦੀਆਂ ਜਨਤਕ ਭਾਵਨਾਵਾਂ ਦੇ ਧਾਰਨੀ ਅਤੇ ਦੇਸ਼ ਦੇ ਆਜ਼ਾਦੀ ਸੰਗਰਾਮ ਵਿੱਚ ਇੱਕ ਸੰਵੇਦਨਸ਼ੀਲ ਸੰਦੇਸ਼-ਵਾਹਕ ਵੀ ਸਨ।

ਪੰਡਿਤ ਸ਼ਰਧਾਰਾਮ ਦਾ ਜਨਮ 1837 ਵਿੱਚ ਪੰਜਾਬ ਦੇ ਜਲੰਧਰ ਜ਼ਿਲ੍ਹੇ ਦੇ ਫਿਲੌਰ ਕਸਬੇ ਵਿੱਚ ਹੋਇਆ ਸੀ। ਬਹੁਤ ਛੋਟੀ ਉਮਰ ਵਿੱਚ ਹੀ ਉਹ ਸੰਸਕ੍ਰਿਤ, ਵੇਦ, ਜੋਤਿਸ਼ ਅਤੇ ਹਿੰਦੀ ਸਾਹਿਤ ਵਿੱਚ ਨਿਪੁੰਨ ਹੋ ਗਏ। ਉਨ੍ਹਾਂ ਦਾ ਝੁਕਾਅ ਧਰਮ ਅਤੇ ਸੱਭਿਆਚਾਰ ਦੀ ਸੇਵਾ ਵੱਲ ਸੀ। ਉਨ੍ਹਾਂ ਨੇ ਆਪਣੀਆਂ ਲਿਖਤਾਂ ਅਤੇ ਉਪਦੇਸ਼ਾਂ ਰਾਹੀਂ ਸਮਾਜ ਨੂੰ ਜਾਗਰੂਕ ਕੀਤਾ। ਉਨ੍ਹਾਂ ਦਾ ਜੀਵਨ ਇੱਕ ਮਿਸ਼ਨ ਸੀ ਜਿੱਥੇ ਸਾਹਿਤ, ਅਧਿਆਤਮਿਕਤਾ ਅਤੇ ਸਮਾਜ ਸੇਵਾ ਇਕੱਠੇ ਚੱਲਦੇ ਸਨ, ਇੱਕ ਦੂਜੇ ਦੇ ਪੂਰਕ ਸਨ।

ਭਾਰਤ ਦੇ ਆਜ਼ਾਦੀ ਸੰਗਰਾਮ ਦੇ ਪਿਛੋਕੜ ਵਿੱਚ ਪੰਡਿਤ ਸ਼ਰਧਾਰਾਮ ਫਿਲੌਰੀ ਦਾ ਯੋਗਦਾਨ ਸਾਹਿਤ ਰਾਹੀਂ ਸੀ। ਉਨ੍ਹਾਂ ਦਾ ਮੰਨਣਾ ਸੀ ਕਿ ਲੋਕਾਂ ਨੂੰ ਮਾਨਸਿਕ ਗੁਲਾਮੀ ਤੋਂ ਮੁਕਤ ਕੀਤੇ ਬਿਨਾਂ ਰਾਜਨੀਤਿਕ ਆਜ਼ਾਦੀ ਅਧੂਰੀ ਰਹੇਗੀ। ਇਸ ਉਦੇਸ਼ ਨਾਲ, ਉਨ੍ਹਾਂ ਨੇ ਭਾਗਿਆਵਤੀ ਲਿਖੀ, ਜੋ ਦੇਸ਼ ਦੇ ਪਹਿਲੇ ਪ੍ਰਮੁੱਖ ਹਿੰਦੀ ਸਮਾਜਿਕ ਨਾਵਲਾਂ ਵਿੱਚੋਂ ਇੱਕ ਹੈ, ਜਿਸ ਵਿੱਚ ਔਰਤਾਂ ਦੀ ਸਿੱਖਿਆ, ਵਿਧਵਾ ਪੁਨਰ-ਵਿਆਹ ਅਤੇ ਸਮਾਜਿਕ ਬੁਰਾਈਆਂ 'ਤੇ ਹਮਲਾ ਕੀਤਾ ਗਿਆ ਸੀ। ਉਹ ਔਰਤਾਂ ਨੂੰ ਬਰਾਬਰ ਅਧਿਕਾਰ ਅਤੇ ਸਤਿਕਾਰ ਦੇਣ ਦੇ ਹੱਕ ਵਿੱਚ ਸੀ। ਉਸ ਯੁੱਗ ਵਿੱਚ ਅਜਿਹਾ ਦ੍ਰਿਸ਼ਟੀਕੋਣ ਬਹੁਤ ਹੀ ਇਨਕਲਾਬੀ ਸੀ।

ਪਰ ਜਿਸ ਰਚਨਾ ਨੇ ਉਨ੍ਹਾਂ ਨੂੰ ਅਮਰ ਬਣਾਇਆ ਉਹ ਹੈ ਉਨ੍ਹਾਂ ਦੀ ਆਰਤੀ - ਓਮ ਜੈ ਜਗਦੀਸ਼ ਹਰੇ। ਇਹ ਆਰਤੀ ਅਜੇ ਵੀ ਦੇਸ਼ ਦੇ ਹਰ ਕੋਨੇ ਵਿੱਚ ਮੰਦਰਾਂ, ਘਰਾਂ ਅਤੇ ਧਾਰਮਿਕ ਸਮਾਗਮਾਂ ਵਿੱਚ ਗੂੰਜਦੀ ਹੈ। ਇਸਦੀ ਸਰਲ ਭਾਸ਼ਾ, ਭਗਤੀ ਭਾਵਨਾਵਾਂ ਅਤੇ ਤਾਲਬੱਧ ਪੇਸ਼ਕਾਰੀ ਨੇ ਇਸਨੂੰ ਲੋਕਾਂ ਦੇ ਦਿਲਾਂ ਵਿੱਚ ਜਗ੍ਹਾ ਦਿੱਤੀ ਹੈ। ਇਹ ਆਰਤੀ ਸਿਰਫ਼ ਇੱਕ ਉਸਤਤ ਨਹੀਂ ਹੈ ਸਗੋਂ ਸਨਾਤਨ ਧਰਮ ਦੀ ਪ੍ਰਸਿੱਧ ਸ਼ਕਤੀ ਦਾ ਪ੍ਰਤੀਕ ਬਣ ਗਈ ਹੈ। ਉਨਾਂ ਨੂੰ ਆਧੁਨਿਕ ਪੰਜਾਬੀ ਸਾਹਿਤ ਦੇ ਜਨਕ ਦੀ ਉਪਾਧੀ ਨਾਲ ਵੀ ਸਨਮਾਨਿਤ ਕੀਤਾ ਗਿਆ ਸੀ।

ਪੰਡਿਤ ਸ਼ਰਧਾਰਾਮ ਫਿਲੋਰੀ ਧਰਮ ਨੂੰ ਰਸਮਾਂ-ਰਿਵਾਜਾਂ ਤੋਂ



ਉੱਪਰ ਸਮਝਦੇ ਸਨ। ਉਨ੍ਹਾਂ ਦਾ ਮੰਨਣਾ ਸੀ ਕਿ ਧਰਮ ਉਹ ਹੈ ਜੋ ਮਨੁੱਖਾਂ ਨੂੰ ਅੰਦਰੋਂ ਜੋੜਦਾ ਹੈ, ਸਿਖਾਉਂਦਾ ਹੈ ਅਤੇ ਜਗਾਉਂਦਾ ਹੈ। ਉਨ੍ਹਾਂ ਨੇ ਆਰੀਆ ਸਮਾਜ ਅਤੇ ਸਨਾਤਨ ਪਰੰਪਰਾ ਵਿਚਕਾਰ ਸਦਭਾਵਨਾ ਦਾ ਰਾਹ ਪੱਧਰਾ ਕੀਤਾ। ਬ੍ਰਿਟਿਸ਼ ਸਰਕਾਰ ਉਨ੍ਹਾਂ ਨੂੰ ਇੱਕ ਖਤਰਨਾਕ ਸੁਧਾਰਕ ਮੰਨਦੀ ਸੀ ਕਿਉਂਕਿ ਉਨ੍ਹਾਂ ਨੇ ਧਰਮ ਦੀ ਭਾਸ਼ਾ ਵਿੱਚ ਆਜ਼ਾਦੀ ਦਾ ਸੰਦੇਸ਼ ਦਿੱਤਾ ਸੀ। ਉਹ ਭਜਨਾਂ ਅਤੇ ਉਪਦੇਸ਼ਾਂ ਰਾਹੀਂ ਲੋਕਾਂ ਨੂੰ ਸਵੈ-ਮਾਣ ਅਤੇ ਸਵੈ-ਸ਼ਾਸਨ ਲਈ ਪ੍ਰੇਰਿਤ ਕਰਦੇ ਰਹੇ।

ਉਨ੍ਹਾਂ ਦਾ ਦਿਹਾਂਤ 1881 ਵਿੱਚ ਹੋਇਆ, ਪਰ ਉਨ੍ਹਾਂ ਦਾ ਲਿਖਿਆ ਹਰ ਸ਼ਬਦ ਅੱਜ ਵੀ ਜ਼ਿੰਦਾ ਹੈ। ਉਨ੍ਹਾਂ ਦੇ ਵਿਚਾਰ, ਕਾਰਜ ਅਤੇ ਪ੍ਰਾਰਥਨਾਵਾਂ ਅਜੇ ਵੀ ਭਾਰਤੀ ਲੋਕਾਂ ਦੇ ਚੇਤਨਾ ਵਿੱਚ ਜਿਉਂਦੀਆਂ ਹਨ। ਉਹ ਉਸ ਭਾਰਤ ਦਾ ਪ੍ਰਤੀਕ ਹਨ, ਜਿੱਥੇ ਧਾਰਮਿਕ ਲੇਖਕ ,ਸੁਧਾਰਕ ਅਤੇ ਦੇਸ਼ ਭਗਤ ਦਾ ਸੁਮੇਲ ਹੈ।

ਉਨ੍ਹਾਂ ਦੀ ਅਮਰ ਆਰਤੀ, ਜੋ ਹੁਣ ਭਾਰਤ ਸਮੇਤ ਦੁਨੀਆ ਭਰ ਦੇ ਹਰ ਸਨਾਤਨ ਭਾਈਚਾਰੇ ਦੇ ਘਰ, ਮੰਦਰਾਂ ਅਤੇ ਹੋਰਨਾਂ ਧਾਰਮਿਕ ਸਥਾਨਾਂ ਵਿੱਚ ਪੂਜਾ ਦਾ ਇੱਕ ਅਨਿੱਖੜਵਾਂ ਅੰਗ ਬਣ ਗਈ ਹੈ,ਜਿਸ ਨੂੰ ਵੱਖ-ਵੱਖ ਭਾਸ਼ਾਵਾਂ ਵਿੱਚ ਅਨੁਵਾਦ ਵੀ ਕੀਤਾ ਗਿਆ। ਇਹ ਆਰਤੀ ਜੋ ਖੁਸ਼ੀ ਦੇ ਪਲਾਂ ਵਿੱਚ ਖੁਸ਼ਹਾਲੀ ਦਾ ਪ੍ਰਤੀਕ ਬਣ ਜਾਂਦੀ ਹੈ ਅਤੇ ਦੁੱਖ ਦੇ ਸਮੇਂ ਦਿਲਾਸਾ ਅਤੇ ਤਾਕਤ ਪ੍ਰਦਾਨ ਕਰਦੀ ਹੈ। ਜਿਸ ਨੂੰ ਹੇਠਾਂ ਪੇਸ਼ ਕੀਤਾ ਗਿਆ ਹੈ:

**ਆਰਤੀ ਓਮ ਜੈ ਜਗਦੀਸ਼ ਹਰੇ**

ਓਮ ਜੈ ਜਗਦੀਸ਼ ਹਰੇ<br>
ਸੁਆਮੀ ਜੈ ਜਗਦੀਸ਼ ਹਰੇ<br>
ਭਕਤ ਜਨੋਂ ਕੇ ਸੰਕਟ,<br>
ਦਾਸ ਜਨੋਂ ਕੇ ਸੰਕਟ,<br>
ਕਸ਼ਣ ਮੇਂ ਦੂਰ ਕਰੇ,<br>
ਓਮ ਜੈ ਜਗਦੀਸ਼ ਹਰੇ<br>
ਜੋ ਧਿਆਵੇ ਫਲ ਪਾਵੇ,<br>
ਦੁੱਖ ਬਿਨਸੇ ਮਨ ਕਾ<br>
ਸੁਆਮੀ ਦੁੱਖ ਬਿਨਸੇ ਮਨ ਕਾ<br>
ਸੁੱਖ ਸੰਪਤੀ ਘਰ ਆਵੇ,<br>
ਸੁੱਖ ਸੰਪਤੀ ਘਰ ਆਵੇ,<br>
ਕਸ਼ਟ ਮਿਟੇ ਤਨ ਕਾ<br>
ਓਮ ਜੈ ਜਗਦੀਸ਼ ਹਰੇ<br>
ਮਾਤ ਪਿਤਾ ਤੁਮ ਮੇਰੇ,<br>
ਸ਼ਰਣ ਗਹੂੰ ਮੈਂ ਕਿਸਕੀ<br>
ਸੁਆਮੀ ਸ਼ਰਣ ਗਹੂੰ ਮੈਂ ਕਿਸਕੀ.<br>
ਤੁਮ ਬਿਨ ਔਰ ਨ ਦੂਜਾ,<br>
ਤੁਮ ਬਿਨ ਔਰ ਨ ਦੂਜਾ,<br>
ਆਸ ਕਰੂੰ ਜਿਸਕੀ<br>
ਓਮ ਜੈ ਜਗਦੀਸ਼ ਹਰੇ<br>
ਤੁਮ ਪੂਰਣ ਪਰਮਾਤਮਾ,<br>
ਤੁਮ ਅੰਤਰਯਾਮੀ<br>
ਸੁਆਮੀ ਤੁਮ ਅੰਤਰਿਆਮੀ<br>
ਪਾਰਬ੍ਰਹਮ ਪਰਮੇਸ਼ਵਰ,<br>
ਪਾਰਬ੍ਰਹਮ ਪਰਮੇਸ਼ਵਰ,<br>
ਤੁਮ ਸਬਕੇ ਸੁਆਮੀ<br>
ਓਮ ਜੈ ਜਗਦੀਸ਼ ਹਰੇ<br>
ਤੁਮ ਕਰੁਣਾ ਕੇ ਸਾਗਰ,<br>
ਤੁਮ ਪਾਲਨਕਰਤਾ<br>
ਸੁਆਮੀ ਤੁਮ ਪਾਲਨਕਰਤਾ,<br>
ਮੈਂ ਮੂਰਖ ਖਲ ਕਾਮੀ<br>
ਮੈਂ ਸੇਵਕ ਤੁਮ ਸਵਾਮੀ,<br>
ਕ੍ਰਿਪਾ ਕਰੋ ਭਰਤਾ<br>
ਓਮ ਜੈ ਜਗਦੀਸ਼ ਹਰੇ<br>
ਤੁਮ ਹੋ ਏਕ ਅਗੋਚਰ,<br>
ਸਬਕੇ ਪ੍ਰਾਣਪਤੀ,<br>
ਸੁਆਮੀ ਸਬਕੇ ਪ੍ਰਾਣਪਤੀ,<br>
ਕਿਸ ਵਿਧੀ ਮਿਲੂੰ ਦਇਆਮਈ,<br>
ਕਿਸ ਵਿਧੀ ਮਿਲੂੰ ਦਇਆਮਈ,<br>
ਤੁਮਕੋ ਮੈਂ ਕੁਮਤੀ<br>
ਵਿਸ਼ਯ ਵਿਕਾਰ ਮਿਟਾਓ,<br>
ਪਾਪ ਹਰੋ ਦੇਵਾ,<br>
ਸੁਆਮੀ ਪਾਪ ਹਰੋ ਦੇਵਾ, ਸ਼ਰਧਾ ਭਕਤੀ ਬੜ੍ਹਾਓ, ਸ਼ਰਧਾ ਭਕਤੀ ਬੜ੍ਹਾਓ, ਸੰਤਨ ਕੀ ਸੇਵਾ<br>
ਓਮ ਜੈ ਜਗਦੀਸ਼ ਹਰੇ।

ਪੰਡਿਤ ਸ਼ਰਧਾਰਾਮ ਫਿਲੌਰੀ ਸਿਰਫ਼ ਇਤਿਹਾਸ ਦੀਆਂ ਕਿਤਾਬਾਂ ਵਿੱਚ ਦਰਜ ਇੱਕ ਨਾਮ ਨਹੀਂ ਹਨ, ਉਹ ਭਾਰਤ ਦੀ ਆਤਮਾ ਦੀ ਆਵਾਜ਼ ਹਨ। ਉਨ੍ਹਾਂ ਦੀਆਂ ਲਿਖਤਾਂ, ਉਨ੍ਹਾਂ ਦੀ ਪੂਜਾ ਅਤੇ ਉਨ੍ਹਾਂ ਦਾ ਦ੍ਰਿਸ਼ਟੀਕੋਣ ਅੱਜ ਵੀ ਉਨਾ ਹੀ ਢੁਕਵਾਂ ਹੈ ਜਿੰਨਾ ਉਸ ਯੁੱਗ ਵਿੱਚ ਸੀ। ਅਸੀਂ ਅਜਿਹੇ ਮਹਾਨ ਵਿਅਕਤੀ ਨੂੰ ਸ਼ਰਧਾਂਜਲੀ ਭੇਟ ਕਰਦੇ ਹਾਂ ਜਿਨ੍ਹਾਂ ਨੇ ਅਜਿਹੇ ਯੁੱਗ ਦੀ ਸ਼ੁਰੂਆਤ ਕੀਤੀ।

# ਗੁਰਦੁਆਰਾ ਸਿੰਘ ਸਭਾ ਅਮਲੋਹ ਦੀ ਕਮੇਟੀ ਭੰਗ ਹੋਈ ਨਵੀ 6 ਮੈਬਰੀ ਸੁਪਰ ਕਮੇਟੀ ਬਣੀ



ਅਮਲੋਹ, 20 ਜੁਲਾਈ (ਸੂਦ) : ਗੁਰਦੁਆਰਾ ਸ੍ਰੀ ਸਿੰਘ ਸਭਾ ਅਮਲੋਹ ਦੀ ਪ੍ਰਬੰਧਕ ਕਮੇਟੀ ਅਤੇ ਸੁਪਰ ਕਮੇਟੀ ਵੱਲੋਂ ਅਸਤੀਫ਼ੇ ਦੇਣ ਬਾਅਦ ਅੱਜ ਗੁਰਦੁਆਰਾ ਸਾਹਿਬ ਵਿਚ ਨਵੀ 6 ਮੈਬਰੀ ਸੁਪਰ ਕਮੇਟੀ ਦਾ ਗਠਨ ਕੀਤਾ ਗਿਆ। ਜਿਸ ਵਿਚ ਗੁਰਦੁਆਰਾ ਸਾਹਿਬ ਦੇ ਸਾਬਕਾ ਪ੍ਰਧਾਨ ਦਰਸ਼ਨ ਸਿੰਘ ਚੀਮਾ, ਹਰਨੇਕ ਸਿੰਘ ਪਾਲੀਆਂ, ਮਾਨ ਸਿੰਘ ਬੈਣਾ, ਨੰਬਰਦਾਰ ਪਰਮਿੰਦਰ ਸਿੰਘ ਸੰਧੂ, ਚਮਕੌਰ ਸਿੰਘ ਤੱਦਾ ਬੱਧਾ ਅਤੇ ਦਰਸ਼ਨ ਸਿੰਘ ਔਲਖ ਨੂੰ ਸ਼ਾਮਲ ਕੀਤਾ ਗਿਆ। ਇਹ ਨਵੀ ਸੁਪਰ ਕਮੇਟੀ ਆਉਂਣ ਵਾਲੇ ਦਿਨਾਂ ਵਿਚ ਨਵੀ ਕਮੇਟੀ ਦੀ ਚੋਣ ਕਰਵਾਏਗੀ। ਗੁਰਦੁਆਰਾ ਸਾਹਿਬ ਦੇ ਹੈੱਡ ਗ੍ਰੰਥੀ ਭਾਈ ਕਾਕਾ ਸਿੰਘ ਨੇ ਇਸ ਨਵੀ ਚੁਣੀ ਸੁਪਰ ਕਮੇਟੀ ਨੂੰ ਸਿਰਪਾਓ ਦੇ ਕੇ ਸਨਮਾਨਿਤ ਕੀਤਾ। ਨਵੇ ਚੁਣੇ ਮੈਬਰਾਂ ਨੇ ਭਰੋਸਾ ਦਿੱਤਾ ਕਿ ਉਹ ਗੁਰਦੁਆਰਾ ਸਾਹਿਬ ਦੇ ਕਾਰਜ਼ਾ ਵਿਚ ਸੁਧਾਰ ਲਈ ਲਗਾਤਾਰ ਯਤਨਸ਼ੀਲ ਰਹਿਣਗੇ ਅਤੇ ਸੰਗਤਾਂ ਨੂੰ ਕੋਈ ਮੁਸ਼ਕਲ ਨਹੀਂ ਆਉਣ ਦਿੱਤੀ ਜਾਵੇਗੀ।

# ਆਖ਼ਿਰ ਕਦੋਂ ਰੁਕਣਗੇ ਔਰਤਾਂ 'ਤੇ ਹੋ ਰਹੇ ਅੱਤਿਆਚਾਰ


ਸੰਜੀਵ ਸਿੰਘ ਸੈਣੀ
7888966168

ਹਾਲ ਹੀ ਵਿੱਚ ਕੋਲਕਤਾ ਦੇ ਇੱਕ ਲਾਅ ਕਾਲਜ ਵਿੱਚ 25 ਜੂਨ ਨੂੰ ਜਬਰ ਜਨਾਹ ਦੀ ਘਟਨਾ ਨੇ ਇੱਕ ਵਾਰ ਫਿਰ ਦੇਸ਼ ਨੂੰ ਹਿਲਾ ਕੇ ਰੱਖ ਦਿੱਤਾ ਹੈ। ਤਕਰੀਬਨ ਸਾਢੇ ਤਿੰਨ ਘੰਟੇ ਦਰਿੰਦਿਆਂ ਨੇ ਇਹ ਘਿਨੌਣੇ ਘਟਨਾਕ੍ਰਮ ਨੂੰ ਅੰਜਾਮ ਦਿੱਤਾ। ਇੰਨੀ ਬੁਰੀ ਤਰ੍ਹਾਂ ਉਸ ਨਾਲ ਮਾਰ ਕੁਟਾਈ ਵੀ ਕੀਤੀ ਗਈ। ਮਾਰ ਕੁਟਾਈ, ਘੜੀਸਦੇ ਹੋਏ ਉਸ ਕੁੜੀ ਨਾਲ ਜਬਰ ਜ਼ਨਾਹ ਦੀਆਂ ਵੀਡੀਓਜ਼ ਵੀ ਬਣਾਈਆਂ ਗਈਆਂ। ਦੋਸ਼ੀ ਵੱਲੋਂ ਕੁੜੀ ਸਾਹਮਣੇ ਵਿਆਹ ਦੀ ਤਜਵੀਜ਼ ਰੱਖੀ ਗਈ ਸੀ। ਲੜਕੀ ਦੀ ਮਨਾਹੀ ਕਰਨ ਤੋਂ ਬਾਅਦ ਉਸ ਨਾਲ ਦੋਸ਼ੀਆਂ ਨੇ ਇਹ ਗਲਤ ਕੰਮ ਕੀਤਾ।ਵੱਖ-ਵੱਖ ਥਾਵਾਂ 'ਤੇ ਔਰਤਾਂ ਦੇ ਹੱਕਾਂ ਬਾਰੇ ਗੱਲ ਕੀਤੀ ਜਾਂਦੀ ਹੈ। ਆਜ਼ਾਦੀ ਦੇ ਇੰਨੇ ਸਾਲ ਬੀਤ ਜਾਣ ਬਾਅਦ ਵੀ ਔਰਤਾਂ ਆਖ਼ਿਰ ਸੁਰਖਿਅਤ ਕਿਉਂ ਨਹੀਂ ਹਨ? ਅਗਸਤ 2024 ਕੋਲਕਤਾ ਦੇ ਆਰ ਜੀ ਕਰ ਮੈਡੀਕਲ ਕਾਲਜ ਦੀ ਜੂਨੀਅਰ ਡਾਕਟਰ ਦੀ ਡਿਊਟੀ ਸਮੇਂ ਆਪਣੇ ਹੀ ਕਾਲਜ ਵਿੱਚ ਬਲਾਤਕਾਰ ਤੋਂ ਬਾਅਦ ਹੱਤਿਆ ਕਰਨ ਦੀ ਘਟਨਾ ਨੇ ਸਮੁੱਚੇ ਦੇਸ਼ ਵਿੱਚ ਸਨਸਨੀ ਫੈਲਾ ਦਿੱਤੀ ਸੀ। ਹਰ ਭਾਰਤੀ ਦੇ ਅੰਦਰ ਰੋਸ ਦੀ ਲਹਿਰ ਸੀ। ਥਾਂ-ਥਾਂ ਡਾਕਟਰਾਂ ,ਸਮਾਜ ਸੇਵੀ ਵਰਗਾਂ ਵੱਲੋਂ ਪ੍ਰਦਰਸ਼ਨ ਕੀਤੇ ਗਏ। ਦਹਿਸ਼ਤ ਭਰਿਆ ਮਾਹੌਲ ਪੈਦਾ ਸੀ। ਵਿਚਾਰ ਕਰਨ ਵਾਲੀ ਗੱਲ ਹੈ ਕਿ ਨਾਮਵਰ ਸੰਸਥਾਵਾਂ ਵਿੱਚ ਕੰਮ ਕਰਨ ਵਾਲੀਆਂ ਮਹਿਲਾ ਡਾਕਟਰ ਜੇ ਸੁਰੱਖਿਅਤ ਹੀ ਨਹੀਂ ਹਨ, ਤਾਂ ਜੋ ਕੁੜੀਆਂ ਜਨਤਕ ਥਾਵਾਂ 'ਤੇ ਵਿਚਰਨ ਕਰ ਰਹੀਆਂ ਹਨ, ਉਹਨਾਂ ਦਾ ਕੀ ਬਣੇਗਾ? ਲਗਾਤਾਰ ਔਰਤਾਂ ਨਾਲ ਬਲਾਤਕਾਰ ਵਰਗੀ ਨਿੰਦਣਯੋਗ ਘਟਨਾਵਾਂ ਵਾਪਰ ਰਹੀਆਂ ਹਨ।ਦੋ ਸਾਲ ਪਹਿਲਾਂ ਜੋ ਮਨੀਪੁਰ ਵਿਖੇ ਦੋ ਔਰਤਾਂ ਨਾਲ ਜੋ ਘਟਨਾ ਵਾਪਰੀ, ਸਾਰੇ ਹੀ ਦੇਸ਼ ਨੂੰ ਹਿਲਾ ਕੇ ਰੱਖ ਦਿੱਤਾ ਸੀ। ਨਿਰਵਸਤਰ ਔਰਤਾਂ ਦੀ ਵੀਡੀਓ ਸਾਰਿਆਂ ਨੇ ਹੀ ਦੇਖੀ ਸੀ। ਥਾਵਾਂ ਤੇ ਪ੍ਰਦਰਸ਼ਨ ਵੀ ਹੋਏ। ਪਰ ਕਾਰਵਾਈ ਨਹੀਂ ਹੋਈ। ਇਸੇ ਤਰ੍ਹਾ ਬਿਲਕੀਸ ਬਾਨੋ ਦੇ ਦੋਸ਼ੀਆਂ ਨੂੰ ਦੁਬਾਰਾ ਫਿਰ ਜੇਲ੍ਹ ਵਿੱਚ ਡੱਕਿਆ ਗਿਆ। ਗੁਜਰਾਤ ਸਰਕਾਰ ਨੇ ਉਨਾਂ ਨੂੰ ਵਿਸ਼ੇਸ਼ ਮੁਆਫ਼ੀ ਦੇ ਕੇ ਰਿਹਾ ਕਰ ਦਿੱਤਾ ਸੀ। ਦੇਸ਼ ਦਾ ਨਾਮ ਚਮਕਾਉਣ ਵਾਲੀ ਮਹਿਲਾ ਪਹਿਲਵਾਨਾਂ ਨੂੰ ਕਿੰਨੇ ਹੀ ਤਸ਼ੱਦਦ ਸਹਿਣੇ ਪਏ। ਜੰਤਰ ਮੰਤਰ ਤੇ ਪ੍ਰਦਰਸ਼ਨ ਵੀ ਹੋਏ। ਸੁਪਰੀਮ ਕੋਰਟ ਦੇ ਦਖ਼ਲ ਤੋਂ ਬਾਅਦ ਕੇਸ ਦਰਜ ਕੀਤਾ ਗਿਆ।

ਦਿੱਲੀ ਦੇ ਉੱਤਮ ਨਗਰ ਨੇੜੇ ਮੋਹਨ ਗਾਰਡਨ ਚ ਸਕੂਲ ਜਾ ਰਹੀ 17 ਸਾਲਾਂ ਦੀ ਵਿਦਿਆਰਥਣ ਦੇ ਚਿਹਰੇ 'ਤੇ ਮੋਟਰਸਾਈਕਲ ਸਵਾਰ ਨੌਜਵਾਨਾਂ ਨੇ ਤੇਜ਼ਾਬ ਸੁੱਟ ਦਿੱਤਾ। ਵਿਚਾਰਨ ਵਾਲੀ ਗੱਲ ਹੈ ਕਿ ਤੇਜ਼ਾਬ ਦੀ ਵਿਕਰੀ ਤੇ ਪਾਬੰਦੀ ਦੇ ਬਾਵਜੂਦ ਇਹਨਾਂ ਦੋਸ਼ੀਆਂ ਨੇ ਇਹ ਕਿੱਥੋਂ ਲਿਆ? 17 ਸਾਲਾਂ ਵਿਦਿਆਰਥਣ ਨੇ ਪ੍ਰੇਮ ਪ੍ਰਸਤਾਵ ਠੁਕਰਾ ਦਿੱਤਾ ਸੀ। ਦਿਨ ਪ੍ਰਤੀ ਦਿਨ ਔਰਤਾਂ 'ਤੇ ਜ਼ੁਲਮ ਵਧਦੇ ਜਾ ਰਹੇ ਹਨ। ਬਲਾਤਕਾਰ, ਛੇੜਛਾੜ, ਹੋਰ ਪਤਾ ਨਹੀਂ ਕਿੰਨੀਆਂ ਹੀ ਘਿਨੌਣੀ ਹਰਕਤਾਂ ਤੋਂ ਅਜਿਹੇ ਦੋਸ਼ੀ ਬਾਜ਼ ਨਹੀਂ ਆ ਰਹੇ ਹਨ। ਉਸ ਕੁੜੀ ਤੇ ਕੀ ਬੀਤੀ ਹੋਵੇਗੀ, ਜਿਸ ਦਾ ਸਾਰਾ ਹੀ ਚਿਹਰਾ ਜਲਾ ਦਿੱਤਾ। ਹਰ ਵਾਰ ਅਜਿਹੇ ਦਰਿੰਦਿਆਂ ਨੂੰ ਕੋਸੇਗੀ। ਮਾਂ ਬਾਪ ਤੇ ਕੀ ਬੀਤੀ ਹੋਵੇਗੀ।

ਪਿਛਲੇ ਸਾਲ ਉਤਰਾਖੰਡ ਦੇ ਪੌੜੀ ਜ਼ਿਲ੍ਹੇ ਦੇ ਇੱਕ ਰਿਜੌਰਟ ਵਿਚ ਕੰਮ ਕਰਦੀ ਲੜਕੀ ਦੀ ਲਾਸ਼ ਨਹਿਰ ਚੋਂ ਮਿਲੀ। ਰਿਜ਼ੌਰਟ ਵਿੱਚ ਰਹਿ ਰਹੇ ਮਹਿਮਾਨਾਂ ਨਾਲ ਕੁੜੀ ਨੂੰ ਸਬੰਧ ਬਣਾਉਣ ਲਈ ਦਬਾਅ ਪਾਇਆ ਜਾਂਦਾ ਸੀ। ਹਾਲਾਂਕਿ ਰਿਜ਼ੌਰਟ ਮਾਲਕ ਦੇ ਨਾਲ ਨਾਲ ਦੋ ਹੋਰ ਲੋਕਾਂ ਦੀ ਗ੍ਰਿਫਤਾਰੀ ਵੀ ਹੋਈ ਹੈ। ਰੋਸ ਵਿਚ ਆਏ ਲੋਕਾਂ ਵੱਲੋਂ ਪੁਲੀਸ ਦੀ ਗੱਡੀ ਦੀ ਭੰਨ-ਤੋੜ ਵੀ ਕੀਤੀ ਗਈ। ਧਰਨੇ ਮੁਜ਼ਾਹਰੇ ਵੀ ਲਗਾਏ ਗਏ। ਰਿਪੋਰਟ ਮੁਤਾਬਕ ਲੜਕੀ ਦੇ ਸ਼ਰੀਰ ਤੇ ਕੁੱਟਮਾਰ ਦੇ ਨਿਸ਼ਾਨ ਵੀ ਪਾਏ ਗਏ। ਲਗਾਤਾਰ ਅਜਿਹੀਆਂ ਘਿਨਾਉਣੀਆਂ ਹਰਕਤਾਂ ਵਿਚ ਵਾਧਾ ਹੋ ਰਿਹਾ ਹੈ। ਵਾਰ-ਵਾਰ ਦੋਸ਼ੀਆਂ ਨੂੰ ਫਾਂਸੀ ਦੇਣ ਦੀ ਮੰਗ ਕੀਤੀ ਜਾਂਦੀ ਹੈ।

ਝਾਰਖੰਡ ਦੇ ਦੁਮਕਾ ਜ਼ਿਲ੍ਹੇ ਵਿਚ ਬਾਰਵੀਂ ਕਲਾਸ ਦੀ ਵਿਦਿਆਰਥਣ ਨੂੰ ਉਸ ਦੇ ਹੀ ਮੁਹੱਲੇ ਦੇ ਨੌਜਵਾਨਾਂ ਵੱਲੋਂ ਪੈਟਰੋਲ ਛਿੜਕ ਕੇ ਅੱਗ ਲਗਾ ਦੇਣਾ ਬਹੁਤ ਮੰਦਭਾਗੀ ਘਟਨਾ ਸੀ। ਪੀੜਤ ਦੇ ਮੁਹੱਲੇ ਦਾ ਮੁੰਡਾ ਉਸ ਨੂੰ ਵਿਆਹ ਲਈ ਬਾਰ-ਬਾਰ ਤੰਗ ਕਰ ਰਿਹਾ ਸੀ। ਕਿਉਂਕਿ ਉਹ ਦੋਸ਼ੀ ਉਸ ਕੁੜੀ ਨੂੰ ਪਿਆਰ ਕਰਦਾ ਸੀ ਤੇ ਕੁੜੀ ਨੇ ਹਾਮੀ ਨਹੀਂ ਭਰੀ ਸੀ। ਜਿਸ ਕਰਕੇ ਉਸ ਨੇ ਕੁੜੀ ਨੂੰ ਜਿਉਂਦੇ ਜੀਅ ਸਾੜ ਦਿੱਤਾ। ਜ਼ਖਮਾਂ ਦਾ ਦਰਦ ਨਾ ਸਹਿੰਦੀ ਹੋਈ ਕੁੜੀ ਨੇ ਦਮ ਤੋੜ ਦਿੱਤਾ। ਹਾਲਾਂਕਿ ਦੋਸ਼ੀ ਪੁਲਿਸ ਦੀ ਗ੍ਰਿਫਤ ਵਿੱਚ ਸਨ। ਇਲਾਕੇ ਵਿਚ ਸਮਾਜ ਸੇਵੀ ਸੰਸਥਾਵਾਂ ਅਤੇ ਸਿਆਸੀ ਪਾਰਟੀਆਂ ਵੱਲੋਂ ਦੋਸ਼ੀ ਨੂੰ ਫਾਂਸੀ ਦੇਣ ਦੀ ਮੰਗ ਕੀਤੀ ਗਈ। ਧਰਨੇ ਮੁਜਹਾਰੇ ਲਗਾਏ ਗਏ। ਹਰ ਰੋਜ਼ ਪਤਾ ਨਹੀਂ ਕਿੰਨੀਆਂ ਹੀ ਦੇਸ਼ ਵਿਚ ਔਰਤਾਂ ਨਾਲ ਜਬਰ ਜਨਾਹ ਹੁੰਦਾ ਹੈ। ਘਰੇਲੂ ਹਿੰਸਾ ਦਾ ਸ਼ਿਕਾਰ ਔਰਤਾਂ ਲਗਾਤਾਰ ਹੋ ਰਹੀਆਂ ਹਨ।

7ਸਾਲ ,3 ਮਹੀਨੇ, 8 ਦਿਨ ਬਾਅਦ ਆਖਿਰ ਨਿਰਭਿਆ ਦੇ ਮਾਤਾ ਪਿਤਾ ਨੂੰ ਇਨਸਾਫ਼ ਮਿਲਿਆ ਸੀ।ਦੋਸ਼ੀਆਂ ਨੂੰ ਸਵੇਰੇ 5:30 ਵਜੇ ਫਾਂਸੀ ਦੇ ਦਿੱਤੀ ਗਈ। ਤਿਹਾੜ ਜੇਲ ਦੇ ਬਾਹਰ ਜਸ਼ਨ ਦਾ ਮਾਹੌਲ ਸੀ। ਲੋਕਾਂ ਨੇ ਇੱਕ ਦੂਜੇ ਨੂੰ ਮਠਿਆਈ ਵੰਡ ਕੇ ਖੁਸ਼ੀ ਮਨਾਈ।ਅਜਿਹੇ ਦੋਸ਼ੀ ਜੋ ਆਪਣਾ ਕੇਸ ਵਕੀਲਾਂ ਕੋਲ ਲੈ ਕੇ ਜਾਂਦੇ ਹਨ ,ਉਨ੍ਹਾਂ ਵਕੀਲਾਂ ਨੂੰ ਅਜਿਹੇ ਕੇਸ ਨਹੀਂ ਫੜਨੇ ਚਾਹੀਦੇ। ਜੋ ਵੀ ਵਕੀਲ ਅਜਿਹੇ ਕੇਸ ਫੜਦਾ ਹੈ ਉਸ ਦੀ ਬਾਰ ਕੌਂਸਲ ਰਜਿਸਟ੍ਰੇਸ਼ਨ ਤੁਰੰਤ ਕੈਂਸਲ ਕਰੇ। ਅਜਿਹੇ ਬਲਾਤਕਾਰ, ਗੈਂਗਰੇਪ ,ਤੇਜ਼ਾਬੀ ਹਮਲੇ ਦੇ ਪੀੜਤ ਪਰਿਵਾਰਾਂ ਨੂੰ ਛੇ ਮਹੀਨੇ ਦੇ ਅੰਦਰ ਅੰਦਰ ਇਨਸਾਫ਼ ਮਿਲਣਾ ਚਾਹੀਦਾ ਹੈ।ਤੇ ਦੋਸ਼ੀਆਂ ਨੂੰ ਫਾਂਸੀ ਦੀ ਸਜ਼ਾ ਛੇ ਮਹੀਨੇ ਦੇ ਅੰਦਰ ਅੰਦਰ ਹੋ ਜਾਣੀ ਚਾਹੀਦੀ ਹੈ। ਫਾਸਟ ਟਰੈਕ ਅਦਾਲਤਾਂ ਵਿੱਚ ਅਜਿਹੇ ਕੇਸਾਂ ਦੀ ਸੁਣਵਾਈ ਹੋਣੀ ਚਾਹੀਦੀ ਹੈ।ਤੇਲੰਗਾਨਾ ਵਿੱਚ ਵੀ ਵੈਟਨਰੀ ਡਾਕਟਰ ਨੂੰ ਵੀ ਜ਼ਾਲਮਾਂ ਨੇ ਜਿਉਂਦੇ ਜੀਅ ਸਾੜ ਦਿੱਤਾ ਸੀ। ਉੱਥੋਂ ਦੇ ਪੁਲਿਸ ਕਮਿਸ਼ਨਰ ਨੇ ਐਨਕਾਊਂਟਰ ਵਿੱਚ ਦੋਸ਼ੀ ਮਾਰ ਦਿੱਤੇ।ਪੁਲਿਸ ਕਮਿਸ਼ਨਰ ਦਾ ਸ਼ਲਾਘਾ ਕਦਮ ਸੀ।

ਮਾਂ ਬਾਪ ਦੀ ਜ਼ਿੰਮੇਵਾਰੀ ਬਣਦੀ ਹੈ ਕਿ ਉਹ ਆਪਣੇ ਬੱਚਿਆਂ ਨੂੰ ਨੈਤਿਕ ਕਦਰਾਂ ਕੀਮਤਾਂ ਬਾਰੇ ਜਾਣੂੰ ਕਰਵਾਉਣ। ਮਾਂ ਬਾਪ ਨੂੰ ਆਪਣੇ ਬੱਚਿਆਂ ਨੂੰ ਚੰਗੀਆਂ ਗੱਲਾਂ ਸਿਖਾਉਣੀ ਚਾਹੀਦੀਆਂ ਹਨ। ਦਰਅਸਲ ਅੱਜਕੱਲ੍ਹ ਮਾਂ-ਬਾਪ ਵੀ ਆਪਣੇ ਬੱਚਿਆਂ ਨੂੰ ਕਹਿਣ ਤੋਂ ਡਰਦੇ ਹਨ। ਕਿਉਂਕਿ ਅੱਜਕਲ ਦੇ ਬੱਚੇ ਗ਼ਲਤ ਕਦਮ ਜਲਦੀ ਚੁੱਕਦੇ ਹਨ। ਮਾਂ ਬਾਪ ਨੂੰ ਇਹ ਡਰ ਹੁੰਦਾ ਹੈ ਕਿ ਜੇ ਅਸੀਂ ਆਪਣੇ ਬੱਚੇ ਨੂੰ ਝਿੜਕਾਂਗੇ, ਕੱਲ੍ਹ ਨੂੰ ਉਨ੍ਹਾਂ ਦਾ ਬੱਚਾ ਪਤਾ ਨਹੀਂ ਕੀ ਕਰ ਲਵੇ।ਗੁਜਰਾਤ ਦੇ 2002 ਦੇ ਦੰਗਾ-ਪੀੜਤਾਂ ਵਿੱਚ ਇੱਕ ਗਰਭਵਤੀ ਔਰਤ ਨਾਲ ਜਬਰ ਜਨਾਹ ਕਰਨ 'ਤੇ ਪਰਿਵਾਰ ਦੇ ਮੈਂਬਰਾਂ ਦੀ ਹੱਤਿਆ ਕਰ ਦਿੱਤੀ ਗਈ। ਤੇ ਉੱਥੋਂ ਦੀ ਸਰਕਾਰ ਨੇ ਇਸ ਸਾਲ ਆਜ਼ਾਦੀ ਦਿਵਸ 'ਤੇ ਅਜਿਹੇ ਦੋਸ਼ੀਆਂ ਨੂੰ ਰਿਹਾ ਕਰ ਦਿੱਤਾ ਸੀ ,ਜੋ ਕਿ ਮੰਦਭਾਗੀ ਘਟਨਾ ਸੀ। ਦੋਸ਼ੀਆਂ ਦੇ ਹੌਂਸਲੇ ਹੋਰ ਬੁਲੰਦ ਹੋ ਜਾਂਦੇ ਹਨ। ਉਹਨਾਂ ਦੇ ਅੰਦਰ ਬਿਲਕੁਲ ਵੀ ਭੈਅ ਨਹੀਂ ਰਹਿੰਦਾ। ਉਹਨਾਂ ਨੂੰ ਇਹ ਹੁੰਦਾ ਹੈ ਕਿ ਸਰਕਾਰਾਂ ਨੇ ਤਾਂ ਸਾਨੂੰ ਰਿਹਾਅ ਕਰ ਦੇਣਾ ਹੈ। ਹਾਲਾਂ ਕਿ ਸੁਪਰੀਮ ਕੋਰਟ ਨੇ ਵੀ ਉੱਥੋਂ ਦੀ ਕੋਰਟ ਤੋਂ ਜਵਾਬ ਮੰਗਿਆ ਸੀ। ਇਹ ਬਿਲਕੁਲ ਗ਼ਲਤ ਹੈ। ਔਰਤਾਂ ਦੀ ਸੁਰੱਖਿਆ ਯਕੀਨੀ ਬਣਾਉਣ ਲਈ ਸਾਡੀ ਸਾਰਿਆਂ ਦੀ ਅਹਿਮ ਜ਼ਿੰਮੇਵਾਰੀ ਹੈ। ਔਰਤ ਸਾਡੇ ਸਮਾਜ ਦਾ ਅਹਿਮ ਹਿੱਸਾ ਹੈ। ਔਰਤ ਹੀ ਜੱਗ ਜਨਣੀ ਹੈ। ਅੱਜ ਦੇਸ਼ ਦੇ ਅਹਿਮ ਅਹੁਦਿਆਂ ਤੇ ਔਰਤਾਂ ਬਿਰਾਜਮਾਨ ਹਨ। ਚਾਹੇ ਉਹ ਥਲ ਸੈਨਾ ਹੋਵੇ ਜਾਂ ਨੇਵੀ ਵਿਚ ਕੋਈ ਵੀ ਅਹਿਮ ਅਹੁਦਾ ਹੋਵੇ। ਅੱਜ ਰਾਸ਼ਟਰਪਤੀ ਦੇ ਅਹਿਮ ਮੁੱਦੇ 'ਤੇ ਇੱਕ ਨਾਰੀ ਬਿਰਾਜਮਾਨ ਹੈ। ਮੁੱਖ ਮੰਤਰੀ ਤੱਕ ਕਈ ਸੂਬਿਆਂ ਵਿੱਚ ਨਾਰੀਆਂ ਹਨ। ਪ੍ਰਸ਼ਾਸਨਿਕ ਸੇਵਾਵਾਂ ਬਹੁਤ ਹੀ ਵਧੀਆ ਤਰੀਕੇ ਨਾਲ ਔਰਤਾਂ ਨਿਭਾ ਰਹੀਆਂ ਹਨ। ਫਿਰ ਔਰਤਾਂ ਨਾਲ ਅਜਿਹਾ ਵਿਤਕਰਾ ਕਿਉਂ ਕੀਤਾ ਜਾ ਰਿਹਾ ਹੈ? ਕਿਉਂ ਜ਼ੁਲਮ ਕਰਨ ਵਾਲੇ ਨੂੰ ਫਾਂਸੀ ਦੀ ਸਜ਼ਾ ਨਹੀਂ ਦਿੱਤੀ ਜਾ ਰਹੀ। ਕਿਉਂ ਉਨ੍ਹਾਂ ਨੂੰ ਸਲਾਖਾਂ ਪਿੱਛੇ ਨਹੀਂ ਰੱਖਿਆ ਜਾ ਰਿਹਾ ਹੈ। ਕਿਉਂ ਉਨ੍ਹਾਂ ਦੋਸ਼ੀਆਂ ਨੂੰ ਰਿਹਾ ਕਰ ਦਿੱਤਾ ਜਾਂਦਾ ਹੈ? ਅਜਿਹੇ ਸਵਾਲ ਅੱਜ ਵੀ ਸਾਡੇ ਸਾਹਮਣੇ ਖੜ੍ਹੇ ਹਨ। ਸਾਡੀ ਸਾਰਿਆਂ ਦੀ ਅਹਿਮ ਜ਼ਿੰਮੇਵਾਰੀ ਬਣ ਜਾਂਦੀ ਹੈ ਕਿ ਸਾਨੂੰ ਔਰਤਾਂ ਦਾ ਦਿਲੋਂ ਸਤਿਕਾਰ ਕਰਨਾ ਚਾਹੀਦਾ ਹੈ। ਔਰਤਾਂ ਅੱਜ ਕਿਸੇ ਤੋਂ ਘੱਟ ਨਹੀਂ ਹਨ। ਜਦੋਂ ਕੋਈ ਵੀ ਪ੍ਰੀਖਿਆ ਦਾ ਨਤੀਜਾ ਘੋਸ਼ਿਤ ਹੁੰਦਾ ਹੈ ਤਾਂ ਸਿਖਰਲੀ ਪੁਜੀਸ਼ਨਾਂ 'ਤੇ ਕੁੜੀਆਂ ਹੀ ਬਾਜ਼ੀ ਮਾਰਦੀਆਂ ਹਨ। ਕੁੜੀਆਂ ਮਾਂ ਬਾਪ ਦਾ ਬਹੁਤ ਧਿਆਨ ਰੱਖਦੀਆਂ ਹਨ। ਸੂਬਾ ਸਰਕਾਰਾਂ ਨੂੰ ਕੁੜੀਆਂ ਦੇ ਹਿੱਤਾਂ ਦੀ ਰਾਖੀ ਲਈ ਅਹਿਮ ਕਦਮ ਚੁੱਕਣੇ ਚਾਹੀਦੇ ਹਨ। ਅਜਿਹਾ ਕੋਈ ਵੀ ਦੋਸ਼ੀ ਹੁੰਦਾ ਹੈ ਜਾਂ ਉਹ ਅਜਿਹੀ ਘਿਨੌਣੀ ਹਰਕਤ ਕਰਦਾ ਹੈ ਤਾਂ ਉਸ ਦੇ ਖਿਲਾਫ ਸਖ਼ਤ ਤੋਂ ਸਖ਼ਤ ਕਾਰਵਾਈ ਹੋਣੀ ਚਾਹੀਦੀ ਹੈ। ਤਾਂ ਜੋ ਹੋਰਾਂ ਨੂੰ ਵੀ ਕੰਨ ਹੋ ਜਾਣ। ਨਿਆਂ ਪ੍ਰਣਾਲੀ ਵਿੱਚ ਸੁਧਾਰ ਹੋਣਾ ਚਾਹੀਦਾ ਹੈ। ਜੋ ਵੀ ਅਜਿਹੀ ਵਾਰਦਾਤ ਨੂੰ ਅੰਜਾਮ ਦਿੰਦੇ ਹਨ ਜਲਦੀ ਤੋਂ ਜਲਦੀ ਫਾਸਟ ਟਰੈਕ ਵਿੱਚ ਅਜਿਹੇ ਕੇਸ ਲਗਾ ਕੇ ਫਾਂਸੀ ਦੀ ਸਜ਼ਾ ਸੁਣਾਈ ਜਾਣੀ ਚਾਹੀਦੀ ਹੈ। ਅਜਿਹੇ ਅਪਰਾਧ ਰੋਕਣ ਲਈ ਸਮਾਜ ਵਿੱਚ ਲੋਕਾਂ ਨੂੰ ਜਾਗਰੂਕ ਕਰਨਾ ਚਾਹੀਦਾ ਹੈ। ਪਰਿਵਾਰ ਆਪਣੇ ਪੁੱਤਰਾਂ ਨੂੰ ਔਰਤਾਂ ਦਾ ਮਾਣ-ਸਤਿਕਾਰ ਕਰਨ ਦੀ ਸਿੱਖਿਆ ਜ਼ਰੂਰ ਦੇਣ। ਦੋਸ਼ੀਆਂ ਨੂੰ ਅਜਿਹੀ ਸਜ਼ਾ ਹੋਵੇ ਜੋ ਦੇਸ਼ ਭਰ ਲਈ ਇੱਕ ਮਿਸਾਲ ਬਣ ਸਕੇ।





ਅੱਜ ਅਦਾਰਾ ਚੜ੍ਹਦੀਕਲਾ ਟਾਈਮ ਟੀ.ਵੀ. ਵਿਖੇ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ੍ਰ. ਜਗਦੀਸ਼ ਸਿੰਘ ਝੀਂਡਾ ਵੱਲੋਂ ਵਿਸ਼ੇਸ਼ ਸ਼ਿਰਕਤ ਕੀਤੀ ਗਈ। ਜਿਨ੍ਹਾਂ ਦਾ ਅਦਾਰਾ ਚੜ੍ਹਦੀਕਲਾ ਟਾਈਮ ਟੀ. ਵੀ. ਦੇ ਚੇਅਰਮੈਨ 'ਪਦਮ ਸ਼੍ਰੀ' ਡਾ. ਜਗਜੀਤ ਸਿੰਘ ਦਰਦੀ, ਦਿੱਲੀ ਤੋਂ ਡਾਇਰੈਕਟਰ ਸ. ਅਮ੍ਰਿਤਪਾਲ ਸਿੰਘ ਅਤੇ ਸਮੂਹ ਸਟਾਫ਼ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਡਾ. ਜਗਜੀਤ ਸਿੰਘ ਦਰਦੀ ਨੇ ਸ੍ਰ. ਜਗਦੀਸ਼ ਸਿੰਘ ਝੀਂਡਾ ਨੂੰ ਚੜ੍ਹਦੀਕਲਾ ਅਦਾਰੇ ਦੇ ਇਤਿਹਾਸ ਤੋਂ ਜਾਣੂ ਕਰਵਾਇਆ ਅਤੇ ਉਨ੍ਹਾਂ ਨੂੰ ਜਗਤ ਗੁਰੂ ਪਹਿਲੀ ਪਾਤਸ਼ਾਹੀ ਜੀ ਦੀਆਂ ਉਦਾਸੀਆਂ ਦੇ ਇਤਿਹਾਸ ਨਾਲ ਜੋੜਦੀ ਪੁਸਤਕ ਵੀ ਭੇਂਟ ਕੀਤੀ। ਇਸਦੇ ਨਾਲ ਹੀ ਹਰਿਆਣਾ ਤੋਂ ਆਏ ਬਲਵਿੰਦਰ ਸਿੰਘ ਭਿੰਦਰ ਕੰਗਥਲੀ, ਇੰਦਰਜੀਤ ਸਿੰਘ ਪਿਹੋਵਾ, ਭੁਪਿੰਦਰ ਸਿੰਘ ਲਾਡੀ ਨੀਲੋਖੇੜੀ, ਰੇਸ਼ਮ ਸਿੰਘ ਅਤੇ ਗੁਰਵੰਤ ਸਿੰਘ ਪ੍ਰਧਾਨ ਪਤਵੰਤੇ ਸੱਜਣਾਂ ਦਾ ਵੀ ਸਨਮਾਨ ਕੀਤਾ ਗਿਆ।

## ਰੋਜ਼ਾਨਾ ਚੜ੍ਹਦੀਕਲਾ ਸਿਹਤ ਖ਼ਬਰਨਾਮਾ

# ਸਵੇਰੇ ਪਹਿਲੀ ਚਾਹ ਕਿਤੇ ਵਿਗਾੜ ਨਾ ਦੇਵੇ ਤੁਹਾਡੀ ਸਿਹਤ !

ਚਾਹ ਵਿੱਚ ਟੈਨਿਨ ਅਤੇ ਕੈਫੀਨ ਵਰਗੇ ਤੱਤ ਹੁੰਦੇ ਹਨ। ਜਦੋਂ ਤੁਸੀਂ ਖਾਲੀ ਪੇਟ ਚਾਹ ਪੀਂਦੇ ਹੋ, ਤਾਂ ਇਹ ਸਿੱਧੇ ਤੌਰ 'ਤੇ ਤੁਹਾਡੇ ਪੇਟ ਦੀ ਅੰਦਰੂਨੀ ਪਰਤ ਨੂੰ ਪ੍ਰਭਾਵਿਤ ਕਰਦੇ ਹਨ। ਇਹ ਪੇਟ ਵਿੱਚ ਐਸਿਡ



ਦੇ ਉਤਪਾਦਨ ਨੂੰ ਵਧਾਉਂਦਾ ਹੈ, ਜਿਸ ਨਾਲ ਤੁਹਾਨੂੰ ਗੈਸ, ਐਸਿਡਿਟੀ ਅਤੇ ਦਿਲ ਵਿੱਚ ਜਲਣ ਵਰਗੀਆਂ ਸਮੱਸਿਆਵਾਂ ਹੋ ਸਕਦੀਆਂ ਹਨ। ਜੇਕਰ ਤੁਹਾਨੂੰ ਪਹਿਲਾਂ ਹੀ ਐਸਿਡਿਟੀ ਹੈ, ਤਾਂ ਖਾਲੀ ਪੇਟ ਚਾਹ ਇਸਨੂੰ ਹੋਰ ਵੀ ਵਿਗਾੜ ਸਕਦੀ ਹੈ।

**ਦੰਦਾਂ ਲਈ ਨੁਕਸਾਨਦੇਹ ;** ਖਾਲੀ ਪੇਟ ਚਾਹ ਪੀਣ ਨਾਲ ਤੁਹਾਡੇ ਦੰਦਾਂ ਤੇ ਵੀ ਬੁਰਾ ਪ੍ਰਭਾਵ ਪੈ ਸਕਦਾ ਹੈ। ਚਾਹ ਵਿੱਚ ਮੌਜੂਦ ਟੈਨਿਨ ਤੁਹਾਡੇ ਦੰਦਾਂ 'ਤੇ ਦਾਗ ਲਗਾ ਸਕਦੇ ਹਨ, ਜਿਸ ਨਾਲ ਉਹ ਪੀਲੇ ਦਿਖਾਈ ਦਿੰਦੇ ਹਨ। ਇਸ ਤੋਂ ਇਲਾਵਾ, ਸਵੇਰੇ ਖਾਲੀ ਪੇਟ ਚਾਹ ਪੀਣ ਨਾਲ ਦੰਦਾਂ ਦੀ ਪਰਲੀ ਪਰਤ ਨੂੰ ਵੀ ਨੁਕਸਾਨ ਪਹੁੰਚ ਸਕਦਾ ਹੈ

**ਨੀਂਦ ਦਾ ਵਿਗਾੜ ;** ਭਾਵੇਂ ਚਾਹ ਤੁਹਾਨੂੰ ਤੁਰੰਤ ਤਾਜ਼ਗੀ ਮਹਿਸੂਸ ਕਰਵਾਉਂਦੀ ਹੈ, ਖਾਲੀ ਪੇਟ ਇਸਦਾ ਜ਼ਿਆਦਾ ਸੇਵਨ ਤੁਹਾਡੀ ਨੀਂਦ ਦੇ ਪੈਟਰਨ ਨੂੰ ਵਿਗਾੜ ਸਕਦਾ ਹੈ। ਚਾਹ ਵਿੱਚ ਮੌਜੂਦ ਕੈਫੀਨ ਇੱਕ ਉਤੇਜਕ ਹੈ ਜੋ ਸਰੀਰ ਨੂੰ ਸਰਗਰਮ ਕਰਦਾ ਹੈ। ਸਵੇਰੇ ਖਾਲੀ ਪੇਟ ਇਸਦੀ ਵੱਡੀ ਮਾਤਰਾ ਦਾ ਸੇਵਨ ਦਿਨ ਭਰ ਬੇਚੈਨੀ ਅਤੇ ਰਾਤ ਨੂੰ ਨੀਂਦ ਵਿੱਚ ਮੁਸ਼ਕਲ ਪੈਦਾ ਕਰ ਸਕਦਾ ਹੈ।

**ਪੇਟ ਖਰਾਬ ਹੋਣ ਦਾ ਖ਼ਤਰਾ ;** ਖਾਲੀ ਪੇਟ ਚਾਹ ਪੀਣ ਤੋਂ ਬਾਅਦ ਕੁਝ ਲੋਕਾਂ ਨੂੰ ਪੇਟ ਖਰਾਬ ਹੋਣ ਜਾਂ ਮਤਲੀ ਵਰਗੀਆਂ ਸ਼ਿਕਾਇਤਾਂ ਵੀ ਹੋ ਸਕਦੀਆਂ ਹਨ। ਚਾਹ ਵਿੱਚ ਮੌਜੂਦ ਕੈਫੀਨ ਅਤੇ ਹੋਰ ਉਤੇਜਕ ਸਿੱਧੇ ਤੌਰ 'ਤੇ ਪਾਚਨ ਪ੍ਰਣਾਲੀ ਨੂੰ ਪ੍ਰਭਾਵਿਤ ਕਰਦੇ ਹਨ, ਜਿਸ ਨਾਲ ਪੇਟ ਵਿੱਚ ਕੜਵੱਲ ਅਤੇ ਬੇ ਅਰਾਮੀ ਹੋ ਸਕਦੀ ਹੈ।

**ਪੌਸ਼ਟਿਕ ਤੱਤਾਂ ਦੇ ਸੋਖਣ ਵਿੱਚ ਵਿਘਨ ;** ਤੁਹਾਡੀ ਸਵੇਰ ਦੀ ਚਾਹ ਤੁਹਾਡੇ ਸਰੀਰ ਵਿੱਚ ਪੌਸ਼ਟਿਕ ਤੱਤਾਂ ਦੇ ਸੋਖਣ ਨੂੰ ਪ੍ਰਭਾਵਿਤ ਕਰ ਸਕਦੀ ਹੈ। ਚਾਹ ਵਿੱਚ ਮੌਜੂਦ ਕੁਝ ਐਨਜ਼ਾਈਮ, ਜਿਵੇਂ ਕਿ ਟੈਨਿਨ, ਆਇਰਨ ਵਰਗੇ ਜ਼ਰੂਰੀ ਪੌਸ਼ਟਿਕ ਤੱਤਾਂ ਨੂੰ ਸਰੀਰ ਵਿੱਚ ਸਹੀ ਢੰਗ ਨਾਲ ਘੁਲਣ ਨਹੀਂ ਦਿੰਦੇ। ਜੇਕਰ ਇਹ ਲੰਬੇ ਸਮੇਂ ਤੱਕ ਰਹਿੰਦਾ ਹੈ, ਤਾਂ ਤੁਹਾਡੇ ਸਰੀਰ ਵਿੱਚ ਪੌਸ਼ਟਿਕ ਤੱਤਾਂ ਦੀ ਘਾਟ ਹੋ ਸਕਦੀ ਹੈ।

# ਨਿਸ਼ਾਂਤ ਦੇਵ ਨੇ ਇਵਾਨਸ ਨੂੰ ਹਰਾ ਕੇ ਪੇਸ਼ੇਵਰ ਸਰਕਟ 'ਤੇ ਇੱਕ ਹੋਰ ਜਿੱਤ ਕੀਤੀ ਦਰਜ

ਨਵੀਂ ਦਿੱਲੀ, 20 ਜੁਲਾਈ (ਚ.ਨ.ਸ.) : ਭਾਰਤੀ ਮੁੱਕੇਬਾਜ਼ ਨਿਸ਼ਾਂਤ ਦੇਵ ਨੇ ਪੇਸ਼ੇਵਰ ਸਰਕਟ 'ਤੇ ਆਪਣਾ ਸ਼ਾਨਦਾਰ ਪ੍ਰਦਰਸ਼ਨ ਜਾਰੀ ਰੱਖਿਆ



ਅਤੇ ਅਮਰੀਕਾ ਦੇ ਫ੍ਰਿਸਕੋ ਵਿੱਚ ਤਕਨੀਕੀ ਨਾਕਆਊਟ ਦੇ ਆਧਾਰ 'ਤੇ ਸਥਾਨਕ ਮੁੱਕੇਬਾਜ਼ ਲਾਕੁਆਨ ਇਵਾਨਸ ਨੂੰ ਹਰਾਇਆ। 24 ਸਾਲਾ ਨਿਸ਼ਾਂਤ ਨੇ ਸੁਪਰ ਵੈਲਟਰਵੇਟ ਮੈਚ ਦੇ ਛੇਵੇਂ ਦੌਰ ਵਿੱਚ ਜਿੱਤ ਪ੍ਰਾਪਤ ਕੀਤੀ, ਜੋ ਕਿ ਪੇਸ਼ੇਵਰ ਸਰਕਟ 'ਤੇ ਉਸਦੀ ਲਗਾਤਾਰ ਤੀਜੀ ਜਿੱਤ ਹੈ। ਨਿਸ਼ਾਂਤ ਨੇ ਲਗਾਤਾਰ ਮੁੱਕਿਆਂ ਦੀ ਬਾਰਿਸ਼ ਕੀਤੀ, ਜਿਸ ਤੋਂ ਬਾਅਦ ਰੈਫਰੀ ਨੇ ਇੱਕ ਮਿੰਟ 58 ਸਕਿੰਟ ਬਾਅਦ ਮੈਚ ਰੋਕ ਦਿੱਤਾ। ਵਿਸ਼ਵ ਚੈਂਪੀਅਨਸ਼ਿਪ 2023 ਵਿੱਚ ਲਾਈਟ ਮਿਡਲਵੇਟ (71 ਕਿਲੋਗ੍ਰਾਮ) ਵਿੱਚ ਕਾਂਸੀ ਦਾ ਤਮਗ਼ਾ ਜਿੱਤਣ ਵਾਲੇ ਨਿਸ਼ਾਂਤ ਨੇ ਇਸ ਸਾਲ ਦੇ ਸ਼ੁਰੂ ਵਿੱਚ ਪੈਰਿਸ ਓਲੰਪਿਕ ਕੁਆਲੀਫਾਇਰ ਦੇ ਕੁਆਰਟਰ ਫਾਈਨਲ ਵਿੱਚ ਮੈਕਸੀਕੋ ਦੇ ਮਾਰਕੋ ਵਰਡੇ ਤੋਂ ਥੋੜ੍ਹੀ ਜਿਹੀ ਹਾਰ ਤੋਂ ਬਾਅਦ ਪੇਸ਼ੇਵਰ ਸਰਕਟ ਵਿੱਚ ਪ੍ਰਵੇਸ਼ ਕੀਤਾ।



ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦੇ ਪ੍ਰਕਾਸ਼ ਦਿਹਾੜੇ ਮੌਕੇ ਪਟਿਆਲਾ ਵਿਖੇ ਗੁਰਦੁਆਰਾ ਅਕਾਲੀ ਬਾਬਾ ਫੂਲਾ ਸਿੰਘ ਜੀ ਵਿਖੇ ਕਰਵਾਏ ਗਏ ਧਾਰਮਿਕ ਸਮਾਗਮ ਦੌਰਾਨ ਉਘੇ ਲੇਖਕ ਪ੍ਰੋ. ਡਾ. ਕ੍ਰਿਸ਼ਨ ਕੁਮਾਰ ਰੱਤੂ ਤੇ ਉਨ੍ਹਾਂ ਦੇ ਪਰਿਵਾਰ ਦਾ ਸਨਮਾਨ ਕਰਦੇ ਹੋਏ ਅਦਾਰਾ ਚੜ੍ਹਦੀਕਲਾ ਦੇ ਚੇਅਰਮੈਨ 'ਪਦਮ ਸ਼੍ਰੀ' ਡਾ. ਜਗਜੀਤ ਸਿੰਘ ਦਰਦੀ, ਸਰਦਾਰਨੀ ਜਸਵਿੰਦਰ ਕੌਰ ਦਰਦੀ, ਚੌਧਰੀ ਪ੍ਰਭਜੀਤ ਸਿੰਘ ਤੇ ਹੈਡ ਗ੍ਰੰਥੀ ਪ੍ਰਿਤਪਾਲ ਸਿੰਘ ਗੁਰਦੁਆਰਾ ਸ੍ਰੀ ਦੂਖ ਨਿਵਾਰਨ ਸਾਹਿਬ।

# ਨਵੀਆਂ ਕਲਮਾਂ, ਨਵੀਂ ਉਡਾਣ ਦਾ ਮੁੰਬਈ ਵਿਖੇ ਅਮਿੱਟ ਯਾਦਾਂ ਛੱਡਦਾ ਪ੍ਰੋਗਰਾਮ ਸੰਪੰਨ

## ਪੰਜਾਬੀ ਭਾਸ਼ਾ ਦੀ ਤਰੱਕੀ ਲਈ ਸਾਨੂੰ ਤਤਪਰ ਰਹਿਣ ਦੀ ਲੋੜ: ਸੁੱਖੀ ਬਾਠ

ਮੁੰਬਈ,20 ਜੁਲਾਈ (ਗੁਰਮੁੱਖ ਸਿੰਘ ਰੁਪਾਣਾ/ਅਮਰਜੀਤ ਸਿੰਘ) : ਪੰਜਾਬ ਭਵਨ ਸਰੀ ਕੈਨੇਡਾ ਦੀ ਰਹਿਨੁਮਾਈ ਹੇਠ ਅੱਜ ਨਵੀਆਂ ਕਲਮਾਂ ਨਵੀਂ ਉਡਾਣ ਤਹਿਤ ਪੰਜਾਬੀ ਮਾਂ ਬੋਲੀ ਨੂੰ ਸਮਰਪਿਤ ਵੱਡਾ ਸਮਾਗਮ ਮੁੰਬਈ ਦੀ ਟੀਮ ਵੱਲੋਂ ਮਹਾਰਾਸ਼ਟਰ ਵਿਖੇ ਕਰਵਾਇਆ ਗਿਆ। ਇਸ ਮੌਕੇ ਰਾਸ਼ਟਰੀ ਪੰਜਾਬੀ ਬਾਲ ਲੇਖਕ ਸੱਭਿਆਚਾਰਕ ਕਾਨਫਰੰਸ 2025 ਆਯੋਜਿਤ ਕੀਤੀ ਗਈ। ਇਸ ਮੌਕੇ ਕਵੀ ਮੁਕਾਬਲੇ, ਗੀਤ ਮੁਕਾਬਲੇ, ਸਾਥੀ ਮੁਕਾਬਲੇ, ਨਾਟਕ ਚਿੱਤਰਕਾਰੀ ਮੁਕਾਬਲੇ, ਸ਼ਬਦ ਮੁਕਾਬਲੇ ਅਤੇ ਪਹਿਰਾਵਾ ਮੁਕਾਬਲੇ ਕਰਵਾਏ ਗਏ। ਇਸ ਪ੍ਰੋਗਰਾਮ ਦੀ ਸਮੁੱਚੀ ਦੇਖ ਰਹੇ ਮਨਪ੍ਰੀਤ ਕੌਰ ਸੰਧੂ ਇੰਚਾਰਜ ਮਹਾਰਾਸ਼ਟਰ ਨੇ ਕੀਤੀ। ਇਸ ਮੌਕੇ



ਨਵੀਆਂ ਕਲਮਾਂ ਨਵੀਂ ਉਡਾਨ ਮਹਾਰਾਸ਼ਟਰ ਦਾ ਭਾਗ ਲਾਂਚ ਕੀਤਾ ਗਿਆ। ਇਸ ਦੌਰਾਨ ਵੱਡੀ ਗਿਣਤੀ ਵਿੱਚ ਸਕੂਲੀ ਬੱਚਿਆਂ ਨੇ ਸ਼ਿਰਕਤ ਕੀਤੀ। ਇਸ ਮੌਕੇ ਜੇਤੂ ਬੱਚਿਆਂ ਨੂੰ ਇਨਾਮ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਗਤਕਾ ਪਾਰਟੀਆਂ ਵੱਲੋਂ ਗੱਤਕੇ ਦੇ ਜੌਹਰ ਦਿਖਾਏ ਗਏ ਇਸ ਦੌਰਾਨ ਉਥੋਂ ਦੇ ਪੰਜਾਬੀ ਭਾਈਚਾਰੇ ਨਾਲ ਸੰਬੰਧਿਤ ਵੱਡੀ ਗਿਣਤੀ ਵਿੱਚ ਲੋਕਾਂ ਨੇ ਸ਼ਿਰਕਤ ਕੀਤੀ ਅਤੇ ਇਸ ਸਮਾਗਮ ਅਤੇ ਨਵੀਆਂ ਕਲਮਾਂ ਨਵੀਂ ਉਡਾਨ ਚਲਾਏ ਗਏ ਪ੍ਰੋਜੈਕਟ ਦੀ ਸ਼ਲਾਘਾ ਕੀਤੀ। ਇਸ ਪੰਜਾਬੀ ਭਾਈਚਾਰੇ ਨਾਲ ਸੰਬੰਧਿਤ ਸਥਾਨਕ ਲੋਕਾਂ ਨੇ ਕਿਹਾ ਕਿ ਸੁੱਖੀਬਾਠ ਵੱਲੋਂ ਇਹ ਵੱਡਾ ਉਪਰਾਲਾ ਕੀਤਾ ਜਾ ਰਿਹਾ ਹੈ ਜੋ ਕਿ ਕਾਬਲੇ ਤਾਰੀਫ ਹੈ ਕਿਉਂਕਿ ਇਸ ਨਾਲ ਸਾਡੇ ਬੱਚੇ ਪੰਜਾਬੀ ਮਾਂ ਬੋਲੀ ਅਤੇ ਪੰਜਾਬੀ ਭਾਸ਼ਾ ਦੇ ਨਾਲ ਨਾਲ ਸਾਡੇ ਪੰਜਾਬੀ ਸੱਭਿਆਚਾਰ ਨੂੰ ਵੀ ਪ੍ਰਫੁੱਲਤ ਕਰਨ ਵਿੱਚ ਸਹਾਈ ਹੋ ਰਹੇ ਹਨ। ਇਸ ਦੌਰਾਨ ਉਹਨਾਂ ਇਹ ਵੀ ਕਿਹਾ ਕਿ ਜੇਕਰ ਸਾਡੀ ਪੰਜਾਬੀ ਭਾਸ਼ਾ ਅਤੇ ਪੰਜਾਬੀ ਕੌਮ ਸਾਡੇ ਤੋਂ ਚਲੀ ਜਾਏਗੀ ਤਾਂ ਫਿਰ ਅਸੀਂ ਪੰਜਾਬੀ ਕਹਾਉਣ ਦੇ ਲਾਇਕ ਨਹੀਂ ਰਹਾਂਗੇ ਉਹਨਾਂ ਕਿਹਾ ਕਿ ਪੰਜਾਬੀ ਭਾਸ਼ਾ ਅਤੇ ਪੰਜਾਬੀ ਕੌਮ ਦਾ ਹਰ ਵਰਗ ਦਾ ਸਤਿਕਾਰ ਕਰਦਾ ਹੈ। ਇਸ ਲਈ ਅਸੀਂ ਪੰਜਾਬੀ ਭਾਸ਼ਾ ਨੂੰ ਪ੍ਰਫੁੱਲਤ ਕਰਨ ਲਈ ਅੰਤ ਤੱਕ ਕੰਮਕਾਰ ਕਰਦੇ ਰਹਾਂਗੇ। ਇਹ ਪ੍ਰੋਜੈਕਟ ਪੰਜਾਬ ਹਰਿਆਣਾ ਹਿਮਾਚਲ, ਰਾਜਸਥਾਨ, ਮਹਾਰਾਸ਼ਟਰ ਨਵੀ ਮੁੰਬਈ ਦੇ ਨਾਲ-ਨਾਲ ਵਿਦੇਸ਼ਾਂ ਵਿੱਚ ਵੀ ਚੱਲਦਾ ਰਹੇਗਾ ਅਤੇ ਇਸ ਪ੍ਰੋਜੈਕਟ ਦੇ ਕਈ ਭਾਗ ਲਾਂਚ ਕੀਤੇ ਜਾ ਚੁੱਕੇ ਹਨ।

# ਟੈਨਿਸ ਖਿਡਾਰਨ ਯੂਜੀਨੀ ਬਾਊਚਰਡ ਨੇ ਕੀਤਾ ਸੰਨਿਆਸ ਲੈਣ ਦਾ ਐਲਾਨ

ਨਵੀਂ ਦਿੱਲੀ, 20 ਜੁਲਾਈ (ਚ.ਨ.ਸ.) : ਦੁਨੀਆ ਦੀ ਸਭ ਤੋਂ ਖੂਬਸੂਰਤ ਮਹਿਲਾ ਟੈਨਿਸ ਖਿਡਾਰਨ ਵਜੋਂ ਜਾਣੀ ਜਾਂਦੀ ਯੂਜੀਨੀ ਬਾਊਚਰਡ ਨੇ ਆਪਣੀ ਸੰਨਿਆਸ ਦਾ ਐਲਾਨ ਕਰ ਦਿੱਤਾ ਹੈ। ਬਾਊਚਰਡ ਦਾ ਟੈਨਿਸ ਕਰੀਅਰ ਉਤਰਾਅ-ਚੜ੍ਹਾਅ ਨਾਲ ਭਰਿਆ ਰਿਹਾ ਹੈ। ਬਾਊਚਰਡ ਆਪਣੀ ਸ਼ਾਨਦਾਰ ਖੇਡ ਨਾਲ ਵਿਸ਼ਵ ਰੈਂਕਿੰਗ ਵਿੱਚ ਨੰਬਰ-5 ਤੇ ਪਹੁੰਚਣ ਵਿੱਚ ਕਾਮਯਾਬ ਰਹੀ। ਇਸ ਤੋਂ ਇਲਾਵਾ, ਉਸਨੇ 2014 ਵਿੱਚ ਵਿੰਬਲਡਨ ਦੇ ਫਾਈਨਲ ਵਿੱਚ ਵੀ ਜਗ੍ਹਾ ਬਣਾਈ। 2014 ਦੇ ਨੂਰਮਬਰਗ ਕੱਪ ਵਿੱਚ WTA ਸਿੰਗਲਜ਼ ਖਿਤਾਬ ਨੂੰ ਵੀ ਟੈਨਿਸ ਕਰੀਅਰ ਵਿੱਚ ਉਸਦੀ ਪ੍ਰਾਪਤੀ ਵਜੋਂ ਦਰਜ ਕੀਤਾ ਗਿਆ ਹੈ। ਬਾਊਚਰਡ ਲਈ ਚੀਜ਼ਾਂ ਹੋਰ ਚੁਣੌਤੀਪੂਰਨ ਹੋ ਗਈਆਂ, ਜਿਸਨੇ ਸ਼ੁਰੂ ਵਿੱਚ ਆਪਣੀ ਮਜ਼ਬੂਤ ਖੇਡ ਲਈ ਸੁਰਖੀਆਂ ਬਣਾਈਆਂ, ਜਦੋਂ ਉਸਦੇ ਪ੍ਰਦਰਸ਼ਨ ਵਿੱਚ ਗਿਰਾਵਟ ਆਈ ਅਤੇ ਉਹ ਵਿਸ਼ਵ ਰੈਂਕਿੰਗ ਵਿੱਚ ਹੇਠਾਂ ਖਿਸਕ ਗਈ।ਕੋਰਟ ਤੋਂ ਬਾਹਰ ਵੀ, ਬਾਊਚਰਡ ਆਪਣੇ ਗਲੈਮਰ ਲਈ ਖ਼ਬਰਾਂ ਵਿੱਚ ਰਹੀ ਹੈ। ਉਸਦਾ ਮੰਨਣਾ ਹੈ ਕਿ, ਅਸੀਂ ਛੋਟੀਆਂ ਸਕਰਟਾਂ ਅਤੇ ਟੈਂਕ ਟਾਪ ਪਹਿਨਦੇ ਹਾਂ। ਟੀਵੀ ਤੇ ਕਿਸੇ ਵੀ ਖਿਡਾਰੀ ਨੂੰ ਅਜਿਹੀ ਪਹਿਰਾਵੇ ਵਿੱਚ ਦੇਖਣਾ ਮਜ਼ੇਦਾਰ ਹੁੰਦਾ ਹੈ।

# ਤੈਰਾਕ ਸ਼੍ਰੀਹਰੀ ਨਟਰਾਜ ਨੇ 100 ਮੀਟਰ ਫ੍ਰੀਸਟਾਈਲ ਵਿੱਚ ਸਰਵਸ੍ਰੇਸ਼ਠ ਭਾਰਤੀ ਸਮਾਂ ਕੀਤਾ ਬੇਹਤਰ

ਬਰਲਿਨ, 20 ਜੁਲਾਈ (ਚ.ਨ.ਸ.) :ਤੈਰਾਕ ਸ਼੍ਰੀਹਰੀ ਨਟਰਾਜ ਨੇ ਐਤਵਾਰ ਨੂੰ ਵਿਸ਼ਵ ਯੂਨੀਵਰਸਿਟੀ ਖੇਡਾਂ ਵਿੱਚ ਪੁਰਸ਼ਾਂ ਦੇ 100 ਮੀਟਰ



ਫ੍ਰੀਸਟਾਈਲ ਮੁਕਾਬਲੇ ਵਿੱਚ ਸਰਬੋਤਮ ਭਾਰਤੀ ਸਮਾਂ ਨੂੰ ਬਿਹਤਰ ਬਣਾਇਆ, 49.46 ਸਕਿੰਟ ਦਾ ਸਮਾਂ ਕੱਢਿਆ ਅਤੇ ਸੈਮੀਫਾਈਨਲ ਲਈ ਕੁਆਲੀਫਾਈ ਕੀਤਾ। ਨਟਰਾਜ ਨੇ 2008 ਵਿੱਚ ਗੁਆਂਗਜ਼ੂ ਏਸ਼ੀਅਨ ਖੇਡਾਂ ਦੇ ਕਾਂਸੀ ਤਮਗ਼ਾ ਜੇਤੂ ਵਿਰਧਵਲ ਖਾੜੇ ਦੁਆਰਾ ਨਿਰਧਾਰਤ 49.47 ਸਕਿੰਟ ਦੇ ਸਮੇਂ ਨਾਲੋਂ ਬਿਹਤਰ ਪ੍ਰਦਰਸ਼ਨ ਕੀਤਾ। ਨਟਰਾਜ ਨੇ ਹੀਟ ਨੰਬਰ 6 ਦੌੜ ਜਿੱਤੀ ਅਤੇ ਕੁੱਲ ਮਿਲਾ ਕੇ 12ਵੇਂ ਸਥਾਨ 'ਤੇ ਰਹਿ ਕੇ ਸੈਮੀਫਾਈਨਲ ਵਿੱਚ ਜਗ੍ਹਾ ਬਣਾਈ। ਸ਼ੁੱਕਰਵਾਰ ਨੂੰ, ਨਟਰਾਜ ਨੇ 200 ਮੀਟਰ ਫ੍ਰੀਸਟਾਈਲ ਮੁਕਾਬਲੇ ਵਿੱਚ ਆਪਣੇ ਸਰਬੋਤਮ ਭਾਰਤੀ ਸਮਾਂ ਨੂੰ ਦੋ ਵਾਰ ਬਿਹਤਰ ਬਣਾਇਆ ਸੀ। ਤੈਰਾਕੀ ਵਿੱਚ ਰਾਸ਼ਟਰੀ ਰਿਕਾਰਡ ਸਮਾਂ ਸਿਰਫ ਰਾਸ਼ਟਰੀ ਤੈਰਾਕੀ ਚੈਂਪੀਅਨਸ਼ਿਪ ਵਿੱਚ ਹੀ ਬਣਾਇਆ ਜਾਂਦਾ ਹੈ। ਹੋਰ ਮੁਕਾਬਲਿਆਂ ਵਿੱਚ ਨਿਰਧਾਰਤ ਸਮੇਂ ਨੂੰ ਸਰਬੋਤਮ ਭਾਰਤੀ ਸਮਾਂ ਜਾਂ ਸਰਬੋਤਮ ਭਾਰਤੀ ਪ੍ਰਦਰਸ਼ਨ ਮੰਨਿਆ ਜਾਂਦਾ ਹੈ।

# ਭਾਰਤ ਹਾਂਗਕਾਂਗ ਨੂੰ 110-100 ਨਾਲ ਹਰਾ ਕੇ ਗਰੁੱਪ ਡੀ ਵਿੱਚ ਸਿਖ਼ਰ 'ਤੇ ਪਹੁੰਚਿਆ

ਸੋਲੋ, (ਇੰਡੋਨੇਸ਼ੀਆ), 20 ਜੁਲਾਈ (ਚ.ਨ.ਸ.) : ਭਾਰਤ ਨੇ ਐਤਵਾਰ ਨੂੰ ਇੰਡੋਨੇਸ਼ੀਆ ਵਿੱਚ ਹੋ ਰਹੀ ਬੈਡਮਿੰਟਨ ਏਸ਼ੀਆ ਜੂਨੀਅਰ ਮਿਕਸਡ ਟੀਮ ਚੈਂਪੀਅਨਸ਼ਿਪ ਦੇ ਗਰੁੱਪ ਪੜਾਅ ਵਿੱਚ ਆਪਣੀ ਜਿੱਤ ਦੀ ਲੈਅ ਜਾਰੀ ਰੱਖੀ ਅਤੇ ਗਰੁੱਪ ਡੀ ਦੇ ਆਖਰੀ ਮੈਚ ਵਿੱਚ ਹਾਂਗਕਾਂਗ ਨੂੰ 110-100 ਨਾਲ ਹਰਾ ਕੇ ਗਰੁੱਪ ਟੇਬਲ ਵਿੱਚ ਸਿਖਰ 'ਤੇ ਰਿਹਾ। ਭਾਰਤ ਅਤੇ ਹਾਂਗਕਾਂਗ ਚੀਨ ਐਤਵਾਰ ਨੂੰ ਇੱਕ ਦੂਜੇ ਦੇ ਸਾਹਮਣੇ ਹੋਣ ਤੋਂ ਪਹਿਲਾਂ ਹੀ ਨਾਕ-ਆਊਟ ਪੜਾਅ ਲਈ ਕੁਆਲੀਫਾਈ ਕਰ ਚੁੱਕੇ ਸਨ, ਪਰ ਜਿੱਤ ਦੀ ਲੈਅ ਨੂੰ ਬਣਾਈ ਰੱਖਣਾ ਮਹੱਤਵਪੂਰਨ ਸੀ। ਅੱਜ ਇੱਥੇ ਖੇਡੇ ਗਏ ਮੈਚਾਂ ਵਿੱਚ, ਰੁਜੁਲਾ ਰਾਮੂ ਨੇ ਇੱਕ ਵਾਰ ਫਿਰ ਇਪ ਸੁਮ ਯਾਊ ਨੂੰ 11-8 ਨਾਲ ਹਰਾ ਕੇ ਭਾਰਤ ਨੂੰ ਜੇਤੂ ਸ਼ੁਰੂਆਤ ਦਿਵਾਈ ਅਤੇ ਭਾਰਗਵ ਰਾਮ ਅਰੀਗਾਲਾ ਅਤੇ ਵਿਸ਼ਵ ਤੇਜ਼ ਗੋਬਰੂ ਦੀ ਵਿਸ਼ਵ ਨੰਬਰ ਛੇ ਜੂਨੀਅਰ ਲੜਕਿਆਂ ਦੀ ਡਬਲਜ਼ ਜੋੜੀ ਨੇ ਚੇਂਗ ਸਾਈ ਸ਼ਿੰਗ ਅਤੇ ਡੇਂਗ ਚੀ ਫਾਈ ਦੇ ਖਿਲਾਫ ਲੀਡ 22-13 ਤੱਕ ਵਧਾ ਦਿੱਤੀ। ਹਾਂਗ ਕਾਂਗ ਦੀ ਲਾਮ ਕਾ ਟੋ ਨੇ 13 ਅੰਕ ਬਣਾ ਕੇ ਆਪਣੀ ਟੀਮ ਨੂੰ ਅੰਤਰ ਘਟਾਉਣ ਵਿੱਚ ਮਦਦ ਕੀਤੀ, ਇਸ ਤੋਂ ਪਹਿਲਾਂ ਕਿ ਰੌਣਕ ਚੌਹਾਨ ਨੇ



ਭਾਰਤ ਦੇ ਅੰਕਾਂ ਦੀ ਗਿਣਤੀ 33 ਤੱਕ ਪਹੁੰਚਾ ਦਿੱਤੀ। ਪੰਜ ਮੈਚਾਂ ਤੋਂ ਬਾਅਦ ਦੋਵਾਂ ਟੀਮਾਂ ਵਿਚਕਾਰ 55-49 ਤੇ ਸਿਰਫ਼ ਛੇ ਅੰਕਾਂ ਦਾ ਅੰਤਰ ਸੀ ਪਰ ਜੂਨੀਅਰ ਵਿਸ਼ਵ ਨੰਬਰ 1 ਤਨਵੀ ਸ਼ਰਮਾ ਨੇ ਦੂਜੇ ਕੁੜੀਆਂ ਦੇ ਸਿੰਗਲਜ਼ ਵਿੱਚ ਲਿਊ ਹੋਈ ਕਿਊ ਅੰਨਾ 'ਤੇ ਦਬਦਬਾ ਬਣਾ ਕੇ 66-54 ਦੀ ਲੀਡ ਲੈ ਲਈ ਅਤੇ ਭਾਰਤ ਨੂੰ ਇੱਕ ਵਾਰ ਫਿਰ ਲੀਡ ਦਿਵਾਈ। ਅਗਲੇ ਚਾਰ ਮੈਚ ਬਹੁਤ ਹੀ ਮੁਕਾਬਲੇ ਵਾਲੇ ਸਨ ਪਰ ਭਾਰਤ ਨੇ ਆਪਣੀ ਲੀਡ ਬਣਾਈ ਰੱਖੀ ਅਤੇ ਇਹ ਯਕੀਨੀ ਬਣਾਇਆ ਕਿ ਉਹ ਗਰੁੱਪ ਵਿੱਚ ਸਿਖਰ 'ਤੇ ਰਹੇ। ਭਾਰਤ ਹੁਣ ਸੋਮਵਾਰ ਨੂੰ ਕੁਆਰਟਰ ਫਾਈਨਲ ਵਿੱਚ ਜਾਪਾਨ ਨਾਲ ਭਿੜੇਗਾ। ਜਾਪਾਨ ਗਰੁੱਪ ਏ ਵਿੱਚ ਥਾਈਲੈਂਡ ਤੋਂ ਬਾਅਦ ਦੂਜੇ ਸਥਾਨ ਤੇ ਰਿਹਾ।

# ਸ਼੍ਰੀਸ਼ੰਕਰ ਨੇ ਪੁਰਤਗਾਲ ਵਿੱਚ ਲਾਂਗ ਜੰਪ ਦਾ ਖ਼ਿਤਾਬ ਜਿੱਤਿਆ

ਨਵੀਂ ਦਿੱਲੀ, 20 ਜੁਲਾਈ (ਚ.ਨ.ਸ.) : ਭਾਰਤ ਦੇ ਸਟਾਰ ਲਾਂਗ ਜੰਪਰ ਮੁਰਲੀ ਸ਼੍ਰੀਸ਼ੰਕਰ ਨੇ ਪੁਰਤਗਾਲ ਦੇ ਮਾਇਆ ਵਿੱਚ ਵਿਸ਼ਵ ਐਥਲੈਟਿਕਸ ਸਬਕੌਂਟੀਨੈਂਟਲ ਟੂਰ ਕਾਂਸੀ ਪੱਧਰ ਦੇ ਟੂਰਨਾਮੈਂਟ ਮੀਟਿੰਗ ਮਾਇਆ ਸਿਡਾਡੇ ਡੋ ਡੇਸਪੋਰਟੋ ਵਿੱਚ 7.75 ਮੀਟਰ ਦੀ ਛਾਲ ਮਾਰ ਕੇ ਖਿਤਾਬ ਜਿੱਤਿਆ। ਏਸ਼ੀਆਈ ਖੇਡਾਂ ਦੇ ਚਾਂਦੀ ਦਾ ਤਮਗ਼ਾ ਜੇਤੂ ਸ਼੍ਰੀਸ਼ੰਕਰ ਨੇ ਸ਼ਨੀਵਾਰ ਰਾਤ ਨੂੰ ਦੂਜੇ ਦੌਰ ਵਿੱਚ ਆਪਣੀ ਸਭ ਤੋਂ ਵਧੀਆ ਕੋਸ਼ਿਸ਼ ਕੀਤੀ। ਉਸਨੇ 7.63 ਮੀਟਰ ਦੀ ਛਾਲ ਨਾਲ ਸ਼ੁਰੂਆਤ ਕੀਤੀ ਅਤੇ ਦੂਜੇ ਦੌਰ ਵਿੱਚ 7.75 ਮੀਟਰ ਦੀ ਛਾਲ ਮਾਰੀ।



ਤੀਜੀ ਛਾਲ ਵਿੱਚ, ਉਸਨੇ 7.69 ਮੀਟਰ ਦੀ ਦੂਰੀ ਮਾਪੀ। ਅਗਲੀ ਕੋਸ਼ਿਸ਼ ਫਾਊਲ ਸੀ ਅਤੇ ਇਸ ਤੋਂ ਬਾਅਦ ਉਸਨੇ 6.12 ਅਤੇ 7.58 ਮੀਟਰ ਦੀ ਛਾਲ ਮਾਰੀ। ਪੋਲੈਂਡ ਦੇ ਪਿਓਟਰ ਤਾਰਕੋਵਸਕੀ ਨੇ ਵੀ 7.75 ਮੀਟਰ ਦੀ ਛਾਲ ਮਾਰੀ ਪਰ ਉਸਦੀ ਦੂਜੀ ਸਭ ਤੋਂ ਵਧੀਆ ਕੋਸ਼ਿਸ਼ 7.58 ਮੀਟਰ ਸੀ ਜੋ ਸ਼੍ਰੀਸ਼ੰਕਰ ਦੇ 7.69 ਮੀਟਰ ਤੋਂ ਘੱਟ ਸੀ। ਵਿਸ਼ਵ ਐਥਲੈਟਿਕਸ ਦੇ ਨਿਯਮਾਂ ਅਨੁਸਾਰ, ਜੇਕਰ ਦੋ ਖਿਡਾਰੀਆਂ ਵਿਚਕਾਰ ਟਾਈ ਹੁੰਦੀ ਹੈ, ਤਾਂ ਦੂਜੀ ਵੈਧ ਛਾਲ ਨੂੰ ਟਾਈਬ੍ਰੇਕਰ ਮੰਨਿਆ ਜਾਂਦਾ ਹੈ। ਗੋਡੇ ਦੇ ਆਪ੍ਰੇਸ਼ਨ ਕਾਰਨ ਲੰਬੇ ਸਮੇਂ ਤੋਂ ਖੇਡ ਤੋਂ ਦੂਰ ਰਹਿਣ ਵਾਲੇ ਸ਼੍ਰੀਸ਼ੰਕਰ ਨੇ ਇਸ ਮਹੀਨੇ ਦੇ ਸ਼ੁਰੂ ਵਿੱਚ ਇੰਡੀਅਨ ਓਪਨ ਐਥਲੈਟਿਕਸ ਮੀਟ ਰਾਹੀਂ ਵਾਪਸੀ ਕੀਤੀ।

# ਜਪਾਨ 'ਚ ਓਕੇ ਗ੍ਰੈਂਡਮਾ ਵਿਲੱਖਣ ਸੇਵਾ ਸ਼ੁਰੂ

ਟੋਕੀਓ, 20 ਜੁਲਾਈ (ਚ.ਨ.ਸ.) : ਆਧੁਨਿਕ ਜੀਵਨ ਸ਼ੈਲੀ ਤੇ ਇਕੱਲਤਾ ਨਾਲ ਜੂਝ ਰਹੇ ਲੋਕਾਂ ਲਈ ਜਾਪਾਨ 'ਚ ਇੱਕ ਵਿਲੱਖਣ ਸੇਵਾ ਸ਼ੁਰੂ ਕੀਤੀ ਗਈ ਹੈ, ਜਿਸਨੂੰ ਓਕੇ ਗ੍ਰੈਂਡਮਾ ਵਜੋਂ ਜਾਣਿਆ ਜਾਂਦਾ ਹੈ। ਇਸ ਸੇਵਾ ਰਾਹੀਂ, ਲੋਕ 60 ਤੋਂ 94 ਸਾਲ ਦੀ ਉਮਰ ਦੀਆਂ ਬਜ਼ੁਰਗ ਔਰਤਾਂ ਨੂੰ ਕਿਰਾਏ 'ਤੇ ਲੈ ਸਕਦੇ ਹਨ, ਜੋ ਨਾ ਸਿਰਫ਼ ਜ਼ਿੰਦਗੀ ਦੇ ਤਜ਼ਰਬੇ ਸਾਂਝੇ ਕਰਦੀਆਂ ਹਨ ਬਲਕਿ ਕਈ ਮਾਮਲਿਆਂ ਵਿੱਚ ਮਾਰਗਦਰਸ਼ਨ ਅਤੇ ਭਾਵਨਾਤਮਕ ਸਹਾਇਤਾ ਵੀ ਪ੍ਰਦਾਨ ਕਰਦੀਆਂ ਹਨ।

**ਓਕੇ ਗ੍ਰੈਂਡਮਾ ਸੇਵਾ ਕੀ ਹੈ? ;** ਓਕੇ ਗ੍ਰੈਂਡਮਾ ਸੇਵਾ 2012



ਵਿੱਚ ਕਲਾਇੰਟ ਸਰਵਿਸਿਜ਼ ਨਾਮ ਦੀ ਇੱਕ ਜਪਾਨੀ ਕੰਪਨੀ ਦੁਆਰਾ ਸ਼ੁਰੂ ਕੀਤੀ ਗਈ ਸੀ। ਕੰਪਨੀ ਪਹਿਲਾਂ ਹੀ ਘਰ ਦੀ ਸਫਾਈ, ਬੱਚਿਆਂ ਅਤੇ ਪਾਲਤੂ ਜਾਨਵਰਾਂ ਦੀ ਦੇਖਭਾਲ ਵਰਗੀਆਂ ਸੇਵਾਵਾਂ ਪ੍ਰਦਾਨ ਕਰਦੀ ਸੀ, ਪਰ ਇਸ ਵਿਲੱਖਣ ਪਹਿਲਕਦਮੀ ਨੇ ਕੰਪਨੀ ਦੀ ਪ੍ਰਸਿੱਧੀ ਨੂੰ ਨਵੀਆਂ ਉਚਾਈਆਂ 'ਤੇ ਲੈ ਗਿਆ। ਇਸ ਸੇਵਾ ਦੇ ਤਹਿਤ, ਕੋਈ ਵੀ ਵਿਅਕਤੀ ਲਗਭਗ 3,300 ਯੇਨ (ਲਗਭਗ_ 1900 ਪ੍ਰਤੀ ਘੰਟਾ) ਦੀ ਫੀਸ ਤੇ ਇੱਕ ਤਜਰਬੇਕਾਰ ਬਜ਼ੁਰਗ ਔਰਤ ਤੋਂ ਮਦਦ ਲੈ ਸਕਦਾ ਹੈ - ਭਾਵੇਂ ਇਹ ਸਲਾਹ ਲਈ ਹੋਵੇ, ਪਰਿਵਾਰਕ ਸਮੱਸਿਆ ਹੋਵੇ ਜਾਂ ਭਾਵਨਾਤਮਕ ਸਹਾਇਤਾ ਲਈ।

**ਬਜ਼ੁਰਗਾਂ ਦਾ ਅਨੁਭਵ ਨੌਜਵਾਨਾਂ ਲਈ ਸਹਾਰਾ ;** ਕਲਾਇੰਟ ਸੇਵਾਵਾਂ ਨਾਲ ਜੁੜੇ ਦਾਦੀ ਸਮਾਜ 'ਚ ਆਪਣੀ ਭੂਮਿਕਾ ਨਿਭਾਉਣ ਲਈ ਉਤਸੁਕ ਹਨ। ਉਨ੍ਹਾਂ ਦਾ ਮੰਨਣਾ ਹੈ ਕਿ ਭਾਵੇਂ ਉਨ੍ਹਾਂ ਦੀ ਉਮਰ ਵਧ ਗਈ ਹੈ, ਪਰ ਹਰ ਪੀੜ੍ਹੀ ਨੂੰ ਤਜਰਬੇ ਅਤੇ ਪਿਆਰ ਦੀ ਲੋੜ ਹੁੰਦੀ ਹੈ। ਇਹ ਦਾਦੀਆਂ ਜ਼ਿੰਦਗੀ ਨਾਲ ਜੁੜੇ ਕਈ ਮੁੱਦਿਆਂ ਤੇ ਮਾਰਗਦਰਸ਼ਨ ਪ੍ਰਦਾਨ ਕਰਦੀਆਂ ਹਨ - ਜਿਵੇਂ ਕਿ ਬੱਚਿਆਂ ਦੀ ਪਰਵਰਿਸ਼, ਪਰਿਵਾਰਕ ਰਿਸ਼ਤਿਆਂ 'ਚ ਸਦਭਾਵਨਾ, ਘਰੇਲੂ ਕੰਮਾਂ ਦਾ ਪ੍ਰਬੰਧਨ ਅਤੇ ਮੁਸ਼ਕਲ ਹਾਲਾਤਾਂ ਵਿੱਚ ਮਾਨਸਿਕ ਤਾਕਤ।

**ਹਰ ਲੋੜ ਲਈ ਇੱਕ ਵੱਖਰੀ ਦਾਦੀ :** ਕੰਪਨੀ ਕੋਲ 100 ਤੋਂ ਵੱਧ ਤਜਰਬੇਕਾਰ ਦਾਦੀਆਂ ਹਨ, ਜੋ ਵੱਖ-ਵੱਖ ਹੁਨਰਾਂ ਵਿੱਚ ਨਿਪੁੰਨ ਹਨ। ਕੁਝ ਸ਼ਾਨਦਾਰ ਰਵਾਇਤੀ ਭੋਜਨ ਪਕਾਉਣਾ ਜਾਣਦੇ ਹਨ, ਜਦੋਂ ਕਿ ਕੁਝ ਘਰੇਲੂ ਸਫਾਈ ਜਾਂ ਦੇਖਭਾਲ ਵਿੱਚ ਮਾਹਰ ਹਨ। ਗਾਹਕ ਆਪਣੀ ਲੋੜ ਅਨੁਸਾਰ ਦਾਦੀ ਚੁਣ ਸਕਦੇ ਹਨ।

**ਕੋਈ ਵਿਸ਼ੇਸ਼ ਯੋਗਤਾ ਨਹੀਂ, ਸਿਰਫ਼ ਅਨੁਭਵ ਅਤੇ ਧੀਰਜ ਦੀ ਲੋੜ :** ਓਕੇ ਗ੍ਰੈਂਡਮਾ ਵਿੱਚ ਸ਼ਾਮਲ ਹੋਣ ਲਈ ਕਿਸੇ ਵਿਸ਼ੇਸ਼ ਡਿਗਰੀ ਜਾਂ ਸਿਖਲਾਈ ਦੀ ਲੋੜ ਨਹੀਂ ਹੈ। ਜੇਕਰ ਕਿਸੇ ਬਜ਼ੁਰਗ ਔਰਤ ਕੋਲ ਤਜਰਬਾ, ਸੁਣਨ ਦੀ ਯੋਗਤਾ, ਧੀਰਜ ਅਤੇ ਸਲਾਹ ਦੇਣ ਦੀ ਸਮਝ ਹੈ, ਤਾਂ ਉਹ ਇਸ ਸੇਵਾ ਦਾ ਹਿੱਸਾ ਬਣ ਸਕਦੀ ਹੈ ਅਤੇ ਸਨਮਾਨ ਨਾਲ ਵਾਧੂ ਆਮਦਨ ਕਮਾ ਸਕਦੀ ਹੈ।

# ਹਿਮਾਚਲ ਪ੍ਰਦੇਸ਼ ਵਿੱਚ ਕੁਦਰਤੀ ਆਫ਼ਤਾਂ ਦੇ ਮੱਦੇਨਜ਼ਰ ਖੇਤਰੀ ਕੇਂਦਰੀ ਟੀਮ ਦੇ ਗਠਨ ਦੇ ਨਿਰਦੇਸ਼

ਨਵੀਂ ਦਿੱਲੀ, 20 ਜੁਲਾਈ, (ਅੰਮ੍ਰਿਤਪਾਲ ਸਿੰਘ) : ਕੇਂਦਰੀ ਗ੍ਰਹਿ ਅਤੇ ਸਹਿਕਾਰਤਾ ਮੰਤਰੀ ਸ਼੍ਰੀ ਅਮਿਤ ਸ਼ਾਹ ਨੇ ਹਿਮਾਚਲ ਪ੍ਰਦੇਸ਼ ਵਿੱਚ ਕੁਦਰਤੀ ਆਫ਼ਤਾਂ ਦੀ ਬਾਰੰਬਾਰਤਾ ਅਤੇ ਤੀਬਰਤਾ ਦੇ ਮੱਦੇਨਜ਼ਰ ਇੱਕ ਬਹੁ-ਖੇਤਰੀ ਕੇਂਦਰੀ ਟੀਮ ਦੇ ਗਠਨ ਦੇ ਨਿਰਦੇਸ਼ ਦਿੱਤੇ ਹਨ।ਕੇਂਦਰੀ ਗ੍ਰਹਿ ਅਤੇ ਸਹਿਕਾਰਤਾ ਮੰਤਰੀ ਸ਼੍ਰੀ ਅਮਿਤ ਸ਼ਾਹ ਦੀ ਪ੍ਰਧਾਨਗੀ ਹੇਠ ਹੋਈ ਇੱਕ ਮੀਟਿੰਗ ਵਿੱਚ, ਇਹ ਦੇਖਿਆ ਗਿਆ ਕਿ ਹਿਮਾਚਲ ਪ੍ਰਦੇਸ਼ ਵਿੱਚ ਬੱਦਲ ਫਟਣ, ਅਚਾਨਕ ਹੜ੍ਹ, ਜ਼ਮੀਨ ਖਿਸਕਣ ਅਤੇ ਮੋਹਲੇਧਾਰ ਬਾਰਿਸ਼ ਦੀ ਬਾਰੰਬਾਰਤਾ ਅਤੇ ਤੀਬਰਤਾ ਵਿੱਚ ਵਾਧਾ ਹੋਇਆ ਹੈ, ਜਿਸ ਕਾਰਨ ਵਿਆਪਕ ਜਾਨੀ ਨੁਕਸਾਨ, ਬੁਨਿਆਦੀ ਢਾਂਚੇ ਅਤੇ ਰੋਜ਼ੀ-ਰੋਟੀ ਨੂੰ ਨੁਕਸਾਨ ਹੋਇਆ ਹੈ, ਅਤੇ ਰਾਜ ਵਿੱਚ ਵਾਤਾਵਰਣ ਦਾ ਵਿਗਾੜ ਹੋਇਆ ਹੈ। ਕੇਂਦਰੀ ਗ੍ਰਹਿ ਮੰਤਰੀ ਸ਼੍ਰੀ ਅਮਿਤ ਸ਼ਾਹ ਨੇ ਤੁਰੰਤ ਇੱਕ ਬਹੁ-ਖੇਤਰੀ ਕੇਂਦਰੀ ਟੀਮ ਦੇ ਗਠਨ ਦਾ ਆਦੇਸ਼ ਦਿੱਤਾ ਜਿਸ ਵਿੱਚ ਰਾਸ਼ਟਰੀ ਆਫ਼ਤ ਪ੍ਰਬੰਧਨ ਅਥਾਰਟੀ ਕੇਂਦਰੀ ਇਮਾਰਤ ਖੋਜ ਸੰਸਥਾ ਰੁੜਕੀ, ਭਾਰਤੀ ਟ੍ਰੋਪਿਕਲ ਮੌਸਮ ਵਿਗਿਆਨ ਸੰਸਥਾ ਪੁਣੇ, ਭੂ-ਵਿਗਿਆਨੀ ਅਤੇ ਭਾਰਤੀ ਤਕਨਾਲੋਜੀ ਸੰਸਥਾ ਇੰਦੌਰ ਦੇ ਮਾਹਿਰ ਸ਼ਾਮਲ ਹੋਣਗੇ।ਇਸ ਤੋਂ ਇਲਾਵਾ, 2025 ਵਿੱਚ ਦੱਖਣ-ਪੱਛਮੀ ਮਾਨਸੂਨ ਦੌਰਾਨ ਹਿਮਾਚਲ ਪ੍ਰਦੇਸ਼ ਦੇ ਵੱਖ-ਵੱਖ ਹਿੱਸਿਆਂ ਵਿੱਚ ਆਏ ਹੜ੍ਹਾਂ, ਅਚਾਨਕ ਹੜ੍ਹਾਂ ਅਤੇ ਜ਼ਮੀਨ ਖਿਸਕਣ ਦੇ ਮੱਦੇਨਜ਼ਰ, ਕੇਂਦਰ ਸਰਕਾਰ ਨੇ ਪਹਿਲਾਂ ਹੀ ਇੱਕ ਅੰਤਰ-ਮੰਤਰਾਲਾ ਕੇਂਦਰੀ ਟੀਮ ਨੂੰ ਨੁਕਸਾਨ ਦੇ ਸਿੱਧੇ ਮੁਲਾਂਕਣ ਲਈ ਭੇਜ ਦਿੱਤਾ ਹੈ, ਬਿਨਾਂ ਉਨ੍ਹਾਂ ਦੇ ਮੈਮੋਰੰਡਮ ਦੀ ਉਡੀਕ ਕੀਤੇ। ਕੇਂਦਰ ਸਰਕਾਰ ਨੇ ਹਿਮਾਚਲ ਪ੍ਰਦੇਸ਼ ਸਮੇਤ ਸਾਰੇ ਰਾਜਾਂ ਨੂੰ ਸਾਰੀ ਲੋੜੀਂਦੀ ਲੌਜਿਸਟਿਕਲ ਸਹਾਇਤਾ ਪ੍ਰਦਾਨ ਕੀਤੀ ਹੈ, ਜਿਸ ਵਿੱਚ ਰਾਸ਼ਟਰੀ ਆਫ਼ਤ ਪ੍ਰਤੀਕਿਰਿਆ ਬਲ (ਐਨਡੀਆਰਐਫ) ਟੀਮਾਂ, ਫੌਜ ਦੀਆਂ ਟੀਮਾਂ ਅਤੇ ਹਵਾਈ ਸੈਨਾ ਦੀ ਤਾਇਨਾਤੀ ਸ਼ਾਮਲ ਹੈ। ਰਾਜ ਵਿੱਚ ਬਚਾਅ ਅਤੇ ਰਾਹਤ ਕਾਰਜਾਂ ਲਈ ਕੁੱਲ 13 ਐਨਡੀਆਰਐਫ ਟੀਮਾਂ ਤਾਇਨਾਤ ਹਨ।

# ਭਾਰਤੀ ਫ਼ੌਜ ਨੇ ਨੰਨ੍ਹੇ ਯੋਧੇ ਨੂੰ ਸਸ਼ਕਤ ਬਣਾਉਣ ਦੀ ਪਹਿਲ ਕੀਤੀ ਮਾਸਟਰ ਸ਼ਵਨ ਦੀ ਸਿੱਖਿਆ ਅਤੇ ਵਿਕਾਸ ਦੀ ਜ਼ਿੰਮੇਵਾਰੀ ਲਈ

ਚੰਡੀਗੜ੍ਹ, 20 ਜੁਲਾਈ, (ਅੰਮ੍ਰਿਤਪਾਲ ਸਿੰਘ) : ਸਹਾਇਤਾ ਅਤੇ ਸਸ਼ਕਤੀਕਰਨ ਦੀ ਇੱਕ ਸੁਹਿਰਦ ਪਹਿਲ ਰਾਹੀਂ, ਭਾਰਤੀ ਫੌਜ ਦੇ ਗੋਲਡਨ ਐਰੋ ਡਿਵੀਜ਼ਨ ਨੇ ਛੋਟੇ ਯੋਧੇ ਸ਼ਵਨ ਸਿੰਘ ਦੇ ਭਵਿੱਖ ਨੂੰ ਆਕਾਰ ਦੇਣ ਵੱਲ ਇੱਕ ਮਹੱਤਵਪੂਰਨ ਕਦਮ ਚੁੱਕਿਆ ਹੈ। ਆਪ੍ਰੇਸ਼ਨ ਸਿੰਦੂਰ ਦੌਰਾਨ ਉਸਦੀ ਅਸਾਧਾਰਨ ਹਿੰਮਤ ਅਤੇ ਦ੍ਰਿੜਤਾ ਨੂੰ ਦੇਖਦੇ ਹੋਏ, ਭਾਰਤੀ ਫੌਜ ਨੇ ਸ਼ਵਨ ਦੀ ਸਿੱਖਿਆ ਨੂੰ ਪੂਰੀ ਤਰ੍ਹਾਂ ਸਪਾਂਸਰ ਕਰਨ ਲਈ ਵਚਨਬੱਧਤਾ ਪ੍ਰਗਟਾਈ ਹੈ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ



ਵਿੱਤੀ ਰੁਕਾਵਟਾਂ ਉਸਦੇ ਵਿਕਾਸ ਅਤੇ ਇੱਛਾਵਾਂ ਵਿੱਚ ਰੁਕਾਵਟ ਨਾ ਬਣਨ।ਫਿਰੋਜ਼ਪੁਰ ਛਾਉਣੀ ਵਿਖੇ ਇੱਕ ਵਿਸ਼ੇਸ਼ ਸਮਾਰੋਹ ਦੌਰਾਨ, ਪੱਛਮੀ ਕਮਾਂਡ ਦੇ ਜੀਓਸੀ-ਇਨ-ਸੀ, ਲੈਫਟੀਨੈਂਟ ਜਨਰਲ ਮਨੋਜ ਕੁਮਾਰ ਕਟਿਆਰ ਨੇ ਨਿੱਜੀ ਤੌਰ 'ਤੇ ਮਾਸਟਰ ਸ਼ਵਨ ਨੂੰ ਸਨਮਾਨਤ ਕੀਤਾ, ਜੋ ਕਿ ਭਾਰਤੀ ਫੌਜ ਦੇ ਪੰਜਾਬ ਦੇ ਲੋਕਾਂ ਨਾਲ ਅਟੁੱਟ ਰਿਸ਼ਤੇ ਅਤੇ ਅਗਲੀ ਪੀੜ੍ਹੀ ਪ੍ਰਤੀ ਜ਼ਿੰਮੇਵਾਰੀ ਦੀ ਡੂੰਘੀ ਭਾਵਨਾ ਨੂੰ ਦਰਸਾਉਂਦਾ ਹੈ। ਇਹ ਪਹਿਲ ਫੌਜ ਦੇ ਨਾ ਸਿਰਫ਼ ਦੇਸ਼ ਦੀਆਂ ਸਰਹੱਦਾਂ ਦੀ ਰੱਖਿਆ ਕਰਨ ਦੇ ਵਾਅਦੇ ਦਾ ਸਬੂਤ ਹੈ, ਸਗੋਂ ਇਸਦੇ ਭਵਿੱਖ ਨੂੰ ਆਕਾਰ ਦੇਣ ਦੀ ਵਚਨਬਧਤਾ ਵੀ ਹੈ। ਸ਼ਵਨ ਦੀ ਕਹਾਣੀ ਦੇਸ਼ ਭਰ ਦੇ ਉਨ੍ਹਾਂ ਨਾਇਕਾਂ ਦੀ ਯਾਦ ਦਿਵਾਉਂਦੀ ਹੈ, ਜੋ ਸਤਿਕਾਰ ਅਤੇ ਮਾਣ ਦੇ ਹੱਕਦਾਰ ਹਨ। ਇਸ ਪਹਿਲਕਦਮੀ ਤਹਿਤ, ਸ਼ਵਨ ਨੂੰ ਵਿਆਪਕ ਵਿਦਿਅਕ ਸਹਾਇਤਾ ਯਕੀਨੀ ਬਣਾਈ ਜਾਵੇਗੀ। ਭਾਰਤੀ ਫੌਜ ਦਾ ਗੋਲਡਨ ਐਰੋ ਡਿਵੀਜ਼ਨ ਸ਼ਵਨ ਦੀ ਦਾਖਲੇ ਤੋਂ ਲੈ ਕੇ ਵਿਦਿਅਕ ਜ਼ਰੂਰਤਾਂ ਤੱਕ, ਸਕੂਲਿੰਗ ਦੇ ਸਾਰੇ ਪਹਿਲੂਆਂ ਨੂੰ ਕਵਰ ਕਰੇਗਾ। ਇਸਦਾ ਉਦੇਸ਼ ਸ਼ਵਨ ਨੂੰ ਉਸਦੀ ਵਿਦਿਅਕ ਯਾਤਰਾ ਵਿੱਚ ਉੱਤਮਤਾ ਪ੍ਰਾਪਤ ਕਰਨ ਲਈ ਜ਼ਰੂਰੀ ਮੌਕੇ ਅਤੇ ਸਰੋਤ ਪ੍ਰਦਾਨ ਕਰਨਾ ਹੈ।

## ਜਨਮ ਦਿਨ ਮੁਬਾਰਕ



ਜਸ਼ਨਪ੍ਰੀਤ ਸਿੰਘ



ਚਰਾਗਜੋਤ ਸਿੰਘ



ਪਾਰਸ਼ਦੀਪ ਸਿੰਘ

# ਖਾਲੀ ਪਲਾਟ 'ਚੋਂ ਗੁੰਮਸ਼ੁਦਾ ਨੌਜਵਾਨ ਦੀ ਗਲੀ-ਸੜੀ ਲਾਸ਼ ਬਰਾਮਦ, ਕਤਲ ਦਾ ਖਦਸ਼ਾ

ਬਠਿੰਡਾ, 20 ਜੁਲਾਈ (ਦੀਪਕ ਸ਼ਰਮਾ):ਸਥਾਨਕ ਸ਼ਹਿਰ ਦੇ ਜੁਝਾਰ ਸਿੰਘ ਨਗਰ ਵਿੱਚ ਸ਼ਨੀਵਾਰ ਦੇਰ ਸ਼ਾਮ ਇੱਕ ਨੌਜਵਾਨ ਦੀ ਗਲੀ ਸੜੀ ਲਾਸ਼ ਮਿਲਣ ਨਾਲ, ਪੂਰੇ ਇਲਾਕੇ ਵਿੱਚ ਦਹਿਸ਼ਤ ਦਾ ਮਾਹੌਲ ਬਣ ਗਿਆ। ਲਾਸ਼ ਮਿਲਣ ਦੀ ਸੂਚਨਾ ਮਿਲਦਿਆਂ ਹੀ ਨੌਜਵਾਨ ਵੈਲਫੇਅਰ ਸੋਸਾਇਟੀ ਦੇ ਵਰਕਰ ਅਤੇ ਥਾਣਾ ਕੈਂਟ ਦੀ ਪੁਲਿਸ ਮੌਕੇ 'ਤੇ ਪਹੁੰਚੀ। ਪੁਲਿਸ ਨੇ ਸੋਸਾਇਟੀ ਦੇ ਵਰਕਰਾਂ ਦੀ ਮਦਦ ਨਾਲ ਲਾਸ਼ ਨੂੰ ਸਥਾਨਕ ਸਰਕਾਰੀ ਹਸਪਤਾਲ ਦੇ ਮੁਰਦਾ ਘਰ ਵਿੱਚ ਰਖਵਾਇਆ। ਇਸ ਸਬੰਧੀ ਸੋਸਾਇਟੀ ਦੇ ਪ੍ਰਧਾਨ ਸੋਨੂ ਮਹਸ਼ੁਰੀ ਨੇ ਦੱਸਿਆ ਕਿ ਸੂਚਨਾ ਮਿਲੀ ਸੀ ਗਲੀ ਨੰਬਰ 7 ਦੇ ਇੱਕ ਖਾਲੀ ਪਲਾਟ ਵਿੱਚੋਂ ਇੱਕ ਨੌਜਵਾਨ ਦੀ ਗਲੀ-ਸੜੀ ਲਾਸ਼ ਬਰਾਮਦ ਹੋਈ ਹੈ। ਜਿਸ ਤੋਂ ਬਾਅਦ ਸੋਸਾਇਟੀ ਦੇ ਵਰਕਰ ਮੌਕੇ 'ਤੇ ਪਹੁੰਚੇ ਅਤੇ ਥਾਣਾ ਕੈਂਟ ਦੇ ਪੁਲਿਸ ਵੀ ਵਾਰਦਾਤ ਵਾਲੇ ਸਥਾਨ 'ਤੇ ਪਹੁੰਚ ਚੁੱਕੀ ਸੀ। ਉਕਤ ਲਾਸ਼ ਕੁਝ ਦਿਨ ਪਹਿਲਾਂ ਲਾਪਤਾ ਹੋਏ ਇੱਕ ਨੌਜਵਾਨ ਦੀ ਸੀ।ਲਾਸ਼ 'ਤੇ ਸੱਟਾਂ ਦੇ ਨਿਸ਼ਾਨ ਸਪੱਸ਼ਟ ਦੱਸ ਰਹੇ ਹਨ ਕਿ ਇਹ ਮੌਤ ਕੁਦਰਤੀ ਨਹੀਂ, ਬਲਕਿ ਕਤਲ ਦਾ ਮਾਮਲਾ ਹੈ। ਪੁਲਿਸ ਨੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ। ਜਾਣਕਾਰੀ ਅਨੁਸਾਰ ਸ਼ਨੀਵਾਰ ਦੇਰ ਸ਼ਾਮ ਨੂੰ ਸ਼ਹਿਰ ਦੇ ਜੁਝਾਰ ਸਿੰਘ ਨਗਰ, ਗਲੀ ਨੰਬਰ-7 ਦੇ ਇੱਕ ਖਾਲੀ ਪਲਾਟ ਵਿੱਚੋਂ ਗੁੰਮਸ਼ੁਦਾ ਇੱਕ ਨੌਜਵਾਨ ਦੀ ਗਲੀ-ਸੜੀ ਲਾਸ਼ ਬਰਾਮਦ ਹੋਈ। ਮ੍ਰਿਤਕ ਨੌਜਵਾਨ ਦੇ ਸਰੀਰ 'ਤੇ ਸੱਟਾਂ ਦੇ ਨਿਸ਼ਾਨ ਸਨ, ਜਿਸ ਤੋਂ ਇਹ ਖਦਸ਼ਾ ਜਤਾਇਆ ਜਾ ਰਿਹਾ ਹੈ ਕਿ ਨੌਜਵਾਨ ਦਾ ਕਤਲ ਕਰਨ ਤੋਂ ਬਾਅਦ ਲਾਸ਼ ਨੂੰ ਇੱਥੇ ਸੁੱਟਿਆ ਗਿਆ ਹੈ। ਥਾਣਾ ਕੈਂਟ ਦੀ ਪੁਲਿਸ ਤੋਂ ਇਲਾਵਾ ਫੋਰੈਂਸਿਕ ਟੀਮ ਨੇ ਵੀ ਵਾਰਦਾਤ ਵਾਲੀ ਜਗ ?ਹਾ ਦਾ ਮੁਆਇਨਾ ਕੀਤਾ। ਪੁਲਿਸ ਕਾਰਵਾਈ ਤੋਂ ਬਾਅਦ ਸਮਾਜ ਸੇਵੀ ਸੰਸਥਾ ਨੌਜਵਾਨ ਵੈਲਫੇਅਰ ਸੋਸਾਇਟੀ ਦੇ ਵਲੰਟੀਅਰ ਯਾਦਵਿੰਦਰ ਕੰਗ, ਵਿਸ਼ਾਲ ਚੌਹਾਨ, ਨੇ ਮ੍ਰਿਤਕ ਦੀ ਲਾਸ਼ ਨੂੰ ਸਥਾਨਕ ਸਰਕਾਰੀ ਹਸਪਤਾਲ ਦੇ ਮੁਰਦਾ ਘਰ ਵਿੱਚ ਪਹੁੰਚਾਇਆ। ਮ੍ਰਿਤਕ ਨੌਜਵਾਨ ਦੀ ਪਛਾਣ ਮੋਹਨ (25) ਪੁੱਤਰ ਦਿਨੇਸ਼ ਪਾਸਵਾਨ ਵਾਸੀ ਬਾਬਾ ਫਰੀਦ ਨਗਰ ਵਜੋਂ ਹੋਈ। ਮ੍ਰਿਤਕ ਨੌਜਵਾਨ ਦੇ ਪਰਿਵਾਰਕ ਮੈਂਬਰ ਵੀ ਘਟਨਾ ਸਥਾਨ 'ਤੇ ਪਹੁੰਚ ਗਏ, ਜਿਨ੍ਹਾਂ ਨੇ ਦੱਸਿਆ ਕਿ ਨੌਜਵਾਨ ਪਿਛਲੇ ਦੋ ਦਿਨਾਂ ਤੋਂ ਘਰ ਨਹੀਂ ਆਇਆ ਸੀ, ਜਿਸ ਦੀ ਪਰਿਵਾਰ ਤਲਾਸ਼ ਕਰ ਰਿਹਾ ਸੀ। ਇਹ ਵੀ ਸ਼ੱਕ ਹੈ ਕਿ ਉਕਤ ਵਿਅਕਤੀ ਦਾ ਕਤਲ ਕੀਤਾ ਗਿਆ ਹੈ, ਕਿਉਂਕਿ ਉਸ ਦੇ ਸਿਰ ਅਤੇ ਪੈਰਾਂ 'ਤੇ ਸੱਟਾਂ ਦੇ ਨਿਸ਼ਾਨ ਹਨ। ਇਸ ਸਬੰਧੀ ਥਾਣਾ ਕੈਂਟ ਪੁਲਿਸ ਦਾ ਕਹਿਣਾ ਹੈ ਕਿ ਮੌਤ ਦੇ ਸਹੀ ਕਾਰਨਾਂ ਦਾ ਪਤਾ ਪੋਸਟਮਾਰਟਮ ਰਿਪੋਰਟ ਆਉਣ ਤੋਂ ਬਾਅਦ ਹੀ ਲੱਗੇਗਾ। ਫਿਲਹਾਲ ਪਰਿਵਾਰਕ ਮੈਂਬਰਾਂ ਵੱਲੋਂ ਪੁਲਿਸ ਨੂੰ ਜੋ ਵੀ ਬਿਆਨ ਦਰਜ ਕਰਵਾਏ ਜਾਣਗੇ, ਉਸ ਦੇ ਆਧਾਰ 'ਤੇ ਬਣਦੀ ਕਾਰਵਾਈ ਕੀਤੀ ਜਾਵੇਗੀ। ਮ੍ਰਿਤਕ ਚਾਰ ਦਿਨ ਪਹਿਲਾਂ ਕਿਸੇ ਸਰਵਿਸ ਸਟੇਸ਼ਨ 'ਤੇ ਕੰਮ 'ਤੇ ਲੱਗਾ ਸੀ।

# ਗ੍ਰਾਮ ਪੰਚਾਇਤ ਤੇ ਤਰਨਜੋਤ ਵੈਲਫ਼ੇਅਰ ਸੁਸਾਇਟੀ ਬੱਲ੍ਹੋ ਦੇ ਰਿਹੈ ਬੱਚਿਆਂ ਨੂੰ ਗੁਰਮਤਿ ਵਿੱਦਿਆ



ਰਾਮਪੁਰਾ ਫੂਲ, 20 ਜੁਲਾਈ (ਜਗਸੀਰ ਭੁੱਲਰ): ਬੱਚਿਆਂ ਨੂੰ ਗੁਰਮਤਿ ਨਾਲ ਜੋੜਨ 'ਤੇ ਸੁੱਚਿਆਰਾ ਬਣਾਉਣ ਦੇ ਮਕਸਦ ਨਾਲ ਤਰਨਜੋਤ ਵੈਲਫੇਅਰ ਸੁਸਾਇਟੀ ਤੇ ਗ੍ਰਾਮ ਪੰਚਾਇਤ ਬੱਲ੍ਹੋ ਨੇ ਬੱਚਿਆਂ ਦੀਆ ਗੁਰਮਤਿ ਕਲਾਸਾਂ ਯੂਥ ਲਾਇਬਰੇਰੀ ਵਿੱਚ ਲਗਾਈਆ ਜਾ ਰਹੀਆ ਹਨ, ਜਿੱਥੇ ਬੱਚਿਆਂ ਨੂੰ ਗੁਰਮਤਿ ਨਾਲ ਜੋੜਿਆਂ ਜਾ ਰਿਹਾ ਹੈ ਲੂ ਉਥੇ ਹੀ ਬੱਚਿਆਂ ਨੂੰ ਸਮੇ ਸਮੇ ਤੇ ਧਾਰਮਿਕ ਸਥਾਨਾਂ ਦੇ ਦਰਸਨ ਕਰਵਾਏ ਜਾਦੇ ਹਨ ਤਰਨਜੋਤ ਵੈਲਫੇਅਰ ਸੁਸਾਇਟੀ ਦੇ ਮੁੱਖ ਬਲਾਰੇ ਅਤੇ ਗੁਰਮਤਿ ਦੀ ਵਿੱਦਿਆ ਦੇਣ ਵਾਲੇ ਬਾਬਾ ਗੁਰਪ੍ਰੀਤ ਸਿੰਘ ਦਾ ਕਹਿਣਾ ਹੈ ਕਿ ਗੁਰਮਤਿ ਸਮਾਜ ਦੀ ਮੁੱਖ ਲੋੜ ਹੈ ਲੂ ਜੇਕਰ ਆਪਣੇ ਬੱਚਿਆਂ ਨੂੰ ਗੁਰਮਤਿ ਨਾਲ ਜੋੜਾਗੇ ਤਾਂ ਬੱਚੇ ਗਲਤ ਸੰਗਤ ਤੇ ਨਸਿਆਂ ਵਰਗੀਆਂ ਭੈੜੀਆਂ ਲਾਅਨਤਾਂ ਤੇ ਦੂਰ ਰਹਿਣਗੇ ।ਗੁਰਮਤਿ ਨਾਲ ਸਮਾਜ ਨੂੰ ਜਿੰਦਗੀ ਜਿਉਣ ਦੀ ਸੇਧ ਮਿਲਦੀ ਹੈ, ਉਨਾਂ ਕਿਹਾ ਕਿ ਸੁਸਾਇਟੀ ਨੇ ਚੰਗਾ ਉਪਰਾਲਾ ਕਰਦਿਆ ਚੰਗੇ ਕਾਰਜ ਦੀ ਪਿਛਲੇ ਇੱਕ ਸਾਲ ਮੁਹਿੰਮ ਛੇੜੀ ਹੋਈ ਹੈ, ਗੁਰਮਤਿ ਦੀਆਂ ਕਲਾਸਾਂ ਵਿੱਚ ਲੜਕੀਆਂ ਵੀ ਭਾਗ ਲੈਂਦੀਆਂ ਹਨ,ਸੁਸਾਇਟੀ ਦੇ ਪ੍ਰਧਾਨ ਕਰਮਜੀਤ ਸਿੰਘ ਤੇ ਸਰਪੰਚ ਅਮਰਜੀਤ ਕੌਰ ਨੇ ਦੱਸਿਆ ਕਿ ਬੱਚਿਆਂ ਦੇ ਟੈਸਟ ਮੁਕਾਬਲੇ ਕਰਵਾਏ ਜਾਂਦੇ ਹਨ ਅਤੇ ਪਹਿਲੇ ਦੂਜੇ ਤੇ ਤੀਜੇ ਸਥਾਨ 'ਤੇ ਆਉਣ ਵਾਲਿਆਂ ਨੂੰ ਇਨਾਮ ਦਿੱਤੇ ਜਾਂਦੇ ਹਨ। ਇਸ ਤੋਂ ਇਲਾਵਾ ਗੱਤਕਾ ਲੂ ਲੰਬੇ ਕੇਸ ਮੁਕਾਬਲਾ ਸੁੰਦਰ ਲਿਖਾਈ ਦੇ ਮੁਕਾਬਲੇ ਕਰਵਾਏ ਜਾਦੇ ਹਨ। ਪ੍ਰੋਜੈਕਟਰ ਰਾਹੀਂ ਬੱਚਿਆਂ ਨੂੰ ਧਾਰਮਿਕ ਤੇ ਸਮਾਜ ਨੂੰ ਚੰਗੀ ਸੇਧ ਦੇਣ ਵਾਲੀਆ ਫਿਲਮਾਂ ਦਿਖਾਈਆਂ ਜਾਦੀਆਂ ਹਨ। ਇਸ ਤੋਂ ਇਲਾਵਾ ਸਕੂਲਾਂ ਵਿੱਚ ਵੀ ਗੁਰਮਤਿ ਦੇ ਸਬੰਧ ਵਿੱਚ ਲੈਕਚਰ ਦਿੱਤੇ ਜਾਦੇ ਹਨ। ਇਹ ਸਾਰੇ ਕਾਰਜਾਂ ਦਾ ਬੀੜਾਂ ਤਰਨਜੋਤ ਵੈਲਫੇਅਰ ਸੁਸਾਇਟੀ ਨੇ ਚੁੱਕਿਆ ਹੋਇਆ ਹੈ ਸੁਸਾਇਟੀ ਦੇ ਸਰਪ੍ਰਸਤ ਤੇ ਸਮਾਜ ਸੇਵੀ ਗੁਰਮੀਤ ਸਿੰਘ ਮਾਨ ਨੇ ਕਿਹਾ ਕਿ ਨਵੀਂ ਪੀੜ੍ਹੀ ਨੂੰ ਗੁਰਮਤਿ ਨਾਲ ਜੋੜਨ ਤੇ ਵਿੱਦਿਆ ਦੇਣ ਨਾਲ ਹੀ ਸਮਾਜ ਵਿੱਚ ਸੁਧਾਰ ਆਵੇਗਾ ਅਤੇ ਚੰਗੇ ਇਨਸਾਨ ਬਣਨ ਤੇ ਚੰਗਾ ਜੀਵਨ ਬਤੀਤ ਕਰਨ ਦੀ ਜਾਂਚ ਆਵੇਗੀ। ਗੁਰਮਤਿ ਨਾਲ ਜੁੜਨਾ ਸਮੇਂ ਦੀ ਬਹੁਤ ਲੋੜ ਹੈ। ਸੁਸਾਇਟੀ ਵਿੱਦਿਆ ਦੇ ਚਾਨਣ ਮੁਨਾਰੇ ਲਈ ਹਮੇਸ਼ਾ ਹਰ ਸੰਭਵ ਕੋਸ਼ਿਸ਼ ਕਰਦੀ ਰਹੇਗੀ।

# ਪੀਜੀ ਦੀ ਆੜ 'ਚ ਚੱਲ ਰਹੇ ਦੇਹ ਵਪਾਰ ਦੇ ਧੰਦੇ ਦਾ ਪਰਦਾਫਾਸ਼, ਦੋ ਔਰਤਾਂ ਸਮੇਤ ਤਿੰਨ ਗ੍ਰਿਫ਼ਤਾਰ

ਬਠਿੰਡਾ, 20 ਜੁਲਾਈ (ਦੀਪਕ ਸ਼ਰਮਾ)ਸ਼ਹਿਰ ਵਿੱਚ ਦੇਹ ਵਪਾਰ ਦਾ ਕਾਲਾ ਕਾਰੋਬਾਰ ਲਗਾਤਾਰ ਫੈਲ ਰਿਹਾ ਹੈ। ਤਾਜ਼ਾ ਮਾਮਲਾ ਅਜੀਤ ਰੋਡ ਗਲੀ ਨੰਬਰ ਛੇ ਦਾ ਹੈ, ਜਿੱਥੇ ਇੱਕ ਪੀਜੀ ਵਿੱਚ ਚੱਲ ਰਹੇ ਦੇਵ ਵਪਾਰ ਦੇ ਧੰਦੇ ਨੂੰ ਪੁਲਿਸ ਨੇ ਬੇਨਕਾਬ ਕਰਦੇ ਹੋਏ ਦੋ ਔਰਤਾਂ ਸਮੇਤ ਤਿੰਨ ਜਣਿਆਂ ਨੂੰ ਗ੍ਰਿਫਤਾਰ ਕੀਤਾ ਹੈ। ਇਹ ਕਾਰਵਾਈ ਥਾਣਾ ਸਿਵਲ ਲਾਈਨ ਦੀ ਪੁਲਿਸ ਵੱਲੋਂ ਅਮਲ ਵਿੱਚ ਲਿਆਂਦੀ ਗਈ ਹੈ ।ਜਿਕਰ ਯੋਗ ਹੈ ਕਿ ਇਹ ਕੋਈ ਪਹਿਲਾ ਮਾਮਲਾ ਨਹੀਂ ਹੈ, ਬਲਕਿ ਸ਼ਹਿਰ ਦੇ ਕਈ ਛੋਟੇ-ਵੱਡੇ ਗੈਸਟ ਹਾਊਸਾਂ ਅਤੇ ਪੀਜੀ ਵਿੱਚ ਜਿਸਮ ਫਰੋਸ਼ੀ ਲੰਮੇ ਸਮੇਂ ਤੋਂ ਚੱਲ ਰਹੀ ਹੈ, ਜਿਸ 'ਤੇ ਹੁਣ ਵੱਡੇ ਸਵਾਲ ਖੜ੍ਹੇ ਹੋ ਰਹੇ ਹਨ ।ਦੱਸਣਾ ਬਣਦਾ ਹੈ ਕਿ ਕੁਝ ਦਿਨ ਪਹਿਲਾਂ ਹੀ ਥਾਣਾ ਕੈਂਟ ਵੱਲੋਂ ਅਦੇਸ਼ ਹਸਪਤਾਲ ਦੇ ਸਾਹਮਣੇ ਸਥਿਤ ਇੱਕ ਕੈਫੇ 'ਤੇ ਛਾਪਾ ਮਾਰ ਕੇ ਦੇਹ ਵਪਾਰ ਦੇ ਅੱਡੇ ਦਾ ਪਰਦਾਫਾਸ਼ ਕੀਤਾ ਸੀ। ਇਸੇ ਤਰ੍ਹਾਂ ਥਾਣਾ ਸਿਵਲ ਲਾਈਨ ਦੀ ਪੁਲਿਸ ਵੱਲੋਂ ਵੀ ਇੱਕ ਹੋਟਲ 'ਤੇ ਛਾਪਾ ਮਾਰ ਕੇ ਦੇਹ ਵਪਾਰ ਦੇ ਅੱਡੇ ਦਾ ਭਾਂਡਾ ਭੰਨ੍ਹ ?ਆ ਗਿਆ ਸੀ। ਜੇਕਰ ਪੁਲਿਸ ਹੋਰ ਸਖ਼ਤਾਈ ਵਰਤੇ ਤਾਂ ਸ਼ਹਿਰ ਵਿੱਚ ਚੱਲ ਰਹੇ ਜਿਸਮ ਫਰੋਸ਼ੀ ਦੇ ਵੱਡੇ ਨੈਟਵਰਕ ਦਾ ਪਰਦਾਫਾਸ਼ ਹੋ ਸਕਦਾ ਹੈ, ਅਤੇ ਪੁਲਿਸ ਨੂੰ ਇੱਕ ਵੱਡੀ ਕਾਮਯਾਬੀ ਮਿਲ ਸਕਦੀ ਹੈ ।ਤਾਜ਼ਾ ਮਾਮਲੇ ਸਬੰਧੀ ਮਿਲੀ ਜਾਣਕਾਰੀ ਅਨੁਸਾਰ ਸ਼ਹਿਰ ਦੇ ਅਜੀਤ ਰੋਡ, ਗਲੀ ਨੰਬਰ ਛੇ ਵਿੱਚ ਸਥਿਤ ਇੱਕ ਪੀਜੀ ਵਿੱਚ ਰਹਿਣ ਵਾਲੀਆਂ ਦੋ ਔਰਤਾਂ ਵੱਲੋਂ ਦੇਹ ਵਪਾਰ ਦਾ ਕਾਰੋਬਾਰ ਚਲਾਇਆ ਜਾ ਰਿਹਾ ਸੀ। ਥਾਣਾ ਸਿਵਲ ਲਾਈਨ ਪੁਲਿਸ ਨੇ ਗੁਪਤ ਸੂਚਨਾ ਦੇ ਆਧਾਰ 'ਤੇ ਉਕਤ ਪੀਜੀ ਵਿੱਚ ਛਾਪੇਮਾਰੀ ਕਰਕੇ ਦੋਵਾਂ ਔਰਤਾਂ ਸਮੇਤ ਤਿੰਨ ਲੋਕਾਂ ਨੂੰ ਗ੍ਰਿਫਤਾਰ ਕਰਕੇ ਉਨ੍ਹਾਂ ਖਿਲਾਫ ਮਾਮਲਾ ਦਰਜ ਕਰ ਲਿਆ ਹੈ। ਜਿਨ੍ਹਾਂ ਨੂੰ ਅਦਾਲਤ ਵਿੱਚ ਪੇਸ਼ ਕਰਕੇ ਪੁਲਿਸ ਰਿਮਾਂਡ ਲੈ ਕੇ ਪੁੱਛਗਿੱਛ ਕੀਤੀ ਜਾਵੇਗੀ ।ਇਸ ਸਬੰਧੀ ਥਾਣਾ ਸਿਵਲ ਲਾਈਨ ਦੇ ਐੱਸਐੱਚਓ ਇੰਸਪੈਕਟਰ ਹਰਜੋਤ ਸਿੰਘ ਨੇ ਦੱਸਿਆ ਕਿ ਪੁਲਿਸ ਨੂੰ ਗੁਪਤ ਸੂਚਨਾ ਮਿਲੀ ਸੀ ਕਿ ਅਜੀਤ ਰੋਡ, ਗਲੀ ਨੰਬਰ ਛੇ ਵਿੱਚ ਸਥਿਤ ਪੀਜੀ ਵਿੱਚ ਕੁਝ ਗੈਰ-ਕਾਨੂੰਨੀ ਗਤੀਵਿਧੀਆਂ ਚੱਲ ਰਹੀਆਂ ਹਨ। ਇਸ ਪੀਜੀ ਵਿੱਚ ਲੜਕੀਆਂ ਦੀ ਮਜਬੂਰੀ ਦਾ ਫਾਇਦਾ ਉਠਾ ਕੇ ਉਹਨਾਂ ਕੋਲੋਂ ਦੇਹ ਵਪਾਰ ਕਰਵਾਇਆ ਜਾਂਦਾ ਹੈ ਸੂਚਨਾ ਦੇ ਆਧਾਰ 'ਤੇ ਪੁਲਿਸ ਟੀਮ ਨੇ ਮੌਕੇ 'ਤੇ ਰੇਡ ਕੀਤੀ, ਤਾਂ ਇਸ ਜਿਸਮ ਫਰੋਸ਼ੀ ਦੇ ਅੱਡੇ ਦਾ ਪਰਦਾਫਾਸ਼ ਹੋਇਆ। ਐੱਸਐੱਚਓ ਨੇ ਦੱਸਿਆ ਕਿ ਪੁਲਿਸ ਟੀਮ ਨੇ ਮੌਕੇ 'ਤੇ ਮੁਲਜ਼ਮ ਔਰਤਾ ਅਤੇ ਜਸਪਾਲ ਸਿੰਘ ਵਾਸੀ ਪਿੰਡ ਬਰਗਾੜੀ ਜ਼ਿਲ੍ਹਾ ਫਰੀਦਕੋਟ ਨੂੰ ਮੌਕੇ 'ਤੇ ਗ੍ਰਿਫਤਾਰ ਕੀਤਾ ਗਿਆ। ਐੱਸਐੱਚਓ ਨੇ ਦੱਸਿਆ ਕਿ ਉਕਤ ਦੋਵੇਂ ਔਰਤਾਂ ਕਿਰਾਏ 'ਤੇ ਪੀਜੀ ਲੈ ਕੇ ਦੇਹ ਵਪਾਰ ਦਾ ਕੰਮ ਕਰ ਰਹੀਆਂ ਸਨ, ਜਿਸ ਦੇ ਚੱਲਦਿਆਂ ਤਿੰਨਾਂ ਖਿਲਾਫ ਮਾਮਲਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ।

# ਬਾਬਾ ਹਰਭਜਨ ਸਿੰਘ ਦੇ ਜਨਮ ਦਿਹਾੜੇ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਇਆ



ਕੌਹਰੀਆਂ, 20 ਜੁਲਾਈ (ਅਵਤਾਰ ਸਿੰਘ ਜਟਾਣਾ):ਇਲਾਕੇ ਦੀ ਪ੍ਰਸਿੱਧ ਧਾਰਮਿਕ ਸ਼ਖ਼ਸੀਅਤ ਬਾਬਾ ਹਰਭਜਨ ਸਿੰਘ ਕੌਹਰੀਆ ਵਾਲਿਆ ਦੇ ਜਨਮ ਦਿਹਾੜੇ ਨੂੰ ਸਮਰਪਿਤ ਪਿੰਡ ਵਾਸੀਆਂ ਵੱਲੋਂ ਪਾਤਸ਼ਾਹੀ ਨੌਵੀਂ ਗੁਰਦੁਆਰਾ ਸਾਹਿਬ ਵਿਖੇ ਧਾਰਮਿਕ ਸਮਾਗਮ ਕਰਵਾਇਆ ਗਿਆ। ਇਸ ਸਮੇਂ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਪਾਠ ਕੀਤੇ ਗਏ। ਭੋਗ ਉਪਰੰਤ ਕਥਾ ਵਿਚਾਰਾ ਕਰਦਿਆਂ ਬਾਬਾ ਗੁਰਜੀਤ ਸਿੰਘ ਦਰਬੜੀ ਗੁਰਜ਼ ਵਾਲਿਆ ਨੇ ਕਿਹਾ ਕਿ ਬਾਬਾ ਹਰਭਜਨ ਸਿੰਘ ਜੀ ਨੇ ਇਲਾਕੇ ਵਿੱਚ ਬਹੁਤ ਹੀ ਧਾਰਮਿਕ ਕਾਰਜ ਕਰਵਾਏ। ਉਨ੍ਹਾਂ ਜਿੱਥੇ ਗੁਰਮਤਿ ਦਾ ਪ੍ਰਚਾਰ ਕੀਤਾ, ਉੱਥੇ ਮਨੁੱਖਤਾ ਦੇ ਭਲੇ ਚਿੱਤ ਅਨੇਕਾਂ ਕੰਮ ਕੀਤੇ। ਬਾਬਾ ਜੀ ਬਹੁਤ ਹੀ ਸਾਦੇ ਸੁਭਾਅ ਅਤੇ ਸਾਦੇ ਜੀਵਨ ਵਾਲੇ ਸਨ। ਉਨ੍ਹਾਂ ਦੀ ਯਾਦ ਵਿੱਚ ਹਰ ਸਾਲ ਚਾਰ ਰੋਜ਼ਾ ਗੁਰਮਤਿ ਸਮਾਗਮ ਬਹੁਤ ਹੀ ਧੂਮਧਾਮ ਨਾਲ ਕਰਵਾਇਆ ਜਾਂਦਾ ਹੈ। ਉਹਨਾਂ ਸੰਗਤਾਂ ਨੂੰ ਕਿਹਾ ਕਿ ਅੱਜ ਕੱਲ ਲੋਕ ਸਿੱਖੀ ਸਿਧਾਂਤਾਂ ਤੋਂ ਦੂਰ ਜਾ ਰਹੇ ਹਨ। ਗੁਰਮਤਿ ਅਨੁਸਾਰ ਹਰ ਕੋਈ ਕਰਮਕਾਂਡਾਂ ਦੀ ਮਨਾਹੀ ਹੈ ਪਰ ਫਿਰ ਵੀ ਬਹੁਤ ਸਾਰੇ ਸਾਡੇ ਸਿੱਖ ਭਰਾ ਅੱਜ ਵੀ ਮੜੀਆਂ ਦੀ ਪੂਜਾ ਕਰਦੇ ਹਨ ਸਾਨੂੰ ਗੁਰਮਤਿ ਦੀ ਸੇਧ ਲੈ ਕੇ ਗੁਰਮਤਿ ਦੀ ਰੌਸ਼ਨੀ ਨਾਲ ਆਪਣੇ ਜੀਵਨ ਵਿੱਚ ਚਾਨਣ ਕਰਨਾ ਚਾਹੀਦਾ ਹੈ। ਇਸ ਮੌਕੇ ਹੈੱਡ ਗ੍ਰੰਥੀ ਭਾਈ ਕਰਮਜੀਤ ਸਿੰਘ ਨੇ ਆਈ ਸੰਗਤ ਅਤੇ ਸੰਤ ਮਹਾਪੁਰਖਾਂ ਦਾ ਧੰਨਵਾਦ ਕੀਤਾ। ਉਹਨਾਂ ਕਿਹਾ ਕਿ ਬਾਬਾ ਜੀ ਦੀ ਮਿੱਠੀ ਯਾਦ ਵਿੱਚ ਹਰ ਸਾਲ ਮਹਾਨ ਗੁਰਮਤਿ ਸਮਾਗਮ ਕਰਵਾਏ ਜਾਂਦੇ ਹਨ।

# ਖੁਰਾਕ ਸੁਰੱਖਿਆ ਵਿੰਗ ਵੱਲੋਂ ਆਂਗਣਵਾੜੀ ਕੇਂਦਰਾਂ, ਸਿਨੇਮਾ ਘਰਾਂ, ਡੇਅਰੀਆਂ ਅਤੇ ਕੰਟੀਨਾਂ ਦੀ ਜਾਂਚ



ਮਾਨਸਾ 20 ਜੁਲਾਈ: ਵਿਰੇਂਦਰਪਾਲ ਮੰਤਰੋ ਖੁਰਾਕ ਸੁਰੱਖਿਆ ਵਿੰਗ ਦੀ ਟੀਮ ਵੱਲੋਂ ਜਿ਼ਲ੍ਹੇ ਦੇ ਪਿੰਡ ਫੱਤਾ ਮਾਲੋਕਾ ਵਿਖੇ ਆਂਗਣਵਾੜੀ ਸੈਂਟਰ ਅਤੇ ਸਕੂਲਾਂ ਵਿਖੇ ਮਿਡ ਡੇਅ ਮੀਲ, ਗੋਲਡਨ ਸਿਨੇਮਾ ਸਰਦੂਲੇਵਾਲਾ, ਸਕਾਈ ਸਿਨੇਮਾ ਬੁਢਲਾਡਾ ਅਤੇ ਡਰੀਮ ਰਿਅਲਟੀ ਸਿਨੇਮਾ ਮਾਨਸਾ ਤੋਂ ਇਲਾਵਾ ਡੇਅਰੀਆਂ, ਵਿੱਦਿਅਕ ਸੰਸਥਾਵਾਂ ਵਿਚ ਚਲ ਰਹੀਆਂ ਕੰਟੀਨਾਂ ਦਾ ਨਿਰੀਖਣ ਕੀਤਾ ਗਿਆ।ਇਸ ਮੌਕੇ ਜਾਣਕਾਰੀ ਦਿੰਦਿਆਂ ਸਿਵਲ ਸਰਜਨ ਮਾਨਸਾ ਡਾ.ਰਣਜੀਤ ਸਿੰਘ ਰਾਏ ਨੇ ਦੱਸਿਆ ਕਿ ਜਿ਼ਲ੍ਹੇ ਦੇ ਨਾਗਰਿਕਾਂ ਦੀ ਚੰਗੀ ਸਿਹਤ ਨੂੰ ਧਿਆਨ ਵਿਚ ਰੱਖਦਿਆਂ ਸਿਹਤ ਵਿਭਾਗ ਦੇ ਖੁਰਾਕ ਸੁਰੱਖਿਆ ਵਿੰਗ ਵੱਲੋਂ ਖਾਣ–ਪੀਣ ਦੀਆਂ ਵਸਤੂਆਂ ਵੇਚਣ ਵਾਲੀਆਂ ਦੁਕਾਨਾਂ, ਢਾਬਿਆਂ, ਰੈਸਟੋਰੈਂਟਾਂ, ਡਾਇਰੀਆਂ, ਆਂਗਣਵਾੜੀ ਕੇਂਦਰਾਂ, ਰੇਹੜੀਆਂ ਅਤੇ ਵਿੱਦਿਅਕ ਸੰਸਥਾਵਾਂ ਵਿਖੇ ਚਲ ਰਹੀਆਂ ਕੰਟੀਨਾਂ ਦੀ ਜਾਂਚ ਕੀਤੀ ਜਾ ਰਹੀ ਹੈ ਉਨ੍ਹਾਂ ਕਿਹਾ ਕਿ ਲੋਕਾਂ ਦੀ ਸਿਹਤ ਨਾਲ ਖਿਲਵਾੜ ਬਿਲਕੁਲ ਵੀ ਬਰਦਾਸ਼ਤ ਨਹੀਂ ਕੀਤਾ ਜਾਵੇਗਾ ਅਤੇ ਜੇਕਰ ਕੋਈ ਦੁਕਾਨਦਾਰ ਜਾਂ ਡੇਅਰੀ ਮਾਲਕ ਘਟੀਆ ਪੱਧਰ ਦਾ ਸਾਮਾਨ ਵੇਚਦਾ ਪਾਇਆ ਜਾਵੇਗਾ ਜਾਂ ਫਿਰ ਕਿਸੇ ਵੀ ਖਾਣ ਪੀਣ ਵਾਲੀ ਦੁਕਾਨ, ਡੇਅਰੀ, ਕੰਟੀਨ ਆਦਿ ਵਿਖੇ ਮਾੜੇ ਪੱਧਰ ਦਾ ਸਾਮਾਨ ਵਿਕਦਾ ਪਾਇਆ ਗਿਆ ਤਾਂ ਉਸ ਵਿਰੁੱਧ ਕਾਰਵਾਈ ਕੀਤੀ ਜਾਵੇਗੀ ਉਨ੍ਹਾਂ ਦੱਸਿਆ ਕਿ ਖੁਰਾਕ ਸੁਰੱਖਿਆ ਵਿੰਗ ਵੱਲੋਂ ਮਾਨਸਾ ਸ਼ਹਿਰ ਤੋਂ ਇਲਾਵਾ ਜਿ਼ਲ੍ਹੇ ਦੇ ਪਿੰਡਾਂ ਵਿਚ ਵੀ ਜਾਂਚ ਕੀਤੀ ਜਾ ਰਹੀ ਹੈ। ਖੁਰਾਕ ਸੁਰੱਖਿਆ ਵਿੰਗ ਵੱਲੋਂ ਵੱਖ ਵੱਖ ਥਾਵਾਂ ਤੋਂ 03 ਸੈਪਲ ਅਗਲੇਰੀ ਜਾਂਚ ਲਈ ਖਰੜ ਲੈਬੋਰਟਰੀ ਵਿਖੇ ਭੇਜੇ ਗਏ ਹਨ। ਇਸ ਤੋਂ ਇਲਾਵਾ ਆਂਗਣਵਾੜੀ ਕੇਂਦਰਾਂ ਵਿਖੇ ਵੰਡੇ ਜਾਣ ਵਾਲੇ ਸਾਮਾਨ ਦੇ ਸੈਂਪਲ ਵੀ ਅਗਲੇਰੀ ਜਾਂਚ ਲਈ ਭੇਜੇ ਗਏ ਹਨ ਫੂਡ ਸੇਫਟੀ ਅਫ਼ਸਰ, ਅਮਰਿੰਦਰ ਸਿੰਘ ਨੇ ਦੱਸਿਆ ਕਿ ਜਾਂਚ ਦੌਰਾਨ ਖੁਰਾਕ ਸੁਰੱਖਿਆ ਵਿੰਗ ਦੀ ਟੀਮ ਵੱਲੋਂ ਇਕ ਡੇਅਰੀ ਮਾਲਕ ਨੂੰ ਸੁਧਾਰ ਨੋਟਿਸ ਜਾਰੀ ਕਰਦਿਆਂ ਸਾਫ–ਸਫਾਈ ਦੇ ਸਾਰੇ ਮਾਪਦੰਡਾ ਦੀ ਪਾਲਣਾ ਕਰਨ ਦੀ ਹਦਾਇਤ ਕੀਤੀ ਗਈ

# ਮੈਡੀਕਲ ਪ੍ਰੈਕਟੀਸਨਰਜ਼ ਐਸੋਸੀਏਸਨ ਦੀ ਮਹੀਨਾਵਾਰ ਮੀਟਿੰਗ



ਬਾਜਾਖਾਨਾ 20 ਜੁਲਾਈ (ਅਵਤਾਰ ਸਿੰਘ ਮੱਲਾ)ਮੈਡੀਕਲ ਪ੍ਰੈਕਟੀਸਨਰਜ ਐਸੋਸੀਏਸਨ ਬਲਾਕ ਵੰਨ ਬਾਜਾਖਾਨਾ ਰਜਿ 295 ਦੀ ਮਹੀਨਾਵਾਰ ਮੀਟਿੰਗ ਸੇਖ ਫਰੀਦ ਸੀਨੀ ਸੈਕੰ ਸਕੂਲ ਬਾਜਾਖਾਨਾ ਵਿਖੇ ਹੋਈ, ਜਿਸ ਦੀ ਪ੍ਰਧਾਨਗੀ ਡਾ. ਗੁਰਨਾਇਬ ਸਿੰਘ ਮੱਲਾ ਨੇ ਕੀਤੀ। ਡਾ. ਮੱਲਾ ਨੇ ਡਾ. ਸਾਥੀਆਂ ਨਾਲ ਆਪਣੇ ਵਿਚਾਰ ਸਾਂਝੇ ਕਰਦਿਆਂ ਕਿ ਅੱਜਕਲ ਬਰਸਾਤਾਂ ਦੇ ਮੌਸਮ ਵਿੱਚ ਮਰੀਜਾਂ ਨੂੰ ਪੇਟ ਇੰਨਫੈਕਸਨ ਟੱਟੀਆਂ ਉਲਟੀਆਂ ਆਦਿ ਬਿਮਾਰੀਆਂ ਹੋਣ ਦਾ ਡਰ ਬਣਿਆ ਰਹਿੰਦਾ ਅਤੇ ਪੇਟ ਦੀ ਇੰਨਫੈਕਸਨ ਲੀਵਰ ਅਤੇ ਕਿਡਨੀਆਂ ਤੇ ਮਾੜਾ ਅਸਰ ਪਾਉਦੀ ਹੈ ।ਇਸ ਲਈ ਮਰੀਜਾਂ ਨੂੰ ਜਾਗਰੂਤ ਕਰਨ ਲਈ ਵਾਟਰ ਵਰਕਸ ਵਿੱਚ ਜੋ ਪਾਣੀ ਨਹਿਰਾਂ ਅਤੇ ਕੱਸੀਆਂ ਦਾ ਆਉਂਦਾ ਹੈ ਉਸਨੂੰ ਉਬਾਲ ਕੇ ਪੀਣ ਲਈ ਕਿਹਾ ਜਾਵੇ ਤਾਂ ਜੋ ਲੋਕਾਂ ਦਾ ਬਚਾਅ ਹੋ ਸਕੇ। ਇਸ ਡਾ.ਵੀਰਪਾਲ ਸਿੰਘ ਡੋਡ ਸੀਨੀ ਮੀਤ ਪ੍ਰਧਾਨ ਜਿਲਾ ਫਰੀਦਕੋਟ ਅਤੇ ਡਾ. ਗੁਰਜੰਟ ਸਿੰਘ ਝੱਖੜਵਾਲਾ ਜਿਲਾ ਡੈਲੀਗੇਟ ਨੇ ਪੰਜਾਬ ਪ੍ਰਧਾਨ ਡਾ. ਜਸਵਿੰਦਰ ਸਿੰਘ ਕਾਲਖ ਵੱਲੋ ਪੰਜਾਬ ਜੋੜੋ ਮੁਹਿੰਮ ਦੀ ਸਲਾਘਾ ਕੀਤੀ ।ਬਲਾਕ ਖਜਾਨਚੀ ਡਾ. ਕਿਰਨ ਡੋਡ ਨੇ ਕਿਹਾ ਜਿਲਾ ਪ੍ਰਧਾਨ ਡਾ ਰਛਪਾਲ ਸਿੰਘ ਸੰਧੂ ਵੱਲੋ ਬਾਕੀ ਜਿਲਿਆਂ ਵਾਂਗ ਜਿਲਾ ਫਰੀਦਕੋਟ ਦੀ ਵੀ ਵੱਖਰੀ ਪਹਿਚਾਣ ਕਿਉ ਕੋਡ ਵਾਲੇ ਆਏ ਕਾਰਡ ਤੇ ਕਿਉ ਕੋਡ ਵਾਲੇ ਜਥੇਬੰਦੀ ਦੇ ਬੋਰਡ ਹਰੇਕ ਸਾਥੀ ਦੀ ਕਲੀਨਿਕ ਤੇ ਜਲਦੀ ਹੀ ਲਾਏ ਜਾਣਗੇ ।ਇਸ ਮੌਕੇ ਸਿਟੀ ਮਲਟੀ ਸਪੈਸਲਿਟੀ ਅਤੇ ਟਰੌਮਾ ਹਸਪਤਾਲ ਡਾ. ਨਿਸਾ ਗੋਇਲ ਐਮ ਡੀ ਗਾਇਨੀ ਵਿਸੇਸ ਤੌਰ ਤੇ ਪਹੁੰਚੇ ਜਿੰਨਾਂ ਨੇ ਹਸਪਤਾਲ ਵਿੱਚ ਆਯੂਸਮਾਨ ਕਾਰਡ ਤੇ ਹੋ ਰਹੇ ਵੱਖ ਵੱਖ ਬਿਮਾਰੀਆਂ ਦੇ ਇਲਾਜ ਬਾਰੇ ਅਤੇ ਹਸਪਤਾਲ ਵਿੱਚ ਮਰੀਜਾਂ ਨੂੰ ਮਿਲਣ ਵਾਲੀਆਂ ਸਹੂਲਤਾਂ ਬਾਰੇ ਵਿਸਥਾਰ ਨਾਲ ਦੱਸਿਆ ਔਰਤਾਂ ਵਿੱਚ ਹਾਰਮੋਨਜ ਦੇ ਘੱਟ ਵੱਧ ਦੇ ਮਾੜੇ ਪ੍ਰਭਾਵ ਬਾਰੇ ਵੀ ਚਾਨਣਾ ਪਾਇਆ। ਡਾ. ਪਵਨ ਕੁਮਾਰ ਡੋਡ ਤੇ ਡਾ. ਸੋਹਣ ਲਾਲ ਰੋਮਾਣਾ ਆਏ ਹੋਏ, ਡਾ. ਸਾਹਿਬਾਨ ਦਾ ਧੰਨਵਾਦ ਕੀਤਾ ਇਸ ਮੌਕੇ ਡਾ. ਬਿੱਟੂ ਝੱਖੜਵਾਲਾ, ਡਾ .ਮਨਦੀਪ ਸਿੰਘ ਮੱਲਾ, ਡਾ.ਜਗਦੇਵ ਸਿੰਘ ਮੱਲਾ, ਡਾ. ਗੁਰਜੰਟ ਸਿੰਘ ਡੋਡ , ਵੈਦ. ਜਸਵੰਤ ਸਿੰਘ ਬਾਜਾਖਾਨਾ, ਵੈਦ. ਰਣਜੀਤ ਸਿੰਘ ਬਾਜਾਖਾਨਾ, ਡਾ.ਨਿਰਮਲ ਸਿੰਘ ਬਾਜਾਖਾਨਾ, ਡਾ .ਗਗਨਦੀਪ ਸਿੰਘ, ਡਾ. ਹਰਪ੍ਰੀਤ ਸਿੰਘ ਬਾਜਾਖਾਨਾ, ਡਾ. ਕੇਵਲ ਸਿੰਘ ਲੰਭਵਾਲੀ, ਡਾ. ਛਿੰਦਰਪਾਲ ਸ਼ਿੰਘ ਝੱਖੜਵਾਲਾ, ਡਾ. ਕਰਮਜੀਤ ਸਿੰਘ ਝੱਖੜਵਾਲਾ, ਡਾ. ਨਿਰਮਲ ਸਿੰਘ ਝੱਖੜਵਾਲਾ, ਡਾ. ਮਨਮੋਹਣ ਸਿੰਘ ਸੇਢਾ ਸਿੰਘ ਵਾਲਾ ,ਡਾ. ਗੁਰਸੇਵਕ ਸਿੰਘ ਦਬੜੀ ਖਾਨਾ, ਡਾ. ਗੁਰਨੈਬ ਸਿੰਘ ਘਣੀਆਂ ,ਡਾ. ਗੁਰਪ੍ਰੀਤ ਸਿੰਘ ਰੋਮਾਣਾ, ਡਾ. ਇਤਬਾਰ ਸਿੰਘ ਰੋਮਾਣਾ ਅਤੇ ਸਿਟੀ ਹਸਪਤਾਲ ਦੇ ਪੀ ਆਰ ਓ ਤੇ ਸਟਾਫ ਹਾਜਰ ਸਨ । ਅਖੀਰ ਵਿੱਚ ਬਲਾਕ ਬਾਜਾ ਖਾਨਾ ਵੰਨ ਵੱਲੋ ਆਏ ਹੋਏ ਡਾ ਸਾਹਿਬਾਨ ਨੂੰ ਸਨਮਾਨ ਚਿੰਨ ਦੇ ਕੇ ਸਨਮਾਨਿਤ ਕੀਤਾ ਗਿਆ।

# ਡੈਮੋਕ੍ਰੇਟਿਕ ਹਿਊਮਨ ਪਾਵਰ ਆਰਗੇਨਾਈਜੇਸ਼ਨ ਵੱਲੋਂ ਬੂਟੇ ਲਗਾ ਕੇ ਕੀਤਾ ਰੁੱਖ ਲਗਾਓ ਵਾਤਾਵਰਨ ਬਚਾਓ ਮੁਹਿੰਮ ਦਾ ਆਗਾਜ਼



ਸੰਗਰੂਰ, 20 ਜੁਲਾਈ (ਹਰਕੰਵਲ ਸਿੰਘ ਹੈਪੀ): ਪੰਜਾਬ ਦੀ ਨਾਮਵਰ ਸੰਸਥਾ ਡੈਮੋਕ੍ਰੇਟਿਕ ਹਿਊਮਨ ਪਾਵਰ ਆਰਗੇਨਾਈਜੇਸ਼ਨ ਦੇ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਰੁੱਖ ਲਗਾਓ ਵਾਤਾਵਰਨ ਬਚਾਓ ਮੁਹਿੰਮ ਦੀ ਸਫ਼ਲਤਾ ਪੂਰਵਕ ਸ਼ੁਰੂਆਤ ਕੀਤੀ ਗਈ, ਜਿਸਦੇ ਚੱਲਦਿਆਂ ਸੰਸਥਾਂ ਦੀ ਸਮੁੱਚੀ ਟੀਮ ਵੱਲੋਂ ਪੰਜਾਬ ਪ੍ਰਧਾਨ ਕੁਲਦੀਪ ਸ਼ਰਮਾ ਦੀ ਰਹਿਨੁਮਾਈ ਹੇਠ ਜ਼ਿਲ੍ਹਾ ਸੰਗਰੂਰ ਅਧੀਨ ਪੈਂਦੇ ਵੱਖ ਵੱਖ ਪਿੰਡਾਂ ਅਤੇ ਸ਼ਹਿਰਾਂ 'ਚ ਵੱਡੀ ਗਿਣਤੀ ਵਿੱਚ ਬੂਟੇ ਲਗਾਏ ਗਏ। ਇਸ ਦੌਰਾਨ ਸੰਸਥਾਂ ਵੱਲੋਂ ਕੀਤੇ ਜਾ ਰਹੇ ਵੱਖ ਵੱਖ ਸਮਾਜਸੇਵੀ ਕਾਰਜਾਂ ਤੋਂ ਪ੍ਰਭਾਵਿਤ ਹੋਏ ਸੰਗਰੂਰ ਦੀ ਕਿਸ਼ਨ ਬਾਗ ਕਲੋਨੀ ਦੀ ਮਿਉਂਸਿਪਲ ਕੌਂਸਲਰ ਦੇ ਪਤੀ ਖੇਮ ਚੰਦ ਸ਼ਰਮਾ ਅਤੇ ਜੈ ਕੁਮਾਰ ਸ਼ਰਮਾ ਆਪਣੇ ਹੋਰਨਾਂ ਸਾਥੀਆਂ ਸਮੇਤ ਰੁੱਖ ਲਗਾਓ ਵਾਤਾਵਰਨ ਬਚਾਓ ਮੁਹਿੰਮ 'ਚ ਸ਼ਮੂਲੀਅਤ ਕਰਦਿਆਂ ਸਰਕਾਰੀ ਰਣਬੀਰ ਕਾਲਜ ਅਤੇ ਹੋਰਨਾਂ ਵੱਖ ਵੱਖ ਜਨਤਕ ਥਾਵਾਂ ਉੱਤੇ ਬੂਟੇ ਲਗਾਏ ਗਏ ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਪੰਜਾਬ ਪ੍ਰਧਾਨ ਕੁਲਦੀਪ ਸ਼ਰਮਾ ਨੇ ਦੱਸਿਆ ਕਿ ਉਹਨਾਂ ਦੀ ਸੰਸਥਾ ਪਿੱਛਲੇ ਚਾਰ ਸਾਲਾਂ ਤੋਂ ਵੱਖ ਵੱਖ ਤਰ੍ਹਾਂ ਦੇ ਸਮਾਜਸੇਵੀ ਕਾਰਜ ਕਰ ਰਹੀ ਹੈ। ਉਹਨਾਂ ਕਿਹਾ ਕਿ ਸੰਸਥਾ ਵੱਲੋਂ ਕੀਤੇ ਜਾਣ ਵਾਲੇ ਵੱਖ ਵੱਖ ਤਰ੍ਹਾਂ ਦੇ ਸਮਾਜ ਭਲਾਈ ਦੇ ਕਾਰਜਾਂ ਲਈ ਅਹੁਦੇਦਾਰਾਂ ਅਤੇ ਵਰਕਰਾਂ 'ਚ ਹਰ ਸਾਲ ਇੱਕ ਨਵਾਂ ਜੋਸ਼ ਦੇਖਣ ਨੂੰ ਮਿਲ ਰਿਹਾ ਹੈ। ਉਹਨਾਂ ਦੱਸਿਆ ਕਿ ਸੰਸਥਾ ਵੱਲੋਂ ਸ਼ੁਰੂ ਕੀਤੀ ਗਈ ਰੁੱਖ ਲਗਾਓ ਵਾਤਾਵਰਨ ਬਚਾਓ ਮੁਹਿੰਮ 'ਚ ਹੁਣ ਲੋਕ ਵੀ ਆਪ ਮੁਹਾਰੇ ਹੋ ਕੇ ਸੰਸਥਾ ਨੂੰ ਸਹਿਯੋਗ ਕਰ ਰਹੇ ਹਨ, ਜਿਸਦੇ ਲਈ ਸੰਸਥਾਂ ਦੀ ਸਮੁੱਚੀ ਟੀਮ ਵਧਾਈ ਦੀ ਪਾਤਰ ਹੈ। ਉਹਨਾਂ ਦੱਸਿਆ ਕਿ ਆਉਣ ਵਾਲੇ ਦਿਨਾਂ ਚ ਬੂਟੇ ਲਗਾਉਣ ਦੀ ਇਹ ਮੁਹਿੰਮ ਬਠਿੰਡਾ, ਪਟਿਆਲਾ, ਮਾਨਸਾ ਅਤੇ ਪੰਜਾਬ ਦੇ ਹੋਰ ਵੱਖ ਵੱਖ ਜ਼ਿਲ੍ਹਿਆਂ ਦੇ ਪਿੰਡਾਂ ਅਤੇ ਸ਼ਹਿਰਾਂ ਵਿੱਚ ਪਹੁੰਚੇਗੀ। ਕੁਲਦੀਪ ਸ਼ਰਮਾ ਨੇ ਦੱਸਿਆ ਕਿ ਸੰਸਥਾ ਵੱਲੋਂ ਬਹੁਤ ਜਲਦ ਸੰਗਰੂਰ ਅਤੇ ਇਸਦੇ ਨਾਲ ਲਗਦੇ ਪਿੰਡਾਂ ਤੇ ਸ਼ਹਿਰਾਂ 'ਚ ਮੁਫ਼ਤ ਵਿਸ਼ਾਲ ਮੈਡੀਕਲ ਚੈੱਕਅਪ ਕੈਂਪ ਦਾ ਵੀ ਆਯੋਜਨ ਕੀਤਾ ਜਾਵੇਗਾ ।ਇਸ ਮੌਕੇ ਸੂਬਾ ਸੈਕਟਰੀ ਵਿਕਰਾਂਤ ਕੁਮਾਰ, ਨਰਿੰਦਰ ਕੁਮਾਰ ਖਜਾਨਚੀ, ਰਜਿੰਦਰ ਸ਼ਰਮਾ ਜ਼ਿਲ੍ਹਾ ਸੈਕਟਰੀ, ਅਜੇ ਕੁਮਾਰ ਜ਼ਿਲ੍ਹਾ ਕਮੇਟੀ ਮੈਂਬਰ, ਕਾਸਿਮ ਅਲੀ, ਸੋਨੂ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਮੈਂਬਰ ਮੌਜੂਦ ਸਨ।

# ਪੰਜਾਬ ਸਰਕਾਰ ਦੀ ਨਸ਼ਿਆਂ ਵਿਰੁੱਧ ਜੰਗ: ਬਠਿੰਡਾ 'ਚ ਅੰਤਰ-ਰਾਜੀ ਨਾਕਿਆਂ 'ਤੇ ਸ਼ੱਕੀ ਵਾਹਨਾਂ ਦੀ ਤਲਾਸ਼ੀ



ਬਠਿੰਡਾ, 20 ਜੁਲਾਈ (ਦੀਪਕ ਸ਼ਰਮਾ):ਬਠਿੰਡਾ ਵਿੱਚ ਨਸ਼ਾ ਤਸਕਰਾਂ 'ਤੇ ਸ਼ਿਕੰਜਾ ਕੱਸਣ ਲਈ ਪੁਲਿਸ ਨੇ ਸਖਤ ਰੁੱਖ ਅਖਤਿਆਰ ਕੀਤਾ ਹੋਇਆ ਹੈ। ਪੁਲਿਸ ਵੱਲੋਂ ਆਪਰੇਸ਼ਨ ਸੀਲ 17 ਦੇ ਤਹਿਤ ਇੰਟਰ ਸਟੇਟ ਨਾਕੇ ਲਗਾ ਕੇ ਸ਼ੱਕੀ ਵਾਹਨਾਂ ਅਤੇ ਵਿਅਕਤੀਆਂ ਦੀ ਤਲਾਸ਼ੀ ਲਈ ਗਈ। ਜ਼ਿਕਰ ਯੋਗ ਹੈ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸ਼ੁਰੂ ਕੀਤੀ ਗਈ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ, ਐਸਐਸਪੀ ਅਮਨੀਤ ਕੌਂਡਲ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ, ਇੰਟਰ ਸਟੇਟ ਆਪ੍ਰੇਸ਼ਨ ਸੀਲ-17 ਤਹਿਤ ਜ਼ਿਲ੍ਹੇ ਦੇ ਸਰਹੱਦੀ ਨਾਕਿਆਂ ਦੀ ਵਿਸ਼ੇਸ਼ ਚੈਕਿੰਗ ਕੀਤੀ ਗਈ। ਇਸ ਕਾਰਵਾਈ ਨਾਲ ਨਸ਼ਾ ਤਸਕਰਾਂ ਅਤੇ ਅਪਰਾਧੀਆਂ ਦੇ ਦਿਲਾਂ ਵਿੱਚ ਡਰ ਪੈਦਾ ਕਰਨਾ ਹੈ। ਤਾਂ ਕਿ ਉਹ ਜੁਰਮ ਦਾ ਰਸਤਾ ਛੱਡ ਕੇ ਮੁੱਖਧਾਰਾ ਵਿੱਚ ਸ਼ਾਮਿਲ ਹੋ ਜਾਣ ।ਪੁਲਿਸ ਦਾ ਕਹਿਣਾ ਹੈ ਕਿ ਜ਼ਿਲ੍ਹੇ ਵਿੱਚ ਅਮਨ-ਚੈਨ ਬਰਕਰਾਰ ਰੱਖਣ ਲਈ ਇਹ ਕਦਮ ਜ਼ਰੂਰੀ ਹਨ ਅਤੇ ਆਉਣ ਵਾਲੇ ਸਮੇਂ ਵਿੱਚ ਵੀ ਅਜਿਹੀਆਂ ਕਾਰਵਾਈਆਂ ਜਾਰੀ ਰਹਿਣਗੀਆਂ। ਹੁਣ ਦੇਖਣਾ ਇਹ ਹੋਵੇਗਾ ਕਿ ਕੀ ਪੁਲਿਸ ਦੀ ਇਹ ਸਖ਼ਤੀ ਨਸ਼ਿਆਂ ਦੀ ਲਾਹਨਤ ਨੂੰ ਜੜ੍ਹੋਂ ਖ਼ਤਮ ਕਰਨ ਵਿੱਚ ਕਾਮਯਾਬ ਹੁੰਦੀ ਹੈ ਜਾਂ ਨਹੀਂ। ਦੱਸਣਾ ਬਣਦਾ ਹੈ ਕਿਇੰਟਰ ਸਟੇਟ ਆਪ੍ਰੇਸ਼ਨ ਸੀਲ-17 ਅਧੀਨ ਜ਼ਿਲ੍ਹੇ ਦੇ ਸਰਹੱਦੀ ਨਾਕਿਆਂ ਦੀ ਚੈਕਿੰਗ ਕੀਤੀ ਗਈ। ਇਸ ਮੌਕੇ ਇਸ਼ਾਨ ਸਿੰਗਲਾ ਡੀ.ਐੱਸ.ਪੀ 31→ ਅਤੇ ਸੰਜੀਵ ਕੁਮਾਰ ਡੀ.ਐੱਸ.ਪੀ ਕਮਾਂਡ ਸੈਂਟਰ ਬਠਿੰਡਾ ਨੇ ਕਿਹਾ ਕਿ ਨਸ਼ਾ ਤਸਕਰੀ ਨੂੰ ਜੜ੍ਹੋਂ ਖਤਮ ਕਰਨ ਅਤੇ ਮਾੜੇ ਅਨਸਰਾਂ 'ਤੇ ਨਕੇਲ ਕੱਸਣ ਲਈ ਪੁਲਿਸ ਵੱਲੋਂ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਸ਼ੱਕੀ ਵਿਅਕਤੀਆਂ ਅਤੇ ਵਾਹਨਾਂ ਦੀ ਸਖ਼ਤ ਜਾਂਚ ਜਾਰੀ ਹੈ, ਤਾਂ ਕਿ ਜ਼ਿਲ੍ਹੇ 'ਚ ਅਮਨ-ਚੈਨ ਬਰਕਰਾਰ ਰਹੇ ।ਉਨ੍ਹਾਂ ਆਮ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਜੇਕਰ ਪਿੰਡਾਂ ਜਾਂ ਸ਼ਹਿਰਾਂ 'ਚ ਤੁਹਾਡੇ ਆਲੇ-ਦੁਆਲੇ ਕੋਈ ਵੀ ਤਸਕਰ ਨਸ਼ਾ ਵੇਚਦਾ ਹੈ ਤਾਂ ਉਹ ਪੁਲਿਸ ਦੇ ਟੋਲ ਫ਼ਰੀ ਜਾਂ ਵਟਸਐਪ ਨੰਬਰ 91155-02252 ਜਾਂ ਕੰਟਰੋਲ ਰੂਮ ਦੇ ਨੰਬਰ 75080-09080 'ਤੇ ਸੂਚਨਾ ਦੇ ਸਕਦੇ ਹਨ ਜਾਂ ਸਿੱਧਾ ਦਫ਼ਤਰ ਆ ਕੇ ਸੰਪਰਕ ਕਰ ਸਕਦੇ ਹਨ। ਉਨ੍ਹਾਂ ਇਹ ਵੀ ਕਿਹਾ ਕਿ ਨਸ਼ੇ ਦੇ ਸੌਦਾਗਰ ਦਾ ਪਤਾ ਦੱਸਣ ਵਾਲੇ ਵਿਅਕਤੀ ਦੀ ਪਛਾਣ ਤੇ ਨਾਮ ਗੁਪਤ ਰੱਖਿਆ ਜਾਵੇਗਾ। ਉਨ੍ਹਾਂ ਕਿਹਾ ਕਿ ਸ਼ੱਕੀ ਵਿਅਕਤੀਆਂ ਅਤੇ ਵਾਹਨਾਂ ਦੀ ਸਖ਼ਤ ਜਾਂਚ ਜਾਰੀ ਹੈ, ਤਾਂ ਕਿ ਜ਼ਿਲ੍ਹੇ 'ਚ ਅਮਨ-ਚੈਨ ਬਰਕਰਾਰ ਰਹੇ ।ਉਨ੍ਹਾਂ ਆਮ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਜੇਕਰ ਪਿੰਡਾਂ ਜਾਂ ਸ਼ਹਿਰਾਂ 'ਚ ਤੁਹਾਡੇ ਆਲੇ-ਦੁਆਲੇ ਕੋਈ ਵੀ ਤਸਕਰ ਨਸ਼ਾ ਵੇਚਦਾ ਹੈ ਤਾਂ ਉਹ ਪੁਲਿਸ ਦੇ ਟੋਲ ਫ਼ਰੀ ਜਾਂ ਵਟਸਐਪ ਨੰਬਰ 91155-02252 ਜਾਂ ਕੰਟਰੋਲ ਰੂਮ ਦੇ ਨੰਬਰ 75080-09080 'ਤੇ ਸੂਚਨਾ ਦੇ ਸਕਦੇ ਹਨ ਜਾਂ ਸਿੱਧਾ ਦਫ਼ਤਰ ਆ ਕੇ ਸੰਪਰਕ ਕਰ ਸਕਦੇ ਹਨ। ਉਨ੍ਹਾਂ ਇਹ ਵੀ ਕਿਹਾ ਕਿ ਨਸ਼ੇ ਦੇ ਸੌਦਾਗਰ ਦਾ ਪਤਾ ਦੱਸਣ ਵਾਲੇ ਵਿਅਕਤੀ ਦੀ ਪਛਾਣ ਤੇ ਨਾਮ ਗੁਪਤ ਰੱਖਿਆ ਜਾਵੇਗਾ।

# ਕਰੰਟ ਲੱਗਣ ਨਾਲ ਵਿਅਕਤੀ ਦੀ ਮੌਤ

ਬਰੇਟਾ, 20 ਜੁਲਾਈ (ਨਰਿੰਦਰ ਬਾਂਸਲ, ਵਿਨੋਦ ਸਿੰਗਲਾ) ਪਿੰਡ ਖਡਾਲ ਵਿਖੇ ਇੱਕ ਵਿਅਕਤੀ ਦੀ ਬਿਜਲੀ ਦੇ ਕਰੰਟ ਲੱਗਣ ਨਾਲ ਮੌਤ ਹੋ ਜਾਣ ਦਾ ਦੁਖਦਾਈ ਸਮਾਚਾਰ ਹੈ। ਇਸ ਸਬੰਧੀ ਪਰਿਵਾਰਕ ਮੈਂਬਰਾਂ ਤੋਂ ਮਿਲੀ ਜਾਣਕਾਰੀ ਅਨੁਸਾਰ ਸੱਤਪਾਲ ਸਿੰਘ ਸ਼ਨੀਵਾਰ ਦੀ ਸਵੇਰ 10.30 ਵਜੇ ਦੇ ਕਰੀਬ ਆਪਣੇ ਘਰ ਦੀ ਛੱਤ 'ਤੇ ਸਫ਼ਾਈ ਬਗੈਰਾ ਦਾ ਕੰਮ ਕਰ ਰਿਹਾ ਸੀ ਜਿਸਦਾ ਉੱਪਰ ਦੀ ਲੰਘਦੀਆਂ ਬਿਜਲੀ ਦੀਆਂ ਤਾਰਾਂ ਨਾਲ ਹੱਥ ਲੱਗ ਗਿਆ ਅਤੇ ਉਸ ਦੀ ਮੌਕੇ 'ਤੇ ਹੀ ਮੌਤ ਹੋ ਗਈ। ਮ੍ਰਿਤਕ ਮਿਹਨਤ ਮਜ਼ਦੂਰੀ ਦਾ ਕੰਮ ਕਰਕੇ ਆਪਣਾ ਪਰਿਵਾਰ ਪਾਲ ਰਿਹਾ ਸੀ। ਮ੍ਰਿਤਕ ਆਪਣੇ ਪਿੱਛੇ ਬਜ਼ੁਰਗ ਮਾਤਾ-ਪਿਤਾ ਤੇ ਪਤਨੀ ਤੋਂ ਇਲਾਵਾ ਦੋ ਲੜਕੇ ਅਤੇ ਇੱਕ ਲੜਕੀ ਛੱਡ ਗਿਆ ਹੈ।

# ਸਰਪੰਚ ਸਮੇਤ ਕਈ ਆਗੂ ਆਪ' 'ਚ ਸ਼ਾਮਲ



ਰਾਮਪੁਰਾ ਫੂਲ, 20 ਜੁਲਾਈ(ਮਨਪ੍ਰੀਤ ਮਿੰਟੂ): ਹਲਕਾ ਰਾਮਪੁਰਾ ਫੂਲ ਵਿੱਚ ਸ਼੍ਰੋਮਣੀ ਅਕਾਲੀ ਦਲ ਨੂੰ ਉਸ ਸਮੇਂ ਵੱਡਾ ਝਟਕਾ ਲੱਗਿਆ ,ਜਦੋਂ ਪਾਰਟੀ ਦੇ ਮੌਜੂਦਾ ਸਰਪੰਚ ਅਤੇ ਮੁੱਖ ਬੁਲਾਰੇ ਅਜੈਬ ਸਿੰਘ ਹਮੀਰਗੜ੍ਹ ਆਪਣੇ ਸਾਥੀਆਂ ਸਮੇਤ ਕਈ ਪ੍ਰਮੁੱਖ ਆਗੂਆਂ ਨੇ ਅਕਾਲੀ ਦਲ ਨੂੰ ਅਲਵਿਦਾ ਕਹਿ ਕੇ ਵਿਧਾਇਕ ਬਲਕਾਰ ਸਿੰਘ ਸਿੱਧੂ ਦੇ ਗ੍ਰਹਿ ਵਿਖੇ ਆਮ ਆਦਮੀ ਪਾਰਟੀ (ਆਪ) ਦਾ ਪੱਲਾ ਫੜਿਆ। ਅਜੈਬ ਸਿੰਘ ਦੇ ਨਾਲ ਕਾਂਗਰਸ ਪਾਰਟੀ ਦੇ ਰਾਮ ਸਿੰਘ ਪੰਚ,ਮੌਜੂਦਾ ਪੰਚ ਜਸਵਿੰਦਰ ਕੌਰ,ਮੌਜੂਦਾ ਪੰਚ ਮਨਜੀਤ ਕੌਰ,ਅਕਾਲੀ ਦਲ ਦੇ ਸਾਬਕਾ ਮੈਂਬਰ ਅਤੇ ਡੈਲੀਕੇਟ ਯੂਥ ਮੀਤ ਪ੍ਰਧਾਨ ਰਾਜਾ ਸਿੰਘ ਸਿੱਧੂ ਵੀ 'ਆਪ' ਵਿੱਚ ਸ਼ਾਮਲ ਹੋਏ ।ਹਲਕਾ ਵਿਧਾਇਕ ਬਲਕਾਰ ਸਿੱਧੂ ਨੇ ਨਵੇਂ ਸ਼ਾਮਲ ਹੋਏ ਆਗੂਆਂ ਦਾ ਆਮ ਆਦਮੀ ਪਾਰਟੀ ਵਿੱਚ ਸਵਾਗਤ ਕਰਦਿਆਂ ਕਿਹਾ, ਅਕਾਲੀ ਦਲ ਨੇ ਲੋਕਾਂ ਦਾ ਪੂਰੀ ਤਰ੍ਹਾਂ ਭਰੋਸਾ ਗੁਆ ਲਿਆ ਹੈ। ਬਲਕਾਰ ਸਿੱਧੂ ਨੇ ਅੱਗੇ ਕਿਹਾ, ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਸ਼ਾਨਦਾਰ ਕੰਮ ਕਰ ਰਹੀ ਹੈ ਅਤੇ ਲੋਕਾਂ ਦੇ ਦਿਲ ਜਿੱਤ ਰਹੀ ਹੈ। ਉਨ੍ਹਾਂ ਕਿਹਾ ਕਿ ਹਲਕੇ ਵਿੱਚ ਚੱਲ ਰਹੇ ਕਰੋੜਾਂ ਦੇ ਵਿਕਾਸ ਕਾਰਜ, ਪਿੰਡਾਂ ਦੇ ਖੇਡ ਮੈਦਾਨਾਂ ਲਈ ਆ ਰਹੀਆਂ ਗਰਾਂਟਾਂ, ਪਿੰਡ ਪਿੰਡ ਟੇਲਾਂ 'ਤੇ ਪਹੁੰਚ ਰਿਹਾ ਨਹਿਰੀ ਪਾਣੀ, ਅਨੁਸੂਚਿਤ ਜਾਤੀਆਂ ਦੀ ਕਰਜ਼ਾ ਮੁਆਫੀ, ਦਸ ਲੱਖ ਦਾ ਸਿਹਤ ਬੀਮਾ ਅਤੇ ਸਿੱਖਿਆ ਦੇ ਵਿੱਚ ਕੀਤੇ ਜਾ ਰਹੇ ਸੁਧਾਰ ਜਿਨ੍ਹਾਂ ਦੀ ਕਿ ਰਵਾਇਤੀ ਪਾਰਟੀਆਂ ਦੇ ਆਗੂ ਵੀ ਸ਼ਲਾਘਾ ਕਰ ਰਹੇ ਹਨ ਤੇ ਆਮ ਆਦਮੀ ਦੇ ਪਾਰਟੀ ਦੇ ਪਰਿਵਾਰ ਵਿੱਚ ਲਗਾਤਾਰ ਵਾਧਾ ਹੋ ਰਿਹਾ ਹੈ। ਇਸ ਮੌਕੇ ਜਤਿੰਦਰ ਭੱਲਾ ਚੇਅਰਮੈਨ ਇੰਪਰੂਵਮੈਂਟ ਟਰੱਸਟ ਬਠਿੰਡਾ,ਚੇਅਰਮੈਨ ਬੇਅੰਤ ਸਿੰਘ ਮਾਰਕੀਟ ਕਮੇਟੀ ਭਗਤਾ, ਗੁਰਪ੍ਰੀਤ ਸਿੰਘ ਸਾਬਕਾ ਚੇਅਰਮੈਨ ਬਲਾਕ ਸੰਮਤੀ ਭਗਤਾ, ਮਨਮੋਹਨ ਗਰਗ ਬਲਾਕ ਪ੍ਰਧਾਨ ਰਾਮਪੁਰਾ,ਬਲਬੀਰ ਸਿੰਘ,ਸੁਖਮੰਦਰ ਸਿੰਘ, ਨੈਬ ਸਿੰਘ, ਮੱਖਣ ਸਿੰਘ,ਮਨਜੀਤ ਕੌਰ ,ਮੋਹਨ ਲਾਲ ਕਾਂਗੜ, ਜਸਬੀਰ ਸਿੰਘ ਤੋਂ ਇਲਾਵਾ ਆਮ ਆਦਮੀ ਪਾਰਟੀ ਦੇ ਆਗੂ ਤੇ ਵਰੁਕਰ ਮੌਜੂਦ ਸਨ।

# ਜਥੇ. ਸੁਰਜੀਤ ਸਿੰਘ ਲੇਹਲ ਖੁਰਦ ਨੂੰ ਸਦਮਾ, ਮਾਤਾ ਜੀ ਦਾ ਦੇਹਾਂਤ



ਲਹਿਰਾਗਾਗਾ 20 ਜੁਲਾਈ (ਗੁਰਦੀਪ ਸਿੰਘ) ਸ਼੍ਰੋਮਣੀ ਅਕਾਲੀ ਦਲ ਸਰਕਲ ਲਹਿਰਾਗਾਗਾ ਦੇ ਪ੍ਰਧਾਨ ਅਤੇ ਸਰਦਾਰ ਪਰਮਿੰਦਰ ਸਿੰਘ ਢੀਂਡਸਾ ਦੇ ਨੇੜਲੇ ਸਾਥੀ ਜਥੇਦਾਰ ਸੁਰਜੀਤ ਸਿੰਘ ਲੇਹਲ ਖੁਰਦ ਨੂੰ ਉਸ ਸਮੇਂ ਸਦਮਾ ਲੱਗਿਆ, ਜਦੋਂ ਪਿਛਲੇ ਦਿਨੀ ਉਹਨਾਂ ਦੇ ਮਾਤਾ ਅਮਰ ਕੌਰ ਜੀ ਇਸ ਫਾਨੀ ਸੰਸਾਰ ਨੂੰ ਸਦਾ ਲਈ ਅਲਵਿਦਾ ਕਹਿ ਗਏ ਹਨ, ਉਹ ਲਗਭਗ 90 ਸਾਲ ਦੇ ਸਨ, ਉਹਨਾਂ ਦੀ ਅੰਤਿਮ ਅਰਦਾਸ 22 ਜੁਲਾਈ ਦਿਨ ਮੰਗਲਵਾਰ ਨੂੰ ਗੁਰਦੁਆਰਾ ਸਾਹਿਬ ਲੇਹਲ ਖੁਰਦ ਵਿਖੇ ਕੀਤੀ ਜਾਵੇਗੀ,ਉਹਨਾਂ ਦੇ ਅਕਾਲ ਚਲਾਣੇ ਤੇ ਸਰਦਾਰ ਪਰਮਿੰਦਰ ਸਿੰਘ ਢੀਂਡਸਾ, ਜਥੇਦਾਰ ਰਾਮਪਾਲ ਸਿੰਘ ਬਹਿਣੀਵਾਲ ਮੈਂਬਰ ਧਰਮ ਪ੍ਰਚਾਰ ਸ਼੍ਰੋਮਣੀ ਕਮੇਟੀ, ਬੀਬੀ ਪਰਮਜੀਤ ਕੌਰ ਭੰਗੂ ਮੈਂਬਰ ਐਸਜੀਪੀਸੀ, ਸੁਖਵੰਤ ਸਿੰਘ ਸਰਾਓ, ਗਿਆਨੀ ਨਿਰੰਜਨ ਸਿੰਘ ਭਟਾਲ,ਗੁਰਬਿੰਦਰ ਸਿੰਘ ਸਰਾਓ ਏ ਡੀ ਸੀ, ਗੁਰਦੀਪ ਸਿੰਘ ਕੋਟੜਾ ਸਾਬਕਾ ਚੇਅਰਮੈਨ, ਗੁਰਸੰਤ ਸਿੰਘ ਭਟਾਲ ਸਾਬਕਾ ਚੇਅਰਮੈਨ, ਪ੍ਰੀਤ ਮਹਿੰਦਰ ਸਿੰਘ ਭਾਈ ਕੀ ਪਿਸ਼ੌਰ, ਪਾਲਾ ਸਿੰਘ ਗੇਹਲਾ ਸਾਬਕਾ ਚੇਅਰਮੈਨ, ਗੁਰਦੀਪ ਸਿੰਘ ਮਕੋਰੜ ਸਾਬਕਾ ਚੇਅਰਮੈਨ, ਬਾਬਰਜੀਤ ਸਿੰਘ ਗਰੇਵਾਲ, ਪ੍ਰਕਾਸ਼ ਮਲਾਣਾ, ਛੱਜੂ ਸਿੰਘ ਸਰਾਓ ਕਾਲਵੰਜਾਰਾ, ਸੁਖਵਿੰਦਰ ਸਿੰਘ ਬਿੱਲੂ ਖੰਡੇਬਾਦ, ਅੰਮ੍ਰਿਤਪਾਲ ਸਿੰਘ ਕਾਲੀਆ, ਰਵਿੰਦਰ ਸਿੰਘ ਕਾਲੀਆ, ਗੁਲਜਾਰ ਸਿੰਘ ਜਵੰਦਾ, ਛੱਜੂ ਸਿੰਘ ਧਾਲੀਵਾਲ, ਮਦਨ ਸਿੰਘ ਕਲੇਰ, ਬੀਬੀ ਹਰਦੀਪ ਕੌਰ ਰਾਏਧਰਾਣਾ, ਗੁਰਲਾਲ ਸਿੰਘ ਜਲੂਰ ਨੇ ਦੁੱਖ ਪ੍ਰਗਟ ਕਰਦੇ ਹੋਏ ਪਰਿਵਾਰ ਨਾਲ ਹਮਦਰਦੀ ਦਾ ਪ੍ਰਗਟਾਵਾ ਕੀਤਾ,

# ਐਸ.ਐਸ.ਪੀ. ਡਾ. ਅਖਿਲ ਚੌਧਰੀ ਨੇ ਲੋਕਾਂ ਨੂੰ ਸਾਈਬਰ ਠੱਗੀ ਤੋਂ ਸੁਚੇਤ ਹੋਣ ਦੀ ਕੀਤੀ ਅਪੀਲ

## ਪਿਛਲੇ ਇੱਕ ਮਹੀਨੇ ਵਿੱਚ ਪੁਲਿਸ ਵੱਲੋਂ 1300 ਸ਼ਿਕਾਇਤਾਂ 'ਚੋਂ 1000 ਤੋਂ ਵੱਧ ਦਾ ਨਿਪਟਾਰਾ;



ਸ੍ਰੀ ਮੁਕਤਸਰ ਸਾਹਿਬ, 20 ਜੁਲਾਈ ( ਐਚ ਐਸ ਕਪੂਰ ):ਜ਼ਿਲ੍ਹਾ ਸ਼੍ਰੀ ਮੁਕਤਸਰ ਸਾਹਿਬ ਪੁਲਿਸ ਵੱਲੋਂ ਜ਼ਿਲ੍ਹਾ ਵਾਸੀਆਂ ਦੀ ਸੁਰੱਖਿਆ ਦੇ ਲਈ ਦਿਨ ਰਾਤ ਨਿਰੰਤਰ ਉਪਰਾਲੇ ਕੀਤੇ ਜਾ ਰਹੇ ਹਨ, ਜਿਸ ਦੇ ਚਲਦਿਆ ਐਸ.ਐਸ.ਪੀ. ਡਾ. ਅਖਿਲ ਚੌਧਰੀ, ਆਈ.ਪੀ.ਐਸ. ਦੀ ਅਗਵਾਈ ਹੇਠ ਜਿੱਥੇ ਨਸ਼ਾ, ਗੈਰਕਾਨੂੰਨੀ ਗਤੀਵਿਧੀਆਂ ਅਤੇ ਕ੍ਰਾਈਮ ਵਿਰੁੱਧ ਮੁਹਿੰਮ ਜਾਰੀ ਹੈ, ਉੱਥੇ ਹੀ ਦਫ਼ਤਰ ਐਸ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਵਿੱਚ ਆਉਣ ਵਾਲੀਆਂ ਲੋਕਾਂ ਦੀਆ ਸ਼ਿਕਾਇਤਾਂ ਨੂੰ ਵੀ ਪਹਿਲ ਦੇ ਅਧਾਰ 'ਤੇ ਨਿਪਟਾਇਆ ਜਾ ਰਿਹਾ ਹੈ। ਐਸ.ਐਸ.ਪੀ ਦਫਤਰ ਆਉਣ ਵਾਲੇ ਹਰ ਇਕ ਸ਼ਖ਼ਸ ਦੀ ਗੱਲ ਪੂਰੀ ਗੰਭੀਰਤਾ ਨਾਲ ਸੁਣੀ ਜਾਂਦੀ ਹੈ। ਐਸ.ਐਸ.ਪੀ ਡਾ. ਅਖਿਲ ਚੌਧਰੀ ਨੇ ਕਿਹਾ ਕਿ ਇਨਸਾਫ਼ ਦੇ ਦਰਵਾਜ਼ੇ ਸਾਰਿਆਂ ਲਈ ਖੁੱਲੇ ਹਨ, ਲੋਕ ਬੇਝਿਜਕ ਆਪਣੇ ਮੁੱਦੇ ਸਾਂਝੇ ਕਰਨ। 1 ਜੂਨ ਤੋਂ 19 ਜੁਲਾਈ 2025 ਤੱਕ - ਸਿਰਫ 49 ਦਿਨਾਂ ਵਿੱਚ 1300 ਸ਼ਿਕਾਇਤਾਂ ਪ੍ਰਾਪਤ ਹੋਈਆਂ ਜਿਸ ਵਿੱਚੋਂ 1000 ਤੋਂ ਵੱਧ ਦਾ ਨਿਪਟਾਰਾ ਹੋਇਆ ।ਐਸ.ਐਸ.ਪੀ ਦਫਤਰ ਵਿੱਚ 1 ਜੂਨ 2025 ਤੋਂ 19 ਜੁਲਾਈ 2025 ਤੱਕ, 49 ਦਿਨਾਂ ਦੇ ਅੰਦਰ ਕੁੱਲ 1300 ਸ਼ਿਕਾਇਤਾਂ ਪ੍ਰਾਪਤ ਹੋਈਆਂ। ਇਨ੍ਹਾਂ ਵਿੱਚੋਂ 1005 ਦਰਖਾਸਤਾਂ ਦਾ ਨਿਪਟਾਰਾ ਕਰਕੇ ਲੋਕਾਂ ਦੀ ਤਸੱਲੀ ਕਰਵਾਈ ਗਈ। ਐਸ.ਐਸ.ਪੀ ਨੇ ਦੱਸਿਆ ਕਿ ਬਾਕੀ ਰਹਿ ਗਈਆਂ ਸ਼ਿਕਾਇਤਾਂ 'ਤੇ ਵੀ ਕਾਰਵਾਈ ਜਾਰੀ ਹੈ । ਐਸ.ਐਸ.ਪੀ ਨੇ ਕਿਹਾ ਕਿ, ਸਾਡੇ ਲਈ ਹਰ ਸ਼ਿਕਾਇਤ ਮਹੱਤਵਪੂਰਕ ਹੈ, ਇਨਸਾਫ਼ ਵਿੱਚ ਢਿੱਲ ਜਾਂ ਰੁਕਾਵਟ ਕਿਸੇ ਸੂਰਤ ਵਿੱਚ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਇਸ ਲਈ ਸੰਬੰਧਿਤ ਪੁਲਿਸ ਅਧਿਕਾਰੀਆਂ ਨੂੰ ਸਮੇਂ-ਸਮੇਂ 'ਤੇ ਹਦਾਇਤਾਂ ਜਾਰੀ ਕੀਤੀਆਂ ਜਾ ਰਹੀਆਂ ਹਨ। ਸਾਈਬਰ ਕ੍ਰਾਈਮ ਵਿਰੁੱਧ ਤੁਰੰਤ ਕਾਰਵਾਈ - 54 ਲੱਖ ਤੋਂ ਵੱਧ ਰਕਮ ਵਾਪਸ ਕਰਵਾਈ ਗਈ, ਲੋਕਾਂ ਨੂੰ ਜਾਗਰੂਕ ਕਰਨ ਦੀ ਮੁਹਿੰਮ ਜਾਰੀਇਸ ਦੌਰਾਨ ਐੱਸ.ਐੱਸ.ਪੀ ਸ੍ਰੀ ਮੁਕਤਸਰ ਸਾਹਿਬ ਡਾ. ਅਖਿਲ ਚੌਧਰੀ ਦੀ ਅਗਵਾਈ ਹੇਠ ਸਾਈਬਰ ਕ੍ਰਾਈਮ ਸੰਬੰਧੀ ਦਰਜ ਹੋਈਆਂ ਦਰਜਨਾਂ ਦਰਖਾਸਤਾਂ ਤੇ ਤੁਰੰਤ ਕਾਰਵਾਈ ਕੀਤੀ ਗਈ। ਆਧੁਨਿਕ ਠੱਗੀ ਦੇ ਢੰਗ ਜਿਵੇਂ ਕਿ ਝੂਠੇ ਲੋਨ, ਓ.ਐਲ.ਐਕਸ ਠੱਗੀ, ਬੈਂਕ ਕਸਟਮਰ ਕੇਅਰ ਦੇ ਨਾਂ ਤੇ ਠੱਗੀ, ਫੇਕ ਲਿੰਕ ਰਾਹੀਂ ਪੈਸਾ ਕੱਟਣਾ, ਆਨਲਾਈਨ ਗੇਮਾਂ ਦੇ ਨਾਂ ਤੇ ਠੱਗੀ ਆਦਿ ਦੀ ਜਾਂਚ ਕਰਕੇ, ਕੁੱਲ 54,04,873 ਦੀ ਰਕਮ ਵਾਪਸ ਕਰਵਾਈ ਗਈ, ਜਿਸ ਨਾਲ ਨਾਗਰਿਕਾਂ ਨੂੰ ਵੱਡੀ ਰਾਹਤ ਮਿਲੀ ।ਸਾਈਬਰ ਫਰੋਡ ਦੇ 01 ਫਰਵਰੀ 2025 ਤੋਂ ਲੈ ਕੇ ਅੱਜ ਤੱਕ:ਕੁੱਲ 65 ਕੇਸ ਅਦਾਲਤ ਵਿੱਚ ਪੇਸ਼ ਕੀਤੇ ਗਏ ।29 ਕੇਸ ਕੋਰਟ ਵਿਚ ਫੈਸਲੇ ਦੀ ਉਡੀਕ 'ਚ ਹਨ ।15 ਕੇਸਾਂ 'ਚ ਕੋਰਟ ਤੋਂ ਰਕਮ ਜਾਰੀ ਕਰਨ ਦੇ ਹੁਕਮ ਮਿਲੇ। 7 ਕੇਸਾਂ 'ਚ ਰਕਮ ਰੀਫੰਡ ਹੋਈ8 ਮੁਕਦਮੇ ਦਰਜ ਕੀਤੇ ਗਏ। ਪੀੜਤਾਂ ਦੇ ਪੈਸੇ ਵਾਪਸ ਲਿਆਉਣ ਲਈ, ਟੀਮ ਵੱਲੋਂ ਬੈਂਕਾਂ, ਫਿਨਟੈਕ ਕੰਪਨੀਆਂ, ਨੈਸ਼ਨਲ ਸਾਈਬਰ ਪੋਰਟਲ, ਅਤੇ ਅਦਾਲਤਾ ਰਾਹੀਂ ਕਾਰਵਾਈ ਕੀਤੀ ਜਾਂਦੀ ਹੈ। **ਲੋਕਾਂ ਲਈ ਸੰਦੇਸ਼**:ਸਾਈਬਰ ਕ੍ਰਾਈਮ ਦੇ ਵਧਦੇ ਮਾਮਲਿਆਂ ਨੂੰ ਦੇਖਦੇ ਹੋਏ, ਐੱਸ.ਐੱਸ.ਪੀ ਸ੍ਰੀ ਮੁਕਤਸਰ ਸਾਹਿਬ ਵੱਲੋਂ ਲੋਕਾਂ ਲਈ ਨਿਰੰਤਰ ਜਾਗਰੂਕਤਾ ਮੁਹਿੰਮ ਚਲਾਈ ਜਾ ਰਹੀ ਹੈ।"ਕੋਈ ਵੀ ਵਿਅਕਤੀ ਜੇਕਰ ਠੱਗੀ ਦਾ ਸ਼ਿਕਾਰ ਹੁੰਦਾ ਹੈ ਤਾਂ ਤੁਰੰਤ 1930 ਨੰਬਰ 'ਤੇ ਕਾਲ ਕਰਕੇ ਆਪਣੀ ਸ਼ਿਕਾਇਤ ਦਰਜ ਕਰਵਾਏ। ਜਿੰਨੀ ਜਲਦੀ ਰਿਪੋਰਟ ਕਰੋਗੇ, ਉਨੀ ਹੀ ਜਲਦੀ ਪੈਸਾ ਰੋਕਿਆ ਜਾ ਸਕਦਾ ਹੈ ।ਸਾਈਬਰ ਠੱਗੀ ਤੋਂ ਬਚਣ ਲਈ ਕਿਸੇ ਵੀ ਅਣਜਾਣ ਲਿੰਕ 'ਤੇ ਕਲਿੱਕ ਨਾ ਕਰੋ, ਆਪਣੇ ਬੈਂਕ ਜਾਂ ਆਧਾਰ ਵੇਰਵੇ ਕਿਸੇ ਨਾਲ ਸਾਂਝੇ ਨਾ ਕਰੋ, ਅਤੇ ਜੇਕਰ ਤੁਹਾਨੂੰ ਕੋਈ ਠੱਗੀ ਵਾਲਾ ਮੈਸੇਜ ਜਾਂ ਕਾਲ ਆਵੇ ਤਾਂ ਤੁਰੰਤ ਸਾਈਬਰ ਟੀਮ ਜਾਂ ਨਜ਼ਦੀਕੀ ਥਾਣੇ ਨੂੰ ਜਾਣਕਾਰੀ ਦਿਓ। ਸਾਡੇ ਹੈਲਪਲਾਈਨ ਨੰਬਰ 80549-42100 'ਤੇ ਵੀ ਤੁਸੀਂ ਸਿੱਧਾ ਸੰਪਰਕ ਕਰ ਸਕਦੇ ਹੋ।

# ਸਤਿੰਦਰ ਸਿੰਘ ਚੱਠਾ ਦੀ ਮੁੱਖ ਮੰਤਰੀ ਦੇ ਪ੍ਰੋਗਰਾਮਾਂ ਤੋਂ ਬਣਾਈ ਦੂਰੀ ਨੇ ਸਿਆਸੀ ਹਲਕਿਆਂ ਵਿੱਚ ਛੇੜੀ ਚਰਚਾ



ਧੂਰੀ, 20 ਜੁਲਾਈ (ਰਾਜੇਸ਼ਵਰ ਪਿੰਟੂ): ਆਮ ਆਦਮੀ ਪਾਰਟੀ ਨਾਲ ਆਪਸੀ ਮਨ ਮੁਟਾਵ ਲੈ ਕੇ ਚੱਲੇ ਆ ਰਹੇ ਆਮ ਆਦਮੀ ਪਾਰਟੀ ਦੇ ਸੂਬਾ ਆਗੂ ਅਤੇ ਕੰਟੇਨਰ ਐਂਡ ਵੇਅਰ ਹਾਊਸ ਕਾਰਪੋਰੇਸ਼ਨ ਦੇ ਸਾਬਕਾ ਚੇਅਰਮੈਨ ਸਤਿੰਦਰ ਸਿੰਘ ਚੱਠਾ ਦੀ ਅੱਜ ਮੁੱਖ ਮੰਤਰੀ ਭਗਵੰਤ ਮਾਨ ਦੇ ਸਾਰੇ ਪ੍ਰੋਗਰਾਮਾਂ ਤੋਂ ਬਣਾਈ ਦੂਰੀ ਨੇ ਸਿਆਸੀ ਹਲਕਿਆਂ ਵਿੱਚ ਇੱਕ ਨਵੀਂ ਚਰਚਾ ਛੇੜ ਦਿੱਤੀ ਹੈ। ਮੁੱਖ ਮੰਤਰੀ ਦੇ ਅੱਜ ਦੇ ਪ੍ਰੋਗਰਾਮਾਂ ਤੋਂ ਦੂਰੀ ਬਣਾਈ ਰੱਖਣ ਵਾਰੇ ਗੱਲਬਾਤ ਕਰਦਿਆਂ ਸ਼੍ਰੀ ਸਤਿੰਦਰ ਸਿੰਘ ਚੱਠਾ ਨੇ ਭਾਵੇਂ ਕਿਹਾ ਕਿ ਉਹਨਾਂ ਕੋਲ ਐਫ ਸੀ ਆਈ ਦੀ ਜਥੇਬੰਦੀ ਦੇ ਕੌਮੀ ਪ੍ਰਧਾਨ ਦਾ ਅਹੁਦਾ ਹੋਣ ਕਾਰਨ ਜਥੇਬੰਦੀ ਦੇ ਕੰਮਾਂ ਕਾਰਾਂ ਵਿੱਚ ਉਹ ਕਿਧਰੇ ਬਾਹਰ ਗਏ ਹੋਏ ਹਨ ਪ੍ਰੰਤੂ ਸਿਆਸੀ ਹਲਕਿਆਂ ਅਨੁਸਾਰ ਲੋਕਾਂ ਦਾ ਮੰਨਣਾ ਹੈ ਕਿ ਪੰਜਾਬ ਸਰਕਾਰ ਵੱਲੋਂ ਮਿਲੇ ਕੰਟੇਨਰ ਐਂਡ ਵੇਅਰ ਹਾਊਸ ਕਾਰਪੋਰੇਸ਼ਨ ਦੇ ਚੇਅਰਮੈਨ ਦੇ ਅਹੁਦੇ ਤੋਂ ਅਸਤੀਫਾ ਦੇਣ ਉਪਰੰਤ ਚੱਠਾ ਨੇ ਆਮ ਆਦਮੀ ਪਾਰਟੀ ਪ੍ਰਤੀ ਆਪਣਾ ਝੁਕਾਓ ਕਾਫੀ ਘੱਟ ਕਰ ਦਿੱਤਾ ਹੈ। ਜ਼ਿਕਰਯੋਗ ਹੈ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਪਿਛਲੀ ਵਿਧਾਨ ਸਭਾ ਚੋਣ ਵਿਚ ਸਤਿੰਦਰ ਸਿੰਘ ਚੱਠਾ ਨੇ ਪੂਰੀ ਤਨਦੇਹੀ ਨਾਲ ਦਿਨ ਰਾਤ ਇੱਕ ਕਰਕੇ ਪੱਲਿਓ ਲੱਖਾਂ ਰੁਪਏ ਖਰਚ ਕੇ ਚੋਣ ਪ੍ਰਚਾਰ ਕੀਤਾ ਸੀ ਅਤੇ ਸਿਆਸਤ ਵਿੱਚ ਬੇਦਾਗ ਆਗੂ ਵਜੋਂ ਜਾਣੇ ਜਾਂਦੇ ਸਤਿੰਦਰ ਸਿੰਘ ਚੱਠਾ ਪਾਰਟੀ ਨਾਲੋਂ ਕਿਹੜੀ ਗੱਲੋਂ ਕਿਨਾਰਾ ਕਰੀ ਬੈਠੇ ਹਨ ਇਹ ਤਾਂ ਚੱਠਾ ਦੇ ਮੂੰਹੋਂ ਸੁਣਨ ਉਪਰੰਤ ਹੀ ਸਪਸ਼ਟ ਹੋ ਸਕਦਾ ਹੈ। ਪਰੰਤੂ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਸਤਿੰਦਰ ਸਿੰਘ ਚੱਠਾ ਦੀ ਪਾਰਟੀ ਤੋਂ ਦੂਰੀ ਕਿਤੇ ਨਾ ਕਿਤੇ ਪਾਰਟੀ ਨੂੰ ਥੋੜਾ ਬਹੁਤਾ ਨੁਕਸਾਨ ਜਰੂਰ ਪਹੁੰਚਾ ਸਕਦੀ ਹੈ ਇਹ ਵੀ ਜ਼ਿਕਰ ਯੋਗ ਹੈ ਕਿ ਐਫ ਸੀ ਆਈ ਦੀ ਸਰਕਾਰੀ ਨੌਕਰੀ ਤੇ ਰਹਿੰਦਿਆਂ ਵੀ ਸਤਿੰਦਰ ਸਿੰਘ ਚੱਠਾ ਨੇ ਵਿਧਾਨ ਸਭਾ ਅਤੇ ਲੋਕ ਸਭਾ ਚੋਣਾਂ ਵਿੱਚ ਆਮ ਆਦਮੀ ਪਾਰਟੀ ਦੀ ਸ਼ਰੇਆਮ ਮਦਦ ਕੀਤੀ ਸੀ ਜਿਸ ਦੇ ਚਲਦਿਆਂ ਚੱਠਾ ਨੂੰ ਐਫ ਸੀ ਆਈ ਵਿਭਾਗ ਵੱਲੋਂ ਚਾਰਜ ਸ਼ੀਟ ਵੀ ਕਰ ਦਿੱਤਾ ਗਿਆ ਸੀ ।ਇਸੇ ਲੜੀ ਵਿੱਚ ਮੁੱਖ ਮੰਤਰੀ ਭਗਵੰਤ ਮਾਨ ਦੀਆਂ ਪਿਛਲੀਆਂ ਲਗਭਗ ਸਾਰੀਆਂ ਚੋਣਾਂ ਦੇ ਵਿੱਚ ਕਾਊਂਟਿੰਗ ਏਜੈਂਟ ਪੋਲਿੰਗ ਏਜੰਟ ਵਜੋਂ ਲੰਮੇ ਸਮੇਂ ਤੋਂ ਸੇਵਾਵਾਂ ਦਿੰਦੇ ਆ ਰਹੇ ਸੀਨੀਅਰ ਆਪ ਆਗੂ ਪ੍ਰੀਤ ਧੂਰੀ ਨੇ ਵੀ ਲੰਮੇ ਸਮੇਂ ਤੋਂ ਆਮ ਆਦਮੀ ਪਾਰਟੀ ਤੋਂ ਕਿਨਾਰਾ ਕੀਤਾ ਹੋਇਆ ਹੈ

# ਹੋਮ ਗਾਰਡ ਵੈਲ.ਫੇਅਰ ਐਸੋਸੀਏਸ਼ਨ ਰਿਟਾਇਰਡ ਮੁਲਾਜ਼ਮਾਂ ਦੀ ਮੀਟਿੰਗ ਹੋਈ



ਮਲੋਟ,20 ਜੁਲਾਈ (ਅਮਨਦੀਪ ਸਿੰਘ ਮਹਿਰਾ ): ਹੋਮਗਾਰਡ ਵੈਲਫੇਅਰ ਐਸੋ. (ਰਿਟ.) ਜ਼ਿਲਾ ਸ੍ਰੀ ਮੁਕਤਸਰ ਸਾਹਿਬ ਦੀ ਇਕ ਸਾਂਝੀ ਮੀਟਿੰਗ ਅਨਾਜ ਮੰਡੀ ਮਲੋਟ ਦੇ ਵਾਟਰ ਵਰਕਸ ਵਿਚ ਹੋਈ, ਜਿਸ ਵਿਚ ਜ਼ਿਲੇ ਭਰ ਦੇ ਰਿਟ. ਅਤੇ ਬਾਕੀ ਮੁਲਾਜ਼ਮਾਂ ਨੇ ਭਾਗ ਲਿਆ।ਪੰਜਾਬ ਦੇ ਜਨਰਲ ਸੈਕਟਰੀ ਅਮਰਜੀਤ ਸਿੰਘ ਬਠਿੰਡਾ ਦੀ ਅਗਵਾਈ ਹੇਠ ਹੋਈ ਇਸ ਮੀਟਿੰਗ ਵਿਚ ਸਮੂਹ ਅਹੁਦੇਦਾਰਾਂ ਨੇ ਆਪਣੇ ਆਪਣੇ ਵਿਚਾਰ ਰੱਖੇ। ਇਸ ਮੀਟਿੰਗ ਵਿਚ ਹੋਮ ਗਾਰਡ ਜਵਾਨਾਂ ਦੀਆਂ ਮੁਸ਼ਕਿਲਾਂ ਤੇ ਵਿਚਾਰ ਵਟਾਂਦਰਾ ਕੀਤਾ ਗਿਆ। ਇਸ ਮੀਟਿੰਗ ਵਿਚ ਬਲਦੇਵ ਸਿੰਘ ਸ੍ਰੀ ਮੁਕਤਸਰ ਸਾਹਿਬ ਨੂੰ ਸਰਵ ਸੰਮਤੀ ਨਾਲ ਜ਼ਿਲਾ ਪ੍ਰਧਾਨ ਚੁਣਿਆ ਗਿਆ। ਜਿਹਨਾਂ ਨੂੰ ਕਿਹਾ ਕਿ ਜ਼ਿਲ੍ਹਾ ਕਮੇਟੀ ਦਾ ਅਧਿਕਾਰ ਦਿੱਤਾ ਅਤੇ ਕਿਹਾ ਸਾਰੀਆਂ ਸਬ ਡਵੀਜਨਾਂ ਦੇ ਵੱਧ ਤੋਂ ਵੱਧ ਰਿਟ.ਅਤੇ ਮਜੂਦਾ ਕਰਮਚਾਰੀਆਂ ਨੂੰ ਸ਼ਾਮਿਲ ਕਰਕੇ ਜ਼ਿਲ੍ਹਾ ਕਮੇਟੀ ਬਣਾਈ ਜਾਵੇ। ਇਹ ਅਹੁਦੇਦਾਰ ਬਣਾ ਕਿ ਕਿ ਪੰਜਾਬ ਬਾਡੀ ਨੂੰ ਜਾਣਕਾਰੀ ਦਿੱਤੀ ਜਾਵੇ। ਇਸ ਮੌਕੇ ਦੱਸਿਆ ਕਿ ਮਾਨ ਭੱਤਾ ਅਤੇ ਪੈਨਸ਼ਨਾ ਦਾ ਕੇਸ ਜਿਸ ਦੀ ਕਮੇਟੀ ਬਣੀ ਹੋਈ ਹੈ ਸਬੰਧੀ ਇਕ ਵਫ਼ਦ ਮੰਤਰੀ ਨੂੰ ਮਿਲਿਆ ਸੀ ਜਿਹਨਾਂ ਨੇ 15 ਦਿਨਾਂ ਵਿਚ ਇਹ ਮੰਗ ਹੱਲ ਕਰਨ ਦਾ ਭਰੋਸਾ ਦਿੱਤਾ ਸੀ। ਮੀਟਿੰਗ ਵਿਚ ਫੈਸਲਾ ਕੀਤਾ ਕਿ 31 ਜੁਲਾਈ ਤੱਕ ਉਹਨਾਂ ਦੀ ਮੰਗ ਪੂਰੀ ਨਾ ਹੋਈ ਤਾਂ 1 ਅਗਸਤ ਤੋਂ ਸੰਗਰੂਰ ਜਾਂ ਲੁਧਿਆਨਾ ਵਿਖੇ ਟੋਲ ਪਲਾਜੇ 'ਤੇ ਧਰਨਾ ਲਾਇਆ ਜਾਵੇਗਾ। ਇਸ ਮੌਕੇ ਗੁਰਮੇਲ ਸਿੰਘ, ਨਾਜਰ ਸਿੰਘ, ਅੰਗਰੇਜ ਸਿੰਘ, ਹਰਮੇਲ ਸਿੰਘ, ਕਪੂਰ ਸਿੰਘ, ਗੁਰਬਚਨ ਸਿੰਘ, ਅਸ਼ੋਕ ਕੁਮਾਰ ਅਤੇ ਤਾਰਾ ਸਿੰਘ ਮੇਤ ਮੈਂਬਰ ਸ਼ਾਮਿਲ ਹੋਏ।

# ਨਸ਼ਾ ਮੁਕਤ ਸਮਾਜ ਦੀ ਸਿਰਜਣਾ ਲਈ ਸਾਨੂੰ ਇੱਕਜੁੱਟ ਹੋ ਕੇ ਨਸ਼ੇ ਖ਼ਿਲਾਫ਼ ਲੜਨ ਦੀ ਲੋੜ : ਵਿਧਾਇਕ ਬਲਕਾਰ ਸਿੰਘ ਸਿੱਧੂ



ਭਗਤਾ ਭਾਈ ਕਾ 20 ਜੁਲਾਈ (ਸਵਰਨ ਸਿੰਘ ਭਗਤਾ) ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਸ਼ੁਰੂ ਕੀਤੀ ਨਸ਼ਾ ਮੁਕਤੀ ਯਾਤਰਾ ਨੂੰ ਜਿੱਥੇ ਮੁਕੰਮਲ ਤੌਰ 'ਤੇ ਬੂਰ ਪੈ ਰਿਹਾ ਹੈ ਉੱਥੇ ਹੀ ਆਮ ਲੋਕਾਂ ਵੱਲੋਂ ਇਸ ਮੁਹਿੰਮ ਨੂੰ ਪੂਰਨ ਤੌਰ 'ਤੇ ਭਰਵਾਂ ਹੁੰਗਾਰਾ ਮਿਲ ਰਿਹਾ ਹੈ ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਵਿਧਾਇਕ ਹਲਕਾ ਰਾਮਪੁਰਾ ਫੂਲ ਬਲਕਾਰ ਸਿੰਘ ਸਿੱਧੂ ਨੇ ਜ਼ਿਲ੍ਹੇ ਦੇ ਪਿੰਡ ਭਗਤਾ ਭਾਈਕਾ,ਮਲੂਕਾ ਖੁਰਦ ਤੇ ਨਵਾਂ ਕੇਸਰ ਸਿੰਘ ਵਾਲਾ ਵਿਖੇ ਨਸ਼ਾ ਮੁਕਤੀ ਯਾਤਰਾ 'ਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਨ ਮੌਕੇ ਕੀਤਾ। ਇਸ ਮੌਕੇ ਉਨ੍ਹਾਂ ਪਿੰਡ ਵਾਸੀਆਂ ਨੂੰ ਨਸ਼ੇ ਦਾ ਸੇਵਨ ਨਾ ਕਰਨ ਅਤੇ ਨਸ਼ੇ ਵੇਚਣ ਵਾਲਿਆਂ ਦਾ ਸਾਥ ਨਾ ਦੇਣ ਦੀ ਸਹੁੰ ਵੀ ਚੁਕਾਈ। ਇਸ ਮੌਕੇ ਉਹਨਾਂ ਦੇ ਨਾਲ ਨਗਰ ਸੁਧਾਰ ਟਰੱਸਟ ਦੇ ਚੇਅਰਮੈਨ ਜਤਿੰਦਰ ਸਿੰਘ ਭੱਲਾ ਵਿਸ਼ੇਸ਼ ਤੌਰ ਤੇ ਹਾਜ਼ਰ ਰਹੇ।ਇਸ ਮੌਕੇ ਵਿਧਾਇਕ ਰਾਮਪੁਰਾ ਫੂਲ ਬਲਕਾਰ ਸਿੰਘ ਸਿੱਧੂ ਨੇ ਨੌਜਵਾਨ ਵਰਗ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਨਸ਼ਾ ਮੁਕਤ ਸਮਾਜ ਦੀ ਸਿਰਜਣਾ ਲਈ ਸਾਨੂੰ ਸਾਰਿਆਂ ਨੂੰ ਇੱਕਜੁੱਟ ਹੋ ਕੇ ਨਸ਼ੇ ਖਿਲਾਫ਼ ਲੜਨ ਦੀ ਲੋੜ ਹੈ। ਇਸ ਮੌਕੇ ਉਨ੍ਹਾਂ ਕਿਹਾ ਕਿ ਇਸ ਮੁਹਿੰਮ ਵਿਚ ਆਮ ਲੋਕਾਂ ਦੇ ਨਾਲ-ਨਾਲ ਨੌਜਵਾਨ ਵਰਗ ਦੇ ਸਹਿਯੋਗ ਦੀ ਪੂਰਨ ਲੋੜ ਹੈ ਤਾਂ ਜੋ ਅਸੀਂ ਨਸ਼ਿਆਂ ਦੀ ਇਸ ਭੈੜੀ ਅਲਾਮਤ ਤੋਂ ਛੁਟਕਾਰਾ ਪਾ ਸਕੀਏ। ਇਸ ਮੌਕੇ ਉਨ੍ਹਾਂ ਪਿੰਡ ਵਾਸੀਆਂ, ਖਾਸਕਰ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਨਸ਼ਿਆਂ ਤੋਂ ਦੂਰ ਰਹਿ ਕੇ ਖੇਡਾਂ ਵਿੱਚ ਆਪਣੀ ਰੁਚੀ ਵਧਾਉਣ ਅਤੇ ਹੋਰਨਾਂ ਨੂੰ ਵੀ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਤੋਂ ਜਾਣੂ ਕਰਵਾ ਕੇ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕਰਨ।ਵਿਧਾਇਕ ਸਿੱਧੂ ਨੇ ਕਿਹਾ ਕਿ ਜੋ ਲੋਕ ਮਾੜੀ ਸੰਗਤ ਦਾ ਸ਼ਿਕਾਰ ਹੋ ਕੇ ਨਸ਼ਿਆਂ ਦੀ ਚੁੰਗਲ ਵਿੱਚ ਫਸ ਚੁੱਕੇ ਹਨ ਉਨ੍ਹਾਂ ਦਾ ਮੁਫਤ ਇਲਾਜ ਪੰਜਾਬ ਸਰਕਾਰ ਵੱਲੋਂ ਕਰਵਾਇਆ ਜਾ ਰਿਹਾ ਹੈ। ਉਨ੍ਹਾਂ ਲੋਕਾਂ ਨੂੰ ਇੱਕਠੇ ਹੋਣ ਦਾ ਸੰਦੇਸ਼ ਦਿੰਦਿਆਂ ਕਿਹਾ ਕਿ ਨਸ਼ਾ ਤਸਕਰਾਂ ਖਿਲਾਫ ਜਾਣਕਾਰੀ ਸਿਵਲ ਤੇ ਪੁਲਿਸ ਪ੍ਰਸ਼ਾਸਨ ਨਾਲ ਸਾਂਝੀ ਕੀਤੀ ਜਾਵੇ ਤਾਂ ਜੋ ਮਾੜੀ ਅਲਾਮਤ ਦਾ ਪੂਰੀ ਤਰ੍ਹਾਂ ਖਾਤਮਾ ਹੋ ਸਕੇ। ਉਨ੍ਹਾਂ ਆਮ ਲੋਕਾਂ ਨੂੰ ਪੁਰਜ਼ੋਰ ਅਪੀਲ ਕਰਦਿਆਂ ਕਿਹਾ ਕਿ ਉਹ ਆਪਣੇ ਪਿੰਡ ਵਿੱਚ ਨਸ਼ਾ ਮੁਕਤੀ ਯਾਤਰਾ ਵਿੱਚ ਸ਼ਾਮਲ ਹੋ ਕੇ ਆਪਣਾ ਫਰਜ਼ ਜ਼ਰੂਰ ਨਿਭਾਉਣ ਅਤੇ ਪੰਜਾਬ ਨੂੰ ਮੁੜ ਰੰਗਲਾ ਪੰਜਾਬ ਬਣਾਉਣ ਵਿੱਚ ਆਪਣਾ ਯੋਗਦਾਨ ਜ਼ਰੂਰ ਪਾਉਣ।ਇਸ ਮੌਕੇ ਓਐਸਡੀ ਸਿੰਘ ਚੇਅਰਮੈਨ, ਯੁੱਧ ਨਸ਼ਿਆਂ ਵਿਰੁੱਧ ਦੇ ਹਲਕਾ ਕੋਆਰਡੀਨੇਟਰ ਰਾਜਵਿੰਦਰ ਸਿੰਘ ਗਿੱਲ, ਪਰਮਜੀਤ ਸਿੰਘ ਕਾਂਗੜ ਸੀਨੀਅਰ ਆਪ ਆਗੂ, ਜਗਸੀਰ ਸਿੰਘ ਪੰਨੂ,ਸੰਜੀਵ ਕੁਮਾਰ ਬੰਟੀ, ਰਾਮਪਾਲ ਗਰਗ,ਰਾਕੇਸ਼ ਅਰੋੜਾ ਪ੍ਰਧਾਨ, ਕ੍ਰਿਸ਼ਨ ਕੁਮਾਰ ਭੋਲਾ, ਗੁਰਵਿੰਦਰ ਕੌਰ ਇਸਤਰੀ ਆਗੂ ਤੋਂ ਇਲਾਵਾ ਵੱਖ-ਵੱਖ ਪਿੰਡਾਂ ਦੇ ਲੋਕਾਂ ਤੋਂ ਇਲਾਵਾ ਭਾਰੀ ਗਿਣਤੀ ਵਿੱਚ ਨੌਜਵਾਨਾ ਵੱਲੋਂ ਸ਼ਿਰਕਤ ਕੀਤੀ ਗਈ।

# ਜੈ ਮਾਂ ਭਵਾਨੀ ਕਲੱਬ ਤਪਾ ਨੇ 23ਵਾ ਵਿਸ਼ਾਲ ਜਾਗਰਣ ਕਰਵਾਇਆ

ਤਪਾ ਮੰਡੀ 20 ਜੁਲਾਈ (ਭੂਸ਼ਨ ਘੜੈਲਾ)- ਜੈ ਮਾਂ ਭਵਾਨੀ ਕਲੱਬ ਤਪਾ ਵੱਲੋਂ 23ਵਾ ਵਿਸ਼ਾਲ ਜਾਗਰਣ ਸ਼ਹਿਰ ਨਿਵਾਸੀਆਂ ਦੇ ਸਹਿਯੋਗ ਨਾਲ ਬੜੀ ਸਰਧਾ ਅਤੇ ਧੂਮਧਾਮ ਨਾਲ ਕਰਵਾਇਆ ਗਿਆ। ਇਸ ਮੌਕੇ ਕਲੱਬ ਦੇ ਪ੍ਰਧਾਨ ਹੈਪੀ ਸਿੰਘ ਅਤੇ ਅਹੁਦੇਦਾਰਾਂ ਗੁਰਪ੍ਰੀਤ ਸਿੰਘ ਘੁੱਗੀ, ਬੱਬੂ ਸਿੰਘ ਤੇ ਕੁਲਦੀਪ ਸਿੰਘ, ਜੋਗਿੰਦਰੀ ਸਿੰਘ, ਗੋਰੀ ਸਿੰਘ ਅਤੇ ਰਾਜੂ ਸਿੰਘ, ਸਤਗੁਰੁ ਸਿੰਘ, ਵਿਸ਼ਾਖਾ ਸਿੰਘ ਆਦਿ ਨੇ ਦੱਸਿਆ ਕਿ ਜੈ ਮਾਂ ਭਵਾਨੀ ਕਲੱਬ ਤਪਾ ਵੱਲੋਂ ਸਾਵਣ ਦੇ ਮਹੀਨੇ ਨੂੰ ਮੁੱਖ ਰੱਖਦਿਆਂ ਹਰ ਸਾਲ ਦੀ ਤਰ੍ਹਾਂ ਤਪਾ ਵਾਸੀਆਂ ਅਤੇ ਪੱਲੇਦਾਰ ਯੂਨੀਅਨ ਦੇ ਸਹਿਯੋਗ ਨਾਲ ਜਾਗਰਣ ਕਰਵਾਇਆ ਗਿਆ ਹੈ।ਇਸ ਜਾਗਰਣ ਮੌਕੇ ਮਾਤਾ ਦਾ ਗੁਣਗਾਣ ਭਜਨ ਗਾਇਕਾ ਮਾਧਵੀ ਵੰਦਨਾ ਪੰਡਿਤ ਅਤੇ ਬੱਬੂ ਖਾਨ ਭਦੌੜ ਵਾਲੇ ਨੇ ਅਪਣੀ ਸੁਰੀਲੀ ਆਵਾਜ਼ ਰਾਹੀਂ ਕੀਤਾ ਦੋਵੇਂ ਗਾਇਕੀ ਮਾਹਰ ਕਲਾਕਾਰਾਂ ਵੱਲੋਂ ਜਾਗਰਣ ਵਿੱਚ ਸੁੰਦਰ ਸੁੰਦਰ ਭੇਟਾਂ ਰਾਹੀ ਭਗਤਾਂ ਨੂੰ ਨੱਚਣ ਲਈ ਮਜਬੂਰ ਕਰ ਦਿੱਤਾ।ਇਸ ਜਾਗਰਣ ਸਮਾਗਮ ਦੇ ਮੁੱਖ ਮਹਿਮਾਨ ਵਿਧਾਨ ਸਭਾ ਹਲਕਾ ਭਦੌੜ ਦੇ ਵਿਧਾਇਕ ਲਾਭ ਸਿੰਘ ਉੱਗੋਕੇ ਸਨ ਜਿਨ੍ਹਾਂ ਨੇ ਵਿਸ਼ੇਸ਼ ਤੌਰ ਹਾਜ਼ਰੀ ਲਗਵਾ ਕੇ ਸਮੂਹ ਕਲੱਬ ਮੈਂਬਰਾਂ ਤੇ ਸੰਗਤ ਦਾ ਮਾਨ ਵਧਾਇਆ ਹੈ।ਇਸ ਮੌਕੇ ਉਦਘਾਟਨ ਦੀ ਰਸਮ ਨਗਰ ਕੌਂਸਲ ਤਪਾ ਦੀ ਪ੍ਰਧਾਨ ਡਾਕਟਰ ਸੋਨਿਕਾ ਬਾਂਸਲ ਅਤੇ ਮੀਤ ਪ੍ਰਧਾਨ ਰਿਸ਼ੂ ਰੰਗੀ ਨੇ ਅਦਾ ਕੀਤੀ। ਪੂਜਨ ਸਮਾਜ ਸੇਵੀ ਮਨੋਜ ਕੁਮਾਰ ਮੋਜੀ ਚੌਧਰੀ ਨੇ ਆਪਣੇ ਪਰਿਵਾਰ ਸਮੇਤ ਕੀਤਾ, ਜੋਤੀ ਪ੍ਰਚੰਡ ਸਮਾਜ ਸੇਵੀ ਤਰਸੇਮ ਬਾਂਸਲ ਅਤੇ ਬੁੱਧ ਰਾਮ ਕਾਲਾ ਸਾਬਕਾ ਕੌਂਸਲਰ ਨੇ ਕੀਤੀ।ਇਸ ਜਾਗਰਣ ਵਿੱਚ ਵਿਸ਼ੇਸ਼ ਸਹਿਯੋਗ ਜ਼ਿਲ੍ਹਾ ਬਰਨਾਲਾ ਦੀ ਪੱਲੇਦਾਰ ਯੂਨੀਅਨ ਦੇ ਪ੍ਰਧਾਨ ਹੈਪੀ ਸਿੰਘ, ਪੱਲੇਦਾਰ ਡੀਪੂ ਪ੍ਰਧਾਨ ਜਗਦੀਸ਼ ਰਾਏ ਅਤੇ ਟਰੱਕ ਯੂਨੀਅਨ ਤਪਾ ਦੇ ਪ੍ਰਧਾਨ ਜਸਵਿੰਦਰ ਸਿੰਘ ਚੱਠਾ ਅਤੇ ਪ੍ਰਧਾਨ ਗੁਰਤੇਜ ਸਿੰਘ ਧਾਲੀਵਾਲ, ਤਪਾ ਦੇ ਇੰਚਾਰਜ ਸਬ ਇੰਸਪੈਕਟਰ ਸਰੀਫ ਖਾਨ ਅਤੇ ਚੌਕੀ ਇੰਚਾਰਜ ਬਲਜੀਤ ਸਿੰਘ ਢਿੱਲੋਂ ਦਾ ਰਿਹਾ ਜਿਨ੍ਹਾਂ ਦਾ ਕਲੱਬ ਦੇ ਅਹੁੱਦੇਦਾਰਾ ਵੱਲੋਂ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਮੌਕੇ ਵਿਧਾਇਕ ਦੇ ਨਿੱਜੀ ਸਹਾਇਕ ਹੈਰੀ ਧੂਰਕੋਟ,ਪ੍ਰੇਮ ਕੁਮਾਰ, ਜਗਦੀਸ ਘੁੰਨਸ, ਸੁਭਾਸ਼ ਕੁਮਾਰ, ਮੁਨੀਸ਼ ਕੁਮਾਰ, ਕਾਲਾ ਚੱਠਾ, ਰਿੰਕਾ ਅਰੋੜਾ, ਬਲਜੀਤ ਸਿੰਘ ਬਾਸੀ,ਰਾਜੂ ਮਾਰਕੰਡਾ, ਸਕਿੰਦਰ ਸਿੰਘ ਸ਼ਰਾਫ ਆਦਿ ਸਨ।



# ਟੰਡਨ ਇੰਟਰਨੈਸ਼ਨਲ ਸਕੂਲ ਵਿਖੇ ਮਾਡਲ ਯੂਨਾਈਟਿਡ ਨੇਸ਼ਨਜ਼ ਪ੍ਰੋਗਰਾਮ ਦਾ ਸਮਾਪਨ ਸਮਾਰੋਹ ਸ਼ਾਨੋ ਸ਼ੌਕਤ ਨਾਲ ਸੰਪਨ

ਬਰਨਾਲਾ, 20 ਜੁਲਾਈ (ਸੁਖਵਿੰਦਰ ਸਿੰਘ ਭੰਡਾਰੀ): ਟੰਡਨ ਇੰਟਰਨੈਸ਼ਨਲ ਸਕੂਲ ਵਿਖੇ ਅੱਜ ਮਾਡਲ ਯੂਨਾਈਟਿਡ ਨੇਸ਼ਨਜ਼ ਦਾ ਤਿੰਨ ਰੋਜ਼ਾ ਪ੍ਰੋਗਰਾਮ ਦਾ ਸਮਾਪਨ ਬਹੁਤ ਹੀ ਜੋਸ਼ ਭਰਿਆ ਰਿਹਾ। ਇਸ ਪ੍ਰੋਗਰਾਮ ਦੇ ਮੁਖ ਮਹਿਮਾਨ ਵਜੋਂ ਕਾਂਗਰਸ ਦੇ ਲੀਡਰ ਕੁਲਦੀਪ ਸਿੰਘ ਕਾਲਾ ਢਿੱਲੋਂ ਐਮ ਐਲ ਏ ਬਰਨਾਲਾ ਅਤੇ ਚੇਅਰਮੈਨ ਸ਼ਿਵ ਦਰਸ਼ਨ ਸ਼ਰਮਾ , ਸੋਸ਼ਲ ਵਰਕਰ ਜਸਲੀਨ ਕੌਰ ਪਟਿਆਲਾ ਅਤੇ ਮੈਡਮ ਕ੍ਰਿਸਟਲ ਅਮਰੀਕਾ ਨੇ ਸਿਰਕਤ ਕੀਤੀ। ਇਸ ਪ੍ਰੋਗਰਾਮ ਵਿਚ ਪੂਰੇ ਪੰਜਾਬ ਭਰ ਤੋਂ ਬਹੁਤ ਸਾਰੇ ਸਕੂਲਾਂ ਦੇ 600 ਵਿਦਿਆਰਥੀਆਂ ਨੇ ਭਾਗ ਲਿਆ। ਬੱਚਿਆਂ ਨੇ ਆਪਣੇ ਆਪਣੇ ਵਿਸ਼ੇ ਉਪਰ ਪੂਰੀ ਰਿਸਰਚ ਕੀਤੀ ਹੋਈ ਸੀ।ਇਹ ਪ੍ਰੋਗਰਾਮ ਤਿੰਨ ਦਿਨ ਤਕ ਚੱਲਿਆ, ਜਿਸ ਵਿਚ ਰੋਜ ਬੱਚਿਆਂ ਦੀ ਕਾਰਗੁਜ਼ਾਰੀ ਨੂੰ ਨੋਟ ਕੀਤਾ ਗਿਆ,ਜਿਸ ਅਧਾਰ 'ਤੇ ਬੱਚਿਆਂ ਦੀਆਂ ਪੋਜੀਸ਼ਨਾਂ ਦਾ ਰਿਜ਼ਲਟ ਤਿਆਰ ਕੀਤਾ ਗਿਆ। ਇਸ ਮੌਕੇ ਸਕੂਲ ਦੇ ਵਿਦਿਆਰਥੀਆਂ ਨੇ ਰੰਗਾ ਰੰਗ ਪ੍ਰੋਗਰਾਮ ਵੀ ਪੇਸ਼ ਕੀਤਾ, ਜਿਸ ਵਿਚ ਡਾਂਸ ,ਗੀਤ ਗਾਇਨ ਆਦਿ ਸ਼ਾਮਿਲ ਸਨ। ਆਏ ਹੋਏ ਮਹਿਮਾਨਾਂ ਨੇ ਬੱਚਿਆਂ ਦੀ ਹੌਸਲਾ ਅਫ਼ਜ਼ਾਈ ਕੀਤੀ। ਇਸ ਮਾਡਲ ਯੂਨਾਈਟਿਡ ਨੇਸ਼ਨਜ਼ ਪ੍ਰੋਗਰਾਮ ਦੇ ਵਿਚ ਜੇਤੂ ਬੱਚਿਆਂ ਨੂੰ ਮੁੱਖ ਮਹਿਮਾਨ ਸਰਦਾਰ ਕੁਲਦੀਪ ਸਿੰਘ ਕਾਲਾ ਢਿੱਲੋਂ ਨੇ ਮੈਡਲ ਪਾ ਕੇ ਸਨਮਾਨਿਤ ਕੀਤਾ। ਇਸ ਮੌਕੇ ਉਨ੍ਹਾਂ ਕਿਹਾ ਕਿ ਇਸ ਪ੍ਰਕਾਰ ਦੇ ਪ੍ਰੋਗਰਾਮ ਬੱਚਿਆਂ ਨੂੰ ਆਉਣ ਵਾਲੇ ਚੰਗੇ ਲੀਡਰ ਬਣਾਉਂਦੇ ਹਨ। ਅੱਜ ਇਸ ਸਕੂਲ ਵਿਚ ਕੋਈ ਨਰਿੰਦਰ ਮੋਦੀ ,ਰਾਹੁਲ ਗਾਂਧੀ, ਸਮਰਿਤੀ ਇਰਾਨੀ, ਅਮਿਤ ਸ਼ਾਹ, ਕੇਜਰੀਵਾਲ ਆਦਿ ਨੇਤਾਵਾਂ ਦੇ ਕਿਰਦਾਰ ਵਿੱਚ ਬੱਚਿਆਂ ਨੂੰ ਦੇਖਿਆ ਅਤੇ ਜਿਸ ਪ੍ਰਕਾਰ ਅਸੈਂਬਲੀ ਵਿਚ ਮੁੱਦਿਆਂ ਉੱਪਰ ਬਹਿਸ ਹੁੰਦੀ ਹੈ, ਇਨ੍ਹਾਂ ਬੱਚਿਆਂ ਨੇ ਨੇਤਾਵਾਂ ਦੇ ਕਿਰਦਾਰ ਵਿਚ ਕੀਤੀ ਅਤੇ ਪੂਰੇ ਕਿਰਦਾਰ ਵਿਚ ਸਨ। ਬੱਚਿਆਂ ਦਾ ਹੌਸਲਾ ਦੇਖ ਬਹੁਤ ਚੰਗਾ ਲੱਗਿਆ, ਮੈਂ ਇਹਨਾਂ ਬੱਚਿਆਂ ਦੇ ਸੁਨਿਹਰੀ ਭਵਿੱਖ ਦੀ ਕਾਮਨਾ ਕਰਦਾ ਹਾਂ। ਸਕੂਲ ਦੇ ਡਾਇਰੈਕਟਰ ਸ਼ਿਵ ਸਿੰਗਲਾ ਨੇ ਇਸ ਪ੍ਰੋਗਰਾਮ ਦਾ ਬੀੜਾ ਚੁੱਕਣ ਵਾਲੇ ਹਰਮਨ ਢਿੱਲੋਂ ਅਤੇ ਜੇ ਪੀ ਸਿੰਗਲਾ ਨੂੰ ਅਤੇ ਉਹਨਾਂ ਦੀ ਪ੍ਰੀਯਾਸ ਟੀਮ ਦੀ ਸ਼ਲਾਘਾ ਕੀਤੀ ਕਿ ਇਸ ਪ੍ਰੋਗਰਾਮ ਸਫ਼ਲਤਾ ਪੂਰਨ ਸਿਰੇ ਚੜਿਆ। ਅੱਜ ਦੇ ਬੱਚਿਆਂ ਵਿਚ ਆਤਮਵਿਸ਼ਵਾਸ ਦੀ ਭਾਵਨਾ ਅਤੇ ਸਰਵਪੱਖੀ ਵਿਕਾਸ ਦੇਣ ਲਈ ਸਕੂਲ ਇਸ ਪ੍ਰਕਾਰ ਦੇ ਪ੍ਰੋਗਰਾਮ ਕਰਦਾ ਰਹਿੰਦਾ ਹੈ। ਟੰਡਨ ਸਕੂਲ ਦੇ ਚੇਅਰਮੈਨ ਸ਼ਿਵ ਦਰਸ਼ਨ ਸ਼ਰਮਾ , ਡਾਇਰੈਕਟਰ ਸ਼ਿਵ ਸਿੰਗਲਾ ਅਤੇ ਪ੍ਰਿੰਸੀਪਲ ਦੀ ਮੈਡਮ ਸ਼ਾਲਿਨੀ ਕੌਸ਼ਲ ਨੇ ਬਾਹਰੋਂ ਆਏ ਮਹਿਮਾਨਾਂ ਦਾ ਧੰਨਵਾਦ ਕੀਤਾ ਅਤੇ ਸਾਰੇ ਹੀ ਮਹਿਮਾਨਾਂ ਦਾ ਟੋਕਨ ਆਫ਼ ਲਵ ਨਾਲ ਸਨਮਾਨ ਕੀਤਾ ਗਿਆ।




# ਸ੍ਰੀ ਮਹਾ ਸ਼ਕਤੀ ਕਲਾ ਮੰਚ ਬਰਨਾਲਾ ਵਿਖੇ ਨਿਊਰੋਪੈਥੀ ਉਪਚਾਰ ਕੈਂਪ ਦੌਰਾਨ 251 ਮਰੀਜ਼ਾਂ ਦਾ ਹੋਇਆ ਚੈੱਕ ਅੱਪ



ਬਰਨਾਲਾ, 20 ਜੁਲਾਈ (ਸੁਖਵਿੰਦਰ ਸਿੰਘ ਭੰਡਾਰੀ): ਸ਼੍ਰੀ ਮਹਾ ਸ਼ਕਤੀ ਕਲਾ ਮੰਚ ਬਰਨਾਲਾ ਵੱਲੋਂ ਫਰੀ ਨਿਊਰੋਪੈਥੀ ਉਪਚਾਰ ਕੈਂਪ ਸਵੇਰੇ 9 ਵਜੇ ਤੋਂ ਬਾਅਦ ਦੁਪਹਿਰ 2 ਵਜੇ ਤੱਕ ਸ਼੍ਰੀ ਮਹਾਂ ਸ਼ਕਤੀ ਕਲਾ ਮੰਚ ਦੇ ਪ੍ਰਾਂਗਣ ਚ, ਨਜ਼ਦੀਕ ਪੁਰਾਣੀ ਰਾਮਲੀਲਾ ਬਰਨਾਲਾ ਵਿਖੇ ਲਗਾਇਆ ਗਿਆ। ਇਸ ਮੌਕੇ ਬਾਹਰੋਂ ਆਏ ਨਿਊਰੋਪੈਥੀ ਦੇ ਮਾਹਿਰ ਡਾ ਅਜੇ ਗਾਂਧੀ, ਡਾ ਰਵਿੰਦਰ ਸਿੰਘ ਸ਼ੇਖਾਵਤ, ਡਾ ਰਾਜਵਿੰਦਰ ਸਿੰਘ, ਡਾ ਭੁਪਿੰਦਰ ਸਿੰਘ ਰਠੌਂਡ, ਡਾ ਕਰਨਵੀਰ ਸਿੰਘ, ਡਾ ਅਜੇ ਸਿੰਘ ਰਠੌਂਡ, ਡਾ ਸੋਨਾਲੀ, ਡਾ ਵਿਲਸੀ ਨੇ ਕੈਂਪ ਦੌਰਾਨ ਕਮਰ ਦਰਦ, ਗੋਡਿਆਂ ਦਾ ਦਰਦ, ਸਰਵਾਈਕਲ, ਮਾਈਗ੍ਰੇਨ, ਗੈਸ, ਐਸੀਡਿਟੀ, ਪੁਰਾਣੀ ਕਬਜ਼, ਫਰੋਜਨ ਮੋਢੇ, ਸ਼ੂਗਰ, ਬੀ ਪੀ ਦਾ ਘੱਟ ਹੋਣਾ ਜਾਂ ਜਿਆਦਾ ਹੋਣਾ, ਗਠੀਆ ਰੋਗ, ਅਧਰੰਗ, ਸੀ ਪੀ ਬੱਚੇ ਆਦਿ ਬਿਮਾਰੀਆਂ ਦੇ 251 ਮਰੀਜ਼ਾਂ ਦਾ ਚੈੱਕ ਅੱਪ ਕੀਤਾ ਅਤੇ ਮਸਾਜ ਕਰਕੇ ਮਰੀਜ਼ਾਂ ਨੂੰ ਰਾਹਤ ਮੁੱਹਈਆ ਕਰਵਾਈ। ਪ੍ਰੈਸ ਨੂੰ ਉਕਤ ਜਾਣਕਾਰੀ ਦਿੰਦਿਆਂ ਸ਼੍ਰੀ ਮਹਾਸ਼ਕਤੀ ਕਲਾ ਮੰਚ ਬਰਨਾਲਾ ਦੇ ਪ੍ਰਧਾਨ ਜ਼ਿੰਮੀ ਮਿੱਤਲ, ਸ਼ੰਮੀ ਸਿੰਗਲਾ, ਵਿਨੋਦ ਵਰਮਾ, ਐਡਵੋਕੇਟ ਇੰਦਰਪਾਲ ਗਰਗ, ਅਨਿਲ ਦੱਤ ਸ਼ਰਮਾ ਅਤੇ ਹਰੀਸ਼ ਗੋਇਲ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਡਾਕਟਰ ਸਾਹਿਬਾਨਾਂ ਨੇ ਮਰੀਜ਼ਾਂ ਨੂੰ ਮਸਾਜ ਦੇ ਗੁਰ ਦੱਸੇ ਕਿ ਉਹ ਕਿਸੇ ਮਾਹਿਰ ਤੋਂ ਰੋਜ਼ਾਨਾ ਮਸਾਜ਼ ਕਰਵਾ ਕੇ ਬਿਮਾਰੀਆਂ ਤੋਂ ਰਾਹਤ ਪਾ ਸਕਦੇ ਹਨ ਅਤੇ ਉਨ੍ਹਾਂ ਨੂੰ ਦਵਾਈਆਂ ਖਾਣ ਦੀ ਜ਼ਰੂਰਤ ਨਹੀਂ ਪਵੇਗੀ। ਇਸ ਮੌਕੇ ਸੰਦੀਪ ਜਿੰਕੂ, ਵਿਨੋਦ ਵਰਮਾ, ਇੰਦਰਪਾਲ ਗਰਗ, ਅਨਿਲ ਦੱਤ ਸ਼ਰਮਾ, ਨਰੇਸ਼ ਪਨਸਪ ਵਾਲੇ, ਸਰਵਹਿੱਤਕਾਰੀ ਸਕੂਲ ਦੇ ਪ੍ਰਧਾਨ ਜੀਵਨ ਮੋਦੀ, ਸੇਵਾ ਭਾਰਤੀ ਦੇ ਪ੍ਰਧਾਨ ਸੁਭਾਸ਼ ਮੱਕੜਾ, ਸੁਖਦਰਸ਼ਨ ਸਿੰਘ ਸਦਿਓੜਾ, ਮਨਜੀਤ ਕਾਂਸਲ, ਵਿਕਰਮ ਕੁਮਾਰ, ਮੁਨੀਸ਼ ਬਾਂਸਲ, ਰਾਹੁਲ ਬਾਲੀ, ਨੀਲਮਣੀ ਸਮਾਧੀਆ, ਯਸ਼ਪਾਲ ਸ਼ਰਮਾ, ਗਿਆਨ ਚੰਦ ਸ਼ੇਰਪੁਰ ਵਾਲੇ, ਤੇਜਿੰਦਰ ਪਿੰਟਾ, ਪ੍ਰੇਮ ਕੁਮਾਰ ਰਾਏਸਰ ਵਾਲੇ,ਵਿਮਲ ਕੁਮਾਰ, ਵੈਭਵ ਦੂਬੇ ਆਦਿ ਹਾਜ਼ਰ ਸਨ। ਇਸ ਮੌਕੇ ਮਹਿਮਾਨਾਂ, ਮਰੀਜ਼ਾਂ ਅਤੇ ਉਨ੍ਹਾਂ ਦੇ ਵਾਰਿਸਾਂ ਲਈ ਚਾਹ ਪਾਣੀ ਦਾ ਪ੍ਰਬੰਧ ਕੀਤਾ ਗਿਆ।

# ਉਪਕਾਰ ਕੋਆਰਡੀਨੇਸ਼ਨ ਨੇ ਸੈਕੰਡਰੀ ਸਕੂਲ ਵਿਖੇ ਪੌਦੇ ਲਗਾਏ



ਬਰਨਾਲਾ, 20 ਜੁਲਾਈ (ਹਿਮਾਂਸ਼ੂ ਗਰਗ): ਉਪਕਾਰ ਕੋਆਰਡੀਨੇਸ਼ਨ ਸੋਸਾਇਟੀ ਰਜਿਸਟਰਡ ਬਰਨਾਲਾ ਵੱਲੋਂ ਅੱਜ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੜਕੇ ਐਮਿਨੇਂਸ ਬਰਨਾਲਾ ਵਿਖੇ ਪੌਦੇ ਲਗਾਏ ਗਏ। ਇਸ ਸਬੰਧੀ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਸੰਗੀਤ ਸ਼ਰਮਾ ਪ੍ਰੈਸ ਸਕੱਤਰ ਨੇ ਦੱਸਿਆ ਕਿ ਉਪਕਾਰ ਸੋਸਾਇਟੀ ਮੈਂਬਰ ਦੇ ਜਨਮ ਦਿਨ ਮੌਕੇ ਪੌਦੇ ਲਗਾਉਣ ਦੀ ਲੜੀ ਤਹਿਤ ਸੋਸਾਇਟੀ ਦੇ ਆਡੀਟਰ ਜਯੋਤੀ ਸ਼ਰਨ 31 ਵੱਲੋਂ ਆਪਣੇ ਜਨਮ ਦਿਨ ਦੇ ਮੌਕੇ ਪੌਦੇ ਲਗਾਏ ਗਏ ਹਨ, ਇਹ ਪੌਦੇ ਹਰੇਕ ਮੈਂਬਰ ਦੇ ਜਨਮ ਦਿਨ ਮੌਕੇ ਲਗਾਏ ਜਾਇਆ ਕਰਨਗੇ, ਸੋਸਾਇਟੀ ਦਾ ਇਹ ਵਧੀਆ ਉਪਰਾਲਾ ਹੈ।

ਉਪਕਾਰ ਸੋਸਾਇਟੀ ਦੇ ਪ੍ਰਧਾਨ ਨੀਰਜ ਕੁਮਾਰ ਸਿੰਗਲਾ ਨੇ ਦੱਸਿਆ ਕਿ ਸੋਸਾਇਟੀ ਵਲੋਂ ਵਾਤਾਵਰਨ ਨੂੰ ਹਰਾ ਭਰਾ ਬਣਾਉਣ ਲਈ ਅਤੇ ਸ਼ੁੱਧ ਰੱਖਣ ਲਈ ਸਾਉਣ ਦੇ ਮਹੀਨੇ ਵਿੱਚ ਸੋਸਾਇਟੀ ਮੈਂਬਰ ਦੇ ਜਨਮ ਦਿਨ ਮੌਕੇ ਪੌਦੇ ਲਗਾਉਣ ਦੀ ਸ਼ੁਰੂਆਤ ਕੀਤੀ ਗਈ ਹੈ ਜੋ ਕਿ ਇੱਕ ਵਧੀਆ ਕਦਮ ਹੈ,ਸੋਸਾਇਟੀ ਵੱਲੋਂ ਪਹਿਲਾਂ ਵੀ ਕਈ ਥਾਵਾਂ ਤੇ ਪੌਦੇ ਲਗਾਏ ਜਾ ਚੁੱਕੇ ਹਨ ਇਹ ਮੁਹਿੰਮ ਅੱਗੇ ਵੀ ਜਾਰੀ ਰਹੇਗੀ।ਇਸ ਮੌਕੇ ਸੋਸਾਇਟੀ ਦੇ ਜਨਰਲ ਸਕੱਤਰ ਸੁਭਾਸ਼ ਭਾਰਤੀ ਨੇ ਦਸਿਆ ਕਿ ਰੁੱਖ ਕਾਰਬਨ ਡਾਕਸਾਈਡ ਗੈਸ ਨੂੰ ਗ੍ਰਹਿਣ ਕਰਕੇ ਆਕਸੀਜਨ ਗੈਸ ਛੱਡਦੇ ਹਨ ਜੋਂ ਕਿ ਵਾਤਾਵਰਨ ਨੂੰ ਸਾਫ ਰੱਖਣ ਲਈ ਸਹਾਈ ਹਨ ਅਤੇ ਰੁੱਖ ਆਲਾ ਦੁਆਲਾ ਸ਼ੁੱਧ ਰੱਖਦੇ ਹਨ, ਜਿਸ ਕਰਕੇ ਸੋਸਾਇਟੀ ਵਲੋਂ ਇਹ ਪਹਿਲ ਕੀਤੀ ਗਈ ਹੈ। ਇਸ ਮੌਕੇ ਸਕੂਲ ਪ੍ਰਿੰਸੀਪਲ ਅਤੇ ਉਪਕਾਰ ਕੋਆਰਡੀਨੇਸ਼ਨ ਸੋਸਾਇਟੀ ਰਜਿਸਟਰਡ ਬਰਨਾਲਾ ਦੇ ਸਲਾਹਕਾਰ ਹਰੀਸ਼ ਬਾਂਸਲ, ਵਿਸ਼ਾਲ ਗਰਗ ਖ਼ਜ਼ਾਨਚੀ, ਵਿਜੈ ਗੁਪਤਾ ਸਲਾਹਕਾਰ, ਕਾਜਲ ਗਰਗ ਕਾਨੂੰਨੀ ਸਲਾਹਕਾਰ ਵੀ ਹਾਜ਼ਰ ਸਨ।

# ਅਗਰਵਾਲ ਧਰਮਸ਼ਾਲਾ ਵਿਖੇ ਸੰਗਤ ਲਈ ਲਗਾਇਆ ਅਤੁੱਟ ਲੰਗਰ



ਤਪਾ ਮੰਡੀ, 20 ਜੁਲਾਈ (ਭੂਸ਼ਨ ਘੜੈਲਾ): ਸਥਾਨਕ ਸ਼੍ਰੀ ਸ਼ਿਵ ਮਹਾਪੁਰਾਨ ਕਥਾ ਸੰਘ ਵੱਲੋਂ ਚੌਥੀ ਸ੍ਰੀ ਸ਼ਿਵ ਮਹਾਂ ਪੁਰਾਨ ਕਥਾ ਸ਼ਹਿਰ ਨਿਵਾਸੀਆਂ ਦੇ ਸਹਿਯੋਗ ਨਾਲ ਕਰਵਾਈ ਗਈ। ਜਿਸ ਦੀ ਸਮਾਪਤੀ ਹਵਨ ਯੱਗ ਕਰਦਿਆਂ ਕਥਾ ਤੋਂ ਬਾਅਦ ਸ਼ਿਵ ਦੀ ਆਰਤੀ ਕਰਕੇ ਕੀਤਾ ਗਿਆ,ਇਸ ਮੌਕੇ ਮੁੱਖ ਮਹਿਮਾਨ ਦੇ ਤੌਰ 'ਤੇ ਹਲਕਾ ਵਿਧਾਇਕ ਲਾਭ ਸਿੰਘ ਉੱਗੋਕੇ ਨੇ ਆਪਣੀ ਹਾਜ਼ਰੀ ਲਗਵਾਈ, ਇਸ ਕਥਾ ਵਿੱਚ ਕਥਾਵਾਚਕ ਗਿਰਿਸ਼ਾ ਨੰਦ ਸ਼ਾਸਤਰੀ ਉਤਰਾਖੰਡ ਵਾਲਿਆਂ ਨੇ 10 ਦਿਨ ਚੱਲੀ ਇਸ ਕਥਾ ਵਿੱਚ ਜਿੱਥੇ ਭਗਵਾਨ ਸ਼ਿਵ ਸੰਕਰ ਦੀ ਭਗਤੀ ਲਈ ਪ੍ਰੇਰਿਤ ਕੀਤਾ ਉਥੇ ਓਹਨਾਂ ਕਿਹਾ ਕਿ ਸਾਵਨ ਦੇ ਮਹੀਨੇ ਵਿੱਚ ਸ਼ਿਵ ਭਗਵਾਨ ਦੀ ਪੂਜਾ ਕਰਨ ਨਾਲ ਸਾਰੇ ਦੁੱਖ ਦੂਰ ਹੁੰਦੇ ਹਨ ਤੇ ਸਭ ਮਨੋਕਾਮਨਾ ਸੰਪੂਰਨ ਹੁੰਦੀਆਂ ਹਨ। ਇਸ ਮੌਕੇ ਸ਼ਿਵ ਭਗਵਾਨ ਦਾ ਗੁਣਗਾਨ ਸੁਣਕੇ ਸੰਗਤਾ ਨੂੰ ਝੂਮਣ ਲਈ ਮਜਬੂਰ ਹੋਣਾ ਪਿਆ ਤੇ ਸ਼ਿਵ ਭੋਲੇ ਦੇ ਭਜਨਾਂ 'ਤੇ ਖ਼ੂਬ ਧੂਮ ਪਾਈ। ਕਥਾ ਦੀ ਸਮਾਪਤੀ ਤੋਂ ਬਾਅਦ ਵੱਡੀ ਗਿਣਤੀ ਵਿਚ ਪਹੁੰਚੀਆਂ ਸੰਗਤਾਂ ਨੂੰ ਛੋਲੇ ਪੂਰੀਆਂ ਅਤੇ ਖੀਰ ਦਾ ਅਤੁੱਟ ਲੰਗਰ ਵਰਤਾਇਆ ਗਿਆ । ਇਸ ਮੌਕੇ ,ਸਾਹਿਲ ਗਰਗ, ਲੱਕੀ ਬਦਰਾ,ਅਨਿਲ ਕੁਮਾਰ ਕਾਲਾ , ਦੀਪਕ ਬਾਂਸਲ ਐਡਵੋਕੇਟ, ਗੋਲਡੀ ਮਹਿਤਾ, ਨੀਰਜ ਸਿੰਗਲਾ,ਦੀਪਕ ਗੋਇਲ ਗੱਗ,ਡਾਕਟਰ ਬਾਲ ਚੰਦ ਬਾਂਸਲ, ਡਾਕਟਰ ਸੋਨੀਕਾ ਬਾਂਸਲ, ਡਾ ਮੱਲ ਦੀਕਸ਼ਿਤ, ਖੁਸ਼ਦੀਪ ਗਰਗ,ਹੈਪੀ ਵਧਵਾ, ਕ੍ਰਿਸ਼ਨ ਕੁਮਾਰ ਤੋਂ ਇਲਾਵਾ ਗੀਤਾ ਭਵਨ ਮੰਦਿਰ ਦੇ ਪੁਜਾਰੀ ਪੰਡਿਤ ਕਾਲਾ ਰਾਮ ਵੇਦ ਪਾਠੀ, ਪ੍ਰਾਚੀਨ ਸਰਾਂ ਮੰਦਰ ਦੇ ਅਨਿਲ ਸ਼ਰਮਾ,ਚਰਨਜੀਤ ਸ਼ਰਮਾ ,ਅਨਿਲ ਸਿੰਗਲਾ ,ਰਮਨ ਬਾਂਸਲ ,ਸੌਰਭ ਬਾਂਸਲ ,ਸੁਭਮ ਸਿੰਗਲਾ ,ਅੰਕਿਤ ਗੋਇਲ ,ਲਕਸ਼ੇ ਬਾਂਸਲ,ਮੌਨੂ ਮੋੜ,ਪੁਨੀਤ ਗਰਗ,ਐਸ਼ਲੇ ਬਾਂਸਲ,ਪੰਕਜ, ਜਵਾਹਰ ਲਾਲ ਬਾਂਸਲ,ਜੀਵਨ ਬਾਂਸਲ,ਬੱਬੂ ਮਲੋਟ ਵਾਲਾ,ਮੁਨੀਸ਼ ਮਿੱਤਲ,ਸੁਰਿੰਦਰ ਬਾਂਸਲ,ਸੰਦੀਪ ਬਾਂਸਲ,ਗਿਆਨ ਚੰਦ ਬਾਂਸਲ,ਮੁਨੀਸ਼ ਗਰਗ,ਭਿੰਦੀ ਮੋੜ,ਮਦਨ ਲਾਲ ਭੱਟਾ,ਲਵਿਸ਼ ਕੁਮਾਰ ਨੇ ਸ਼ਮੂਲੀਅਤ ਕਰਕੇ ਕਥਾ ਦਾ ਆਨੰਦ ਮਾਣਿਆ।

# ਮੁੱਖ ਮੰਤਰੀ ਵੱਲੋਂ ਸ਼ਹਿਣਾ ਲਈ ਕੋਈ ਸਹੂਲਤਾਂ ਨਾ ਦੇਣ ਦੇ ਰੋਸ ਵਜੋਂ ਕੀਤੀ ਨਾਅਰੇਬਾਜ਼ੀ



ਸ਼ਹਿਣਾ/ਭਦੌੜ, 20 ਜੁਲਾਈ (ਸੁਖਵਿੰਦਰ ਪਲਾਹਾ): ਪੰਜਾਬ ਦੇ ਮੁੱਖ ਮੰਤਰੀ ਵੱਲੋਂ ਲਾਇਬ੍ਰੇਰੀ ਦੇ ਉਦਘਾਟਨ ਉਪਰੰਤ 22 ਹਜ਼ਾਰ ਦੀ ਅਬਾਦੀ ਵਾਲੇ ਕਸਬਾ ਸਹਿਣਾ ਨੂੰ ਕਾਲਜ,ਆਈ ਟੀ ਆਈ ਜਾ ਕੋਈ ਹਸਪਤਾਲ ਦੀ ਸਹੂਲਤ ਦਾ ਐਲਾਨ ਨਾ ਕਰਨ ਦੇ ਰੋਸ ਵੱਜੋਂ ਪਿੰਡ ਵਾਸੀਆਂ ਨੇ ਪੰਜਾਬ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ ਕਰਕੇ ਰੋਸ ਪ੍ਰਗਟ ਕੀਤਾ ਗਿਆ। ਇਸ ਮੌਕੇ ਸੁਖਵਿੰਦਰ ਸਿੰਘ ਧਾਲੀਵਾਲ ਸੂਬਾ ਸੈਕਟਰੀ ਕਿਸਾਨ ਸੈੱਲ ਕਾਂਗਰਸ ਹਲਕਾ ਭਦੌੜ ਨੇ ਕਿਹਾ ਕਿ ਜਦੋਂ ਪਿੰਡ ਵਾਸੀਆਂ ਨੂੰ ਪੰਜਾਬ ਦੇ ਮੁੱਖ ਮੰਤਰੀ ਦੀ ਫੇਰੀ ਸਬੰਧੀ ਪਤਾ ਲੱਗਿਆ ਤਾਂ ਪਿੰਡ ਵਾਸੀ ਪੂਰੀ ਤਰ੍ਹਾਂ ਖੁਸ਼ ਸਨ ਕਿ ਪੰਜਾਬ ਦੇ ਮੁੱਖ ਮੰਤਰੀ ਸਹਿਣਾ ਦੇ ਲੋਕਾਂ ਨੂੰ ਲੜਕੀਆਂ ਲਈ ਵੱਖ਼ਰਾ ਕਾਲਜ,ਆਈ ਟੀ ਆਈ ਜਾ 25 ਬਿਸਤਰਿਆਂ ਦਾ ਵੱਡੇ ਹਸਪਤਾਲ ਦਾ ਐਲਾਨ ਕਰਕੇ ਜਾਵੇਗਾ । ਉਨ੍ਹਾਂ ਦੱਸਿਆ ਕਿ ਐਲਾਨ ਨਾ ਕਰਨ ਕਰਕੇ ਪਿੰਡ ਵਾਸੀਆਂ ਵਿੱਚ ਨਿਰਾਸ਼ਾ ਛਾ ਗਈ। ਇਸ ਮੌਕੇ ਰੋਸ਼ਨ ਲਾਲ ਸ਼ਰਮਾ ਸਾਬਕਾ ਪੰਚਾਇਤ ਮੈਂਬਰ, ਗੁਰਤੇਜ ਸਿੰਘ ਸੰਧੂ, ਕਰਮਜੀਤ ਸਿੰਘ ਕੰਦਾ, ਦੀਪਾਂ ਬਾਵਾ ਹਾਜ਼ਰ ਸਨ।

# ਕਿਸਾਨਾਂ ਦੀਆਂ ਜ਼ਮੀਨਾਂ 'ਤੇ ਅਕਾਲੀ ਦਲ ਕਬਜ਼ਾ ਨਹੀਂ ਹੋਣ ਦੇਵੇਗਾ : ਸਿਕੰਦਰ ਸਿੰਘ ਮਲੂਕਾ



ਭਗਤਾ ਭਾਈ ਕਾ, 20 ਜੁਲਾਈ (ਸਵਰਨ ਸਿੰਘ ਭਗਤਾ):ਸ੍ਰੋਮਣੀ ਅਕਾਲੀ ਦਲ ਵੱਲੋਂ ਸਾਬਕਾ ਪੰਚਾਇਤ ਮੰਤਰੀ ਸਿਕੰਦਰ ਸਿੰਘ ਮਲੂਕਾ ਨੂੰ ਜਿੱਥੇ ਕੋਰ ਕਮੇਟੀ 'ਚ ਸ਼ਾਮਿਲ ਕੀਤਾ, ਉੱਥੇ ਹੀ ਉਨ੍ਹਾਂ ਨੂੰ ਅਕਾਲੀ ਦਲ ਦਾ ਕੌਮੀ ਸੀਨੀਅਰ ਮੀਤ ਪ੍ਰਧਾਨ ਨਿਯੁਕਤ ਕੀਤਾ।ਮਲੂਕਾ ਨੂੰ ਪਾਰਟੀ 'ਚ ਅਹਿਮ ਜਿੰਮੇਵਾਰੀ ਦਿੱਤੇ ਜਾਣ ਤੇ ਹਲਕਾ ਫੂਲ ਅਤੇ ਦੇਸ਼ ਵਿਦੇਸ਼ 'ਚ ਮਲੂਕਾ ਦੇ ਸਮਰਥਕਾਂ 'ਚ ਖੁਸ਼ੀ ਉਤਸ਼ਾਹ ਵੇਖਣ ਨੂੰ ਮਿਲ ਰਿਹਾ ਹੈ।ਸਿਕੰਦਰ ਸਿੰਘ ਮਲੂਕਾ ਦੀ ਅਗਵਾਈ ਵਿੱਚ ਰਾਮਪੁਰਾ ਫੂਲ ਹਲਕੇ ਦੀ ਜਥੇਬੰਦੀ ਨੇ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਨਾਲ ਬਾਦਲ ਵਿਖੇ ਮੁਲਾਕਾਤ ਕੀਤੀ।ਇਸ ਮੌਕੇ ਮਲੂਕਾ ਤੇ ਉਨ੍ਹਾਂ ਦੇ ਸਮਰਥਕਾਂ ਨੇ ਮਲੂਕਾ ਨੂੰ ਕੋਰ ਕਮੇਟੀ ਮੈਂਬਰ ਅਤੇ ਸੀਨੀਅਰ ਮੀਤ ਪ੍ਰਧਾਨ ਨਿਯੁਕਤ ਕੀਤੇ ਜਾਣ ਤੇ ਸੁਖਬੀਰ ਸਿੰਘ ਬਾਦਲ ਦਾ ਧੰਨਵਾਦ ਕੀਤਾ। ਮਲੂਕਾ ਨੇ ਪਾਰਟੀ ਪ੍ਰਧਾਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਪਿਛਲੇ ਪੰਜ ਦਹਾਕਿਆ ਤੋਂ ਅਕਾਲੀ ਦਲ ਚ ਹਨ। ਮਲੂਕਾ ਨੇ ਕਿਹਾ ਕਿ ਕੇ ਪੰਜਾਬ ਦੇ ਪੰਜ ਵਾਰ ਮੁੱਖ ਮੰਤਰੀ ਰਹੇ ਸਵ. ਪ੍ਰਕਾਸ਼ ਸਿੰਘ ਬਾਦਲ ਅਤੇ ਸਾਬਕਾ ਉਪ ਮੁੱਖ ਮੰਤਰੀ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਵੀ ਉਨ੍ਹਾਂ ਨੂੰ ਕਦੇ ਨਿਰਾਸ਼ ਨਹੀਂ ਕੀਤਾ।ਮਲੂਕਾ ਨੇ ਕਿਹਾ ਕਿ ਜਿੱਥੇ ਪਾਰਟੀ ਨੇ ਉਨ੍ਹਾਂ ਨੂੰ ਹਲਕਾ ਫੂਲ ਦੀ ਸੇਵਾ ਕਰਨ ਦਾ ਮਾਣ ਅਤੇ ਮੰਤਰੀ ਮੰਡਲ 'ਚ ਸ਼ਾਮਲ ਕਰਕੇ ਮਾਣ ਬਖਸ਼ਿਆ ਉਥੇ ਹੀ ਹਲਕਾ ਰਾਮਪੁਰਾ ਫੂਲ ਦੇ ਵਿਕਾਸ ਲਈ ਵੀ ਸਾਥ ਦਿੱਤਾ।ਮਲੂਕਾ ਨੇ ਕਿਹਾ ਕਿ ਉਹ ਤੇ ਹਲਕਾ ਫੂਲ ਦੀ ਸਮੁੱਚੀ ਜਥੇਬੰਦੀ ਅਕਾਲੀ ਦਲ ਦੀ ਚੜਦੀ ਕਲਾ ਲਈ ਕੰਮ ਕਰਦੀ ਰਹੇਗੀ।ਮਲੂਕਾ ਨੇ ਕਿਹਾ ਕੇ ਇਸ ਮੌਕੇ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਨਾਲ ਪਾਰਟੀ ਦੀਆਂ ਸਰਗਰਮੀਆਂ ਬਾਰੇ ਵੀ ਵਿਚਾਰ ਚਰਚਾ ਕੀਤੀ। ਉਨ੍ਹਾਂ ਕਿਹਾ ਕੇ ਪਾਰਟੀ ਵੱਲੋਂ ਮੌਜੂਦਾ ਸਰਕਾਰ ਵੱਲੋਂ ਲੈਂਡ ਪੂਲਿੰਗ ਯੋਜਨਾ ਰਾਹੀਂ ਧੱਕੇ ਨਾਲ ਕਿਸਾਨਾਂ ਦੀਆਂ ਜਮੀਨਾਂ 'ਤੇ ਕਬਜ਼ਾ ਕਰਨ ਦੀ ਸਾਜਿਸ਼ ਘੜੀ ਗਈ ਹੈ,ਅਕਾਲੀ ਦਲ ਸੁਖਬੀਰ ਸਿੰਘ ਬਾਦਲ ਦੀ ਅਗਵਾਈ 'ਚ ਕਿਸਾਨਾਂ ਦੀਆਂ ਜਮੀਨਾਂ ਬਚਾਉਣ ਲਈ ਅੰਦੋਲਨ ਕਰਨ ਜਾ ਰਹੀ ਹੈ ਸਰਕਾਰ ਨੂੰ ਕਿਸੇ ਵੀ ਹਾਲਤ 'ਚ ਕਿਸਾਨਾਂ ਦੀਆਂ ਜਮੀਨਾਂ 'ਤੇ ਕਬਜ਼ਾ ਨਹੀਂ ਕਰਨ ਦਿੱਤਾ ਜਾਵੇਗਾ।

# ਸੀਪੀਆਈ(ਐਮ) ਤਹਿਸੀਲ ਕਮੇਟੀ ਸੁਨਾਮ ਵੱਲੋਂ ਸ਼ਹੀਦ ਊਧਮ ਸਿੰਘ ਦਾ ਸ਼ਹੀਦੀ ਦਿਹਾੜਾ ਸੁਨਾਮ ਵਿੱਚ ਮਨਾਉਣ ਦਾ ਫੈਸਲਾ



ਸੁਨਾਮ ਊਧਮ ਸਿੰਘ ਵਾਲਾ, 20 ਜੁਲਾਈ(ਮੋਹਣ ਸ਼ਰਮਾ / ਰਾਊਵਰਿੰਦਰ ਮਠਾੜੂ): ਅੱਜ ਸਥਾਨਕ ਘੁੰਮਣ ਭਵਨ ਸੁਨਾਮ ਵਿਖੇ ਸੀਪੀਆਈ(ਐਮ) ਤਹਿਸੀਲ ਕਮੇਟੀ ਦੀ ਮੀਟਿੰਗ ਨਛੱਤਰ ਸਿੰਘ ਗੰਢੂਆਂ ਦੀ ਪ੍ਰਧਾਨਗੀ ਹੇਠ ਹੋਈ। ਇਸ ਮੀਟਿੰਗ ਨੂੰ ਸੀ. ਪੀ.ਆਈ (ਐਮ)ਜਿਲ੍ਹਾ ਸੰਗਰੂਰ ਦੇ ਸਕੱਤਰ ਕਾਮਰੇਡ ਚਮਕੌਰ ਸਿੰਘ ਖੇੜੀ ਨੇ ਸੰਬੋਧਨ ਕਰਦੇ ਹੋਏ ਕਿਹਾ, ਕਿ ਤਹਿਸੀਲ ਕਮੇਟੀ ਵੱਲੋਂ ਹਰ ਸਾਲ ਦੀ ਤਰ੍ਹਾਂ ਮਨਾਇਆ ਜਾਂਦਾ ਸ਼ਹੀਦ ਊਧਮ ਸਿੰਘ ਦਾ ਸ਼ਹੀਦੀ ਦਿਹਾੜਾ 29 ਜੁਲਾਈ ਨੂੰ ਸ਼ਹੀਦ ਊਧਮ ਸਿੰਘ ਦੇ ਬੁੱਤ (ਨੇੜੇ ਫਲਾਈ ਓਵਰ ਬ੍ਰਿਜ) ਸੁਨਾਮ ਵਿਖੇ ਇਨਕਲਾਬੀ ਜਸ਼ੋ ਖਰੋਸ਼ ਨਾਲ ਮਨਾਉਣ ਦਾ ਫੈਸਲਾ ਕੀਤਾ ਹੈ। ਇਸ ਸ਼ਹੀਦੀ ਸਮਾਗਮ ਦੇ ਮੁੱਖ ਮਹਿਮਾਨ ਸੀਪੀਆਈ (ਐਮ) ਦੇ ਸੂਬਾ ਸਕੱਤਰ ਕਾਮਰੇਡ ਸੁਖਵਿੰਦਰ ਸਿੰਘ ਸੇਖੋਂ ਹੋਣਗੇ। ਇਸ ਸਮਾਗਮ ਦੀ ਤਿਆਰੀ ਵਜੋਂ ਅਗਲੀ ਮੀਟਿੰਗ 27 ਜੁਲਾਈ ਨੂੰ ਸਥਾਨਕ ਘੁੰਮਣ ਭਵਨ ਸੁਨਾਮ ਵਿਖੇ ਹੋਵੇਗੀ। ਜ਼ਿਲ੍ਹਾ ਸਕੱਤਰ ਕਾਮਰੇਡ ਚਮਕੌਰ ਸਿੰਘ ਖੇੜੀ ਨੇ ਕਿਹਾ ਕਿ ਪੰਜਾਬ ਸਰਕਾਰ ਪੰਜਾਬ ਵਿੱਚ ਲਾਗੂ ਕਰਨ ਜਾ ਰਹੀ ਲੈਂਡ ਪੂਲਿੰਗ ਨੀਤੀ ਦੇ ਵਿਰੋਧ ਵਿੱਚ ਲੈਂਡ ਪੂਲਿੰਗ ਦਾ ਨੋਟੀਫਿਕੇਸ਼ਨ ਰੱਦ ਕਰਾਉਣ ਲਈ ਸੀਪੀਆਈ(ਐਮ) ਜ਼ਿਲ੍ਹਾ ਸੰਗਰੂਰ ਵੱਲੋਂ ਲੈਂਡ ਪੂਲਿੰਗ ਨੀਤੀ ਦੇ ਖਿਲਾਫ ਸੰਗਰੂਰ ਵਿੱਚ ਰੋਸ ਪ੍ਰਦਰਸ਼ਨ ਕਰਕੇ ਡੀਸੀ ਸੰਗਰੂਰ ਨੂੰ ਮੰਗ ਪੱਤਰ ਦਿੱਤਾ ਜਾਵੇਗਾ। ਇਸ ਮੌਕੇ ਤਹਿਸੀਲ ਸੁਨਾਮ ਦੇ ਸਕੱਤਰ ਹੰਗੀ ਖਾਂ, ਇੰਦਰਜੀਤ ਸਿੰਘ ਛੰਨਾ ,ਜੋਗਾ ਸਿੰਘ ਉਪੱਲੀ, ਜੋਗਿੰਦਰ ਸਿੰਘ ਬੱਧਣ, ਵਰਿੰਦਰ ਕੌਸਿਕ, ਸੁਰਜੀਤ ਸਿੰਘ ਭੋਲਾ,ਪੋਹਲੂ ਸਿੰਘ ਜਖੇਪਲ, ਗੁਰਚਰਨ ਸਿੰਘ ਚੌਹਾਨ ਜਖੇਪਲ, ਕਰਨੈਲ ਸਿੰਘ ਨੰਬਰਦਾਰ, ਬਲਦੇਵ ਸਿੰਘ ਲੱਧੜ, ਅਮਰਜੀਤ ਕੌਰ ਨਗਲਾ, ਜੋਗੀ ਸਿੰਘ, ਆਦਿ ਹਾਜ਼ਰ ਸਨ

# ਕਿੰਡਰਗਾਰਟਨ ਵਿੱਚ ਨੋ ਬੈਗ ਡੇ ਮਨਾਇਆ

ਸੁਨਾਮ ਊਧਮ ਸਿੰਘ ਵਾਲਾ 20 ਜੁਲਾਈ (ਮੋਹਣ ਸ਼ਰਮਾ/ ਰਾਊਵਰਿੰਦਰ ਮਠਾੜੂ):ਅਕੇਡੀਆ ਵਰਲਡ ਸਕੂਲ,ਸੁਨਾਮ ਵਿਖੇ ਕਿੰਡਰਗਾਰਟਨ ਦੇ ਵਿਦਿਆਰਥੀਆਂ ਦੁਆਰਾ ਨੋ ਬੈਗ ਡੇ ਜੋਸ਼ ਅਤੇ ਖੁਸ਼ੀ ਨਾਲ ਮਨਾਇਆ ਗਿਆ। ਇਸ ਦਿਨ ਵਿਦਿਆਰਥੀਆਂ ਨੂੰ ਬਿਨਾਂ ਬੈਂਗ ਦੇ ਸਕੂਲ ਆਉਣ ਲਈ ਕਿਹਾ ਗਿਆ ਸੀ, ਤਾਂ ਜੋ ਉਹ ਪਾਠਕ੍ਰਮ ਤੋਂ ਹਟ ਕੇ ਵੱਖ-ਵੱਖ ਗਤੀਵਿਧੀਆਂ ਵਿੱਚ ਭਾਗ ਲੈ ਸਕਣ।ਬੱਚਿਆਂ ਨੇ ਖੇਡਾਂ ਜਿਸ ਵਿੱਚ ਗਰੋਸ ਮੋਟਰ ਸਕਿਲਸ, ਡਰਾਇੰਗ, ਗੀਤਾਂ ਤੇ ਨਾਚ ਵਰਗੀਆਂ ਰਚਨਾਤਮਕ ਗਤੀਵਿਧੀਆਂ ਵਿੱਚ ਭਰਪੂਰ ਰੁਚੀ ਦਿਖਾਈ। ਸਕੂਲ ਵਿੱਚ ਉਨ੍ਹਾਂ ਲਈ ਮਨੋਰੰਜਕ ਫਿਲਮ ਵੀ ਦਿਖਾਈ ਗਈ ਤਾਰੇ ਜ਼ਮੀਨ ਪਰ' , ਜਿਸ ਨੂੰ ਬੱਚਿਆਂ ਨੇ ਬਹੁਤ ਪਸੰਦ ਕੀਤਾ।ਇਸ ਦੇ ਨਾਲ ਹੀ, ਬੱਚਿਆਂ ਨੇ ਆਪਣੇ ਦੋਸਤਾਂ ਨਾਲ ਮਿਲ ਬੈਠ ਕੇ ਨਮਕੀਨ ਤੇ ਮਿੱਠੇ ਸਨੈਕਸ ਦਾ ਆਨੰਦ ਵੀ ਮਾਣਿਆ। ਅਧਿਆਪਕਾਂ ਨੇ ਦੱਸਿਆ ਕਿ ਇਸ ਤਰ੍ਹਾਂ ਦੇ ਦਿਨ ਬੱਚਿਆਂ ਵਿੱਚ ਖੁਸ਼ੀ ਅਤੇ ਸਿੱਖਣ ਦੀ ਇੱਛਾ ਵਧਾਉਂਦੇ ਹਨ।ਸਕੂਲ ਪ੍ਰਿੰਸੀਪਲ ਮੈਡਮ ਰਣਜੀਤ ਕੌਰ ਜੀ ਨੇ ਕਿਹਾ ਕਿ ਇਨ੍ਹਾਂ ਗਤੀਵਿਧੀਆਂ ਰਾਹੀਂ ਬੱਚਿਆਂ ਦੀ ਕਲਪਨਾ ਸ਼ਕਤੀ ਵਿੱਚ ਨਿਖਾਰ ਆਉਂਦਾ ਹੈ। ਸਕੂਲ ਦੇ ਚੇਅਰਮੈਨ ਐਡਵੋਕੇਟ ਗਗਨਦੀਪ ਸਿੰਘ ਜੀ ਨੇ ਕਿਹਾ ਕਿ ਅਜਿਹੀਆਂ ਗਤੀਵਿਧੀਆਂ ਵਿਦਿਆਰਥੀਆਂ ਦੇ ਸਮੁੱਚੇ ਵਿਕਾਸ ਵਿੱਚ ਮਦਦ ਕਰਦੀਆਂ ਹਨ ਜਿਸ ਨਾਲ ਉਹਨਾਂ ਨੂੰ ਕਲਾਸ ਰੂਮ ਤੋਂ ਬਾਹਰ ਦੀ ਦੁਨੀਆ ਦੀਆਂ ਗਤੀਵਿਧੀਆਂ ਅਤੇ ਕੰਮ ਕਾਜ ਦੀ ਸਮਝ ਆਉਂਦੀ ਹੈ।




# ਮਹਾਰਾਜਾ ਅਗਰਸੇਨ ਜੈਅੰਤੀ ਰਾਜ ਪੱਧਰੀ ਸਮਾਗਮ ਵਜੋਂ ਮਨਾਈ ਜਾਵੇਗੀ: ਸਰੂਪ ਚੰਦ ਸਿੰਗਲਾ

ਤਪਾ ਮੰਡੀ, 20 ਜੁਲਾਈ (ਭੂਸ਼ਨ ਘੜੈਲਾ):ਅਗਰਵਾਲ ਸਭਾ ਪੰਜਾਬ ਦੇ ਪ੍ਰਧਾਨ ਅਤੇ ਸਾਬਕਾ ਮੁੱਖ ਸੰਸਦੀ ਸਕੱਤਰ ਸਰੂਪ ਚੰਦ ਸਿੰਗਲਾ ਨੇ ਐਲਾਨ ਕੀਤਾ ਹੈ ਕਿ ਇਸ ਸਾਲ ਮਹਾਰਾਜਾ ਅਗਰਸੇਨ ਜੈਅੰਤੀ ਰਾਜ ਪੱਧਰ 'ਤੇ ਬਹੁਤ ਹੀ ਧੂਮਧਾਮ, ਸ਼ਰਧਾ ਅਤੇ ਮਾਣ ਨਾਲ ਮਨਾਈ ਜਾਵੇਗੀ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਮਹਾਰਾਜਾ ਅਗਰਸੇਨ ਦੇ ਸਿਧਾਂਤ ਅਜੇ ਵੀ ਸਮਾਜ ਵਿੱਚ ਸਮਾਨਤਾ, ਉੱਦਮ ਅਤੇ ਸੇਵਾ ਦੀ ਭਾਵਨਾ ਨੂੰ ਪ੍ਰੇਰਿਤ ਕਰਦੇ ਹਨ, ਇਸ ਜੈਅੰਤੀ ਨੂੰ ਸਿਰਫ਼ ਇੱਕ ਸਮਾਗਮ ਹੀ ਨਹੀਂ ਨਹੀਂ ਸਗੋਂ ਸਮਾਜਿਕ ਚੇਤਨਾ ਅਤੇ ਏਕਤਾ ਦਾ ਇੱਕ ਪ੍ਰਤੀਕ ਬਣਾਉਂਦੇ ਹਨ।ਸ਼੍ਰੀ ਸਿੰਗਲਾ ਨੇ ਇਹ ਐਲਾਨ ਉਸ ਸਮੇਂ ਕੀਤਾ ਜਦੋਂ ਉਹ ਅਗਰਵਾਲ ਸਭਾ ਪੰਜਾਬ ਦੇ ਸੂਬਾ ਸਕੱਤਰ- ਜਨਰਲ ਅਤੇ ਪ੍ਰਸਿੱਧ ਸਮਾਜ ਸੇਵਕ ਮੋਹਿਤ ਸਿੰਗਲਾ ਨੂੰ ਉਨ੍ਹਾਂ ਦੇ ਨਿਵਾਸ ਸਿੰਗਲਾ ਹਾਊਸ ਵਿਖੇ ਮਿਲਣ ਆਏ ਸਨ। ਮੋਹਿਤ ਸਿੰਗਲਾ ਹਾਲ ਹੀ ਵਿੱਚ ਲੱਤ ਦੇ ਸਫਲ ਆਪ੍ਰੇਸ਼ਨ ਤੋਂ ਬਾਅਦ ਹਸਪਤਾਲ ਤੋਂ ਘਰ ਪਰਤੇ ਹਨ। ਸਰੂਪ ਚੰਦ ਸਿੰਗਲਾ ਨੇ ਉਨ੍ਹਾਂ ਦੀ ਜਲਦੀ ਸਿਹਤਯਾਬੀ ਦੀ ਕਾਮਨਾ ਕੀਤੀ ਅਤੇ ਸਮਾਜ ਸੇਵਾ ਵਿੱਚ ਮੋਹਿਤ ਸਿੰਗਲਾ ਦੇ ਅਦੁੱਤੀ ਯੋਗਦਾਨ ਦੀ ਸ਼ਲਾਘਾ ਕੀਤੀ।ਉਨ੍ਹਾਂ ਕਿਹਾ ਕਿ ਮੋਹਿਤ ਸਿੰਗਲਾ ਅਤੇ ਉਨ੍ਹਾਂ ਦਾ ਪਰਿਵਾਰ ਨਾ ਸਿਰਫ਼ ਅਗਰਵਾਲ ਭਾਈਚਾਰੇ ਲਈ ਸਗੋਂ ਪੂਰੇ ਸਮਾਜ ਲਈ ਪ੍ਰੇਰਨਾ ਸਰੋਤ ਹਨ। ਸਰੂਪ ਚੰਦ ਸਿੰਗਲਾ ਨੇ ਮੋਹਿਤ ਸਿੰਗਲਾ ਦੀ ਕਲਮ, ਕਰਮ ਅਤੇ ਦਇਆ ਨੂੰ ਸਮਾਜ ਦੀ ਤਰੱਕੀ ਪ੍ਰਤੀ ਉਨ੍ਹਾਂ ਦੀ ਸਮਰਪਣਤਾ ਦੱਸਿਆ।ਉਨ੍ਹਾਂ ਕਿਹਾ ਕਿ ਉਨ੍ਹਾਂ ਦੀ ਸਿਹਤਯਾਬੀ ਦੌਰਾਨ ਵੀ ਮੋਹਿਤ ਸਿੰਗਲਾ ਦੀ ਸਮਾਜ ਸੇਵਾ ਪ੍ਰਤੀ ਚਿੰਤਾ ਅਤੇ ਆਉਣ ਵਾਲੇ ਜੈਅੰਤੀ ਸਮਾਗਮ ਪ੍ਰਤੀ ਉਨ੍ਹਾਂ ਦੇ ਸਮਰਪਣ ਨੂੰ ਦਰਸਾਉਂਦੇ ਹਨ। ਦੋਵਾਂ ਸਮਾਜ ਸੇਵਕਾਂ ਨੇ ਆਉਣ ਵਾਲੀ ਜੈਅੰਤੀ ਦਿਵਸ ਦੇ ਦੀ ਰੂਪ-ਰੇਖਾ ਬਾਰੇ ਵਿਸਥਾਰ ਵਿੱਚ ਚਰਚਾ ਕੀਤੀ, ਜਿਸ ਵਿੱਚ ਸਥਾਨ, ਮੁੱਖ ਮਹਿਮਾਨ, ਸਮਾਜ ਦੇ ਵੱਖ-ਵੱਖ ਵਰਗਾਂ ਦੀ ਭਾਗੀਦਾਰੀ ਅਤੇ ਨੌਜਵਾਨਾਂ ਦੀ ਸਰਗਰਮੀ ਸ਼ਾਮਲ ਹੈ। ਸਰੂਪ ਚੰਦ ਸਿੰਗਲਾ ਨੇ ਦੱਸਿਆ ਕਿ ਸਮਾਗਮ ਵਿੱਚ ਸੱਭਿਆਚਾਰਕ ਪ੍ਰੋਗਰਾਮ, ਸਮਾਜਿਕ ਸੰਵਾਦ, ਪ੍ਰੀਤੀ - ਭੋਜ ਅਤੇ ਪ੍ਰੇਰਨਾਦਾਇਕ ਬੁਲਾਰਿਆਂ ਦੇ ਭਾਸ਼ਣ ਸ਼ਾਮਲ ਹੋਣਗੇ ਜਿਸਦਾ ਉਦੇਸ਼ ਨਵੀਂ ਪੀੜ੍ਹੀ ਨੂੰ ਮਹਾਰਾਜਾ ਅਗਰਸੇਨ ਜੀ ਦੇ ਆਦਰਸ਼ਾਂ ਨਾਲ ਜੋੜਨਾ ਹੈ।ਇਸ ਮੌਕੇ ਮੌਜੂਦ ਹੋਰ ਪ੍ਰਮੁੱਖ ਅਗਰਵਾਲ ਭਾਈਚਾਰੇ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਨੇ ਸੰਕਲਪ ਲਿਆ ਕਿ ਮਹਾਰਾਜਾ ਅਗਰਸੇਨ ਜੈਅੰਤੀ ਨੂੰ ਸਿਰਫ਼ ਰਸਮੀ ਤੌਰ 'ਤੇ ਸੀਮਤ ਨਹੀਂ ਰੱਖਣਾ ਚਾਹੀਦਾ ਸਗੋਂ ਇਸਨੂੰ ਸਮਾਜਿਕ ਸੁਧਾਰ ਅਤੇ ਏਕਤਾ ਦੀ ਇੱਕ ਵੱਡੀ ਮੁਹਿੰਮ ਵਜੋਂ ਲਿਆ ਜਾਣਾ ਚਾਹੀਦਾ ਹੈ। ਉਨ੍ਹਾਂ ਭਰੋਸਾ ਦਿੱਤਾ ਕਿ ਉਹ ਜਲਦੀ ਹੀ ਠੀਕ ਹੋ ਕੇ ਸਮਾਜ ਸੇਵਾ ਵਿੱਚ ਪੂਰੀ ਤਰ੍ਹਾਂ ਸਰਗਰਮ ਰਹਿਣਗੇ ਅਤੇ ਮਹਾਰਾਜਾ ਅਗਰਸੇਨ ਜਯੰਤੀ ਦੇ ਜਸ਼ਨਾਂ ਨੂੰ ਵਿਸ਼ੇਸ਼ ਬਣਾਉਣ ਵਿੱਚ ਆਪਣਾ ਪੂਰਾ ਯੋਗਦਾਨ ਪਾਉਣਗੇ। ਇਸ ਮੌਕੇ ਕ੍ਰਿਸ਼ਨ ਚੰਦ ਸਿੰਗਲਾ, ਅਮੋਲ, ਅਕਸ਼ਤ ਅਤੇ ਆਰਤੀ ਸਿੰਗਲਾ ਵੀ ਮੌਜੂਦ ਸਨ।

# ਸੜਕ ਸੁਰੱਖਿਆ ਲਈ ਵਿਦਿਆਰਥੀਆਂ ਦਾ ਟਰੈਫਿਕ ਨਿਯਮਾਂ ਤੋਂ ਜਾਣੂੰ ਹੋਣਾ ਬੇਹੱਦ ਜ਼ਰੂਰੀ: ਐੱਸ ਡੀ ਐਮ ਅਟਵਾਲ



ਬਰਨਾਲਾ, 20 ਜੁਲਾਈ (ਅਮਨਦੀਪ ਸਿੰਘ) : ਜ਼ਿਲ੍ਹਾ ਬਰਨਾਲਾ ਵਿੱਚ ਡਿਪਟੀ ਕਮਿਸ਼ਨਰ ਬਰਨਾਲਾ ਦੀ ਅਗਵਾਈ ਹੇਠ ਸੇਫ ਸਕੂਲ ਵਾਹਨ ਪਾਲਿਸੀ ਤਹਿਤ ਜਿੱਥੇ ਸਕੂਲੀ ਬੱਸਾਂ ਦੀ ਚੈਕਿੰਗ ਮੁਹਿੰਮ ਜਾਰੀ ਹੈ, ਓਥੇ ਵਿਦਿਆਰਥੀਆਂ, ਬੱਸ ਚਾਲਕਾਂ ਤੇ ਆਮ ਲੋਕਾਂ ਨੂੰ ਸੜਕ ਸੁਰੱਖਿਆ ਬਾਰੇ ਜਾਗਰੂਕ ਕਰਨ ਲਈ ਜਾਗਰੂਕਤਾ ਪ੍ਰੋਗਰਾਮ ਵੀ ਕਰਾਏ ਜਾ ਰਹੇ ਹਨ।

ਇਸ ਲੜੀ ਤਹਿਤ ਉਪ ਮੰਡਲ ਮੈਜਿਸਟਰੇਟ ਬਰਨਾਲਾ ਹਰਪ੍ਰੀਤ ਸਿੰਘ ਅਟਵਾਲ ਵੱਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੀਆਂ) ਧਨੌਲਾ ਦਾ ਦੌਰਾ ਕੀਤਾ ਗਿਆ। ਇਸ ਮੌਕੇ ਕਰਵਾਏ ਜਾਗਰੂਕਤਾ ਪ੍ਰੋਗਰਾਮ ਦੌਰਾਨ ਐੱਸ ਡੀ ਐਮ ਨੇ ਵਿਦਿਆਰਥਣਾਂ ਨੂੰ ਜਿੱਥੇ ਸੇਫ਼ ਸਕੂਲ ਵਾਹਨ ਪਾਲਿਸੀ ਤਹਿਤ ਸੜਕ ਸੁਰੱਖਿਆ ਬਾਰੇ ਪ੍ਰੇਰਿਤ ਕੀਤਾ, ਓਥੇ ਓਨ੍ਹਾਂ ਨੂੰ ਸਿਵਲ ਸੇਵਾਵਾਂ ਅਤੇ ਹੋਰ ਮੁਕਾਬਲੇ ਦੀਆਂ ਪ੍ਰੀਖਿਆਵਾਂ ਵਿੱਚ ਸਫ਼ਲ ਹੋਣ ਦੇ ਗੁਰ ਵੀ ਦੱਸੇ।

ਇਸ ਮੌਕੇ ਉਨ੍ਹਾਂ ਕਿਹਾ ਕਿ ਜੇਕਰ ਵਿਦਿਆਰਥੀ ਸੇਫ ਸਕੂਲ ਵਾਹਨ ਪਾਲਿਸੀ ਅਤੇ ਟਰੈਫ਼ਕ ਨਿਯਮਾਂ ਬਾਰੇ ਜਾਗਰੂਕ ਹੋਣਗੇ ਤਾਂ ਉਹ ਆਪਣੇ ਮਾਪਿਆਂ ਅਤੇ ਆਸ - ਪਾਸ ਦੇ ਲੋਕਾਂ ਨੂੰ ਵੀ ਜਾਗਰੂਕ ਕਰ ਸਕਣਗੇ। ਓਨ੍ਹਾਂ ਦੱਸਿਆ ਕਿ ਇਸ ਤੋਂ ਪਹਿਲਾਂ ਵਾਈ ਐੱਸ ਸਕੂਲ ਹੰਡਿਆਇਆ ਵਿਚ ਵੀ ਇਹ ਪ੍ਰੋਗਰਾਮ ਕਰਵਾਇਆ ਗਿਆ ਹੈ।

ਇਸ ਮੌਕੇ ਉਨ੍ਹਾਂ ਵਿਦਿਆਰਥਣਾਂ ਨੂੰ ਪ੍ਰੇਰਨਾਤਮਕ ਭਾਸ਼ਣ ਵੀ ਦਿੱਤਾ। ਓਨ੍ਹਾਂ ਕਿਹਾ ਕਿ ਜ਼ਿੰਦਗੀ ਵਿੱਚ ਸਫ਼ਲ ਹੋਣ ਲਈ ਟੀਚਾ ਹੋਣਾ ਅਤੇ ਇਸ ਟੀਚੇ ਲਈ ਮਿਹਨਤ ਕਰਨਾ ਬੇਹੱਦ ਜ਼ਰੂਰੀ ਹੈ। ਓਨ੍ਹਾਂ ਦੱਸਿਆ ਕਿ ਕਿਵੇਂ ਸਿਵਲ ਸੇਵਾਵਾਂ ਅਤੇ ਹੋਰ ਮੁਕਾਬਲੇ ਦੀਆਂ ਪ੍ਰੀਖਿਆਵਾਂ ਦੀ ਤਿਆਰੀ ਕਰਨੀ ਹੈ, ਤਾਂ ਜੋ ਸਫ਼ਲ ਹੋਇਆ ਜਾ ਸਕੇ।

ਇਸ ਮੌਕੇ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਡਾ. ਬਰਜਿੰਦਰਪਾਲ ਸਿੰਘ, ਸਕੂਲ ਪ੍ਰਿੰਸੀਪਲ ਅਤੇ ਅਧਿਆਪਕ ਅਤੇ ਵਿਦਿਆਰਥੀ ਹਾਜ਼ਰ ਸਨ।



# ਪਟਿਆਲਾ-ਆਸ/ਪਾਸ



## ਸ੍ਰੀ ਗੁਰੂ ਤੇਗ ਬਹਾਦਰ ਜੀ ਦਾ 350ਵਾਂ ਸ਼ਹੀਦੀ ਸਮਾਗਮ ਕਸ਼ਮੀਰ 'ਚ ਮਨਾਇਆ ਜਾਵੇਗਾ

### ☛ਭਾਸ਼ਾ ਵਿਭਾਗ ਪੰਜਾਬ ਵੱਲੋਂ ਕਰਵਾਏ ਜਾਣਗੇ ਚਾਰ ਸਮਾਗਮ

ਪਟਿਆਲਾ, 20 ਜੁਲਾਈ (ਰੁਪਾਣਾ) : 2025 ਦਾ ਇਹ ਸਾਲ ਗੁਰੂ ਤੇਗ ਬਹਾਦਰ ਜੀ ਦੀ ਸ਼ਹੀਦੀ ਦਾ 350ਵਾਂ ਵਰ੍ਹਾ ਹੈ। ਇਸ ਪ੍ਰਥਾਏ ਭਾਸ਼ਾ ਵਿਭਾਗ, ਪੰਜਾਬ ਨੇ ਸ. ਹਰਜੋਤ ਸਿੰਘ ਬੈਂਸ ਉਚੇਰੀ ਸਿੱਖਿਆ ਤੇ ਭਾਸ਼ਾ ਮੰਤਰੀ, ਪੰਜਾਬ ਦੀ ਅਗਵਾਈ ਵਿੱਚ ਦੋ ਰੋਜ਼ਾ ਸਮਾਗਮ 'ਤੇਗ ਬਹਾਦਰ ਸਿਮਰਿਐ' ਦੇ ਸਿਰਲੇਖ ਅਧੀਨ ਪੰਡਿਤ ਕਿਰਪਾ ਰਾਮ ਦੀ ਜਨਮ ਭੂਮੀ ਮੱਤਨ ਅਤੇ ਸ੍ਰੀਨਗਰ (ਕਸ਼ਮੀਰ) ਵਿਖੇ 23 ਤੇ 24 ਜੁਲਾਈ ਨੂੰ ਆਯੋਜਿਤ ਕਰਨ ਦਾ ਫ਼ੈਸਲਾ ਕੀਤਾ ਹੈ। ਭਾਸ਼ਾ ਵਿਭਾਗ, ਪੰਜਾਬ ਦੇ ਡਾਇਰੈਕਟਰ ਸ. ਜਸਵੰਤ ਸਿੰਘ ਜ਼ਫ਼ਰ ਨੇ ਦੱਸਿਆ ਕਿ ਜੰਮੂ ਅਤੇ ਕਸ਼ਮੀਰ ਅਕੈਡਮੀ ਆਫ ਆਰਟ, ਕਲਚਰ ਐਂਡ ਲੈਂਗੂਏਜਿਜ਼ ਸ੍ਰੀਨਗਰ ਦੇ ਸਹਿਯੋਗ ਨਾਲ ਹੋਣ ਵਾਲੇ ਇਨ੍ਹਾਂ ਸਮਾਗਮਾਂ ਦੀ ਆਰੰਭਤਾ 23 ਜੁਲਾਈ ਨੂੰ ਸਵੇਰੇ ਮੱਤਨ ਦੇ ਗੁਰਦੁਆਰਾ ਸਾਹਿਬ ਵਿਖੇ ਸਰਬੱਤ ਦੇ ਭਲੇ ਦੀ ਅਰਦਾਸ ਨਾਲ ਹੋਵੇਗੀ। ਦੱਸਣਯੋਗ ਹੈ ਕਿ ਸ੍ਰੀਨਗਰ ਨੇੜਲੇ ਸਥਾਨ ਮੱਤਨ ਦਾ ਸਬੰਧ ਸ੍ਰੀ ਗੁਰੂ ਤੇਗ ਬਹਾਦਰ ਜੀ ਪਾਸ ਅਨੰਦਪੁਰ ਸਾਹਿਬ ਵਿਖੇ ਫਰਿਆਦ ਲੈ ਕੇ ਆਉਣ ਵਾਲੇ ਕਸ਼ਮੀਰੀ ਪੰਡਤਾਂ ਦੇ ਮੁਖੀ ਪੰਡਿਤ ਕਿਰਪਾ ਰਾਮ ਜੀ ਨਾਲ ਸੀ। ਪੰਡਿਤ ਜੀ ਕਈ ਪੀੜ੍ਹੀਆਂ ਤੋਂ ਗੁਰੂ ਘਰ ਦੇ ਸ਼ਰਧਾਲੂ ਸਨ ਅਤੇ ਗੁਰੂ ਤੇਗ ਬਹਾਦਰ ਜੀ ਦੀ ਸ਼ਹੀਦੀ ਤੋਂ ਬਾਅਦ ਅਨੰਦਪੁਰ ਸਾਹਿਬ ਵਿਖੇ ਹੀ ਰਹੇ ਅਤੇ ਗੁਰੂ ਪਰਿਵਾਰ ਦੀ ਸੇਵਾ ਸੰਭਾਲ ਕੀਤੀ। ਖ਼ਾਲਸਾ ਪੰਥ ਦੀ ਸਾਜਨਾ ਵੇਲੇ ਆਪ ਖੰਡੇ ਦੀ ਪਾਹੁਲ ਛਕ ਕੇ ਭਾਈ ਕਿਰਪਾ ਸਿੰਘ ਬਣੇ ਅਤੇ ਦਸੰਬਰ 1705 ਨੂੰ ਚਮਕੌਰ ਦੀ ਲੜਾਈ ਵਿੱਚ ਵੱਡੇ ਸਾਹਿਬਜ਼ਾਦਿਆਂ ਅਤੇ 40 ਸਿੰਘਾਂ ਸਮੇਤ ਸ਼ਹੀਦ ਹੋਏ।ਸ. ਜ਼ਫ਼ਰ ਨੇ ਦੱਸਿਆ ਕਿ ਇਸ ਉਪਰੰਤ ਸ੍ਰੀਨਗਰ ਵਿਖੇ ਟੈਗੋਰ ਹਾਲ ਵਿੱਚ ਹੋਣ ਵਾਲਾ ਦੋ ਦਿਨਾ ਸਮਾਗਮ ਤਿੰਨ ਭਾਗਾਂ ਵਿੱਚ ਹੋਏਗਾ। 23 ਜੁਲਾਈ ਨੂੰ ਬਾਅਦ ਦੁਪਹਿਰ 2 ਵਜੇ ਟੈਗੋਰ ਹਾਲ ਵਿਖੇ 'ਗੁਰੂ ਵਿਚਾਰ' ਸਿਰਲੇਖ ਅਧੀਨ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਜੀਵਨ, ਬਾਣੀ, ਸ਼ਹੀਦੀ ਤੇ ਫਲਸਫ਼ੇ ਬਾਰੇ ਵਿਚਾਰ ਗੋਸ਼ਟੀ ਕਰਵਾਈ ਜਾਵੇਗੀ। ਇਸ ਸਮਾਗਮ ਦੇ ਮੁੱਖ ਮਹਿਮਾਨ ਸ. ਹਰਜੋਤ ਸਿੰਘ ਬੈਂਸ ਉਚੇਰੀ ਸਿੱਖਿਆ ਤੇ ਭਾਸ਼ਾ ਮੰਤਰੀ, ਪੰਜਾਬ ਹੋਣਗੇ। ਉੱਘੇ ਚਿੰਤਕ ਡਾ. ਅਮਰਜੀਤ ਸਿੰਘ ਗਰੇਵਾਲ ਮੁੱਖ ਭਾਸ਼ਣ ਦੇਣਗੇ। ਸਮਾਗਮ ਦੀ ਪ੍ਰਧਾਨਗੀ ਜੰਮੂ ਅਤੇ ਕਸ਼ਮੀਰ ਅਕੈਡਮੀ ਆਫ ਆਰਟ, ਕਲਚਰ ਐਂਡ ਲੈਂਗੂਏਜਿਜ਼ ਦੇ ਸਕੱਤਰ ਸ੍ਰੀਮਤੀ ਹਰਵਿੰਦਰ ਕੌਰ ਜੇ.ਕੇ.ਏ.ਐਸ. ਕਰਨਗੇ। ਦੂਜੇ ਭਾਗ ਵਿੱਚ ਸ਼ਾਮ 5 ਵਜੇ ਸ਼ੁਰੂ ਹੋਣ ਵਾਲੇ 'ਕਾਵਿ ਸ਼ਰਧਾਂਜਲੀ' ਸਿਰਲੇਖ ਤਹਿਤ ਪੰਜਾਬੀ, ਡੋਗਰੀ ਅਤੇ ਕਸ਼ਮੀਰੀ ਜ਼ੁਬਾਨਾਂ ਦੇ ਚੋਣਵੇਂ ਕਵੀ ਗੁਰੂ ਸਾਹਿਬ ਨੂੰ ਕਾਵਿ-ਸੁਮਨ ਭੇਟ ਕਰਨਗੇ।ਅਗਲੇ ਦਿਨ 24 ਜੁਲਾਈ ਸ਼ਾਮ ਨੂੰ 5 ਵਜੇ ਟੈਗੋਰ ਹਾਲ ਵਿੱਚ ਰਸ-ਭਿੰਨਾ ਸੰਗੀਤਕ ਸਮਾਗਮ ਹੋਏਗਾ। 'ਗੁਰੂ ਨਾਨਕ ਜਹਾਜ਼' ਫ਼ਿਲਮ ਵਿੱਚ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਬਾਣੀ ਦਾ ਗਾਇਨ ਕਰਨ ਵਾਲੇ ਬੜੇ ਰਸੀਲੇ ਅਤੇ ਮਨਮੋਹਣੇ ਨੌਜਵਾਨ ਗਾਇਕ ਬੀਰ ਸਿੰਘ ਗੁਰੂ ਸਾਹਿਬ ਦੀ ਬਾਣੀ ਦੇ ਗਾਇਨ ਦੇ ਨਾਲ-ਨਾਲ ਮੁਹੱਬਤੀ ਅਤੇ ਵਿਸਮਾਦੀ ਕਲਾਮ ਪੇਸ਼ ਕਰਨਗੇ। ਭਾਸ਼ਾ ਵਿਭਾਗ, ਪੰਜਾਬ ਵੱਲੋਂ ਕਸ਼ਮੀਰ ਵਿੱਚ ਵਸਦੇ ਸਮੂਹ ਪੰਜਾਬੀਆਂ ਅਤੇ ਗੁਰੂ ਪਿਆਰਿਆਂ ਨੂੰ ਇਨ੍ਹਾਂ ਸਮਾਗਮਾਂ ਵਿੱਚ ਹੁੰਮ-ਹੁਮਾ ਕੇ ਹਿੱਸਾ ਲੈਣ ਦਾ ਪ੍ਰੇਮ ਸਹਿਤ ਖੁੱਲ੍ਹਾ ਸੱਦਾ ਦਿੱਤਾ ਗਿਆ ਹੈ।

## ਵਿਧਾਇਕ ਸ਼ੁਤਰਾਣਾ ਵੱਲੋਂ ਪਿੰਡ ਧੂਹੜ 'ਚ ਪੰਜਾਹ ਲੱਖ ਦੀ ਲਾਗਤ ਨਾਲ ਬਣਨ ਵਾਲੀ ਗਲੀ ਦਾ ਉਦਘਾਟਨ



ਪਾਤੜਾਂ, 20 ਜੁਲਾਈ (ਹਰਮਿੰਦਰ ਕਰਤਾਰਪੁਰ): ਵਿਧਾਨ ਸਭਾ ਹਲਕਾ ਸ਼ੁਤਰਾਣਾ ਦੇ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਵਲੋਂ ਪਿੰਡ ਧੂਹੜ 'ਚ ਪੰਜਾਹ ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੀ ਗਲੀ ਦਾ ਉਦਘਾਟਨ ਕੀਤਾ ।ਇਸ ਮੌਕੇ ਮੀਡੀਆ ਨਾਲ ਗੱਲਬਾਤ ਕਰਦਿਆਂ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਨੇ ਦੱਸਿਆ ਸੂਬੇ ਦੀ ਭਗਵੰਤ ਮਾਨ ਸਰਕਾਰ ਵੱਲੋਂ ਹਲਕਾ ਸ਼ੁਤਰਾਣਾ ਸਮੇਤ ਪੰਜਾਬ ਦੇ ਸਮੁੱਚੇ ਪਿੰਡਾਂ ਦਾ ਸ਼ਹਿਰੀ ਤਰਜ਼ ਉੱਪਰ ਵਿਕਾਸ ਕਰਨ ਦਾ ਪਲਾਨ ਤਿਆਰ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਅਗਲੇ ਦਿਨਾਂ ਵਿੱਚ ਜਿੱਥੇ ਹਲਕਾ ਸ਼ੁਤਰਾਣਾ ਦੀਆਂ ਪੇਂਡੂ ਲਿੰਕ ਸੜਕਾਂ ਦੇ ਨਵੀਨੀਕਰਨ ਦਾ ਕੰਮ ਜ਼ੰਗੀ ਪੱਧਰ ਉੱਤੇ ਸ਼ੁਰੂ ਕੀਤਾ ਜਾਵੇਗਾ ਉੱਥੇ ਹੀ ਪਿੰਡਾਂ ਦੀਆਂ ਗਲੀਆਂ ਵਿੱਚ ਲੌਕ ਟਾਈਲ ਲਗਾਉਣ ਦਾ ਕੰਮ ਵੀ ਸ਼ੁਰੂ ਕੀਤਾ ਜਾ ਰਿਹਾ ਹੈ। ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਵੱਲੋਂ ਪਿੰਡ ਧੂਹੜ ਦੇ ਸਰਪੰਚ ਸਤਿਗੁਰ ਸਿੰਘ ਧੂਹੜ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸਤਿਗੁਰ ਸਿੰਘ ਧੂਹੜ ਅਗਾਂਹਵਧੂ ਸੋਚ ਦੇ ਸਰਪੰਚ ਇਸ ਲਈ ਉਹ ਆਪਣੇ ਪਿੰਡ ਦੀ ਦਿੱਖ ਨੂੰ ਸੁੰਦਰ ਬਣਾਉਣ ਲਈ ਦਿਨ ਰਾਤ ਸਖਤ ਮਿਹਨਤ ਕਰ ਰਹੇ ਹਨ। ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਨੇ ਇਹ ਵੀ ਦੱਸਿਆ ਕਿ ਪਿੰਡ ਧੂਹੜ ਦੀ ਨਵੀਂ ਬਣਨ ਵਾਲੀ ਗਲੀ ਉੱਪਰ ਪੰਜਾਹ ਲੱਖ ਰੁਪਏ ਦਾ ਖਰਚਾ ਆਵੇਗਾ ਜਦ ਕਿ ਪਿੰਡ ਦੇ ਛੱਪੜ ਦੇ ਨਵੀਨੀਕਰਨ ਲਈ ਪੰਜਾਬ ਸਰਕਾਰ ਵੱਲੋਂ ਅਲੱਗ ਤੋਂ ਗ੍ਰਾਂਟ ਦਿੱਤੀ ਜਾਵੇਗੀ। ਇਸ ਮੌਕੇ ਬਿੱਕਰ ਸਿੰਘ ਨੰਬਰਦਾਰ, ਰਾਜਬੀਰ ਸਿੰਘ ਪੰਚ , ਬੱਬੂ ਸ਼ਰਮਾ ,ਕਾਲਾ ਸਿੰਘ ਪੰਚ ,ਬਾਲ ਮੁਕੰਦ ਸ਼ਰਮਾ ਪੰਚ , ਮਹਿੰਦਰ ਸਿੰਘ ਸਾਬਕਾ ਸਰਪੰਚ, ਜਸਵਿੰਦਰ ਸਿੰਘ (ਲਾਡੀ )ਰਣਧੀਰ ਸਿੰਘ, ਦਰਸ਼ਨ ਸਿੰਘ , ਰਣਜੀਤ ਸਿੰਘ ,ਬਲਵੰਤ ਸਿੰਘ ,ਧਨੰਤਰ ਸਿੰਘ , ਸ਼ਮਸ਼ੇਰ ਸਿੰਘ ਪੰਚ, ਰਾਮ ਨਿਰੰਜਨ ਸਿੰਘ ਪੰਚ, ਚਰਨਜੀਤ ਸਿੰਘ ਪੰਚ, ਰਾਮਪਾਲ ਸਿੰਘ ਪੰਚ, ਅਵਤਾਰ ਸਿੰਘ ਪੰਚ, ਨਿਰਭੈ ਸਿੰਘ ਨੰਬਰਦਾਰ , ਸਨੀ ਸਿੱਧੂ, ਆਕਾਸ ਸਿੱਧੂ, ਗੁਰਵਿੰਦਰ ਢਿਲੋ ਆਦਿ ਪ੍ਰਮੁੱਖ ਤੌਰ 'ਤੇ ਹਜ਼ਾਰ ਸਨ।

## ਬੈਂਕ ਕਰਮਚਾਰੀਆਂ ਨੇ 56ਵਾਂ ਬੈਂਕ ਰਾਸ਼ਟਰੀਕਰਨ ਦਿਵਸ ਮਨਾਇਆ




ਪਟਿਆਲਾ, 20 ਜੁਲਾਈ (ਚ.ਨ.ਸ.) : ਆਲ ਇੰਡੀਆ ਬੈਂਕ ਇੰਪਲਾਈਜ਼ ਐਸੋਸੀਏਸ਼ਨ (19251) ਦੇ ਬੈਨਰ ਹੇਠ ਪੰਜਾਬ ਬੈਂਕ ਇੰਪਲਾਈਜ਼ ਫੈਡਰੇਸ਼ਨ ਦੀ ਸਥਾਨਕ ਇਕਾਈ ਨੇ ਪ੍ਰਭਾਤ ਪਰਵਾਨਾ ਮੈਮੋਰੀਅਲ ਟ੍ਰੇਡ ਯੂਨੀਅਨ ਸੈਂਟਰ, ਪਟਿਆਲਾ ਵਿਖੇ ਇੱਕ ਮੀਟਿੰਗ ਦਾ ਆਯੋਜਨ ਕੀਤਾ। ਇਸ ਮੌਕੇ ਫੈਡਰੇਸ਼ਨ ਦੇ ਆਗੂਆਂ ਵਿੱਚ ਐਸ.ਕੇ. ਗੌਤਮ, ਪ੍ਰਧਾਨ, ਪੰਜਾਬ ਬੈਂਕ ਇੰਪਲਾਈਜ਼ ਫੈਡਰੇਸ਼ਨ, ਸੰਜੀਵ ਪ੍ਰਾਸ਼ਰ, ਡਿਪਟੀ ਜਨਰਲ ਸਕੱਤਰ, ਤਰੁਣ ਕੰਡਾ, ਪ੍ਰਧਾਨ, SBIEU, ਚੰਡੀਗੜ੍ਹ ਸਰਕਲ, ਲਵਲੀਨ ਸੈਣੀ, ਚੇਅਰਮੈਨ, ਹਰਜੀਤ ਸਿੰਘ, ਉਪ ਪ੍ਰਧਾਨ, ਬਲਬੀਰ ਸ਼ਰਮਾ, ਉਪ ਪ੍ਰਧਾਨ, ਰਾਜਕੁਲ ਮੁਹੰਮਦ, ਉਪ ਪ੍ਰਧਾਨ, ਸਨਮੀਤ ਸਿੰਘ, ਉਪ ਸਕੱਤਰ, ਦੇਵ ਰਾਜ, ਸੰਗਠਨ ਸਕੱਤਰ, ਪਰਮਜੀਤ ਸੱਭਰਵਾਲ, ਸੰਗਠਨ ਸਕੱਤਰ, ਦਿਵਿਆ ਪਾਲ ਸਿੰਘ, ਖਜ਼ਾਨਚੀ, ਅਮਰੀਕ ਸਿੰਘ, ਪੁਨੀਤ ਵਿੱਠਲ, ਵਿਨਰ ਗੁਪਤਾ, ਐਸ.ਐਸ. ਗਿੱਲ, ਵਰਿੰਦਰ ਸ਼ਰਮਾ, ਕੰਵਲਜੀਤ ਸਿੰਘ, ਗੁਰਿਕ ਸ਼ਰਮਾ, ਮਨਦੀਪ ਸ਼ਰਮਾ, ਨਿਤਿਨ ਜੈਨ, ਸ਼ਬੀਨਾ ਰਫੀਕ, ਸਿਮਰਨਜੀਤ ਸਿੰਘ ਲੂਥਰਾ ਵੀ ਮੌਜੂਦ ਸਨ। ਇਸ ਮੌਕੇ ਐਸ.ਕੇ. ਗੌਤਮ ਨੇ 1969 ਵਿੱਚ ਰਾਸ਼ਟਰੀਕਰਨ ਤੋਂ ਬਾਅਦ ਜਨਤਕ ਖੇਤਰ ਦੇ ਬੈਂਕਾਂ ਦੀ ਭੂਮਿਕਾ ਤੇ ਚਾਨਣਾ ਪਾਇਆ ਅਤੇ ਦੱਸਿਆ ਕਿ ਭਾਰਤ ਵਿੱਚ ਕੁੱਲ ਬੈਂਕ ਸ਼ਾਖਾਵਾਂ 8,200 ਸਨ ਅਤੇ ਹੁਣ 90,000 ਹਨ। ਕੁੱਲ ਜਮ੍ਹਾਂ ਰਾਸ਼ੀ 5000 ਕਰੋੜ ਰੁਪਏ ਸੀ ਜੋ ਹੁਣ 140 ਲੱਖ ਕਰੋੜ ਰੁਪਏ ਹੈ, ਦਿੱਤੇ ਗਏ ਕੁੱਲ ਕਰਜ਼ੇ ਸਿਰਫ 3500 ਕਰੋੜ ਰੁਪਏ ਸਨ ਜੋ ਹੁਣ 110 ਲੱਖ ਕਰੋੜ ਰੁਪਏ ਹਨ। ਪਿਛਲੇ ਦੋ ਦਹਾਕਿਆਂ ਵਿੱਚ ਨਿੱਜੀ ਕਾਰਪੋਰੇਟ ਕੰਪਨੀਆਂ ਨੂੰ ਦਿੱਤੇ ਗਏ ਵੱਡੇ ਕਰਜ਼ੇ ਮਾੜੇ ਕਰਜ਼ਿਆਂ ਵਿੱਚ ਬਦਲ ਗਏ ਹਨ ਅਤੇ ਬੈਂਕਾਂ ਤੇ ਵੱਡੇ ਗੈਰ-ਪ੍ਰਦਰਸ਼ਨ ਸੰਪਤੀਆਂ ਦਾ ਬੋਝ ਹੈ। ਉਨ੍ਹਾਂ ਅੱਗੇ ਦੱਸਿਆ ਕਿ ਇਨ੍ਹਾਂ ਕਰਜ਼ਿਆਂ ਦੀ ਵਸੂਲੀ ਲਈ ਡਿਫਾਲਟ ਕੰਪਨੀਆਂ ਤੇ ਸਖ਼ਤ ਕਾਰਵਾਈ ਕਰਨ ਦੀ ਬਜਾਏ, ਉਨ੍ਹਾਂ ਨੂੰ ਵੱਡੀਆਂ ਰਿਆਇਤਾਂ ਦਿੱਤੀਆਂ ਗਈਆਂ ਹਨ ਅਤੇ ਬੈਂਕਾਂ ਨੂੰ ਭਾਰੀ ਨੁਕਸਾਨ ਅਤੇ ਨੁਕਸਾਨ ਹੋ ਰਿਹਾ ਹੈ। ਅਡਾਨੀ ਸਮੂਹ ਦੁਆਰਾ 61,832 ਕਰੋੜ ਰੁਪਏ ਦੀਆਂ 10 ਐਨ.ਪੀ.ਏ. ਕੰਪਨੀਆਂ ਨੂੰ ਸਿਰਫ 15,977 ਰੁਪਏ ਦੇ 74% ਵਾਲਕਟ ਲਈ ਆਪਣੇ ਕਬਜ਼ੇ ਵਿੱਚ ਲੈ ਲਿਆ ਗਿਆ ਹੈ।ਸੰਜੀਵ ਪ੍ਰਾਸ਼ਰ, ਡਿਪਟੀ ਜਨਰਲ ਸਕੱਤਰ ਪੀਬੀਈਐਫ ਨੇ ਦੱਸਿਆ ਕਿ ਬੈਂਕ ਲੋਕਾਂ ਦੇ ਪੈਸੇ ਅਤੇ ਮਿਹਨਤ ਨਾਲ ਕਮਾਏ ਬੱਚਤ ਦੀ ਨੁਮਾਇੰਦਗੀ ਕਰਦੇ ਹਨ। ਇਹ ਕੀਮਤੀ ਪੈਸਾ ਜਨਤਕ ਭਲਾਈ ਅਤੇ ਲੋਕਾਂ ਦੇ ਹਿੱਤ ਲਈ ਉਪਲਬਧ ਹੋਣਾ ਚਾਹੀਦਾ ਹੈ। ਪਰ ਅਸੀਂ ਦੇਖਦੇ ਹਾਂ ਕਿ ਮਾੜੇ ਕਰਜ਼ਿਆਂ, ਪ੍ਰੋਵੀਜ਼ਨਾਂ, ਰਾਈਟ ਆਫ ਅਤੇ ਬੈਂਕਾਂ ਲਈ ਵੱਡੇ ਨੁਕਸਾਨ ਦੇ ਨਾਮ ਤੇ ਦਿਨ-ਦਿਹਾੜੇ ਲੁੱਟ ਹੋ ਰਹੀ ਹੈ। ਲੋਕਾਂ ਦੇ ਪੈਸੇ ਦੀ ਵਰਤੋਂ ਸਾਡੇ ਦੇਸ਼ ਵਿੱਚ ਕਰੋਨੀ ਪੂੰਜੀਵਾਦ ਬਣਾਉਣ ਲਈ ਕੀਤੀ ਜਾਂਦੀ ਹੈ।ਤਰੁਣ ਕੰਡਾ, ਪ੍ਰਧਾਨ, SBIEU (ਚੰਡੀਗੜ੍ਹ ਸਰਕਲ) ਨੇ ਜਨਤਕ ਖੇਤਰ ਦੇ ਬੈਂਕਾਂ ਨੂੰ ਮਜ਼ਬੂਤ ਕਰਨ ਦੀ ਜ਼ਰੂਰਤ ਤੇ ਜ਼ੋਰ ਦਿੱਤਾ ਕਿਉਂਕਿ ਲੋਕਾਂ ਦਾ ਪੈਸਾ ਰਾਸ਼ਟਰੀਕ੍ਰਿਤ ਬੈਂਕਾਂ ਵਿੱਚ ਸੁਰੱਖਿਅਤ ਹੈ। ਉਨ੍ਹਾਂ ਦੱਸਿਆ ਕਿ ਐਨਪੀਏ ਕਾਰਨ 1,26,001 ਕਰੋੜ ਰੁਪਏ ਦੀ ਭਾਰੀ ਪ੍ਰੋਵੀਜ਼ਨਿੰਗ ਦੇ ਬਾਵਜੂਦ, ਰਾਈਟ ਆਫ ਜਨਤਕ ਖੇਤਰ ਦੇ ਬੈਂਕਾਂ ਨੇ 1,87,056 ਕਰੋੜ ਰੁਪਏ ਦਾ ਸ਼ੁੱਧ ਲਾਭ ਦਿਖਾਇਆ ਹੈ ਜਦੋਂ ਕਿ ਕੁੱਲ ਲਾਭ 3,13,058 ਕਰੋੜ ਰੁਪਏ ਸੀ।ਇਸ ਮੌਕੇ ਹੋਰ ਯੂਨੀਅਨ ਆਗੂਆਂ ਨੇ ਵੀ ਮੀਟਿੰਗ ਨੂੰ ਸੰਬੋਧਨ ਕੀਤਾ।

## ਕੰਬੋਜ ਭਲਾਈ ਮੰਚ ਪੰਜਾਬ ਵੱਲੋਂ ਰਵਨੀਤ ਸਿੰਘ ਬਿੱਟੂ ਦਾ ਸਨਮਾਨ



ਦੇਵੀਗੜ੍ਹ, 20 ਜੁਲਾਈ (ਚ.ਨ.ਸ.) : ਕੰਬੋਜ ਭਲਾਈ ਮੰਚ ਪੰਜਾਬ ਦੀ ਪੰਜ ਮੈਂਬਰੀ ਕਮੇਟੀ ਵੱਲੋਂ ਅੱਜ ਪਟਿਆਲਾ ਰੇਲਵੇ ਸਟੇਸ਼ਨ ਪੁੱਜਣ 'ਤੇ ਸ੍ਰ. ਰਵਨੀਤ ਸਿੰਘ ਬਿੱਟੂ, ਕੇਂਦਰੀ ਰੇਲ ਰਾਜ ਮੰਤਰੀ ਦਾ ਗੁਲਦਸਤਾ ਅਤੇ ਸ਼ਹੀਦ ਊਧਮ ਸਿੰਘ ਜੀ ਦਾ ਚਿੱਤਰ ਦੇ ਕੇ ਭਰਵਾਂ ਸਵਾਗਤ ਕੀਤਾ ਗਿਆ ਅਤੇ ਕੰਬੋਜ ਭਾਈਚਾਰੇ ਦੀ ਤਰਫੋਂ ਇਕ ਮੰਗ ਪੱਤਰ ਦੇ ਕੇ ਸ਼ਹੀਦ ਊਧਮ ਸਿੰਘ ਕੰਬੋਜ ਦੇ ਨਾਂ ਦੀ ਪੰਜਾਬੀ ਯੂਨੀਵਰਸਿਟੀ ਪਟਿਆਲਾ ਵਿਖੇ ਚੇਅਰ ਸਥਾਪਤ ਕਰਨ, ਕੰਬੋਜ ਭਾਈਚਾਰੇ ਦੀ ਕਰੀਮੀਲੇਅਰ ਦੀ ਹੱਦ 8 ਲੱਖ ਤੋਂ ਵਧਾ ਕੇ 15 ਲੱਖ ਕਰਨ, ਵਿਦਿਅਕ ਪਾਠ ਪੁਸਤਕਾਂ ਵਿਚ ਸ਼ਹੀਦ ਊਧਮ ਸਿੰਘ ਕੰਬੋਜ ਸਬੰਧੀ ਲੇਖਾਂ ਵਿਚ ਸੋਧ ਕਰਨ, ਕੰਬੋਜ ਭਾਈਚਾਰੇ ਨੂੰ ਰਾਜਨੀਤੀ ਵਿਚ ਪੰਚਾਇਤ ਤੋਂ ਲੈ ਕੇ ਮੈਂਬਰ ਪਾਰਲੀਮੈਂਟ ਤੱਕ ਵੋਟ ਅਨੁਪਾਤ ਅਨੁਸਾਰ ਸੀਟਾਂ ਦੇਣ ਦੀ ਮੰਗ ਕੀਤੀ। ਰਵਨੀਤ ਸਿੰਘ ਬਿੱਟੂ ਨੇ ਭਰੋਸਾ ਦਵਾਇਆ ਕਿ ਆਉਣ ਵਾਲੇ 31.07.2025 ਨੂੰ ਸ਼ਹੀਦ ਊਧਮ ਸਿੰਘ ਦੇ ਸ਼ਹੀਦੀ ਦਿਵਸ 'ਤੇ ਕੰਬੋਜ਼ ਭਾਈਚਾਰੇ ਦੀ ਭਲਾਈ ਲਈ ਕਈ ਸਕੀਮਾਂ ਲਾਗੂ ਕੀਤੀਆਂ ਜਾਣਗੀਆਂ। ਮੰਗ ਪੱਤਰ ਅਤੇ ਸਵਾਗਤ ਕਮੇਟੀ ਵਿਚ ਸ੍ਰ. ਭਰਪੂਰ ਸਿੰਘ ਸੁਨਾਮ, ਸ੍ਰ. ਭੁਪਿੰਦਰ ਸਿੰਘ ਡਾਇਰੈਕਟਰ ਮਾਤਾ ਗੁਜਰੀ ਸਕੂਲ, ਸ੍ਰ. ਵਰਿੰਦਰ ਸਿੰਘ ਮੋਮੀ ਅਤੇ ਕੰਬੋਜ ਭਲਾਈ ਮੰਚ ਦੇ ਫਾਊਂਡਰ ਪ੍ਰਧਾਨ ਹਰਦੀਪ ਸਿੰਘ ਕੰਬੋਜ ਤੋਂ ਇਲਾਵਾ, ਸ੍ਰ. ਸੁਖਵੰਤ ਸਿੰਘ ਟਿਲੂ, ਸ੍ਰੀ ਵਿਕਰਮ ਪੰਡਿਤ, ਹਰਜੋਤ ਸਿੰਘ ਸੰਨੀ, ਰਾਹੁਲ ਕੁਮਾਰ ਸ਼ਰਮਾ, ਜਗਦੇਵ ਸਿੰਘ ਹਡਾਣਾ ਅਤੇ ਹੰਸ ਰਾਜ ਚਿੜਵੀ ਆਦਿ ਸ਼ਾਮਲ ਸਨ।

## ਪੰਜਾਬੀ ਯੂਨੀਵਰਸਿਟੀ ਦੇ ਹੋਸਟਲ 'ਚ ਤਿੰਨ ਲੜਕੀਆਂ ਨੇ ਆਪਣੇ ਪੱਧਰ 'ਤੇ ਮਦਦ ਜੁਟਾ ਕੇ ਤਿਆਰ ਕੀਤਾ ਮਹਿਮਾਨ ਕਮਰਾ

### ਉਪ-ਕੁਲਪਤੀ ਡਾ. ਜਗਦੀਪ ਸਿੰਘ ਵੱਲੋਂ ਉਦਘਾਟਨ



ਪਟਿਆਲਾ, 20 ਜੁਲਾਈ (ਚ.ਨ.ਸ.) : ਪੰਜਾਬੀ ਯੂਨੀਵਰਸਿਟੀ ਦੇ ਬੀਬੀ ਸਾਹਿਬ ਕੌਰ ਹੋਸਟਲ ਵਿੱਚ ਵਿਦਿਆਰਥੀ ਲੜਕੀਆਂ ਵੱਲੋਂ ਆਪਣੇ ਪੱਧਰ ਉੱਤੇ ਮਦਦ ਜੁਟਾ ਕੇ ਤਿਆਰ ਕੀਤੇ ਗਏ ਨਵੇਂ ਮਹਿਮਾਨ ਕਮਰੇ ਦਾ ਉਪ-ਕੁਲਪਤੀ ਡਾ. ਜਗਦੀਪ ਸਿੰਘ ਵੱਲੋਂ ਉਦਘਾਟਨ ਕੀਤਾ ਗਿਆ। ਡੀਨ ਵਿਦਿਆਰਥੀ ਭਲਾਈ ਪ੍ਰੋ. ਮਮਤਾ ਸ਼ਰਮਾ ਨੇ ਇਸ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਹੋਸਟਲ ਦੀਆਂ ਵਿਦਿਆਰਥਣਾਂ ਜਸਨੀਤ ਕੌਰ (ਕਾਮਰਸ ਵਿਭਾਗ), ਗਗਨ ਬਰਾੜ (ਬਨਸਪਤੀ ਵਿਭਾਗ) ਅਤੇ ਗੁਰਵਰਿੰਦਰ ਕੌਰ (ਬਨਸਪਤੀ ਵਿਭਾਗ) ਨੇ ਆਪਣੇ ਹੋਸਟਲ ਲਈ ਕੁਝ ਵਧੀਆ ਕਰਨ ਦੀ ਇੱਛਾ ਨਾਲ਼ ਅਜਿਹਾ ਕਦਮ ਉਠਾਇਆ ਹੈ। ਉਨ੍ਹਾਂ ਦੱਸਿਆ ਕਿ ਆਪਣੇ ਥੀਸਿਸ ਜਮ੍ਹਾਂ ਕਰਵਾਉਣ ਤੋਂ ਬਾਅਦ, ਵਿਦਿਆਰਥਣਾਂ ਨੇ ਆਪਣੇ ਹੋਸਟਲ ਦੀ ਸੀਨੀਅਰ ਵਾਰਡਨ ਮੈਡਮ ਹਰਪ੍ਰੀਤ ਕੌਰ ਨਾਲ ਮਿਲ ਕੇ ਮਹਿਮਾਨ ਕਮਰਾ ਤਿਆਰ ਕਰਨ ਦਾ ਵਿਚਾਰ ਕੀਤਾ ਅਤੇ ਇੱਥੇ ਟਾਈਲ ਲਗਵਾਉਣ ਤੋਂ ਲੈ ਕੇ ਫਰਨੀਚਰ ਆਦਿ ਤੱਕ ਦਾ ਆਪਣੇ ਪੱਧਰ ਉੱਤੇ ਇੰਤਜ਼ਾਮ ਕਰਦਿਆਂ ਇਸ ਕੰਮ ਨੂੰ ਨੇਪਰੇ ਚੜ੍ਹਿਆ। ਉਪ-ਕੁਲਪਤੀ ਡਾ. ਜਗਦੀਪ ਸਿੰਘ ਨੇ ਇਸ ਪਹਿਲਕਦਮੀ ਦੀ ਸ਼ਲਾਘਾ ਕਰਦਿਆਂ ਆਸ ਜਤਾਈ ਕਿ ਅਜਿਹੇ ਉਪਰਾਲੇ ਵਿਦਿਆਰਥੀਆਂ ਵਿੱਚ ਭਾਈਚਾਰੇ ਅਤੇ ਸਹਿਯੋਗ ਦੀ ਭਾਵਨਾ ਨੂੰ ਵਧਾਉਣਗੇ। ਪ੍ਰੋਵੋਸਟ ਡਾ. ਇੰਦਰਜੀਤ ਸਿੰਘ ਅਤੇ ਸੀਨੀਅਰ ਵਾਰਡਨ ਹਰਪ੍ਰੀਤ ਕੌਰ ਨੇ ਦੱਸਿਆ ਕਿ ਇਨ੍ਹਾਂ ਵਿਦਿਆਰਥਣਾਂ ਨੇ ਤਿੰਨ ਹੋਰ ਭਲਾਈ ਵਾਲੇ ਕੰਮ ਵੀ ਸ਼ੁਰੂ ਕੀਤੇ ਹਨ। ਇਸੇ ਤਰ੍ਹਾਂ ਇੱਕ ਬੁੱਕ-ਬੈਂਕ ਸਥਾਪਿਤ ਕੀਤਾ ਗਿਆ ਹੈ ਜਿੱਥੇ ਪੁਰਾਣੀਆਂ ਕਿਤਾਬਾਂ ਰੱਖੀਆਂ ਜਾ ਸਕਦੀਆਂ ਹਨ, ਅਤੇ ਇੱਕ ਇਮਾਨਦਾਰੀ ਸਟੇਸ਼ਨ ਦੀ ਵੀ ਸ਼ੁਰੂਆਤ ਕੀਤੀ ਗਈ ਹੈ ਜਿੱਥੇ ਵਿਦਿਆਰਥੀ ਸਟੇਸ਼ਨਰੀ ਲੈ ਕੇ ਆਪਣੀ ਸਮਰੱਥਾ ਅਨੁਸਾਰ ਦਾਨ ਕਰ ਸਕਦੇ ਹਨ।

## ਘੇਰ ਕੇ ਕੁੱਟਮਾਰ ਕਰਨ ਤੇ ਜਾਨੋਂ ਮਾਰਨ ਦੀਆਂ ਧਮਕੀਆਂ ਦੇਣ 'ਤੇ ਮਾਮਲਾ ਦਰਜ

ਪਟਿਆਲਾ, 20 ਜੁਲਾਈ (ਵਿਨੋਦ ਸ਼ਰਮਾ) : ਥਾਣਾ ਸਦਰ ਪਟਿਆਲਾ ਪੁਲਿਸ ਕੋਲ ਵਿਕਾਸ਼ਾ ਪੁੱਤਰੀ ਸੁਰੇਸ਼ ਕੁਮਾਰ ਵਾਸੀ ਵਿਦਿਆ ਨਗਰ ਨੇ ਕਥਿਤ ਦੋਸ਼ੀਆਂ ਅੰਮ੍ਰਿਤਪਾਲ ਸਿੰਘ ਵਾਸੀ ਪਿੰਡ ਬਲਦ ਕੈਂਚੀਆ ਥਾਣਾ ਭਵਾਨੀਗੜ੍ਹ ਜ਼ਿਲ੍ਹਾ ਸੰਗਰੂਰ, ਅਭਿਸੇ ਵਾਸੀ ਜਲਾਲਪੁਰ ਥਾਣਾ ਸਦਰ ਪਟਿਆਲਾ, ਬੈਨੀਪਾਲ ਵਾਸੀ ਪ੍ਰੋਫੈਸਰ ਕਲੋਨੀ ਪਟਿਆਲਾ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ। ਸ਼ਿਕਾਇਤਕਰਤਾ ਨੇ ਪੁਲਿਸ ਨੂੰ ਦੱਸਿਆ ਕਿ ਕਥਿਤ ਦੋਸ਼ੀ ਅੰਮ੍ਰਿਤਪਾਲ ਸਿੰਘ ਉਸ ਦਾ ਪਤੀ ਹੈ। ਉਹ ਆਪਣੇ ਘਰ ਤੋਂ ਕਸਬਾ ਬਹਾਦਰਗੜ੍ਹ ਗਈ ਸੀ, ਜਿੱਥੇ ਕਥਿਤ ਦੋਸ਼ੀਆਂ ਨੇ ਉਸ ਨੂੰ ਘੇਰ ਕੇ ਕੁੱਟਮਾਰ ਕੀਤੀ, ਜੋ ਉਸ ਨੇ ਮੌਕੇ 'ਤੇ ਫੋਨ ਕਰਕੇ ਆਪਣੇ ਪਿਤਾ ਨੂੰ ਬੁਲਾਇਆ ਤਾਂ ਕਥਿਤ ਦੋਸ਼ੀਆਂ ਨੇ ਉਸਦੇ ਮੂੰਹ 'ਤੇ ਵੀ ਕਥਿਤ ਤੌਰ 'ਤੇ ਥੱਪੜ ਮਾਰੇ ਅਤੇ ਜਾਨੋਂ ਮਾਰਨ ਦੀਆਂ ਧਮਕੀਆਂ ਦੇ ਕੇ ਮੌਕੇ ਤੋਂ ਫਰਾਰ ਹੋ ਗਏ। ਪੁਲਿਸ ਨੇ ਧਾਰਾ 126(2), 115(2),351(2),3(5) ਬੀ.ਐਨ.ਐਸ. ਦੇ ਤਹਿਤ ਮਾਮਲਾ ਦਰਜ ਕਰ ਲਿਆ ਹੈ।

## ਮਾਤਾ ਗੁਜਰੀ ਸਕੂਲ ਦੇਵੀਗੜ੍ਹ ਵਿਖੇ ਇਨਵੈਸਚਰ ਸੈਰੇਮਨੀ ਕਰਵਾਈ




ਦੇਵੀਗੜ੍ਹ, 20 ਜੁਲਾਈ (ਚ.ਨ.ਸ.) : ਮਾਤਾ ਗੁਜਰੀ ਸੀਨੀਅਰ ਸੈਕੰਡਰੀ ਸਕੂਲ ਦੇਵੀਗੜ੍ਹ ਵਿਖੇ 19 ਜੁਲਾਈ, ਨੂੰ ਇਨਵੈਸਚਰ ਸੈਰੇਮਨੀ ਦਾ ਸ਼ਾਨਦਾਰ ਆਯੋਜਨ ਕੀਤਾ ਗਿਆ। ਸਕੂਲ ਦੇ ਸਾਰੇ ਹਾਊਸ ਦੇ ਵਿਦਿਆਰਥੀਆਂ ਨੇ ਵੱਧ ਚੜ੍ਹ ਕੇ ਹਿੱਸਾ ਲਿਆ। ਪਹਿਲਾ ਹਾਊਸ ਸਾਹਿਬਜ਼ਾਦਾ ਅਜੀਤ ਸਿੰਘ ਜੀ, ਦੂਸਰਾ ਹਾਊਸ ਸਾਹਿਬਜ਼ਾਦਾ ਜੁਝਾਰ ਸਿੰਘ ਜੀ, ਤੀਸਰਾ ਹਾਊਸ ਸਾਹਿਬਜ਼ਾਦਾ ਜ਼ੋਰਾਵਰ ਸਿੰਘ ਜੀ, ਚੌਥਾ ਹਾਊਸ ਸਾਹਿਬਜ਼ਾਦਾ ਫਤਿਹ ਸਿੰਘ ਜੀ ਹਾਊਸ ਦੇ ਵਿਦਿਆਰਥੀਆਂ ਨੂੰ ਹਾਊਸ ਹੈੱਡ ਅਤੇ ਹੋਰ ਅਹੁਦੇ ਦਿੱਤੇ ਗਏ। ਇਸ ਸਮਾਗਮ ਦੀ ਸ਼ੁਰੂਆਤ ਸ਼ਬਦ ਗਾਇਨ ਅਤੇ ਮਾਰਚ ਪਾਸਟ ਤੋਂ ਕੀਤੀ ਗਈ, ਜਿਸ ਵਿੱਚ ਸਕੂਲ ਕੈਪਟਨ ਅੰਕਸ਼ਿਤਾ ਗੋਸਵਾਮੀ , ਸਪੋਰਟਸ ਕੈਪਟਨ ਸ਼ਾਨਵੀਰ ਸਿੰਘ, ਹੈੱਡ ਬੁਆਏ ਹਰਸ਼ਦੀਪ ਸਿੰਘ ,ਵਾਈਸ ਹੈੱਡ ਬੁਆਏ ਗੁਰਕੀਰਤ ਸਿੰਘ , ਹੈੱਡ ਗਰਲ ਕਿਰਨਦੀਪ ਕੌਰ, ਵਾਈਸ ਹੈੱਡ ਗਰਲ ਜੈਸਮੀਨ ਕੌਰ ਅਤੇ ਇਸ ਤੋਂ ਇਲਾਵਾ ਹਰੇਕ ਹਾਊਸ ਵਿੱਚੋਂ ਚਾਰ ਹਾਊਸ ਹੈੱਡ ਚੁਣੇ ਗਏ ਜਿਨਾਂ ਦਾ ਨਾਮ ਰੂਪਪ੍ਰੀਤ ਸੰਧੂ , ਪ੍ਰਭਪ੍ਰੀਤ ਕੌਰ , ਰੂਬਲਪ੍ਰੀਤ ਸਿੰਘ ਅਤੇ ਹਰਕੰਵਲ ਕੌਰ ਹਨ ,ਅਤੇ ਇਹਨਾਂ ਸਭ ਵੱਲੋਂ ਸਹੁੰ ਚੁੱਕੀ ਗਈ । ਇਹਨਾਂ ਸਭ ਵਿਦਿਆਰਥੀਆਂ ਨੂੰ ਉਹਨਾਂ ਦੀਆਂ ਜਿੰਮੇਵਾਰੀਆਂ ਪ੍ਰਤੀ ਜਾਗਰੂਕ ਕੀਤਾ ਗਿਆ, ਇਸ ਦੌਰਾਨ ਸਕੂਲ ਦੇ ਡਾਇਰੈਕਟਰ ਸਰਦਾਰ ਭੁਪਿੰਦਰ ਸਿੰਘ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਅੱਜ ਸਕੂਲ ਵਿੱਚ ਮਿਲੇ ਇਹਨਾਂ ਅਹੁਦਿਆਂ ਤੋਂ ਇਹ ਵਿਦਿਆਰਥੀ ਆਉਣ ਵਾਲੇ ਸਮੇਂ ਵਿੱਚ ਸਮਾਜ ਅਤੇ ਦੇਸ਼ ਪ੍ਰਤੀ ਆਪਣੀਆਂ ਜਿੰਮੇਵਾਰੀਆਂ ਨਿਭਾਉਣ ਦਾ ਹੁਨਰ ਅਤੇ ਜਜ਼ਬਾ ਸਿੱਖਣਗੇ ਅਤੇ ਇਹ ਵੱਡੇ ਪੱਧਰ ਦੇ ਲੀਡਰ ਬਣਨਗੇ। ਮੈਡਮ ਰਵਿੰਦਰ ਕੌਰ , ਪ੍ਰਿੰਸੀਪਲ ਮਮਤਾ ਅਤੇ ਅਕਾਦਮਿਕ ਡਾਇਰੈਕਟਰ ਤਜਿੰਦਰ ਕੌਰ ਵਾਲੀਆ ਨੇ ਬੱਚਿਆਂ ਨੂੰ ਉਹਨਾਂ ਨੂੰ ਦਿੱਤੀਆਂ ਗਈਆਂ ਜ਼ਿੰਮੇਵਾਰੀਆਂ ਪ੍ਰਤੀ ਜਾਗਰੂਕ ਕਰਦੇ ਹੋਏ ਸ਼ੁਭਕਾਮਨਾਵਾਂ ਦਿੱਤੀਆਂ।

## ਸਰਕਾਰੀ ਐਲੀਮੈਂਟਰੀ ਸਕੂਲ ਧਬਲਾਨ ਵਿਖੇ ਵਾਟਰ ਕੂਲਰ ਲਗਾਇਆ

### ਭਰਪੂਰ ਸਿੰਘ ਤੇ ਰਹਿਮਤ ਖਾਨ ਵਾਤਾਵਰਨ ਪ੍ਰੇਮੀਆਂ ਵੱਲੋਂ ਵੱਡਮੁੱਲਾ ਯੋਗਦਾਨ




ਪਟਿਆਲਾ, 20 ਜੁਲਾਈ (ਚ.ਨ.ਸ.) : ਸਰਕਾਰੀ ਐਲੀਮੈਂਟਰੀ ਸਕੂਲ ਪਿੰਡ ਧਬਲਾਨ ਵਿਖੇ ਸ੍ਰ. ਭਰਪੂਰ ਸਿੰਘ ਅਤੇ ਰਹਿਮਤ ਖਾਨ ਵਲੋਂ ਬਸੰਤ ਰਿਤੂ ਯੂਥ ਕਲੱਬ ਤ੍ਰਿਪੜੀ ਅਤੇ ਗਰਾਮ ਪੰਚਾਇਤ ਧਬਲਾਨ ਦੇ ਸਹਿਯੋਗ ਨਾਲ ਸਕੂਲ ਦੇ ਬੱਚਿਆ ਲਈ ਠੰਡਾ ਪਾਨੀ ਪੀਣ ਲਈ ਵਾਟਰ ਕੂਲਰ ਲਗਵਾਇਆ ਗਿਆ। ਬਸੰਤ ਰਿਤੂ ਯੂਥ ਕਲੱਬ ਪਟਿਆਲਾ ਦੇ ਸੰਸਥਾਪਕ ਰਾਜੇਸ਼ ਸ਼ਰਮਾ ਨੇ ਦੱਸਿਆ ਕਿ ਇਸ ਸਕੂਲ ਵਿੱਚ ਸ੍ਰ. ਭਰਪੂਰ ਸਿੰਘ ਅਤੇ ਰਹਿਮਤ ਖਾਨ ਪੜੇ ਹਨ ਅਤੇ ਸਕੂਲ ਦੇ ਵਿਦਿਆਰਥੀਆਂ ਲਈ ਗਰਮੀ ਵਿੱਚ ਠੰਡਾ ਪਾਨੀ ਪੀਣ ਲਈ ਭਾਈ ਘਨੱਈਆ ਜੀ ਦੀ ਪਾਨੀ ਦੀ ਸੇਵਾ ਤੋਂ ਪ੍ਰੇਰਿਤ ਹੋ ਕੇ ਬਸੰਤ ਰਿਤੂ ਯੂਥ ਕਲੱਬ ਤ੍ਰਿਪੜੀ ਅਤੇ ਗ੍ਰਾਮ ਪੰਚਾਇਤ ਦੇ ਸਹਿਯੋਗ ਨਾਲ ਵਾਟਰ ਕੂਲਰ ਦੀ ਸੇਵਾ ਕੀਤੀ ਗਈ ਅਤੇ ਜਿੱਥੇ ਵਾਟਰ ਕੂਨਰ ਦੀ ਸੇਵਾ ਕੀਤੀ ਗਈ ਉਸ ਦੇ ਨਾਲ ਨਾਲ ਸਕੂਲ ਵਿਖੇ ਫਲਦਾਰ ਪੌਦੇ ਵੀ ਲਗਾਏ ਗਏ। ਸ੍ਰ. ਭਰਪੂਰ ਸਿੰਘ ਨੇ ਵੀ ਆਪਣੇ ਵਿਚਾਰ ਰੱਖਦੇ ਹੋਏ ਆਖਿਆ ਕਿ ਉਹ ਅਤੇ ਉਹਨਾਂ ਦਾ ਦੋਸਤ ਰਹਿਮਤ ਖਾਨ ਇਸ ਸਕੂਲ ਵਿੱਚ ਪੜੇ ਹਨ ਅਤੇ ਜਦੋਂ ਵੀ ਉਹ ਇਸ ਸਕੂਲ ਵਿੱਚ ਆਉਂਦੇ ਸਨ ਆਪਣੇ ਮਨ ਵਿੱਚ ਇਹ ਭਾਵਨਾ ਸੀ ਕਿ ਆਪਣੇ ਸਕੂਲ ਲਈ ਕੁੱਝ ਨਾ ਕੁੱਝ ਕੀਤਾ ਜਾਵੇ ਅਤੇ ਉਹਨਾਂ ਬਸੰਤ ਰਿਤੂ ਯੂਥ ਕਲੱਬ ਤ੍ਰਿਪੜੀ ਅਤੇ ਗ੍ਰਾਮ ਪੰਚਾਇਤ ਧਬਲਾਨ ਦਾ ਵੀ ਧੰਨਵਾਦ ਕੀਤਾ ਕਿ ਉਹਨਾਂ ਨੇ ਇਸ ਜਲ ਸੇਵਾ ਵਿੱਚ ਆਪਣਾ ਸਹਿਯੋਗ ਦਿੱਤਾ ਹੈ।

## ਜ਼ਿਲ੍ਹੇ ਦੇ ਪਿੰਡ ਸਾਗਰਾ ਦੇ ਸਰਕਾਰੀ ਸਕੂਲ ਦਾ ਨਾਮ ਸੁਤੰਤਰਤਾ ਸੰਗਰਾਮੀ ਅਜੈਬ ਸਿੰਘ ਸਰਕਾਰੀ ਐਲੀਮੈਂਟਰੀ ਸਕੂਲ ਸਾਗਰਾ ਰੱਖਿਆ

### ☛ਸਕੱਤਰ ਸਕੂਲ ਸਿੱਖਿਆ ਵਿਭਾਗ ਵੱਲੋਂ 25 ਸਕੂਲਾਂ ਦੇ ਨਾਮ ਬਦਲਣ ਸਬੰਧੀ ਨੋਟੀਫਿਕੇਸ਼ਨ ਜਾਰੀ

### ☛ਸੁਤੰਤਰਤਾ ਸੰਗਰਾਮੀਆਂ ਵੱਲੋਂ ਦੇਸ਼ ਦੀ ਆਜ਼ਾਦੀ ਲਈ ਪਾਏ ਯੋਗਦਾਨ ਨੂੰ ਯਾਦ ਰੱਖਣਾ ਸ਼ਲਾਘਾਯੋਗ ਉਪਰਾਲਾ : ਧਾਲੀਵਾਲ

ਪਟਿਆਲਾ, 20 ਜੁਲਾਈ (ਚ.ਨ.ਸ.) : ਦੇਸ਼ ਦੀ ਆਜ਼ਾਦੀ ਲਈ ਆਪਣੀਆਂ ਜਾਨਾਂ ਕੁਰਬਾਨ ਕਰਨ ਵਾਲੇ ਮਹਾਨ ਦੇਸ਼ ਭਗਤਾਂ ਸੁਤੰਤਰਤਾ ਸੰਗਰਾਮੀਆ ਦੀ ਯਾਦ ਨੂੰ ਤਾਜ਼ਾ ਰੱਖਣ ਲਈ ਸਰਕਾਰ ਅਤੇ ਦੇਸ਼ ਭਗਤ ਜਥੇਬੰਦੀਆਂ ਵੱਲੋਂ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ,ਜਿਸ ਤਹਿਤ ਪੰਜਾਬ ਸਰਕਾਰ ਵੱਲੋਂ ਜਾਰੀ ਹਦਾਇਤਾਂ ਦੀ ਪਾਲਣਾ ਕਰਦੀਆਂ ਸਕੱਤਰ ਸਕੂਲ ਸਿੱਖਿਆ ਵਿਭਾਗ ਵੱਲੋਂ ਬੀਤੇ ਕੱਲ ਇਕ ਵਿਸ਼ੇਸ਼ ਮੀਟਿੰਗ ਦੌਰਾਨ ਪੰਜਾਬ ਦੇ 25 ਸਰਕਾਰੀ ਸਕੂਲਾਂ ਦੇ ਨਾਮ ਮਹਾਨ ਦੇਸ਼ ਭਗਤਾਂ ਆਜ਼ਾਦੀ ਘੁਲਾਟੀਆਂ ਅਤੇ ਸ਼ਹੀਦ ਫੌਜੀਆਂ ਦੇ ਨਾਂਅ 'ਤੇ ਤਬਦੀਲ ਕਰਨ ਨੂੰ ਮਨਜ਼ੂਰੀ ਦੇ ਦਿੱਤੀ ਗਈ,ਜਿਸ ਤਹਿਤ ਜ਼ਿਲ੍ਹਾ ਪਟਿਆਲਾ ਦੇ ਪਿੰਡ ਸਾਗਰਾ ਦੇ ਸਰਕਾਰੀ ਸਕੂਲ ਦਾ ਨਾਮ ਉਘੇ ਸੁਤੰਤਰਤਾ ਸੰਗਰਾਮੀ ਅਜੈਬ ਸਿੰਘ ਭੁੱਲਰ ਦੇ ਨਾਮ 'ਤੇ ਰੱਖਿਆ ਗਿਆ ਹੈ।



ਸੁਤੰਤਰਤਾ ਸੰਗਰਾਮੀ ਅਜੈਬ ਸਿੰਘ ਭੁੱਲਰ।

ਜਾਣਕਾਰੀ ਦਿੰਦਿਆਂ ਸੁਤੰਤਰਤਾ ਸੰਗਰਾਮੀ ਉਤਰਾਧਿਕਾਰੀ ਐਸੋਸੀਏਸ਼ਨ ਪੰਜਾਬ ਰਜਿ ਨੰ 234 ਦੇ ਸੂਬਾ ਜਨਰਲ ਸਕੱਤਰ ਇੰਦਰਪਾਲ ਸਿੰਘ ਧਾਲੀਵਾਲ ਸੋਨੀ ਨੇ ਦੱਸਿਆ ਕਿ ਪੰਜਾਬ ਸਰਕਾਰ ਦੇ ਸ਼ਲਾਘਾਯੋਗ ਫ਼ੈਸਲੇ ਤਹਿਤ ਜ਼ਿਲ੍ਹਾ ਪਟਿਆਲਾ ਦੇ ਤਿੰਨ ਸਕੂਲਾਂ ਦੇ ਨਾਮ ਆਜ਼ਾਦੀ ਘੁਲਾਟੀਆਂ ਦੇ ਨਾਮ 'ਤੇ ਰੱਖਣ ਲਈ ਮਨਜ਼ੂਰੀ ਮਿਲ ਗਈ ਹੈ,ਜਿਸ ਵਿੱਚ ਸਰਕਾਰੀ ਐਲੀਮੈਂਟਰੀ ਸਕੂਲ ਸਾਗਰਾ ਦਾ ਨਾਮ ਸੁਤੰਤਰਤਾ ਸੰਗਰਾਮੀ ਅਜੈਬ ਸਿੰਘ ਸਰਕਾਰੀ ਐਲੀਮੈਂਟਰੀ ਸਕੂਲ ਸਾਗਰਾ ਰੱਖਿਆ ਗਿਆ ਹੈ। ਪਿਛਲੇ ਲੰਮੇ ਸਮੇਂ ਤੋਂ ਆਜ਼ਾਦੀ ਘੁਲਾਟੀਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੇ ਮਾਣ ਸਨਮਾਨ ਨੂੰ ਬਹਾਲ ਰੱਖਣ ਲਈ ਜਥੇਬੰਦੀ ਵੱਲੋਂ ਸੰਘਰਸ਼ ਕੀਤਾ ਜਾ ਰਿਹਾ ਹੈ। ਸੁਤੰਤਰਤਾ ਸੰਗਰਾਮੀ ਅਜੈਬ ਸਿੰਘ ਭੁੱਲਰ ਦੇ ਪਰਿਵਾਰਕ ਮੈਂਬਰਾਂ ਚਰਨਜੀਤ ਸਿੰਘ ਭੁੱਲਰ ਅਤੇ ਹਰਨੇਕ ਸਿੰਘ ਭੁੱਲਰ ਨੇ ਪੰਜਾਬ ਸਰਕਾਰ ਅਤੇ ਸਿੱਖਿਆ ਵਿਭਾਗ ਦਾ ਵਿਸ਼ੇਸ਼ ਧੰਨਵਾਦ ਕਰਦਿਆਂ ਕਿਹਾ ਕਿ ਸਾਡੇ ਬਜ਼ੁਰਗਾਂ ਵੱਲੋਂ ਦੇਸ਼ ਦੀ ਆਜ਼ਾਦੀ ਲਈ ਪਾਏ ਯੋਗਦਾਨ ਨੂੰ ਯਾਦ ਰੱਖਦਿਆਂ ਸਕੂਲ ਦਾ ਨਾਮ ਸੁਤੰਤਰਤਾ ਸੰਗਰਾਮੀ ਦੇ ਨਾਮ 'ਤੇ ਰੱਖਣਾ ਸ਼ਲਾਘਾਯੋਗ ਉਪਰਾਲਾ ਹੈ, ਉਥੇ ਹੀ ਆਉਣ ਵਾਲ਼ੀ ਪੀੜ੍ਹੀ ਨੂੰ ਦੇਸ਼ ਭਗਤਾਂ ਦੀ ਜੀਵਨੀ ਤੋਂ ਪ੍ਰੇਰਨਾ ਮਿਲਦੀ ਰਹੇਗੀ। ਪਟਿਆਲਾ ਜ਼ਿਲ੍ਹੇ ਦੀਆਂ ਅਹਿਮ ਸ਼ਖ਼ਸੀਅਤਾਂ ਨੇ ਸੁਤੰਤਰਤਾ ਸੰਗਰਾਮੀ ਅਜੈਬ ਸਿੰਘ ਭੁੱਲਰ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਸਰਕਾਰ ਦੇ ਫੈਸਲੇ ਦਾ ਸਵਾਗਤ ਕੀਤਾ। ਸੁਤੰਤਰਤਾ ਸੰਗਰਾਮੀ ਅਜੈਬ ਸਿੰਘ ਭੁੱਲਰ ਦੇ ਪਰਿਵਾਰ ਅਤੇ ਸੁਤੰਤਰਤਾ ਸੰਗਰਾਮੀ ਉਤਰਾਧਿਕਾਰੀ ਐਸੋਸੀਏਸ਼ਨ ਪੰਜਾਬ ਰਜਿ. ਨੰ 234 ਨੇ ਸਕੱਤਰ ਸਕੂਲ ਸਿੱਖਿਆ ਵਿਭਾਗ, ਸਕੱਤਰ ਫਰੀਡਮ ਫਾਈਟਰ ਵਿਭਾਗ,ਡਿਪਟੀ ਕਮਿਸ਼ਨਰ ਪਟਿਆਲਾ, ਜ਼ਿਲ੍ਹਾ ਸਿੱਖਿਆ ਅਫ਼ਸਰ ਐਲੀਮੈਂਟਰੀ,ਉਪ ਮੰਡਲ ਅਫ਼ਸਰ ਪਾਤੜਾਂ ਦੇ ਸਹਿਯੋਗ ਲਈ ਵਿਸ਼ੇਸ਼ ਧੰਨਵਾਦ ਕੀਤਾ।

## ਅਣਪਛਾਤੇ ਵਿਅਕਤੀ ਪਰਸ ਖੋਹ ਕੇ ਫ਼ਰਾਰ

ਪਟਿਆਲਾ, 20 ਜੁਲਾਈ (ਵਿਨੋਦ ਸ਼ਰਮਾ) : ਥਾਣਾ ਕੋਤਵਾਲੀ ਪਟਿਆਲਾ ਪੁਲਿਸ ਕੋਲ ਅੰਜੂਲਾ ਬਾਂਸਲ ਪਤਨੀ ਅਕਾਸ਼ ਬਾਂਸਲ ਵਾਸੀ ਨਿਊ ਲਾਲ ਬਾਗ ਕਲੋਨੀ ਥਾਣਾ ਸਿਵਲ ਲਾਇਨ ਪਟਿਆਲਾ ਨੇ ਬਿਨ੍ਹਾ ਨੰਬਰੀ ਮੋਟਰਸਾਈਕਲ 'ਤੇ ਸਵਾਰ 3 ਅਣਪਛਾਤੇ ਵਿਅਕਤੀਆਂ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ। ਸ਼ਿਕਾਇਤਕਰਤਾ ਨੇ ਪੁਲਿਸ ਨੂੰ ਦੱਸਿਆ ਕਿ ਉਹ ਆਪਣੀ ਜਾਣਕਾਰ ਸਮੇਤ ਦਰਸ਼ਨੀ ਗੇਟ ਪਟਿਆਲਾ ਕੋਲ ਪੈਦਲ ਜਾ ਰਹੀ ਸੀ ਤਾਂ ਪਿੱਛੋਂ 3 ਅਣਪਛਾਤੇ ਵਿਅਕਤੀ ਇੱਕ ਮੋਟਰਸਾਈਕਲ 'ਤੇ ਸਵਾਰ ਹੋ ਕੇ ਆਏ ਅਤੇ ਉਸ ਦੇ ਹੱਥ ਵਿੱਚ ਫੜ੍ਹਿਆ ਪਰਸ ਖੋਹ ਕੇ ਫਰਾਰ ਹੋ ਗਏ, ਜੋ ਪਰਸ ਵਿੱਚ 7/8 ਹਜਾਰ ਰੁਪਏ ਨਗਦੀ, ਇੱਕ ਮੋਬਾਇਲ, ਅਧਾਰ ਕਾਰਡ ਤੇ ਹੋਰ ਡਾਕੂਮੈਂਟ ਸਨ। ਪੁਲਿਸ ਨੇ ਧਾਰਾ 304,3(5) ਬੀ.ਐਨ.ਐਸ. ਦੇ ਤਹਿਤ ਮਾਮਲਾ ਦਰਜ ਕਰ ਲਿਆ ਹੈ।

## ਨਵੋਦਿਆ ਪ੍ਰੀਖਿਆ ਪਾਸ ਕਰਨ 'ਤੇ ਵਿਦਿਆਰਥੀ ਦਾ ਸਨਮਾਨ

### ਬੀ.ਪੀ.ਈ.ਓ. ਨੇ ਵਿਦਿਆਰਥੀ ਨੂੰ ਨਗਦ ਰਾਸ਼ੀ ਨਾਲ ਸਨਮਾਨਿਆ




ਪਟਿਆਲਾ, 20 ਜੁਲਾਈ (ਚ.ਨ.ਸ.) : ਨਵੋਦਿਆ ਪ੍ਰੀਖਿਆ ਪਾਸ ਕਰਨ 'ਤੇ ਸਰਕਾਰੀ ਐਲੀਮੈਂਟਰੀ ਸਕੂਲ ਪਿੰਡ ਮੈਣ ਵਿਖੇ ਸਨਮਾਨ ਸਮਾਰੋਹ ਸੈਂਟਰ ਹੈਡ ਟੀਚਰ ਪੂਰਨ ਸਿੰਘ ਦੀ ਅਗਵਾਈ ਹੇਠ ਪ੍ਰੋਗਰਾਮ ਆਯੋਜਿਤ ਕੀਤਾ ਗਿਆ, ਜਿਸ ਵਿੱਚ ਮੁੱਖ ਮਹਿਮਾਨ ਵਜੋਂ ਸਿੱਖਿਆ ਵਿਭਾਗ ਦੇ ਬਲਾਕ ਪਟਿਆਲਾ-2 ਤੋਂ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ ਪ੍ਰਿਥੀ ਸਿੰਘ ਨੇ ਸ਼ਿਰਕਤ ਕੀਤੀ। ਇਸ ਮੌਕੇ ਨਵੋਦਿਆ ਪ੍ਰੀਖਿਆ ਪਾਸ ਕਰਨ ਵਾਲੇ ਵਿਦਿਆਰਥੀ ਮਨੀਸ਼ ਕੁਮਾਰ ਦਾ ਨਗਦ ਰਾਸ਼ੀ ਅਤੇ ਸਨਮਾਨ ਚਿੰਨ ਨਾਲ ਵਿਸ਼ੇਸ਼ ਸਨਮਾਨ ਕੀਤਾ ਗਿਆ। ਉਨ੍ਹਾਂ ਗੱਲਬਾਤ ਕਰਦਿਆਂ ਬੀਪੀਈਓ ਪ੍ਰਿਥੀ ਸਿੰਘ ਨੇ ਦੱਸਿਆ ਕਿ ਸਰਕਾਰੀ ਐਲੀਮੈਂਟਰੀ ਸਕੂਲ ਪਿੰਡ ਮੈਣ ਲਈ ਬਹੁਤ ਹੀ ਮਾਣ ਅਤੇ ਖੁਸ਼ੀ ਵਾਲੀ ਗੱਲ ਹੈ ਕਿ ਸਕੂਲ ਦੇ ਵਿਦਿਆਰਥੀ ਮਨੀਸ਼ ਕੁਮਾਰ ਪੁੱਤਰ ਰਾਮ ਭਵਨ ਨੇ ਨਵੋਦਿਆ ਸਕੂਲ ਵਿੱਚ ਦਾਖਲੇ ਲਈ ਆਯੋਜਿਤ ਹੋਣ ਵਾਲੇ ਪ੍ਰੀਖਿਆ ਕੁਆਲੀਫਾਈ ਕਰਕੇ ਆਪਣਾ ਅਤੇ ਸਕੂਲ ਦਾ ਨਾਮ ਚਮਕਾਇਆ ਹੈ। ਹੁਣ ਛੇਵੀਂ ਜਮਾਤ ਵਿੱਚ ਵਿਦਿਆਰਥੀ ਮਨੀਸ਼ ਕੁਮਾਰ ਜਵਾਹਰ ਨਵੋਦਿਆ ਵਿਦਿਆਲਿਆ ਫਤਿਹਪੁਰ ਰਾਜਪੂਤਾਂ ਵਿਖੇ ਪੜ੍ਹਾਈ ਕਰੇਗਾ। ਉਨ੍ਹਾਂ ਨੇ ਸੈਂਟਰ ਹੈੱਡ ਟੀਚਰ ਪੂਰਨ ਸਿੰਘ ਅਤੇ ਕਲਾਸ ਇੰਚਾਰਜ ਜਸਪ੍ਰੀਤ ਸਿੰਘ ਦੀ ਭਰਵੀਂ ਸ਼ਲਾਘਾ ਕਰਦਿਆਂ ਕਿਹਾ ਕਿ ਅਧਿਆਪਕ ਦੀ ਸੁਚੱਜੀ ਅਗਵਾਈ ਨਾਲ ਹੀ ਵਿਦਿਆਰਥੀ ਸਹੀ ਰਾਹ ਚੁਣਦੇ ਹਨ। ਉਹਨਾਂ ਅੱਗੇ ਆਖਿਆ ਕਿ ਕਲਾਸ ਇੰਚਾਰਜ ਜਸਪ੍ਰੀਤ ਸਿੰਘ ਵੱਲੋਂ ਕਰਵਾਈ ਗਈ ਮਿਹਨਤ ਸਦਕਾ ਹੀ ਵਿਦਿਆਰਥੀ ਮਨੀਸ਼ ਕੁਮਾਰ ਨਵੋਦਿਆ ਪ੍ਰੀਖਿਆ ਪਾਸ ਕਰਨ ਵਿੱਚ ਸਫਲ ਹੋਇਆ ਹੈ, ਜਿਸ ਲਈ ਕਲਾਸ ਇੰਚਾਰਜ ਜਸਪ੍ਰੀਤ ਸਿੰਘ ਵਿਸ਼ੇਸ਼ ਤੌਰ 'ਤੇ ਵਧਾਈ ਦੇ ਪਾਤਰ ਹਨ। ਇਸ ਮੌਕੇ ਸੰਬੋਧਨ ਕਰਦਿਆਂ ਸੈਂਟਰ ਹੈਡ ਟੀਚਰ ਪੂਰਨ ਸਿੰਘ ਨੇ ਆਖਿਆ ਕਿ ਸਕੂਲੀ ਸਿੱਖਿਆ ਵਿਭਾਗ ਦੀਆਂ ਹਦਾਇਤਾਂ ਮੁਤਾਬਕ ਵਿਦਿਆਰਥੀਆਂ ਨੂੰ ਸਮੇਂ-ਸਮੇਂ 'ਤੇ ਵੱਖ-ਵੱਖ ਪ੍ਰੀਖਿਆਵਾਂ ਦੀ ਤਿਆਰੀ ਕਰਵਾਈ ਜਾਂਦੀ ਹੈ, ਤਾਂ ਜੋ ਵਿਦਿਆਰਥੀ ਚੰਗੀ ਤਿਆਰੀ ਕਰਕੇ ਕਿਸੇ ਵੀ ਪੱਧਰ ਦੀ ਪ੍ਰੀਖਿਆ ਕੁਆਲੀਫਾਈ ਕਰ ਸਕਣ ਅਤੇ ਦੇਸ਼ ਦੇ ਵਿਕਾਸ ਵਿੱਚ ਯੋਗਦਾਨ ਪਾ ਸਕਣ। ਅਖੀਰ ਵਿੱਚ ਕਲਾਸ ਇੰਚਾਰਜ ਜਸਪ੍ਰੀਤ ਸਿੰਘ ਦਾ ਵੀ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ। ਇਸ ਮੌਕੇ ਮੈਂਬਰ ਪੰਚਾਇਤ ਮਨਪ੍ਰੀਤ ਕੌਰ, ਸਟਾਫ ਮੈਂਬਰਾਂ ਵਿੱਚੋਂ ਸੁਨੀਤਾ ਰਾਣੀ, ਸ਼ੈਲਜਾ ਜ਼ਖ਼ਮੀ, ਸੁਰਿੰਦਰ ਕੌਰ, ਜਸਪ੍ਰੀਤ ਸਿੰਘ, ਜਗਰੂਪ ਸਿੰਘ ਤੇ ਅਵਤਾਰ ਸਿੰਘ ਸਮੇਤ ਸਕੂਲ ਮੈਨੇਜਮੈਂਟ ਕਮੇਟੀ ਦੇ ਸਮੂਹ ਅਹੁਦੇਦਾਰਾਂ ਦੇ ਮੈਂਬਰ ਹਾਜ਼ਰ ਸਨ।

## ਦੁਕਾਨ 'ਚੋਂ ਟਾਇਰ ਚੋਰੀ, ਮਾਮਲਾ ਦਰਜ

ਪਟਿਆਲਾ, 20 ਜੁਲਾਈ (ਵਿਨੋਦ ਸ਼ਰਮਾ) : ਦੁਕਾਨ ਵਿੱਚੋਂ ਟਾਇਰ ਚੋਰੀ ਕਰਨ ਸਬੰਧੀ ਥਾਣਾ ਖੇੜੀ ਗੰਡਿਆ ਪੁਲਿਸ ਕੋਲ ਗੁਰਜੰਟ ਸਿੰਘ ਪੁੱਤਰ ਸ਼ਾਮ ਲਾਲ ਵਾਸੀ ਪਿੰਡ ਪਬਰਾ ਅਣਪਛਾਤੇ ਵਿਅਕਤੀਆਂ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ। ਸ਼ਿਕਾਇਤਕਰਤਾ ਨੇ ਪੁਲਿਸ ਨੂੰ ਦੱਸਿਆ ਕਿ ਉਸ ਦੀ ਪਿੰਡ ਪਬਰਾ ਵਿਖੇ ਦੁਕਾਨ ਹੈ। ਰਾਤ ਨੂੰ ਕਿਸੇ ਅਣਪਛਾਤੇ ਵਿਅਕਤੀਆਂ ਨੇ ਉਸ ਦੀ ਦੁਕਾਨ ਵਿੱਚੋਂ ਟਾਇਰ ਚੋਰੀ ਕਰ ਲਏ, ਜੋ ਇਸ ਤੋਂ ਪਹਿਲਾਂ ਵੀ ਮਿਤੀ 28-29/6/25 ਦੀ ਦਰਮਿਆਨੀ ਰਾਤ ਨੂੰ ਹਰਵਿੰਦਰ ਸਿੰਘ ਪੁੱਤਰ ਰੁਲਦਾ ਸਿੰਘ ਦੇ ਟਰੱਕ ਦੇ ਰਿੰਮ ਸਮੇਤ ਟਾਇਰ ਚੋਰੀ ਕਰ ਲਏ ਅਤੇ ਹੋਰ ਵੀ ਪਿੰਡ ਅਜਰਾਵਰ ਵਿਖੇ ਚੋਰੀ ਹੋਈ ਹੈ। ਪੁਲਿਸ ਨੇ ਧਾਰਾ 331(4),305 ਬੀ.ਐਨ.ਐਸ. ਦੇ ਤਹਿਤ ਮਾਮਲਾ ਦਰਜ ਕਰ ਲਿਆ ਹੈ।

## ਨਾਬਾਰਡ ਦੇ 44ਵੇਂ ਸਥਾਪਨਾ ਦਿਵਸ ਮੌਕੇ ਡੀ.ਸੀ. ਵੱਲੋਂ ਨਾਬਾਰਡ ਦਫ਼ਤਰ ਵਿਖੇ ਕਰਵਾਏ ਸਮਾਗਮ 'ਚ ਸ਼ਮੂਲੀਅਤ



ਪਟਿਆਲਾ, 20 ਜੁਲਾਈ (ਰੁਪਾਣਾ) : ਪਟਿਆਲਾ ਦੇ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਕਿਹਾ ਹੈ ਕਿ ਨਾਬਾਰਡ ਵੱਲੋਂ ਪਟਿਆਲਾ ਦੀ ਦਿਹਾਤੀ ਆਰਥਿਕਤਾ ਦੇ ਸੰਪੂਰਨ ਵਿਕਾਸ ਲਈ ਜ਼ਿਲ੍ਹਾ ਪ੍ਰਸ਼ਾਸਨ ਨਾਲ ਕੀਤਾ ਜਾ ਰਿਹਾ ਸਹਿਯੋਗ ਸ਼ਲਾਘਾਯੋਗ ਹੈ।ਉਹ ਨਾਬਾਰਡ ਦੇ 44ਵੇਂ ਸਥਾਪਨਾ ਦਿਵਸ ਦੇ ਮੌਕੇ ਜ਼ਿਲ੍ਹਾ ਵਿਕਾਸ ਪ੍ਰਬੰਧਕ (ਡੀਡੀਐਮ), ਪਟਿਆਲਾ, ਨਾਬਾਰਡ ਦੇ ਦਫ਼ਤਰ ਵਿਖੇ ਕਰਵਾਏ ਗਏ ਸਮਾਗਮ ਮੌਕੇ ਸ਼ਿਰਕਤ ਕਰ ਰਹੇ ਸਨ। ਉਨ੍ਹਾਂ ਨੇ ਕਿਹਾ ਕਿ ਨਾਬਾਰਡ ਵੱਲੋਂ ਪੇਂਡੂ ਅਤੇ ਖੇਤੀਬਾੜੀ ਵਿਕਾਸ ਲਈ ਮਹੱਤਵਪੂਰਨ ਭੂਮਿਕਾ ਨਿਭਾਈ ਜਾ ਰਹੀ ਹੈ। ਡੀਸੀ ਡਾ. ਪ੍ਰੀਤੀ ਯਾਦਵ ਨੇ ਡੀਡੀਐਮ ਨਾਬਾਰਡ ਪਰਵਿੰਦਰ ਕੌਰ ਨਾਗਰਾ ਨੂੰ ਪੇਂਡੂ ਭਾਰਤ ਦੇ ਵਿਕਾਸ ਲਈ ਨੈਸ਼ਨਲ ਬੈਂਕ ਫਾਰ ਐਗਰੀਕਲਚਰ ਐਂਡ ਰੂਰਲ ਡਿਵੈਲਪਮੈਂਟ (ਨਾਬਾਰਡ) ਦੀ ਚਾਰ ਦਹਾਕਿਆਂ ਦੀ ਅਟੁੱਟ ਵਚਨਬੱਧਤਾ ਲਈ ਵਧਾਈ ਦਿੱਤੀ।ਡਾ. ਪ੍ਰੀਤੀ ਯਾਦਵ ਨੇ ਟਿਕਾਊ ਪੇਂਡੂ ਰੋਜ਼ੀ-ਰੋਟੀ ਅਤੇ ਵਿੱਤੀ ਸਮਾਵੇਸ਼ ਨੂੰ ਉਤਸ਼ਾਹਿਤ ਕਰਨ ਵਿੱਚ ਨਾਬਾਰਡ ਦੇ ਮਹੱਤਵਪੂਰਨ ਯੋਗਦਾਨ ਦੀ ਸ਼ਲਾਘਾ ਕਰਦਿਆਂ ਨਾਬਾਰਡ ਪਟਿਆਲਾ ਵੱਲੋਂ ਜ਼ਿਲ੍ਹੇ ਦੀ ਪੇਂਡੂ ਆਰਥਿਕਤਾ ਦੇ ਸੰਪੂਰਨ ਵਿਕਾਸ ਲਈ ਜ਼ਿਲ੍ਹਾ ਪ੍ਰਸ਼ਾਸਨ ਨਾਲ ਸਹਿਯੋਗੀ ਯਤਨਾਂ ਦੀ ਵੀ ਸ਼ਲਾਘਾ ਕੀਤੀ।ਡੀਡੀਐਮ ਪਰਵਿੰਦਰ ਕੌਰ ਨਾਗਰਾ ਨੇ ਡਿਪਟੀ ਕਮਿਸ਼ਨਰ ਨੂੰ ਖੇਤੀਬਾੜੀ ਬੁਨਿਆਦੀ ਢਾਂਚੇ, ਵਾਟਰਸ਼ੈੱਡ ਵਿਕਾਸ, ਐਸਐਚਜੀ ਪ੍ਰੋਤਸਾਹਨ, ਅਤੇ ਪੇਂਡੂ ਕਰਜ਼ਾ ਯੋਜਨਾਬੰਦੀ ਆਦਿ ਵਰਗੇ ਖੇਤਰਾਂ ਵਿੱਚ ਵਿਕਾਸ ਸੰਬੰਧੀ ਕੀਤੇ ਜਾ ਰਹੇ ਕਾਰਜਾਂ ਬਾਰੇ ਜਾਣਕਾਰੀ ਦਿੱਤੀ। ਇਸ ਮੌਕੇ ਐਲਡੀਐਮ ਪਟਿਆਲਾ ਸੰਜੀਵ ਅਗਰਵਾਲ, ਡਿਪਟੀ ਡਾਇਰੈਕਟਰ ਬਾਗਬਾਨੀ ਐਸਐਸ ਗਰੇਵਾਲ, ਏਆਰਸੀਐਸ ਅਮਨਦੀਪ ਸ਼ਰਮਾ, ਪ੍ਰੋਫੈਸਰ ਕਾਵਿਕ ਡਾ. ਗੁਰਪਦੇਸ਼ ਕੌਰ, ਡੀਐਮ ਪਟਿਆਲਾ ਡਿਸਕਸ ਰਾਕੇਸ਼ ਗੋਇਲ, ਏਜੀਐਮ ਪੀਏਡੀਬੀ ਅਨਮੋਲ ਸਿੰਘ, ਐਨਆਰਐਲਐਮ ਤੋਂ ਗੀਨਾ ਰਾਣੀ ਤੇ ਪੀਐਸਟੀਸੀਐਲ, ਪੀਸੀਆ ਆਦਿ ਦੇ ਨੁਮਾਇੰਦੇ ਮੌਜੂਦ ਸਨ।



# ਪਟਿਆਲਾ-ਆਸ/ਪਾਸ



## ਸਾਡੇ ਖਿਡਾਰੀ ਰੰਗਲਾ ਪੰਜਾਬ ਤੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੇ ਬ੍ਰਾਂਡ ਅੰਬੈਸਡਰ : ਸਿਹਤ ਮੰਤਰੀ

### ☛ਟਰਬਨਡ ਟੌਰਨੈਡੋ ਫੌਜਾ ਸਿੰਘ ਸਾਡੇ ਖਿਡਾਰੀਆਂ ਦੇ ਰੋਲ ਮਾਡਲ ਬਣੇ ਰਹਿਣਗੇ : ਡਾ. ਬਲਬੀਰ ਸਿੰਘ



ਪਟਿਆਲਾ, 20 ਜੁਲਾਈ (ਚ.ਨ.ਸ.) : ਪੰਜਾਬ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਅੱਜ ਕਿਹਾ ਹੈ ਕਿ ਸਾਡੇ ਖਿਡਾਰੀ ਪੰਜਾਬ ਸਰਕਾਰ ਵੱਲੋਂ ਰਾਜ ਨੂੰ ਨਸ਼ਾ ਮੁਕਤ ਕਰਨ ਲਈ ਅਰੰਭੀ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਰੰਗਲਾ ਪੰਜਾਬ ਦੇ ਬ੍ਰਾਂਡ ਅੰਬੈਸਡਰ ਹਨ। ਸਿਹਤ ਮੰਤਰੀ ਅੱਜ ਇੱਥੇ ਪੰਜਾਬ ਗਰੈਪਲਿੰਗ ਕਮੇਟੀ ਵੱਲੋਂ ਪੀਐਮ ਸ੍ਰੀ ਸਰਕਾਰੀ ਮਲਟੀਪਰਪਜ਼ ਸੀਨੀਅਰ ਸੈਕੰਡਰੀ ਸਕੂਲ ਵਿਖੇ ਕਰਵਾਏ ਗਏ ਗਰੈਪਲਿੰਗ (ਰੈਸਲਿੰਗ) ਦੇ ਰਾਜ ਪੱਧਰੀ ਟੂਰਨਾਮੈਂਟ ਦੇ ਜੇਤੂਆਂ ਨੂੰ ਸਨਮਾਨ ਕਰਨ ਪੁੱਜੇ ਹੋਏ ਸਨ। ਇਸ ਮੌਕੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ 114 ਸਾਲਾਂ ਦੇ ਮੈਰਾਥਨ ਰਨਰ ਫ਼ੌਜਾ ਸਿੰਘ ਨੂੰ ਸ਼ਰਧਾਂਜਲੀ ਦਿੰਦਿਆਂ ਕਿਹਾ ਕਿ ਫ਼ੌਜਾ ਸਿੰਘ ਸਾਡੇ ਖਿਡਾਰੀਆਂ ਅਤੇ ਨੌਜਵਾਨਾਂ ਦੇ ਸਦਾ ਰੋਲ ਮਾਡਲ ਬਣੇ ਰਹਿਣਗੇ, ਇਸ ਲਈ ਸਾਰੇ ਨੌਜਵਾਨ ਦਬਾਅ ਕੇ ਮਿਹਨਤ ਕਰਨ ਅਤੇ ਖੇਡਾਂ ਵਿੱਚ ਨਾਮਣਾ ਖੱਟਣ। ਉਨ੍ਹਾਂ ਦੱਸਿਆ ਕਿ ਹੁਣ ਮੈਡੀਕਲ ਤੇ ਇੰਜੀਨੀਅਰਿੰਗ ਸਮੇਤ ਹੋਰ ਕਿੱਤਿਆਂ ਦੀ ਤਰ੍ਹਾਂ ਪੰਜਾਬ ਸਰਕਾਰ ਦੀ ਸਿੱਖਿਆ ਤੇ ਖੇਡ ਨੀਤੀ ਕਰਕੇ ਖੇਡਾਂ ਵੀ ਹੁਣ ਚੰਗਾ ਕੈਰੀਅਰ ਬਣ ਗਈਆਂ ਹਨ, ਜਿਸ ਲਈ ਨੌਜਵਾਨ ਮੈਡਲ ਜਿੱਤ ਕੇ ਲਿਆਉਣ ਤਾਂ ਪੰਜਾਬ ਸਰਕਾਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਉਨ੍ਹਾਂ ਨੂੰ ਨੌਕਰੀਆਂ ਵੀ ਦੇਵੇਗੀ ਅਤੇ ਨਗ਼ਦ ਇਨਾਮ ਵੀ ਦੇਵੇਗੀ। ਡਾ. ਬਲਬੀਰ ਸਿੰਘ ਨੇ ਰਾਜ ਸਰਕਾਰ ਵੱਲੋਂ ਸੂਬੇ ਦੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਾਉਣ ਲਈ ਚਲਾਈ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਅਤੇ ਰੰਗਲਾ ਪੰਜਾਬ ਬਾਰੇ ਜਾਣਕਾਰੀ ਦਿੰਦਿਆਂ ਕਿਹਾ ਕਿ ਹੁਣ ਪੰਜਾਬ ਦੇ ਹਰ ਪਿੰਡ 'ਚ ਖੇਡ ਦੇ ਮੈਦਾਨ ਬਣਾਏ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਆਉਣ ਵਾਲੀਆਂ ਪੀੜ੍ਹੀਆਂ ਲਈ ਲੜਾਈ ਲੜ ਰਹੀ ਹੈ, ਜਿਸ ਲਈ ਸਾਰੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਕੇ ਖੇਡਾਂ ਤੇ ਹੋਰ ਗਤੀਵਿਧੀਆਂ ਵੱਲ ਧਿਆਨ ਦੇਣਾ ਚਾਹੀਦਾ ਹੈ। ਉਨ੍ਹਾਂ ਨੇ ਹਾਕੀ ਤੇ ਕ੍ਰਿਕਟ ਸਮੇਤ ਕਈ ਹੋਰ ਖੇਡਾਂ ਦੇ ਨਾਮਵਰ ਪੰਜਾਬੀ ਖਿਡਾਰੀਆਂ ਦਾ ਜਿਕਰ ਕਰਦਿਆਂ ਕਿਹਾ ਕਿ ਸਾਡੇ ਖਿਡਾਰੀਆਂ ਨੇ ਪੰਜਾਬ ਦਾ ਨਾਮ ਕੌਮੀ ਤੇ ਕੌਮਾਂਤਰੀ ਪੱਧਰ ਉਤੇ ਚਮਕਾਇਆ ਹੈ। ਪੰਜਾਬ ਗਰੈਪਲਿੰਗ ਕਮੇਟੀ ਦੇ ਚੇਅਰਮੈਨ ਸ਼ੁਭਮ ਚੌਧਰੀ ਅਤੇ ਪੰਜਾਬ ਪ੍ਰਧਾਨ ਅਕਸ਼ੇ ਤਿਵਾੜੀ ਨੇ ਦੱਸਿਆ ਕਿ ਰੈਸਲਿੰਗ ਫੈਡਰੇਸ਼ਨ ਆਫ਼ ਇੰਡੀਆ ਦੀ ਰਹਿਨੁਮਾਈ ਹੇਠ ਰਾਜ ਦੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਉਨ੍ਹਾਂ ਦੀ ਜਥੇਬੰਦੀ ਵੱਲੋਂ ਗਰੈਪਲਿੰਗ ਰੈਸਲਿੰਗ ਦੀ ਤਰ੍ਹਾਂ ਦੀ ਹੀ ਇੱਕ ਜਾਨਦਾਰ ਖੇਡ ਨੂੰ ਉਤਸ਼ਾਹਤ ਕੀਤਾ ਜਾ ਰਿਹਾ ਹੈ। ਉਨ੍ਹਾਂ ਨੇ ਇਸ ਤੋਂ ਪਹਿਲਾਂ ਜ਼ਿਲ੍ਹਾ ਪੱਧਰੀ ਮੁਕਾਬਲੇ ਕਰਵਾਏ ਸਨ ਅਤੇ ਹੁਣ ਦੋ ਰੋਜ਼ਾ ਸੂਬਾ ਪੱਧਰੀ ਮੁਕਾਬਲੇ ਕਰਵਾਏ ਹਨ। ਉਨ੍ਹਾਂ ਦੱਸਿਆ ਕਿ ਵੱਖ-ਵੱਖ ਭਾਰ ਵਰਗ ਦੇ ਨੌਜਵਾਨਾਂ ਨੇ ਰਾਜ ਭਰ ਤੋਂ ਇੱਥੇ ਪੁੱਜਕੇ ਬਹੁਤ ਜੋਸ਼ ਨਾਲ ਇਨ੍ਹਾਂ ਖੇਡਾਂ ਵਿੱਚ ਹਿੱਸਾ ਲਿਆ ਹੈ ਅਤੇ ਇੱਥੋਂ ਦੇ ਜੇਤੂ ਹੁਣ ਕੌਮੀ ਮੁਕਾਬਲਿਆਂ ਵਿੱਚ ਹਿੱਸਾ ਲੈਣਗੇ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਮੈਡਮ ਵਿਜੇ ਕਪੂਰ ਨੇ ਵੀ ਸਿਹਤ ਮੰਤਰੀ ਦਾ ਸਵਾਗਤ ਕੀਤਾ।

## ਉੱਤਰੀ ਖੇਤਰ ਸੱਭਿਆਚਾਰਕ ਕੇਂਦਰ ਵੱਲੋਂ ਕਰਵਾਏ 'ਤਿੰਨ ਦਿਨਾਂ ਸਾਵਣ ਉਤਸਵ' ਦੀ ਸੂਫੀਆਨਾ ਗਾਇਨ ਨਾਲ ਸਮਾਪਤੀ




ਪਟਿਆਲਾ, 20 ਜੁਲਾਈ (ਚ.ਨ.ਸ.) : ਉੱਤਰੀ ਖੇਤਰ ਸੱਭਿਆਚਾਰਕ ਕੇਂਦਰ, ਪਟਿਆਲਾ (ਭਾਰਤ ਸਰਕਾਰ ਦੇ ਸੱਭਿਆਚਾਰ ਮੰਤਰਾਲੇ) ਦੁਆਰਾ ਕਾਲੀਦਾਸ ਆਡੀਟੋਰੀਅਮ, ਵਿਰਸਾ ਵਿਹਾਰ ਕੇਂਦਰ, ਪਟਿਆਲਾ ਵਿਖੇ ਆਯੋਜਿਤ 'ਤਿੰਨ ਦਿਨਾਂ ਸਾਵਣ ਉਤਸਵ' ਅੱਜ ਬੀਕਾਨੇਰ, ਰਾਜਸਥਾਨ ਤੋਂ ਪਦਮ ਸ਼੍ਰੀ ਪੁਰਸਕਾਰ ਜੇਤੂ ਮਾਂਡ ਗਾਇਕ ਅਲੀ-ਗਨੀ ਬੰਧੂ ਦੁਆਰਾ ਪੇਸ਼ ਕੀਤੀ ਗਈ ਮਾਂਡ ਕਲਾ ਅਤੇ ਪੰਜਾਬੀ ਯੂਨੀਵਰਸਿਟੀ, ਪਟਿਆਲਾ, ਪੰਜਾਬ ਤੋਂ ਅਮਨਦੀਪ ਸਿੰਘ ਦੁਆਰਾ ਪੇਸ਼ ਕੀਤੀ ਗਈ ਸੂਫੀਆਨਾ ਗਾਇਨ ਨਾਲ ਸਮਾਪਤ ਹੋਇਆ, ਜਿਸ ਕਾਰਨ ਦਰਸ਼ਕ ਅਤੇ ਦਰਸ਼ਕ ਪੂਰੀ ਤਰ੍ਹਾਂ ਮੋਹਿਤ ਹੋ ਗਏ। ਰਾਜਸਥਾਨ ਦੇ ਬੀਕਾਨੇਰ ਤੋਂ ਮਾਂਡ ਗਾਇਕ ਪਦਮ ਸ਼੍ਰੀ ਅਲੀ-ਗਨੀ ਬੰਧੂ ਵਜੋਂ ਜਾਣੇ ਜਾਂਦੇ ਇਨ੍ਹਾਂ ਦੋਵਾਂ ਭਰਾਵਾਂ ਦੀ ਜੋੜੀ ਨੇ ਦੁਨੀਆਂ ਭਰ ਦੇ ਨਾਲ-ਨਾਲ ਫਿਲਮ ਇੰਡਸਟਰੀ ਵਿੱਚ ਆਯੋਜਿਤ ਸੱਭਿਆਚਾਰਕ ਪ੍ਰੋਗਰਾਮਾਂ ਵਿੱਚ ਆਪਣੀ ਮਾਂਡ ਕਲਾ ਦਾ ਪ੍ਰਦਰਸ਼ਨ ਬਹੁਤ ਹੀ ਜੋਸ਼ੀਲੇ ਢੰਗ ਨਾਲ ਕੀਤਾ ਹੈ। ਇਸੇ ਲਈ 2024 ਵਿੱਚ ਭਾਰਤ ਦੇ ਰਾਸ਼ਟਰਪਤੀ ਨੇ ਉਨ੍ਹਾਂ ਨੂੰ ਪਦਮ ਸ਼੍ਰੀ ਪੁਰਸਕਾਰ ਨਾਲ ਸਨਮਾਨਿਤ ਕੀਤਾ। ਪਟਿਆਲਾ ਸਾਵਣ ਉਤਸਵ ਵਿੱਚ ਪਹਿਲੀ ਵਾਰ ਆਪਣਾ ਪ੍ਰੋਗਰਾਮ ਪੇਸ਼ ਕਰਦਿਆਂ, ਉਸਨੇ ਕੇਸਰੀਆ ਬਾਲਮ ਗਾਇਨ ਨੂੰ ਇੱਕ ਵੱਖਰੇ ਅੰਦਾਜ਼ ਵਿੱਚ ਪੇਸ਼ ਕੀਤਾ ਅਤੇ ਸਰੋਤਿਆਂ ਦੀ ਤਾਰੀਫ ਜਿੱਤੀ। ਇਸ ਤੋਂ ਬਾਅਦ ਅਲੀ ਗਨੀ ਭਰਾਵਾਂ ਨੇ ਮਿਲ ਕੇ ਸਾਵਨ ਰੀ ਬੂੰਦਾ ਢੋਲਾ ਬਰਸ ਰਾਏ ਗਾਇਆ। ਸਾਵਣ ਉਤਸਵ ਮਨਾਉਣ ਦੀ ਮਹੱਤਤਾ ਨੂੰ ਸਮਝਦਿਆਂ ਉਨ੍ਹਾਂ ਨੇ ਸਾਵਣ ਕੀ ਭੀਗੀ ਭੀਗੀ ਰਾਤੋਂ ਮੇਂ, ਬਾਲਮ ਜੀ ਮਹਿਰਾ ਰਿਮਝਿਮ ਬਰਸੇ ਮਹਿ, ਘਣੀ ਆਵੇ ਰੇ, ਹਿੰਬਦੋ ਪੁਕਾਰੇ ਢੋਲਾ ਕਿਓਂ ਨਹੀਂ ਆਵੇ ਰੇ, ਮੁਰਝਾ ਸਜਾਣੀਏ, ਵਰਗੇ ਰਾਜਸਥਾਨੀ ਲੋਕ ਮੰਡ ਦੀ ਕਲਾ ਨੂੰ ਆਪਣੇ ਸ਼ਾਨਦਾਰ ਅੰਦਾਜ਼ ਵਿੱਚ ਪੇਸ਼ ਕੀਤਾ। ਰੀ ਆਦਿ ਸ਼ਾਮਿਲ ਹੋਏ ਅਤੇ ਸਮਾਗਮ 'ਚ ਹਾਜ਼ਰ ਲੋਕਾਂ ਤੋਂ ਭਰਪੂਰ ਪ੍ਰਸ਼ੰਸਾ ਪ੍ਰਾਪਤ ਕੀਤੀ। ਇਸ ਦੌਰਾਨ ਇਨ੍ਹਾਂ ਦੋਨਾਂ ਕਲਾਕਾਰਾਂ ਦਾ ਸਾਥ ਦੇਣ ਵਾਲਿਆਂ ਵਿਚ ਤਬਲੇ 'ਤੇ ਤਾਹਿਰ ਹੁਸੈਨ, ਸਾਰੰਗੀ 'ਤੇ ਧਿਆਨ ਅਲੀ, ਢੋਲਕ 'ਤੇ ਲਿਆਕਤ ਅਲੀ ਅਤੇ ਪ੍ਰਕਾਸ਼ਨ 'ਤੇ ਨੌਸ਼ਾਦ ਅਲੀ ਸ਼ਾਮਲ ਸਨ। ਅਗਲੇ 'ਤੇ ਡਾ: ਅਮਨਦੀਪ ਸਿੰਘ ਨੇ ਆਪਣੀ ਸੂਫੀ ਗਾਇਕੀ ਅਤੇ ਹੋਰ ਗਾਇਕੀ ਦੇ ਹੁਨਰ ਨਾਲ ਬੁੱਲ੍ਹੇ ਸ਼ਾਹ, ਸੁਲਤਾਨ ਬਾਹੂ, ਸ਼ਿਵ ਕੁਮਾਰ ਬਟਾਲਵੀ, ਸੰਤ ਰਾਮ ਉਦਾਸੀ ਅਤੇ ਨੰਦ ਲਾਲ ਨੂਰਪੁਰੀ ਆਦਿ ਦੀਆਂ ਰਚਨਾਵਾਂ ਦਾ ਗਾਇਨ ਕੀਤਾ, ਜਿਨ੍ਹਾਂ 'ਚ ਪ੍ਰਮੁੱਖ ਸਨ ਮੇਨੂ ਕੌਨ ਪਹਿਚਾਨ, ਆਉ ਨੀ ਸਾਂਈਆਂ, ਕੰਮ ਧੀਆਂ, ਮਾਂਹੋਂ। ਮੁਟਿਆਰ ਦਾ, ਪੜ ਪੜ ਇਲਮ ਕਿਤਾਬਾ ਸੇਵ ਅਤੇ ਮੇਨੂ ਰਾਂਝਾ ਮੇਰਾ ਪੱਲੇ ਪਾ ਦੇ, ਆਦਿ। ਉਨ੍ਹਾਂ ਦੇ ਨਾਲ ਆਏ ਕਲਾਕਾਰਾਂ ਵਿਚ ਦਿਲਰੁਬਾ 'ਤੇ ਗੁਰਪ੍ਰੀਤ ਸਿੰਘ, ਤਬਲੇ 'ਤੇ ਨਰਿੰਦਰਪਾਲ ਸਿੰਘ, ਗਿਟਾਰ 'ਤੇ ਕੁਨਾਲ, ਬਾਸ ਗਿਟਾਰ 'ਤੇ ਤਰਨ, ਕੀ-ਬੋਰਡ 'ਤੇ ਹੇਮੰਤ, ਸਾਜਨ 'ਤੇ ਅਭਿਸ਼ੇਕ, ਢੋਲਕ 'ਤੇ ਦੀਪਕ ਅਤੇ ਅਵਿਨਾਸ਼ ਅਤੇ ਸੁਮਿਤ ਨੇ ਵੀ ਕੋਰਸ ਵਿਚ ਯੋਗਦਾਨ ਪਾਇਆ। ਇਸ ਮੌਕੇ 'ਤੇ ਉੱਤਰੀ ਖੇਤਰ ਸੱਭਿਆਚਾਰਕ ਕੇਂਦਰ ਦੇ ਡਾਇਰੈਕਟਰ, ਜਨਾਬ ਐਮ ਫੁਰਕਾਨ ਖਾਨ ਸਾਹਿਬ ਨੇ ਕਲਾਕਾਰਾਂ ਦਾ ਸਨਮਾਨ ਕਰਦੇ ਹੋਏ ਕਿਹਾ ਕਿ ਉਨ੍ਹਾਂ ਦੀ ਕੋਸ਼ਿਸ਼ ਹੈ ਕਿ ਉਹ ਸਮੇਂ-ਸਮੇਂ 'ਤੇ ਦਰਸ਼ਕਾਂ ਅਤੇ ਸਰੋਤਿਆਂ ਲਈ ਉੱਚ ਪੱਧਰੀ ਪ੍ਰੋਗਰਾਮਾਂ ਦਾ ਆਯੋਜਨ ਕਰਦੇ ਰਹਿਣ।

## 5 ਲੱਖ ਦੀ ਲਾਗਤ ਨਾਲ ਬਣਨ ਵਾਲੇ ਸਟੇਡੀਅਮ ਦੀ ਚਾਰ ਦੀਵਾਰੀ ਦਾ ਨੀਂਹ ਪੱਥਰ ਰੱਖਿਆ



ਨਾਭਾ, 20 ਜੁਲਾਈ (ਬਲਜਿੰਦਰ ਮਾਨ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸਮਾਜ ਦੇ ਹਰ ਵਰਗ ਨੂੰ ਸਿੱਖਿਆ ਤੋਂ ਲੈ ਕੇ ਸਿਹਤ ਤੱਕ ਹਰ ਖੇਤਰ ਵਿੱਚ ਵਧੀਆ ਸਹੂਲਤਾਂ ਪ੍ਰਦਾਨ ਕਰ ਰਹੇ ਹਨ ਅਤੇ ਨੌਜਵਾਨਾਂ ਨੂੰ ਖੇਡਾਂ ਵੱਲ ਉਤਸ਼ਾਹਿਤ ਕਰ ਰਹੇ ਹਨ, ਤਾਂ ਜੋ ਉਨ੍ਹਾਂ ਨੂੰ ਨਸ਼ਿਆਂ ਵਰਗੀਆਂ ਬੁਰਾਈਆਂ ਤੋਂ ਦੂਰ ਰੱਖਿਆ ਜਾ ਸਕੇ, ਉਨ੍ਹਾਂ ਨੂੰ ਰੁਜ਼ਗਾਰ ਪ੍ਰਦਾਨ ਕੀਤਾ ਜਾ ਸਕੇ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਨਾਭਾ ਵਿਧਾਨ ਸਭਾ ਹਲਕੇ ਤੋਂ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਨੇ ਪਿੰਡ ਅਲੋਹਰਾ ਵਿਖੇ 5 ਲੱਖ ਦੀ ਲਾਗਤ ਨਾਲ ਬਣਾਈ ਜਾ ਰਹੀ ਖੇਡ ਸਟੇਡੀਅਮ ਦੀ ਚਾਰ ਦੀਵਾਰੀ ਦਾ ਨੀਂਹ ਪੱਥਰ ਰੱਖਣ ਤੋਂ ਬਾਅਦ ਕੀਤਾ। ਦੇਵ ਮਾਨ ਨੇ ਕਿਹਾ ਕਿ ਨਾਭਾ ਹਲਕੇ ਵਿੱਚ ਉੱਚ ਪੱਧਰੀ ਖੇਡ ਮੈਦਾਨ ਬਣਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਇਸ ਪ੍ਰਤੀ ਲਗਾਤਾਰ ਬਹੁਤ ਕੰਮ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਨਸ਼ਿਆਂ ਵਿਰੁੱਧ ਜੰਗ ਨੇ ਪੰਜਾਬ ਵਿੱਚ ਨਸ਼ਾ ਵੇਚਣ ਵਾਲਿਆਂ 'ਤੇ ਪੂਰੀ ਤਰ੍ਹਾਂ ਸ਼ਿਕੰਜਾ ਕੱਸ ਦਿੱਤਾ ਹੈ। ਇਹ ਪਹਿਲੀ ਸਰਕਾਰ ਹੈ, ਜਿਸਨੇ ਨਸ਼ੇ ਉਪਰ ਬਹੁਤ ਹੱਦ ਤੱਕ ਕੰਟਰੋਲ ਕੀਤਾ ਹੈ। ਇਸ ਮੌਕੇ ਪਿੰਡ ਦੀ ਪੰਚਾਇਤ ਦੇ ਸਰਪੰਚ ਬਹਾਦਰ ਸਿੰਘ ਵੱਲੋਂ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਦਾ ਸਵਾਗਤ ਕਰਦਿਆਂ ਉਨ੍ਹਾਂ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਉਨ੍ਹਾਂ ਦੀ ਬਦੌਲਤ ਅੱਜ ਸਾਡੇ ਪਿੰਡ ਦੇ ਖੇਡ ਸਟੇਡੀਅਮ ਦੀ ਚਾਰਦੀਵਾਰੀ ਦਾ ਕੰਮ ਹੋ ਰਿਹਾ ਹੈ। ਇਸ ਮੌਕੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਨੇ ਵਾਤਾਵਰਨ ਦੀ ਸ਼ੁੱਧਤਾ ਲਈ ਇੱਕ ਰੁੱਖ ਵੀ ਲਗਾਇਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸਰਪੰਚ ਬਹਾਦਰ ਸਿੰਘ, ਰਜਨੀਤ ਸਿੰਘ ਜੱਸ ਸਰਪੰਚ ਗੁਰੂ ਤੇਗ ਬਹਾਦਰ ਨਗਰ, ਕੁਲਵੰਤ ਸਰਪੰਚ, ਗੋਨਾ ਰਾਗ ਆਪ ਆਗੂ, ਜੱਗਾ ਪੱਪ, ਕਰਮਜੀਤ ਸਿੰਘ ਅਲੋਹਰਾ ਪ੍ਰਧਾਨ ਆੜ੍ਹਤੀਆ ਐਸੋਸੀਏਸ਼ਨ, ਜਸਵੀਰ ਸਿੰਘ ਛਿੰਦਾ ਆਦਿ ਹਾਜ਼ਰ ਸਨ।

## ਸਾਂਸਦ ਡਾ. ਧਰਮਵੀਰ ਗਾਂਧੀ ਨੂੰ ਸੌਂਪਿਆ ਮੰਗ ਪੱਤਰ



ਪਟਿਆਲਾ, 20 ਜੁਲਾਈ (ਰੁਪਾਣਾ/ਦੀਪਕ ਜੈਦਕਾ): ਪੁਰਾਣੀ ਪੈਨਸ਼ਨ ਪ੍ਰਾਪਤੀ ਫਰੰਟ ਦੇ ਸੂਬਾਈ ਫੈਸਲੇ ਤਹਿਤ ਅੱਜ ਹਲਕਾ ਪਟਿਆਲਾ ਤੋਂ ਲੋਕ ਸਭਾ ਮੈਂਬਰ ਡਾ. ਧਰਮਵੀਰ ਗਾਂਧੀ ਨੂੰ ਉਹਨਾਂ ਦੇ ਕੈਂਪ ਆਫਿਸ ਵਿਖੇ ਮੰਗ ਪੱਤਰ ਸੌਂਪਿਆ ਗਿਆ ਅਤੇ ਮਾਨਸੂਨ ਸੈਸ਼ਨ ਦੌਰਾਨ ਪੁਰਾਣੀ ਪੈਨਸ਼ਨ ਦੀ ਮੰਗ ਨੂੰ ਸੰਸਦ ਵਿੱਚ ਪੁਰਜ਼ੋਰ ਢੰਗ ਨਾਲ ਉਠਾਉਣ ਦੀ ਅਪੀਲ ਕੀਤੀ ਗਈ। ਡਾਕਟਰ ਗਾਂਧੀ ਵੱਲੋਂ ਯਕੀਨ ਦਵਾਇਆ ਗਿਆ ਕਿ ਮੰਗ ਪੱਤਰ ਦੀਆਂ ਮੰਗਾਂ 'ਤੇ ਅਧਾਰਿਤ ਪ੍ਰਸ਼ਨਾਵਲੀ ਤਿਆਰ ਕਰਕੇ ਪੁਰਾਣੀ ਪੈਨਸ਼ਨ ਦਾ ਮੁੱਦਾ ਸੰਸਦ ਵਿੱਚ ਚੁੱਕਣ ਲਈ ਗੰਭੀਰ ਯਤਨ ਕੀਤੇ ਜਾਣਗੇ। ਇਸ ਮੌਕੇ ਸੂਬਾ ਕਨਵੀਨਰ ਅਤਿੰਦਰਪਾਲ ਸਿੰਘ ਅਤੇ ਜ਼ਿਲ੍ਹਾ ਕਨਵੀਨਰ ਸਤਪਾਲ ਸਮਾਣਵੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ 18 ਨਵੰਬਰ 2022 ਨੂੰ ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨ ਸਬੰਧੀ ਨੋਟੀਫਿਕੇਸ਼ਨ ਜਾਰੀ ਕੀਤਾ ਗਿਆ ਸੀ ਪਰ ਤਿੰਨ ਸਾਲ ਤੋਂ ਉੱਤੇ ਸਮਾਂ ਬੀਤਣ ਦੇ ਬਾਵਜੂਦ ਪੰਜਾਬ ਦੇ ਇੱਕ ਵੀ ਮੁਲਾਜ਼ਮ 'ਤੇ ਹਕੀਕੀ ਰੂਪ ਵਿੱਚ ਪੁਰਾਣੀ ਪੈਨਸ਼ਨ ਲਾਗੂ ਨਹੀਂ ਹੋਈ ਅਤੇ ਨਾ ਹੀ ਕਿਸੇ ਮੁਲਾਜ਼ਮ ਦਾ ਜੀਪੀਐੱਫ ਖਾਤਾ ਖੋਲਿਆ ਗਿਆ ਹੈ। ਮੁਲਾਜ਼ਮ ਆਗੂ ਵਿਕਰਮਦੇਵ ਸਿੰਘ ਅਤੇ ਹਰਦੀਪ ਟੋਡਰਪੁਰ ਨੇ ਕਿਹਾ ਕਿ ਕੇਂਦਰ ਵੱਲੋਂ ਲਿਆਂਦੀ ਗਈ ਨਵੀਂ ਯੂਪੀਐਸ ਸਕੀਮ ਪੁਰਾਣੀ ਪੈਨਸ਼ਨ ਦੇ ਸਮੁੱਚੇ ਲਾਭਾਂ ਦੀ ਅਧੂਰੀ ਨਕਲ ਹੈ। ਪੁਰਾਣੀ ਪੈਨਸ਼ਨ ਹੀ ਹਕੀਕੀ ਰੂਪ ਵਿੱਚ ਮੁਲਾਜ਼ਮਾਂ ਦੀ ਰਿਟਾਇਰਮੈਂਟ ਮਗਰੋਂ ਸਮਾਜਿਕ ਸੁਰੱਖਿਆ ਅਤੇ ਸਾਲਾਂ-ਬੱਧੀ ਜਮਾਂ ਪੂੰਜੀ ਦੀ ਸੁਰੱਖਿਆ ਦੀ ਗਰੰਟੀ ਸੁਨਿਸ਼ਚਿਤ ਕਰਦੀ ਹੈ। ਇਸ ਮੌਕੇ ਦਵਿੰਦਰ ਰੱਖੜਾ ਅਤੇ ਗੁਰਜੀਤ ਘੱਗਾ ਨੇ ਕਿਹਾ ਕਿ ਸੰਘਰਸ਼ਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਨਿਹੱਥੇ ਅਤੇ ਸੰਗਰੂਰ ਜ਼ਿਲ੍ਹੇ ਵਿੱਚ ਲੱਗੀ ਅਣ-ਐਲਾਨੀ ਪਾਬੰਦੀ ਰੱਦ ਕਰਵਾਉਣ ਲਈ, 25 ਜੁਲਾਈ ਨੂੰ ਸੰਗਰੂਰ ਵਿਖੇ ਕਿਸਾਨ ਅਤੇ ਮਜ਼ਦੂਰ ਜੱਥੇਬੰਦੀਆਂ ਵੱਲੋਂ ਕੀਤੀ ਜਾ ਰਹੀ ਜਬਰ ਵਿਰੋਧੀ ਰੈਲੀ ਵਿੱਚ ਫਰੰਟ ਵੱਲੋਂ ਭਰਵੀਂ ਸ਼ਮੂਲੀਅਤ ਕੀਤੀ ਜਾਵੇਗੀ। ਇਸ ਮੌਕੇ ਰਜਿੰਦਰ ਸਿੰਘ,ਜਗਜੀਤ ਜਟਾਣਾ, ਕ੍ਰਿਸ਼ਨ ਚੁਹਾਣਕੇ, ਰਜਿੰਦਰ ਸਮਾਣਾ, ਗੁਰਵਿੰਦਰ ਖੱਟੜਾ, ਗੁਰਜੀਤ ਘੱਗਾ, ਹਰਿੰਦਰ ਸਿੰਘ ਪਟਿਆਲਾ, ਰੋਮੀ ਸਫੀਪੁਰ, ਡਾ: ਰਵਿੰਦਰ ਕੰਬੋਜ, ਜੀਨੀਅਸ, ਮੋਹਨ ਸਿੰਘ ਰਾਵਤ, ਸੁਖਬੀਰ ਸਿੰਘ, ਹਰਪ੍ਰੀਤ ਸਿੰਘ ਆਦਿ ਹਾਜ਼ਰ ਸਨ।

## ਪਟਿਆਲਾ ਵਿੱਚੋਂ ਨਸ਼ੇ ਖਤਮ ਕਰਨ ਲਈ ਸਿਹਤ ਮੰਤਰੀ ਨੇ ਲੋਕਾਂ ਦਾ ਸਹਿਯੋਗ ਮੰਗਿਆ

### ☛ਵਾਰਡ ਨੰਬਰ 2 ਤੋਂ 6 'ਚ ਕੀਤੀ ਨਸ਼ਾ ਮੁਕਤੀ ਲਈ ਯਾਤਰਾ




ਪਟਿਆਲਾ, 20 ਜੁਲਾਈ (ਚ.ਨ.ਸ.) : ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਵਾਰਡ ਨੰਬਰ 2 ਤੋਂ 6 ਆਦਰਸ਼ ਕਾਲੋਨੀ, ਦਸ਼ਮੇਸ਼ ਨਗਰ, ਸਿੱਧੂ ਕਾਲੋਨੀ, ਦੀਪ ਨਗਰ, ਸਪਰਿੰਗਡੇਲ ਪਬਲਿਕ ਸਕੂਲ ਵਿੱਚ ਨਸ਼ਾ ਖਤਮ ਕਰਨ ਲਈ ਲੋਕਾਂ ਕੋਲੋਂ ਸਾਥ ਮੰਗਦਿਆਂ ਕਿਹਾ ਕਿ ਨਸ਼ਾ ਖਤਮ ਕਰਨਾ ਸਾਡੀਆਂ ਨਸਲਾਂ ਦੇ ਭਵਿੱਖ ਲਈ ਜ਼ਰੂਰੀ ਹੈ, ਇਸ ਲਈ ਤੁਸੀਂ ਸਾਰੇ ਸਾਡਾ ਸਾਥ ਦਿਓ ਤਾਂ ਜੋ ਅਸੀਂ ਇਸ ਕੋਹੜ ਨੂੰ ਜੜ੍ਹੋਂ ਪੁੱਟ ਸਕੀਏ। ਉਨ੍ਹਾਂ ਕਿਹਾ ਕਿ ਹੁਣ ਵੇਲਾ ਨਸ਼ਿਆਂ ਵਿਰੁੱਧ ਯੁੱਧ ਦਾ ਹੈ ਅਤੇ ਇਸ ਵਿੱਚ ਜਿੱਤ ਆਪਣੀ ਹੋਣੀ ਹੈ, ਬਸ ਲੋੜ ਤੁਹਾਡੇ ਸਾਥ ਦੀ ਹੈ। ਡਾ. ਬਲਬੀਰ ਸਿੰਘ ਨੇ ਕਰਵਾਈਆਂ ਜਾ ਰਹੀਆਂ ਪ੍ਰਭਾਵਸ਼ਾਲੀ ਨਸ਼ਾ ਵਿਰੋਧੀ ਜਾਗਰੂਕਤਾ ਰੈਲੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਨਸ਼ਿਆਂ ਵਿਰੁੱਧ ਫ਼ੈਸਲਾਕੁੰਨ ਲੜਾਈ ਲਈ ਸ਼ੁਰੂ ਕੀਤੀ ਨਸ਼ਾ ਮੁਕਤੀ ਯਾਤਰਾ ਦੇ ਨਤੀਜੇ ਬਹੁਤ ਵਧੀਆ ਮਿਲ ਰਹੇ ਹਨ ਅਤੇ ਲੋਕਾਂ ਦਾ ਸਾਥ ਆਪ ਮੁਹਾਰਾ ਮਿਲ ਰਿਹਾ ਹੈ। ਇਸ ਦੌਰਾਨ ਓਹਨਾ ਸਮੂਹ ਵਾਰਡ ਵਾਸੀਆਂ ਨੂੰ ਸਹੁੰ ਵੀ ਚੁਕਾਈ। ਸਿਹਤ ਮੰਤਰੀ ਨੇ ਇਸ ਮੌਕੇ 'ਤੇ ਮੌਜੂਦ ਅਧਿਕਾਰੀਆਂ ਸਣੇ ਪੰਚਾਇਤਾਂ, ਨੰਬਰਦਾਰਾਂ, ਡਿਫੈਂਸ ਕਮੇਟੀਆਂ ਨੂੰ ਸਮੂਹਿਕ ਤੌਰ 'ਤੇ ਨਸ਼ਿਆਂ ਵਿਰੁੱਧ ਹਲਫ਼ ਦਿਵਾਉਂਦਿਆਂ ਅਹਿਦ ਕਰਵਾਇਆ ਕਿ ਸੂਬਾ ਸਰਕਾਰ ਦੇ ਸਹਿਯੋਗ ਨਾਲ ਇਸ ਯੁੱਧ ਵਿੱਚ ਵੀ ਫਤਿਹ ਹਾਸਲ ਕਰਨ ਜਾ ਰਹੀ ਹੈ। ਜ਼ਿਕਰਯੋਗ ਹੈ ਕਿ ਇਸ ਨਸ਼ਾ ਮੁਕਤੀ ਯਾਤਰਾ ਰੈਲੀਆਂ 'ਚ ਐਮ ਸੀ, ਬਲਾਕ ਪ੍ਰਧਾਨ ਤੋਂ ਇਲਾਵਾ ਵੱਡੀ ਗਿਣਤੀ 'ਚ ਇਲਾਕਾ ਵਾਸੀਆਂ ਨੇ ਸ਼ਮੂਲੀਅਤ ਕੀਤੀ ਜਿਹਨਾਂ ਵਿਚ ਇੰਚਾਰਜ ਕੇਵਲ ਬਾਵਾ, ਐਮ ਸੀ ਜਤਿੰਦਰ ਕੌਰ, ਐਮ ਸੀ ਮਨਦੀਪ ਸਿੰਘ ਵਿਰਦੀ, ਐਮ ਸੀ ਦਵਿੰਦਰ ਕੌਰ, ਐਮ ਸੀ ਜਸਬੀਰ ਸਿੰਘ ਗਾਂਧੀ, ਇਨਾਇਤ ਅਲੀ, ਬਲਾਕ ਪ੍ਰਧਾਨ ਲਾਲ ਸਿੰਘ, ਅਮਰਜੀਤ ਸਿੰਘ, ਗੁਰਚਰਨ ਸਿੰਘ, ਮਹਿੰਦਰ ਸਿੰਘ, ਖੁਸ਼ਹਾਲ ਸਿੰਘ, ਕਮਲੇਸ਼ ਬਾਵਾ, ਰਾਕੇਸ਼ ਕੁਮਾਰ, ਸ੍ਰੀ ਐਮ ਸੈਣੀ, ਪ੍ਰੀਤਮ ਸਿੰਘ, ਗੁਰਮੇਲ ਸਿੰਘ ਸੋਹੀ, ਚਰਨਜੀਤ ਸਿੰਘ ਐਸ ਕੇ, ਚੰਦਰੇਸ਼ ਯਾਦਵ, ਮਲਕੀਤ ਸਿੰਘ ਖਟੜਾ, ਗੁਰਮੀਤ ਸਿੰਘ, ਮੁੱਲਾ ਸਿੰਘ, ਸੁਰਜੀਤ ਸਿੰਘ, ਰਾਧਾ ਰਾਣੀ, ਜਸਪ੍ਰੀਤ ਸਿੰਘ, ਗਗਨ ਭੰਗੂ, ਮਨਜੀਤ ਸਿੰਘ, ਭੁਪਿੰਦਰ ਸਿੰਘ ਮੋਨੂੰ, ਅਤੇ ਅਵਤਾਰ ਸਿੰਘ ਕੈਂਥ ਸ਼ਾਮਲ ਸਨ।

## 15 ਕਿੱਲੋ ਭੁੱਕੀ ਬ੍ਰਾਮਦ

ਪਟਿਆਲਾ, 20 ਜੁਲਾਈ (ਵਿਨੋਦ ਸ਼ਰਮਾ) : ਥਾਣਾ ਅਨਾਜ ਮੰਡੀ ਪਟਿਆਲਾ ਪੁਲਿਸ ਨੇ ਕਥਿਤ ਦੋਸ਼ੀ ਨਰਿੰਦਰਪਾਲ ਸਿੰਘ ਵਾਸੀ ਪਿੰਡ ਅਲੀਪੁਰ ਅਰਾਈਆਂ ਵਿਰੁੱਧ ਧਾਰਾ 15, 61, 85 ਦੇ ਤਹਿਤ ਮਾਮਲਾ ਦਰਜ ਕੀਤਾ ਹੈ। ਏ.ਐਸ.ਆਈ. ਜਤਿੰਦਰ ਕੁਮਾਰ ਸਮੇਤ ਪੁਲਿਸ ਪਾਰਟੀ ਨਿਰੰਕਾਰੀ ਭਵਨ ਬਾ-ਹੱਦ ਅਲੀਪੁਰ ਮੌਜੂਦ ਸੀ, ਜੋ ਕਥਿਤ ਦੋਸ਼ੀ ਦੇ ਮੋਟਰਸਾਈਕਲ ਨੂੰ ਸ਼ੱਕ ਦੇ ਅਧਾਰ ਪਰ ਰੋਕ ਕੇ ਚੈਕ ਕਰਨ ਪਰ 15 ਕਿੱਲੋ ਭੁੱਕੀ ਚੂਰਾ ਪੋਸਤ ਬ੍ਰਾਮਦ ਹੋਈ।

## 8530 ਰੁਪਏ ਦਾ ਦੜ੍ਹਾ-ਸੱਟਾ ਬ੍ਰਾਮਦ

ਪਟਿਆਲਾ, 20 ਜੁਲਾਈ (ਵਿਨੋਦ ਸ਼ਰਮਾ) : ਥਾਣਾ ਲਾਹੌਰੀ ਗੇਟ ਪਟਿਆਲਾ ਪੁਲਿਸ ਨੇ ਕਥਿਤ ਦੋਸ਼ੀ ਦੀਪਕ ਕੁਮਾਰ ਵਾਸੀ ਗੁਰੂ ਨਾਨਕ ਨਗਰ ਪਟਿਆਲਾ, ਪਵਨ ਵਾਸੀ ਗਲੀ ਨੰ. 1 ਬਡੂੰਗਰ ਨੇੜੇ ਖਾਲਸਾ ਕਾਲਜ ਪਟਿਆਲਾ ਵਿਰੁੱਧ ਧਾਰਾ 13, 3, 67 ਦੇ ਤਹਿਤ ਮਾਮਲਾ ਦਰਜ ਕੀਤਾ ਹੈ। ਐਸ.ਆਈ ਚੈਨਸੁੱਖ ਸਿੰਘ ਸਮੇਤ ਪੁਲਿਸ ਪਾਰਟੀ ਗਸ਼ਤ ਵਾ ਤਲਾਸ਼ ਸ਼ੱਕੀ ਤੇ ਭੈੜੇ ਪੁਰਸ਼ਾਂ ਦੇ ਸਬੰਧ ਵਿੱਚ ਸਰਹੰਦੀ ਗੇਟ ਪਟਿਆਲਾ ਕੋਲ ਮੌਜੂਦ ਸੀ, ਜੋ ਇਤਲਾਹ ਮਿਲੀ ਕਿ ਕਥਿਤ ਦੋਸ਼ੀ ਪਾਲ ਪੈਟਰੋਲ ਪੰਪ ਅਤੇ ਲੋਚਮ ਹੋਟਲ ਪਟਿਆਲਾ ਪਾਸ ਤੁਰ ਫਿਰ ਕੇ ਦੜ੍ਹਾ ਸੱਟਾ ਲਗਾ ਰਹੇ ਹਨ, ਜੋ ਕਥਿਤ ਦੋਸ਼ੀਆਂ 'ਤੇ ਰੇਡ ਕਰਕੇ 8530 ਰੁਪਏ ਦੜ੍ਹਾ ਸੱਟਾ ਦੇ ਬ੍ਰਾਮਦ ਹੋਏ।

## ਸੰਗਰੂਰ ਵਿਖੇ 25 ਨੂੰ ਹੋਣ ਵਾਲੀ ਜ਼ਬਰ ਵਿਰੋਧੀ ਰੈਲੀ 'ਚ ਮਿਡ-ਡੇ-ਮੀਲ ਵਰਕਰਾਂ ਵੱਲੋਂ ਸ਼ਾਮਲ ਹੋਣ ਦਾ ਫ਼ੈਸਲਾ

ਪਟਿਆਲਾ, 20 ਜੁਲਾਈ (ਰੁਪਾਣਾ) : ਡੈਮੋਕ੍ਰੇਟਿਕ ਮੁਲਾਜ਼ਮ ਫੈਡਰੇਸ਼ਨ ਦੇ ਸੱਦੇ ਤਹਿਤ ਅੱਜ ਨਹਿਰੂ ਪਾਰਕ ਪਟਿਆਲਾ ਵਿਖੇ ਮਿਡ ਡੇ ਮੀਲ ਵਰਕਰ ਯੂਨੀਅਨ ਦੀ ਜ਼ਰੂਰੀ ਮੀਟਿੰਗ ਸੱਦੀ ਗਈ। ਇਸ ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਕਿ 'ਆਪ' ਸਰਕਾਰ ਵੱਲੋਂ ਪੰਜਾਬ ਨੂੰ ਪੁਲਿਸ ਰਾਜ ਵਿੱਚ ਬਦਲਣ , ਲੋਕਾਂ ਦੇ ਸੰਘਰਸ਼ ਕਰਨ ਅਤੇ ਜਮਹੂਰੀ ਹੱਕਾਂ ਦੇ ਘਾਣ ਖਿਲਾਫ ਕਿਸਾਨ ਅਤੇ ਮਜ਼ਦੂਰ ਜਥੇਬੰਦੀਆਂ ਵੱਲੋਂ 25 ਜੁਲਾਈ ਨੂੰ ਸੰਗਰੂਰ ਵਿਖੇ ਕੀਤੀ ਜਾ ਰਹੀ ਜ਼ਬਰ ਵਿਰੋਧੀ ਰੈਲੀ ਵਿਚ ਮਿਡ-ਡੇ-ਮੀਲ ਵਰਕਰਾਂ ਵੱਲੋਂ ਵੱਡੀ ਪੱਧਰ 'ਤੇ ਸ਼ਮੂਲੀਅਤ ਕੀਤੀ ਜਾਵੇਗੀ। ਇਸ ਤੋਂ ਇਲਾਵਾ ਮੀਟਿੰਗ ਵਿੱਚ ਮਿਡ-ਡੇ-ਮੀਲ ਵਰਕਰਾਂ ਨਾਲ ਸੰਬੰਧਿਤ ਵਿਭਾਗੀ ਮੰਗਾਂ ਮਸਲਿਆਂ ਉੱਪਰ ਵਿਸਥਾਰੀ ਚਰਚਾ ਕੀਤੀ ਗਈ। ਇਸ ਮੌਕੇ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਪ੍ਰਧਾਨ ਪਿੰਕੀ ਖਰਾਬਗੜ੍ਹ ਅਤੇ ਬਾਲਾਂ ਗੁਲਾੜ ਨੇ ਦੱਸਿਆ ਕਿ ਜਿਸ ਤਰ੍ਹਾਂ ਕੇਂਦਰ 'ਚ ਮੋਦੀ ਸਰਕਾਰ ਅਤੇ ਉੱਤਰ ਪ੍ਰਦੇਸ਼ ਵਿੱਚ ਯੋਗੀ ਰਾਜ ਦੀ ਤਰਜ਼ 'ਤੇ ਪੰਜਾਬ ਸਰਕਾਰ ਵੱਲੋਂ ਸੂਬੇ ਨੂੰ ਪੁਲਿਸ ਸਟੇਟ ਵਿੱਚ ਤਬਦੀਲ ਕਰਕੇ ਹਰ ਰੋਜ਼ ਝੂਠੇ ਪੁਲਿਸ ਮੁਕਾਬਲੇ ਬਣਾਏ ਜਾ ਰਹੇ ਹਨ ਅਤੇ ਕਿਸਾਨ, ਮਜ਼ਦੂਰ, ਮੁਲਾਜ਼ਮਾਂ, ਵਿਦਿਆਰਥੀਆਂ ਅਤੇ ਬੇਰੁਜ਼ਗਾਰਾਂ ਦੀਆਂ ਹੱਕੀ ਮੰਗਾਂ ਲਈ ਸੰਘਰਸ਼ ਕਰਨ ਵਾਲੇ ਲੋਕਾਂ ਨੂੰ ਅਣਐਲਾਨੀ ਐਮਰਜੈਂਸੀ ਲਾ ਕੇ ਦਬਾਇਆ ਜਾ ਰਿਹਾ ਹੈ। ਮੀਟਿੰਗ ਵਿੱਚ ਹਾਜ਼ਰ ਡੈਮੋਕਰੇਟਿਕ ਮੁਲਾਜ਼ਮ ਫੈਡਰੇਸ਼ਨ ਦੇ ਸੂਬਾ ਜਨਰਲ ਸਕੱਤਰ ਹਰਦੀਪ ਟੋਡਰਪੁਰ ਨੇ ਕਿਹਾ ਕਿ ਕਿਰਤੀ ਕਿਸਾਨ ਯੂਨੀਅਨ ਦੇ ਆਗੂ ਨਿਰਭੈ ਖਾਈ 'ਤੇ ਜਾਨਲੇਵਾ ਹਮਲਾ ਕਰਨ ਵਾਲੇ ਮੁਲਜ਼ਮਾਂ ਦੀ ਪੁਸ਼ਤ-ਪਨਾਹੀ ਕੀਤੀ ਜਾ ਰਹੀ ਹੈ। ਇਸ ਕਰਕੇ ਵੱਖ ਵੱਖ ਜਨਤਕ ਜਥੇਬੰਦੀਆਂ ਵੱਲੋਂ 25 ਜੁਲਾਈ ਨੂੰ ਸੰਗਰੂਰ ਵਿਖੇ ਹੋਣ ਵਾਲੀ ਰੈਲੀ ਵਿੱਚ ਡੈਮੋਕ੍ਰੇਟਿਕ ਮੁਲਾਜ਼ਮ ਫੈਡਰੇਸ਼ਨ ਵੱਲੋਂ ਅਧਿਆਪਕਾਂ ਅਤੇ ਮਿਡ ਡੇ ਮੀਲ ਵਰਕਰਾਂ ਨੂੰ ਲਾਮਬੰਦ ਕਰਕੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਵਾਈ ਜਾਵੇਗਾ। ਇਸ ਮੌਕੇ ਡੈਮੋਕ੍ਰੇਟਿਕ ਮੁਲਾਜ਼ਮ ਫੈਡਰੇਸ਼ਨ ਦੇ ਜ਼ਿਲ੍ਹਾ ਪ੍ਰਧਾਨ ਗੁਰਜੀਤ ਘੱਗਾ, ਰੋਮੀ ਸਫੀਪੁਰ , ਬਤੇਰੀ ਗੁਲਾੜ , ਜਸਪਾਲ ਕੌਰ ਪਟਿਆਲਾ ਅਤੇ ਗੀਤਾ ਰਾਣੀ ਹਾਜ਼ਰ ਸਨ।

## ਮਿਸ਼ਨ ਹਰਿਆਲੀ ਤਹਿਤ ਵਿਦਿਆਰਥੀਆਂ ਨੂੰ ਬੂਟੇ ਵੰਡੇ



ਪਾਤੜਾਂ, 20 ਜੁਲਾਈ (ਹਰਮਿੰਦਰ ਕਰਤਾਰਪੁਰ): ਇਲਾਕੇ ਦੀ ਨਾਮਵਾਰ ਵਿੱਦਿਅਕ ਸੰਸਥਾ ਸਾਹਿਬਜ਼ਾਦਾ ਅਜੀਤ ਸਿੰਘ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਜੈਖਰ ਵੱਲੋਂ ਮਿਸ਼ਨ ਹਰਿਆਲੀ ਤਹਿਤ ਵਿਦਿਆਰਥੀਆਂ ਨੂੰ ਬੂਟੇ ਵੰਡੇ ਗਏ। ਵਿਦਿਆਰਥੀਆਂ ਵੱਲੋਂ ਸਕੂਲ ਦੇ ਪ੍ਰਿੰਸੀਪਲ ਨਿਧਾਨ ਸਿੰਘ ਜੈਖਰ ਦੀ ਅਗਵਾਈ 'ਚ ਸਕੂਲ ਵਿੱਚ ਵੀ ਬੂਟੇ ਪਲਾਂਟ ਕੀਤੇ ਗਏ। ਪ੍ਰਿੰਸੀਪਲ ਨਿਧਾਨ ਨੇ ਇਸ ਮੌਕੇ ਮੀਡੀਆ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ 'ਆਪਣਾ ਪੰਜਾਬ ਫਾਉਂਡੇਸ਼ਨ' ਜਿਸਦੇ ਪ੍ਰਧਾਨ ਡਾਕਟਰ ਜਗਜੀਤ ਸਿੰਘ ਧੂਰੀ ਜੀ ਹਨ ਨੇ ਤੱਕ ਈਆ ਕੀਤਾ ਹੋਇਆ ਕਿ ਪੰਜਾਬ ਦੇ ਪ੍ਰਾਈਵੇਟ ਸਕੂਲਾਂ ਦੁਆਰਾ ਵਿਦਿਆਰਥੀਆਂ ਨੂੰ ਬੂਟੇ ਵੰਡ ਕੇ ਪੂਰੇ ਪੰਜਾਬ ਨੂੰ ਹਰਿਆ ਭਰਿਆ ਕਰਨਾ ਹੈ ਜਿਸ ਤਹਿਤ ਮਿਸ਼ਨ ਹਰਿਆਲੀ ਪਿਛਲੇ ਕਈ ਸਾਲਾਂ ਤੋਂ ਸ਼ੁਰੂ ਕੀਤਾ ਗਿਆ ਹੈ ਜਿਸ ਤਹਿਤ ਹਰ ਸਾਲ ਪੰਜਾਬ ਦੇ ਪ੍ਰਾਈਵੇਟ ਸਕੂਲਾਂ ਦੁਆਰਾ ਲੱਖਾਂ ਬੂਟੇ ਲਗਾਏ ਜਾਂਦੇ ਹਨ, ਜਿਸ ਦੇ ਬਹੁਤ ਸਾਰਥਕ ਨਤੀਜੇ ਆ ਰਹੇ ਹਨ । ਇਸ ਮਿਸ਼ਨ ਤਹਿਤ ਸਾਹਿਬਜ਼ਾਦਾ ਅਜੀਤ ਸਿੰਘ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਜੈਖ਼ਰ ਦੇ ਵਿਦਿਆਰਥੀਆਂ ਨੂੰ ਬੂਟਿਆਂ ਦੀ ਵੰਡ ਕੀਤੀ ਗਈ । ਉਨ੍ਹਾਂ ਇਹ ਵੀ ਕਿਹਾ ਕਿ ਜਿੱਥੇ ਰੁੱਖ ਲਗਾਉਣੇ ਜਰੂਰੀ ਹਨ , ਉਥੇ ਇਹਨਾਂ ਨੂੰ ਪਾਲਣਾ ਹੋਰ ਵੀ ਜਰੂਰੀ ਹੈ। ਉਨ੍ਹਾਂ ਦੱਸਿਆ ਕਿ ਇੰਨ੍ਹਾਂ ਬੂਟਿਆਂ ਵਿੱਚ ਸ਼ਾਨਦਾਰ ਫਲਦਾਰ ਅਤੇ ਸਜਾਵਟੀ ਬੂਟੇ ਸ਼ਾਮਿਲ ਸਨ ਜਿਵੇਂ ਕਿ ਅਮਲਤਾਸ ਅਮਰੂਦ ਸੁਖਚੈਨ ਅਤੇ ਪਾਮ ਆਦਿ ਹਨ, ਜਿਸ ਨਾਲ ਵਾਤਾਵਰਨ ਦੇ ਵਿੱਚ ਇੱਕ ਵੱਡਾ ਸੁਧਾਰ ਆਵੇਗਾ ਅਤੇ ਵਾਤਾਵਰਨ ਸ਼ੁੱਧ ਹੋਵੇਗਾ। ਇਸ ਸਮੇਂ ਉਨ੍ਹਾਂ ਨੇ ਜੰਗਲਾਤ ਵਿਭਾਗ ਦੇ ਗਾਰਡ ਸ਼ਸ਼ੀ ਬਾਲਾ ਦਾ ਵਿਸ਼ੇਸ਼ ਧੰਨਵਾਦ ਕੀਤਾ ਜਿਨਾਂ ਨੇ ਇਹ ਬੂਟੇ ਮੁਹਈਆ ਕਰਵਾਏ । ਇਸ ਸਮੇਂ ਸਕੂਲ ਦਾ ਸਟਾਫ ਕੋਆਰਡੀਨੇਟਰ ਸਰਬਜੀਤ ਕੌਰ ਵਾਈਸ ਪ੍ਰਿੰਸੀਪਲ ਲਵਪ੍ਰੀਤ ਕੌਰ ਕੋਆਰਡੀਨੇਟਰ ਹਰਮੀਤ ਸਿੰਘ ਅਧਿਆਪਕ ਗਗਨਦੀਪ ਸਿੰਘ ਸ਼ਰਨਦੀਪ ਕੌਰ ਕਰਮਜੀਤ ਕੌਰ ਅਤੇ ਪਰਮਜੀਤ ਸਿੰਘ ਆਦਿ ਹਾਜ਼ਰ ਸਨ ।

## ਚੇਅਰਮੈਨ ਹਡਾਣਾ ਨੂੰ ਮੰਗ ਪੱਤਰ ਸੌਂਪਿਆ



ਪਟਿਆਲਾ, 20 ਜੁਲਾਈ (ਚ.ਨ.ਸ.) : ਇਲਾਕੇ ਦੇ ਬਹੁਤ ਸਾਰੇ ਪਿੰਡਾਂ ਦੇ ਲੋਕਾਂ ਨੇ ਪੀਆਰਟੀਸੀ ਦੇ ਚੇਅਰਮੈਨ ਰਣਜੋਧ ਸਿੰਘ ਹਡਾਣਾ ਨੂੰ ਇੱਕ ਮੰਗ ਪੱਤਰ ਲਿਖ ਕੇ ਮੰਗ ਕੀਤੀ ਹੈ ਕਿ ਜਿਸ ਦਿਨ ਤੋਂ ਪਟਿਆਲਾ ਨਵਾਂ ਬੱਸ ਅੱਡਾ ਚਾਲੂ ਕੀਤਾ ਗਿਆ ਹੈ, ਉਸ ਦਿਨ ਤੋਂ ਦੇਵੀਗੜ੍ਹ ਅਤੇ ਬਲਬੇੜਾ ਵਾਲੇ ਪਾਸਿਓਂ ਆਉਣ ਵਾਲੀਆਂ ਸਰਕਾਰੀ ਤੇ ਪ੍ਰਾਈਵੇਟ ਬੱਸਾਂ ਨਵੇਂ ਬੱਸ ਅੱਡੇ 'ਤੇ ਬਾਈਪਾਸ ਹੀ ਚਲੀਆਂ ਜਾਂਦੀਆਂ ਹਨ। ਇਲਾਕੇ ਦੇ ਸਮਾਜ ਸੇਵੀ ਜਰਨੈਲ ਸਿੰਘ ਝੁੱਗੀਆਂ, ਰੌਹੜ ਜਾਗੀਰ ਦੇ ਸਰਪੰਚ ਬਲਜਿੰਦਰ, ਸਰਪੰਚ ਖਰਾਬਗੜ੍ਹ, ਸੁਨੀਤਾ ਕੌਰ ਸਰਪੰਚ ਬੀਬੀਪੁਰ ਖੁਰਦ, ਨਰਿੰਦਰ ਸਿੰਘ ਸਰਪੰਚ ਪਿੰਡ ਲੇਹਲਾਂ ਜਾਗੀਰ, ਨਿਰਮਲ ਸਿੰਘ ਸਰਪੰਚ ਕਰਤਾਰਪੁਰ ਪੱਤੀ, ਹਰਮਨ ਸਿੰਘ ਸਰਪੰਚ ਰੌਸ਼ਨਪੁਰ, ਹਰਜੋਤ ਕੌਰ ਸਰਪੰਚ ਪਿੰਡ ਖਤੌਲੀ, ਸਰਪੰਚ ਗਣੇਸ਼ਪੁਰ ਅਤੇ ਪ੍ਰੀਤਮਪਾਲ ਸਰਪੰਚ ਪਿੰਡ ਪੱਤੀ ਝੁੱਗੀਆਂ ਨੇ ਮੰਗ ਕੀਤੀ ਕਿ ਪੁਰਾਣੇ ਬੱਸ ਅੱਡੇ ਤੋਂ ਇਨ੍ਹਾਂ ਰੂਟਾਂ 'ਤੇ ਬੱਸਾਂ ਚਲਾਈਆਂ ਜਾਣ।

## ਸੁਰੱਖਿਆ ਗਾਰਡ ਦੀਆਂ ਅਸਾਮੀਆਂ ਲਈ ਪਲੇਸਮੈਂਟ ਕੈਂਪ ਅੱਜ

ਪਟਿਆਲਾ, 20 ਜੁਲਾਈ (ਚ.ਨ.ਸ.) : ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਵਿਖੇ ਮਿਤੀ 21 ਜੁਲਾਈ ਦਿਨ ਸੋਮਵਾਰ ਨੂੰ ਸਵੇਰੇ 10 ਵਜੇ ਤੋਂ ਦੁਪਹਿਰ 1 ਵਜੇ ਤੱਕ ਐਸ.ਆਈ.ਐਸ. ਸਕਿਉਰਟੀ 'ਚ ਸੁਰੱਖਿਆ ਗਾਰਡ ਦੀਆਂ ਅਸਾਮੀਆਂ ਲਈ ਪਲੇਸਮੈਂਟ ਕੈਂਪ ਲਗਾਇਆ ਜਾ ਰਿਹਾ ਹੈ। ਇਸ ਬਾਰੇ ਵਧੇਰੇ ਜਾਣਕਾਰੀ ਦਿੰਦਿਆਂ ਡਿਪਟੀ ਡਾਇਰੈਕਟਰ, ਜ਼ਿਲ੍ਹਾ ਰੋਜ਼ਗਾਰ ਉਤਪਤੀ ਹੁਨਰ ਵਿਕਾਸ ਅਤੇ ਸਿਖਲਾਈ ਬਿਊਰੋ ਮੇਜਰ ਹਰਪ੍ਰੀਤ ਸਿੰਘ ਨੇ ਦੱਸਿਆ ਕਿ ਐਸ.ਆਈ.ਐਸ. ਸਕਿਉਰਟੀ ਵੱਲੋਂ ਸੁਰੱਖਿਆ ਗਾਰਡ ਦੀਆਂ ਅਸਾਮੀਆਂ ਲਈ ਉਮੀਦਵਾਰਾਂ ਦੀ ਮੰਗ ਕੀਤੀ ਗਈ ਹੈ, ਇਸ ਅਸਾਮੀ ਲਈ ਕੇਵਲ ਪੁਰਸ਼ ਉਮੀਦਵਾਰ ਜਿਨ੍ਹਾਂ ਦੀ ਦਸਵੀਂ ਜਾਂ ਬਾਰਵੀਂ ਪਾਸ ਹੋਵੇ ਉਹ ਇੰਟਰਵਿਊ ਦੇ ਸਕਦੇ ਹਨ। ਜਿਨ੍ਹਾਂ ਉਮੀਦਵਾਰਾਂ ਦੀ ਲੰਬਾਈ-168 ਸੈਂਟੀਮੀਟਰ, ਭਾਰ 56 ਤੋਂ 95 ਕਿੱਲੋ ਤੇ ਉਮਰ 19 ਤੋਂ 40 ਸਾਲ ਵਿਚਕਾਰ ਹੋਵੇ ਉਹ ਇਸ ਪਲੇਸਮੈਂਟ ਕੈਂਪ ਵਿੱਚ ਭਾਗ ਲੈ ਸਕਦੇ ਹਨ। ਨੌਕਰੀ ਦੇ ਚਾਹਵਾਨ ਉਮੀਦਵਾਰ ਇਸ ਪਲੇਸਮੈਂਟ ਕੈਂਪ ਵਿੱਚ ਭਾਗ ਲੈਣ ਲਈ ਆਪਣੀ ਯੋਗਤਾ ਦੇ ਸਾਰੇ ਸਰਟੀਫਿਕੇਟ ਲੈ ਕੇ ਮਿਤੀ 21 ਜੁਲਾਈ ਦਿਨ ਸੋਮਵਾਰ ਨੂੰ ਸਵੇਰੇ 10 ਵਜੇ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਬਲਾਕ ਡੀ, ਮਿੰਨੀ ਸਕੱਤਰੇਤ, ਨੇੜੇ ਸੇਵਾ ਕੇਂਦਰ, ਪਟਿਆਲਾ ਵਿਖੇ ਪਹੁੰਚ ਕੇ ਇਸ ਕੈਂਪ ਵਿੱਚ ਹਿੱਸਾ ਲੈ ਸਕਦੇ ਹਨ।

## ਭਾਰਤ ਵਿੱਚ ਸ਼ੋਰ ਪ੍ਰਦੂਸ਼ਣ ਨਾਲ਼ ਨਜਿੱਠਣ ਲਈ ਵਿਸ਼ੇਸ਼ ਐਕਟ ਬਣਾਏ ਜਾਣ ਦੀ ਲੋੜ

### ਪੰਜਾਬੀ ਯੂਨੀਵਰਸਿਟੀ ਦੇ ਅਧਿਐਨ ਰਾਹੀਂ ਕਾਨੂੰਨ ਦੇ ਨਜ਼ਰੀਏ ਤੋਂ ਪੇਸ਼ ਕੀਤੇ ਸੁਝਾਅ



ਪਟਿਆਲਾ, 20 ਜੁਲਾਈ (ਚ.ਨ.ਸ.) ਪੰਜਾਬੀ ਯੂਨੀਵਰਸਿਟੀ ਦੇ ਇੱਕ ਅਧਿਐਨ ਰਾਹੀਂ ਭਾਰਤ ਵਿੱਚ ਸ਼ੋਰ ਪ੍ਰਦੂਸ਼ਣ ਨਾਲ਼ ਸਬੰਧਤ ਕਾਨੂੰਨ ਦਾ ਵਿਸ਼ਲੇਸ਼ਣ ਕੀਤਾ ਗਿਆ ਹੈ। ਕਾਨੂੰਨ ਵਿਭਾਗ ਦੇ ਖੋਜਾਰਥੀ ਡਾ. ਨਵਵਿੰਦਰ ਸਿੰਘ ਵੱਲੋਂ ਪ੍ਰੋ. ਮੋਨਿਕਾ ਚਾਵਲਾ ਦੀ ਨਿਗਰਾਨੀ ਹੇਠ ਕੀਤੇ ਗਏ ਇਸ ਅਧਿਐਨ ਰਾਹੀਂ ਕਨੂੰਨੀ ਪੱਖ ਤੋਂ ਅਹਿਮ ਨਤੀਜੇ ਸਾਹਮਣੇ ਆਏ ਹਨ। ਖੋਜਾਰਥੀ ਡਾ. ਨਵਵਿੰਦਰ ਸਿੰਘ ਨੇ ਦੱਸਿਆ ਕਿ ਅਧਿਐਨ ਰਾਹੀਂ ਸਾਹਮਣੇ ਆਇਆ ਹੈ ਕਿ ਸੰਵਿਧਾਨ ਦੇ ਉਪਬੰਧਾਂ ਅਤੇ ਸ਼ੋਰ ਪ੍ਰਦੂਸ਼ਣ ਨਾਲ ਸਬੰਧਤ ਵਿਸ਼ੇਸ਼ ਕਾਨੂੰਨਾਂ ਨੇ ਸ਼ੋਰ ਵਿਰੁੱਧ ਅਪਰਾਧ ਦੀ ਪ੍ਰਕਿਰਤੀ ਨੂੰ ਸਪਸ਼ਟ ਰੂਪ ਵਿੱਚ ਘੋਸ਼ਿਤ ਨਹੀਂ ਕੀਤਾ ਹੋਇਆ ਹੈ ਅਤੇ ਇਸ ਸਬੰਧੀ ਅਧਿਕਾਰ ਖੇਤਰ ਬਾਰੇ ਵੀ ਸਥਿਤੀ ਪੂਰੀ ਤਰ੍ਹਾਂ ਸਪਸ਼ਟ ਨਹੀਂ ਹੈ। ਉਨ੍ਹਾਂ ਦੱਸਿਆ ਕਿ ਇਹ ਵੀ ਸਾਹਮਣੇ ਆਇਆ ਹੈ ਕਿ ਸਬੰਧਤ ਕਾਨੂੰਨਾਂ ਰਾਹੀਂ ਦਿੱਤੀ ਜਾ ਸਕਣ ਵਾਲ਼ੀ ਸਜ਼ਾ ਵੀ ਨਾਕਾਫ਼ੀ ਹੈ। ਉਨ੍ਹਾਂ ਕਿਹਾ ਕਿ ਅਧਿਐਨ ਰਾਹੀਂ ਸੁਝਾਇਆ ਗਿਆ ਹੈ ਕਿ ਇਨ੍ਹਾਂ ਕਾਨੂੰਨਾਂ ਨੂੰ ਢੁਕਵੇਂ ਉਪਾਵਾਂ ਨਾਲ਼ ਮੁਕੰਮਲ ਕੀਤਾ ਜਾਣਾ ਚਾਹੀਦਾ ਹੈ ਅਤੇ ਭਾਰਤ ਵਿੱਚ ਸ਼ੋਰ ਪ੍ਰਦੂਸ਼ਨ ਨੂੰ ਕੰਟਰੋਲ ਕਰਨ ਲਈ ਵਿਸ਼ੇਸ਼ ਐਕਟ ਵੀ ਬਣਾਇਆ ਜਾਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਸ਼ੋਰ ਪ੍ਰਦੂਸ਼ਨ ਦੀ ਰੋਕਥਾਮ ਅਤੇ ਨਿਯੰਤਰਣ ਸੰਬੰਧੀ ਸਖ਼ਤ ਨਿਯਮ ਅਤੇ ਖਾਸ ਐਕਟ ਹੋਣਾ ਸਮੇਂ ਦੀ ਲੋੜ ਹੈ। ਜਨਤਾ ਵਿੱਚ ਸ਼ੋਰ ਪ੍ਰਦੂਸ਼ਨ ਦੇ ਖਤਰਨਾਕ ਪ੍ਰਭਾਵਾਂ ਪ੍ਰਤੀ ਆਮ ਜਾਗਰੂਕਤਾ ਪੈਦਾ ਕਰਨ ਦੀ ਵੀ ਲੋੜ ਹੈ। ਸ਼ੋਰ ਸਮੱਸਿਆ ਨੂੰ ਕੰਟਰੋਲ ਕਰਨ ਲਈ ਉੱਨਤ ਤਕਨਾਲੋਜੀ ਨਾਲ਼ ਹਵਾਈ ਜਹਾਜ਼ਾਂ ਦੀ ਨਵੀਂ ਪੀੜ੍ਹੀ ਵਿਕਸਤ ਕੀਤੀ ਜਾ ਸਕਦੀ ਹੈ, ਇਸ ਲਈ ਹਵਾਈ ਜਹਾਜ਼ਾਂ ਦੇ ਸ਼ੋਰ ਨੂੰ ਨਿਰਧਾਰਤ ਅੰਤਰਰਾਸ਼ਟਰੀ ਮਾਪਦੰਡਾਂ ਦੇ ਰੂਪ ਵਿੱਚ ਜਹਾਜ਼ਾਂ ਲਈ ਸ਼ੋਰ ਸੀਮਾਵਾਂ ਨਿਰਧਾਰਤ ਕਰਕੇ, ਢੁਕਵੇਂ ਇਨਸੂਲੇਸ਼ਨ ਅਤੇ ਹਵਾਈ ਅੱਡੇ 'ਤੇ ਜਹਾਜ਼ਾਂ ਦੇ ਟੇਕ-ਆਫ ਅਤੇ ਲੈਂਡਿੰਗ ਲਈ ਸ਼ੋਰ ਨਿਯਮਾਂ ਦੀ ਸ਼ੁਰੂਆਤ ਕਰਕੇ ਕੰਟਰੋਲ ਕੀਤਾ ਜਾਣਾ ਚਾਹੀਦਾ ਹੈ। ਇਸੇ ਤਰ੍ਹਾਂ ਦੇਰ ਰਾਤ ਨੂੰ ਪਾਵਰ ਆਊਟਫਿਟਸ, ਬਹੁਤ ਉੱਚੀ ਸੰਗੀਤ ਅਤੇ ਲੈਂਡ ਮੂਵਰ, ਪਟਾਕੇ, ਲਾਊਡਸਪੀਕਰਾਂ ਦੀ ਵਰਤੋਂ ਕਰਦੇ ਹੋਏ ਜਨਤਕ ਸਮਾਗਮਾਂ ਆਦਿ ਦੀ ਇਜਾਜ਼ਤ ਨਹੀਂ ਹੋਣੀ ਚਾਹੀਦੀ। ਹਾਰਨ, ਅਲਾਰਮ, ਜਨਰੇਟਰ ਯੂਨਿਟਾਂ ਆਦਿ ਦੀ ਵਰਤੋਂ ਵੀ ਬਿਨਾਂ ਕਿਸੇ ਰਿਜ਼ਰਵੇਸ਼ਨ ਦੇ ਸਖ਼ਤੀ ਨਾਲ਼ ਸੀਮਤ ਹੋਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਸ਼ੋਰ ਪ੍ਰਦੂਸ਼ਨ ਨੂੰ ਇਸ ਤਰੀਕੇ ਨਾਲ਼ ਪਰਿਭਾਸ਼ਿਤ ਕੀਤਾ ਜਾਣਾ ਚਾਹੀਦਾ ਹੈ ਕਿ ਕਿਸੇ ਵੀ ਕਿਸਮ ਦਾ ਸ਼ੋਰ ਇਸ ਤੋਂ ਬਚ ਨਾ ਸਕੇ। ਨਿਗਰਾਨ ਪ੍ਰੋ. ਮੋਨਿਕਾ ਚਾਵਲਾ ਨੇ ਦੱਸਿਆ ਕਿ ਅਧਿਐਨ ਰਾਹੀਂ ਸ਼ੋਰ ਪ੍ਰਦੂਸ਼ਨ ਨੂੰ ਕੰਟਰੋਲ ਕਰਨ ਲਈ ਕੁਝ ਸੁਝਾਅ ਦਿੱਤੇ ਗਏ ਹਨ। ਜਿਵੇਂ ਆਟੋਮੋਬਾਈਲਜ਼ ਸ਼ੋਰ ਪ੍ਰਦੂਸ਼ਣ ਦਾ ਇੱਕ ਵੱਡਾ ਸਰੋਤ ਹਨ, ਇਸ ਲਈ ਸਾਰੇ ਵਾਹਨਾਂ ਦੀ ਨਿਯਮਤ ਤੌਰ ਉੱਤੇ ਸਰਵਿਸਿੰਗ, ਲੁਬਰੀਕੇਸ਼ਨ ਅਤੇ ਟਿਊਨਿੰਗ ਕੀਤੀ ਜਾਣੀ ਚਾਹੀਦੀ ਹੈ। ਸਾਰੇ ਵਿਅਕਤੀਆਂ ਨੂੰ ਜਨਤਕ ਸਥਾਨਾਂ ਉੱਤੇ ਇਸ ਮਾੜੇ ਪ੍ਰਭਾਵ ਬਾਰੇ ਵਾਜਬ ਜਾਣਕਾਰੀ ਹੋਣੀ ਚਾਹੀਦੀ ਹੈ ਅਤੇ ਇਹ ਜ਼ਰੂਰੀ ਹੈ ਕਿ ਵੱਖ-ਵੱਖ ਪ੍ਰਬੰਧਾਂ ਅਤੇ ਸ਼ਹਿਰਾਂ ਵਿੱਚ ਰਹਿਣ ਵਾਲੇ ਲੋਕਾਂ ਵਿੱਚ ਆਮ ਜਾਗਰੂਕਤਾ ਲਈ ਇੱਕ ਸਰਗਰਮ ਅੰਦੋਲਨ ਸ਼ੁਰੂ ਕੀਤਾ ਜਾਵੇ। ਉਨ੍ਹਾਂ ਦੱਸਿਆ ਕਿ ਵਿਗਿਆਨੀਆਂ ਦੀ ਰਾਏ ਵਿੱਚ, ਸੜਕਾਂ ਦੇ ਨਾਲ਼-ਨਾਲ਼ ਹਰੇ ਰੁੱਖ ਅਤੇ ਪੌਦੇ ਸ਼ੋਰ ਦੇ ਵਿਰੁੱਧ ਪ੍ਰਭਾਵਸ਼ਾਲੀ ਰੱਖਿਅਕ ਮੰਨੇ ਜਾਂਦੇ ਹਨ ਕਿਉਂਕਿ ਉਹ ਧੁਨੀ ਨੂੰ ਸੋਖ ਲੈਂਦੇ ਹਨ। ਸਰਕਾਰ ਨੂੰ ਇਹ ਨੀਤੀ ਬਣਾਉਣੀ ਚਾਹੀਦੀ ਹੈ ਕਿ ਵੱਧ ਤੋਂ ਵੱਧ ਰੁੱਖ ਲਗਾਏ ਜਾਣ। ਉਨ੍ਹਾਂ ਕਿਹਾ ਕਿ ਸ਼ੋਰ ਪ੍ਰਦੂਸ਼ਣ ਦੇ ਕਾਰਨਾਂ ਅਤੇ ਪ੍ਰਭਾਵਾਂ ਬਾਰੇ ਜਨਤਾ ਨੂੰ ਜਾਗਰੂਕ ਕਰਨ ਲਈ ਸਮਾਜਿਕ ਜਾਗਰੂਕਤਾ ਪ੍ਰੋਗਰਾਮ ਆਯੋਜਿਤ ਕੀਤੇ ਜਾਣੇ ਚਾਹੀਦੇ ਹਨ। ਇਸੇ ਤਰ੍ਹਾਂ ਸਰਕਾਰ ਨੂੰ ਵਾਤਾਵਰਣ ਨਿਗਰਾਨੀ ਵਾਲੀਆਂ ਸਬੰਧਤ ਏਜੰਸੀਆਂ ਲਈ ਤਸੱਲੀਬਖਸ਼ ਫੰਡਿੰਗ ਕਰਨੀ ਚਾਹੀਦੀ ਹੈ ਅਤੇ ਇਹ ਗਾਰੰਟੀ ਦੇਣੀ ਚਾਹੀਦੀ ਹੈ ਕਿ ਯੋਜਨਾਵਾਂ ਅਤੇ ਰਣਨੀਤੀਆਂ ਨੂੰ ਸਹੀ ਢੰਗ ਨਾਲ ਲਾਗੂ ਕਰਨਾ ਚਾਹੀਦਾ ਹੈ। ਇਸ ਲਈ ਔਨਲਾਈਨ ਸ਼ਿਕਾਇਤ ਸਥਾਨ ਰਿਪੋਰਟ ਕਰਨ ਲਈ ਉਪਲਬਧ ਹੋਣਾ ਚਾਹੀਦਾ ਹੈ। ਜਿੱਥੋਂ ਤੱਕ ਸੰਭਵ ਹੋਵੇ, ਫੈਕਟਰੀਆਂ ਅਤੇ ਉਦਯੋਗ ਰਿਹਾਇਸ਼ੀ ਖੇਤਰਾਂ ਤੋਂ ਦੂਰ ਸਥਿਤ ਹੋਣੇ ਚਾਹੀਦੇ ਹਨ, ਸ਼ੋਰ ਪ੍ਰਦੂਸ਼ਣ ਨੂੰ ਘਟਾਉਣ ਦੇ ਉਦੇਸ਼ ਨਾਲ ਜਨਤਕ ਵਿਕਾਸ ਲੰਬੇ ਸਮੇਂ ਦੀ ਯੋਜਨਾਬੰਦੀ ਨਾਲ਼ ਕੀਤਾ ਜਾਣਾ ਚਾਹੀਦਾ ਹੈ। ਤਕਨੀਕੀ ਵਿਕਾਸ ਦੀ ਮਦਦ ਨਾਲ ਮਸ਼ੀਨਾਂ/ਉਪਕਰਨਾਂ ਦੇ ਡਿਜ਼ਾਈਨ ਅਤੇ ਤਕਨਾਲੋਜੀ ਨੂੰ ਬਦਲਿਆ ਜਾ ਸਕਦਾ ਹੈ ਜਿਸ ਨਾਲ ਘੱਟ ਸ਼ੋਰ ਨਿਕਾਸ ਹੋ ਸਕਦਾ ਹੈ। ਕਾਮਿਆਂ ਨੂੰ ਸੁਣਨ ਦੀ ਸੁਰੱਖਿਆ ਲਈ ਸਬੰਧਤ ਉਪਕਰਣ ਪ੍ਰਦਾਨ ਕੀਤੇ ਜਾਣੇ ਚਾਹੀਦੇ ਹਨ ਅਤੇ ਬਿਜਲੀ ਜਨਰੇਟਰ ਨੂੰ ਸਾਈਲੈਂਸਰ ਨਾਲ ਢੱਕਿਆ ਜਾਣਾ ਚਾਹੀਦਾ ਹੈ। ਸਰਕਾਰਾਂ ਦੇ ਵਿਭਾਗਾਂ ਅਤੇ ਨੀਤੀ ਨਿਰਮਾਤਾਵਾਂ ਨੂੰ ਸਿਨੇਮਾ, ਰੇਡੀਓ, ਟੈਲੀਵਿਜ਼ਨ ਆਦਿ ਸਰੋਤਾਂ ਰਾਹੀਂ ਸ਼ੋਰ ਪ੍ਰਦੂਸ਼ਣ ਦੇ ਖਤਰਨਾਕ ਪ੍ਰਭਾਵ ਬਾਰੇ ਵਿਅਕਤੀਆਂ ਨੂੰ ਜਾਗਰੂਕ ਕਰਨ ਲਈ ਨੀਤੀ ਬਣਾਉਣੀ ਚਾਹੀਦੀ ਹੈ। ਉਨ੍ਹਾਂ ਦੱਸਿਆ ਕਿ ਇਸ ਤਰ੍ਹਾਂ ਦੇ ਹੋਰ ਵੀ ਬਹੁਤ ਸਾਰੇ ਸੁਝਾਅ ਸਾਹਮਣੇ ਲਿਆਂਦੇ ਗਏ ਹਨ ਜੋ ਕਾਨੂੰਨ ਦੇ ਨਜ਼ਰੀਏ ਤੋਂ ਵਾਜਿਬ ਹੋ ਸਕਦੇ ਹਨ। ਉਪ-ਕੁਲਪਤੀ ਡਾ. ਜਗਦੀਪ ਸਿੰਘ ਨੇ ਇਸ ਅਧਿਐਨ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਯੂਨੀਵਰਸਿਟੀਆਂ ਅਤੇ ਹੋਰ ਸਬੰਧਤ ਵਿੱਦਿਅਕ ਅਦਾਰਿਆਂ ਵੱਲੋਂ ਮਿਆਰੀ ਅਧਿਐਨਾਂ ਰਾਹੀਂ ਸਾਹਮਣੇ ਲਿਆਂਦੇ ਜਾਂਦੇ ਅਜਿਹੇ ਠੋਸ ਸੁਝਾਅ ਨੀਤੀਆਂ ਦੇ ਨਿਰਮਾਣ ਦੀ ਪ੍ਰਕਿਰਿਆ ਵਿੱਚ ਲਾਭਦਾਇਕ ਸਿੱਧ ਹੁੰਦੇ ਹਨ, ਕਿਉਂਕਿ ਆਮ ਜਨਤਾ ਦੀ ਭਲਾਈ ਲਈ ਚੰਗੀਆਂ ਨੀਤੀਆਂ ਦਾ ਹੋਣਾ ਲਾਜ਼ਮੀ ਹੁੰਦਾ ਹੈ।

## ਮਨੁੱਖਤਾ ਲਈ ਖ਼ੂਨਦਾਨ ਕੈਂਪ ਅਤੇ ਕੁਦਰਤ ਲਈ ਬੂਟੇ ਲਾਉਣੇ ਜ਼ਰੂਰੀ: ਹਰਦੀਪ ਸਨੌਰ



ਭੁਨਰਹੇੜੀ, 20 ਜੁਲਾਈ (ਚ.ਨ.ਸ.) : ਲੋੜਵੰਦ ਮਰੀਜ਼ਾਂ ਲਈ ਯੂਨੀਵਰਸਲ ਵੈਲਫੇਅਰ ਕਲੱਬ ਪੰਜਾਬ ਅਤੇ ਹਿਊਮਨ ਵੈਲਫੇਅਰ ਫਾਊਂਡੇਸ਼ਨ ਵੱਲੋਂ ਪੰਜਾਬ ਵਾਤਾਵਰਣ ਦਿਵਸ ਮੌਕੇ ਮਿਸ਼ਨ ਲਾਲੀ ਤੇ ਹਰਿਆਲੀ ਤਹਿਤ 326ਵਾਂ ਰੈਗੂਲਰ ਖ਼ੂਨਦਾਨ ਕੈਂਪ ਲਗਾਇਆ ਗਿਆ, ਜਿਸ ਵਿਚ ਖ਼ੂਨਦਾਨੀਆਂ ਨੂੰ ਸਰਟੀਫਿਕੇਟ, ਯਾਦਗਾਰੀ ਮੱਗ ਅਤੇ ਬੂਟੇ ਦੇ ਕੇ ਸਨਮਾਨਤ ਕੀਤਾ ਗਿਆ। ਖ਼ੂਨਦਾਨੀਆਂ ਨੂੰ ਸਨਮਾਨਤ ਕਰਦੇ ਹੋਏ ਮਿਸ਼ਨ ਲਾਲੀ ਤੇ ਹਰਿਆਲੀ ਦੇ ਮੋਢੀ ਤੇ ਮਾਸਟਰ ਮੋਟੀਵੇਟਰ ਹਰਦੀਪ ਸਿੰਘ ਸਨੌਰ ਨੇ ਕਿਹਾ ਕਿ ਮਨੁੱਖਤਾ ਲਈ ਖ਼ੂਨਦਾਨ ਅਤੇ ਕੁਦਰਤ ਲਈ ਬੂਟੇ ਲਗਾਉਣੇ ਜਰੂਰੀ ਹਨ। ਕੈਂਪ ਦਾ ਰਸਮੀ ਉਦਘਾਟਨ ਏ. ਐਸ. ਆਈ. ਬਲਜੀਤ ਸਿੰਘ ਨੇ ਖੁਦ ਖ਼ੂਨਦਾਨ ਕਰਕੇ ਕੀਤਾ, ਜਦੋਂਕਿ ਅਮਨਦੀਪ ਸਿੰਘ ਰਾਜਪੁਰਾ, ਪਵਨ ਕੁਮਾਰ ਸ਼ਰਮਾ ਪਟਿਆਲਾ, ਜਸਵਿੰਦਰ ਸਿੰਘ ਤੇ ਸੰਦੀਪ ਸਿੰਘ (ਦੋਵੇਂ ਭਰਾ), ਮਨਵੰਤ ਸਿੰਘ, ਅਮਰੀਕ ਸਿੰਘ ਰਾਮਗੜ੍ਹ ਤੇ ਅਮਰਜੀਤ ਸਿੰਘ ਪਟਿਆਲਾ 90 ਪ੍ਰਤੀਸ਼ਤ ਹੈਂਡੀਕੈਪਡ ਨੇ ਵੀ ਖ਼ੂਨਦਾਨ ਕੀਤਾ। ਇਸ ਮੌਕੇ ਯੂਨੀਅਨ ਆਗੂ ਤੇ ਜੇ. ਈ. ਹਰਦੀਪ ਸਿੰਘ ਬਿਰੜਵਾਲ, ਗੋਲਡਨ ਸਟਾਰ ਬਲੱਡ ਡੋਨਰ ਸੁਖਦੀਪ ਸਿੰਘ ਸੋਹਲ, ਚਾਚਾ ਜਗਰਾਜ ਸਿੰਘ ਚਹਿਲ, ਠੇਕੇਦਾਰ ਗੁਰਬਚਨ ਸਿੰਘ, ਮਨਵਿੰਦਰ ਸਿੰਘ ਰਾਮਗੜ੍ਹ, ਹਰਪ੍ਰੀਤ ਸਿੰਘ, ਸੁਖਦੇਵ ਸਿੰਘ ਖਾਕਟਾਂ ਕਲਾਂ, ਰਣਜੀਤ ਸਿੰਘ ਝੰਡੀ, ਦਵਿੰਦਰ ਸਿੰਘ ਸਨੌਰ, ਮਨਸਾਹਿਬ ਸਿੰਘ, ਡਾ. ਚਿਰਨਪ੍ਰੀਤ ਗੁਪਤਾ, ਡਾ. ਪੂਜਾ, ਗੁਰਪ੍ਰੀਤ ਕੌਰ ਤੇ ਕੇਸਰ ਸਿੰਘ ਵੀ ਹਾਜ਼ਰ ਸਨ।